ਸ਼ਨੀਵਾਰ, 10 ਫਰਵਰੀ, 2024
28 ਮਾਘ { ਨਾਨਕਸ਼ਾਹੀ 555 / ਬਿਕਰਮੀ 2080
ਜਿਲਦ/VOL. : 72
ਅੰਕ/NO. : 251

# ਨਵਾਂ ਜ਼ਮਾਨਾ

DAILY NAWAN ZAMANA • SATURDAY, 10 FEBRUARY, 2024
ਜਲੰਧਰ
nawan zamana TV

**'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ**

| | |
|---|---|
| ਪੁੱਛ-ਗਿੱਛ (ਰਿਸੈਪਸ਼ਨ) | 0181-5097300 |
| ਇਸ਼ਤਿਹਾਰ ਵਿਭਾਗ | 0181-5097302 |
| ਸਾਹਿਤ ਸੰਪਾਦਕ (ਐਤਵਾਰਤਾ) | 0181-5097305 |
| ਕੰਪਿਊਟਰ ਰੂਮ | 0181-5097310 |
| ਵੈੱਬ ਟੀ ਵੀ | 0181-5133160 |

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 14

# ਇਮਰਾਨ ਦਾ ਇਹਤਰਾਮ, ਫਤਵਾ ਤਾਰਪੀਡੋ ਕਰਨ ਲਈ ਸਾਜ਼ਿਸ਼ਾਂ ਸਿਖਰਾਂ 'ਤੇ

**ਇਸਲਾਮਾਬਾਦ** : ਆਜ਼ਾਦ ਉਮੀਦਵਾਰਾਂ ਵਜੋਂ ਲੜਨ ਲਈ ਮਜਬੂਰ ਹੋਏ ਪਾਕਿਸਤਾਨ ਤਹਿਰੀਕ-ਏ-ਇਨਸਾਫ (ਪੀ ਟੀ ਆਈ) ਦੇ ਉਮੀਦਵਾਰ ਪਾਕਿਸਤਾਨ ਕੌਮੀ ਅਸੰਬਲੀ ਦੇ ਨਤੀਜਿਆਂ ਵਿਚ ਅੱਗੇ ਚਲ ਰਹੇ ਸਨ, ਜਦਕਿ ਸਾਬਕਾ ਪ੍ਰਧਾਨ ਮੰਤਰੀ ਨਵਾਜ਼ ਸ਼ਰੀਫ ਦੀ ਪਾਕਿਸਤਾਨ ਮੁਸਲਿਮ ਲੀਗ (ਨਵਾਜ਼) ਤੇ ਭੁੱਟੋਆਂ ਦੀ ਪਾਕਿਸਤਾਨ ਪੀਪਲਜ਼ ਪਾਰਟੀ (ਪੀ ਪੀ ਪੀ) ਉਨ੍ਹਾਂ ਦੇ ਮਗਰ-ਮਗਰ ਸਨ। ਕੌਮੀ ਅਸੰਬਲੀ ਤੇ ਸੂਬਾਈ ਅਸੰਬਲੀਆਂ ਲਈ ਵੀਰਵਾਰ ਸ਼ਾਮ ਹੋਈ ਪੋਲਿੰਗ ਦੀਆਂ ਵੋਟਾਂ ਦੀ ਗਿਣਤੀ ਸ਼ਾਮੀਂ ਸ਼ੁਰੂ ਹੋ ਗਈ ਸੀ ਪਰ ਫਤਵਾ ਤਾਰਪੀਡੋ ਕਰਨ ਦੇ ਦੋਸ਼ਾਂ ਦਰਮਿਆਨ ਨਤੀਜੇ 18 ਘੰਟੇ ਬਾਅਦ ਆਉਣੇ ਸ਼ੁਰੂ ਹੋਏ। ਸਾਬਕਾ ਪ੍ਰਧਾਨ ਮੰਤਰੀ ਨਵਾਜ਼ ਸ਼ਰੀਫ, ਉਨ੍ਹਾ ਦੀ ਧੀ ਮਰੀਅਮ ਨਵਾਜ਼, ਉਨ੍ਹਾ ਦੇ ਭਰਾ ਤੇ ਸਾਬਕਾ ਪ੍ਰਧਾਨ ਮੰਤਰੀ ਸ਼ਹਿਬਾਜ਼ ਸ਼ਰੀਫ ਅਤੇ ਉਨ੍ਹਾ ਦਾ ਬੇਟਾ ਹਮਜ਼ਾ ਸ਼ਹਿਬਾਜ਼ ਚੋਣ ਜਿੱਤ ਗਏ ਸਨ। ਸਾਬਕਾ ਵਿਦੇਸ਼ ਮੰਤਰੀ ਬਿਲਾਵਲ ਭੁੱਟੋ ਜ਼ਰਦਾਰੀ ਤੇ ਉਨ੍ਹਾ ਦੇ ਪਿਤਾ ਆਸਿਫ ਅਲੀ ਜ਼ਰਦਾਰੀ ਵੀ ਜੇਤੂ ਰਹੇ।

ਚੋਣ ਕਮਿਸ਼ਨ ਵੱਲੋਂ ਸ਼ਾਮੀਂ ਐਲਾਨੇ ਨਤੀਜਿਆਂ ਮੁਤਾਬਕ ਪੀ ਟੀ ਆਈ ਨੇ 79, ਨਵਾਜ਼ ਦੀ ਪਾਰਟੀ ਨੇ 53 ਤੇ ਪੀ ਪੀ ਪੀ ਨੇ 43 ਸੀਟਾਂ ਜਿੱਤੀਆਂ ਸਨ। 9 ਨਤੀਜੇ ਹੋਰਨਾਂ ਦੇ ਹੱਕ ਵਿਚ ਗਏ ਸਨ। ਬਹੁਮਤ ਲਈ 265 ਮੈਂਬਰੀ ਕੌਮੀ ਅਸੰਬਲੀ ਵਿਚ 133 ਸੀਟਾਂ ਦਰਕਾਰ ਸਨ, ਕਿਉਂਕਿ ਇਕ ਸੀਟ ਦੀ ਚੋਣ ਮੁਲਤਵੀ ਹੋ ਗਈ ਸੀ। ਉਂਜ ਕੌਮੀ ਅਸੰਬਲੀ ਦੀਆਂ 336 ਸੀਟਾਂ ਹਨ। 70 ਸੀਟਾਂ ਰਿਜ਼ਰਵ ਹਨ, ਜਿਹੜੀਆਂ ਸੂਬਾਈ ਅਸੰਬਲੀਆਂ ਭਰਦੀਆਂ ਹਨ। ਇਨ੍ਹਾਂ ਵਿੱਚੋਂ 60 ਮਹਿਲਾਵਾਂ ਤੇ 10 ਘੱਟਗਿਣਤੀ ਦੇ ਮੈਂਬਰ ਚੁਣੇ ਜਾਂਦੇ ਹਨ। ਨਤੀਜਿਆਂ ਦਾ ਰੁਝਾਨ ਦੱਸ ਰਿਹਾ ਸੀ ਕਿ ਪਾਕਿਸਤਾਨ ਦੇ ਲੋਕਾਂ ਨੇ ਇਮਰਾਨ ਦਾ ਇਹਤਰਾਮ (ਸਤਿਕਾਰ) ਕੀਤਾ ਹੈ।

ਪੀ ਟੀ ਆਈ ਦੇ ਬੁਲਾਰੇ ਰਊਫ ਹਸਨ ਨੇ ਦੋਸ਼ ਲਾਇਆ ਕਿ ਨਤੀਜਿਆਂ ਵਿਚ ਦੇਰੀ ਇਸ ਕਰਕੇ ਹੋ ਰਹੀ ਹੈ ਕਿਉਂਕਿ ਛੇੜਛਾੜ ਕੀਤੀ ਜਾ ਰਹੀ ਹੈ। ਚੋਣ ਕਮਿਸ਼ਨ ਨੇ ਦਲੀਲ ਦਿੱਤੀ ਹੈ ਕਿ ਨਵੀਂ ਐਪ ਨਾਲ ਨਤੀਜੇ ਛੇਤੀ ਕੱਢਣ ਦੀ ਯੋਜਨਾ ਸੀ ਪਰ ਉਸ ਵਿਚ ਅੜਿੱਕਾ ਪੈ ਗਿਆ। ਪੋਲਿੰਗ ਸਟੇਸ਼ਨਾਂ ਨਾਲ ਸੰਪਰਕ ਨਾ ਹੋਣ ਕਰਕੇ ਨਤੀਜੇ ਐਲਾਨਣ ਵਿਚ ਦੇਰੀ ਹੋਈ।

ਇਮਰਾਨ ਦੀ ਪਾਰਟੀ ਦੇ ਹਮਾਇਤੀ ਫਤਵਾ ਚੋਰੀ ਕਰਨ ਦਾ ਦੋਸ਼ ਲਾ ਕੇ ਦੇਸ਼ ਦੇ 19 ਸ਼ਹਿਰਾਂ ਵਿਚ ਮੁਜ਼ਾਹਰੇ ਕਰ ਰਹੇ ਸਨ। ਇਮਰਾਨ ਦੀ ਪਾਰਟੀ ਨੇ ਦਾਅਵਾ ਕੀਤਾ ਹੈ ਕਿ ਪੰਜਾਬ ਅਸੰਬਲੀ ਦੀ ਚੋਣ ਵਿਚ ਉਸਨੂੰ ਦੋ-ਤਿਹਾਈ ਬਹੁਮਤ ਮਿਲ ਗਿਆ ਹੈ। ਚੋਣ ਕਮਿਸ਼ਨ ਵੈਬਸਾਈਟ 'ਤੇ ਨਤੀਜੇ ਨਹੀਂ ਦਿਖਾ ਰਿਹਾ।

ਪੀ ਟੀ ਆਈ ਦੇ ਚੇਅਰਮੈਨ ਗੌਹਰ ਰਜ਼ਾ ਨੇ ਦਾਅਵਾ ਕੀਤਾ ਕਿ ਉਨ੍ਹਾਂ ਦੇ 150 ਤੋਂ ਵੱਧ ਉਮੀਦਵਾਰ ਜਿੱਤ ਰਹੇ ਹਨ ਪਰ ਚੋਣ ਕਮਿਸ਼ਨ ਨਤੀਜੇ ਨਹੀਂ ਐਲਾਨ ਰਿਹਾ। ਕਾਨੂੰਨ ਮੁਤਾਬਕ ਨਤੀਜੇ ਵੀਰਵਾਰ ਰਾਤ 2 ਵਜੇ ਤਕ ਐਲਾਨੇ ਜਾਣੇ ਸਨ। ਉਨ੍ਹਾ ਕਿਹਾ ਕਿ ਪਹਿਲੀ ਵਾਰ ਇਕ ਕੈਦੀ (ਇਮਰਾਨ) ਦੇਸ਼ ਦਾ ਪ੍ਰਧਾਨ ਮੰਤਰੀ ਬਣੇਗਾ।

ਸਪੱਸ਼ਟ ਬਹੁਮਤ ਨਾ ਮਿਲਣ ਦੀ ਸੂਰਤ ਵਿਚ ਆਜ਼ਾਦ ਉਮੀਦਵਾਰਾਂ ਦੀ ਵੁੱਕਤ ਬਹੁਤ ਵੱਧ ਜਾਵੇਗੀ। ਜਿੱਤਣ ਤੋਂ 72 ਘੰਟਿਆਂ ਦੇ ਵਿਚ-ਵਿਚ ਆਜ਼ਾਦ ਉਮੀਦਵਾਰ ਕਿਸੇ ਵੀ ਪਾਰਟੀ ਵਿਚ ਸ਼ਾਮਲ ਹੋ ਸਕਦੇ ਹਨ। ਇਹ ਅਮਲ ਅਕਸਰ ਪਾਕਿਸਤਾਨ ਵਿਚ ਖਰੀਦੋ-ਫਰੋਖਤ ਦੀ ਖੇਡ ਸ਼ੁਰੂ ਕਰਦਾ ਆਇਆ ਹੈ। ਪਿਛੜਨ ਦੇ ਬਾਵਜੂਦ ਫੌਜ ਦੀ ਅਸਿੱਧੀ ਹਮਾਇਤ ਹਾਸਲ ਪਾਕਿਸਤਾਨ ਮੁਸਲਿਮ ਲੀਗ (ਨਵਾਜ਼) ਨੇ ਐਲਾਨ ਵੀ ਕਰ ਦਿੱਤਾ ਹੈ ਕਿ ਨਤੀਜੇ ਨਿਕਲਣ ਤੋਂ ਬਾਅਦ ਨਵਾਜ਼ ਸ਼ਰੀਫ ਜੇਤੂ ਤਕਰੀਰ ਕਰਨਗੇ। ਪਾਰਟੀ ਨੇ ਆਜ਼ਾਦਾਂ ਨਾਲ ਸੰਪਰਕ ਕਰਨਾ ਸ਼ੁਰੂ ਕਰ ਦਿੱਤਾ ਸੀ।

ਤਾਂ ਵੀ, ਪੋਲਿੰਗ ਗਰੁੱਪ ਗੈਲਪ ਪਾਕਿਸਤਾਨ ਦੇ ਐਗਜ਼ੈਕਟਿਵ ਡਾਇਰੈਕਟਰ ਬਿਲਾਲ ਗਿਲਾਨੀ ਨੇ

● ਬਾਕੀ ਸਫ਼ਾ 2 'ਤੇ



ਨਤੀਜਿਆਂ ਦੇ ਐਲਾਨ ਵਿਚ ਕਾਫੀ ਦੇਰੀ ਵਿਰੁੱਧ ਪ੍ਰੋਟੈੱਸਟ ਕਰਦੇ ਇਮਰਾਨ ਹਮਾਇਤੀ।

## ਤਿੰਨ ਹੋਰ ਭਾਰਤ ਰਤਨ



**ਨਵੀਂ ਦਿੱਲੀ** : ਸਰਕਾਰ ਨੇ ਸਾਬਕਾ ਪ੍ਰਧਾਨ ਮੰਤਰੀ ਚੌਧਰੀ ਚਰਨ ਸਿੰਘ, ਪੀ ਵੀ ਨਰਸਿਮ੍ਹਾ ਰਾਓ ਤੇ ਵਿਗਿਆਨੀ ਐੱਮ ਐੱਸ ਸਵਾਮੀਨਾਥਨ ਨੂੰ ਭਾਰਤ ਰਤਨ ਦੇਣ ਦਾ ਐਲਾਨ ਕੀਤਾ ਹੈ। ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਖੁਦ 'ਐਕਸ' 'ਤੇ ਪੋਸਟ ਰਾਹੀਂ ਇਹ ਜਾਣਕਾਰੀ ਦਿੱਤੀ। ਉਨ੍ਹਾ ਕਿਹਾ ਕਿ ਚੌਧਰੀ ਚਰਨ ਸਿੰਘ ਨੇ ਆਪਣਾ ਸਾਰਾ ਜੀਵਨ ਕਿਸਾਨਾਂ ਦੇ ਹੱਕਾਂ ਅਤੇ ਉਨ੍ਹਾਂ ਦੀ ਭਲਾਈ ਲਈ ਸਮਰਪਤ ਕਰ ਦਿੱਤਾ ਸੀ। ਇਸ ਤਰ੍ਹਾਂ ਉੱਘੇ ਵਿਦਵਾਨ ਅਤੇ ਰਾਜਨੇਤਾ ਵਜੋਂ ਨਰਸਿਮ੍ਹਾ ਰਾਓ ਨੇ ਵੱਖ-ਵੱਖ ਅਹੁਦਿਆਂ 'ਤੇ ਰਹਿੰਦਿਆਂ ਭਾਰਤ ਦੀ ਵਿਆਪਕ ਸੇਵਾ ਕੀਤੀ। ਵਿਗਿਆਨੀ ਐੱਮ ਐੱਸ ਸਵਾਮੀਨਾਥਨ ਨੂੰ ਉਨ੍ਹਾ ਦੇ ਖੇਤੀ ਤੇ ਕਿਸਾਨ ਭਲਾਈ 'ਚ ਅਹਿਮ ਯੋਗਦਾਨ ਲਈ ਸਰਕਾਰ ਭਾਰਤ ਰਤਨ ਦੇ ਰਹੀ ਹੈ।

ਸੋਨੀਆ ਗਾਂਧੀ ਨੇ ਰਾਓ ਨੂੰ 'ਭਾਰਤ ਰਤਨ' ਦੇਣ ਦੇ ਐਲਾਨ ਦਾ ਸੁਆਗਤ ਕੀਤਾ। ਇਸ ਬਾਰੇ ਪੁੱਛੇ ਜਾਣ 'ਤੇ ਸੋਨੀਆ ਗਾਂਧੀ ਨੇ ਸੰਸਦ ਕੰਪਲੈਕਸ 'ਚ ਪੱਤਰਕਾਰਾਂ ਨੂੰ ਕਿਹਾ- ਮੈਂ ਇਸ ਦਾ ਸੁਆਗਤ ਕਰਦੀ ਹਾਂ।

ਚੌਧਰੀ ਚਰਨ ਸਿੰਘ ਨੂੰ ਭਾਰਤ ਰਤਨ ਦੇਣ ਦੇ ਐਲਾਨ 'ਤੇ ਖੁਸ਼ੀ ਜ਼ਾਹਰ ਕਰਦਿਆਂ ਉਨ੍ਹਾ ਦੇ ਪੋਤਰੇ ਤੇ ਰਾਸ਼ਟਰੀ ਲੋਕ ਦਲ (ਰਾਲੋਦ) ਦੇ

● ਬਾਕੀ ਸਫ਼ਾ 2 'ਤੇ

## ਤਖ਼ਤ ਸ੍ਰੀ ਹਜ਼ੂਰ ਸਾਹਿਬ ਐਕਟ ਦੀ ਤਰਮੀਮ ਭਾਜਪਾ ਦੀ ਅਤੀ ਨਿੰਦਣਯੋਗ ਭੜਕਾਊ ਕਾਰਵਾਈ : ਸੀ ਪੀ ਆਈ

**ਚੰਡੀਗੜ੍ਹ** : ਮਹਾਰਾਸ਼ਟਰ ਦੀ ਭਾਜਪਾ ਸਰਕਾਰ ਵੱਲੋਂ ਸਿੱਖ ਗੁਰਦਵਾਰਾ ਸਚਖੰਡ ਸ੍ਰੀ ਹਜ਼ੂਰ ਅਬਚਲ ਨਗਰ ਸਾਹਿਬ ਐਕਟ 1956 ਵਿਚ ਕੀਤੀ ਗਈ ਤਰਮੀਮ ਦੀ ਪੰਜਾਬ ਸੀ ਪੀ ਆਈ ਨੇ ਸਖਤ ਸ਼ਬਦਾਂ ਵਿਚ ਨਿਖੇਧੀ ਕਰਦਿਆਂ ਇਸ ਨੂੰ ਸਿੱਖਾਂ ਦੇ ਧਾਰਮਿਕ ਮਾਮਲਿਆਂ ਵਿਚ ਸਿੱਧਾ ਦਖਲ ਅਤੇ ਅੱਤ ਦੀ ਭੜਕਾਊ ਕਾਰਵਾਈ ਕਿਹਾ ਹੈ।

ਯਾਦ ਰਹੇ ਕਿ ਨਵੀਂ ਤਰਮੀਮ ਮੁਤਾਬਿਕ ਗੁਰਦਵਾਰਾ ਪ੍ਰਬੰਧਕੀ ਬੋਰਡ ਦੇ ਕੁਲ 17 ਮੈਂਬਰਾਂ ਵਿਚੋਂ 12 ਮੈਂਬਰ ਸਰਕਾਰ ਵੱਲੋਂ ਨਾਮਜ਼ਦ ਕੀਤੇ ਜਾਣਗੇ, ਭਾਵ ਸਰਕਾਰ ਦਾ ਮੁਕੰਮਲ ਕੰਟਰੋਲ ਹੋਵੇਗਾ। ਸਾਥੀ ਬੰਤ ਸਿੰਘ ਬਰਾੜ ਸਕੱਤਰ ਪੰਜਾਬ ਸੀ ਪੀ ਆਈ ਨੇ ਆਖਿਆ ਕਿ ਇਸ ਤੋਂ ਵੀ ਵੱਧ ਸ਼੍ਰੋਮਣੀ ਪ੍ਰਬੰਧਕ ਕਮੇਟੀ ਵੱਲੋਂ ਨਾਮਜ਼ਦ 4 ਮੈਂਬਰਾਂ ਨੂੰ ਘਟਾ ਕੇ 2 ਕਰ ਦਿੱਤਾ ਗਿਆ ਹੈ ਅਤੇ ਚੀਫ ਖਾਲਸਾ ਦੀਵਾਨ ਅਤੇ ਹਜ਼ੂਰੀ ਸਚਖੰਡ ਦੀਵਾਨ ਦੀ ਪ੍ਰਤੀਨਿਧਤਾ ਉੱਕਾ ਹੀ ਖਤਮ ਕਰ ਦਿੱਤੀ ਹੈ ਤੇ ਇਸੇ ਪ੍ਰਕਾਰ 2 ਸਿੱਖ ਐੱਮ ਪੀਜ਼ ਦੀ ਪ੍ਰਤੀਨਿਧਤਾ ਵਾਲੀ ਕਲਾਜ਼ ਵੀ ਉਡਾ ਦਿੱਤੀ ਗਈ ਹੈ। ਸਾਥੀ ਬਰਾੜ ਨੇ ਦੋਸ਼ ਲਾਇਆ ਕਿ ਭਾਜਪਾ ਸਰਕਾਰ ਆਰ ਐੱਸ ਐੱਸ ਦੀਆਂ ਨੀਤੀਆਂ ਅਨੁਸਾਰ ਘੱਟ-ਗਿਣਤੀਆਂ ਦੇ ਧਾਰਮਿਕ ਮਸਲਿਆਂ ਵਿਚ ਸਿੱਧਾ ਦਖਲ ਦੇ ਕੇ ਭੜਕਾਊ ਕਾਰਵਾਈਆਂ ਕਰਕੇ ਦੇਸ਼ ਦੇ ਸੰਵਿਧਾਨ ਦੀਆਂ ਧੱਜੀਆਂ ਉਡਾ ਰਹੀ ਹੈ। ਇਸ ਪ੍ਰਕਾਰ ਸਟੇਟ ਦੇ ਧਰਮਾਂ ਪ੍ਰਤੀ ਸੈਕੂਲਰ ਰਹਿਣ ਦੇ ਸਿਧਾਂਤ ਨੂੰ ਪੈਰਾਂ ਹੇਠ ਲਿਤਾੜਿਆ ਜਾ ਰਿਹਾ ਹੈ। ਸਾਥੀ ਬਰਾੜ ਨੇ ਅਪੀਲ ਕੀਤੀ ਹੈ ਕਿ ਭਾਜਪਾ ਨੂੰ ਅਜਿਹੀਆਂ ਫੁੱਟਪਾਊ ਫਿਰਕੂ ਅਤੇ ਭੜਕਾਊ ਕਾਰਵਾਈਆਂ ਫੌਰਨ ਖਤਮ ਕਰਨੀਆਂ ਚਾਹੀਦੀਆਂ ਹਨ ਅਤੇ ਤਰਮੀਮ ਬਿਨਾਂ ਕਿਸੇ ਦੇਰੀ ਤੋਂ ਵਾਪਸ ਲੈਣੀ ਚਾਹੀਦੀ ਹੈ।

## ਨਾਂਦੇੜ ਸਾਹਿਬ 'ਚ ਸਿੱਖਾਂ ਵੱਲੋਂ ਜ਼ਬਰਦਸਤ ਮੁਜ਼ਾਹਰਾ

**ਅੰਮ੍ਰਿਤਸਰ** : ਮਹਾਰਾਸ਼ਟਰ ਸਰਕਾਰ ਵੱਲੋਂ ਗੁਰਦੁਆਰਾ ਸੱਚਖੰਡ ਹਜ਼ੂਰ ਅਬਚਲ ਨਗਰ ਸਾਹਿਬ ਐਕਟ 1956 'ਚ ਕੀਤੀ ਗਈ ਸੋਧ ਖਿਲਾਫ ਸ਼ੁੱਕਰਵਾਰ ਨਾਂਦੇੜ ਵਿਖੇ ਸਿੱਖਾਂ ਨੇ ਸਰਕਾਰ ਦੇ ਖਿਲਾਫ ਜ਼ਬਰਦਸਤ ਰੋਸ ਵਿਖਾਵਾ ਕੀਤਾ, ਜਿਸ 'ਚ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ਼੍ਰੋਮਣੀ ਅਕਾਲੀ ਦਲ ਅਤੇ ਤਖਤ ਸਾਹਿਬਾਨ ਵੱਲੋਂ ਵੀ ਪ੍ਰਤੀਨਿਧਤਾ ਕੀਤੀ ਗਈ।

ਮਹਾਰਾਸ਼ਟਰ ਮੰਤਰੀ ਮੰਡਲ ਨੇ ਇਸ ਐਕਟ 'ਚ ਸੋਧ ਕਰਕੇ ਸਰਕਾਰੀ ਮੈਂਬਰਾਂ ਦੀ ਗਿਣਤੀ 'ਚ ਵਾਧਾ ਕਰ ਦਿੱਤਾ ਹੈ ਅਤੇ ਸਿੱਖ ਜਥੇਬੰਦੀਆਂ ਦੀ ਪ੍ਰਤੀਨਿਤਾ ਘੱਟ ਕਰ ਦਿੱਤੀ ਹੈ। ਸਿੱਖ ਭਾਈਚਾਰੇ ਨੇ ਇਸ ਨੂੰ ਸਿੱਖ ਮਾਮਲਿਆਂ 'ਚ ਦਖਲਅੰਦਾਜ਼ੀ ਕਰਾਰ ਦਿੱਤਾ ਹੈ।

ਸਰਕਾਰ ਦੀ ਇਸ ਇੱਕਪਾਸੜ

● ਬਾਕੀ ਸਫ਼ਾ 2 'ਤੇ

## 'ਆਪ' ਗੁਜਰਾਤ, ਹਰਿਆਣਾ ਤੇ ਗੋਆ ਲਈ ਨਾਂਅ 13 ਨੂੰ ਤੈਅ ਕਰੇਗੀ

**ਨਵੀਂ ਦਿੱਲੀ** : ਆਮ ਆਦਮੀ ਪਾਰਟੀ ਗੁਜਰਾਤ, ਹਰਿਆਣਾ ਅਤੇ ਗੋਆ ਤੋਂ ਲੋਕ ਸਭਾ ਚੋਣਾਂ ਲਈ ਉਮੀਦਵਾਰਾਂ ਦੇ ਨਾਵਾਂ ਨੂੰ ਅੰਤਿਮ ਰੂਪ ਦੇਣ ਲਈ 13 ਫਰਵਰੀ ਨੂੰ ਆਪਣੀ ਸਿਆਸੀ ਮਾਮਲਿਆਂ ਦੀ ਕਮੇਟੀ ਦੀ ਮੀਟਿੰਗ ਕਰੇਗੀ। ਇੰਡੀਆ ਗੱਠਜੋੜ 'ਚ ਆਪਣੀ ਭਾਈਵਾਲ ਕਾਂਗਰਸ ਨਾਲ ਸੀਟ ਵੰਡ ਬਾਰੇ ਗੱਲਬਾਤ 'ਚ ਲੰਬੀ ਦੇਰੀ 'ਤੇ ਨਾਰਾਜ਼ਗੀ ਜਤਾਉਂਦੇ ਹੋਏ 'ਆਪ' ਨੇ ਵੀਰਵਾਰ ਨੂੰ ਲੋਕ ਸਭਾ ਚੋਣਾਂ ਦੇ ਮੱਦੇਨਜ਼ਰ ਗੁਹਾਟੀ ਸਮੇਤ ਅਸਾਮ ਦੀਆਂ ਤਿੰਨ ਸੀਟਾਂ ਲਈ ਉਮੀਦਵਾਰਾਂ ਦੇ ਨਾਵਾਂ ਦਾ ਐਲਾਨ ਕਰ ਦਿੱਤਾ ਸੀ।

## ਬਦਬੂ ਕਾਰਨ ਜਹਾਜ਼ ਵਾਪਸ ਦਿੱਲੀ ਉਤਾਰਨਾ ਪਿਆ

**ਨਵੀਂ ਦਿੱਲੀ** : ਇੰਡੀਗੋ ਦੀ ਨਵੀਂ ਦਿੱਲੀ-ਮੁੰਬਈ ਉਡਾਣ ਸ਼ੁੱਕਰਵਾਰ ਤੜਕੇ ਦਿੱਲੀ ਹਵਾਈ ਅੱਡੇ 'ਤੇ ਉਦੋਂ ਵਾਪਸ ਪਰਤ ਗਈ ਜਦੋਂ ਕੁਝ ਯਾਤਰੀਆਂ ਨੇ ਜਹਾਜ਼ ਦੇ ਅੰਦਰ ਬਦਬੂ ਕਾਰਨ ਦਮ ਘੁਟਣ ਦੀ ਸ਼ਿਕਾਇਤ ਕੀਤੀ। ਉਡਾਣ 6ਈ 449 ਉਡਾਣ ਭਰਨ ਤੋਂ ਕੁਝ ਦੇਰ ਬਾਅਦ ਇੰਦਰਾ ਗਾਂਧੀ ਕੌਮਾਂਤਰੀ ਹਵਾਈ ਅੱਡੇ 'ਤੇ ਵਾਪਸ ਆ ਗਈ। ਇੰਡੀਗੋ ਨੇ ਕਿਹਾ ਕਿ ਬਦਬੂ ਤੋਂ ਬਾਅਦ ਪਾਇਲਟ ਨੇ ਤੈਅ ਨਿਯਮਾਂ ਦਾ ਪਾਲਣ ਕਰਦੇ ਹੋਏ ਸਾਵਧਾਨੀ ਦੇ ਤੌਰ 'ਤੇ ਦਿੱਲੀ ਮੁੜਨ ਦਾ ਫੈਸਲਾ ਕੀਤਾ।

## ਹਲਦਵਾਨੀ 'ਚ 5 ਮੌਤਾਂ

**ਦੇਹਰਾਦੂਨ** : ਉੱਤਰਾਖੰਡ ਦੇ ਹਲਦਵਾਨੀ ਸ਼ਹਿਰ ਦੇ ਬਨਭੂਲਪੁਰਾ ਇਲਾਕੇ ਵਿਚ ਕਥਿਤ ਤੌਰ 'ਤ ਨਜ਼ੂਲ ਲੈਂਡ 'ਤੇ ਬਣੀ ਮਸਜਿਦ ਤੇ ਮਦਰੱਸੇ ਨੂੰ ਢਾਹੁਣ ਲਈ ਪ੍ਰਸ਼ਾਸਨ ਵੱਲੋਂ ਵੀਰਵਾਰ ਕੀਤੀ ਗਈ ਕਾਰਵਾਈ ਕਾਰਨ ਭੜਕੀ ਹਿੰਸਾ ਵਿਚ ਮਰਨ ਵਾਲਿਆਂ ਦੀ ਗਿਣਤੀ 5 ਹੋ ਗਈ ਸੀ ਤੇ 3 ਦੀ ਹਾਲਤ ਨਾਜ਼ੁਕ ਸੀ। ਪਥਰਾਅ, ਕਾਰਾਂ ਨੂੰ ਅੱਗਾਂ ਤੇ ਥਾਣੇ ਦੇ ਘੇਰਾਓ ਤੋਂ ਬਾਅਦ ਮੁੱਖ ਮੰਤਰੀ ਪੁਸ਼ਕਰ ਧਾਮੀ ਨੇ ਰਾਤੀਂ ਹੀ ਦੇਖਦਿਆਂ ਗੋਲੀ ਮਾਰਨ ਦੇ ਹੁਕਮ ਜਾਰੀ ਕਰ ਦਿੱਤੇ ਸਨ।

## ਕਰੀਬ 97 ਕਰੋੜ ਵੋਟਰ

**ਨਵੀਂ ਦਿੱਲੀ** : ਭਾਰਤੀ ਚੋਣ ਕਮਿਸ਼ਨ ਨੇ ਸ਼ੁੱਕਰਵਾਰ ਕਿਹਾ ਕਿ ਆਉਣ ਵਾਲੀਆਂ ਲੋਕ ਸਭਾ ਚੋਣਾਂ 'ਚ ਕਰੀਬ 97 ਕਰੋੜ ਲੋਕ ਵੋਟ ਪਾਉਣ ਦੇ ਯੋਗ ਹਨ। 18 ਤੋਂ 29 ਸਾਲ ਦੀ ਉਮਰ ਦੇ ਦੋ ਕਰੋੜ ਤੋਂ ਵੱਧ ਨੌਜਵਾਨਾਂ ਨੂੰ ਵੋਟਰ ਸੂਚੀਆਂ 'ਚ ਸ਼ਾਮਲ ਕੀਤਾ ਗਿਆ ਹੈ।

## ਪੱਤਰਕਾਰਾਂ ਲਈ ਸੂਚਨਾ

'ਨਵਾਂ ਜ਼ਮਾਨਾ' ਦੇ ਜਿਨ੍ਹਾਂ ਪ੍ਰਤੀਨਿਧਾਂ ਦੇ ਸ਼ਨਾਖਤੀ ਕਾਰਡ ਦੀ ਮਿਆਦ ਲੰਘ ਚੁੱਕੀ ਹੈ, ਉਨ੍ਹਾਂ ਨੂੰ ਅਪੀਲ ਕੀਤੀ ਜਾਂਦੀ ਹੈ ਕਿ ਉਹ ਆਪੋ-ਆਪਣੇ ਕਾਰਡ ਜਲਦੀ ਤੋਂ ਜਲਦੀ 'ਨਵਾਂ ਜ਼ਮਾਨਾ' ਦਫਤਰ ਆ ਕੇ ਬਾਅਦ ਦੁਪਹਿਰ ਸ਼ੁੱਕਰਵਾਰ ਅਤੇ ਸੋਮਵਾਰ ਨੂੰ 2 ਵਜੇ ਤੋਂ ਸ਼ਾਮ 5 ਵਜੇ ਤੱਕ ਨਵਿਆਉਣ। ਪਿਛਲੇ ਸਾਲ ਦੀ ਅਧਿਕਾਰਤ ਪੱਤਰ ਦੀ ਕਾਪੀ ਨਾਲ ਲਿਆਉਣ। *-ਮੈਨੇਜਰ*

## ਕੈਮੀਕਲ ਫੈਕਟਰੀ ਦੇ ਪਲਾਂਟ 'ਚ ਜ਼ਬਰਦਸਤ ਧਮਾਕਾ



**ਨੰਗਲ (ਸੁਰਜੀਤ ਢੇਰ)**-ਪੰਜਾਬ ਦੀ ਪ੍ਰਮੁੱਖ ਉਦਯੋਗਿਕ ਇਕਾਈ ਪੰਜਾਬ ਐਲਕਲੀਜ਼ ਕੈਮੀਕਲ ਲਿਮਟਿਡ (ਪੀਏਸੀਐੱਲ) ਜਿਹੜੀ ਨਿੱਜੀ ਹੱਥਾਂ 'ਚ ਜਾ ਕੇ ਪ੍ਰਾਈਮੋ ਕੈਮੀਕਲ ਲਿਮਟਿਡ ਬਣ ਗਈ ਸੀ, ਦੇ ਪਲਾਂਟ 'ਚ ਜ਼ਬਰਦਸਤ ਧਮਾਕਾ ਹੋਣ ਨਾਲ ਇਲਾਕੇ 'ਚ ਸਨਸਨੀ ਫੈਲ ਗਈ। ਪੱਤਰਕਾਰਾਂ ਨਾਲ ਗੱਲ ਕਰਦਿਆਂ ਪ੍ਰਾਈਮੋ ਕੰਪਨੀ ਦੇ ਜੀਐੱਮ ਐੱਮ. ਪੀ. ਐੱਸ. ਵਾਲੀਆ ਨੇ ਕਿਹਾ ਕਿ ਘਟਨਾ ਸਾਡੀ ਕੰਪਨੀ 'ਚ ਨਹੀਂ ਬਲਕਿ ਨਾਲ ਲੱਗਦੇ ਫਲੋਟਿਕ ਗਰੀਨ ਵੈਲਟ ਏਰੀਏ 'ਚ ਦੁਪਹਿਰ ਸਵਾ ਇੱਕ ਵਜੇ ਦੇ ਕਰੀਬ ਹੋਈ। ਉਨ੍ਹਾਂ ਕਿਹਾ ਕਿ ਸਾਡਾ ਇਸ ਕੰਪਨੀ ਨਾਲ ਲੈਣ-ਦੇਣ ਤਾਂ ਹੈ ਪਰ ਵਾਰ-ਵਾਰ ਉਨ੍ਹਾਂ ਤੋਂ ਜਦੋਂ ਉਕਤ ਪਲਾਂਟ ਦੇ ਮਾਲਕ ਦਾ ਨਾਂਅ ਪੁੱਛਿਆ ਗਿਆ ਤਾਂ ਉਨ੍ਹਾਂ ਮਾਲਕ ਦਾ ਨਾਂਅ ਦੱਸਣ ਤੋਂ ਸਾਫ ਮਨ੍ਹਾ ਕਰ ਦਿੱਤਾ। ਉਨ੍ਹਾਂ ਕਿਹਾ ਕਿ ਹਾਦਸਾ ਕਿਵੇਂ ਵਾਪਰਿਆ, ਕਾਰਨਾਂ ਦਾ ਪਤਾ ਲਗਾਇਆ ਜਾ ਰਿਹਾ ਹੈ ਪਰ ਅਸੀਂ ਮੌਕੇ 'ਤੇ ਹੀ ਅੱਗ ਉੱਤੇ ਕਾਬੂ

● ਬਾਕੀ ਸਫ਼ਾ 2 'ਤੇ

## 533 ਗਲਤ ਬਿੱਲਾਂ ਲਈ 3 ਕਰੋੜ ਤੋਂ ਵੱਧ ਦਾ ਜੁਰਮਾਨਾ ਲਗਾਇਆ : ਚੀਮਾ

**ਚੰਡੀਗੜ੍ਹ (ਗੁਰਜੀਤ ਬਿੱਲਾ)**-ਪੰਜਾਬ ਦੇ ਵਿੱਤ, ਯੋਜਨਾ, ਆਬਕਾਰੀ ਅਤੇ ਕਰ ਮੰਤਰੀ ਐਡਵੋਕੇਟ ਹਰਪਾਲ ਸਿੰਘ ਚੀਮਾ ਨੇ ਸ਼ੁੱਕਰਵਾਰ ਨੂੰ ਦੱਸਿਆ ਕਿ 'ਬਿੱਲ ਲਿਆਓ ਇਨਾਮ ਪਾਓ' ਸਕੀਮ ਤਹਿਤ 8 ਫਰਵਰੀ ਤੱਕ ਪ੍ਰਾਪਤ 533 ਗਲਤ ਬਿੱਲਾਂ ਲਈ ਕੁੱਲ 3,11,16,366 ਰੁਪਏ ਦੇ ਜੁਰਮਾਨੇ ਲਗਾਏ ਗਏ ਹਨ, ਜਿਸ ਵਿੱਚੋਂ 2,12,18,191 ਰੁਪਏ ਵਸੂਲ ਕਰ ਲਏ ਗਏ ਹਨ। ਉਨ੍ਹਾਂ ਕਿਹਾ ਕਿ ਇਸ ਸਕੀਮ ਤਹਿਤ ਦਸੰਬਰ 2023 ਦੇ ਅੰਤ ਤੱਕ "ਮੇਰਾ ਬਿੱਲ ਐਪ" 'ਤੇ ਆਪਣੇ ਖਰੀਦ ਬਿੱਲਾਂ ਨੂੰ ਅਪਲੋਡ ਕਰਕੇ ਕੁੱਲ 918 ਜੇਤੂਆਂ ਨੇ 43,73,555 ਰੁਪਏ ਦੇ ਇਨਾਮ ਜਿੱਤੇ ਹਨ। ਚੀਮਾ ਨੇ ਦੱਸਿਆ ਕਿ 'ਬਿੱਲ ਲਿਆਓ ਇਨਾਮ ਪਾਓ' ਸਕੀਮ ਤਹਿਤ 8 ਫਰਵਰੀ ਤੱਕ ਪ੍ਰਾਪਤ ਕੁੱਲ 59,616 ਬਿੱਲਾਂ ਵਿੱਚੋਂ 52,988 ਦੀ ਪੁਸ਼ਟੀ ਹੋ ਚੁੱਕੀ ਹੈ ਅਤੇ 6628 ਬਿੱਲਾਂ



● ਬਾਕੀ ਸਫ਼ਾ 2 'ਤੇ

## ਅੱਜ-ਨਾਮਾ

ਚੱਲ ਪਈ ਬਾਤ ਅਕਾਲੀਆਂ-ਭਾਜਪਾ ਦੀ,
ਸਿਰੇ ਪਹੁੰਚਣ ਦੀ ਨਵੀਂ ਕਨਸੋਅ ਮੀਆਂ।
ਸੀਟ-ਕੋਟਾ ਵਧਾਇਆ ਜਾਊ ਭਾਜਪਾ ਦਾ,
ਅਕਾਲੀ ਘਟ ਜਾਣਗੇ ਤਿੰਨ ਜਾਂ ਦੋ ਮੀਆਂ।
ਓਧਰ ਕਾਂਗਰਸ ਤੇ ਆਪ ਦੀ ਗੱਲ ਚੱਲੀ,
ਉਂਜ ਹੈ ਚੱਲਦੀ ਪਈ ਬੜੀ ਸਲੋ ਮੀਆਂ।
ਕਦੀ ਦਿੱਸੇ ਕਿ ਤੇਜ਼ੀ ਨਾਲ ਰਿੜ੍ਹਨ ਵਾਲੀ,
ਮੁੜ-ਮੁੜ ਅਟਕ ਫਿਰ ਜਾਏ ਖੜੋ ਮੀਆਂ।
ਹੋਏ ਜਦ ਦੋਵੇਂ ਸਮਝੌਤੇ ਤਾਂ ਚੋਣ ਅਗਲੀ,
ਬਣ ਜਾਊ ਭੇੜ ਦੁਵੱਲਾ ਇੱਕ ਫੇਰ ਮੀਆਂ।
ਬਿੱਲੀ ਕੱਟ ਗਈ ਰਸਤਾ ਕੋਈ ਫੇਰ ਜਾਣੋ,
ਸੰਭਾਲੀ ਜਾਣੀ ਨਹੀਂ ਕੀਤੜੀ ਦੇਰ ਮੀਆਂ।

-ਤੀਸ ਮਾਰ ਖਾਂ

## ਕੈਨੇਡਾ 'ਚ ਬਜ਼ੁਰਗ ਨੂੰ ਕੁੱਟਣ ਵਾਲਾ ਸੁਮਨ ਸੋਨੀ ਗ੍ਰਿਫਤਾਰ

**ਟੋਰਾਂਟੋ** : ਕੈਨੇਡਾ ਦੇ ਓਂਟਾਰੀਓ ਸੂਬੇ 'ਚ ਦੇਖਭਾਲ ਕੇਂਦਰ (ਕੇਅਰ ਹੋਮ) 'ਚ 89 ਸਾਲਾ ਬਜ਼ੁਰਗ ਨਾਲ ਕਥਿਤ ਤੌਰ 'ਤੇ ਕੁੱਟਮਾਰ ਕਰਨ ਦੇ ਦੋਸ਼ 'ਚ ਭਾਰਤੀ ਮੂਲ ਦੇ 32 ਸਾਲਾ ਕਰਮਚਾਰੀ ਨੂੰ ਗ੍ਰਿਫਤਾਰ ਕੀਤਾ ਗਿਆ ਹੈ। ਸੁਮਨ ਸੋਨੀ 'ਤੇ 29 ਜਨਵਰੀ ਅਤੇ 2 ਫਰਵਰੀ ਨੂੰ ਕੀਤੇ ਹਮਲੇ ਦੇ ਦੋ ਮਾਮਲਿਆਂ ਦਾ ਦੋਸ਼ ਲਗਾਇਆ ਗਿਆ ਹੈ। ਪੁਲਸ ਨੇ ਕਿਹਾ ਕਿ ਉਸ ਨਾਲ 2 ਫਰਵਰੀ ਨੂੰ ਬਜ਼ੁਰਗ ਨਾਲ ਬਦਸਲੂਕੀ ਦੀਆਂ ਘਟਨਾਵਾਂ ਦੇ ਸੰਬੰਧ 'ਚ ਸੰਪਰਕ ਕੀਤਾ ਗਿਆ ਸੀ। ਜਾਂਚ ਦੌਰਾਨ ਪੁਲਸ ਨੂੰ ਪਤਾ ਲੱਗਿਆ ਹੈ ਕਿ 89 ਸਾਲਾ ਪੁਰਸ਼ 'ਤੇ ਨਿੱਜੀ ਸਹਾਇਤਾ ਕਰਮਚਾਰੀ ਨੇ ਦੋ ਵਾਰ 29 ਜਨਵਰੀ ਅਤੇ 2 ਫਰਵਰੀ ਨੂੰ ਹਮਲਾ ਕੀਤਾ। ਪੁਲਸ ਨੇ ਕਿਹਾ ਕਿ ਜੇ ਕੋਈ ਹੋਰ ਪੀੜਤ ਹੈ ਤਾਂ ਉਹ ਸਾਹਮਣੇ ਆਏ।



## ਢਿਪਾਲੀ ਤੇ ਦਿਆਲਪੁਰਾ ਭਾਈਕੇ ਸੁਸਾਇਟੀ ਦੀ ਕਮੇਟੀ ਸਰਬ-ਸੰਮਤੀ ਨਾਲ ਚੁਣੀ



**ਰਾਮਪੁਰਾ ਫੂਲ (ਦਰਸ਼ਨ ਜਿੰਦਲ)**-ਪਿੰਡ ਢਿਪਾਲੀ ਤੇ ਦਿਆਲਪੁਰਾ ਭਾਈਕਾ ਵਿਖੇ ਵੀ ਸੁਸਾਇਟੀ ਦੀ ਪ੍ਰਬੰਧਕੀ ਕਮੇਟੀ ਸਰਬਸੰਮਤੀ ਨਾਲ ਚੁਣੀ ਗਈ, ਜਿਸਦੀ ਜਾਣਕਾਰੀ ਦਿੰਦਿਆਂ ਵਿਧਾਇਕ ਬਲਕਾਰ ਸਿੰਘ ਸਿੱਧੂ ਦੇ ਨਿੱਜੀ ਸਹਾਇਕ ਸੁੱਖੀ ਸਿੱਧੂ ਮੱਲੂਆਣਾਂ ਨੇ ਦੱਸਿਆ ਕਿ ਪਿੰਡ ਦਿਆਲਪੁਰਾ ਭਾਈਕਾ ਦੀ ਨਵੀਂ ਚੁਣੀ ਕਮੇਟੀ ਐੱਮ ਐੱਲ ਏ ਬਲਕਾਰ ਸਿੱਧੂ ਦੇ ਘਰ ਪਹੁੰਚੀ, ਜਿੱਥੇ ਉਹਨਾਂ ਦਾ ਹਾਰ ਪਾ ਕੇ ਸਵਾਗਤ ਕੀਤਾ ਗਿਆ।ਸੁੱਖੀ ਸਿੱਧੂ ਨੇ ਕਿਹਾ ਕਿ ਪਿੰਡ ਢਿਪਾਲੀ ਵਿਖੇ ਕਮੇਟੀ ਦੀ ਚੋਣ ਚ ਬਹੁਗਿਣਤੀ ਮੈਂਬਰ ਆਮ ਆਦਮੀ ਪਾਰਟੀ ਦੇ ਚੁਣੇ ਗਏ, ਜਿਸ ਲਈ ਉਹਨਾਂ ਪਿੰਡ ਵਾਸੀਆਂ ਦਾ ਧੰਨਵਾਦ ਕੀਤਾ ਤੇ ਆਸ ਜਤਾਈ ਕਿ ਇਨ੍ਹਾਂ ਦੋਨੋਂ ਪਿੰਡਾਂ 'ਚ ਚੁਣੇ ਮੈਂਬਰ ਸੁਸਾਇਟੀਆਂ ਦੀ ਬਿਹਤਰੀ ਲਈ ਕੰਮ ਕਰਨਗੇ।ਜ਼ਿਕਰਯੋਗ ਹੈ ਕਿ ਹਲਕਾ ਰਾਮਪੁਰਾ ਫੂਲ ਚ ਪਿਛਲੇ ਕੁੱਝ ਸਮੇਂ ਤੋਂ ਕੋਆਪ੍ਰੇਟਿਵ ਸੁਸਾਇਟੀ ਦੀਆਂ ਚੋਣਾਂ ਹੋ ਰਹੀਆਂ ਹਨ ਜਿੱਥੇ ਕਿ ਵਿਧਾਇਕ ਬਲਕਾਰ ਸਿੰਘ ਸਿੱਧੂ ਦੀ ਰਹਿਨੁਮਾਈ ਹੇਠ ਬਹੁਤ ਸਾਰੇ ਪਿੰਡਾਂ ਵਿੱਚ ਸਰਬਸੰਮਤੀ ਨਾਲ ਏਹ ਚੋਣਾਂ ਨੇਪਰੇ ਚੜ ਰਹੀਆਂ ਨੇ ਜਿਸਦੀ ਕਿ ਖੂਬ ਤਾਰੀਫ਼ ਹੋ ਰਹੀ ਹੈ।ਇਲਾਕਾ ਵਾਸੀਆਂ ਦਾ ਕਹਿਣਾ ਹੈ ਕਿ ਸਰਬਸੰਮਤੀ ਨਾਲ ਹੋ ਰਹੀਆਂ ਇਹ ਚੋਣਾਂ ਪਿੰਡਾਂ ਦੀ ਤਰੱਕੀ ਲਈ ਲਾਹੇਵੰਦ ਸਿੱਧ ਹੋਣਗੀਆਂ।

## ਸ਼ਰਾਰਤੀ ਅਨਸਰਾਂ ਨੇ ਡੀ ਸੀ ਦੀ ਫੇਕ ਫੇਸਬੁਕ ਆਈ ਡੀ ਬਣਾਈ




**ਮੋਗਾ (ਗੁਰਦੀਪ ਸਿੰਘ ਭੁੱਲਰ)**-ਡਿਪਟੀ ਕਮਿਸ਼ਨਰ ਕੁਲਵੰਤ ਸਿੰਘ ਦੀ ਫੇਕ ਫੇਸਬੁੱਕ ਆਈ ਡੀ ਬਣਾਈ ਹੈ।ਇਸ ਸਬੰਧੀ ਕੁਲਵੰਤ ਸਿੰਘ ਨੇ ਆਪਣੇ ਨਿੱਜੀ ਫੇਸਬੁੱਕ ਆਈ ਡੀ ਉੱਤੇ ਪੋਸਟ ਸਾਂਝੀ ਕਰਕੇ ਆਮ ਲੋਕਾਂ ਨੂੰ ਚੌਕਸ ਰਹਿਣ ਲਈ ਕਿਹਾ ਹੈ।ਆਪਣੀ ਅਪੀਲ ਵਿੱਚ ਉਨ੍ਹਾਂ ਕਿਹਾ ਕਿ ਇਹ ਪ੍ਰੋਫਾਈਲ ਕਿਸੇ ਨੇ ਗਲਤ ਵੇਰਵੇ ਦੇ ਕੇ ਬਣਾਈ ਹੈ ਜਦਕਿ ਨਾਂਅ, ਤਸਵੀਰ ਅਤੇ ਹੋਰ ਜਾਣਕਾਰੀ ਉਨ੍ਹਾਂ ਦੀ ਵਰਤੀ ਗਈ ਹੈ।ਜੇਕਰ ਕਿਸੇ ਵੀ ਵਿਅਕਤੀ ਨੂੰ ਇਸ ਫੇਸਬੁੱਕ ਆਈ ਡੀ ਤੋਂ ਫਰੈਂਡ ਰਿਕਵੈਸਟ ਜਾਂ ਕੋਈ ਹੋਰ ਡਿਮਾਂਡ ਆਉਂਦੀ ਹੈ ਤਾਂ ਉਹ ਮਨਜ਼ੂਰ ਨਾ ਕਰੇ ਅਤੇ ਇਸ ਸੰਬੰਧੀ ਪੁਲਸ ਦੇ ਸਾਈਬਰ ਕ੍ਰਾਈਮ ਸੈੱਲ ਨੂੰ ਰਿਪੋਰਟ ਕਰੇ।ਉਹਨਾਂ ਕਿਹਾ ਕਿ ਉਹਨਾਂ ਨੇ ਆਪਣੇ ਪੱਧਰ ਉੱਤੇ ਪੁਲਿਸ ਨੂੰ ਸੂਚਿਤ ਕਰ ਦਿੱਤਾ ਹੈ।ਇਹ ਸ਼ਰਾਰਤ ਕਰਨ ਵਾਲੇ ਦੋਸ਼ੀਆਂ ਨੂੰ ਬਖ਼ਸ਼ਿਆ ਨਹੀਂ ਜਾਵੇਗਾ।

## ਯੂ ਐਸ ਏ ਦੇ ਡਰੋਨ ਦੇ ਸਮਾਨ ਸਮੇਤ ਇੱਕ ਕਾਬੂ, ਮੁਕੱਦਮਾ ਦਰਜ



**ਮਮਦੋਟ (ਜਸਬੀਰ ਸਿੰਘ ਕੰਬੋਜ)**-ਥਾਣਾ ਲੱਖੋ ਕੇ ਬਹਿਰਾਮ ਦੀ ਪੁਲਸ ਵੱਲੋਂ ਇੱਕ ਵਿਅਕਤੀ ਨੂੰ ਯੂ.ਐਸ.ਏ. ਦੇ ਬਣੇ ਡਰੋਨ ਦੇ ਸਮਾਨ (ਪਾਰਟਸ) ਸਮੇਤ ਕਾਬੂ ਕੀਤਾ ਗਿਆ ਹੈ।ਸਹਾਇਕ ਥਾਣੇਦਾਰ ਗੁਰਦੀਪ ਸਿੰਘ ਨੇ ਦੱਸਿਆ ਕਿ ਉਨ੍ਹਾਂ ਨੂੰ ਗੁਪਤਾ ਸੂਚਨਾ ਮਿਲੀ ਸੀ ਕਿ ਮੁਖਤਿਆਰ ਸਿੰਘ ਪੁਤਰ ਜੰਗੀਰ ਸਿੰਘ ਵਾਸੀ ਪਿੰਡ ਰਾਜਨੀ ਵਾਲਾ ਉਰਫ ਦੋਨਾ ਮੱਤੜ ਕੋਲ ਡਰੋਨ ਜਾਂ ਡਰੋਨ ਦਾ ਸਮਾਨ ਹੈ। ਇਸ ਗੁਪਤ ਇਤਲਾਹ ਦੇ ਅਧਾਰ 'ਤੇ ਉਨ੍ਹਾਂ ਵੱਲੋਂ ਪੁਲਸ ਪਾਰਟੀ ਸਮੇਤ ਛਾਪੇਮਾਰੀ ਕਰਕੇ ਉਕਤ ਵਿਅਕਤੀ ਨੂੰ ਕਾਬੂ ਕੀਤਾ ਗਿਆ ਤਾਂ ਉਸ ਪਾਸੋਂ ਕਾਲੇ ਰੰਗ ਦੇ ਡਰੋਨ ਦਾ ਪਾਰਟਸ ਮਾਰਕਾ ਯੂ.ਐਸ.ਏ. ਬਰਾਮਦ ਹੋਇਆ।ਉਨ੍ਹਾਂ ਦੱਸਿਆ ਕਿ ਉਕਤ ਵਿਅਕਤੀ ਖਿਲਾਫ਼ ਮੁਕੱਦਮਾ ਦਰਜ ਕਰ ਲਿਆ ਗਿਆ ਹੈ ਅਤੇ ਹੋਰ ਪੁੱਛਗਿੱਛ ਜਾਰੀ ਹੈ।

## ਕੋਟਪਾ ਐਕਟ ਦੀ ਉਲੰਘਣਾ ਕਰਨ ਵਾਲੇ ਦੁਕਾਨਦਾਰਾਂ ਨੂੰ ਕੀਤਾ ਜੁਰਮਾਨਾ



**ਫਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਸਿਵਲ ਸਰਜਨ ਡਾ. ਦਵਿੰਦਰਜੀਤ ਕੌਰ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਸਿਹਤ ਵਿਭਾਗ ਦੀ ਟੀਮ, ਜਿਸ ਵਿੱਚ ਜ਼ਿਲ੍ਹਾ ਸਮੂਹ ਸਿੱਖਿਆ ਤੇ ਸੂਚਨਾ ਅਫਸਰ ਬਲਜਿੰਦਰ ਸਿੰਘ, ਗੁਰਦੀਪ ਸਿੰਘ, ਜਸਵਿੰਦਰ ਕੌਰ, ਸਹਾਇਕ ਮਲੇਰੀਆ ਅਫ਼ਸਰ ਨਰਿੰਦਰ ਸਿੰਘ, ਸਿਹਤ ਸੁਪਰਵਾਈਜ਼ਰ ਇੰਦਰਜੀਤ ਸਿੰਘ ਅਤੇ ਬਲਵਿੰਦਰ ਸਿੰਘ ਸ਼ਾਮਲ ਸਨ, ਵੱਲੋਂ ਚਨਾਰਥਲ ਕਲਾਂ ਅਤੇ ਰੁੜਕੀ ਵਿਖੇ ਕਰਿਆਨੇ ਦੀਆਂ ਦੁਕਾਨਾਂ ਦੀ ਚੈਕਿੰਗ ਕੀਤੀ ਗਈ।ਚੈਕਿੰਗ ਦੌਰਾਨ ਤੰਬਾਕੂ ਕੰਟਰੋਲ ਐਕਟ ਦੀ ਉਲੰਘਣਾ ਕਰਨ ਵਾਲੇ 08 ਦੁਕਾਨਦਾਰਾਂ ਨੂੰ ਜੁਰਮਾਨਾ ਕੀਤਾ ਗਿਆ।ਸਿਵਲ ਸਰਜਨ ਡਾ. ਦਵਿੰਦਰਜੀਤ ਕੌਰ ਨੇ ਕਿਹਾ ਕਿ ਜੇਕਰ ਕੋਈ ਵਿਅਕਤੀ ਖਾਣ-ਪੀਣ ਦੀਆਂ ਵਸਤਾਂ ਦੇ ਨਾਲ-ਨਾਲ ਤੰਬਾਕੂ ਵੇਚਣ ਦਾ ਕੰਮ ਕਰਦਾ ਹੈ ਤਾਂ ਅਜਿਹਾ ਕਰਨ ਨਾਲ ਕੋਟਪਾ ਦੀ ਉਲੰਘਣਾ ਹੁੰਦੀ ਹੈ। ਇਸ ਕਰਕੇ ਸਿਹਤ ਵਿਭਾਗ ਵੱਲੋਂ ਸਮੇਂ-ਸਮੇਂ 'ਤੇ ਅਜਿਹੇ ਦੁਕਾਨਦਾਰਾਂ ਦੀ ਚੈਕਿੰਗ ਕਰਕੇ ਉਨ੍ਹਾਂ ਦੇ ਚਲਾਨ ਕੀਤੇ ਜਾਂਦੇ ਹਨ ਅਤੇ ਆਮ ਲੋਕਾਂ, ਦੁਕਾਨਦਾਰਾਂ ਨੂੰ ਤੰਬਾਕੂ ਦੇ ਸੇਵਨ ਨਾਲ ਮਨੁੱਖੀ ਸਿਹਤ 'ਤੇ ਪੈਣ ਵਾਲੇ ਮਾੜੇ ਪ੍ਰਭਾਵ ਬਾਰੇ ਵੀ ਜਾਗਰੂਕ ਕੀਤਾ ਜਾਂਦਾ ਹੈ।ਉਨ੍ਹਾਂ ਕਿਹਾ ਕਿ ਤੰਬਾਕੂ ਸਿਹਤ ਲਈ ਹਾਨੀਕਾਰਕ ਹੁੰਦਾ ਹੈ। ਇਸ ਦੀ ਵਰਤੋਂ ਕਰਨ ਨਾਲ ਮੂੰਹ, ਗਲੇ ਅਤੇ ਫੇਫੜਿਆਂ ਦਾ ਕੈਂਸਰ ਹੋਣ ਦਾ ਖ਼ਤਰਾ ਹੁੰਦਾ ਹੈ।ਤੰਬਾਕੂ ਕੰਟਰੋਲ ਐਕਟ ਅਨੁਸਾਰ ਵਿੱਦਿਅਕ ਸੰਸਥਾਵਾਂ ਦੇ 100 ਗਜ਼ ਦੇ ਘੇਰੇ ਅੰਦਰ ਤੰਬਾਕੂ ਉਤਪਾਦ ਦੀ ਵਿਕਰੀ ਕਰਨ 'ਤੇ ਪੂਰਨ ਪਾਬੰਦੀ ਹੈ।ਉਨ੍ਹਾਂ ਤੰਬਾਕੂ ਪਦਾਰਥ ਵੇਚਣ ਵਾਲੇ ਦੁਕਾਨਦਾਰਾਂ ਨੂੰ ਕੋਟਪਾ ਦੀ ਪਾਲਣਾ ਕਰਨ ਦੀ ਅਪੀਲ ਵੀ ਕੀਤੀ।

## ਮੰਗਾਂ ਸੰਬੰਧੀ ਮੈਨੇਜਮੈਂਟ ਨਾਲ ਕੀਤੀ ਗੱਲਬਾਤ



**ਸੰਗਰੂਰ (ਪ੍ਰਵੀਨ ਸਿੰਘ)**-ਭਾਖੜਾ ਬਿਆਸ ਇੰਪਲਾਈਜ ਯੂਨੀਅਨ (ਏਟਕ, ਐਫੀ) ਸੈਕਟਰੀ ਸੁਰੇਸ਼ ਸੈਨੀ ਨੇ ਦੱਸਿਆ ਕਿ ਬ੍ਰਾਂਚ ਬਰਨਾਲਾ ਦੀ ਮੀਟਿੰਗ ਵਧੀਕ ਸੁਪਰਡੈਂਟ ਇੰਜੀਨੀਅਰ ਓ.ਐਂਡ.ਐਮ ਡਵੀਜਨ ਜਮਾਲਪੁਰ ਨਾਲ ਕ੍ਰਮਚਾਰੀਆਂ ਦੀਆਂ ਮੰਗਾਂ ਸੰਬੰਧੀ ਜਮਾਲਪੁਰ ਦਫ਼ਤਰ ਵਿਖੇ ਹੋਈ। ਮੀਟਿੰਗ ਵਿੱਚ ਯੂਨੀਅਨ ਦੇ ਨੁਮਾਇੰਦਿਆਂ ਵਿੱਚ ਬਰਨਾਲਾ ਸਬ ਸੈਂਟਰ ਦੇ ਪ੍ਰਧਾਨ ਅਜਾਇਬ ਸਿੰਘ, ਵਿੱਤ ਸਕੱਤਰ ਜਗਦੀਪ ਖਾਨ, ਸਾਖਾ ਸਕੱਤਰ ਰਮੇਸ਼ ਕੁਮਾਰ ਤੇ ਕੇਂਦਰੀ ਕਮੇਟੀ ਸੰਗਰੂਰ ਤੋਂ ਸੁਰੇਸ ਕੁਮਾਰ ਸੈਨੀ ਹਾਜ਼ਰ ਸਨ। ਇਸ ਮੌਕੇ ਦਫ਼ਤਰ ਦੀ ਤਰਫ਼ੋਂ ਸ੍ਰੀ ਵਧੀਕ ਸੁਪਰਡੈਂਟ ਇੰਜੀਨੀਅਰ, ਸ੍ਰੀ ਰਾਕੇਸ਼ ਵਰਮਾ ਯੂ.ਡੀ.ਸੀ, ਸ੍ਰੀ ਗੁਰਵਿੰਦਰ ਸਿੰਘ ਲੇਖਾਕਾਰ ਹਾਜ਼ਰ ਸਨ। ਮੀਟਿੰਗ ਵਿੱਚ ਮੁਲਾਜ਼ਮਾਂ ਦੀਆਂ ਜਾਇਜ਼ ਮੰਗਾਂ ਦੇ ਸਬੰਧ ਵਿੱਚ ਵਧੀਕ ਸੁਪਰਡੈਂਟ ਇੰਜਨੀਅਰ ਓ.ਐਂਡ.ਐਮ ਡਵੀਜ਼ਨ ਜਮਾਲਪੁਰ ਨੇ ਯੂਨੀਅਨ ਦੇ ਨੁਮਾਇੰਦਿਆਂ ਨੂੰ ਭਰੋਸਾ ਦਿੱਤਾ ਕਿ ਮੇਰੇ ਅਤੇ ਮੇਰੇ ਦਫ਼ਤਰ ਨਾਲ ਸਬੰਧਤ ਕ੍ਰਮਚਾਰੀਆਂ ਵੱਲੋਂ ਜੋ ਵੀ ਕੰਮ ਕੀਤਾ ਜਾ ਰਿਹਾ ਹੈ, ਉਸ ਨੂੰ ਸਮੇਂ ਸਿਰ ਪੂਰਾ ਕਰਨ ਲਈ ਹਰ ਸੰਭਵ ਯਤਨ ਕੀਤਾ ਜਾਵੇਗਾ। ਯੂਨੀਅਨ ਦੇ ਨੁਮਾਇੰਦਿਆਂ ਨੇ ਵਧੀਕ ਸੁਪਰਡੈਂਟ ਇੰਜਨੀਅਰ ਸਮੇਤ ਮੀਟਿੰਗ ਵਿੱਚ ਹਾਜ਼ਰ ਸਾਰਿਆਂ ਦਾ ਧੰਨਵਾਦ ਕੀਤਾ।

## ਡੀ ਏ ਵੀ ਕਾਲਜ ਦੇ ਵਿਦਿਆਰਥੀਆਂ ਦੀ ਸ਼ਾਨਦਾਰ ਜਿੱਤ



**ਮਲੋਟ (ਗੁਰਮੀਤ ਸਿੰਘ ਮੱਕੜ)**-ਡੀ.ਏ.ਵੀ ਕਾਲਜ ਦੇ ਵਿਦਿਆਰਥੀਆਂ ਨੇ ਸਹਾਇਕ ਡਾਇਰੈਕਟਰ ਯੁਵਕ ਸੇਵਾਵਾਂ ਦੇ ਦਿਸ਼ਾਂ ਨਿਰਦੇਸ਼ਾਂ ਹੇਠ ਰੈੱਡ ਰਿਬਨ ਕਲੱਬਾਂ ਵਲੋਂ ਕਰਾਏ ਗਏ ਜ਼ਿਲ੍ਹਾ ਪੱਧਰੀ ਮੁਕਾਬਲਿਆਂ ਵਿਚ ਹਿੱਸਾ ਲਿਆ। ਇਹ ਮੁਕਾਬਲੇ ਗੁਰੂ ਨਾਨਕ ਕਾਲਜ ਵਿਖੇ 7 ਫਰਵਰੀ ਨੂੰ ਕਰਾਏ ਗਏ, ਜਿਸ ਵਿਚ ਕਾਲਜ ਦੇ ਵਿਦਿਆਰਥੀਆਂ ਨੇ ਸ਼ਾਨਦਾਰ ਜਿੱਤ ਹਾਸਲ ਕੀਤੀ। ਇਨ੍ਹਾਂ ਮੁਕਾਬਲਿਆਂ ਵਿਚੋਂ ਸਲੋਗਨ ਰਾਈਟਿੰਗ ਵਿਚ ਹਿਮਾਨੀ ਨੇ ਪਹਿਲਾ ਸਥਾਨ ਤੇ ਦੀਪਾਂਸ਼ੂ ਨੇ ਦੂਜਾ ਸਥਾਨ, ਪੋਸਟਰ ਮੇਕਿੰਗ ਵਿਚ ਭਾਵਨਾ ਨੇ ਦੂਜਾ ਸਥਾਨ ਤੇ ਕਰਨਪ੍ਰੀਤ ਸਿੰਘ ਨੇ ਤੀਜਾ ਸਥਾਨ ਹਾਸਿਲ ਕਰਕੇ ਕਾਲਜ ਦਾ ਨਾਂਅ ਰੌਸ਼ਨ ਕੀਤਾ। ਪ੍ਰਿੰਸੀਪਲ ਸੁਭਾਸ਼ ਗੁਪਤਾ ਅਤੇ ਰੈੱਡ ਰਿਬਨ ਕਲੱਬ ਦੇ ਇੰਚਾਰਜ ਮੈਡਮ ਇਕਬਾਲ ਕੌਰ ਨੇ ਜੇਤੂ ਵਿਦਿਆਰਥੀਆਂ ਨੂੰ ਵਧਾਈ ਦਿੱਤੀ ਤੇ ਉਨ੍ਹਾਂ ਦੇ ਚੰਗੇ ਭਵਿੱਖ ਦੀ ਕਾਮਨਾ ਕਰਦੇ ਹੋਏ ਇਹੋ ਜਿਹੇ ਮੁਕਾਬਲਿਆਂ ਵਿਚ ਵਧ-ਚੜ੍ਹ ਕੇ ਹਿੱਸਾ ਲੈਣ ਲਈ ਪ੍ਰੇਰਿਤ ਕੀਤਾ।

## ਧਰਮਸ਼ਾਲਾ ਦੇ ਪ੍ਰੋਜੈਕਟ 'ਤੇ ਕਰੀਬ 24 ਲੱਖ ਰੁਪਏ ਦੀ ਲਾਗਤ ਆਵੇਗੀ : ਸਿੱਧੂ



**ਲੁਧਿਆਣਾ (ਰਾਜ ਸਿੰਗਲਾ)**-ਇਲਾਕੇ ਦੇ ਵਸਨੀਕਾਂ ਨੂੰ ਬੁਨਿਆਦੀ ਸਹੂਲਤਾਂ ਮੁਹੱਈਆ ਕਰਵਾਉਣ ਦੀ ਵਚਨਬੱਧਤਾ ਨੂੰ ਕਾਇਮ ਰੱਖਦਿਆਂ ਹਲਕਾ ਆਤਮ ਨਗਰ ਵਿਧਾਇਕ ਕੁਲਵੰਤ ਸਿੰਘ ਸਿੱਧੂ ਵੱਲੋਂ ਬੀਤੇ ਕੱਲ੍ਹ ਵਾਰਡ ਨੰਬਰ 47 ਅਤੇ 51 ਅਧੀਨ ਅੰਬੇਡਕਰ ਨਗਰ ਵਿੱਚ ਵੱਖ-ਵੱਖ 2 ਧਰਮਸ਼ਾਲਾ ਦਾ ਉਦਘਾਟਨ ਕੀਤਾ ਗਿਆ।ਬਾਅਦ ਵਿੱਚ ਉਨ੍ਹਾਂ ਅੰਬੇਡਕਰ ਨਗਰ ਦੇ ਸਰਕਾਰੀ ਸਕੂਲ ਵਿੱਚ ਪਖਾਨੇ ਦੀ ਉਸਾਰੀ ਦਾ ਕੰਮ ਵੀ ਸ਼ੁਰੂ ਕਰਾਇਆ।ਉਨ੍ਹਾਂ ਦੱਸਿਆ ਕਿ ਇਨ੍ਹਾਂ ਸਾਰੇ ਕਾਰਜਾਂ 'ਤੇ ਕਰੀਬ 24 ਲੱਖ ਰੁਪਏ ਦੀ ਲਾਗਤ ਆਵੇਗੀ।ਵਿਧਾਇਕ ਕੁਲਵੰਤ ਸਿੰਘ ਸਿੱਧੂ ਨੇ ਕਿਹਾ ਕਿ ਸੂਬੇ ਵਿੱਚ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਆਮ ਆਦਮੀ ਪਾਰਟੀ ਦੀ ਸਰਕਾਰ, ਆਮ ਲੋਕਾਂ ਦੀ ਸਰਕਾਰ ਹੈ ਤੇ ਲੋਕਾਂ ਨੂੰ ਬੁਨਿਆਦੀ ਸਹੂਲਤਾਂ ਮੁਹੱਈਆ ਕਰਾਉਣ ਲਈ ਵਚਨਬੱਧ ਹੈ, ਜਿਸਦੇ ਤਹਿਤ ਹੁਣ ਹਰ ਹਲਕੇ ਵਿੱਚ ਵਿਕਾਸ ਕਾਰਜ ਨਿਰੰਤਰ ਜਾਰੀ ਹਨ।

# ਜੱਖਲਾਂ ਤੇ ਮੀਰਹੇੜੀ 'ਚ ਠੋਸ ਕੂੜਾ ਪ੍ਰਬੰਧਨ ਦੇ ਪ੍ਰੋਜੈਕਟਾਂ ਦਾ ਉਦਘਾਟਨ



**ਧੂਰੀ (ਰਾਜੇਸ਼ਵਰ ਪਿੰਟੂ, ਬਿੰਨੀ ਗਰਗ)**

ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਸੂਬੇ ਦੇ ਲੋਕਾਂ ਨੂੰ ਸਰਵੋਤਮ ਸੁਵਿਧਾਵਾਂ ਮੁਹੱਈਆ ਕਰਾਉਣ ਦੀ ਦਿਸ਼ਾ ਵਿੱਚ ਨਿਰੰਤਰ ਸਾਰਥਕ ਕਦਮ ਚੁੱਕੇ ਜਾ ਰਹੇ ਹਨ ਤੇ ਇਸੇ ਲੜੀ ਤਹਿਤ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਰਾਊਂਡਗਲਾਸ ਫਾਊਂਡੇਸ਼ਨ ਦੇ ਸਹਿਯੋਗ ਨਾਲ ਬਲਾਕ ਧੂਰੀ ਦੇ ਦੋ ਪਿੰਡਾਂ ਵਿੱਚ ਠੋਸ ਕੂੜਾ ਪ੍ਰਬੰਧਨ ਦੇ ਪ੍ਰੋਜੈਕਟ ਲੋਕਾਂ ਨੂੰ ਸਮਰਪਤ ਕੀਤੇ ਗਏ।ਡਿਪਟੀ ਕਮਿਸ਼ਨਰ ਜਤਿੰਦਰ ਜੋਰਵਾਲ ਦੇ ਦਿਸ਼ਾ ਨਿਰਦੇਸ਼ਾਂ ਤੇ ਵਧੀਕ ਡਿਪਟੀ ਕਮਿਸ਼ਨਰ ਵਰਜੀਤ ਵਾਲੀਆ ਦੀ ਨਿਗਰਾਨੀ ਹੇਠ ਪ੍ਰਸ਼ਾਸਨਿਕ ਅਧਿਕਾਰੀਆਂ ਅਤੇ ਮੁੱਖ ਮੰਤਰੀ ਦੇ ਓ.ਐਸ.ਡੀ ਪ੍ਰੋਫੈਸਰ ਓਂਕਾਰ ਸਿੰਘ ਨੇ ਪਿੰਡ ਜੱਖਲਾਂ ਤੇ ਮੀਰਹੇੜੀ ਵਿੱਚ ਇਨ੍ਹਾਂ ਪ੍ਰੋਜੈਕਟਾਂ ਦੇ ਉਦਘਾਟਨ ਦੀ ਰਸਮ ਅਦਾ ਕਰਦਿਆਂ ਕਿਹਾ ਕਿ ਧੂਰੀ ਸਮੇਤ ਸੂਬੇ ਦੇ ਸਾਰੇ ਸ਼ਹਿਰਾਂ ਤੇ ਪਿੰਡਾਂ ਵਿੱਚ ਸਰਵੋਤਮ ਪ੍ਰਸ਼ਾਸ਼ਨਿਕ ਸੇਵਾਵਾਂ ਮੁਹੱਈਆ ਕਰਾਉਣ ਲਈ ਇਨ੍ਹੀਂ ਦਿਨੀਂ ਪੰਜਾਬ ਸਰਕਾਰ ਵੱਲੋਂ ਲੋਕ ਸੁਵਿਧਾ ਕੈਂਪ ਲਾਏ ਜਾ ਰਹੇ ਹਨ, ਜਿਸ ਦਾ ਲੋਕਾਂ ਨੂੰ ਵਧ-ਚੜ੍ਹ ਕੇ ਲਾਭ ਲੈਣਾ ਚਾਹੀਦਾ ਹੈ।ਪ੍ਰੋ. ਉਂਕਾਰ ਸਿੰਘ ਨੇ ਕਿਹਾ ਕਿ ਧੂਰੀ ਹਲਕੇ ਦੀ ਨੁਹਾਰ ਨੂੰ ਸੰਵਾਰਨ ਲਈ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੂਰੇ ਜੋਸ਼ੋ-ਖਰੋਸ਼ ਨਾਲ ਵਿਕਾਸ ਕਾਰਜਾਂ ਨੂੰ ਨੇਪਰੇ ਚੜ੍ਹਾਇਆ ਜਾ ਰਿਹਾ ਹੈ।ਉਨ੍ਹਾਂ ਕਿਹਾ ਕਿ ਸੋਲਿਡ ਵੇਸਟ ਮੈਨੇਜਮੈਂਟ ਦੇ ਇਹ ਦੋਵੇਂ ਪ੍ਰੋਜੈਕਟ ਲੋਕਾਂ ਲਈ ਆਉਣ ਵਾਲੇ ਸਮੇਂ ਵਿੱਚ ਵਰਦਾਨ ਸਾਬਿਤ ਹੋਣਗੇ ਕਿਉਂਕਿ ਇਨ੍ਹਾਂ ਨਾਲ ਪਿੰਡਾਂ ਵਿੱਚ ਵਿਆਪਕ ਸੁਧਾਰ ਹੋਵੇਗਾ।ਉਨ੍ਹਾਂ ਲੋਕਾਂ ਨੂੰ ਜਾਣੂ ਕਰਵਾਉਂਦਿਆਂ ਦੱਸਿਆ ਕਿ ਠੋਸ ਕੂੜਾ ਪ੍ਰਬੰਧਨ ਦੇ ਤਹਿਤ ਘਰਾਂ ਵਿੱਚੋਂ ਇਕੱਠਾ ਹੋਣ ਵਾਲਾ ਸੁੱਕਾ ਤੇ ਗਿੱਲਾ ਕੂੜਾ ਰੋਜ਼ਾਨਾ ਦੇ ਆਧਾਰ 'ਤੇ ਪਿੰਡਾਂ ਵਿੱਚ ਹੀ ਪੰਚਾਇਤੀ ਵਿਭਾਗ ਵੱਲੋਂ ਤਿਆਰ ਕਰਵਾਏ ਜਾਣ ਵਾਲੇ ਟੋਇਆਂ (ਪਿੱਟਸ) ਵਿੱਚ ਪਾਉਣ ਉਪਰੰਤ ਕੂੜੇ ਨੂੰ ਖਾਦ ਵਿੱਚ ਬਦਲਿਆ ਜਾਵੇਗਾ ਤੇ ਇਹ ਪ੍ਰੋਜੈਕਟ ਸਵੱਛਤਾ ਵੱਲ ਇੱਕ ਮਿਆਰੀ ਪੁਲਾਂਘ ਸਾਬਤ ਹੋਵੇਗਾ।ਇਸ ਮੌਕੇ ਜ਼ਿਲ੍ਹਾ ਵਿਕਾਸ ਤੇ ਪੰਚਾਇਤ ਅਫ਼ਸਰ ਸੁਖਚੈਨ ਸਿੰਘ ਪਾਪੜਾ ਨੇ ਕਿਹਾ ਕਿ ਜ਼ਿਲ੍ਹੇ ਦੇ ਹੋਰ ਪਿੰਡਾਂ ਵਿੱਚ ਠੋਸ ਕੂੜਾ ਪ੍ਰਬੰਧਨ (ਸੋਲਿਡ ਵੇਸਟ ਮੈਨੇਜਮੈਂਟ) ਪ੍ਰੋਜੈਕਟ ਸਫ਼ਲਤਾ ਨਾਲ ਚੱਲ ਰਹੇ ਹਨ ਅਤੇ ਬਾਕੀ ਪਿੰਡਾਂ ਵਿੱਚ ਵੀ ਸਾਫ਼ ਸਫ਼ਾਈ ਤੇ ਸਾਫ਼ ਵਾਤਾਵਰਣ ਨੂੰ ਯਕੀਨੀ ਬਣਾਉਣ ਲਈ ਲੋਕਾਂ ਤੋਂ ਸਰਗਰਮ ਸਹਿਯੋਗ ਦੀ ਲੋੜ ਹੈ। ਇਸ ਮੌਕੇ ਐਨ ਜੀ ਓ ਰਾਊਂਡਗਲਾਸ ਫਾਊਂਡੇਸ਼ਨ ਦੇ ਡਾ. ਰਜਨੀਸ਼ ਕੁਮਾਰ, ਭਰਪੂਰ ਸਿੰਘ ਅਤੇ ਟੀਮ ਵੱਲੋਂ ਪਿੰਡਾਂ ਵਿੱਚ ਹਰ ਘਰ ਨੂੰ ਦੋ ਡਸਟਬਿਨ ਤੇ ਕੂੜਾ ਇਕੱਠਾ ਕਰਨ ਲਈ ਰੇਹੜੀਆਂ ਮੁਹੱਈਆ ਕਰਾਈਆਂ ਗਈਆਂ।ਇਸ ਮੌਕੇ ਮੁੱਖ ਮੰਤਰੀ ਕੈਂਪ ਦਫ਼ਤਰ ਦੇ ਇੰਚਾਰਜ ਅੰਮ੍ਰਿਤ ਸਿੰਘ ਬਰਾੜ, ਐਕਸੀਅਨ ਪੰਚਾਇਤੀ ਰਾਜ ਰਣਜੀਤ ਸਿੰਘ ਸ਼ੇਰਗਿੱਲ, ਐਸ ਡੀ ਓ ਪ੍ਰਭਜੋਤ ਕੌਰ, ਬੀਡੀਪੀਓ ਪ੍ਰਦੀਪ ਸ਼ਾਰਦਾ ਵੀ ਹਾਜ਼ਰ ਸਨ।

## ਮੁਕਤਸਰ ਵਿਕਾਸ ਮਿਸ਼ਨ ਵੱਲੋਂ ਸਮਰੀਤ ਸਨਮਾਨ ਸਮਾਰੋਹ ਭਲਕੇ

**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਸਿੱਖਿਆ ਵਿਭਾਗ ਵੱਲੋਂ ਰਾਜ ਦੇ ਸਾਰੇ ਮਾਡਲ ਸਕੂਲਾਂ ਦੇ ਵਿਦਿਆਰਥੀਆਂ ਦੀ ਅੰਗਰੇਜ਼ੀ ਭਾਸ਼ਾ ਵਿੱਚ ਭਾਸ਼ਣ ਪ੍ਰਤੀਯੋਗਤਾ ਆਯੋਜਤ ਕਰਾਈ ਗਈ ਸੀ।ਇਸ ਮੁਕਾਬਲੇ ਵਿੱਚ ਨੇੜਲੇ ਪਿੰਡ ਭਾਗਸਰ ਦੇ ਸਰਕਾਰੀ ਮਾਡਲ ਸੀਨੀਅਰ ਸੈਕੰਡਰੀ ਸਕੂਲ ਦੀ ਗਿਆਰਵੀਂ ਜਮਾਤ ਦੀ ਵਿਦਿਆਰਥਣ ਸਮਰੀਤ ਕੌਰ ਨੇ ਪਹਿਲਾ ਸਥਾਨ ਪ੍ਰਾਪਤ ਕੀਤਾ ਸੀ।ਸਮਰੀਤ ਨੇ ਆਪਣੀ ਇਸ ਮਾਣਮੱਤੀ ਪ੍ਰਾਪਤੀ ਨਾਲ ਆਪਣੇ ਮਾਂ-ਬਾਪ, ਸਕੂਲ ਸਟਾਫ ਤੇ ਇਲਾਕੇ ਦਾ ਨਾਂਅ ਰੌਸ਼ਨ ਕੀਤਾ ਹੈ।ਵੱਖ-ਵੱਖ ਸ਼ਖ਼ਸੀਅਤਾਂ ਵੱਲੋਂ ਸਮਰੀਤ ਨੂੰ ਵਧਾਈ ਦੇਣ ਦਾ ਸਿਲਸਿਲਾ ਜਾਰੀ ਹੈ।ਸਮਾਜ ਦੇ ਭਲੇ ਅਤੇ ਵਿਕਾਸ ਨੂੰ ਸਮਰਪਤ ਪ੍ਰਮੁੱਖ ਗੈਰ ਸਰਕਾਰੀ ਸਮਾਜ ਸੇਵੀ ਸੰਸਥਾ ਮੁਕਤਸਰ ਵਿਕਾਸ ਮਿਸ਼ਨ ਵੱਲੋਂ ਸਮਰੀਤ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਜਾਵੇਗਾ। ਸਮਰੀਤ ਸਨਮਾਨ ਸਮਾਰੋਹ 11 ਫਰਵਰੀ ਨੂੰ ਬਾਅਦ ਦੁਪਹਿਰ 4:00 ਵਜੇ ਸਥਾਨਕ ਰੇਲਵੇ ਰੋਡ ਸਥਿਤ ਪਵਨ ਹੋਟਲ ਐਂਡ ਸਵੀਟਸ ਸ਼ਾਪ ਵਿਖੇ ਆਯੋਜਤ ਕੀਤਾ ਜਾਵੇਗਾ।ਸਮਾਰੋਹ ਦੀ ਪ੍ਰਧਾਨਗੀ ਮਿਸ਼ਨ ਮੁਖੀ ਪ੍ਰਸਿਧ ਸਮਾਜ ਸੇਵਕ ਜਗਦੀਸ਼ ਰਾਏ ਢੋਸੀਵਾਲ ਕਰਨਗੇ।ਢੋਸੀਵਾਲ ਨੇ ਦੱਸਿਆ ਕਿ ਸਮਾਰੋਹ ਦੌਰਾਨ ਸਮਰੀਤ ਦੇ ਪਰਵਾਰਕ ਮੈਂਬਰਾਂ ਤੋਂ ਇਲਾਵਾ ਮਿਸ਼ਨ ਦੇ ਸਮੂਹ ਅਹੁਦੇਦਾਰ ਅਤੇ ਮੈਂਬਰ ਭਾਗ ਲੈਣਗੇ।

## ਮੋਹਾਲੀ ਪ੍ਰੈਸ ਕਲੱਬ ਵਾਸਤੇ ਜਗ੍ਹਾ ਲਈ ਮੁੱਖ ਮੰਤਰੀ ਨਾਲ ਗੱਲ ਕਰਾਂਗੇ : ਅਮਨ ਅਰੋੜਾ



**ਮੋਹਾਲੀ (ਗੁਰਜੀਤ ਬਿੱਲਾ)**

ਪ੍ਰੈਸ ਕਲੱਬ ਐਸਏਐਸ ਨਗਰ ਲਈ ਜਗ੍ਹਾ ਅਲਾਟ ਕਰਨ ਦੇ ਸੰਬੰਧ ਵਿੱਚ ਉਹ ਵਿਧਾਇਕ ਕੁਲਵੰਤ ਸਿੰਘ ਦੇ ਨਾਲ ਮਿਲ ਕੇ ਮੁੱਖ ਮੰਤਰੀ ਪੰਜਾਬ ਨਾਲ ਮੁਲਾਕਾਤ ਕਰਨਗੇ ਅਤੇ ਜਲਦੀ ਹੀ ਮੋਹਾਲੀ ਦੇ ਪੱਤਰਕਾਰਾਂ ਦੇ ਲਈ ਮੋਹਾਲੀ ਵਿੱਚ ਪ੍ਰੈਸ ਕਲੱਬ ਲਈ ਥਾਂ ਅਲੋਟ ਕਰਾਈ ਜਾਵੇਗੀ। ਇਹ ਗੱਲ ਪੰਜਾਬ ਦੇ ਕੈਬਨਟ ਮੰਤਰੀ ਅਮਨ ਅਰੋੜਾ ਨੇ ਪ੍ਰੈਸ ਕਲੱਬ ਵੱਲੋਂ ਰੱਖੇ ਗਏ ਇੱਕ ਸਮਾਗਮ ਦੇ ਦੌਰਾਨ ਕਹੀ।

ਇਹ ਸਮਾਗਮ ਰਤਨ ਪ੍ਰੋਫੈਸ਼ਨਲ ਕਾਲਜ ਸੁਹਾਣਾ ਵਿਖੇ ਕਲੱਬ ਦੇ ਪ੍ਰਧਾਨ ਹਿਲੇਰੀ ਵਿਕਟਰ ਦੀ ਅਗਵਾਈ ਹੇਠ ਕਰਾਇਆ ਗਿਆ। ਅਮਨ ਅਰੋੜਾ ਨੇ ਕਿਹਾ ਕਿ ਪੱਤਰਕਾਰਤਾ ਇੱਕ ਪਵਿੱਤਰ ਪੇਸ਼ਾ ਹੈ ਅਤੇ ਮੋਹਾਲੀ ਦੇ ਪੱਤਰਕਾਰਾਂ ਦੇ ਲਈ ਸਾਂਝੀ ਥਾਂ ਹੋਣੀ ਅਤੀ ਜ਼ਰੂਰੀ ਹੈ। ਉਨ੍ਹਾਂ ਕਿਹਾ ਕਿ ਅੱਜ ਦੇ ਸੋਸ਼ਲ ਮੀਡੀਆ ਦੇ ਦੌਰ ਵਿੱਚ ਪੱਤਰਕਾਰਤਾ ਹੋਰ ਵੀ ਚੈਲੇਂਜਿੰਗ ਹੋ ਗਈ ਹੈ, ਪ੍ਰੰਤੂ ਇਸ ਦੇ ਨਾਲ ਹੀ ਕੰਮ ਕਰਨ ਦੇ ਵਧੀਆ ਮੌਕੇ ਵੀ ਮਿਲ ਰਹੇ ਹਨ।

ਸਟੇਜ ਸਕੱਤਰ ਦੀ ਭੂਮਿਕਾ ਪੱਤਰਕਾਰ ਹਰਦੀਪ ਕੌਰ ਵੱਲੋਂ ਬਾਖੂਬੀ ਨਿਭਾਈ ਗਈ। ਇਸ ਮੌਕੇ ਤ ਅਮਨ ਅਰੋੜਾ ਅਤੇ ਕੁਲਵੰਤ ਵਿਧਾਇਕ ਕੁਲਵੰਤ ਸਿੰਘ ਵੱਲੋਂ ਪ੍ਰੈਸ ਕਲੱਬ ਐਸ ਏਐਸ ਨਗਰ ਦਾ ਪਿਛਲੇ ਸਮੇਂ ਦੀਆਂ ਕਲੱਬ ਦੀਆਂ ਪਿਛਲੇ ਸਮੇਂ ਦੀਆਂ ਗਤੀਵਿਧੀਆਂ ਤੇ ਅਧਾਰਤ ਸੋਵੀਨਰ ਰਿਲੀਜ਼ ਕੀਤਾ ਗਿਆ।

## ਟਕਸਾਲੀ ਬਸਪਾ ਆਗੂ ਡਾ. ਗੁਰਚਰਨ ਸਿੰਘ ਲੱਖੇਵਾਲੀ ਸਵਰਗਵਾਸ, ਭੋਗ ਤੇ ਅੰਤਮ ਅਰਦਾਸ ਭਲਕੇ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਆਪਣੀ ਪਤਨੀ ਦੀ ਮੌਤ ਤੋਂ ਸਿਰਫ਼ ਤੇਰਾਂ ਦਿਨ ਬਾਅਦ ਹੀ ਬਹੁਜਨ ਸਮਾਜ ਪਾਰਟੀ ਦੇ ਸਾਬਕਾ ਜ਼ਿਲ੍ਹਾ ਪ੍ਰਧਾਨ ਅਤੇ ਸੂਬਾ ਸਕੱਤਰ ਡਾ. ਗੁਰਚਰਨ ਸਿੰਘ ਲੱਖੇਵਾਲੀ (80) ਵੀ ਅਕਾਲ ਚਲਾਣਾ ਕਰ ਗਏ ਹਨ।ਉਹ ਆਪਣੇ ਪਿਛੇ ਦੋ ਪੁੱਤਰ ਤੇ ਦੋ ਪੁੱਤਰੀਆਂ (ਸਾਰੇ ਸ਼ਾਦੀ ਸ਼ੁਦਾ) ਛੱਡ ਗਏ ਹਨ।ਗੋਨਿਆਣਾ ਰੋਡ ਸ਼ਮਸ਼ਾਨ ਘਾਟ ਵਿਖੇ ਪਾਰਟੀ ਦੇ ਝੰਡੇ ਵਿੱਚ ਲਪੇਟੀ ਡਾ. ਸਾਹਿਬ ਦੀ ਮ੍ਰਿਤਕ ਦੇਹ ਦੇ ਸੰਸਕਾਰ ਮੌਕੇ ਬਹੁਜਨ ਸਮਾਜ ਪਾਰਟੀ ਦੇ ਝੰਡੇ ਹੱਥਾਂ ਵਿਚ ਫੜੇ ਵਰਕਰਾਂ ਵੱਲੋਂ ਡਾ. ਗੁਰਚਰਨ ਸਿੰਘ ਅਮਰ ਰਹੇ ਦੇ ਨਾਅਰੇ ਲਾਏ ਜਾ ਰਹੇ ਸਨ।ਡਾ. ਸਾਹਿਬ ਦੇ ਛੋਟੇ ਭਰਾ ਡਾ. ਆਸਾ ਸਿੰਘ ਤੇ ਪਰਵਾਰਕ ਮੈਂਬਰਾਂ ਅਤੇ ਰਿਸ਼ਤੇਦਾਰਾਂ ਤੋਂ ਇਲਾਵਾ ਸਮਾਜ ਦੇ ਭਲੇ ਅਤੇ ਵਿਕਾਸ ਨੂੰ ਸਮਰਪਤ ਪ੍ਰਮੁੱਖ ਗੈਰ ਸਰਕਾਰੀ ਸਮਾਜ ਸੇਵੀ ਸੰਸਥਾ ਮੁਕਤਸਰ ਵਿਕਾਸ ਮਿਸ਼ਨ ਦੇ ਪ੍ਰਧਾਨ ਪ੍ਰਸਿੱਧ ਸਮਾਜ ਸੇਵਕ ਜਗਦੀਸ਼ ਰਾਏ ਢੋਸੀਵਾਲ, ਨਗਰ ਕੌਂਸਲ ਦੇ ਸਾਬਕਾ ਪ੍ਰਧਾਨ ਹਰਪਾਲ ਸਿੰਘ ਬੇਦੀ, ਬਸਪਾ ਦੇ ਜ਼ਿਲ੍ਹਾ ਪ੍ਰਧਾਨ ਮੰਦਰ ਸਿੰਘ ਸਰਾਏਨਾਗਾ, ਜ਼ਿਲ੍ਹਾ ਫ਼ਰੀਦਕੋਟ ਦੇ ਪ੍ਰਧਾਨ ਐਡਵੋਕੇਟ ਅਵਤਾਰ ਕ੍ਰਿਸ਼ਨ, ਸਾਬਕਾ ਕੌਂਸਲਰ ਰਾਮ ਸਿੰਘ ਪੱਪੀ, ਗੁਰਬਖ਼ਸ਼ ਸਿੰਘ ਭਾਟੀਆ, ਚਿੰਤ ਰਾਮ ਨਾਹਰ, ਸਰੂਪ ਚੰਦ, ਚੌਧਰੀ ਬਲਬੀਰ ਸਿੰਘ ਅਤੇ ਓ.ਪੀ. ਖਿੱਚੀ ਸਮੇਤ ਵੱਡੀ ਗਿਣਤੀ ਵਿਚ ਸ਼ਹਿਰ ਨਿਵਾਸੀ ਮੌਜੂਦ ਸਨ।ਜ਼ਿਕਰਯੋਗ ਹੈ ਕਰੀਬ ਦੋ ਕੁ ਹਫ਼ਤੇ ਪਹਿਲਾਂ ਡਾ. ਸਾਹਿਬ ਦੀ ਧਰਮ ਪਤਨੀ ਕ੍ਰਿਸ਼ਨਾ ਰਾਣੀ ਦੀ ਮੌਤ ਹੋ ਗਈ ਸੀ।ਪਰਵਾਰ ਨੂੰ ਥੋੜੇ ਸਮੇਂ ਅੰਦਰ ਹੀ ਦੂਹਰਾ ਸਦਮਾ ਸਹਿਣਾ ਪੈ ਰਿਹਾ ਹੈ।ਕਰੀਬ 80 ਕੁ ਸਾਲ ਪਹਿਲਾਂ ਮੌਜੂਦਾ ਫ਼ਾਜ਼ਿਲਕਾ ਜ਼ਿਲ੍ਹੇ ਦੇ ਪਿੰਡ ਹੌਜਖਾਸ ਵਿਚ ਸਾਧਾਰਨ ਕਿਸਾਨ ਬਲਵੰਤ ਸਿੰਘ ਦੇ ਗ੍ਰਹਿ ਵਿਖੇ ਮਾਤਾ ਗੁਰਨਾਮ ਕੌਰ ਦੀ ਕੁੱਖੋਂ ਜਨਮੇ ਡਾ. ਗੁਰਚਰਨ ਸਿੰਘ ਆਪਣੇ ਸਾਰੇ ਭੈਣ ਭਰਾਵਾਂ ਵਿੱਚੋਂ ਸਭ ਤੋਂ ਵੱਡੇ ਸਨ। ਸ਼ਹਿਰ ਦੇ ਐਮ.ਬੀ. ਹਾਈ ਸਕੂਲ ਵਿਚੋਂ ਮੈਟ੍ਰਿਕ ਪਾਸ ਕਰਨ ਉਪਰੰਤ ਡਾ. ਸਾਹਿਬ ਪੰਜਾਬ ਦੇ ਸਿਹਤ ਵਿਭਾਗ ਵਿਚ ਨੌਕਰੀ ਕਰਦੇ ਬਤੌਰ ਹੈਲਥ ਸੁਪਰਵਾਇਜ਼ਰ ਸੇਵਾ ਮੁਕਤ ਹੋਏ ਹਨ। ਨੌਕਰੀ ਦੌਰਾਨ ਡਾ. ਸਾਹਿਬ ਦੀ ਮੁਲਾਕਾਤ ਬਸਪਾ ਸੰਸਥਾਪਕ ਕਾਂਸ਼ੀ ਰਾਮ ਜੀ ਨਾਲ ਹੋਈ।ਬਹੁਜਨ ਲਹਿਰ ਵਿਚ ਸ਼ਾਮਲ ਹੋ ਕੇ ਸਰਕਾਰੀ ਨੌਕਰੀ ਤੋਂ ਅਸਤੀਫ਼ਾ ਦਿੱਤਾ ਅਤੇ ਚਾਰ ਵਾਰ ਵਿਧਾਨ ਸਭਾ ਹਲਕਾ ਮਲੋਟ ਤੋਂ ਵਿਧਾਇਕ ਦੀ ਚੋਣ ਲੜੀ ਅਤੇ ਵੱਡੀ ਗਿਣਤੀ ਵਿਚ ਵੋਟਰਾਂ ਦਾ ਪਿਆਰ ਮਿਲਿਆ। 'ਆਪ' ਆਖਰੀ ਦਮ ਤੱਕ ਬਹੁਜਨ ਸਮਾਜ ਪਾਰਟੀ ਨਾਲ ਜੁੜੇ ਰਹੇ ਅਤੇ ਇਸ ਮੌਕੇ ਇਨ੍ਹਾਂ ਦਾ ਵੱਡਾ ਸਪੁੱਤਰ ਪਰਮਜੀਤ ਪੰਮਾ ਬਸਪਾ ਦੇ ਰਿਲ੍ਹਾ ਸਕੱਤਰ ਵਜੋਂ ਕੰਮ ਕਰ ਰਿਹਾ ਹੈ।ਡਾ. ਗੁਰਚਰਨ ਸਿੰਘ ਲੱਖੇਵਾਲੀ ਨਮਿਤ ਅੰਤਿਮ ਅਰਦਾਸ ਤੇ ਪਾਠ ਦਾ ਭੋਗ ਆਉਂਦੀ 11 ਫਰਵਰੀ ਨੂੰ ਦੁਪਹਿਰ ਦੇ 12:00 ਤੋਂ 1:00 ਵਜੇ ਤੱਕ ਉਨ੍ਹਾਂ ਦੇ ਗ੍ਰਹਿ ਬਾਬਾ ਦੀਪ ਸਿੰਘ ਨਗਰ ਨੇੜੇ ਗੋਨਿਆਣਾ ਚੌਕ ਵਿਖੇ ਪਵੇਗਾ।

## 'ਤਥਾਗਤ ਬੁੱਧ ਤੇ ਉਨ੍ਹਾ ਦੇ ਧੰਮ ਦਾ ਭਵਿੱਖ' 'ਤੇ ਸੈਮੀਨਾਰ ਭਲਕੇ

**ਜਲੰਧਰ** : 'ਤਥਾਗਤ ਬੁੱਧ ਤੇ ਉਨ੍ਹਾ ਦੇ ਧੰਮ ਦਾ ਭਵਿੱਖ' ਵਿਸ਼ੇ 'ਤੇ 11 ਫਰਵਰੀ ਨੂੰ ਸਵੇਰੇ 10 ਵਜੇ ਦੇਸ਼ਭਗਤ ਯਾਦਗਾਰ ਹਾਲ ਵਿਖੇ ਸੈਮੀਨਾਰ ਕਰਵਾਇਆ ਜਾ ਰਿਹਾ ਹੈ। ਨਵਚੇਤਨਾ ਪਬਲੀਕੇਸ਼ਨ ਦੇ ਬਾਨੀ ਵਰਿੰਦਰ ਕੁਮਾਰ ਤੇ ਹਰਭਜਨ ਨਿਮਤਾ ਨੇ ਦੱਸਿਆ ਕਿ ਸੈਮੀਨਾਰ ਦੀ ਪ੍ਰਧਾਨਗੀ ਨਰੇਸ਼ ਖੋਖਰ (ਸੈਕਟਰੀ ਉੱਤਰੀ ਭਾਰਤ ਆਲ ਇੰਡੀਆ ਸਮਤਾ ਸੈਨਿਕ ਦਲ) ਕਰਨਗੇ। ਮੁੱਖ ਮਹਿਮਾਨ ਨਾਗਪੁਰ ਤੋਂ ਭਦੰਤ ਧੰਮਾਸਾਰਥੀ ਹੋਣਗੇ। ਬੁਲਾਰਿਆਂ ਵਿਚ ਗੁਜਰਾਤ ਤੋਂ ਡਾ. ਵਿਨੋਦ ਕੁਮਾਰ, ਪਾਲਮਪੁਰ ਤੋਂ ਸੁਭਾਸ਼ ਚੰਦਰ ਮੁਸਾਫਰ, ਕੈਨੇਡਾ ਤੋਂ ਮੈਡਮ ਚੰਚਲ ਮੱਲ, ਅਮਰੀਕਾ ਤੋਂ ਹਰਦੇਵ ਸਹਾਏ ਹੋਣਗੇ। ਪੁਸਤਕ ਪ੍ਰਦਰਸ਼ਨੀ ਵੀ ਲੱਗੇਗੀ।

## ਵਿਧਾਇਕ ਪੰਡੋਰੀ ਨੇ ਸੁਵਿਧਾ ਕੈਂਪ ਦੌਰਾਨ ਲੋਕਾਂ ਦੀਆਂ ਮੁਸ਼ਕਲਾਂ ਸੁਣੀਆਂ



**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਯੋਗ ਅਗਵਾਈ ਵਾਲੀ ਸੂਬਾ ਸਰਕਾਰ ਵੱਲੋਂ ਆਮ ਲੋਕਾਂ ਦੀਆਂ ਸਮੱਸਿਆਵਾਂ ਦਾ ਹੱਲ ਉਨ੍ਹਾਂ ਦੇ ਘਰਾਂ ਦੇ ਨੇੜੇ ਜਾ ਕੇ ਕਰਨ ਲਈ ਵਿੱਢੀ ਗਈ ਮੁਹਿੰਮ ਆਪ ਦੀ ਸਰਕਾਰ 'ਆਪ' ਦੇ ਦੁਆਰ ਤਹਿਤ ਲੋਹਗੜ੍ਹ 'ਚ ਕੈਂਪ ਲਾਇਆ ਗਿਆ।ਵਿਧਾਇਕ ਕੁਲਵੰਤ ਸਿੰਘ ਪੰਡੋਰੀ, ਉਪ ਮੰਡਲ ਮੈਜਿਸਟ੍ਰੇਟ ਸਤਵੰਤ ਸਿੰਘ ਵੱਲੋਂ ਲਾਏ ਗਏ ਕੈਂਪ ਵਿੱਚ ਵਿਸ਼ੇਸ਼ ਤੌਰ 'ਤੇ ਪਹੁੰਚ ਕੇ ਲੋਕਾਂ ਨੂੰ ਦਿੱਤੀਆਂ ਜਾ ਰਹੀਆਂ ਸੇਵਾਵਾਂ ਦਾ ਜਾਇਜ਼ਾ ਲਿਆ ਅਤੇ ਲੋਕਾਂ ਨਾਲ ਗੱਲਬਾਤ ਕਰਕੇ ਉਨ੍ਹਾਂ ਦੀਆਂ ਸਮੱਸਿਆਵਾਂ ਸੁਣੀਆਂ ਗਈਆਂ। ਮੌਕੇ 'ਤੇ ਸਬੰਧਤ ਵਿਭਾਗਾਂ ਦੇ ਅਧਿਕਾਰੀਆਂ/ਕ੍ਰਮਚਾਰੀਆਂ ਨੂੰ ਉਨ੍ਹਾਂ ਦੇ ਹੱਲ ਕਰਨ ਦੇ ਨਿਰਦੇਸ਼ ਦਿੱਤੇ।ਵਿਧਾਇਕ ਪੰਡੋਰੀ ਨੇ ਦੱਸਿਆ ਕਿ ਇਨ੍ਹਾਂ ਕੈਂਪਾਂ ਦਾ ਮੁੱਖ ਮੰਤਵ ਆਮ ਲੋਕਾਂ ਨੂੰ ਉਨ੍ਹਾਂ ਦੇ ਘਰਾਂ ਨੇੜੇ ਅਤੇ ਇੱਕੋ ਛੱਤ ਥੱਲੇ ਵੱਖ-ਵੱਖ ਲੋਕ ਭਲਾਈ ਸਕੀਮਾਂ ਦਾ ਲਾਭ ਮੁਹੱਈਆ ਕਰਾਉਣਾ, ਲੋਕਾਂ ਦੀਆਂ ਮੁਸ਼ਕਿਲਾਂ ਸੁਣਨਾ ਤੇ ਉਨ੍ਹਾਂ ਦਾ ਮੌਕੇ 'ਤੇ ਹੀ ਹੱਲ ਕਰਨਾ ਹੈ।ਉਨ੍ਹਾਂ ਸਾਰੇ ਵਿਭਾਗਾਂ ਦੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਉਹ ਲਾਏ ਜਾਣ ਵਾਲੇ ਇਨ੍ਹਾਂ ਸਪੈਸ਼ਲ ਕੈਂਪਾਂ ਦੌਰਾਨ ਪ੍ਰਾਪਤ ਯੋਗ ਅਰਜ਼ੀਆਂ ਦਾ ਪਹਿਲ ਦੇ ਆਧਾਰ 'ਤੇ ਨਿਪਟਾਰਾ ਕਰਨਾ ਯਕੀਨੀ ਬਣਾਉਣ ਤਾਂ ਜੁ ਵੱਧ ਤੋਂ ਵੱਧ ਲੋਕਾਂ ਤੱਕ ਇਨ੍ਹਾਂ ਕੈਂਪਾਂ ਦਾ ਲਾਹਾ ਲੈ ਸਕਣ ਅਤੇ ਕੋਈ ਵੀ ਯੋਗ ਲਾਭਪਾਤਰੀ ਲੋਕ ਭਲਾਈ ਸਕੀਮਾਂ ਤੋਂ ਵਾਂਝਾ ਨਾ ਰਹਿ ਸਕੇ।

## ਜ਼ਿਲ੍ਹੇ 'ਚ ਛੇਤੀ ਬਣਾਇਆ ਜਾਵੇਗਾ ਬਾਲ ਘਰ : ਈਸ਼ਾ ਸਿੰਗਲ

**ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**

ਜ਼ਿਲ੍ਹੇ 'ਚ ਛੇਤੀ ਹੀ ਬਾਲ ਘਰ ਬਣਾਇਆ ਜਾਵੇਗਾ ਤਾਂ ਜੁ ਲੋੜਵੰਦ ਅਤੇ ਬੇਸਹਾਰਾ ਬੱਚਿਆਂ ਨੂੰ ਸੁਰੱਖਿਅਤ ਸਥਾਨ ਮੁਹੱਈਆ ਕਰਾਇਆ ਜਾ ਸਕੇ। ਇਹ ਪ੍ਰਗਟਾਵਾ ਵਧੀਕ ਡਿਪਟੀ ਕਮਿਸ਼ਨਰ (ਜ) ਸ਼੍ਰੀਮਤੀ ਈਸ਼ਾ ਸਿੰਗਲ ਨੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਜ਼ਿਲ੍ਹਾ ਬਾਲ ਭਲਾਈ ਤੇ ਸੁਰੱਖਿਆ ਕਮੇਟੀ ਦੀ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਕੀਤਾ।ਉਨ੍ਹਾਂ ਕਿਹਾ ਕਿ ਇਸ ਮੀਟਿੰਗ ਦਾ ਮੁੱਖ ਮੰਤਵ ਜ਼ਿਲ੍ਹੇ ਵਿੱਚ ਜੁਵੀਨਾਇਲ ਜਸਟਿਸ ਐਕਟ ਨੂੰ ਸਖਤੀ ਨਾਲ ਲਾਗੂ ਕਰਨਾ ਤੇ ਬੱਚਿਆਂ ਲਈ ਸੁਰੱਖਿਅਤ ਅਤੇ ਸੁਖਾਵਾਂ ਮਾਹੌਲ ਬਣਾਉਣਾ ਹੈ।ਉਨ੍ਹਾਂ ਜ਼ਿਲ੍ਹੇ ਦੇ ਨਾਗਰਿਕਾਂ ਨੂੰ ਅਪੀਲ ਕੀਤੀ ਕਿ ਜਿਲ੍ਹੇ ਵਿੱਚ ਜੇਕਰ ਕੋਈ ਪਰਿਵਾਰ, ਫੋਸਟਰ ਪਰਵਾਰ ਬਨਣਾ ਚਾਹੁੰਦਾ ਹੈ ਭਾਵ ਕੋਈ ਪਰਵਾਰ ਕਿਸੇ ਬੱਚੇ ਨੂੰ ਗੋਦ ਲਏ ਬਗੈਰ ਉਸਦਾ ਪਾਲਣ-ਪੋਸ਼ਣ ਕਰਕੇ ਉਸਦੀ ਸਿੱਖਿਆ ਅਤੇ ਬੁਨਿਆਦੀ ਜ਼ਰੂਰਤਾਂ ਪੂਰੀਆਂ ਕਰਨਾ ਚਾਹੁੰਦਾ ਹੈ ਤਾਂ ਜ਼ਿਲ੍ਹਾ ਬਾਲ ਸੁਰੱਖਿਆ ਅਫਸਰ ਦੇ ਮੋਬਾਇਲ ਨੰਬਰ 99143-10010 ਵਿਖੇ ਸੰਪਰਕ ਕਰ ਸਕਦਾ ਹੈ।ਮੀਟਿੰਗ ਵਿੱਚ ਜ਼ਿਲ੍ਹਾ ਬਾਲ ਸੁਰੱਖਿਆ ਅਫ਼ਸਰ ਸ਼੍ਰੀ ਹਰਭਜਨ ਸਿੰਘ ਨੇ ਦੱਸਿਆ ਕਿ ਯੂਨਿਟ ਕੋਲ 2 ਸਾਲਾਂ ਵਿੱਚ ਘਰ ਤੋਂ ਭੱਜੇ ਬੱਚੇ, ਬਾਲ ਵਿਆਹ, ਬਾਲ ਮਜ਼ਦੂਰੀ, ਗੁੰਮਸ਼ੁਦਾ ਬੱਚੇ, ਲਾਵਾਰਿਸ ਬੱਚੇ, ਸਰੀਰਕ ਸੋਸ਼ਣ ਤੋਂ ਪੀੜਤ 268 ਬੱਚਿਆਂ ਦੇ ਕੇਸ ਪ੍ਰਾਪਤ ਹੋਏ ਸਨ।ਉਨ੍ਹਾਂ ਇਹ ਵੀ ਦੱਸਿਆ ਕਿ ਯੂਨਿਟ ਵੱਲੋਂ ਸਪਾਂਸਰਸ਼ਿਪ ਅਤੇ ਫੋਸਟਰ ਕੇਅਰ ਸਕੀਮ ਚਲਾਈ ਜਾ ਰਹੀ ਹੈ, ਜੋ ਅਨਾਥ ਅਤੇ ਲੋੜਵੰਦ ਬੱਚਿਆਂ ਨੂੰ 4000/- ਰੁਪਏ ਪ੍ਰਤੀ ਮਹੀਨਾ ਦਿੱਤੀ ਜਾਂਦੀ ਹੈ।ਜ਼ਿਲ੍ਹਾ ਬਾਲ ਸੁਰੱਖਿਆ ਯੂਨਿਟ ਵੱਲੋਂ ਸਮੇਂ-ਸਮੇਂ ਤੇ ਬਾਲ ਭਿੱਖਿਆ ਅਤੇ ਬਾਲ ਮਜ਼ਦੂਰੀ ਸਬੰਧੀ ਜਿਲ੍ਹੇ ਦੇ ਵੱਖ-ਵੱਖ ਥਾਵਾਂ 'ਤੇ ਚੈਕਿੰਗਾਂ ਕੀਤੀਆਂ ਜਾਂਦੀਆਂ ਹਨ।ਸਕੂਲੀ ਬੱਚਿਆਂ ਦੀ ਸੁਰੱਖਿਆ ਨੂੰ ਮੁੱਖ ਰੱਖਦੇ ਹੋਏ ਸੇਫ ਸਕੂਲ ਵਾਹਨ ਪਾਲਿਸੀ ਤਹਿਤ ਸਕੂਲੀ ਬੱਸਾਂ ਦੀ ਚੈਕਿੰਗ ਕੀਤੀ ਜਾਂਦੀ ਹੈ।ਯੂਨਿਟ ਵੱਲੋਂ ਜ਼ਿਲ੍ਹੇ ਵਿੱਚ ਬੱਚਿਆਂ ਤੋਂ ਵਿਰਵੇ ਮਾਤਾ-ਪਿਤਾ ਨੂੰ ਬੱਚਾ ਗੋਦ ਲੈਣ ਦੀ ਪ੍ਰਕਿਰਿਆ ਨਾਲ ਜੋੜਿਆ ਜਾਂਦਾ ਹੈ।

## ਏ ਆਈ 'ਚ ਬਹੁਤ ਸਾਰੇ ਪਲੇਟਫਾਰਮ ਆਉਣਗੇ, ਪਰ ਮਨੁੱਖੀ ਹੁਨਰਾਂ ਦੀ ਥਾਂ ਨਹੀਂ ਲੈ ਸਕਦੇ : ਡਾ ਵਰਮਾ



**ਫ਼ਤਿਹਗੜ੍ਹ ਸਾਹਿਬ, (ਪ੍ਰਮੋਦ ਭਾਰਦਵਾਜ)**

ਪੰਜਾਬ ਅਕੈਡਮੀ ਆਫ਼ ਸਾਇੰਸਜ਼ ਦੇ ਸਹਿਯੋਗ ਨਾਲ ਦੇਸ਼ ਭਗਤ ਯੂਨੀਵਰਸਿਟੀ ਵਿਖੇ ਵਿਗਿਆਨ, ਜੈਵ ਵਿਭਿੰਨਤਾ ਅਤੇ ਤਕਨਾਲੋਜੀ : ਟਿਕਾਊ ਵਿਕਾਸ ਟੀਚਿਆਂ ਵਿਸ਼ੇ ਲਈ 27ਵੀਂ ਪੰਜਾਬ ਸਾਇੰਸ ਕਾਂਗਰਸ ਕਰਵਾਈ ਜਾ ਰਹੀ ਹੈ।ਕਾਨਫਰੰਸ ਦੇ ਦੂਜੇ ਦਿਨ ਭਵਿੱਖ ਦੀ ਤਕਨਾਲੋਜੀ ਬਾਰੇ ਇੱਕ ਪਲੈਨਰੀ ਸੈਸ਼ਨ ਦਾ ਆਯੋਜਨ ਕੀਤਾ ਗਿਆ, ਜਿਸ ਵਿੱਚ ਵਿਗਿਆਨ ਦੇ ਵੱਖ-ਵੱਖ ਪਹਿਲੂਆਂ 'ਤੇ ਤਕਨੀਕੀ ਸੈਸ਼ਨ ਵੀ ਹੋਏ।ਵਿਚਾਰ-ਵਟਾਂਦਰੇ ਵਿੱਚ ਤਕਨੀਕੀ ਸਿੱਖਿਆ, ਸਿਹਤ ਤੇ ਵਾਤਾਵਰਣ ਸੁਰੱਖਿਆ ਵਿੱਚ ਟਿਕਾਊ ਅਭਿਆਸਾਂ ਦੀ ਲੋੜ 'ਤੇ ਜ਼ੋਰ ਦਿੱਤਾ ਗਿਆ।ਮੁੱਖ ਬੁਲਾਰੇ ਪ੍ਰੋਫੈਸਰ ਡਾ. ਅਨਿਲ ਵਰਮਾ ਨੇ ਚੈਟਜੀਪੀਟੀ ਦੀ ਖੋਜ ਬਾਰੇ ਦੱਸਿਆ ਕਿ ਇਹ ਵੱਖ-ਵੱਖ ਕਾਰਜਾਂ ਲਈ ਬਹੁਮੁਖੀ ਸਾਧਨ ਵਜੋਂ ਕਿੰਨਾ ਮਹੱਤਵਪੂਰਨ ਹੈ।ਉਨ੍ਹਾਂ ਨੇ ਤਿੰਨ ਮੁੱਖ ਸੰਕਲਪਾਂ ਦੇ ਆਧਾਰ ਤੇ ਇਸ ਦੇ ਸੰਚਾਲਨ ਬਾਰੇ ਵਿਸਥਾਰ ਵਿੱਚ ਚਰਚਾ ਕੀਤੀ। ਨਕਲੀ ਬੁੱਧੀ, ਮਸ਼ੀਨ ਸਿਖਲਾਈ ਅਤੇ ਡੂੰਘੀ ਸਿਖਲਾਈ।ਚੈਟਜੀਪੀਟੀ ਨਾਲ ਜੁੜੇ ਸੰਭਾਵੀ ਜੋਖ਼ਮਾਂ 'ਤੇ ਟਿੱਪਣੀ ਕਰਦਿਆਂ ਉਨ੍ਹਾਂ ਕਿਹਾ ਕਿ ਹਾਲਾਂਕਿ ਏਆਈ ਵਿੱਚ ਹੋਰ ਪਲੇਟਫਾਰਮ ਆ ਰਹੇ ਹਨ, ਪਰ ਉਹ ਮਨੁੱਖੀ ਹੁਨਰਾਂ ਦੀ ਥਾਂ ਨਹੀਂ ਲੈ ਸਕਦੇ।ਡਾ. ਮਹਿੰਦਰ ਕੌਰ ਗਰੇਵਾਲ ਨੇ ਵਾਤਾਵਰਨ ਸੰਬੰਧੀ ਚਿੰਤਾਵਾਂ 'ਤੇ ਧਿਆਨ ਕੇਂਦਰਤ ਕੀਤਾ ਅਤੇ ਉੱਚ ਸਿੱਖਿਆ ਸੰਸਥਾਵਾਂ ਵਿਚ ਗ੍ਰੀਨ ਟੈਸਟਿੰਗ ਦੀ ਮਹੱਤਤਾ 'ਤੇ ਜ਼ੋਰ ਦਿੱਤਾ।ਉਨ੍ਹਾਂ ਧਰਤੀ ਦੇ ਸਰੋਤਾਂ ਤੇ ਇਸਦੀ ਉਮੀਦ ਤੋਂ ਵੱਧ ਸਮਰੱਥਾ ਤੋਂ ਵੱਧ ਅਸੰਤੁਲਤ ਵਰਤੋਂ ਦੀ ਚੇਤਾਵਨੀ ਦਿੱਤੀ।ਇਸੇ ਤਰ੍ਹਾਂ ਡਾ. ਨਵਜੋਤ ਕੌਰ ਨੇ ਇਹ ਵੀ ਦੱਸਿਆ ਕਿ ਜੈਵ ਵਿਭਿੰਨਤਾ ਮਨੁੱਖੀ ਸਿਹਤ ਲਈ ਕਿੰਨੀ ਪ੍ਰਭਾਵਸ਼ਾਲੀ ਹੈ। ਇਸ ਦਾ ਸਾਡੀ ਸਿਹਤ 'ਤੇ ਕਿੰਨਾ ਮਾੜਾ ਪ੍ਰਭਾਵ ਪੈ ਰਿਹਾ ਹੈ।ਮੰਚ ਸੰਚਾਲਨ ਦੀ ਭੂਮਿਕਾ ਡਾ. ਐਚ ਕੇ ਸਿੱਧੂ ਨੇ ਨਿਭਾਈ।

## ...ਸ.ਫ਼ਾ 1 ਦੇ ਬਾਕੀ

### ਇਮਰਾਨ ਦਾ ਇਹਤਰਾਮ...

ਕਿਹਾ ਹੈ ਕਿ ਸਾਬਕਾ ਪ੍ਰਧਾਨ ਮੰਤਰੀ ਇਮਰਾਨ ਖਾਨ, ਜਿਨ੍ਹਾ ਨੂੰ ਚੋਣ ਲੜਨ ਦੇ ਅਯੋਗ ਕਰਾਰ ਦੇ ਦਿੱਤਾ ਗਿਆ, ਦੀ ਪੀ ਟੀ ਆਈ ਨੂੰ ਜੇ ਸਰਕਾਰ ਬਣਾਉਣ ਵਿਚ ਕਾਮਯਾਬ ਨਾ ਵੀ ਹੋਣ ਦਿੱਤਾ ਗਿਆ, ਤਦ ਵੀ ਖਰੀਦੋ-ਫਰੋਖਤ ਦੀ ਸੰਭਾਵਨਾ ਘੱਟ ਹੈ। ਹਾਲਾਤ ਦੱਸ ਰਹੇ ਹਨ ਕਿ ਫੌਜ ਦੀ ਨਹੀਂ ਚੱਲਣੀ। ਅਮਰੀਕਾ ਅਧਾਰਤ ਵਿਦੇਸ਼ ਨੀਤੀ ਵਿਸ਼ਲੇਸ਼ਕ ਮਾਈਕਲ ਕੁਗੇਲਮੈਨ ਨੇ ਕਿਹਾ ਹੈ ਕਿ ਇਮਰਾਨ ਨੂੰ ਸੱਤਾ ਵਿਚ ਆਉਣ ਤੋਂ ਰੋਕਣ ਲਈ ਫੌਜ ਨੇ ਵੋਟਾਂ ਦੀ ਗਿਣਤੀ ਵਿਚ ਦਖਲ ਦਿੱਤਾ ਹੈ। ਜੇ ਇਮਰਾਨ ਦੀ ਪਾਰਟੀ ਨੂੰ ਠਿੱਬੀ ਲਾਈ ਗਈ ਤਾਂ ਉਹ ਨਤੀਜਿਆਂ ਨੂੰ ਰਿਗਿੰਗ ਦੱਸ ਕੇ ਰੱਦ ਕਰ ਦੇਵੇਗੀ। ਪਾਕਿਸਤਾਨ ਪੀ ਟੀ ਆਈ ਦੇ ਸਮਰਥਕ ਲਤੀਫ ਖੋਸਾ ਨੇ ਸੰਯੁਕਤ ਰਾਸ਼ਟਰ ਵੱਲੋਂ ਪਾਬੰਦੀਸ਼ੁਦਾ ਦਹਿਸ਼ਤਗਰਦ ਮੁਹੰਮਦ ਹਾਫਿਜ਼ ਸਈਦ ਦੇ ਪੁੱਤਰ ਤਲਹਾ ਸਈਦ ਨੂੰ ਲਾਹੌਰ ਦੀ ਸੀਟ 'ਤੇ ਹਰਾ ਦਿੱਤਾ।

ਖੋਸਾ ਨੂੰ 117,109 ਵੋਟਾਂ ਮਿਲੀਆਂ, ਜਦਕਿ ਤਲਹਾ ਸਈਦ ਨੂੰ ਸਿਰਫ 2024 ਵੋਟਾਂ ਮਿਲੀਆਂ। ਪਾਕਿਸਤਾਨ ਮੁਸਲਿਮ ਲੀਗ-ਨਵਾਜ਼ ਦੇ ਨੇਤਾ ਖਵਾਜ਼ਾ ਸਾਦ ਰਫੀਕ ਨੂੰ 77907 ਵੋਟਾਂ ਮਿਲੀਆਂ। ਮੁਹੰਮਦ ਹਾਫਿਜ਼ ਸਈਦ ਲਸ਼ਕਰ-ਏ-ਤਈਬਾ ਦਾ ਬਾਨੀ ਹੈ। ਉਹ ਮੁੰਬਈ 'ਚ ਘਾਤਕ ਹਮਲਿਆਂ ਦਾ ਮਾਸਟਰਮਾਈਂਡ ਸੀ। ਭਾਰਤ 'ਚ ਕਈ ਮਾਮਲਿਆਂ 'ਚ ਲੋੜੀਂਦਾ ਹੈ। ਹਾਫਿਜ਼ ਸਈਦ ਦੀ ਸਿਆਸੀ ਇਕਾਈ ਪਾਕਿਸਤਾਨ ਮਰਕਜ਼ੀ ਮੁਸਲਿਮ ਲੀਗ ਨੇ ਆਮ ਚੋਣਾਂ 'ਚ ਪੂਰੇ ਪਾਕਿਸਤਾਨ ਦੇ ਹਰੇਕ ਕੌਮੀ ਅਤੇ ਸੂਬਾਈ ਵਿਧਾਨ ਸਭਾ ਹਲਕੇ ਲਈ ਆਪਣੇ ਉਮੀਦਵਾਰ ਖੜ੍ਹੇ ਕੀਤੇ ਸਨ।

### ਨਾਂਦੇੜ ਸਾਹਿਬ 'ਚ ਸਿੱਖਾਂ ...

ਕਾਰਵਾਈ ਖਿਲਾਫ ਰੋਸ ਵਿਖਾਵੇ ਦਾ ਸੱਦਾ ਦਿੱਤਾ ਗਿਆ ਸੀ, ਜਿਸ ਤਹਿਤ ਸ਼੍ਰੋਮਣੀ ਕਮੇਟੀ ਵੱਲੋਂ ਪ੍ਰਧਾਨ ਹਰਜਿੰਦਰ ਸਿੰਘ ਧਾਮੀ ਦੀ ਅਗਵਾਈ ਹੇਠ ਸਿੱਖ ਵਫਦ ਹਜ਼ੂਰ ਸਾਹਿਬ ਪੁੱਜਾ ਅਤੇ ਵਿਖਾਵੇ 'ਚ ਸ਼ਮੂਲੀਅਤ ਕੀਤੀ। ਵਫਦ 'ਚ ਸ਼੍ਰੋਮਣੀ ਅਕਾਲੀ ਦਲ ਵੱਲੋਂ ਡਾਕਟਰ ਦਲਜੀਤ ਸਿੰਘ ਚੀਮਾ, ਅਕਾਲ ਤਖਤ ਦੇ ਜਥੇਦਾਰ ਵੱਲੋਂ ਤਖਤ ਕੇਸਗੜ੍ਹ ਸਾਹਿਬ ਦੇ ਜਥੇਦਾਰ ਗਿਆਨੀ ਸੁਲਤਾਨ ਸਿੰਘ, ਸ਼੍ਰੋਮਣੀ ਕਮੇਟੀ ਦੇ ਜਨਰਲ ਸਕੱਤਰ ਭਾਈ ਰਜਿੰਦਰ ਸਿੰਘ ਮਹਿਤਾ, ਓ ਐੱਸ ਡੀ ਸਤਬੀਰ ਸਿੰਘ ਧਾਮੀ, ਮੈਂਬਰ ਅਜਮੇਰ ਸਿੰਘ ਖੇੜਾ ਤੇ ਹੋਰ ਸ਼ਾਮਲ ਸਨ। ਰੋਸ ਵਿਖਾਵੇ ਦੀ ਸ਼ੁਰੂਆਤ ਵਾਸਤੇ ਤਖਤ ਸਾਹਿਬ 'ਤੇ ਅਰਦਾਸ ਕੀਤੀ ਗਈ ਅਤੇ ਬਾਅਦ 'ਚ ਸਿੱਖ ਸੰਗਤ ਵੱਲੋਂ ਰੋਸ ਮਾਰਚ ਕੀਤਾ ਗਿਆ। ਸ਼੍ਰੋਮਣੀ ਕਮੇਟੀ ਦੇ ਬੁਲਾਰੇ ਨੇ ਦੱਸਿਆ ਕਿ ਇਸ ਰੋਸ ਮਾਰਚ ਦੌਰਾਨ ਸਿੱਖ ਸੰਗਤ ਵੱਲੋਂ ਸਰਕਾਰ ਦੇ ਫੈਸਲੇ ਦਾ ਵਿਰੋਧ ਕੀਤਾ ਗਿਆ ਅਤੇ ਇਹ ਫੈਸਲਾ ਵਾਪਸ ਲੈਣ ਦੀ ਮੰਗ ਕੀਤੀ ਗਈ। ਸਿੱਖ ਸੰਗਤ ਵੱਲੋਂ ਸਰਕਾਰ ਦੇ ਖਿਲਾਫ ਨਾਅਰੇਬਾਜ਼ੀ ਵੀ ਕੀਤੀ ਗਈ।

### ਕੈਮੀਕਲ ਫੈਕਟਰੀ...

ਪਾ ਲਿਆ ਸੀ ਅਤੇ ਸਥਿਤੀ ਕਾਬੂ ਵਿੱਚ ਹੈ। ਜੀਐੱਮ ਨੇ ਕਿਹਾ ਕਿ ਜਾਨੀ ਨੁਕਸਾਨ ਕੁਝ ਨਹੀਂ ਹੋਇਆ। ਧਮਾਕੇ ਤੋਂ ਬਾਅਦ ਲਾਗਲੇ ਪਿੰਡਾਂ ਦੇ ਲੋਕ ਕੰਪਨੀ ਬਾਹਰ ਇੱਕਠੇ ਹੋ ਗਏ। ਹਾਲਾਂਕਿ ਕੰਪਨੀ ਦੀ ਸਕਿਓਰਿਟੀ ਵੱਲੋਂ ਉਨ੍ਹਾਂ ਨੂੰ ਕੰਪਨੀ ਦੇ ਗੇਟ ਅੰਦਰ ਨਹੀਂ ਜਾਣ ਦਿੱਤਾ ਗਿਆ ਪਰ ਉਨ੍ਹਾਂ ਵੱਲੋਂ ਕੰਪਨੀ ਦੇ ਗੇਟ ਬਾਹਰ ਖੜ੍ਹੇ ਹੋ ਕੇ ਨਾਅਰੇਬਾਜ਼ੀ ਕਰਨੀ ਸ਼ੁਰੂ ਕਰ ਦਿੱਤੀ। ਪੱਤਰਕਾਰਾਂ ਨਾਲ ਗੱਲ ਕਰਦਿਆਂ ਰਣਜੀਤ ਸਿੰਘ ਮਲੂਕਪੁਰ (ਪ੍ਰਧਾਨ ਹਿਮਾਚਲ ਕਿਸਾਨ ਸਭਾ ਊਨਾ) ਨੇ ਕਿਹਾ ਕਿ ਕੰਪਨੀ ਦੀ ਸਕਿਓਰਿਟੀ ਨੇ ਸਾਡੇ ਨਾਲ ਪਹਿਲਾਂ ਗਲਤ ਵਤੀਰਾ ਅਪਣਾਇਆ। ਬਾਅਦ 'ਚ ਅਸੀਂ ਅੰਦਰ ਜਾ ਕੇ ਸਾਰਾ ਮਾਹੌਲ ਵੇਖਿਆ।

ਧਮਾਕਾ ਬਹੁਤ ਜ਼ਬਰਦਸਤ ਸੀ ਪਰ ਕੰਪਨੀ ਮੈਨੇਜਮੈਂਟ, ਮੀਡੀਆ ਅਤੇ ਲੋਕਾਂ ਤੋਂ ਪੱਕਾ ਕੁਝ ਲੁਕਾ ਰਹੀ ਹੈ। ਉਨ੍ਹਾਂ ਕਿਹਾ ਕਿ ਜਦੋਂ ਦੀ ਕੰਪਨੀ ਨਿੱਜੀ ਹੱਥਾਂ ਵਿੱਚ ਆਈ ਹੈ, ਲਗਾਤਾਰ ਕੰਪਨੀ 'ਚ ਹਾਦਸੇ ਵਾਪਰ ਰਹੇ ਹਨ। ਉਨ੍ਹਾਂ ਕਿਹਾ ਕਿ ਉਕਤ ਕੰਪਨੀ ਕਾਰਨ ਲੋਕਾਂ ਨੂੰ ਹੀ ਨਹੀਂ ਬਲਕਿ ਸਾਡੀਆਂ ਜ਼ਮੀਨਾਂ ਨੂੰ ਵੀ ਕੈਂਸਰ ਹੋ ਚੁੱਕਿਆ ਹੈ ਜਿਸਨੂੰ ਲੈ ਕੇ ਬੀਤੇ ਹੀ ਦਿਨ ਅਸੀਂ ਡੀਸੀ ਰੋਪੜ ਨੂੰ ਵੀ ਮਿਲੇ।

### ਤਿੰਨ ਹੋਰ ਭਾਰਤ...

ਪ੍ਰਧਾਨ ਜਯੰਤ ਚੌਧਰੀ ਨੇ ਕਿਹਾ-ਦਿਲ ਜਿੱਤ ਲਿਆ।

ਜਦੋਂ ਜਯੰਤ ਤੋਂ ਪੁੱਛਿਆ ਗਿਆ ਕਿ ਕੀ ਉਹ ਹੁਣ ਭਾਜਪਾ ਦੀ ਅਗਵਾਈ ਵਾਲੇ ਐੱਨ ਡੀ ਏ ਨਾਲ ਰਲ ਜਾਣਗੇ, ਉਨ੍ਹਾ ਕਿਹਾ-ਕੋਈ ਕਸਰ ਰਹਤੀ ਹੈ? ਆਜ ਮੈਂ ਕਿਸ ਮੂੰਹ ਸੇ ਇਨਕਾਰ ਕਰੂੰ ਆਪ ਕੇ ਸਵਾਲੋਂ ਕੋ। ਸਮਾਜਵਾਦੀ ਪਾਰਟੀ ਦੇ ਪ੍ਰਧਾਨ ਅਖਿਲੇਸ਼ ਨੇ ਭਾਰਤ ਰਤਨ ਦੇਣ ਦੇ ਐਲਾਨ ਦਾ ਸਵਾਗਤ ਕੀਤਾ, ਪਰ ਨਾਲ ਹੀ ਕਿਹਾ-ਸੱਚਾ ਸਨਮਾਨ ਕਿਸੇ ਵੀ ਵਿਅਕਤੀ ਦੇ ਸਿਧਾਂਤਾਂ ਤੇ ਸੰਘਰਸ਼ਾਂ ਨੂੰ ਮਾਣ ਦੇਣ ਨਾਲ ਹੁੰਦਾ ਹੈ, ਆਸ ਹੈ ਕਿ ਅਜਿਹਾ ਹੀ ਹੋਵੇਗਾ।

ਬਸਪਾ ਪ੍ਰਧਾਨ ਮਾਇਆਵਤੀ ਨੇ ਕਿਹਾ ਕਿ ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਡਕਰ ਨੂੰ ਲੰਬੀ ਉਡੀਕ ਤੋਂ ਬਾਅਦ ਵੀ ਪੀ ਸਿੰਘ ਦੀ ਸਰਕਾਰ ਨੇ ਭਾਰਤ ਰਤਨ ਦਿੱਤਾ ਸੀ। ਉਸ ਦੇ ਬਾਅਦ ਦਲਿਤਾਂ ਨੂੰ ਅਣਡਿੱਠ ਹੀ ਕੀਤਾ ਗਿਆ। ਸ੍ਰੀ ਕਾਂਸ਼ੀ ਰਾਮ ਜੀ ਵੱਲੋਂ ਦਲਿਤਾਂ ਤੇ ਅਣਗੌਲਿਆਂ ਦੇ ਹਿੱਤਾਂ ਲਈ ਕੀਤਾ ਗਿਆ ਸੰਘਰਸ਼ ਕੋਈ ਘੱਟ ਨਹੀਂ ਹੈ। ਉਨ੍ਹਾ ਨੂੰ ਵੀ ਭਾਰਤ ਰਤਨ ਨਾਲ ਸਨਮਾਨਿਤ ਕੀਤਾ ਜਾਵੇ।

ਰਾਓ ਦੇ ਪੋਤਰੇ ਐੱਨ ਵੀ ਸੁਭਾਸ਼ ਨੇ ਕਿਹਾ ਕਿ ਗਾਂਧੀ ਪਰਵਾਰ ਨੇ ਕਾਂਗਰਸ ਦੀਆਂ ਨਾਕਾਮੀਆਂ ਲਈ ਉਨ੍ਹਾ ਦੇ ਦਾਦੇ ਨੂੰ ਬਲੀ ਦਾ ਬੱਕਰਾ ਬਣਾਇਆ ਸੀ। ਰਾਓ ਕਾਂਗਰਸ ਦੇ ਸਨ, ਪਰ ਭਾਰਤ ਰਤਨ ਉਨ੍ਹਾ ਨੂੰ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਦਿੱਤਾ। ਕਾਂਗਰਸ ਦੇ ਜਨਰਲ ਸਕੱਤਰ ਜੈਰਾਮ ਰਮੇਸ਼ ਨੇ ਕਿਹਾ ਕਿ ਹਰ ਭਾਰਤੀ ਨਰਸਿਮ੍ਹਾ ਰਾਓ, ਚੌਧਰੀ ਚਰਨ ਸਿੰਘ ਤੇ ਐੱਮ ਐੱਸ ਸਵਾਮੀਨਾਥਨ ਦੇ ਯੋਗਦਾਨ ਦਾ ਸਤਿਕਾਰ ਕਰਦਾ ਹੈ। ਉਹ ਭਾਰਤ ਦੇ ਰਤਨ ਸਨ, ਹਨ ਤੇ ਰਹਿਣਗੇ, ਪਰ ਮੋਦੀ ਸਰਕਾਰ ਸਵਾਮੀਨਾਥਨ ਦੇ ਫਾਰਮੂਲੇ ਮੁਤਾਬਕ ਕਿਸਾਨਾਂ ਨੂੰ ਫਸਲਾਂ ਦਾ ਘੱਟੋ-ਘੱਟ ਇਮਦਾਦੀ ਭਾਅ ਦੀ ਕਾਨੂੰਨੀ ਗਰੰਟੀ ਦੇਣ ਬਾਰੇ ਖਾਮੋਸ਼ ਹੈ। ਮੋਦੀ ਦੀ ਅੜੀ ਕਾਰਨ ਦਿੱਲੀ ਦੀਆਂ ਬਰੂਹਾਂ 'ਤੇ ਮੋਰਚੇ ਦੌਰਾਨ 700 ਕਿਸਾਨ ਸ਼ਹੀਦ ਹੋਏ। ਹੁਣ ਵੀ ਉਹ ਦਿੱਲੀ ਵੱਲ ਮਾਰਚ ਕਰਨ ਦੀ ਤਿਆਰੀ ਕਰ ਰਹੇ ਹਨ। ਤ੍ਰਿਣਮੂਲ ਕਾਂਗਰਸ ਦੇ ਆਗੂ ਕੁਨਾਲ ਘੋਸ਼ ਨੇ ਕਿਹਾ ਕਿ ਮੋਦੀ ਸਰਕਾਰ ਨੇ ਗਾਂਧੀ ਪਰਵਾਰ ਤੇ ਰਾਓ ਵਿਚਾਲੇ ਮਤਭੇਦਾਂ ਦਾ ਫਾਇਦਾ ਉਠਾਉਣ ਦੀ ਕੋਸ਼ਿਸ਼ ਕੀਤੀ ਹੈ।

### 533 ਗਲਤ ਬਿੱਲਾਂ...

ਦੀ ਪੁਸ਼ਟੀ ਹੋਣੀ ਅਜੇ ਬਾਕੀ ਹੈ। ਉਨ੍ਹਾਂ ਕਿਹਾ ਕਿ ਇਸ ਬਾਰੇ ਸਬੰਧਿਤ ਵਿਕਰੇਤਾਵਾਂ ਨੂੰ 1361 ਨੋਟਿਸ ਵੀ ਜਾਰੀ ਕੀਤੇ ਗਏ ਹਨ। ਉਨ੍ਹਾਂ ਕਿਹਾ ਕਿ ਟੈਕਸੇਸ਼ਨ ਜ਼ਿਲ੍ਹਾ ਫਿਰੋਜਪੁਰ ਤੋਂ ਸੱਭ ਤੋਂ ਵੱਧ ਗਲਤ ਬਿੱਲ 189 ਪ੍ਰਾਪਤ ਹੋਏ ਜਿਸ ਲਈ 34,99,250 ਰੁਪਏ ਦਾ ਜੁਰਮਾਨਾ ਲਗਾਇਆ ਗਿਆ। ਉਨ੍ਹਾਂ ਕਿਹਾ ਕਿ ਆਨਲਾਈਨ ਡਰਾਅ ਰਾਹੀਂ ਹੁਣ ਤੱਕ ਕੁੱਲ 1164 ਜੇਤੂਆਂ ਦਾ ਐਲਾਨ ਕੀਤਾ ਜਾ ਚੁੱਕਾ ਹੈ, ਜਿਸ ਵਿੱਚ ਜਨਵਰੀ 2024 ਦੇ 246 ਜੇਤੂ ਸ਼ਾਮਲ ਹਨ। ਇਸ ਸਕੀਮ ਤਹਿਤ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਗਠਿਤ ਕਮੇਟੀ ਦੁਆਰਾ ਹਰ ਮਹੀਨੇ ਆਨਲਾਈਨ ਡਰਾਅ ਕੱਢਿਆ ਜਾਂਦਾ ਹੈ।

## ਜੇਲ੍ਹ ਕੰਪਲੈਕਸ ਦੇ 500 ਮੀਟਰ ਘੇਰੇ ਦੁਆਲੇ ਨੋ ਡਰੋਨ ਜ਼ੋਨ ਐਲਾਨਿਆ

**ਮਾਨਸਾ (ਪਮਾਰ)**-ਵਧੀਕ ਜ਼ਿਲ੍ਹਾ ਮੈਜਿਸਟ੍ਰੇਟ ਸ਼੍ਰੀ ਨਿਰਮਲ ਓਸੇਪਚਨ ਨੇ ਫੌਜਦਾਰੀ ਜ਼ਾਬਤਾ ਸੰਘਤਾ 1973 ਤਹਿਤ ਅਧਿਕਾਰਾਂ ਦੀ ਵਰਤੋਂ ਕਰਦਿਆਂ ਜ਼ਿਲ੍ਹਾ ਜੇਲ੍ਹ ਮਾਨਸਾ ਦੇ ਕੰਪਲੈਕਸ ਦੇ ਉੱਪਰ ਅਤੇ ਇਸ ਦੇ 500 ਮੀਟਰ ਦੇ ਘੇਰੇ ਦੇ ਆਲੇ-ਦੁਆਲੇ ਡਰੋਨ ਉਡਾਉਣ 'ਤੇ ਪੂਰਨ ਪਾਬੰਦੀ ਲਗਾ ਕੇ 'ਨੋ ਡਰੋਨ ਜ਼ੋਨ' ਘੋਸ਼ਿਤ ਕੀਤਾ ਹੈ। ਹੁਕਮ ਵਿੱਚ ਕਿਹਾ ਗਿਆ ਕਿ ਸੀਨੀਅਰ ਕਪਤਾਨ ਪੁਲਿਸ ਵੱਲੋਂ ਪੱਤਰ ਰਾਹੀਂ ਉਨ੍ਹਾਂ ਦੇ ਧਿਆਨ ਵਿੱਚ ਲਿਆਂਦਾ ਗਿਆ ਕਿ ਪਿਛਲੇ ਸਮੇਂ ਦੌਰਾਨ ਪੰਜਾਬ ਦੀਆਂ ਵੱਖ-ਵੱਖ ਜੇਲ੍ਹਾਂ ਵਿੱਚ ਮੋਬਾਇਲ ਫੋਨ, ਨਸ਼ੀਲੀਆਂ ਦਵਾਈਆਂ ਜਾਂ ਪਦਾਰਥ ਤੇ ਹੋਰ ਇਤਰਾਜ਼ਯੋਗ ਵਸਤੂਆਂ ਬਰਾਮਦ ਹੋਣ ਸਬੰਧੀ ਘਟਨਾਵਾਂ ਸਾਹਮਣੇ ਆ ਰਹੀਆਂ ਹਨ।ਇਨ੍ਹਾਂ ਘਟਨਾਵਾਂ ਨੂੰ ਧਿਆਨ ਵਿੱਚ ਰੱਖਦੇ ਹੋਏ ਜ਼ਿਲ੍ਹਾ ਜੇਲ੍ਹ ਮਾਨਸਾ ਦੇ ਕੰਪਲੈਕਸ ਦੇ ਉੱਪਰ ਅਤੇ ਇਸ ਦੇ 500 ਮੀਟਰ ਦੇ ਘੇਰੇ ਦੇ ਆਲੇ-ਦੁਆਲੇ ਡਰੋਨ ਉਡਾਉਣ 'ਤੇ ਪੂਰਨ ਪਾਬੰਦੀ ਲਗਾਈ ਜਾਂਦੀ ਹੈ ।ਇਹ ਹੁਕਮ 31 ਮਾਰਚ ਤੱਕ ਲਾਗੂ ਰਹੇਗਾ।

**ਦਫਤਰ ਨਗਰ ਕੌਂਸਲ ਕਰਤਾਰਪੁਰ ਜ਼ਿਲ੍ਹਾ ਜਲੰਧਰ (ਪਬਲਿਕ ਨੋਟਿਸ)**

ਇਸ ਨੋਟਿਸ ਰਾਹੀਂ ਹਰ ਆਮ ਤੇ ਖਾਸ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਰਣਜੀਤ ਸਿੰਘ (ਪੁੱਤਰ) ਵਾ ਸਿਮਰਨਜੀਤ ਕੌਰ (ਪੁੱਤਰੀ) ਵਾ ਰਾਜਵਿੰਦਰ ਕੌਰ ਪਤਨੀ ਹਰਕੀਰਤ ਸਿੰਘ ਵਾਸੀਆਨ ਬੋਲੀ ਵਾਲਾ ਕਰਤਾਰਪੁਰ, ਜ਼ਿਲ੍ਹਾ ਜਲੰਧਰ ਨੇ ਆਪਣੀ ਦਰਖਾਸਤ ਰਾਹੀਂ ਲਿਖਤੀ ਬੇਨਤੀ ਕੀਤੀ ਹੈ ਕਿ ਵਾਕਿਆ ਬੋਲੀ ਵਾਲਾ ਮੁਹੱਲਾ ਕਰਤਾਰਪੁਰ ਵਿਖੇ ਇੱਕ ਮਕਾਨ ਯੂ. ਆਈ. ਡੀ. ਨੰਬਰ ਬੀ-09-0235 ਰਕਬਾ ਲਗਭਗ 1-1/2 ਮਰਲੇ (432 ਵਰਗ ਫੁੱਟ) ਨਗਰ ਕੌਂਸਲ ਦੇ ਸਰਵੇ ਰਿਕਾਰਡ ਵਿੱਚ-ਵਿੱਚ ਉਹਨਾਂ ਦੇ ਪਿਤਾ ਹਰਕੀਰਤ ਸਿੰਘ ਪੁੱਤਰ ਦਰਸ਼ਨ ਸਿੰਘ ਦੇ ਨਾਂਅ 'ਤੇ ਦਰਜ ਹੈ। ਬਿਨੈਕਾਰਾਂ ਪਿਤਾ/ਪਤੀ ਸਾਲ 2015 ਵਿੱਚ ਗੁੰਮਸ਼ੁਦਾ ਹੋ ਗਏ ਸੀ, ਜਿਸ ਦੀ ਰਿਪੋਰਟ ਸਾਂਝ ਕੇਂਦਰ ਥਾਣਾ ਕਰਤਾਰਪੁਰ ਵਿਖੇ ਦਰਜ ਕਰਵਾਈ ਸੀ, ਜਿਸ ਦਾ ਨੰਬਰ 13671 ਮਿਤੀ 12.08.2015 ਹੈ ਅਤੇ ਅਜੇ ਤੱਕ ਸਾਡੇ ਪਿਤਾ/ਪਤੀ ਘਰ ਵਾਪਸ ਨਹੀਂ ਆਏ ਅਤੇ ਨਾ ਹੀ ਉਹਨਾਂ ਬਾਰੇ ਕੋਈ ਖ਼ਬਰ ਮਿਲੀ ਹੈ।

ਬੇਨਤੀ ਕਰਤਾਵਾਂ ਨੇ ਲਿਖਿਆ ਹੈ ਕਿ ਅਸੀਂ ਉਕਤ 3 ਨਾਂਵਾਂ ਤੋਂ ਇਲਾਵਾ ਹਰਕੀਰਤ ਸਿੰਘ ਦੇ ਹੋਰ ਕੋਈ ਵਾਰਸ ਨਹੀਂ ਹਨ ਅਤੇ ਇਹ ਪ੍ਰਾਪਰਟੀ ਨਗਰ ਕੌਂਸਲ ਦੇ ਰਿਕਾਰਡ ਵਿੱਚ ਰਾਜਵਿੰਦਰ ਕੌਰ ਦੇ ਨਾਂਅ 'ਤੇ ਤਬਦੀਲ/ਦਰਜ ਕੀਤੀ ਜਾਵੇ। ਬੇਨਤੀ ਕਰਤਾਵਾਂ ਨੇ ਆਪਣੇ-ਆਪਣੇ ਹਲਫੀਆ ਬਿਆਨ ਪੱਤਰ ਰਾਹੀਂ ਆਪਣਾ ਬਣਦਾ ਹਿੱਸਾ ਆਪਣੀ ਮਾਤਾ ਰਾਜਵਿੰਦਰ ਕੌਰ ਦੇ ਨਾਂਅ 'ਤੇ ਦਰਜ/ਤਬਦੀਲ ਕਰਨ ਲਈ ਸਿਫਾਰਸ਼ ਕੀਤੀ ਹੈ, ਇਸ ਦਾ ਉਹਨਾਂ ਨੂੰ ਕੋਈ ਇਤਰਾਜ਼ ਨਹੀਂ ਹੋਵੇਗਾ। ਇਹ ਪ੍ਰਾਪਰਟੀ ਰਾਜਵਿੰਦਰ ਕੌਰ ਦੇ ਨਾਂਅ 'ਤੇ ਟਰਾਂਸਫਰ ਕਰਨ ਲਈ ਕੌਂਸਲਰ ਡਿੰਪਲ ਕਪੂਰ ਨੇ ਵੀ ਸਵੈ-ਘੋਸ਼ਣਾ ਪੱਤਰ ਦਿੱਤਾ ਹੈ। ਨਗਰ ਕੌਂਸਲ ਦੇ ਟੀ. ਐੱਸ. ਰਿਕਾਰਡ ਵਿੱਚ ਇਹ ਪ੍ਰਾਪਰਟੀ ਦਰਸ਼ਨ ਸਿੰਘ ਪੁੱਤਰ ਲਛਮਨ ਸਿੰਘ ਦੇ ਨਾਂਅ 'ਤੇ ਅਤੇ ਪ੍ਰਾਪਰਟੀ ਸਰਵੇ ਰਿਕਾਰਡ ਵਿੱਚ ਪੁੱਤਰ ਦਰਸ਼ਨ ਸਿੰਘ ਦੇ ਨਾਂਅ 'ਤੇ ਦਰਜ ਹੈ।

ਬਿਨੈਕਾਰ ਵੱਲੋਂ ਹਲਫੀਆ ਬਿਆਨਾਂ ਤੋਂ ਇਲਾਵਾ ਆਪਣੀ ਘਰੇਲੂ ਵੰਡ, ਰਜਿਸਟਰਡ/ਅਨ-ਰਜਿਸਟਰਡ ਵਸੀਅਤ, ਮਾਲ ਵਿਭਾਗ ਦਾ ਰਿਕਾਰਡ ਜੋ ਬਿਨੈਕਾਰ ਦੀ ਮਾਲਕੀ ਦਰਸਾਉਂਦਾ ਹੋਵੇ ਜਾਂ ਕੋਈ ਹੋਰ ਸਬੂਤ ਪੇਸ਼ ਨਹੀਂ ਕੀਤਾ ਹੈ। ਹੁਣ ਇਸ ਪ੍ਰਾਪਰਟੀ ਦਾ ਇੰਦਰਾਜ ਪ੍ਰਾਪਰਟੀ ਟੈਕਸ ਮੰਤਵ ਲਈ ਰਾਜਵਿੰਦਰ ਕੌਰ ਪਤਨੀ ਹਰਕੀਰਤ ਸਿੰਘ ਦੇ ਨਾਂਅ 'ਤੇ ਤਬਦੀਲ/ਦਰਜ ਕੀਤਾ ਜਾਣਾ ਹੈ। ਇਸ ਸੰਬੰਧੀ ਜੇਕਰ ਕਿਸੇ ਨੂੰ ਕੋਈ ਇਤਰਾਜ਼ ਹੋਵੇ ਤਾਂ ਉਹ ਨੋਟਿਸ ਛਪਣ ਤੋਂ 30 ਦਿਨਾਂ ਦੇ ਅੰਦਰ-ਅੰਦਰ ਇਸ ਦਫਤਰ ਵਿੱਚ ਲਿਖਤੀ ਤੌਰ 'ਤੇ ਕਰ ਸਕਦਾ ਹੈ। ਇਸ ਤੋਂ ਬਾਅਦ ਵਿੱਚ ਆਏ ਕਿਸੇ ਵੀ ਇਤਰਾਜ਼ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ।

ਸਹੀ/-ਕਾਰਜ ਸਾਧਕ ਅਫਸਰ, ਨਗਰ ਕੌਂਸਲ ਕਰਤਾਰਪੁਰ।

**ਉੱਤਰ ਰੇਲਵੇ**

ਪ੍ਰਮੁੱਖ ਮੁੱਖ ਸਮਗਰੀ ਪ੍ਰਬੰਧਕ ਦਫਤਰ

ਹੈਡਕੁਆਟਰ, ਬੜੌਦਾ ਹਾਊਸ, ਨਵੀਂ ਦਿੱਲੀ-110001

Mail ID : salenr365@gmail.com

ਉੱਤਰ ਰੇਲਵੇ ਦੀ ਫਰਵਰੀ-2024 ਨੀਲਾਮੀ ਪ੍ਰੋਗਰਾਮ ਵਿਚ ਸ਼ੁਧੀਪੱਤਰ

ਨੰਬਰ: 117-ਐਸ/ਸੇਲ/ਆਕਸ਼ਨ ਪ੍ਰੋਗਰਾਮ/2023-24 — ਮਿਤੀ 08.02.2024

ਫਰਵਰੀ-2024 ਦੇ ਮਹੀਨੇ ਦੇ ਲਈ ਨੀਲਾਮੀ ਪ੍ਰੋਗਰਾਮ ਦੀਆਂ ਸੰਸ਼ੋਧਿਤ ਮਿਤੀਆਂ ਹੇਠਾਂ ਅਨੁਸਾਰ ਹੋਣਗੀਆਂ:

| ਨੰ. | ਡਿਪੋ | ਮੌਜੂਦਾ | ਈ-ਨੀਲਾਮੀ ਦੇ ਲਈ ਸੰਸ਼ੋਧਿਤ ਮਿਤੀ |
|---|---|---|---|
| 1 | ਸੀਨੀਅਰ ਮੰਡਲ ਸਮਗਰੀ ਪ੍ਰਬੰਧਕ /ਫਿਰੋਜ਼ਪੁਰ 01632-244154 | 14.02.2024 | 16.02.2024 |

ਹੋਰ ਸਾਰੀਆਂ ਨੀਲਾਮੀ ਮਿਤੀਆਂ ਅਤੇ ਨਿਬੰਧਨ ਅਤੇ ਸ਼ਰਤਾਂ ਅਬਦਲ ਰਹਿਣਗੀ। ਈ-ਨੀਲਾਮੀ ਨਾਲ ਸਬੰਧਿਤ ਵਧੇਰੇ ਜਾਣਕਾਰੀ ਦੇ ਲਈ ਰੇਲਵੇ ਦੀ ਵੈਬਸਾਈਟ www.ireps.gov.in 'ਤੇ ਜਾਓ।

(ਅਨਿਲ ਕੁਮਾਰ ਰਾਯ)
ਉਪ ਮੁੱਖ ਸਮਗਰੀ ਪ੍ਰਬੰਧਕ/ ਐਸ ਅਤੇ ਪੀ

422/24 — ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ

**AXIS BANK** | ਰਿਟੇਲ ਐਸੇਟ ਸੈਂਟਰ : ਐਕਸਿਸ ਬੈਂਕ ਲਿਮਟਿਡ, ਦੂਜੀ ਮੰਜ਼ਲ, ਜਾਇਦਾਦ # 7-ਈ, ਮਿਊਂਸਪਲ 3903/1142/16, ਮਲਹਾਰ ਰੋਡ, ਸਰਾਭਾ ਨਗਰ, ਲੁਧਿਆਣਾ-141001 ਕਾਰਪੋਰੇਟ ਦਫਤਰ: "ਐਕਸਿਸ ਹਾਊਸ", ਬਲਾਕ-ਬੀ, ਬੰਬੇ ਡਾਇੰਗ ਮਿਲਜ਼ ਕੰਪਾਊਂਡ, ਪਾਂਡੁਰੰਗ ਬੁਧਕਰ ਮਾਰਗ, ਵਰਲੀ, ਮੁੰਬਈ-400025 ਰਜਿਸਟਰਡ ਦਫਤਰ : 'ਤ੍ਰਿਸ਼ੂਲ', ਤੀਜੀ ਮੰਜ਼ਲ, ਸਾਹਮਣੇ ਸਮਰਥੇਸ਼ਵਰ ਮੰਦਰ, ਲਾਅ ਗਾਰਡਨ, ਐਲਿਸਬ੍ਰਿਜ ਅਹਿਮਦਾਬਾਦ-380006

ਸਰਫੇਸੀ ਐਕਟ 2002 ਤਹਿਤ ਕਬਜ਼ਾ ਨੋਟਿਸ

ਜਦੋਂ ਕਿ ਨਿਮਨਹਸਤਾਖਰੀ ਨੇ ਐਕਸਿਸ ਬੈਂਕ ਲਿ. ਦਾ ਅਧਿਕਾਰਤ ਅਫਸਰ ਹੋਣ ਨਾਤੇ ਸਕਿਉਰੇਟਾਈਜੇਸ਼ਨ, ਰੀਕੰਸਟਰੱਕਸ਼ਨ ਆਫ ਫਾਈਨੈਂਸ਼ੀਅਲ ਅਸੈੱਟਸ ਐਂਡ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈਸਟ ਐਕਟ 2002 ਅਤੇ ਸਕਿਉਰਟੀ ਇੰਟਰੈਸਟ (ਇਨਫੋਰਸਮੈਂਟ) ਰੂਲਜ਼ 2002 ਦੇ ਰੂਲ 9 ਨਾਲ ਪੜ੍ਹੇ ਜਾਂਦੇ ਸੈਕਸ਼ਨ 13 (12) ਤਹਿਤ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹੇਠ ਲਿਖੇ ਕਰਜ਼ਦਾਰਾਂ ਨੂੰ ਉਕਤ ਨੋਟਿਸ ਮਿਲਣ ਦੀ ਮਿਤੀ ਤੋਂ 60 ਦਿਨਾਂ ਅੰਦਰ ਨੋਟਿਸ 'ਚ ਦਰਸਾਈ ਰਕਮ ਜਮ੍ਹਾਂ ਕਰਾਉਣ ਲਈ ਡਿਮਾਂਡ ਨੋਟਿਸ ਜਾਰੀ ਕੀਤਾ ਸੀ।
ਕਰਜ਼ਦਾਰ ਰਕਮ ਦੀ ਅਦਾਇਗੀ 'ਚ ਨਾਕਾਮ ਰਹੇ ਹਨ। ਇਸ ਲਈ ਕਰਜ਼ਦਾਰਾਂ ਅਤੇ ਆਮ ਜਨਤਾ ਨੂੰ ਨੋਟਿਸ ਜਾਰੀ ਕੀਤਾ ਜਾਂਦਾ ਹੈ ਕਿ ਨਿਮਨਹਸਤਾਖਰੀ ਨੇ ਉਕਤ ਐਕਟ ਦੇ ਸੈਕਸ਼ਨ 13 (4) ਅਤੇ ਉਕਤ ਨਿਯਮ ਦੇ ਨਿਯਮ 8 ਤਹਿਤ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹੇਠ ਦਰਜ ਮਿਤੀਆਂ ਨੂੰ ਹੇਠਾਂ ਦਰਜ ਜਾਇਦਾਦ ਦਾ ਕਬਜ਼ਾ ਲੈ ਲਿਆ ਹੈ।
ਕਰਜ਼ਦਾਰਾਂ ਨੂੰ ਖਾਸ ਤੌਰ 'ਤੇ ਅਤੇ ਆਮ ਜਨਤਾ ਨੂੰ ਖਬਰਦਾਰ ਕੀਤਾ ਹੈ ਕਿ ਉਹ ਜਾਇਦਾਦ ਬਾਰੇ ਕਿਸੇ ਤਰ੍ਹਾਂ ਦਾ ਲੈਣ-ਦੇਣ ਨਾ ਕਰਨ ਅਤੇ ਕਿਸੇ ਤਰ੍ਹਾਂ ਦੇ ਲੈਣ-ਦੇਣ 'ਤੇ ਐਕਸਿਸ ਬੈਂਕ ਲਿ. ਵੱਲੋਂ ਵਸੂਲੀ ਕੀਤੀ ਜਾਵੇਗੀ।

| ਲੜੀ ਨੰ. | ਕਰਜ਼ਦਾਰ/ਸਹਿ-ਕਰਜ਼ਦਾਰ ਦਾ ਨਾਂਅ | ਰਹਿਣ ਕੀਤੀ ਜਾਇਦਾਦ ਦਾ ਵੇਰਵਾ | ਡਿਮਾਂਡ ਨੋਟਿਸ ਦੀ ਮਿਤੀ | ਭੌਤਿਕ ਕਬਜ਼ੇ ਦੀ ਮਿਤੀ | ਡਿਮਾਂਡ ਨੋਟਿਸ 'ਚ ਬਕਾਇਆ ਰਕਮ (ਰੁਪਏ) |
|---|---|---|---|---|---|
| 1 | ਸ੍ਰੀ ਮੋਹਿੰਦਰ ਸਿੰਘ ਗਿੱਲ ਪੁੱਤਰ ਸੰਤੋਖ ਸਿੰਘ ਗਿੱਲ (2) ਸ੍ਰੀ ਸੰਤੋਖ ਸਿੰਘ ਗਿੱਲ ਪੁੱਤਰ ਤੇਜਾ ਸਿੰਘ ਗਿੱਲ ਅਤੇ (3) ਸ੍ਰੀਮਤੀ ਲਖਵੀਰ ਕੌਰ ਪਤਨੀ ਮੋਹਿੰਦਰ ਸਿੰਘ ਗਿੱਲ ਸਾਰੇ ਵਾਸੀ ਮਕਾਨ ਨੰ. 23, ਨਗੀਨਾ ਐਵੇਨਿਊ, ਮਜੀਠਾ ਰੋਡ, ਜ਼ਿਲ੍ਹਾ ਅੰਮ੍ਰਿਤਸਰ, ਪੰਜਾਬ-143001. ਇਹ ਵੀ : ਮਕਾਨ ਦਾ ਪ੍ਰਾਈਵੇਟ ਪਲਾਟ ਨੰ. 7 ਮਿਨ ਖਸਰਾ ਨੰ. 43/11 ਮਿਨ, ਅਬਾਦੀ ਨਗੀਨਾ ਐਵੇਨਿਊ ਰੱਖ ਸ਼ਿਕਾਰਗੜ੍ਹ, ਤਹਿਸੀਲ ਅਤੇ ਜ਼ਿਲ੍ਹਾ ਅੰਮ੍ਰਿਤਸਰ 143001, ਇਹ ਵੀ : ਸ੍ਰੀ ਸੰਤੋਖ ਸਿੰਘ ਗਿੱਲ ਪੁੱਤਰ ਤੇਜਾ ਸਿੰਘ ਗਿੱਲ, ਮਕਾਨ ਨੰ. 42, ਨਗੀਨਾ ਐਵੇਨਿਊ, ਮਜੀਠਾ ਰੋਡ, ਜ਼ਿਲ੍ਹਾ ਅੰਮ੍ਰਿਤਸਰ, ਪੰਜਾਬ-143001 ਕਰਜ਼ਾ ਖਾਤਾ ਨੰ. ਐਲ ਪੀ ਆਰ 068504441613 ਅਤੇ ਈ ਸੀ ਆਰ 068505459490 | ਰਿਹਾਇਸ਼ੀ ਜਾਇਦਾਦ/ਮਕਾਨ ਪ੍ਰਾਈਵੇਟ ਪਲਾਟ ਨੰ. 7 ਮਿਨ, ਕੁੱਲ ਜ਼ਮੀਨੀ ਰਕਬਾ 213.89 ਵਰਗ ਗਜ਼ ਦਾ ਰਕਬਾ 180 ਵਰਗ ਗਜ਼ (ਲੰਬਾਈ 45'×ਚੌੜਾਈ 20') ਖਸਰਾ ਨੰ. 43//11 ਮਿਨ, ਖੇਵਟ-ਖਤੌਨੀ ਨੰ. 631/1448, ਜਮ੍ਹਾਂਬੰਦੀ ਸਾਲ 2012-2013, ਰੱਖ ਸ਼ਿਕਾਰਗੜ੍ਹ, ਅਬਾਦੀ ਨਗੀਨਾ ਐਵੇਨਿਊ, ਤਹਿਸੀਲ ਅਤੇ ਜ਼ਿਲ੍ਹਾ ਅੰਮ੍ਰਿਤਸਰ ਵਿਖੇ ਸਥਿਤ ਨਾਲ ਸੰਬੰਧਤ ਸਭ ਕੁਝ ਹੱਦਾਂ (ਬੈਨਾਮੇ ਅਨੁਸਾਰ) ਪੂਰਬ : ਸੜਕ, ਪੱਛਮ: ਜਾਇਦਾਦ ਨੰ. 7 ਦਾ ਬਾਕੀ ਹਿੱਸਾ, ਉੱਤਰ : ਸੜਕ, ਦੱਖਣ : ਜਾਇਦਾਦ ਨੰ. 6. | 23 ਨਵੰਬਰ 2021 | 07 ਫਰਵਰੀ 2024 | ਰੁਪਏ 45,59,274/-(ਰੁਪਏ ਪੰਤਾਲੀ ਲੱਖ ਉਨਾਹਟ ਹਜ਼ਾਰ ਦੋ ਸੌ ਚੌਹੱਤਰ ਕੇਵਲ) |

ਉਕਤ ਦਰਜ ਕਰਜ਼ਦਾਰਾਂ/ਸਹਿ-ਕਰਜ਼ਦਾਰਾਂ/ਗਾਰੰਟਰਾਂ ਨੂੰ ਰਕਮ ਦੀ ਅਦਾਇਗੀ ਲਈ 30 ਦਿਨਾਂ ਦਾ ਨੋਟਿਸ ਦਿੱਤਾ ਜਾਂਦਾ ਹੈ। ਨਹੀਂ ਤਾਂ ਰਹਿਣ ਕੀਤੀ ਜਾਇਦਾਦ ਇਸ ਨੋਟਿਸ ਦੀ ਪ੍ਰਕਾਸ਼ਨਾ ਤੋਂ 30 ਦਿਨਾਂ ਦਾ ਸਮਾਂ ਖਤਮ ਹੋ ਜਾਣ 'ਤੇ ਸਕਿਉਰਟੀ ਇੰਟਰੈਸਟ (ਇਨਫੋਰਸਮੈਂਟ) ਰੂਲਜ਼ 2002 ਦੇ ਨਿਯਮ 8 ਤੇ 9 ਦੀਆਂ ਵਿਵਸਥਾਵਾਂ ਅਨੁਸਾਰ ਵੇਚ ਦਿੱਤੀ ਜਾਵੇਗੀ।

ਮਿਤੀ : 09.02.2024 , ਸਥਾਨ : ਅੰਮ੍ਰਿਤਸਰ — ਸਹੀ/- (ਅਧਿਕਾਰਤ ਅਫਸਰ) ਐਕਸਿਸ ਬੈਂਕ ਲਿਮਟਿਡ

ਨਵਾਂ ਜ਼ਮਾਨਾ
ਪੋਸਟ ਬਾਕਸ ਨੰ. 134

Printed and Published by Gurmit Singh Shugli for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar. Editor: Chand Fatehpuri

ਸੰਪਾਦਕ : ਚੰਦ ਫਤਿਹਪੁਰੀ * ਪੀ ਆਰ ਬੀ ਐਕਟ ਤਹਿਤ ਖ਼ਬਰਾਂ ਦੀ ਚੋਣ ਲਈ ਜ਼ਿੰਮੇਵਾਰ। ਪ੍ਰਕਾਸ਼ਕ ਤੇ ਛਾਪਕ ਗੁਰਮੀਤ ਸਿੰਘ ਸ਼ੁਗਲੀ ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ।

ਫੋਨ ਨੰਬਰ ਪ੍ਰਬੰਧਕੀ ਵਿਭਾਗ : 0181-5097300, ਸਮਾਚਾਰ ਵਿਭਾਗ : 0181-5097310, ਈ-ਮੇਲ : nawanzamana@gmail.com * Web : www.nawanzamana.in

Punjab Land of Unlimited Opportunities

# ਭਗਵੰਤ ਸਿੰਘ ਮਾਨ
ਮੁੱਖ ਮੰਤਰੀ, ਪੰਜਾਬ

ਵੱਲੋਂ

# ਘਰ-ਘਰ ਮੁਫ਼ਤ ਰਾਸ਼ਨ

ਦੀ ਸ਼ੁਰੂਆਤ



✓ ਪਹਿਲੇ ਗੇੜ 'ਚ
**24.49 ਲੱਖ ਲਾਭਪਾਤਰੀ**

✓ ਹਰ ਮਹੀਨੇ ਮਿਲੇਗਾ
**ਤਾਜ਼ਾ ਰਾਸ਼ਨ**

ਮੁੱਖ ਮਹਿਮਾਨ

## ਸ੍ਰੀ ਅਰਵਿੰਦ ਕੇਜਰੀਵਾਲ
ਮੁੱਖ ਮੰਤਰੀ, ਦਿੱਲੀ

10 ਫ਼ਰਵਰੀ, 2024 | ਸਵੇਰੇ 11:00 ਵਜੇ
ਅਨਾਜ ਮੰਡੀ, ਪਿੰਡ ਰਹੌਣ, ਸਮਰਾਲਾ ਰੋਡ,
ਖੰਨਾ (ਲੁਧਿਆਣਾ)



## ਸੁਚੱਜਾ ਸ਼ਾਸਨ, ਮੁਫ਼ਤ ਰਾਸ਼ਨ

ਭਗਵੰਤ ਸਿੰਘ ਮਾਨ
ਮੁੱਖ ਮੰਤਰੀ, ਪੰਜਾਬ

ਖੁਰਾਕ, ਸਿਵਲ ਸਪਲਾਈ ਅਤੇ ਖਪਤਕਾਰ ਮਾਮਲੇ ਵਿਭਾਗ, ਪੰਜਾਬ

10-feb-PAGE-4.qxd 2/9/2024 9:08 PM Page 1

ਨਵਾਂ ਜ਼ਮਾਨਾ

ਸ਼ਨੀਵਾਰ, 10 ਫਰਵਰੀ 2024

# ਹੁਣ ਉੱਤਰ-ਦੱਖਣ ਵਿੱਚ ਧਰੁਵੀਕਰਨ

*ਬੀਤੇ ਦਿਨੀਂ ਦੱਖਣ ਦੇ ਦੋ ਰਾਜਾਂ ਕਰਨਾਟਕ ਤੇ ਕੇਰਲਾ ਦੀਆਂ ਸਰਕਾਰਾਂ ਨੇ ਉਨ੍ਹਾਂ ਵਿਰੁਧ ਹੁੰਦੀ ਵਿੱਤੀ ਬੇਇਨਸਾਫ਼ੀ ਵਿਰੁੱਧ ਦਿੱਲੀ ਆ ਕੇ ਧਰਨਾ ਦਿੱਤਾ। ਕੇਰਲਾ ਸਰਕਾਰ ਵੱਲੋਂ ਜੰਤਰ-ਮੰਤਰ ਵਿੱਚ ਦਿੱਤੇ ਗਏ ਧਰਨੇ ਨੂੰ ਦਿੱਲੀ ਤੇ ਪੰਜਾਬ ਦੇ ਮੁੱਖ ਮੰਤਰੀਆਂ ਦਾ ਵੀ ਸਾਥ ਮਿਲਿਆ। ਤਾਮਿਲਨਾਡੂ ਦੇ ਮੁੱਖ ਮੰਤਰੀ ਐਮ ਕੇ ਸਟਾਲਿਨ ਨੇ ਕੇਰਲਾ ਦੇ ਮੁੱਖ ਮੰਤਰੀ ਪਿਨਰਾਈ ਵਿਜਯਨ ਨੂੰ ਲਿਖੀ ਚਿੱਠੀ ਵਿੱਚ ਭਰੋਸਾ ਦਿੱਤਾ ਸੀ ਕਿ ਉਨ੍ਹਾ ਦਾ ਰਾਜ ਵੀ ਇਸ ਲੜਾਈ ਵਿੱਚ ਕੇਰਲਾ ਦੇ ਨਾਲ ਹੈ। ਕਰਨਾਟਕ ਦੇ ਮੰਤਰੀ ਪ੍ਰਿਆਂਕ ਖੜਗੇ ਨੇ ਇੱਕ ਬਿਆਨ ਵਿੱਚ ਇੱਥੋਂ ਤੱਕ ਕਿਹਾ ਕਿ ਇਸ ਸਮੇਂ ਦੱਖਣੀ ਰਾਜ ਵੱਖ-ਵੱਖ ਲੜ ਰਹੇ ਹਨ, ਪਰ ਦੇਰ-ਸਵੇਰ ਇਸ ਮਸਲੇ ਉੱਤੇ ਦੱਖਣੀ ਰਾਜਾਂ ਦਾ ਸਾਂਝਾ ਮੋਰਚਾ ਬਣ ਸਕਦਾ ਹੈ।*

*ਇਨ੍ਹਾਂ ਰਾਜਾਂ ਦੀ ਸ਼ਿਕਾਇਤ ਹੈ ਕਿ ਜੀ ਐਸ ਟੀ ਤਹਿਤ ਰਾਜਾਂ ਵਿੱਚੋਂ ਜੋ ਟੈਕਸ ਵਸੂਲਿਆ ਜਾਂਦਾ ਹੈ, ਉਸ ਵਿੱਚੋਂ ਉਨ੍ਹਾਂ ਨੂੰ ਬਣਦਾ ਹਿਸਾ ਨਹੀਂ ਦਿੱਤਾ ਜਾ ਰਿਹਾ। ਕਰਨਾਟਕ ਦੇ ਮੁੱਖ ਮੰਤਰੀ ਸਿੱਧਾਰਮਈਆ ਨੇ ਕਿਹਾ ਹੈ ਕਿ ਜੀ ਐਸ ਟੀ ਲਾਗੂ ਹੋਣ ਤੋਂ ਬਾਅਦ ਪਹਿਲਾਂ ਦੀ ਤੁਲਨਾ ਵਿੱਚ ਕਰਨਾਟਕ ਨੂੰ 1 ਲੱਖ 65 ਹਜ਼ਾਰ ਕਰੋੜ ਦਾ ਨੁਕਸਾਨ ਹੋ ਚੁੱਕਾ ਹੈ। ਐਮ ਕੇ ਸਟਾਲਿਨ ਨੇ ਕਿਹਾ ਹੈ ਕਿ ਤਾਮਿਲਨਾਡੂ ਨੂੰ ਹਰ ਸਾਲ 20 ਹਜ਼ਾਰ ਕਰੋੜ ਦਾ ਘਾਟਾ ਪੈ ਰਿਹਾ ਹੈ। ਕੇਰਲਾ ਵਿਰੁੱਧ ਤਾਂ ਕੇਂਦਰ ਨੇ ਖੁੱਲ੍ਹਾ ਹਮਲਾ ਬੋਲ ਰੱਖਿਆ ਹੈ। ਉਸ 'ਤੇ ਬਜ਼ਾਰ ਵਿੱਚੋਂ ਕਰਜ਼ਾ ਲੈਣ ਉੱਤੇ ਵੀ ਰੋਕ ਲਾ ਦਿੱਤੀ ਹੈ, ਜਿਸ ਕਾਰਨ ਸਭ ਵਿਕਾਸ ਕੰਮ ਠੱਪ ਹੋ ਗਏ ਹਨ। ਇੱਥੋਂ ਤੱਕ ਕਿ ਸਮਾਜਕ ਸੁਰੱਖਿਆ ਅਧੀਨ ਦਿੱਤੀਆਂ ਜਾਂਦੀਆਂ ਪੈਨਸ਼ਨਾਂ ਨੂੰ ਜਾਰੀ ਰੱਖਣਾ ਵੀ ਮੁਸ਼ਕਲ ਹੋ ਗਿਆ ਹੈ।*

*ਕੇਂਦਰ ਸਰਕਾਰ ਵੱਲੋਂ ਆਪਣੇ ਹਾਲੀਆ ਬਜਟ ਵਿੱਚ ਦੱਖਣੀ ਰਾਜਾਂ ਦੀ ਅਣਦੇਖੀ ਤੋਂ ਵੀ ਇਨ੍ਹਾਂ ਰਾਜਾਂ ਦੀਆਂ ਸਰਕਾਰਾਂ ਅੰਦਰ ਰੋਸ ਵਧਿਆ ਹੈ। ਕਰਨਾਟਕ ਤੋਂ ਕਾਂਗਰਸ ਦੇ ਸਾਂਸਦ ਡੀ ਕੇ ਸੁਰੇਸ਼ ਨੇ ਤਾਂ ਇੱਥੋਂ ਤੱਕ ਕਹਿ ਦਿੱਤਾ ਹੈ ਕਿ ਜੇਕਰ ਕੇਂਦਰ ਸਰਕਾਰ ਦਾ ਦੱਖਣੀ ਰਾਜਾਂ ਪ੍ਰਤੀ ਇਹੋ ਰਵੱਈਆ ਰਿਹਾ ਤਾਂ ਵੱਖਰੇ ਦੇਸ਼ ਦੀ ਮੰਗ ਵੀ ਉੱਠ ਸਕਦੀ ਹੈ। ਇਨ੍ਹਾਂ ਰਾਜਾਂ ਦੀ ਇਹ ਵੀ ਸ਼ਿਕਾਇਤ ਹੈ ਕਿ ਕੁਦਰਤੀ ਆਫ਼ਤਾਂ ਸਮੇਂ ਵੀ ਉਨ੍ਹਾਂ ਨਾਲ ਭੇਦਭਾਵ ਕੀਤਾ ਜਾਂਦਾ ਹੈ। ਕਰਨਾਟਕ ਇਸ ਸਮੇਂ ਸੋਕੇ ਦਾ ਸਾਹਮਣਾ ਕਰ ਰਿਹਾ ਹੈ। ਉਸ ਨੇ ਇਸ ਲਈ 36 ਹਜ਼ਾਰ ਕਰੋੜ ਦੀ ਮੰਗ ਕੀਤੀ ਸੀ, ਪਰ ਕੇਂਦਰ ਨੇ ਫੁੱਟੀ ਕੌਡੀ ਨਹੀਂ ਦਿੱਤੀ, ਜਦੋਂ ਕਿ ਨੈਸ਼ਨਲ ਆਫ਼ਤ ਪ੍ਰਬੰਧਨ ਫੰਡ 'ਚੋਂ ਉਸ ਨੂੰ 18 ਹਜ਼ਾਰ ਕਰੋੜ ਰੁਪਏ ਦਿੱਤੇ ਜਾ ਸਕਦੇ ਸਨ।*

*ਦੱਖਣੀ ਰਾਜ ਸਨਅਤੀ ਤੌਰ ਉੱਤੇ ਵਿਕਸਤ ਰਾਜ ਹਨ। ਇਸ ਲਈ ਕੇਂਦਰੀ ਟੈਕਸਾਂ ਵਿੱਚ ਉਹ ਉੱਤਰੀ ਰਾਜਾਂ ਦੇ ਮੁਕਾਬਲੇ ਵੱਧ ਹਿੱਸਾ ਪਾਉਂਦੇ ਹਨ। ਚਾਹੀਦਾ ਤਾਂ ਇਹ ਹੈ ਕਿ ਉਨ੍ਹਾਂ ਨੂੰ ਹਿੱਸਾ ਵੀ ਵੱਧ ਮਿਲੇ, ਪਰ ਵੱਧ ਉਨ੍ਹਾਂ ਰਾਜਾਂ ਨੂੰ ਦਿੱਤਾ ਜਾਂਦਾ ਹੈ ਜਿਹੜੇ ਹਿੱਸਾ ਵੀ ਘੱਟ ਪਾਉਂਦੇ ਹਨ, ਕਿਉਂਕਿ ਇਨ੍ਹਾਂ ਰਾਜਾਂ ਵਿੱਚ ਭਾਜਪਾ ਦੀਆਂ ਸਰਕਾਰਾਂ ਹਨ।*

*ਉਦਾਹਰਣ ਦੇ ਤੌਰ 'ਤੇ 2014-15 ਵਿੱਚ ਤੇਲੰਗਾਨਾ ਨੂੰ ਉਗਰਾਹੇ ਟੈਕਸ ਦਾ 3 ਫ਼ੀਸਦੀ ਮਿਲਦਾ ਸੀ, ਜੋ ਹੁਣ 2 ਫ਼ੀਸਦੀ ਰਹਿ ਗਿਆ ਹੈ। ਕਰਨਾਟਕ ਨੂੰ ਮਿਲਦੇ 5 ਫ਼ੀਸਦੀ ਨੂੰ ਘਟਾ ਕੇ 3.5 ਫ਼ੀਸਦੀ ਕਰ ਦਿੱਤਾ ਗਿਆ ਹੈ। ਕੇਰਲਾ ਦਾ 2.6 ਫ਼ੀਸਦੀ ਤੋਂ ਘਟਾ ਕੇ 1.8 ਫ਼ੀਸਦੀ ਤੇ ਤਾਮਿਲਨਾਡੂ ਦਾ 6 ਫ਼ੀਸਦੀ ਤੋਂ 3.5 ਫ਼ੀਸਦੀ ਕਰ ਦਿੱਤਾ ਗਿਆ ਹੈ। ਦੂਜੇ ਪਾਸੇ ਉੱਤਰ ਪ੍ਰਦੇਸ਼ ਨੂੰ ਹੀ ਲਓ, ਉਸ ਵੱਲੋਂ ਉਗਰਾਹੇ ਗਏ ਟੈਕਸ ਨਾਲੋਂ ਪੌਣੇ ਤਿੰਨ ਗੁਣਾ ਵੱਧ ਪੈਸੇ ਦੇ ਦਿੱਤੇ ਜਾਂਦੇ ਹਨ।*

*ਕੇਰਲਾ ਨੇ ਤਾਂ ਉਸ ਵਿਰੁੱਧ ਲਾਈ ਗਈ ਵਿੱਤੀ ਪਾਬੰਦੀ ਵਿਰੁੱਧ ਸੁਪਰੀਮ ਕੋਰਟ ਵਿੱਚ ਚਣੌਤੀ ਦਿੱਤੀ ਹੈ। ਇਸ ਪਾਬੰਦੀ ਅਧੀਨ ਸਿਰਫ਼ ਰਾਜ ਸਰਕਾਰ ਹੀ ਨਹੀਂ, ਜਨਤਕ ਅਦਾਰਿਆਂ ਉੱਤੇ ਵੀ ਕਰਜ਼ਾ ਲੈਣ ਉੱਤੇ ਰੋਕ ਲਾਈ ਗਈ ਹੈ। ਸੁਪਰੀਮ ਕੋਰਟ ਕਦੋਂ ਫੈਸਲਾ ਦਿੰਦਾ ਹੈ, ਇਹ ਵੱਖਰਾ ਮੁੱਦਾ ਹੈ, ਪਰ ਲਗਦਾ ਹੈ ਕਿ ਭਾਜਪਾ ਧਰੁਵੀਕਰਨ ਅਧੀਨ ਹੁਣ ਉੱਤਰ ਤੇ ਦੱਖਣ ਨੂੰ ਇੱਕ-ਦੂਜੇ ਵਿਰੁੱਧ ਖੜ੍ਹਾ ਕਰ ਦੇਣਾ ਚਾਹੁੰਦੀ ਹੈ। ਇਸ ਦਾ ਇਸ਼ਾਰਾ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਰਾਸ਼ਟਰਪਤੀ ਦੇ ਭਾਸ਼ਣ 'ਤੇ ਬਹਿਸ ਦਾ ਜਵਾਬ ਦਿੰਦਿਆਂ ਇਹ ਕਹਿ ਕੇ ਦੇ ਦਿੱਤਾ ਸੀ ਕਿ ਕਾਂਗਰਸ ਉੱਤਰ ਤੇ ਦੱਖਣ ਵਿੱਚ ਪਾੜਾ ਪਾਉਣਾ ਚਾਹੁੰਦੀ ਹੈ। ਆਪਣੀ ਸੋਚੀ ਹੋਈ ਯੋਜਨਾ ਨੂੰ ਅੱਗੇ ਵਧਾਉਣ ਦਾ ਇਹੋ ਹੀ ਮੋਦੀ ਸਟਾਈਲ ਹੈ। ਇਹ ਸੋਚ ਦੇਸ਼ ਲਈ ਘਾਤਕ ਨਤੀਜੇ ਪੈਦਾ ਕਰ ਸਕਦੀ ਹੈ।*

**-ਚੰਦ ਫਤਿਹਪੁਰੀ**

# ਵਿਗਿਆਨ ਦੀ ਜਿੱਤ ਅਟੱਲ ਹੈ



ਡਾ. ਅਰੁਣ ਮਿੱਤਰਾ

ਕਿਸੇ ਨੇ ਵਿਸ਼ਵਾਸ ਨਹੀਂ ਸੀ ਕੀਤਾ ਜਦੋਂ ਕੋਪਰਨਿਕਸ ਨੇ ਕਿਹਾ ਸੀ ਕਿ ਸੂਰਜ ਸੂਰਜੀ ਸਿਸਟਮ (Solar system ) ਦਾ ਕੇਂਦਰ ਹੈ ਅਤੇ ਧਰਤੀ ਅਤੇ ਹੋਰ ਗ੍ਰਹਿ ਇਸ ਦੇ ਦੁਆਲੇ ਘੁੰਮਦੇ ਹਨ। ਇਸੇ ਤਰ੍ਹਾਂ ਜਦੋਂ ਗੈਲੀਲੀਓ ਨੇ ਪੈਂਡੂਲਮ ਦੇ ਸਿਧਾਂਤ ਅਤੇ ਡਿੱਗਣ ਵਾਲੀਆਂ ਵਸਤਾਂ ਦੇ ਨਿਯਮ ਦਾ ਪ੍ਰਸਤਾਵ ਦਿੱਤਾ ਤਾਂ ਵੀ ਕਿਸੇ ਨੇ ਉਨ੍ਹਾ ਦੀ ਗੱਲ ਨਹੀਂ ਮੰਨੀ। ਉਨ੍ਹਾਂ ਨੂੰ ਦੁਤਕਾਰਿਆ ਗਿਆ, ਸਤਾਇਆ ਗਿਆ ਅਤੇ ਮੁਕੱਦਮੇ ਚਲਾਏ ਗਏ, ਕਿਉਂਕਿ ਉਨ੍ਹਾਂ ਕੁਝ ਅਜਿਹਾ ਕਿਹਾ, ਜੋ ਉਸ ਸਮੇਂ ਦੀ ਪ੍ਰਚਲਿਤ ਦਾਰਸ਼ਨਿਕਤਾ ਤੇ ਧਾਰਮਿਕ ਬਿਰਤਾਂਤ ਦੇ ਉਲਟ ਸੀ। ਵਿਗਿਆਨ, ਜਿਸ ਦਾ ਵਿਆਪਕ ਸ਼ਬਦਾਂ ਵਿੱਚ ਅਰਥ ਹੈ; ਬਿਨਾਂ ਸਬੂਤ ਦੇ ਸਦੀਆਂ ਤੋਂ ਕਹੀਆਂ ਗਈਆਂ ਗੱਲਾਂ ਵਿੱਚ ਵਿਸ਼ਵਾਸ ਨਾ ਕਰਨਾ, ਬਲਕਿ ਪ੍ਰਸ਼ਨ ਕਰਨਾ, ਤਰਕਸ਼ੀਲਤਾ, ਖੋਜ ਅਤੇ ਖੋਜ ਕਰਨ ਦੀ ਤਾਕੀਦ ਰਾਹੀਂ ਸੱਚਾਈ ਨੂੰ ਲੱਭਣਾ। ਥੋਪਣ ਜਾਂ ਹਿੰਸਾ ਦੀ ਬਜਾਏ ਚਰਚਾ ਅਤੇ ਬਹਿਸ ਰਾਹੀਂ ਕਿਸੇ ਸਿੱਟੇ 'ਤੇ ਪਹੁੰਚਣਾ ਵਿਗਿਆਨ ਦੀਆਂ ਕਦਰਾਂ-ਕੀਮਤਾਂ ਹਨ। ਆਪਣੀਆਂ ਖੋਜਾਂ ਨਾਲ ਹੀ ਵਿਗਿਆਨੀਆਂ ਨੇ ਬਹਿਸ ਤੇ ਚਰਚੇ ਰਾਹੀਂ ਸਮਾਜ ਨੂੰ ਅੱਗੇ ਵਧਾਇਆ ਹੈ।

ਹਰ ਸਮਾਜ ਵਿੱਚ ਵਿਸ਼ਵਾਸ ਪ੍ਰਣਾਲੀ ਪ੍ਰਚੱਲਤ ਰਹੀ ਹੈ। ਤਰਕਸ਼ੀਲ ਵਿਚਾਰਧਾਰਾ ਨੂੰ ਸਬੂਤਾਂ ਨਾਲ ਇਨ੍ਹਾਂ ਦਾ ਮੁਕਾਬਲਾ ਕਰਨ ਲਈ ਬਹੁਤ ਜੱਦੋ-ਜਹਿਦ ਕਰਨੀ ਪਈ। ਪ੍ਰਾਚੀਨ ਸਮਿਆਂ ਵਿੱਚ ਕੁਦਰਤ ਵਿੱਚ ਵਾਪਰ ਰਹੀਆਂ ਘਟਨਾਵਾਂ ਦਾ ਕਾਰਨ ਸਾਡੇ ਨਿਯੰਤਰਣ ਤੋਂ ਬਾਹਰ ਆਕਾਸ਼ੀ ਘਟਨਾਵਾਂ ਅਤੇ ਸ਼ਕਤੀਆਂ ਨੂੰ ਮੰਨਿਆ ਜਾਂਦਾ ਸੀ। ਅਗਿਆਤ ਸ਼ਕਤੀ ਵਿੱਚ ਵਿਸ਼ਵਾਸ ਇੱਕ ਨਿਯਮ ਬਣ ਗਿਆ ਤੇ ਨਾਲ ਹੀ ਕਿ ਸਾਨੂੰ ਇਸ ਤੋਂ ਡਰਨਾ ਚਾਹੀਦਾ ਹੈ। ਇਹ ਡਰ ਸਦੀਆਂ ਦੇ ਪ੍ਰਚਾਰ ਰਾਹੀਂ ਅੱਜ ਵੀ ਕਾਇਮ ਹੈ। ਜਿਹੜੇ ਵੱਖਰੇ ਵਿਚਾਰ ਰੱਖਦੇ ਰਹੇ, ਉਨ੍ਹਾਂ ਨੂੰ ਦੁਸ਼ਟ ਕਹਿ ਕੇ ਦੁਤਕਾਰਿਆ ਗਿਆ ਅਤੇ ਉਨ੍ਹਾਂ ਨੂੰ ਜ਼ੁਬਾਨੀ ਜਾਂ ਸਰੀਰਕ ਹਿੰਸਾ ਦਾ ਸਾਹਮਣਾ ਕਰਨਾ ਪਿਆ। ਸਾਡੇ ਕੋਲ ਸਾਡੇ ਪ੍ਰਾਚੀਨ ਕਾਲ ਵਿੱਚ ਰਿਸ਼ੀ ਚਾਰਵਾਕ ਦੀ ਮਿਸਾਲ ਮੌਜੂਦ ਹੈ, ਜਿਸ ਨੂੰ ਉਸ ਸਮੇਂ ਜਿਉਂਦਾ ਸਾੜ ਦਿੱਤਾ ਗਿਆ ਸੀ, ਜਦੋਂ ਉਨ੍ਹਾ ਪ੍ਰਚੱਲਿਤ ਬ੍ਰਾਹਮਣਵਾਦੀ ਪ੍ਰਵਚਨਾਂ 'ਤੇ ਸਵਾਲ ਉਠਾਉਣ ਦੀ ਕੋਸ਼ਿਸ਼ ਕੀਤੀ। ਇਸੇ ਤਰ੍ਹਾਂ ਸੁਕਰਾਤ ਨੂੰ ਉਸ ਦੇ ਤਰਕਸ਼ੀਲ ਵਿਚਾਰਾਂ ਲਈ ਜ਼ਹਿਰ ਪੀਣਾ ਪਿਆ, ਪਰ ਅਜਿਹੇ ਲੋਕਾਂ ਨੇ ਕਦੇ ਵੀ ਸੱਚ ਬੋਲਣ ਤੋਂ ਗੁਰੇਜ਼ ਨਹੀਂ ਕੀਤਾ। ਇਸ ਤਰ੍ਹਾਂ ਇੱਕ ਵੱਡੀ ਗਿਣਤੀ ਸੀ, ਜਿਸ ਨੇ ਤਰਕ ਦੀ ਭਾਲ ਕੀਤੀ ਅਤੇ ਕੁਦਰਤ ਵਿੱਚ ਚੱਲ ਰਹੇ ਕਾਰਨਾਂ ਨੂੰ ਲੱਭਣ ਦੀ ਕੋਸ਼ਿਸ਼ ਕੀਤੀ।

ਬ੍ਰਹਮ ਦਾ ਆਸ਼ੀਰਵਾਦ ਪ੍ਰਾਪਤ ਕਰਨ ਦੀ ਕੋਸ਼ਿਸ਼ ਕਰਨ ਦਾ ਵਿਸ਼ਵਾਸ ਆਉਣ ਵਾਲੇ ਲੰਮੇ ਸਮੇਂ ਤੱਕ ਰਹੇਗਾ, ਕਿਉਂਕਿ ਕੁਦਰਤ ਏਨੀ ਵਿਸ਼ਾਲ ਅਤੇ ਬੇਅੰਤ ਹੈ ਕਿ ਅਸੀਂ ਕਦੇ ਵੀ ਇਸ ਦੀ ਪੂਰੀ ਖੋਜ ਨਹੀਂ ਕਰ ਸਕਾਂਗੇ। ਇਸ ਲਈ ਕਈ ਵਾਰ ਦੈਵੀ ਸ਼ਕਤੀ ਦੇ ਫਲਸਫੇ ਨੂੰ ਮੰਨਣ ਵਾਲਿਆਂ ਅਤੇ ਕੁਦਰਤ ਵਿੱਚ ਵਾਪਰ ਰਹੀਆਂ ਘਟਨਾਵਾਂ ਦੇ ਕਾਰਨਾਂ ਦੀ ਖੋਜ ਕਰਨ ਵਾਲਿਆਂ ਵਿਚਕਾਰ ਵਿਰੋਧਾਭਾਸ ਅਤੇ ਵਿਰੋਧ ਵੀ ਹੋਇਆ। ਸਵਾਲ ਪੁੱਛਣ ਵਾਲਿਆਂ ਦੀ ਗਿਣਤੀ ਘੱਟ ਹੋਣ ਕਰਕੇ ਬਹੁਗਿਣਤੀ ਵਿਸ਼ਵਾਸ ਅਤੇ ਅਣਜਾਣ ਸ਼ਕਤੀ ਦੇ ਡਰ ਦੇ ਨਿਰੰਤਰ ਪ੍ਰਚਾਰ ਦੁਆਰਾ ਭਟਕ ਗਈ। ਹੌਲੀ-ਹੌਲੀ ਇਹ ਪ੍ਰਚਾਰ ਸੰਗਠਿਤ ਹੋ ਕੇ ਧਰਮ ਦਾ ਰੂਪ ਧਾਰਨ ਕਰ ਗਿਆ। ਭਾਵੇਂ ਪ੍ਰਮੁੱਖ ਤੌਰ 'ਤੇ ਧਰਮ ਦਾ ਮੂਲ ਸੰਕਲਪ ਬ੍ਰਹਮ ਅਤੇ ਅਗਿਆਤ ਸ਼ਕਤੀ ਦੇ ਡਰ ਵਿੱਚ ਵਿਸ਼ਵਾਸ ਸੀ, ਪਰ ਸੰਸਾਰ ਦੇ ਵੱਖ-ਵੱਖ ਹਿੱਸਿਆਂ ਵਿੱਚ ਸਿਧਾਂਤ ਅਤੇ ਅਭਿਆਸ ਵੱਖੋ-ਵੱਖਰੇ ਸਨ। ਜਨਤਕ ਜੀਵਨ ਵਿੱਚ ਕਾਇਮ ਰਹਿਣ ਲਈ ਧਰਮ ਨੇ ਸਮਾਜੀ ਕਦਰਾਂ-ਕੀਮਤਾਂ ਦਾ ਪ੍ਰਚਾਰ ਕਰਨ ਦੀ ਕੋਸ਼ਿਸ਼ ਕੀਤੀ। ਜਿੱਥੇ ਵਿਗਿਆਨ ਪਰਿਵਰਤਨ ਵਿੱਚ ਵਿਸ਼ਵਾਸ ਰੱਖਦਾ ਸੀ, ਉੱਥੇ ਬ੍ਰਹਮਤਾ ਦੇ ਫਲਸਫੇ ਨੂੰ ਹੱਠਧਰਮੀ ਬਣਾ ਦਿੱਤਾ ਗਿਆ। ਪਰਿਵਰਤਨ ਅਟੱਲ ਹੈ, ਇਸ ਲਈ ਇਹ ਪਰਮ ਸੱਚ ਹੈ।

ਇਸ ਅਣਜਾਣ ਸ਼ਕਤੀ ਦੇ ਡਰ ਦੀ ਵਰਤੋਂ ਹਾਕਮ ਜਮਾਤਾਂ ਨੇ ਸੱਤਾ ਨੂੰ ਬਰਕਰਾਰ ਰੱਖਣ ਲਈ ਕੀਤੀ। ਰਾਜੇ ਨੂੰ ਰੱਬ ਦਾ ਭੇਜਿਆ ਹੋਇਆ ਐਲਾਨਿਆ ਗਿਆ। ਇਸ ਲਈ ਰਾਜੇ ਦਾ ਵਿਰੋਧ ਰੱਬ ਦਾ ਵਿਰੋਧ ਹੈ, ਇਹ ਗੱਲ ਲੋਕਾਂ ਦੀ ਮਾਨਸਿਕਤਾ ਦਾ ਹਿੱਸਾ ਬਣਾਉਣ ਦੀ ਕੋਸ਼ਿਸ਼ ਕੀਤੀ ਗਈ। ਇਹ ਧਰਮ ਦੇ ਪ੍ਰਚਾਰਕਾਂ ਅਤੇ ਸੱਤਾ ਵਿਚਕਾਰ ਗਠਜੋੜ ਦੁਆਰਾ ਕੀਤਾ ਗਿਆ।

ਜਿਵੇਂ ਸਮਾਜ ਅੱਗੇ ਵਧਿਆ, ਖਾਸ ਤੌਰ 'ਤੇ ਪੁਨਰ-ਜਾਗਰਣ ਦੇ ਸਮੇਂ ਤੋਂ ਬਾਅਦ ਜਦੋਂ ਨਵੀਂ ਤਕਨੀਕ ਦਾ ਵਿਕਾਸ ਹੋਇਆ, ਤਰਕਸ਼ੀਲਤਾ ਅਤੇ ਤਰਕ ਦੀ ਆਵਾਜ਼ ਵੀ ਵਧਦੀ ਗਈ। ਇਹ ਕੁਝ ਆਧੁਨਿਕ ਫ਼ਲਸਫ਼ਿਆਂ ਵਿੱਚ ਪ੍ਰਤੀਬਿੰਬਤ ਹੋਇਆ ਹੈ। ਹਾਲਾਂਕਿ ਵਿਰੋਧੀ ਤਾਕਤਾਂ ਨੇ ਇਸ ਨੂੰ ਸਹਿਜੇ ਨਹੀਂ ਲਿਆ। ਉਨ੍ਹਾਂ ਵੱਖ-ਵੱਖ ਜੁਗਤਾਂ ਵਰਤੀਆਂ ਹਨ ਅਤੇ ਪੁਰਾਤਨ ਅਤੀਤ ਦੀ ਸ਼ਲਾਘਾ ਕਰਕੇ ਆਪਣੇ ਵਿਚਾਰਾਂ ਨੂੰ ਜਿਉਂਦਾ ਰੱਖਣ ਦਾ ਨਿਰੰਤਰ ਯਤਨ ਕੀਤਾ ਜਾ ਰਿਹਾ ਹੈ, ਕਿਉਂਕਿ ਹਰ ਨਾਗਰਿਕ ਨੂੰ ਸੁਭਾਵਿਕ ਹੀ ਆਪਣੇ ਅਤੀਤ 'ਤੇ ਮਾਣ ਹੁੰਦਾ ਹੈ। ਉਨ੍ਹਾਂ ਪੁਰਾਣੇ ਅਤੀਤ ਬਾਰੇ ਕਈ ਮਨਘੜਤ ਕਹਾਣੀਆਂ ਵੀ ਤਿਆਰ ਕੀਤੀਆਂ ਹਨ। ਵਿਗਿਆਨ ਨੂੰ ਨਕਲੀ ਵਿਗਿਆਨ ਦੁਆਰਾ ਬਦਲਣ ਦਾ ਯਤਨ ਕੀਤਾ ਜਾ ਰਿਹਾ ਹੈ। ਪ੍ਰਧਾਨ ਮੰਤਰੀ ਤੋਂ ਲੈ ਕੇ ਉਨ੍ਹਾ ਦੇ ਭਗਤਾਂ ਦੀ ਫੌਜ ਨੇ ਇਸ ਕੰਮ ਨੂੰ ਸਿਰੇ ਚੜ੍ਹਾਇਆ ਹੈ। ਉਹਨਾ ਨੇ ਕੁਝ ਧਰਮ ਪ੍ਰਚਾਰਕਾਂ ਨੂੰ ਵੀ ਪੁਰਾਤਨ ਵਿਚਾਰਾਂ ਦਾ ਪ੍ਰਚਾਰ ਕਰਕੇ ਉਹਨਾਂ ਦੀ ਸੇਵਾ ਕਰਨ ਲਈ ਨਾਲ ਲਿਆ ਹੈ।

ਇਸ ਕਿਸਮ ਦਾ ਕੂੜ ਪ੍ਰਚਾਰ ਜੀਵਨ ਦੇ ਹਰ ਖੇਤਰ ਵਿੱਚ ਕੀਤਾ ਗਿਆ। ਇੱਥੋਂ ਤੱਕ ਕਿ ਸਿਹਤ ਸੇਵਾਵਾਂ ਨੂੰ ਵੀ ਨਹੀਂ ਛੱਡਿਆ। ਸਾਡੇ ਕੋਲ ਕੋਵਿਡ ਦੇ ਇਲਾਜ ਦੇ ਤੌਰ 'ਤੇ ਗਊ ਮੂਤਰ ਅਤੇ ਗੋਬਰ ਦੀ ਵਰਤੋਂ ਕਰਨ ਬਾਰੇ ਬਿਆਨ ਹਨ, ਭਾਵੇਂ ਕਿ ਇਹ ਸਭ ਨੂੰ ਪਤਾ ਹੈ ਕਿ ਇਹ ਕੂੜਾ ਹਨ, ਜਿਨ੍ਹਾਂ ਦਾ ਕੋਈ ਚਿਕਿਤਸਕ ਮੁੱਲ ਨਹੀਂ ਹੈ। ਇਸ ਤੋਂ ਵੀ ਮਾੜੀ ਗੱਲ ਇਹ ਸੀ ਕਿ 21 ਦਿਨਾਂ ਵਿੱਚ ਕੋਵਿਡ ਤੋਂ ਛੁਟਕਾਰਾ ਪਾਉਣ ਲਈ ਲੋਕਾਂ ਨੂੰ ਤਾੜੀਆਂ ਵਜਾਉਣ, ਥਾਲੀਆਂ ਖੜਕਾਉਣ ਅਤੇ ਦੀਵੇ ਜਗਾਉਣ ਲਈ ਵਰਗਲਾਇਆ ਗਿਆ।

ਪਿਛਲੇ ਦਹਾਕੇ ਵਿੱਚ ਅਜਿਹੇ ਯਤਨਾਂ ਵਿੱਚ ਕਈ ਗੁਣਾ ਵਾਧਾ ਹੋਇਆ ਹੈ। ਪ੍ਰਧਾਨ ਮੰਤਰੀ ਨੇ 2014 ਵਿੱਚ ਚੋਣਾਂ ਤੋਂ ਤੁਰੰਤ ਬਾਅਦ ਮੁੰਬਈ ਵਿੱਚ ਡਾਕਟਰਾਂ ਦੀ ਇੱਕ ਸਭਾ ਨੂੰ ਸੰਬੋਧਨ ਕਰਦਿਆਂ ਕਿਹਾ ਸੀ ਕਿ ਭਾਰਤੀ ਪ੍ਰਾਚੀਨ ਵਿਗਿਆਨ ਏਨਾ ਵਿਕਸਤ ਸੀ ਕਿ ਅਸੀਂ ਹਾਥੀ ਦਾ ਸਿਰ ਮਨੁੱਖੀ ਸਰੀਰ ਉੱਤੇ ਲਾ ਸਕਦੇ ਸੀ। ਇਹ ਕਿ ਭਾਰਤ ਕੋਲ ਉਸ ਵੇਲੇ ਉਡਨ ਖਟੋਲੇ, ਸਟੈਮ ਸੈੱਲ ਰਿਸਰਚ ਅਤੇ ਪ੍ਰਮਾਣੂ ਹਥਿਆਰਾਂ ਦੇ ਬਰਾਬਰ ਸ਼ਕਤੀਸ਼ਾਲੀ ਅਸਤਰ ਵੀ ਸਨ, ਵਰਗੇ ਵਿਚਾਰਾਂ ਦਾ ਪ੍ਰਚਾਰ ਕੀਤਾ ਜਾ ਰਿਹਾ ਹੈ, ਭਾਵੇਂ ਇਹ ਸਭ ਸਬੂਤਾਂ ਤੋਂ ਬਿਨਾਂ ਹਨ। ਅਜਿਹੇ ਤਰਕਹੀਣ ਵਿਚਾਰਾਂ ਵਿੱਚ ਵਿਸ਼ਵਾਸ ਕਰਨ ਲਈ ਲੋਕਾਂ ਦਾ ਦਿਮਾਗ ਨਿਰੰਤਰ ਪ੍ਰਚਾਰ ਦੁਆਰਾ ਤਿਆਰ ਕੀਤਾ ਜਾਂਦਾ ਹੈ। ਇਹ ਤਾਕਤਾਂ ਹਮੇਸ਼ਾ ਆਪਣੇ ਆਲੇ-ਦੁਆਲੇ ਭੀੜ ਇਕੱਠੀ ਕਰਨ ਲਈ ਅਜਿਹੇ ਮਨਘੜਤ ਵਿਚਾਰਾਂ ਦੀ ਵਰਤੋਂ ਕਰਦੀਆਂ ਹਨ। ਪਹਿਲੀ ਵਾਰ ਅਜਿਹਾ 1995 ਵਿੱਚ ਕੀਤਾ ਗਿਆ ਸੀ, ਜਦੋਂ ਗਣੇਸ਼ ਦੀਆਂ ਮੂਰਤੀਆਂ ਦੁੱਧ ਪੀ ਰਹੀਆਂ ਹਨ, ਦਾ ਜ਼ਬਰਦਸਤ ਪ੍ਰਚਾਰ ਕਰਕੇ ਲੋਕਾਂ ਨੂੰ ਉਸ ਵੱਲ ਅੰਨ੍ਹੇਵਾਹ ਪਾਇਆ ਗਿਆ।

ਕੋਵਿਡ ਦੇ ਦੌਰਾਨ ਉਸ ਪ੍ਰਯੋਗ ਨੂੰ ਅੱਗੇ ਵਧਾਉਂਦੇ ਹੋਏ ਲੋਕਾਂ ਨੂੰ ਦੋ ਵਾਰ ਥਾਲੀਆਂ ਖੜਕਾਉਣ ਅਤੇ ਤਾੜੀਆਂ ਵਜਾਉਣ ਅਤੇ 'ਗੋ ਕਰੋਨਾ ਗੋ' ਦੇ ਨਾਹਰੇ ਮਾਰਨ ਲਈ ਵਰਗਲਾਇਆ ਗਿਆ। ਲੋਕਾਂ ਨੇ ਪ੍ਰਧਾਨ ਮੰਤਰੀ ਦੇ ਬਿਆਨ 'ਤੇ ਵਿਸ਼ਵਾਸ ਕੀਤਾ ਕਿ ਜਿਸ ਤਰ੍ਹਾਂ ਅਸੀਂ 18 ਦਿਨਾਂ 'ਚ ਮਹਾਂਭਾਰਤ ਜਿੱਤਿਆ ਸੀ, ਉਸੇ ਤਰਾਂ ਅਸੀਂ 21 ਦਿਨਾਂ 'ਚ ਕੋਰੋਨਾ ਨੂੰ ਹਰਾ ਦੇਵਾਂਗੇ।

ਇਹ ਕੁਝ ਸਮਾਂ ਚੱਲੇਗਾ, ਪਰ ਸੱਚ ਦੀ ਹਮੇਸ਼ਾ ਜਿੱਤ ਹੁੰਦੀ ਹੈ ਅਤੇ ਵਿਗਿਆਨਕ ਗਿਆਨ ਆਖਰਕਾਰ ਅਜਿਹੀਆਂ ਮਿਥਿਹਾਸਕ ਪੁਰਾਣੀਆਂ ਧਾਰਨਾਵਾਂ ਨੂੰ ਪਛਾੜ ਦਿੰਦਾ ਹੈ। ਗੈਲੀਲੀਓ ਅਤੇ ਕੋਪਰਨਿਕਸ ਨੂੰ ਦੁਤਕਾਰੇ ਜਾਣ ਤੋਂ ਕੁਝ ਸਮਾਂ ਬਾਅਦ ਹੀ ਉਨ੍ਹਾਂ ਦੇ ਸਿਧਾਂਤਾਂ ਨੂੰ ਦੁਨੀਆ ਭਰ ਵਿੱਚ ਸਵੀਕਾਰ ਕੀਤਾ ਗਿਆ। ਇਸ ਗਿਆਨ ਨੇ ਮਨੁੱਖ ਦੇ ਹੋਰ ਗ੍ਰਹਿਆਂ ਲਈ ਮਿਸ਼ਨਾਂ ਲਈ ਰਾਹ ਪੱਧਰਾ ਕੀਤਾ।

ਵਿਗਿਆਨਕ ਸੰਘਰਸ਼ ਅੱਜ ਵੀ ਜਾਰੀ ਹਨ। ਜਦੋਂ ਮੇਰੇ ਘਰੇਲੂ ਕਰਮਚਾਰੀ ਨੇ ਮੈਨੂੰ ਪੁੱਛਿਆ-ਕੀ ਪੱਥਰ ਵਿੱਚ ਜਾਨ ਪਾਉਣ ਦੀ ਗੱਲ ਬੇਤੁਕੀ ਨਹੀਂ ਹੈ ਤਾਂ ਮੈਨੂੰ ਲੱਗਿਆ ਕਿ ਅੱਜ ਵੀ ਅਸਪੱਸ਼ਟ ਵਿਚਾਰਾਂ ਨੂੰ ਚੁਣੌਤੀ ਦਿੱਤੀ ਜਾ ਰਹੀ ਹੈ। ਕਈ ਲੋਕਾਂ ਨੇ ਪ੍ਰਾਣ ਪ੍ਰਤਿਸ਼ਠਾ ਦੀ ਰਸਮ ਰਾਹੀਂ ਪੱਥਰ ਵਿੱਚ ਜਾਨ ਪਾਉਣ ਦੇ ਸੰਕਲਪ ਨੂੰ ਚੁਣੌਤੀ ਦਿੱਤੀ ਹੈ।

**# ਸੰਪਰਕ : 94170-00360**

# ਸ਼ਾਨਦਾਰ ਨਿਆਂ ਪ੍ਰਣਾਲੀ ਕਿਵੇਂ ਹੋਵੇ ?

**ਸੁੰਦਰਪਾਲ ਪ੍ਰੇਮੀ**

ਸਮੇਂ ਸਿਰ ਦਿੱਤਾ ਢੁੱਕਵਾਂ, ਨਿਰਪੱਖ ਨਿਆਂ, ਨਿਆਂਪਾਲਿਕਾ ਦੀ 'ਬੱਲੇ-ਬੱਲੇ' ਕਰਾਉਂਦਾ ਹੈ, ਪਰ ਬੇਲੋੜੀ ਦੇਰੀ, ਪੀੜਤ ਨੂੰ ਇਨਸਾਫ਼ ਨਸੀਬ ਨਾ ਹੋਣ ਕਰਕੇ ਨਿਆਂਪਾਲਿਕਾ ਅਲੋਚਨਾ ਦਾ ਪਾਤਰ ਬਣ ਜਾਂਦੀ ਹੈ। ਉੱਚੀ ਪਦਵੀ ਵਾਲੇ, ਸਰਮਾਏਦਾਰ, ਦਬੰਗ ਆਪਣੇ ਕਾਬਲ ਵਕੀਲਾਂ ਰਾਹੀਂ ਨਿਰਦੋਸ਼ ਸਾਬਤ ਹੋਣ ਕਰਕੇ ਸਜ਼ਾ ਤੋਂ ਬਹੁਤੇ ਬਚ ਜਾਂਦੇ ਹਨ। ਫੌਜਦਾਰੀ, ਭ੍ਰਿਸ਼ਟਾਚਾਰ ਦੇ ਕੇਸਾਂ ਵਿੱਚ ਗਵਾਹ ਮੁਕਰਾਉਣ, ਝੂਠੇ ਗਵਾਹ ਭੁਗਤਾਉਣ ਕਰਕੇ ਜ਼ੋਰਾਵਰ ਬਾਇੱਜ਼ਤ ਬਰੀ ਹੋ ਜਾਂਦੇ ਹਨ। ਨਿੱਜੀ ਤਜਰਬੇ ਦੇ ਅਧਾਰ 'ਤੇ ਕਹਿ ਸਕਦਾ ਹਾਂ ਕਿ ਅਦਾਲਤਾਂ ਵਿੱਚ ਝੂਠ ਦਾ, ਭ੍ਰਿਸ਼ਟਾਚਾਰ ਦਾ ਬੋਲਬਾਲਾ ਹੈ।

ਅਦਾਲਤਾਂ ਵਿੱਚ ਬੇਲੋੜੀਆਂ ਤਰੀਕਾਂ ਪਾਉਣ, ਕੇਸਾਂ ਨੂੰ ਲਮਕਾਉਣ ਦਾ ਰੁਝਾਨ ਪ੍ਰਬਲ ਹੋਣ ਕਰਕੇ ਕਈ-ਕਈ ਸਾਲ ਕੇਸ ਲਟਕਦੇ ਰਹਿੰਦੇ ਹਨ। ਖੱਜਲ-ਖੁਆਰੀ ਦਾ ਖਰਚੇ ਦਾ ਅੱਡ ਸੰਤਾਪ ਭੋਗਣ ਲਈ ਮਜਬੂਰ ਹੋਣਾ ਪੈਂਦਾ ਹੈ। ਸ਼ਹੀਦ ਭਗਤ ਸਿੰਘ ਦੇ ਰਿਸ਼ਤੇਦਾਰ ਨਾਲ ਪੁਲਸ ਵੱਲੋਂ ਕੀਤੇ ਅਣਮਨੁੱਖੀ ਕਤਲ ਦੇ ਕੇਸ ਦਾ ਫੈਸਲਾ ਪੰਚੀ ਸਾਲ ਬਾਅਦ ਹੋਣ ਦੇ ਬਾਵਜੂਦ ਹੇਠਲੀ ਅਦਾਲਤ ਤੋਂ ਕਾਬਲੇਤਾਰੀਫ਼ ਨਿਆਂ ਨਸੀਬ ਨਾ ਹੋਇਆ। ਸਿਰਫ ਪੰਜ-ਪੰਜ ਸਾਲ ਦੀ ਸਜ਼ਾ ਅਦਾਲਤ ਵੱਲੋਂ ਸੁਣਾਈ ਗਈ ਸੀ। ਸੱਚ ਪੁੱਛੋ ਤਾਂ ਆਮ ਆਦਮੀ, ਸ਼ਰੀਫ, ਗਰੀਬ ਅਜੇ ਵੀ ਨਿਆਂ/ਇਨਸਾਫ਼ ਤੋਂ ਵਾਂਝੇ ਹਨ। ਨਿਆਂਪਾਲਿਕਾ ਦੀ ਕਾਰਗੁਜ਼ਾਰੀ ਨੂੰ ਚੁਸਤ-ਦਰੁਸਤ, ਪ੍ਰਸ਼ੰਸਾਯੋਗ ਬਣਾਉਣ ਦਾ ਅਹਿਮ, ਭਖਵਾਂ ਸੁਆਲ ਸਾਡੇ ਸਾਹਮਣੇ ਚੁਣੌਤੀ ਦੇ ਰੂਪ ਵਿੱਚ ਖੜ੍ਹਾ ਹੈ। ਨਿਆਂਪਾਲਿਕਾ ਨੂੰ ਸਮੇਂ ਦਾ ਹਾਣੀ ਬਣਾਉਣ ਲਈ, ਦੁਖੀਆਂ ਨੂੰ ਸਮੇਂ ਸਿਰ ਨਿਆਂ ਮਿਲਣ ਲਈ, ਸਮਾਂ-ਸੀਮਾ ਨਿਸ਼ਚਤ ਕੀਤੀ ਜਾਵੇ। ਕੇਸਾਂ ਦੇ ਨਿਪਟਾਰੇ ਲਈ ਕੇਸ ਅਨੁਸਾਰ ਲਛਮਣ ਰੇਖਾ ਖਿੱਚਣੀ ਬਣਦੀ ਹੈ। ਮਿਸਾਲ ਵਜੋਂ ਜਬਰ-ਜ਼ਨਾਹ ਵਾਲੇ, ਤੇਜ਼ਾਬੀ ਹਮਲੇ ਵਾਲੇ ਕੇਸਾਂ ਦਾ ਫੈਸਲਾ ਸਪੈਸ਼ਲ ਅਦਾਲਤਾਂ ਵੱਲੋਂ ਤਿੰਨ-ਚਾਰ ਮਹੀਨਿਆਂ ਵਿੱਚ ਕਰਕੇ ਨਿਆਂ ਦੀ ਮਿਸਾਲ ਕਾਇਮ ਕੀਤੀ ਜਾਵੇ। ਪੀੜਤ ਦੇ ਬਿਆਨ, ਮੈਡੀਕਲ ਰਿਪੋਰਟ ਨੂੰ ਕੇਸ ਦਾ ਅਧਾਰ ਬਣਾਇਆ ਜਾਵੇ। ਸਧਾਰਨ ਕੇਸ ਸਾਲ, ਡੇਢ ਸਾਲ, ਕਤਲ ਦੇ ਕੇਸ ਨੂੰ ਵੱਧ ਤੋਂ ਵੱਧ ਤਿੰਨ ਸਾਲਾਂ ਵਿੱਚ ਅਦਾਲਤ ਫੈਸਲਾ ਸੁਣਾਉਣ ਲਈ ਪਾਬੰਦ ਹੋਵੇ। ਨਿਸ਼ਚਤ ਸਮੇਂ ਤੋਂ ਵੱਧ ਲਾਉਣ ਵਾਲੇ ਜੱਜ ਦੀ ਸੰਬੰਧਤ ਰਾਜ ਦੀ ਹਾਈ ਕੋਰਟ ਵੱਲੋਂ ਪੁੱਛ-ਪੜਤਾਲ ਕੀਤੀ ਜਾਵੇ। ਸਮੇਂ ਸਿਰ ਚੰਗੇ ਫੈਸਲੇ ਕਰਨ ਵਾਲੇ ਜੱਜ ਦੀ ਗੁਪਤ ਰਿਪੋਰਟ ਸ਼ਾਨਦਾਰ ਲਿਖੀ ਜਾਵੇ। ਅਦਾਲਤ ਵਿੱਚ ਗਵਾਹ ਵੱਲੋਂ ਦਿੱਤੇ ਬਿਆਨਾਂ ਨੂੰ ਦੁਹਰਾਇਆ ਨਾ ਜਾਵੇ। ਮੁਕਰਨ ਵਾਲੇ ਗਵਾਹ ਨੂੰ ਸਜ਼ਾ ਦਾ ਭਾਗੀ ਬਣਾਉਣਾ ਚਾਹੀਦੈ। ਨਿਸ਼ਚਤ ਸਮੇਂ ਅੰਦਰ ਚਲਾਨ ਨਾ ਪੇਸ਼ ਕਰਨ ਵਾਲੇ ਸੰਬੰਧਤ ਪੁਲਸ ਅਧਿਕਾਰੀ ਨੂੰ ਦੋਸ਼ੀ ਮੰਨਿਆ ਜਾਣਾ ਚਾਹੀਦੈ। ਹਾਈ ਕੋਰਟ ਵਿੱਚ ਕੇਸਾਂ ਦੇ ਨਿਪਟਾਰੇ ਲਈ ਸੁਪਰੀਮ ਕੋਰਟ ਵੱਲੋਂ ਕੇਸ ਅਨੁਸਾਰ ਸਮਾਂ-ਸੀਮਾ ਨਿਰਧਾਰਤ ਕੀਤੀ ਜਾਣੀ ਚਾਹੀਦੀ ਹੈ। ਲੰਮੇ ਸਮੇਂ ਤੋਂ ਪਏ ਕੇਸਾਂ ਨਾਲ ਸੰਬੰਧਤ ਜੱਜਾਂ ਤੋਂ ਪੁੱਛ-ਪੜਤਾਲ ਕਰਨੀ ਬਣਦੀ ਹੈ। ਸੁਪਰੀਮ ਕੋਰਟ ਖੁਦ ਵੀ ਕੇਸ ਅਨੁਸਾਰ ਸਮਾਂ ਨਿਸ਼ਚਤ ਕਰੇ। ਕੇਸਾਂ ਵਿੱਚ ਫੁਰਤੀ ਲਿਆਉਣ ਲਈ ਚਿਰਾਂ ਤੋਂ ਖਾਲੀ ਪਈਆਂ ਜੱਜਾਂ ਦੀਆਂ ਪੋਸਟਾਂ ਭਰਨ ਲਈ ਕੇਂਦਰ ਸਰਕਾਰ ਦੇ ਧਿਆਨ ਵਿੱਚ ਸੁਪਰੀਮ ਕੋਰਟ ਲਿਆਉਂਦੀ ਰਹੇ। ਮਾਨਯੋਗ ਅਦਾਲਤਾਂ ਕਿਸੇ ਵੀ ਕੇਸ ਨੂੰ ਉੱਠ ਦਾ ਬੁੱਲ੍ਹ ਬਣਾਉਣ ਤੋਂ ਹਰ ਹਾਲਤ ਗੁਰੇਜ਼ ਕਰਨਾ ਸਮੇਂ ਸਿਰ ਫੈਸਲੇ ਕਰਕੇ ਵਧਾਈ ਦੀਆਂ ਹੱਕਦਾਰ ਬਣਨ। 'ਜਸਟਿਸ ਡਿਲੇਡ, ਜਸਟਿਸ ਡਿਨਾਈਡ' ਦੀ ਸੁਨਹਿਰੀ ਕਹਾਵਤ ਨੂੰ ਅਦਾਲਤਾਂ ਮਨ ਵਿੱਚ ਵਸਾਉਣ। ਨਿਰਪੱਖਤਾ, ਪਾਰਦਰਸ਼ਤਾ, ਇਮਾਨਦਾਰੀ, ਸੁਹਿਰਦਤਾ ਦੇ ਕਾਬਲੇ-ਤਾਰੀਫ ਅਸੂਲਾਂ ਨੂੰ ਅਦਾਲਤਾਂ ਨਿਆਂ ਦਾ ਅਹਿਮ ਅੰਗ ਬਣਾਉਣ ਵਿੱਚ ਅੱਗੇ ਆਉਣ। ਮਾਨਯੋਗ ਸੁਪਰੀਮ ਕੋਰਟ, ਹਾਈ ਕੋਰਟ ਦੀਆਂ, ਹਾਈ ਕੋਰਟ ਸੰਬੰਧਤ ਸੂਬੇ ਦੀਆਂ ਹੇਠਲੀਆਂ ਅਦਾਲਤਾਂ ਤੋਂ ਕੇਸਾਂ ਦੀ ਸਮੇਂ-ਸਮੇਂ ਜਾਣਕਾਰੀ ਲੈਣ। ਦੇਰੀ ਵਾਲੇ ਕੇਸਾਂ 'ਤੇ ਪ੍ਰਸ਼ਨ ਚਿੰਨ੍ਹ ਲਾਇਆ ਜਾਵੇ।

ਸਮੇਂ ਸਿਰ ਫੈਸਲਾ ਕਰਨ ਵਾਲੇ ਜੱਜਾਂ ਦੀਆਂ ਗੁਪਤ ਰਿਪੋਰਟਾਂ ਸ਼ਾਨਦਾਰ ਲਿਖੀਆਂ ਜਾਣ। ਦੂਸਰਿਆਂ ਦੀ ਮੈਰਿਟ ਪਿਛਾਂਹ ਕੀਤੀ ਜਾਵੇ। ਤਰੀਕਾਂ ਦੀਆਂ ਅਦਾਲਤਾਂ ਅਖਵਾਉਣ ਤੋਂ ਹਰ ਹਾਲਤ ਕਿਨਾਰਾ ਕੀਤਾ ਜਾਵੇ। ਮਾਨਯੋਗ ਜੱਜਾਂ ਦੀ ਕਮੀ ਦੂਰ ਕਰਨ ਵਿੱਚ ਕੇਂਦਰ ਸਰਕਾਰ ਆਪਣਾ ਨੈਤਿਕ ਫਰਜ਼ ਸਮਝੇ। ਸੁਪਰੀਮ ਕੋਰਟ ਵੱਲੋਂ ਕੇਂਦਰ ਸਰਕਾਰ ਨੂੰ ਖਾਲੀ ਪੋਸਟਾਂ ਦੀ ਭੇਜੀ ਸੂਚੀ ਨੂੰ ਅਮਲ ਵਿੱਚ ਲਿਆਉਣ ਤੋਂ ਕਿਸੇ ਕੀਮਤ ਦੇਰੀ ਨਾ ਕਰੇ। ਅਦਾਲਤਾਂ ਦੇ ਸਮੁੱਚੇ ਢਾਂਚੇ ਵਿੱਚ ਕਾਇਆ-ਕਲਪ ਤਾਂ ਹੋ ਸਕਦੀ ਹੈ, ਜੇ ਉਪਰੋਕਤ ਅਹਿਮ ਸੁਝਾਵਾਂ ਨੂੰ ਅਮਲੀ ਰੂਪ ਦਿੱਤਾ ਜਾਵੇ। ਫਿਰ ਹੀ ਅਦਾਲਤਾਂ ਦੀ ਕਾਰਗੁਜ਼ਾਰੀ ਹਰਮਨ-ਪਿਆਰੀ ਹੋ ਸਕਦੀ ਹੈ। ਸਹੀ, ਸਮੇਂ ਸਿਰ ਦਿੱਤੇ ਨਿਆਂ ਦੀ ਤਾਰੀਫ਼ ਕੀਤੀ ਜਾਵੇ।

**# ਸੰਪਰਕ : 98140-51099**

*( ਭਗਤ ਸਿੰਘ ਨੇ 'ਅਛੂਤ ਦਾ ਸਵਾਲ' ਨਾਂਅ ਦਾ ਲੇਖ ਲਿਖਿਆ, ਜੋ ਕਿਰਤੀ ਵਰਗ ਦੀ ਤਾਕਤ ਤੇ ਕਮਜ਼ੋਰੀ ਦਾ ਜਾਇਜ਼ਾ ਲੈ ਕੇ, ਉਨ੍ਹਾਂ ਨੂੰ ਤਰੱਕੀ ਕਰਨ ਲਈ ਠੋਸ ਸੁਝਾਅ ਦਿੰਦਾ ਹੈ। ਇਹ ਲੇਖ ਜੂਨ, 1928 ਦੇ 'ਕਿਰਤੀ' ਰਿਸਾਲੇ ਵਿੱਚ 'ਵਿਦਰੋਹੀ' ਦੇ ਕਲਮੀ ਨਾਂਅ ਹੇਠ ਛਪਿਆ ਸੀ।)*

# ਦਰਦ-ਏ-ਦਲਿਤ ਬਿਆਨ ਕਰਦੀ ਸ਼ਹੀਦ ਭਗਤ ਸਿੰਘ ਦੀ ਰਚਨਾ 'ਅਛੂਤ ਦਾ ਸਵਾਲ'

**ਪੇਸ਼ਕਸ਼ - ਪ੍ਰਭਜੀਤ ਸਿੰਘ ਰਸੂਲਪੁਰ**

### ਸਮਾਜਿਕ ਇਨਕਲਾਬ ਲਈ ਉੱਠੋ

ਸਾਡੇ ਮੁਲਕ ਜਿੰਨੀ ਭੈੜੀ ਹਾਲਤ ਕਿਸੇ ਹੋਰ ਮੁਲਕ ਦੀ ਨਹੀਂ ਹੋਣੀ। ਇੱਥੇ ਅਜੀਬ ਤੋਂ ਅਜੀਬ ਸਵਾਲ ਪੈਦਾ ਹੁੰਦੇ ਹਨ। ਇਕ ਬੜਾ ਹੀ ਭਾਰੀ ਸਵਾਲ ਅਛੂਤ ਦਾ ਹੈ। ਸਵਾਲ ਇਹ ਕੀਤਾ ਜਾਂਦਾ ਹੈ ਕਿ 30 ਕਰੋੜ ਦੀ ਆਬਾਦੀ ਵਾਲੇ ਮੁਲਕ ਵਿਚ ਜੋ 6 ਕਰੋੜ ਆਦਮੀ ਅਛੂਤ ਕਹਾਉਂਦੇ ਹਨ, ਉਨ੍ਹਾਂ ਨਾਲ ਛੂਹ ਲੈਣ ਨਾਲ ਧਰਮ ਭ੍ਰਿਸ਼ਟ ਤੇ ਨਹੀਂ ਹੋਵੇਗਾ? ਕੀ ਉਨ੍ਹਾਂ ਨੂੰ ਮੰਦਰਾਂ ਵਿਚ ਜਾਣ ਦੇਣ ਨਾਲ ਦੇਵਤੇ ਨਾਰਾਜ਼ ਤੇ ਨਹੀਂ ਹੋ ਜਾਣਗੇ ? ਕੀ ਉਨ੍ਹਾਂ ਦੇ ਖੂਹ ਤੋਂ ਪਾਣੀ ਕੱਢ ਲੈਣ ਨਾਲ ਖੂਹ ਪਲੀਤ ਤੇ ਨਹੀਂ ਹੋ ਜਾਵੇਗਾ ? ਇਹ ਸਵਾਲ ਵੀਹਵੀਂ ਸਦੀ ਵਿਚ ਕੀਤੇ ਜਾ ਰਹੇ ਹਨ, ਜਿਨ੍ਹਾਂ ਨੂੰ ਸੁਣਦਿਆਂ ਹੀ ਸ਼ਰਮ ਆਉਂਦੀ ਹੈ।

ਸਾਡਾ ਮੁਲਕ ਬੜਾ ਅਧਿਆਤਮਵਾਦੀ ਯਾਨੀ ਰੂਹਾਨੀਅਤ ਪਸੰਦ ਹੈ, ਅਸੀਂ ਮਨੁੱਖ ਨੂੰ ਮਨੁੱਖ ਦਾ ਦਰਜਾ ਦੇਣੋਂ ਵੀ ਝਿਜਕਦੇ ਹਾਂ ਤੇ ਉਹ ਬਿਲਕੁਲ ਹੀ ਮਾਇਆਧਾਰੀ ਕਹਾਉਣ ਵਾਲਾ ਯੂਰਪ ਕਈ ਸਦੀਆਂ ਤੋਂ ਇਕਮਈ ਦਾ ਸ਼ੋਰ ਮਚਾ ਰਿਹਾ ਹੈ। ਉਨ੍ਹਾਂ Equality (ਬਰਾਬਰੀ) ਦਾ ਐਲਾਨ ਅਮਰੀਕਾ ਅਤੇ ਫ਼ਰਾਂਸ ਦੇ ਇਨਕਲਾਬ ਵਿਚ ਹੀ ਕਰ ਦਿੱਤਾ ਸੀ ਤੇ ਅੱਜ ਰੂਸ ਨੇ ਹੋਰ ਵੀ ਕਿਸੇ ਕਿਸਮ ਦਾ ਭਿੰਨ-ਭੇਦ ਮਿਟਾਉਣ ਦੀ ਖ਼ਾਤਰ ਇਕਮਈ ਦੇ ਅਸੂਲ 'ਤੇ ਲੱਕ ਬੱਧਾ ਹੋਇਆ ਹੈ ਤੇ ਅਸੀਂ ਸਦਾ ਹੀ ਆਤਮਾ-ਪਰਮਾਤਮਾ ਦੇ ਰੋਣੇ ਰੋਣ ਵਾਲੇ ਅੱਜ ਵੀ ਇਸ ਗੱਲ 'ਤੇ ਜ਼ੋਰ ਨਾਲ ਬਹਿਸ ਕਰਕੇ ਕਿ ਕੀ ਅਛੂਤਾਂ ਨੂੰ ਜਨੇਊ ਦੇ ਦਿੱਤਾ ਜਾਵੇਗਾ? ਕੀ ਉਹ ਵੇਦ ਸ਼ਾਸਤਰ ਪੜ੍ਹਨ ਦੇ ਹੱਕਦਾਰ ਹਨ ਕਿ ਨਹੀਂ ? ਅਸੀਂ ਨਾ-ਮਨਜ਼ੂਰ ਕਰ ਦਿੰਦੇ ਹਾਂ ਅਤੇ ਸਾਨੂੰ ਸ਼ਿਕਾਇਤ ਇਹ ਹੈ ਕਿ ਦੂਜੇ ਮੁਲਕਾਂ ਵਿਚ ਸਾਡੇ ਨਾਲ ਸਲੂਕ ਚੰਗਾ ਨਹੀਂ ਹੁੰਦਾ। ਗੋਰੇਸ਼ਾਹੀ ਵਿਚ ਸਾਨੂੰ ਗੋਰੇ ਦੇ ਬਰਾਬਰ ਨਹੀਂ ਸਮਝਿਆ ਜਾਂਦਾ। ਕੀ ਸਾਨੂੰ ਇਹ ਸ਼ਿਕਾਇਤ ਕਰਨ ਦਾ ਹੱਕ ਹੈ ?

ਸਿੰਧ ਦੇ ਇਕ ਮੁਸਲਮਾਨ ਸੱਜਣ ਮਿ. ਨੂਰ ਮੁਹੰਮਦ ਮੈਂਬਰ ਬੰਬਈ ਕੌਂਸਲ ਨੇ ਇਸ ਮਾਮਲੇ 'ਤੇ ਕਹਿੰਦੇ ਹਨ ਕਿ ਜਦੋਂ ਤੁਸੀਂ ਇਕ ਇਨਸਾਨ ਨੂੰ ਪੀਣ ਵਾਸਤੇ ਪਾਣੀ ਦੇਣ ਤੋਂ ਇਨਕਾਰੀ ਹੋ ਜਾਂ ਜਦੋਂ ਤੁਸੀਂ ਉਨ੍ਹਾਂ ਨੂੰ ਮਦਰੱਸੇ ਵਿਚ ਪੜ੍ਹਨ ਵੀ ਨਹੀਂ ਦੇਂਦੇ, ਤਾਂ ਤੁਹਾਡਾ ਕੀ ਹੱਕ ਹੈ ਕਿ ਆਪਣੇ ਵਾਸਤੇ ਹਕੂਕ ਮੰਗੋ ? ਗੱਲ ਬੜੀ ਸੱਚੀ ਹੈ, ਪਰ ਇਹ ਚੂੰਕਿ ਇਕ ਮੁਸਲਮਾਨ ਨੇ ਕਹੀ ਹੈ, ਇਸ ਵਾਸਤੇ ਹਿੰਦੂ ਕਹਿਣ ਲੱਗ ਪੈਂਦੇ ਹਨ, ਦੇਖੋ ਜੀ, ਉਹ ਉਨ੍ਹਾਂ ਅਛੂਤਾਂ ਨੂੰ ਮੁਸਲਮਾਨ ਬਣਾ ਕੇ ਆਪਣੇ ਵਿਚ ਰਲਾਉਣਾ ਚਾਹੁੰਦੇ ਹਨ। ਉਨ੍ਹਾਂ ਤੇ ਸਾਫ਼ ਮੰਨ ਲਿਆ ਹੈ ਕਿ ਜਦੋਂ ਤੁਸੀਂ ਉਨ੍ਹਾਂ ਨੂੰ ਇਸ ਤਰ੍ਹਾਂ ਪਸ਼ੂਆਂ ਨਾਲੋਂ ਵੀ ਗਿਆ-ਗੁਜ਼ਰਿਆ ਸਮਝੋਗੇ ਤਾਂ ਉਹ ਜ਼ਰੂਰ ਹੀ ਦੂਜਿਆਂ ਮਜ਼ਹਬਾਂ ਵਿਚ ਜਾ ਸ਼ਾਮਲ ਹੋਣਗੇ। ਜਿਨ੍ਹਾਂ ਵਿਚ ਕਿ ਉਨ੍ਹਾਂ ਨੂੰ ਵਧੇਰੇ ਅਧਿਕਾਰ ਮਿਲਣਗੇ, ਜਿੱਥੇ ਕਿ ਉਨ੍ਹਾਂ ਨਾਲ ਆਦਮੀਆਂ ਵਾਲਾ ਸਲੂਕ ਕੀਤਾ ਜਾਵੇਗਾ। ਫੇਰ ਇਹ ਕਹਿਣਾ ਕਿ ਦੇਖੋ ਜੀ ਈਸਾਈ ਤੇ ਮੁਸਲਮਾਨ ਹਿੰਦੂ ਕੌਮ ਨੂੰ ਨੁਕਸਾਨ ਪਹੁੰਚਾ ਰਹੇ ਹਨ, ਫਜ਼ੂਲ ਹੋਵੇਗਾ।

ਹੈ ? ਤੇ ਕੀ ਉਨ੍ਹਾਂ ਨੂੰ ਵੇਦ ਸ਼ਾਸਤਰ ਪੜ੍ਹਨ ਦਾ ਹੱਕ ਹੈ ? ਬੜੇ-ਬੜੇ Reformer (ਸਮਾਜ ਸੁਧਾਰਕ) ਗਰਮ ਹੋ ਪਏ, ਪਰ ਲਾਲਾ ਜੀ ਨੇ ਸਭ ਨੂੰ ਸਮਝਾ ਲਿਆ ਤੇ ਇਹ ਦੋਵੇਂ ਗੱਲਾਂ ਮਨਜ਼ੂਰ ਕਰ ਕੇ ਹਿੰਦੂ ਧਰਮ ਦੀ ਲਾਜ ਰੱਖ ਲਈ। ਨਹੀਂ ਤਾਂ ਕਿੱਥੇ ਠਿਕਾਣਾ ਸੀ, ਜ਼ਰਾ ਸੋਚੋ ਤਾਂ ਸਹੀ, ਕਿੱਡੀ ਸ਼ਰਮ ਦੀ ਗੱਲ ਹੈ। ਕੁੱਤਾ ਸਾਡੀ ਗੋਦੀ ਵਿਚ ਬੈਠ ਸਕਦਾ ਹੈ, ਸਾਡੇ ਚੌਂਕੇ ਵਿਚ ਨਿਸੰਗ ਫਿਰਦਾ ਹੈ, ਪਰ ਇਕ ਅਛੂਤ ਆਦਮੀ ਸਾਡੇ ਨਾਲ ਛੂਹ ਜਾਵੇ ਤਾਂ ਬੱਸ ਧਰਮ ਖ਼ਰਾਬ ਹੋ ਜਾਂਦਾ ਹੈ। ਫੇਰ ਤਾਂ ਪੰਡਿਤ ਮਾਲਵੀਆ ਜੀ ਜੈਸੇ ਬੜੇ ਸਮਾਜ ਸੁਧਾਰਕ, ਅਛੂਤਾਂ ਦੇ ਬੜੇ ਪ੍ਰੇਮੀ, ਹੋਰ ਵੀ ਨਾ ਜਾਣੇ ਕੀ-ਕੀ-ਪਹਿਲੋਂ ਇਕ ਅਛੂਤ ਹੱਥੋਂ ਹਾਰ ਪੁਆ ਲੈਂਦੇ ਹਨ, ਪਿੱਛੋਂ ਕੱਪੜਿਆਂ ਸਮੇਤ ਇਸ਼ਨਾਨ ਕੀਤੇ ਬਿਨਾਂ ਆਪਣੇ ਆਪ ਨੂੰ ਅਸ਼ੁੱਧ ਸਮਝਦੇ ਹਨ। ਕਿਆ ਖੂਬ ਚਾਲ ਹੈ ! ਸਭ ਨੂੰ ਪਿਆਰ ਕਰਨ ਵਾਲਾ ਰੱਬ ! ਉਸ ਦੀ ਪੂਜਾ ਕਰਨ ਵਾਸਤੇ ਜੋ ਮੰਦਰ ਬਣਿਆ ਹੈ, ਉਥੇ ਜੇਕਰ ਉਹ ਗ਼ਰੀਬ ਜਾ ਵੜੇ ਤਾਂ ਮੰਦਰ ਪਲੀਤ ਹੋ ਜਾਂਦਾ ਹੈ, ਰੱਬ ਨਾਰਾਜ਼ ਹੋ ਜਾਂਦਾ ਹੈ। ਘਰ ਦੀ ਇਹ ਹਾਲਤ ਹੋਵੇ ਤੇ ਬਾਹਰ ਅਸੀਂ Equality ਜਾਂ ਬਰਾਬਰੀ ਦੇ ਨਾਂਅ 'ਤੇ ਝਗੜਦੇ ਚੰਗੇ ਲੱਗਦੇ ਹਾਂ ? ਫੇਰ ਸਾਡੇ ਇਸ ਰਵੱਈਏ ਵਿਚ ਕ੍ਰਿਤਘਣਤਾ ਦੀ ਵੀ ਹੱਦ ਪਾਈ ਜਾਂਦੀ ਹੈ। ਜੋ ਸਾਡੇ ਵਾਸਤੇ ਨੀਚ ਕੰਮ ਕਰ ਕੇ ਸਾਡੇ ਸੁੱਖਾਂ ਵਿਚ ਵਾਧਾ ਕਰਦੇ ਹਨ, ਉਨ੍ਹਾਂ ਨੂੰ ਅਸੀਂ ਪਰ੍ਹੇ-ਪਰ੍ਹੇ ਕਰਦੇ ਹਾਂ। ਜਾਨਵਰਾਂ ਦੀ ਪੂਜਾ ਕਰ ਸਕਦੇ ਹਾਂ, ਪਰ ਇਨਸਾਨਾਂ ਨੂੰ ਕੋਲ ਵੀ ਨਹੀਂ ਬਿਠਾ ਸਕਦੇ ? ਅੱਜ ਇਸ ਸਵਾਲ 'ਤੇ ਬਹੁਤ ਸ਼ੋਰ ਹੋ ਰਿਹਾ ਹੈ : ਉਨ੍ਹਾਂ ਵਿਚਾਰਿਆਂ ਵੱਲ ਅੱਜਕੱਲ੍ਹ ਖ਼ਾਸ ਧਿਆਨ ਦਿੱਤਾ ਜਾ ਰਿਹਾ ਹੈ। ਮੁਲਕ ਵਿਚ ਆਜ਼ਾਦੀ ਦਾ ਜੋ ਵਿਕਾਸ ਹੋ ਰਿਹਾ ਹੈ, ਉਸ ਵਿਚ ਫਿਰਕਾਦਾਰਾਨਾ ਸਿਆਸਤ ਨੇ ਹੋਰ ਕੋਈ ਫਾਇਦਾ ਕੀਤਾ ਹੋਵੇ ਜਾਂ ਨਾ ਕੀਤਾ ਹੋਵੇ, ਇਹ ਫ਼ਾਇਦਾ ਜ਼ਰੂਰ ਕੀਤਾ ਹੈ ਕਿ ਵਧੀਕ ਹਕੂਕ ਮੰਗਣ ਵਾਸਤੇ ਆਪਣੀ ਕੌਮ ਦੀ ਗਿਣਤੀ ਵਧਾਉਣ ਦਾ ਫ਼ਿਕਰ ਸਭਨਾਂ ਨੂੰ ਪਿਆ। ਮੁਸਲਮਾਨਾਂ ਨੇ ਜ਼ਰਾ ਵਧੇਰੇ ਜ਼ੋਰ ਦਿੱਤਾ। ਉਨ੍ਹਾਂ ਨੂੰ ਆਦਮੀ ਦੇ ਹਕੂਕ ਦੇਣੇ ਸ਼ੁਰੂ ਕਰ ਦਿੱਤੇ। ਹੁਣ ਹਿੰਦੂਆਂ ਦੇ ਵੀ ਸੱਟ ਵੱਜੀ। ਜ਼ਿੱਦ ਵਧੀ। ਫ਼ਸਾਦ ਵੀ ਹੋਏ। ਖ਼ੈਰ ! ਹੌਲੀ-ਹੌਲੀ ਸਿੱਖਾਂ ਵਿਚ ਵੀ ਖ਼ਿਆਲ ਪੈਦਾ ਹੋਇਆ ਕਿ ਅਸੀਂ ਪਿੱਛੇ ਨਾ ਰਹਿ ਜਾਈਏ। ਸੋ ਉਨ੍ਹਾਂ ਵੀ ਅੰਮ੍ਰਿਤ ਛਕਾਉਣਾ ਸ਼ੁਰੂ ਕਰ ਦਿੱਤਾ। ਹਿੰਦੂਆਂ-ਸਿੱਖਾਂ ਵਿਚ ਅਛੂਤਾਂ ਦੇ ਜਨੇਊ ਲਾਹੁਣ ਜਾਂ ਕੇਸ ਕਟਾਉਣ ਦੇ ਸਵਾਲਾਂ 'ਤੇ ਝਗੜੇ ਹੋਏ। ਹੁਣ ਤਿੰਨੇ ਕੌਮਾਂ ਉਨ੍ਹਾਂ ਨੂੰ ਆਪਣੇ ਵੱਲ ਖਿੱਚ ਰਹੀਆਂ ਹਨ ਤੇ ਬੜਾ ਸ਼ੋਰ-ਸ਼ਰਾਬਾ ਹੈ। ਉਧਰ ਇਸਾਈ ਚੁੱਪਚਾਪ ਉਨ੍ਹਾਂ ਦਾ ਰੁਤਬਾ ਵਧਾ ਰਹੇ ਹਨ। ਇਸ ਸਾਰੀ ਹਲਚਲ ਨਾਲ ਹਿੰਦੋਸਤਾਨ ਦੀ ਲਾਹਨਤ ਦੂਰ ਹੋ ਰਹੀ ਹੈ।

ਇਧਰ ਜਦ ਅਛੂਤਾਂ ਦੇਖਿਆ ਕਿ ਸਾਡੀ ਖ਼ਾਤਰ ਇਨ੍ਹਾਂ ਵਿਚ ਫਸਾਦ ਹੋ ਰਿਹਾ ਹੈ ਅਤੇ ਸਾਨੂੰ ਹਰ ਕੋਈ ਆਪਣੀ ਖ਼ੁਰਾਕ ਸਮਝ ਰਿਹਾ ਹੈ ਤਾਂ ਅਸੀਂ ਵੱਖਰੇ ਹੀ ਕਿਉਂ ਨਾ ਸੰਗਠਿਤ ਹੋਈਏ। ਇਸੇ ਖ਼ਿਆਲ ਨੂੰ ਸ਼ੁਰੂ ਕਰਨ ਵਿਚ ਸਰਕਾਰ ਅੰਗਰੇਜ਼ੀ ਦਾ ਕੋਈ ਹੱਥ ਹੋਵੇ ਜਾਂ ਨਾ ਹੋਵੇ, ਇੰਨਾ ਜ਼ਰੂਰ ਹੈ ਕਿ ਉਸ ਦੇ ਪ੍ਰਚਾਰ ਵਿਚ ਸਰਕਾਰੀ ਆਦਮੀਆਂ ਦਾ ਵੀ ਕਾਫੀ ਹੱਥ ਹੈ/ਸੀ। ਆਦਿ ਧਰਮ ਮੰਡਲ ਆਦਿ ਉਸੇ ਵਿਚਾਰ ਦੇ ਪ੍ਰਚਾਰ ਦਾ ਨਤੀਜਾ ਹਨ। ਹੁਣ ਇਕ ਸਵਾਲ ਹੋਰ ਉੱਠਦਾ ਹੈ ਕਿ ਇਸ ਮਸਲੇ ਦਾ ਠੀਕ-ਠਾਕ ਹੱਲ ਕੀ ਹੈ ?

ਇਸ ਦਾ ਜਵਾਬ ਬੜਾ ਸੋਹਲ ਹੈ। ਸਭ ਤੋਂ ਪਹਿਲਾਂ ਇਹ ਫੈਸਲਾ ਕਰ ਲੈਣਾ ਚਾਹੀਦਾ ਹੈ ਕਿ ਸਭ ਇਨਸਾਨ ਇਕੋ ਜਿਹੇ ਹਨ ਅਤੇ ਨਾ ਤੇ ਜਨਮ ਨਾਲ ਕੋਈ ਤਿੰਨ-ਭੇਦ ਪੈਂਦਾ ਹੈ ਤੇ ਨਾ ਹੀ ਕੰਮ-ਕਾਜ ਨਾਲ। ਯਾਨੀ ਚੂੰਕਿ ਇਕ ਆਦਮੀ ਗ਼ਰੀਬ ਭੰਗੀ ਦੇ ਘਰ ਪੈਦਾ ਹੋ ਗਿਆ ਹੈ, ਇਸ ਕਰ ਕੇ ਸਾਰੀ ਉਮਰ ਟੱਟੀਆਂ ਹੀ ਸਾਫ਼ ਕਰੇਗਾ ਤੇ ਦੁਨੀਆ ਵਿਚ ਕਿਸੇ ਕਿਸਮ ਦੀ ਤਰੱਕੀ ਦਾ ਉਸ ਨੂੰ ਕੋਈ ਹੱਕ ਨਹੀਂ। ਇਹ ਗੱਲਾਂ ਫ਼ਜ਼ੂਲ ਹਨ। ਇਸ ਵਰਗੇ ਆਦਮੀਆਂ ਨਾਲ ਜਦੋਂ ਸਾਡੇ ਬਜ਼ੁਰਗ ਆਰੀਅਨ ਲੋਕਾਂ ਨੇ ਇਹ ਜ਼ੁਲਮ ਕੀਤਾ ਅਤੇ ਉਨ੍ਹਾਂ ਨੂੰ ਨੀਚ ਕਹਿ ਕੇ ਪਰ੍ਹੇ ਕਰ ਦਿੱਤਾ ਅਤੇ ਨੀਚ ਕੰਮ ਕਰਾਉਣ ਲੱਗ ਪਏ ਅਤੇ ਨਾਲ ਹੀ ਇਹ ਵੀ ਫ਼ਿਕਰ ਪਿਆ ਕਿ ਕਿਤੇ ਇਹ ਬਗ਼ਾਵਤ ਨਾ ਕਰ ਦੇਣ, ਤਦੋਂ ਪੁਨਰ- ਜਨਮ ਦੀ ਫ਼ਿਲਾਸਫ਼ੀ ਦਾ ਪ੍ਰਚਾਰ ਕਰਨਾ ਸ਼ੁਰੂ ਕਰ ਦਿੱਤਾ ਕਿ ਇਹ ਤੁਹਾਡੇ ਪੁਰਾਣੇ ਜਨਮ ਦੇ ਪਾਪਾਂ ਦਾ ਫਲ ਹੈ। ਕੀ ਹੋ ਸਕਦਾ ਹੈ ? ਚੁੱਪ ਕਰ ਕੇ ਗੁਜ਼ਾਰਾ ਕਰੋ। ਇਸ ਤਰ੍ਹਾਂ ਉਨ੍ਹਾਂ ਨੂੰ ਸਬਰ ਦਾ ਸਬਕ ਪੜ੍ਹਾ ਕੇ ਉਹ ਲੋਕੀਂ ਇਨ੍ਹਾਂ ਨੂੰ ਚਿਰਾਂ ਵਾਸਤੇ ਚੁੱਪ ਕਰਾ ਗਏ, ਪਰ ਉਨ੍ਹਾਂ ਬੜਾ ਪਾਪ ਕੀਤਾ। ਇਨਸਾਨਾਂ ਦੇ ਅੰਦਰੋਂ ਇਨਸਾਨੀਅਤ ਦਾ ਮਾਦਾ ਆਤਮ-ਵਿਸ਼ਵਾਸ ਅਤੇ ਆਤਮ-ਨਿਰਭਰਤਾ ਦਾ ਭਾਵ ਮਾਰ ਸੁੱਟਿਆ। ਬੜਾ ਜ਼ੁਲਮ ਤੇ ਕਹਿਰ ਕਮਾਇਆ। ਖ਼ੈਰ ਅੱਜ ਉਸ ਦੇ ਪ੍ਰਾਸ਼ਚਿਤ ਦਾ ਵੇਲਾ ਹੈ।

ਇਸ ਦੇ ਨਾਲ ਹੀ ਇਕ ਹੋਰ ਖ਼ਰਾਬੀ ਪੈਦਾ ਹੋ ਗਈ। ਲੋਕਾਂ ਦੇ ਦਿਲਾਂ ਵਿਚ ਜ਼ਰੂਰੀ ਕੰਮਾਂ ਵਾਸਤੇ ਘ੍ਰਿਣਾ ਪੈਦਾ ਹੋ ਗਈ। ਅਸੀਂ ਜੁਲਾਹੇ ਨੂੰ ਪਰ੍ਹੇ ਦੁਰਕਾਰ ਦਿੱਤਾ ਅਤੇ ਅੱਜ ਕੱਪੜਾ ਬੁਣਨ ਵਾਲੇ ਅਛੂਤ ਸਮਝੇ ਜਾਂਦੇ ਹਨ। ਯੂ.ਪੀ. ਵੱਲ ਕਹਾਰ (ਝੀਰ) ਨੂੰ ਵੀ ਅਛੂਤ ਸਮਝਿਆ ਜਾਂਦਾ ਹੈ। ਇਸ ਨਾਲ ਬੜੀ ਖ਼ਰਾਬੀ ਪੈਦਾ ਹੋ ਗਈ, ਜਿਸ ਨਾਲ ਕਿ ਸਾਡੀ ਤਰੱਕੀ ਵਿਚ ਬੜੀ ਰੁਕਾਵਟ ਪੈਂਦੀ ਹੈ।

ਇਨ੍ਹਾਂ ਗੱਲਾਂ ਨੂੰ ਸਾਹਮਣੇ ਰੱਖਦੇ ਹੋਏ ਅਸੀਂ ਅਗਾਂਹ ਵਧੀਏ। ਇਨ੍ਹਾਂ ਨੂੰ ਅਛੂਤ ਨਾ ਕਹੀਏ ਤੇ ਨਾ ਸਮਝੀਏ। ਬਸ ਮੁਆਮਲਾ ਸਾਫ਼ ਹੋ ਜਾਂਦਾ ਹੈ। ਨੌਜਵਾਨ ਭਾਰਤ ਸਭਾ ਅਤੇ ਨੌਜਵਾਨ ਕਾਨਫਰੰਸ ਨੇ ਜੋ ਤਰੀਕਾ ਅਖ਼ਤਿਆਰ ਕੀਤਾ ਏ, ਉਹ ਡਾਢਾ ਸੁੰਦਰ ਹੈ। ਜਿਨ੍ਹਾਂ ਭਰਾਵਾਂ ਨੂੰ ਅੱਜ ਤੀਕ ਅਛੂਤ-ਅਛੂਤ ਕਿਹਾ ਕਰਦੇ ਸਾਂ, ਉਨ੍ਹਾਂ ਕੋਲੋਂ ਇਸ ਪਾਪ ਵਾਸਤੇ ਖਿਮਾਂ ਮੰਗਣੀ ਅਤੇ ਉਨ੍ਹਾਂ ਨੂੰ ਆਪਣੇ ਵਰਗਾ ਆਦਮੀ ਸਮਝਣਾ, ਬਿਨਾਂ ਅੰਮ੍ਰਿਤ ਛਕਾਇਆਂ, ਕਲਮਾ ਪੜ੍ਹਾਇਆਂ ਜਾਂ ਸ਼ੁੱਧ ਕੀਤਿਆਂ ਹੀ ਉਸ ਨੂੰ ਆਪਣੇ ਵਿਚ ਰਲਾ ਲੈਣਾ, ਉਸ ਦੇ ਹੱਥ ਦਾ ਪਾਣੀ ਪੀਣਾ ਇਹੋ ਤਰੀਕਾ ਹੈ ਤੇ ਆਪੋ ਵਿਚ ਖਿੱਚਾ-ਧੂਹੀ ਕਰਨੀ ਤੇ ਅਮਲ ਵਿਚ ਕੋਈ ਵੀ ਹੱਕ ਨਾ ਦੇਣਾ ਕੋਈ ਠੀਕ ਗੱਲ ਨਹੀਂ ਹੈ।

ਜਦੋਂ ਪਿੰਡਾਂ ਵਿਚ ਕਿਰਤੀ ਪ੍ਰਚਾਰ ਸ਼ੁਰੂ ਹੋਇਆ, ਉਦੋਂ ਜੱਟਾਂ ਨੂੰ ਸਰਕਾਰੀ ਆਦਮੀ ਇਹ ਗੱਲ ਸਮਝਾ ਕੇ ਭੜਕਾਉਂਦੇ ਸਨ ਕਿ ਦੇਖੋ ਇਹ ਅਛੂਤਾਂ ਨੂੰ ਸਿਰ 'ਤੇ ਚੜ੍ਹਾ ਰਹੇ ਹਨ ਅਤੇ ਤੁਹਾਡਾ ਕੰਮ ਬੰਦ ਕਰਾਉਂਦੇ ਹਨ। ਬਸ ਜੱਟ ਇੰਨੇ ਵਿਚ ਹੀ ਭੂਤਰ ਪਏ। ਉਨ੍ਹਾਂ ਨੂੰ ਯਾਦ ਰੱਖਣਾ ਚਾਹੀਦਾ ਹੈ ਕਿ ਇਨ੍ਹਾਂ ਦੀ ਹਾਲਤ ਓਨਾ ਚਿਰ ਨਹੀਂ ਸਾਹਰ ਸਕਦੀ, ਜਿੰਨਾ ਚਿਰ ਕਿ ਉਹ ਇਨ੍ਹਾਂ ਗਰੀਬਾਂ ਨੂੰ ਕਮੀਨ ਅਤੇ ਨੀਚ ਕਹਿ ਕੇ ਆਪਣੇ ਪੈਰਾਂ ਹੇਠ ਦੱਬੀ ਰੱਖਣਾ ਚਾਹੁੰਦੇ ਹਨ। ਕਿਹਾ ਜਾਂਦਾ ਕਿ ਕਮੀਨ ਸਾਫ ਨਹੀਂ ਰਹਿੰਦੇ ? ਇਸ ਦਾ ਜਵਾਬ ਸਾਫ਼ ਹੈ, ਉਹ ਗ਼ਰੀਬ ਹਨ। ਗ਼ਰੀਬੀ ਦਾ ਇਲਾਜ ਕਰੋ। ਉੱਚੀਆਂ-ਉੱਚੀਆਂ ਕੁਲਾਂ ਦੇ ਗਰੀਬ ਲੋਕੀਂ ਕੋਈ ਘੱਟ ਗੰਦੇ ਨਹੀਂ ਹੁੰਦੇ। ਗੰਦਾ ਕੰਮ ਕਰਨ ਦਾ ਬਹਾਨਾ ਵੀ ਨਹੀਂ ਲੱਗ ਸਕਦਾ। ਮਾਵਾਂ ਬੱਚਿਆਂ ਦਾ ਗੰਦ ਸਾਫ਼ ਕਰਨ ਨਾਲ ਅਛੂਤ ਨਹੀਂ ਹੋ ਜਾਂਦੀਆਂ।

ਪਰ ਇਹ ਕੰਮ ਓਨਾ ਚਿਰ ਨਹੀਂ ਹੋ ਸਕਦਾ, ਜਿੰਨਾ ਚਿਰ ਕਿ ਅਛੂਤ ਕੌਮਾਂ ਆਪਣੇ ਆਪ ਨੂੰ ਸੰਗਠਿਤ ਨਾ ਕਰ ਲੈਣ। ਅਸੀਂ ਤਾਂ ਸਮਝਦੇ ਹਾਂ ਕਿ ਉਨ੍ਹਾਂ ਦਾ ਆਪਣੇ ਆਪ ਨੂੰ ਵੱਖਰਾ ਜਥੇਬੰਦ ਕਰਨਾ ਤੇ ਮੁਸਲਮਾਨਾਂ ਦੇ ਬਰਾਬਰ ਗਿਣਤੀ ਵਿਚ ਹੋਣ ਕਰ ਕੇ ਉਨ੍ਹਾਂ ਦੇ ਬਰਾਬਰ ਹੱਕ-ਹਕੂਕ ਮੰਗਣਾ ਬੜੀ ਆਸ਼ਾਜਨਕ ਤਹਿਰੀਕ ਹੈ। ਜਾਂ ਤੇ ਫ਼ਿਰਕੇਦਾਰਾਨਾ ਸਿਆਸਤ ਦਾ ਟੰਟਾ ਹੀ ਮੁਕਾਓ, ਨਹੀਂ ਤੇ ਉਨ੍ਹਾਂ ਦੇ ਵੱਖਰੇ ਹਕੂਕ ਉਨ੍ਹਾਂ ਨੂੰ ਦੇਵੋ। ਕੌਂਸਲਾਂ ਤੇ ਅਸੈਂਬਲੀਆਂ ਦਾ ਫ਼ਰਜ਼ ਹੈ ਕਿ ਸਕੂਲ, ਕਾਲਜ, ਖੂਹ ਤੇ ਸੜਕਾਂ ਦੇ ਇਸਤੇਮਾਲ ਦੀ ਪੂਰੀ ਆਜ਼ਾਦੀ ਇਨ੍ਹਾਂ ਨੂੰ ਦੁਆਉਣ। ਜ਼ੁਬਾਨੀ ਹੀ ਨਹੀਂ, ਬਲਕਿ ਨਾਲ ਲਿਜਾ ਕੇ ਉਨ੍ਹਾਂ ਨੂੰ ਖੂਹਾਂ 'ਤੇ ਚੜ੍ਹਾਉਣ, ਨਾਲ ਲੈ ਜਾ ਕੇ ਉਨ੍ਹਾਂ ਦੇ ਮੁੰਡਿਆਂ ਨੂੰ ਮਦਰੱਸਿਆਂ ਵਿਚ ਭਰਤੀ ਕਰਵਾਉਣ, ਪਰ ਜਿਸ ਲੈਜਿਸਲੇਟਿਵ ਵਿਚ ਛੋਟੀ ਉਮਰ ਦੇ ਵਿਆਹ ਦੇ ਵਿਰੁੱਧ ਮਤੇ ਪੇਸ਼ ਕੀਤੇ ਗਏ, ਬਿੱਲ ਤੇ ਮਜ਼ਹਬ ਦੇ ਬਹਾਨੇ ਲੈ ਕੇ ਹਾਏ-ਤੌਬਾ ਮਚਾ ਦਿੱਤੀ ਜਾਂਦੀ ਹੈ, ਉਥੇ ਅਛੂਤਾਂ ਨੂੰ ਨਾਲ ਰਲਾਉਣ ਦੀ ਹਿੰਮਤ ਉਹ ਕਿਸ ਤਰ੍ਹਾਂ ਕਰ ਸਕਦੇ ਹਨ।

ਇਸੇ ਕਰ ਕੇ ਅਸੀਂ ਕਹਿੰਦੇ ਹਾਂ ਕਿ ਉਨ੍ਹਾਂ ਦੇ ਆਪਣੇ ਨੁਮਾਇੰਦੇ ਕਿਉਂ ਨਾ ਹੋਣ ? ਉਹ ਆਪਣੀ ਵੱਖਰੀ ਤਾਦਾਦ ਕਿਉਂ ਨਾ ਮੰਗਣ ? ਅਸੀਂ ਤਾਂ ਸਾਫ਼ ਕਹਿੰਦੇ ਹਾਂ ਕਿ ਉੱਠੋ ! ਅਛੂਤ ਕਹਾਉਣ ਵਾਲੇ ਅਸਲੀ ਸੇਵਕੋ ਤੇ ਵੀਰੋ ਉਠੋ ! ਆਪਣਾ ਇਤਿਹਾਸ ਵੇਖੋ ! ਗੁਰੂ ਗੋਬਿੰਦ ਸਿੰਘ ਦੀ ਫ਼ੌਜ ਦੀ ਅਸਲੀ ਤਾਕਤ ਤੁਹਾਡੀ ਹੀ ਸੀ। ਸ਼ਿਵਾ ਜੀ ਤੁਹਾਡੇ ਹੀ ਆਸਰੇ ਸਭ ਕੁਝ ਕਰ ਸਕਿਆ, ਜਿਸ ਨਾਲ ਕਿ ਅੱਜ ਉਸ ਦਾ ਨਾਂਅ ਜ਼ਿੰਦਾ ਹੈ। ਤੁਹਾਡੀਆਂ ਕੁਰਬਾਨੀਆਂ ਸੁਨਹਿਰੀ ਅੱਖਰਾਂ ਵਿਚ ਲਿਖੀਆਂ ਹੋਈਆਂ ਹਨ। ਤੁਸੀਂ ਜੋ ਨਿੱਤ ਸੇਵਾ ਕਰ ਕੇ ਕੌਮ ਦੇ ਸੁੱਖ ਵਿਚ ਵਾਧਾ ਕਰ ਕੇ ਅਤੇ ਜ਼ਿੰਦਗੀ ਮੁਮਕਿਨ ਬਣਾ ਕੇ ਇਕ ਬੜਾ ਭਾਰੀ ਅਹਿਸਾਨ ਕਰ ਰਹੇ ਹੋ, ਉਸ ਨੂੰ ਅਸੀਂ ਲੋਕੀਂ ਨਹੀਂ ਸਮਝਦੇ। (Land Alienation Act) ਇੰਤਕਾਲੇ ਅਰਾਜ਼ੀ ਐਕਟ ਦੇ ਮੁਤਾਬਿਕ ਤੁਸੀਂ ਪੈਸੇ ਇਕੱਠੇ ਕਰ ਕੇ ਵੀ ਜ਼ਮੀਨ ਨਹੀਂ ਖ਼ਰੀਦ ਸਕਦੇ। ਤੁਹਾਡੇ 'ਤੇ ਇੰਨਾ ਜ਼ੁਲਮ ਹੋ ਰਿਹਾ ਹੈ ਕਿ ਅਮਰੀਕਾ ਦੀ ਮਿਸ ਮੇਯੋ (Less than men) 'ਮਨੁੱਖਾਂ ਨਾਲੋਂ ਬਹੁਤ ਹੇਠਾਂ ਕਹਿੰਦੀ ਹੈ। ਉਠੋ ! ਆਪਣੀ ਤਾਕਤ ਪਛਾਣੋ। ਜਥੇਬੰਦ ਹੋ ਜਾਓ। ਮਨੁੱਖ ਦੀ ਹੌਲੀ-ਹੌਲੀ ਕੁਝ ਇਹੋ ਜਿਹੀ ਆਦਤ ਹੋ ਗਈ ਹੈ ਕਿ ਆਪਣੇ ਵਾਸਤੇ ਤੇ ਉਹ ਹੱਕ ਮੰਗਣਾ ਚਾਹੁੰਦਾ ਹੈ, ਪਰ ਜਿਨ੍ਹਾਂ 'ਤੇ ਉਸ ਦਾ ਆਪਣਾ ਦਬਦਬਾ ਹੋਵੇ, ਉਨ੍ਹਾਂ ਨੂੰ ਉਹ ਪੈਰਾਂ ਥੱਲੇ ਹੀ ਰੱਖਣਾ ਚਾਹੁੰਦਾ ਹੈ। ਇਸ ਕਰ ਕੇ ਲੱਤਾਂ ਦੇ ਭੂਤ ਬਾਤਾਂ ਨਾਲ ਨਹੀਂ ਮੰਨਿਆ ਕਰਦੇ। ਜਥੇਬੰਦ ਹੋ ਕੇ ਆਪਣੇ ਪੈਰਾਂ 'ਤੇ ਖਲੋ ਕੇ ਸਾਰੇ ਸਮਾਜ ਨੂੰ ਚੈਲਿੰਜ ਕਰ ਦਿਓ। ਦੇਖੋ ਤਾਂ ਫੇਰ ਕੌਣ ਤੁਹਾਡੇ ਹੱਕ ਦੇਣ ਤੋਂ ਇਨਕਾਰ ਕਰਨ ਦੀ ਜੁਰਅਤ ਕਰ ਸਕੇਗਾ? ਤੁਸੀਂ ਲੋਕਾਂ ਦੀ ਖ਼ੁਰਾਕ ਨਾ ਬਣੋ। ਦੂਜਿਆਂ ਦੇ ਮੂੰਹ ਵੱਲ ਨਾ ਤੱਕੋ, ਪਰ ਖ਼ਿਆਲ ਰੱਖਣਾ। ਨੌਕਰਸ਼ਾਹੀ ਦੇ ਝਾਂਸੇ ਵਿਚ ਵੀ ਨਾ ਆਉਣਾ। ਇਹ ਤੁਹਾਡੀ ਮਦਦ ਨਹੀਂ ਕਰਨਾ ਚਾਹੁੰਦੀ, ਬਲਕਿ ਤੁਹਾਨੂੰ ਆਪਣਾ ਟੂਲ ਬਣਾਉਣਾ ਚਾਹੁੰਦੀ ਹੈ। ਇਹ ਸਰਮਾਏਦਾਰ ਨੌਕਰਸ਼ਾਹੀ ਤੁਹਾਡੀ ਗ਼ੁਲਾਮੀ ਤੇ ਗ਼ਰੀਬੀ ਦਾ ਮੁੱਖ ਕਾਰਨ ਹੈ। ਇਸ ਕਰਕੇ ਉਸ ਨਾਲ ਤੁਸੀਂ ਨਾ ਮਿਲਣਾ। ਉਸ ਦੀਆਂ ਚਾਲਾਂ ਤੋਂ ਬਚਣਾ। ਬੱਸ ਫੇਰ ਸਾਰਾ ਕੰਮ ਬਣ ਜਾਵੇਗਾ। ਤੁਸੀਂ ਅਸਲੀ ਕਿਰਤੀ ਹੋ। ਕਿਰਤੀਓ ! ਜਥੇਬੰਦ ਹੋ ਜਾਓ। ਤੁਹਾਡਾ ਕੁਝ ਨੁਕਸਾਨ ਨਹੀਂ ਹੋਵੇਗਾ, ਕੇਵਲ ਗ਼ੁਲਾਮੀ ਦੀਆਂ ਜ਼ੰਜੀਰਾਂ ਕੱਟੀਆਂ ਜਾਣਗੀਆਂ। ਉੱਠੋ ਮੌਜੂਦਾ ਨਿਜ਼ਾਮ ਦੇ ਵਿਰੁੱਧ ਬਗ਼ਾਵਤ ਖੜ੍ਹੀ ਕਰ ਦਿਓ। ਹੌਲੀ-ਹੌਲੀ ਸੁਧਾਰ ਤੇ ਰੀਫਾਰਮ ਨਾਲ ਕੁਝ ਵੀ ਨਹੀਂ ਬਣ ਸਕਦਾ। ਸਮਾਜਕ (Social) ਐਜੀਟੇਸ਼ਨ ਇਨਕਲਾਬ ਪੈਦਾ ਕਰ ਦਿਓ ਅਤੇ ਪੋਲੀਟੀਕਲ ਤੇ ਆਰਥਿਕ ਇਨਕਲਾਬ ਵਾਸਤੇ ਕਮਰਕੱਸੇ ਕਰ ਲਵੋ। ਤੁਸੀਂ ਹੀ ਤੇ ਮੁਲਕ ਦੀ ਜੜ੍ਹ ਹੋ, ਅਸਲੀ ਤਾਕਤ ਹੋ, ਉਠੋ ! ਸੁੱਤੇ ਹੋਏ ਸ਼ੇਰੋ, ਵਿਦਰੋਹੀਓ ! ਵਿਪੱਲਵ ਜਾਂ ਵਿਦਰੋਹ ਖੜ੍ਹਾ ਕਰ ਦਿਓ।

**# ਸੰਪਰਕ : 98780-23768**

**(ਵਿਦਰੋਹੀ ) ਭਗਤ ਸਿੰਘ ਦਾ ਕਲਮੀ ਨਾਮ**

**ਕਿਰਤੀ, ਜੂਨ 1928**

CMYK

10-FEB-PAGE-5.qxd 2/9/2024 9:00 PM Page 1



# ਪਾਵਰਕਾਮ ਮੈਨੇਜਮੈਂਟ ਵਿਰੁੱਧ ਬਿਜਲੀ ਕਾਮਿਆਂ ਵੱਲੋਂ ਡਵੀਜ਼ਨ ਦਫਤਰਾਂ ਅੱਗੇ ਰੋਸ ਰੈਲੀਆਂ







**ਗੁਰੂ ਹਰਸਹਾਏ (ਮਨਦੀਪ ਸਿੰਘ ਸੋਢੀ)**

ਪੀ ਐੱਸ ਬੀ ਇੰਪਲਾਈਜ਼ ਜੁਆਇੰਟ ਫ਼ੋਰਮ ਪੰਜਾਬ ਦੇ ਸੱਦੇ ਤੇ ਬਿਜਲੀ ਕਾਮਿਆਂ ਦੀਆਂ ਹੱਕੀ ਤੇ ਜਾਇਜ਼ ਮੰਗਾਂ ਨੂੰ ਲਾਗੂ ਨਾ ਕੀਤੇ ਜਾਣ ਦੇ ਵਿਰੋਧ ਵਜੋਂ ਪਾਵਰਕੌਮ ਮੈਨੇਜਮੈਂਟ ਅਤੇ ਪੰਜਾਬ ਸਰਕਾਰ ਦੇ ਵਿਰੁੱਧ ਬਿਜਲੀ ਦਫਤਰ ਗੁਰੂ ਹਰਸਹਾਏ ਦੇ ਗੇਟ 'ਤੇ ਟੈਕਨੀਕਲ ਸਰਵਿਸਿਜ਼ ਯੂਨੀਅਨ ਵੱਲੋਂ ਰੋਸ ਰੈਲੀ ਕੀਤੀ ਗਈ।ਰੋਸ ਰੈਲੀ ਦੀ ਪ੍ਰਧਾਨਗੀ ਸਾਥੀ ਸੁਰਿੰਦਰ ਕੁਮਾਰ ਪ੍ਰਧਾਨ ਨੇ ਕੀਤੀ ਉਨ੍ਹਾਂ ਦੱਸਿਆ ਕਿ ਪਾਵਰਕੌਮ ਮੈਨੇਜਮੈਂਟ ਪਿਛਲੇ ਲੰਮੇ ਸਮੇਂ ਤੋਂ ਬਿਜਲੀ ਮੁਲਾਜ਼ਮਾਂ ਦੀਆਂ ਮੰਗਾਂ ਨੂੰ ਮੰਨ ਕੇ ਲਾਗੂ ਨਹੀਂ ਕਰ ਰਹੀ ਅਤੇ ਹੁਣ ਫਿਰ ਜੁਆਇੰਟ ਫ਼ੋਰਮ ਪੰਜਾਬ ਅਤੇ ਏਕਤਾ ਮੰਚ ਪੰਜਾਬ ਨੇ ਬਿਜਲੀ ਮੁਲਾਜ਼ਮਾਂ ਦੀਆਂ ਮੰਗਾਂ ਦਾ ਮੰਗ ਪੱਤਰ ਪਾਵਰਕਾਮ ਮੈਨੇਜਮੈਂਟ ਨੂੰ ਦਿੱਤਾ ਸੀ, ਪਰ ਪਾਵਰਕਾਮ ਮੈਨੇਜਮੈਂਟ ਨੇ ਬਿਜਲੀ ਕਾਮਿਆਂ ਦੀਆਂ ਮੰਗਾਂ ਦਾ ਕੋਈ ਹੱਲ ਨਹੀਂ ਕੀਤਾ। ਮੁਲਾਜ਼ਮਾਂ ਦੀਆਂ ਮੁੱਖ ਮੰਗਾਂ ਜਿਵੇਂ ਪੁਰਾਣੀ ਪੈਨਸ਼ਨ ਸਕੀਮ ਬਹਾਲ ਕੀਤੀ ਜਾਵੇ, ਸੀ.ਆਰ.ਏ 295/19 ਵਾਲੇ ਸਾਥੀਆ ਦੀਆਂ ਤਨਖਾਹਾਂ ਰਿਲੀਜ਼ ਕੀਤੀਆਂ ਜਾਣ, ਮੁਲਾਜ਼ਮਾਂ ਦੀਆਂ ਤਨਖਾਹਾਂ ਦੇ ਸਕੇਲ ਵਿੱਚ ਜੋ ਤਰੁੱਟੀਆਂ ਹਨ, ਦੂਰ ਕੀਤੀਆਂ ਜਾਣ।ਬਿਜਲੀ ਸੋਧ ਬਿੱਲ ਵਾਪਸ ਲਿਆ ਜਾਵੇ ਆਦਿ। ਇਸ ਲਈ ਅਸੀਂ ਪਾਵਰਕੌਮ ਮੈਨੇਜਮੈਂਟ ਤੋਂ ਮੰਗ ਕਰਦੇ ਹਾਂ ਕਿ ਜੁਆਇੰਟ ਫ਼ੋਰਮ ਪੰਜਾਬ ਤੇ ਏਕਤਾ ਮੰਚ ਪੰਜਾਬ ਵੱਲੋਂ ਦਿੱਤੇ ਗਏ ਸਾਂਝੇ ਮੰਗ ਪੱਤਰ ਦੀਆਂ ਮੰਗਾਂ ਨੂੰ ਲਾਗੂ ਕੀਤਾ ਜਾਵੇ ਤੇ ਜੇਕਰ ਅਜਿਹਾ ਨਹੀਂ ਕੀਤਾ ਜਾਂਦਾ ਤਾਂ 20 ਫ਼ਰਵਰੀ ਨੂੰ ਬਿਜਲੀ ਮੰਤਰੀ ਦੀ ਰਿਹਾਇਸ਼ ਅੰਮ੍ਰਿਤਸਰ ਵਿਖੇ ਸੂਬਾ ਪੱਧਰੀ ਧਰਨੇ ਵਿੱਚ ਸ਼ਮੂਲੀਅਤ ਕੀਤੀ ਜਾਵੇਗੀ ਅਤੇ ਜੇਕਰ ਫਿਰ ਵੀ ਮੰਗਾ ਮਸਲਿਆਂ ਨੂੰ ਹੱਲ ਨਹੀਂ ਕੀਤਾ ਜਾਂਦਾ ਤਾਂ ਸਘੰਰਸ਼ ਨੂੰ ਹੋਰ ਵੀ ਤੇਜ਼ ਅਤੇ ਤਿੱਖਾ ਕੀਤਾ ਜਾਵੇਗਾ, ਜਿਸ ਦੀ ਜ਼ਿੰਮੇਵਾਰੀ ਪਾਵਰਕਾਮ ਮੈਨੇਜਮੈਂਟ ਅਤੇ ਪੰਜਾਬ ਸਰਕਾਰ ਦੀ ਹੋਵੇਗੀ।

ਇਸ ਤੋਂ ਇਲਾਵਾ ਕੇਂਦਰ ਸਰਕਾਰ ਦੀਆਂ ਮੁਲਾਜ਼ਮ, ਮਜ਼ਦੂਰ, ਕਿਸਾਨ ਵਿਰੋਧੀ ਨੀਤੀਆਂ ਖ਼ਿਲਾਫ਼ ਪੂਰੇ ਦੇਸ਼ ਦੀਆਂ ਕੇਂਦਰੀ ਟਰੇਡ ਯੂਨੀਅਨਾਂ, ਮੁਲਾਜ਼ਮ ਜਥੇਬੰਦੀਆਂ ਅਤੇ ਸੰਯੁਕਤ ਕਿਸਾਨ ਮੋਰਚੇ ਦੇ ਸਾਂਝੇ ਮੋਰਚੇ ਦੇ ਸੱਦੇ 'ਤੇ 16 ਫਰਵਰੀ ਦੀ ਦੇਸ਼ ਵਿਆਪੀ ਹੜਤਾਲ ਵਿੱਚ ਭਰਵੀਂ ਸ਼ਮੂਲੀਅਤ ਕਰਦੇ ਹੋਏ ਹੜਤਾਲ ਨੂੰ ਕਾਮਯਾਬ ਬਣਾਇਆ ਜਾਵੇਗਾ।

**ਪਟਿਆਲਾ (ਪੱਤਰ ਪ੍ਰੇਰਕ) :** ਬਿਜਲੀ ਕਾਮਿਆਂ ਦੀਆਂ ਵੱਖ-ਵੱਖ ਜਥੇਬੰਦੀਆਂ ਦੇ ਆਧਾਰਤ ਬਣੇ ਪੀ ਐਸ ਈ ਬੀ ਇੰਪਲਾਈਜ਼ ਜੁਆਇੰਟ ਫੋਰਮ ਤੇ ਬਿਜਲੀ ਮੁਲਾਜ਼ਮ ਏਕਤਾ ਮੰਚ, ਪੰਜਾਬ ਦੇ ਸੱਦੇ 'ਤੇ ਸਮੁੱਚੇ ਪੰਜਾਬ ਵਿੱਚ ਬਿਜਲੀ ਕਾਮਿਆਂ ਵੱਲੋਂ ਡਵੀਜ਼ਨ ਦਫ਼ਤਰਾਂ ਅੱਗੇ ਰੋਹ ਭਰਪੂਰ ਰੋਸ ਰੈਲੀਆਂ ਕਰਕੇ ਪਾਵਰ ਮੈਨੇਜਮੈਂਟ ਦੇ ਮੁਲਾਜ਼ਮ ਵਿਰੋਧੀ ਅਤੇ ਅੱਖੜ ਰਵੱਈਏ ਖਿਲਾਫ਼ ਜ਼ੋਰਦਾਰ ਪ੍ਰਦਰਸ਼ਨ ਕਰਦਿਆਂ ਪਿੱਟ ਸਿਆਪਾ ਕੀਤਾ।

ਸਾਂਝੇ ਫੋਰਮ ਅਤੇ ਏਕਤਾ ਮੰਚ ਦੇ ਆਗੂਆਂ ਰਤਨ ਸਿੰਘ ਮਜਾਰੀ ਅਤੇ ਗੁਰਪ੍ਰੀਤ ਸਿੰਘ ਗੰਡੀਵਿੰਡ ਨੇ ਦੱਸਿਆ ਕਿ ਪਾਵਰ ਮੈਨੇਜਮੈਂਟ ਵੱਲੋਂ ਬਿਜਲੀ ਕਾਮਿਆਂ ਦੀਆਂ ਵਾਜਿਬ ਮੰਗਾਂ ਵੱਟੇ ਖਾਤੇ ਪਾਉਣ ਖ਼ਿਲਾਫ਼ ਬਿਜਲੀ ਕਾਮਿਆਂ ਨੇ ਸੂਬਾ ਭਰ ਵਿੱਚ ਮੁਲਾਜ਼ਮ ਆਗੂਆਂ ਗੁਰਵੇਲ ਸਿੰਘ ਬੱਲਪੁਰੀਆ, ਕਰਮਚੰਦ ਭਾਰਦਵਾਜ, ਬਲਦੇਵ ਸਿੰਘ ਮੰਡਾਲੀ, ਰਵੇਲ ਸਿੰਘ ਸਹਾਏਪੁਰ, ਹਰਪਾਲ ਸਿੰਘ, ਜਗਜੀਤ ਸਿੰਘ ਕੋਟਲੀ, ਕੌਰ ਸਿੰਘ ਸੋਹੀ, ਅਵਤਾਰ ਸਿੰਘ ਕੈਂਥ, ਜਗਜੀਤ ਸਿੰਘ ਕੰਡਾ, ਗੁਰਪਿਆਰ ਸਿੰਘ, ਕੁਲਵਿੰਦਰ ਸਿੰਘ ਢਿੱਲੋਂ, ਸੁਖਵਿੰਦਰ ਸਿੰਘ ਚਾਹਲ, ਜਰਨੈਲ ਸਿੰਘ, ਸਰਬਜੀਤ ਸਿੰਘ ਭਾਣਾ, ਬੀ ਐੱਸ ਸੇਖੋਂ, ਬਲਜੀਤ ਸਿੰਘ ਮੋਦਲਾ, ਰਘਵੀਰ ਸਿੰਘ, ਸਰਿੰਦਰਪਾਲ ਲਹੌਰੀਆ, ਦਵਿੰਦਰ ਸਿੰਘ ਪਿਸ਼ੌਰ, ਮਹਿੰਦਰ ਸਿੰਘ ਰੁੜਕੇ, ਮਨਜੀਤ ਸਿੰਘ ਚਾਹਲ, ਗੁਰਵਿੰਦਰ ਸਿੰਘ, ਪੂਰਨ ਸਿੰਘ ਖਾਈ, ਬਲਜੀਤ ਕੁਮਾਰ, ਬਲਜੀਤ ਸਿੰਘ ਬਰਾੜ, ਅਵਤਾਰ ਸਿੰਘ ਸ਼ੇਰਗਿੱਲ, ਪ੍ਰਦਿਉਮਨ ਗੌਤਮ, ਗਰੀਸ਼ ਮਹਾਜਨ, ਗੁਰਤੇਜ ਸਿੰਘ ਪੱਖੋ, ਰਛਪਾਲ ਸਿੰਘ ਪਾਲੀ ਆਦਿ ਦੀ ਅਗਵਾਈ ਹੇਠ ਜ਼ੋਰਦਾਰ ਪ੍ਰਦਰਸ਼ਨ ਕਰਦਿਆਂ ਬਿਜਲੀ ਨਿਗਮ ਦੀ ਮੈਨੇਜਮੈਂਟ ਤੇ ਪਿਛਲੇ ਲੰਮੇ ਸਮੇਂ ਤੋਂ ਮੁਲਾਜ਼ਮ ਮੰਗਾਂ ਨੂੰ ਅੱਖੋਂ ਪਰੋਖੇ ਕਰਨ ਦੇ ਦੋਸ਼ ਲਾਏ।ਆਗੂਆਂ ਨੇ ਦੱਸਿਆ ਕਿ ਪਾਵਰ ਦੀ ਮੈਨੇਜਮੈਂਟ ਨੂੰ ਕਾਮਿਆਂ ਦੀਆਂ ਮੰਗਾਂ ਸਬੰਧੀ ਮੰਗ ਪੱਤਰ ਸਾਂਝੇ ਤੌਰ 'ਤੇ ਬਿਜਲੀ ਨਿਗਮ ਦੀ ਮੈਨੇਜਮੈਂਟ ਨੂੰ 29 ਜਨਵਰੀ ਨੂੰ ਦਿੱਤਾ ਗਿਆ ਸੀ, ਪਰ ਮੈਨੇਜਮੈਂਟ ਟੇਬਲ ਤੇ ਬੈਠਣ ਦੀ ਬਜਾਏ ਟਕਰਾਅ ਦਾ ਮਾਹੌਲ ਤਿਆਰ ਕਰ ਰਹੀ ਹੈ, ਜਿਸ ਦਾ ਸੰਗਰਸ਼ ਰਾਹੀਂ ਮੂੰਹ ਤੋੜ ਜਵਾਬ ਦਿੱਤਾ ਜਾਵੇਗਾ। ਆਗੂਆਂ ਨੇ ਕਿਹਾ ਕਿ ਬਿਜਲੀ ਕਾਮੇ ਕੇਂਦਰ ਤੇ ਸੂਬਾ ਸਰਕਾਰ ਦੀਆਂ ਮੁਲਾਜ਼ਮ-ਮਜ਼ਦੂਰ-ਕਿਸਾਨ ਵਿਰੋਧੀ ਨੀਤੀਆਂ ਵਿਰੁੱਧ ਤੇ ਬਿਜਲੀ ਬਿੱਲ 2022 ਖਿਲਾਫ਼ 16 ਫਰਵਰੀ ਦੀ ਦੇਸ਼ ਵਿਆਪੀ ਹੜਤਾਲ ਵਿੱਚ ਵੀ ਭਰਵੀਂ ਸ਼ਮੂਲੀਅਤ ਕਰਨਗੇ।

ਆਗੂਆਂ ਨੇ ਪੰਜਾਬ ਸਰਕਾਰ ਅਤੇ ਮੈਨੇਜਮੈਂਟ ਨੂੰ ਚੇਤਾਵਨੀ ਦਿੰਦਿਆਂ ਕਿਹਾ ਕਿ ਜੇਕਰ ਮੁਲਾਜ਼ਮਾਂ ਦੀਆਂ ਜਾਇਜ਼ ਮੰਗਾਂ ਦਾ ਨਿਪਟਾਰਾ ਨਾ ਕੀਤਾ ਗਿਆ ਤਾਂ ਬਿਜਲੀ ਮੁਲਾਜ਼ਮ 20 ਫਰਵਰੀ ਨੂੰ ਬਿਜਲੀ ਮੰਤਰੀ ਦੀ ਰਿਹਾਇਸ਼ ਅੱਗੇ ਅੰਮ੍ਰਿਤਸਰ ਵਿਖੇ ਸੂਬਾ ਪੱਧਰੀ ਲਾਮਿਸਾਲ ਰੋਸ ਧਰਨਾ ਲਾਉਣ ਉਪਰੰਤ ਅਗਲੇ ਤਿੱਖੇ ਸੰਘਰਸ਼ ਦਾ ਐਲਾਨ ਕਰਨਗੇ, ਜਿਸ ਤੋਂ ਨਿਕਲੇ ਸਿੱਟਿਆਂ ਦੀ ਜ਼ਿੰਮੇਵਾਰੀ ਪਾਵਰ ਮੈਨੇਜਮੈਂਟ ਅਤੇ ਪੰਜਾਬ ਸਰਕਾਰ ਦੀ ਹੋਵੇਗੀ।

## ਵਾਅਦੇ ਲਾਗੂ ਕਰਾਉਣ ਲਈ ਲਲਕਾਰ ਰੈਲੀ ਨਵਾਂ ਇਤਿਹਾਸ ਸਿਰਜੇਗੀ : ਚੌਹਾਨ



**ਮਾਨਸਾ (ਆਤਮਾ ਸਿੰਘ ਪਮਾਰ)**

ਪੰਜਾਬ ਖੇਤ ਮਜ਼ਦੂਰ ਸਭਾ ਤੇ ਏਟਕ ਵੱਲੋਂ 20 ਫਰਵਰੀ ਨੂੰ ਮਾਨਸਾ ਵਿਖੇ ਕੀਤੀ ਜਾ ਰਹੀ ਲਲਕਾਰ ਰੈਲੀ ਦੀ ਤਿਆਰੀ ਸਬੰਧੀ ਮੀਟਿੰਗਾਂ ਦਾ ਸਿਲਸਿਲਾ ਤੇਜ਼ੀ ਨਾਲ ਜ਼ਿਲ੍ਹਾ ਪ੍ਰਧਾਨ ਕੇਵਲ ਸਮਾਓ, ਜ਼ਿਲ੍ਹਾ ਸਕੱਤਰ ਸੀਤਾਰਾਮ ਗੋਬਿੰਦਪੁਰਾ, ਏਟਕ ਆਗੂ ਕਰਨੈਲ ਭੀਖੀ, ਨਰੇਸ਼ ਬੁਰਜ ਹਰੀ, ਮਨਜੀਤ ਗਾਮੀਵਾਲਾ ਆਦਿ ਆਗੂਆਂ ਵੱਲੋਂ ਕੀਤੀਆਂ ਜਾ ਰਹੀਆਂ ਹਨ।

ਰੈਲੀ ਦੀ ਸਫ਼ਲਤਾ ਲਈ ਐਡਵੋਕੇਟ ਕੁਲਵਿੰਦਰ ਉਡਤ ਸੂਬਾਈ ਆਗੂ ਏਟਕ ਵਲੋਂ ਮੀਟਿੰਗਾਂ ਕੀਤੀਆਂ ਜਾ ਰਹੀਆਂ ਹਨ।ਨੇੜਲੇ ਪਿੰਡ ਭੁਪਾਲ ਵਿਖੇ ਮਜ਼ਦੂਰਾਂ ਦੀ ਮੀਟਿੰਗ ਨੂੰ ਸੰਬੋਧਨ ਕਰਦਿਆਂ ਜਥੇਬੰਦੀ ਦੇ ਸੂਬਾ ਆਗੂ ਕ੍ਰਿਸ਼ਨ ਚੌਹਾਨ ਨੇ ਚਿੰਤਾ ਜ਼ਾਹਰ ਕੀਤੀ ਕਿ ਸਮੇਂ ਦੇ ਹਾਕਮਾਂ ਨੇ ਦਲਿਤਾਂ/ਮਜ਼ਦੂਰਾਂ ਨੂੰ ਹਮੇਸ਼ਾਂ ਵੋਟ ਹਥਿਆਰ ਦੇ ਤੌਰ 'ਤੇ ਵਰਤਿਆ ਜਾਂਦਾ ਰਿਹਾ ਹੈ। ਚੋਣਾਂ ਸਮੇਂ ਵਾਅਦੇ ਜ਼ਰੂਰ ਕੀਤੇ ਜਾਂਦੇ ਹਨ, ਪ੍ਰੰਤੂ ਇਨ੍ਹਾਂ ਨੂੰ ਲਾਗੂ ਕਰਨ ਤੋਂ ਟਾਲਾ ਵੱਟਿਆ ਗਿਆ।ਸਾਥੀ ਚੌਹਾਨ ਨੇ ਔਰਤਾਂ ਨੂੰ ਇੱਕ ਹਜ਼ਾਰ ਰੁਪਏ ਜਾਰੀ ਕਰਨ, ਮਨਰੇਗਾ ਕਾਨੂੰਨ ਨੂੰ ਲਾਗੂ ਕਰਨ ਦਿਹਾੜੀ 700/ਰੁਪਏ, ਹਰ ਲੋੜਵੰਦ ਨੂੰ ਦਸ ਦਸ ਮਰਲੇ ਪਲਾਟ ਦੇਣ, ਬੁਢਾਪਾ/ਵਿਧਵਾ ਪੈਨਸ਼ਨਾਂ ਘੱਟੋ-ਘੱਟ 5000/ਰੁਪਏ ਦੇਣ, ਕੱਟੇ ਗਏ ਰਾਸ਼ਨ ਕਾਰਡਾਂ ਨੂੰ ਲਾਗੂ ਕਰਨ ਤੇ ਨਵੇਂ ਬਣਾਉਣ, ਉਸਾਰੀ ਕਾਮਿਆਂ ਨੂੰ ਸਹੂਲਤਾਂ ਦੇਣ, ਘੱਟੋ-ਘੱਟ ਉਜਰਤ 26000/ਰੁਪਏ, ਕੰਮ ਦਿਹਾੜੀ ਸਮਾਂ 12 ਘੰਟਿਆਂ ਦਾ ਨੋਟੀਫਿਕੇਸ਼ਨ ਰੱਦ ਕਰਨ, ਕੱਚੇ ਕਾਮਿਆਂ ਨੂੰ ਪੱਕੇ ਕਰਨ ਆਦਿ ਮੰਗਾਂ ਤੇ ਕੇਂਦਰ ਤੇ ਸੂਬੇ ਦੀ ਮਾਨ ਸਰਕਾਰ ਤੋਂ ਵਾਅਦੇ ਪੂਰੇ ਕਰਾਉਣ ਲਈ 20 ਫਰਵਰੀ ਨੂੰ ਸਵੇਰੇ 11-00 ਵਜੇ ਜ਼ਿਲ੍ਹਾ ਕਚਹਿਰੀਆਂ ਮਾਨਸਾ ਵਿਖੇ ਪੁੱਜਣ ਦੀ ਅਪੀਲ ਕੀਤੀ।

ਰੈਲੀ ਨੂੰ ਸੰਬੋਧਨ ਕਰਨ ਲਈ ਕਮਿਉਨਿਸਟ ਆਗੂਆਂ ਕਾਮਰੇਡ ਹਰਦੇਵ ਸਿੰਘ ਅਰਸ਼ੀ ਤੇ ਏਟਕ ਦੇ ਸੂਬਾਈ ਆਗੂ ਵਿਸ਼ੇਸ਼ ਤੌਰ 'ਤੇ ਪੁੱਜ ਰਹੇ ਹਨ।

## ਕਾਤਰਾਂ

### ਚਾਈਨਾ ਡੋਰ ਵੇਚਣ 'ਤੇ ਪਾਬੰਦੀ

**ਫ਼ਾਜ਼ਿਲਕਾ (ਨਿਸ਼ਾ ਸ਼ਰਮਾ)**-ਜ਼ਿਲ੍ਹਾ ਮੈਜਿਸਟ੍ਰੇਟ ਡਾ ਸੇਨੂ ਦੁੱਗਲ ਆਈ.ਏ.ਐਸ ਨੇ ਫੌਜਦਾਰੀ ਸੰਘਤਾ 1973 ਦੀ ਧਾਰਾ 144 ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਜ਼ਿਲ੍ਹੇ ਦੀ ਹਦੂਦ ਅੰਦਰ ਪਤੰਗਾਂ ਦੀ ਵਰਤੋਂ ਲਈ ਚਾਇਨਾ ਡੋਰ ਵੇਚਣ, ਸਟੋਰ ਕਰਨ 'ਤੇ ਪੂਰਨ ਪਾਬੰਦੀ ਦੇ ਹੁਕਮ ਜਾਰੀ ਕੀਤੇ ਹਨ।ਉਨ੍ਹਾਂ ਕਿਹਾ ਕਿ ਇਹ ਹੁਕਮ 6 ਅਪ੍ਰੈਲ ਤੱਕ ਲਾਗੂ ਰਹਿਣਗੇ।ਉਨ੍ਹਾਂ ਕਿਹਾ ਕਿ ਇਹ ਡੋਰ ਸੂਤੀ ਤੋਂ ਹਟ ਕੇ ਸਿੰਥੈਟਿਕ/ਪਲਾਸਟਿਕ ਦੀ ਬਣੀ ਹੁੰਦੀ ਹੈ, ਜੋ ਕਾਫ਼ੀ ਮਜਬੂਤ, ਨਾ ਗ਼ਲਣਯੋਗ ਅਤੇ ਨਾ ਟੁੱਟਣਯੋਗ ਹੁੰਦੀ ਹੈ।ਇਸ ਡੋਰ ਦੀ ਵਰਤੋਂ ਨਾਲ ਹੱਥ/ਉਂਗਲਾਂ ਕੱਟ ਜਾਂਦੀਆਂ ਹਨ।ਇਹ ਡੋਰ ਮਨੁੱਖੀ ਜਾਨਾਂ ਤੇ ਪੰਛੀਆਂ ਲਈ ਘਾਤਕ ਸਿੱਧ ਹੁੰਦੀ ਹੈ।

### ਸੜਕ ਸੁਰੱਖਿਆ ਸੰਬੰਧੀ ਦਿੱਤੀ ਜਾਣਕਾਰੀ

**ਮਲੋਟ (ਗੁਰਮੀਤ ਸਿੰਘ ਮੱਕੜ)**-ਪੰਜਾਬ ਸਰਕਾਰ ਦੀਆ ਹਦਾਇਤਾਂ ਅਨੁਸਾਰ ਸਰਕਾਰੀ ਬਹੁ ਤਕਨੀਕੀ ਕਾਲਜ ਫਤੂਹੀ ਖੇੜਾ (ਸ਼੍ਰੀ ਮੁਕਤਸਰ ਸਾਹਿਬ) ਵਿਖੇ ਸੜਕ ਸੁਰੱਖਿਆਂ ਦੇ ਨਿਯਮਾਂ ਦੀ ਜਾਣਕਾਰੀ ਦੇਣ ਲਈ ਸੈਮੀਨਾਰ ਦਾ ਆਯੋਜਨ ਕੀਤਾ ਗਿਆ। ਸੈਮੀਨਾਰ ਵਿੱਚ ਕਾਲਜ ਦੇ ਪ੍ਰਿੰਸੀਪਲ ਸ੍ਰੀ ਆਰ.ਕੇ.ਚੋਪੜਾ ਨੇ ਵਿਦਿਆਰਥੀਆਂ ਤੇ ਸਮੂਹ ਸਟਾਫ ਨੂੰ ਸੜਕ ਸੁਰੱਖਿਆਂ ਦੇ ਨਿਯਮਾਂ ਦੀ ਸਖਤ ਪਾਲਣਾ ਕਰਨ ਲਈ ਪ੍ਰੇਰਤ ਕੀਤਾ ਤਾਂ ਜੁ ਸੜਕੀ ਆਵਾਜਾਈ ਦੌਰਾਨ ਕਿਸੇ ਵੀ ਪ੍ਰਕਾਰ ਦੀ ਕੋਈ ਦੁਰਘਟਨਾ ਨਾ ਵਾਪਰੇ। ਪ੍ਰੋਗਰਾਮ ਅਫ਼ਸਰ ਸ਼੍ਰੀ ਅਨਮੋਲਪ੍ਰੀਤ ਸਿੰਘ ਨੇ ਦੱਸਿਆ ਕਿ ਡਰਾਈਵਿੰਗ ਕਰਦੇ ਸਮੇਂ ਸੜਕੀ ਨਿਯਮਾਂ ਦੀ ਪਾਲਣਾ ਕਰਦੇ ਹਾਂ ਤਾਂ ਸੜਕੀ ਦੁਰਘਟਨਾਵਾਂ ਤੋਂ ਬਚਿਆ ਜਾ ਸਕਦਾ ਹੈ। ਇਸ ਮੌਕੇ ਸੜਕੀ ਨਿਯਮਾਂ ਦੀ ਪਾਲਣਾ ਕਰਨ ਲਈ ਸੈਮੀਨਾਰ ਵਿੱਚ ਮੌਜੂਦ ਸਟਾਫ ਤੇ ਵਿਦਿਆਰਥੀਆਂ ਨੂੰ ਸਹੁੰ ਵੀ ਚੁਕਵਾਈ ਗਈ। ਇਸ ਮੌਕੇ ਕਾਲਜ ਦੇ ਸਮੂਹ ਟੀਚਿੰਗ ਅਤੇ ਨਾਲ ਟੀਚਿੰਗ ਸਟਾਫ ਅਤੇ ਵਿਦਿਆਰਥੀ ਮੌਜੂਦ ਸਨ।

### ਪੁਲਸ ਵੱਲੋਂ ਹੈਰੋਇਨ ਸਮੇਤ 1 ਕਾਬੂ

**ਮਲੋਟ (ਗੁਰਮੀਤ ਸਿੰਘ ਮੱਕੜ)**-ਥਾਣਾ ਸਿਟੀ ਪੁਲਿਸ ਨੇ ਹੈਰੋਇਨ ਸਮੇਤ ਇੱਕ ਵਿਅਕਤੀ ਨੂੰ ਕਾਬੂ ਕੀਤਾ ਹੈ। ਪੁਲਸ ਪਾਰਟੀ ਗਸ਼ਤ ਦੇ ਦੌਰਾਨ ਪਿੰਡ ਜੰਡਵਾਲਾ ਚੜ੍ਹਤ ਸਿੰਘ ਦੇ ਨਜ਼ਦੀਕ ਪੈਲੇਸ ਕੋਲ ਪੁੱਜੀ ਤਾਂ ਪੈਲੇਸ ਦੇ ਸਾਹਮਣੇ ਲਿੰਕ ਰੋਡ ਤੋਂ ਇੱਕ ਮੋਨਾ ਨੌਜਵਾਨ ਕੁਲਵਿੰਦਰ ਸਿੰਘ, ਵਾਸੀ ਖੁੰਨਣ ਖੁਰਦ ਆਉਂਦਾ ਦਿਖਾਈ ਦਿੱਤਾ, ਜੋ ਪੁਲਿਸ ਪਾਰਟੀ ਨੂੰ ਸਾਹਮਣੇ ਦੇਖ ਕੇ ਉਹ ਘਬਰਾ ਗਿਆ ਅਤੇ ਮੌਕੇ ਤੋਂ ਖਿਸਕਣ ਲੱਗਾ ਤਾਂ ਪੁਲਸ ਪਾਰਟੀ ਨੇ ਸ਼ੱਕ ਦੇ ਆਧਾਰ 'ਤੇ ਉਸਨੂੰ ਕਾਬੂ ਕਰ ਲਿਆ ਅਤੇ ਤਲਾਸ਼ੀ ਲੈਣ ਉਪਰੰਤ ਉਸ ਕੋਲੋਂ 10 ਗ੍ਰਾਮ ਹੈਰੋਇਨ ਬਰਾਮਦ ਹੋਈ। ਪੁਲਸ ਨੇ ਉਕਤ ਵਿਅਕਤੀ 'ਤੇ ਮੁਕੱਦਮਾ ਨੰ.16 ਧਾਰਾ 21ਬੀ/61/85 ਐਨ.ਡੀ.ਪੀ.ਐਸ ਐਕਟ ਤਹਿਤ ਦਰਜ ਕਰਕੇ ਅਗਲੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ।

### ਲੰਗਰ ਦੀ ਸੇਵਾ ਕੀਤੀ

**ਜਗਰਾਉਂ (ਅਮਿਤ ਖੰਨਾ)**-ਬਿਲਡਿੰਗ ਠੇਕੇਦਾਰ ਐਸੋਸੀਏਸ਼ਨ ਰਜਿ 133 ਤੇ ਵਿਸ਼ਵਕਰਮਾ ਵੈਲਫ਼ੇਅਰ ਸੁਸਾਇਟੀ ਵੱਲੋਂ ਮਾਘ ਦੇ ਮਹੀਨੇ ਵਿਚ ਗੁਰਦਵਾਰਾ ਅਖਾੜਾ ਵਾਲੀ ਨਹਿਰ 'ਤੇ ਲੰਗਰ ਦੀ ਸੇਵਾ ਕੀਤੀ। ਇਸ ਮੌਕੇ ਇਸ ਮੌਕੇ ਪ੍ਰਧਾਨ ਜਿੰਦਰਪਾਲ ਸਿੰਘ ਧੀਮਾਨ, ਠੇਕੇਦਾਰ ਕਸ਼ਮੀਰੀ ਲਾਲ, ਠੇਕੇਦਾਰ ਗੁਰਮੇਲ ਸਿੰਘ ਢੁੱਡੀਕੇ, ਵਿਸ਼ਵਕਰਮਾ ਵੈਲਫ਼ੇਅਰ ਸੁਸਾਇਟੀ ਦੇ ਪ੍ਰਧਾਨ ਪ੍ਰਿਤਪਾਲ ਸਿੰਘ ਮਣਕੂ, ਕਰਮ ਸਿੰਘ ਜਗਦੇ, ਹਰਦਯਾਲ ਸਿੰਘ ਭੰਮਰਾ, ਕਰਨੈਲ ਸਿੰਘ ਧੰਜਲ, ਰਾਜਿੰਦਰ ਸਿੰਘ ਮਠਾੜੂ, ਜਸਪਾਲ ਸਿੰਘ ਪਾਲੀ, ਪ੍ਰੀਤਮ ਸਿੰਘ ਗੈਦੂ, ਸੀਨੀਅਰ ਮੀਤ ਪ੍ਰਧਾਨ ਠੇਕੇਦਾਰ ਅਮਰਜੀਤ ਸਿੰਘ ਘਟੌੜੇ, ਸੀਨੀਅਰ ਮੀਤ ਪ੍ਰਧਾਨ ਠੇਕੇਦਾਰ ਮੰਗਲ ਸਿੰਘ ਸਿੱਧੂ, ਖ਼ਜ਼ਾਨਚੀ ਠੇਕੇਦਾਰ ਹਰਨੇਕ ਸਿੰਘ ਸੋਹੀ, ਧਰਮਵੀਰ ਸਿੰਘ ਰਾਜੂ, ਮਨਦੀਪ ਸਿੰਘ ਮਨੀ, ਸੁਖਪਾਲ ਸਿੰਘ ਖਹਿਰਾ, ਪ੍ਰੀਤਮ ਸਿੰਘ ਕਲਸੀ ਤੇ ਭੀਮ ਸਿੰਘ ਸਮੂਹ ਮੈਂਬਰ ਆਦਿ ਹਾਜ਼ਰ ਸਨ।

## ਇੱਕ ਪਾਸੇ ਕਿਸਾਨਾਂ ਦੀ ਲਲਕਾਰ, ਦੂਜੇ ਪਾਸੇ ਬੈਰੀਕੇਡ ਤਿਆਰ



ਸੜਕਾਂ 'ਤੇ ਰੱਖੇ ਡਿਵਾਈਡਰ ਬਲਾਕ।

ਸਿਰਸਾ ਤੋਂ ਦਿੱਲੀ ਵੱਲ ਜਾਣ ਵਾਲੀਆਂ ਸੜਕਾਂ 'ਤੇ ਪੁਲਸ ਨੇ ਨਾਕਾਬੰਦੀ ਕਰਨ ਦੀ ਵੀ ਤਿਆਰੀ ਕਰ ਲਈ ਹੈ।

**ਸਿਰਸਾ (ਸੁਰਿੰਦਰ ਪਾਲ ਸਿੰਘ)**

ਕਿਸਾਨਾਂ ਨੂੰ ਦਿੱਲੀ ਵੱਲ ਮਾਰਚ ਕਰਨ ਤੋਂ ਰੋਕਣ ਲਈ ਸਿਰਸਾ ਪ੍ਰਸ਼ਾਸਨ ਨੇ ਵੱਡੇ ਪੱਧਰ 'ਤੇ ਤਿਆਰੀਆਂ ਕਰ ਲਈਆਂ ਹਨ।ਨੈਸ਼ਨਲ ਹਾਈਵੇ-9 ਤੇ ਪਿੰਡ ਖੈਰੇਕਾਂ ਨੇੜੇ ਵੱਡੇ ਡਿਵਾਈਡਰ ਬਲਾਕ ਰੱਖੇ ਗਏ ਹਨ।ਸਿਰਸਾ ਜ਼ਿਲ੍ਹਾ ਪ੍ਰਸ਼ਾਸਨ ਦਾ ਕਹਿਣਾ ਹੈ ਕਿ ਜੇਕਰ 13 ਫਰਵਰੀ ਨੂੰ ਸਥਿਤੀ ਵਿਗੜਦੀ ਹੈ ਤਾਂ ਹਾਈਵੇ ਨੂੰ ਸੀਲ ਕਰਨ ਲਈ ਸੜਕ ਦੇ ਵਿਚਕਾਰ ਡਿਵਾਈਡਰ ਬਲਾਕ ਲਾਏ ਜਾਣਗੇ।ਪ੍ਰਸ਼ਾਸਨ ਦੀ ਯੋਜਨਾ ਹੈ ਕਿ ਪੰਜਾਬ ਅਤੇ ਸਿਰਸਾ ਜ਼ਿਲ੍ਹੇ ਦੇ ਕਿਸਾਨਾਂ ਨੂੰ ਕਿਸੇ ਵੀ ਹਾਲਤ ਵਿੱਚ ਦਿੱਲੀ ਜਾਣ ਦੀ ਇਜਾਜ਼ਤ ਨਹੀਂ ਦਿੱਤੀ ਜਾਵੇਗੀ।ਇਸ ਲਈ ਪੰਜਾਬ ਦੀ ਸਰਹੱਦ ਅਤੇ ਪ੍ਰਸ਼ਾਸਨ ਵੱਲੋਂ ਕਿਸਾਨ ਜਥੇਬੰਦੀਆਂ ਨੂੰ ਕਿਸੇ ਵੀ ਗੈਰ-ਕਾਨੂੰਨੀ ਗਤੀਵਿਧੀ ਵਿੱਚ ਸ਼ਾਮਲ ਨਾਂ ਹੋਣ ਦੀ ਅਪੀਲ ਕੀਤੀ ਜਾ ਰਹੀ ਹੈ ਅਤੇ ਲਿਖਤੀ ਤੌਰ 'ਤੇ ਨੋਟਿਸ ਵੀ ਦਿੱਤੇ ਗਏ ਹਨ ਅਤੇ ਨੀਮ ਫੌਜੀ ਅਤੇ ਅਰਧ ਸੈਨਿਕ ਬਲਾਂ ਦੀਆਂ 5 ਕੰਪਨੀਆਂ ਬੁਲਾ ਲਈਆਂ ਹਨ। ਕਿਸਾਨ ਜਥੇਬੰਦੀਆਂ ਨੇ ਤੈਅ ਘੱਟੋ-ਘੱਟ ਸਮਰਥਨ ਮੁੱਲ ਤੇ ਫ਼ਸਲਾਂ ਦੀ ਖ਼ਰੀਦ 2021-22 ਲਈ ਮੁਆਵਜ਼ਾ, ਬਿਜਲੀ ਬਿੱਲ ਮੁਆਫ਼ ਕਰਨ, ਕਰਜ਼ਾ ਮੁਆਫ਼ੀ ਅਤੇ ਲਖੀਮਪੁਰ ਖੇੜੀ 'ਚ ਕਿਸਾਨਾਂ ਦੀ ਮੌਤ ਦੇ ਦੋਸ਼ੀਆਂ ਨੂੰ ਗ੍ਰਿਫ਼ਤਾਰ ਕਰਨ ਦੀ ਮੰਗ ਨੂੰ ਲੈ ਕੇ ਅੰਦੋਲਨ ਦਾ ਐਲਾਨ ਕੀਤਾ ਹੈ।

ਭਾਰਤੀ ਕਿਸਾਨ ਏਕਤਾ ਦੇ ਸੂਬਾ ਪ੍ਰਧਾਨ ਲਖਵਿੰਦਰ ਸਿੰਘ ਔਲਖ ਤੇ ਕਿਸਾਨ ਆਗੂ ਗੁਰਦਾਸ ਸਿੰਘ ਲੱਕੜਵਾਲੀ ਦਾ ਕਹਿਣਾ ਹੈ ਕਿ ਦੇਸ਼ ਦਾ ਕਿਸਾਨ ਇਸ ਹਿਟਲਰਵਾਦ ਅੱਗੇ ਨਾ ਤਾਂ ਝੁਕਣ ਵਾਲਾ ਹੈ ਅਤੇ ਨਾ ਹੀ ਰੁਕਣ ਵਾਲਾ ਹੈ।

## ਪੁਰਾਣੀ ਪੈਨਸ਼ਨ ਬਹਾਲੀ ਲਈ ਬੁੱਧ ਰਾਮ ਦੇ ਘਰ ਅੱਗੇ ਧਰਨਾ ਭਲਕੇ

**ਮਾਨਸਾ (ਆਤਮਾ ਸਿੰਘ ਪਮਾਰ)**-ਪੁਰਾਣੀ ਪੈਨਸ਼ਨ ਬਹਾਲੀ ਸੰਘਰਸ਼ ਕਮੇਟੀ ਮਾਨਸਾ ਦੇ ਆਗੂਆਂ ਨੇ ਆਮ ਆਦਮੀ ਪਾਰਟੀ ਦੀ ਸਰਕਾਰ ਨੂੰ ਦੋ ਸਾਲ ਬੀਤ ਜਾਣ ਦੇ ਬਾਵਜੂਦ ਪੁਰਾਣੀ ਪੈਨਸ਼ਨ ਬਹਾਲ ਕਰਨ ਦਾ ਵਾਅਦਾ ਪੂਰਾ ਨਾ ਕਰਨ ਲਈ ਪਾਰਟੀ ਦੇ ਪੰਜਾਬ ਦੇ ਪ੍ਰਧਾਨ ਤੇ ਹਲਕਾ ਬੁਢਲਾਡਾ ਦੇ ਵਿਧਾਇਕ ਸ੍ਰੀ ਬੁੱਧ ਰਾਮ ਦੀ ਰਿਹਾਇਸ਼ ਦੇ ਘਿਰਾਓ ਦਾ ਐਲਾਨ ਕੀਤਾ ਹੈ।

ਆਗੂਆਂ ਦਰਸ਼ਨ ਸਿੰਘ ਅਲੀਸ਼ੇਰ, ਕਰਮਜੀਤ ਸਿੰਘ ਤਾਮਕੋਟ ਅਤੇ ਗੁਰਪ੍ਰੀਤ ਸਿੰਘ ਦਲੇਲ ਵਾਲਾ ਨੇ ਕਿਹਾ ਕਿ ਸਾਡੇ ਚੁਣੇ ਹੋਏ ਨੁਮਾਇੰਦੇ ਪੁਰਾਣੀ ਪੈਨਸ਼ਨ ਬਹਾਲ ਕਰਨ ਨੂੰ ਲੈ ਕੇ ਬਿਲਕੁਲ ਵੀ ਗੰਭੀਰ ਨਹੀਂ ਹਨ ਅਤੇ ਦੂਜੇ ਪਾਸੇ 2004 ਤੋਂ ਬਾਅਦ ਭਰਤੀ ਹੋਏ ਮੁਲਾਜ਼ਮ ਖਾਲੀ ਹੱਥ ਰਿਟਾਇਰਡ ਹੋ ਰਹੇ ਹਨ।

ਆਗੂਆਂ ਨੇ ਕਿਹਾ ਕਿ ਪਿਛਲੇ ਦਿਨੀਂ ਆਮ ਆਦਮੀ ਪਾਰਟੀ ਦੇ ਕਾਰਜਕਾਰੀ ਪ੍ਰਧਾਨ ਆਪ ਦੇ ਬੁਢਲਾਡਾ ਤੋਂ ਵਿਧਾਇਕ ਬੁੱਧ ਰਾਮ ਨੂੰ ਮਿਲ ਕੇ ਪੁਰਾਣੀ ਪੈਨਸ਼ਨ ਲਾਗੂ ਕਰਨ ਲਈ ਸਮਾਂ ਸੀਮਾ ਦੱਸਣ ਲਈ ਮਿਲੇ ਸਨ, ਪਰ ਅਜੇ ਤੱਕ ਉਨ੍ਹਾਂ ਦਾ ਕੋਈ ਤਸੱਲੀਬਖ਼ਸ਼ ਜੁਆਬ ਮੁਲਾਜ਼ਮਾਂ ਨੂੰ ਪ੍ਰਾਪਤ ਨਹੀਂ ਹੋਇਆ, ਜਿਸ ਦੇ ਰੋਸ ਵਜੋਂ ਹੁਣ ਮੁਲਾਜ਼ਮਾਂ ਨੇ ਹਲਕਾ ਵਿਧਾਇਕ ਦੇ ਘਰ ਅੱਗੇ 11 ਫਰਵਰੀ ਨੂੰ ਰੋਸ ਧਰਨਾ ਦੇਣ ਦਾ ਐਲਾਨ ਕੀਤਾ ਹੈ।

ਆਗੂਆਂ ਨੇ ਕਿਹਾ ਕਿ ਪਾਰਟੀ ਪ੍ਰਧਾਨ ਹੋਣ ਦੇ ਨਾਤੇ ਲੋਕਾਂ ਨਾਲ ਕੀਤੇ ਵਾਅਦੇ ਸਰਕਾਰ ਤੋਂ ਪੂਰੇ ਕਰਵਾਉਣੇ ਉਨ੍ਹਾਂ ਦੀ ਨਿੱਜੀ ਜ਼ਿੰਮੇਵਾਰੀ ਹੈ, ਜਿਸ ਨੂੰ ਉਹ ਅਣਗੌਲਿਆ ਕਰ ਰਹੇ ਹਨ।ਉਨ੍ਹਾਂ ਦੇ ਇਸ ਰਵੱਈਏ ਦਾ ਮੁਲਾਜ਼ਮਾਂ ਨੇ ਸਖ਼ਤ ਨੋਟਿਸ ਲਿਆ ਹੈ, ਕਿਉਂਕਿ ਬੁੱਧ ਰਾਮ ਖੁਦ ਪੁਰਾਣੀ ਪੈਨਸ਼ਨ ਦਾ ਆਨੰਦ ਮਾਣ ਰਹੇ ਹਨ।ਸਰਕਾਰ 'ਤੇ ਵਰ੍ਹਦਿਆਂ ਆਗੂਆਂ ਨੇ ਕਿਹਾ ਆਮ ਆਦਮੀ ਪਾਰਟੀ ਮੁਲਾਜ਼ਮਾਂ ਦੀਆਂ ਭਾਵਨਾਵਾਂ ਨੂੰ ਕੈਸ਼ ਕਰਕੇ ਸੱਤਾ ਵਿੱਚ ਆਈ ਤੇ ਸਰਕਾਰ ਬਣਦਿਆਂ ਹੀ ਮੁਲਾਜ਼ਮ ਮੁੱਦੇ ਵਿਸਾਰ ਦਿੱਤੇ, ਜਿਸ ਦੀ ਕਿ ਕੋਈ ਉਮੀਦ ਨਹੀਂ ਸੀ।

## ਗੋਇਲ ਪਰਵਾਰ ਵੱਲੋਂ ਸੰਸਥਾਵਾਂ ਨੂੰ 10 ਲੱਖ ਦਾ ਦਾਨ



**ਸੁਨਾਮ (ਹਾਕਮ ਸਿੰਘ ਭੱਟੀ, ਅਸ਼ੋਕ ਬਾਂਸਲ)**

ਸੁਨਾਮ ਤੋਂ ਇੰਗਲੈਂਡ ਵਿੱਚ ਵਸੇ ਗੋਇਲ ਪਰਵਾਰ ਵੱਲੋਂ ਗੰਗਾਂ ਵਾਲੇ ਡੇਰੇ ਵਿਖੇ ਆ ਕੇ ਸ਼ਹਿਰ ਦੀਆਂ ਵੱਖ-ਵੱਖ ਧਾਰਮਿਕ ਅਤੇ ਸੋਸ਼ਲ ਸੰਸਥਾਵਾਂ ਨੂੰ 10 ਲੱਖ ਦੇ ਕਰੀਬ ਰਾਸ਼ੀ ਦਾ ਦਾਨ ਕੀਤਾ ਗਿਆ।

ਸਵ. ਬਲਦੇਵ ਗੋਇਲ, ਜੋ ਧਾਰਮਿਕ ਇਨਸਾਨ ਸੀ, ਉਨ੍ਹਾਂ ਆਪਣਾ ਜੀਵਨ ਧਾਰਮਿਕ ਅਤੇ ਸੋਸ਼ਲ ਕੰਮਾਂ ਵਿੱਚ ਹਿੱਸਾ ਲੈਂਦੇ ਹੋਏ ਲੋਕਾਂ ਦੇ ਦਿਲਾਂ ਵਿੱਚ ਰਾਜ ਕੀਤਾ। ਉਨ੍ਹਾਂ ਮੰਦਰਾਂ 'ਚ ਦਾਨ ਅਤੇ ਗਰੀਬਾਂ ਦੀ ਸੇਵਾ ਕਰ ਆਪਣਾ ਜੀਵਨ ਬਤੀਤ ਕੀਤਾ। ਉਨ੍ਹਾਂ ਦੀ ਘਰਵਾਲੀ ਸੁਮਿਤਰਾ ਗੋਇਲ, ਬੇਟੀ ਮੀਨਾ ਗੋਇਲ ਤੇ ਦੋਹਤੀ ਸਾਰਾ ਗੋਇਲ ਨੇ ਇੰਗਲੈਂਡ ਤੋਂ ਸੁਨਾਮ ਗੰਗਾ ਡੇਰੇ ਵਿਖੇ ਆ ਕੇ ਸ਼ਹਿਰ ਦੇ ਵੱਖ-ਵੱਖ ਧਾਰਮਿਕ ਅਤੇ ਸੋਸਲ ਸੰਸਥਾਵਾਂ ਨੂੰ 10 ਲੱਖ ਦੇ ਕਰੀਬ ਰਾਸ਼ੀ ਦਾ ਦਾਨ ਕੀਤਾ।

ਉਨ੍ਹਾਂ ਵੱਲੋਂ ਗੰਗਾ ਵਾਲਾ ਡੇਰਾ, ਸ਼੍ਰੀ ਸੀਤਾ ਸਰ ਧਾਮ, ਬਦਰ ਕਾਲੀ ਮੰਦਰ, ਸ਼੍ਰੀ ਰਾਮ ਆਸ਼ਰਮ ਮੰਦਰ, ਸਤ ਨਰਾਇਣ ਮੰਦਰ, ਗਊਸ਼ਾਲਾ, ਸਤੀ ਮੰਦਰ, ਆਈ ਹਸਪਤਾਲ ਸਮਤੀ, ਮਹਾਂਲਕਸ਼ਮੀ ਸਲਾਈ ਸੈਂਟਰ, ਨੇਤਰ ਬੈਂਕ ਸੰਮਤੀ ਤੇ ਬਰਨਾਲਾ ਗਊਸ਼ਾਲਾ ਆਦਿ ਨੂੰ ਰਾਸ਼ੀ ਦਿੱਤੀ।

## ਸੋਹਣ ਸਿੰਘ ਰੰਧਾਵਾ ਸਨਮਾਨ ਸਮਾਰੋਹ ਅੱਜ

**ਸਿਰਸਾ (ਸੁਰਿੰਦਰ ਪਾਲ ਸਿੰਘ)**



ਜਨ ਸਿਹਤ ਵਿਭਾਗ ਹਰਿਆਣਾ (ਸਿਰਸਾ) ਵਿੱਚੋਂ 40 ਸਾਲ ਦੀਆਂ ਸ਼ਾਨਦਾਰ ਸੇਵਾਵਾਂ ਨਿਭਾ ਕੇ ਵਰਕ ਇੰਸਪੈਕਟਰ ਵਜੋਂ 31 ਜਨਵਰੀ ਨੂੰ ਸੇਵਾਮੁਕਤ ਹੋ ਚੁੱਕੇ ਪ੍ਰਮੁੱਖ ਕ੍ਰਮਚਾਰੀ ਆਗੂ ਸੋਹਣ ਸਿੰਘ ਰੰਧਾਵਾ ਦਾ ਵੱਖ-ਵੱਖ ਕ੍ਰਮਚਾਰੀ ਜਥੇਬੰਦੀਆਂ ਵੱਲੋਂ ਸਨਮਾਨ ਸਮਾਰੋਹ ਕੁਮਹਾਰ ਧਰਮਸ਼ਾਲਾ ਸਿਰਸਾ ਵਿਖੇ ਰੱਖਿਆ ਗਿਆ ਹੈ। ਹਰਿਆਣਾ ਗਵਰਨਮੈਂਟ ਪੀਡਬਲਯੂਡੀ ਮਕੈਨੀਕਲ ਵਰਕਰ ਯੂਨੀਅਨ ਤੇ ਸਰਬ ਕ੍ਰਮਚਾਰੀ ਸੰਘ ਸਿਰਸਾ ਦੇ ਪ੍ਰਧਾਨਾਂ ਨੇ ਦੱਸਿਆ ਕਿ ਇਸ ਵਿਸ਼ੇਸ਼ ਸਨਮਾਨ ਸਮਾਰੋਹ ਵਿੱਚ ਸਰਬ ਕਰਮਚਾਰੀ ਸੰਘ ਹਰਿਆਣਾ ਦੇ ਸੂਬਾ ਪ੍ਰਧਾਨ ਧਰਮਵੀਰ ਫੌਗਾਟ ਤੇ ਮਾਸਟਰ ਕ੍ਰਿਸ਼ਨ ਨੈਨ ਸਮੇਤ ਪ੍ਰਮੁੱਖ ਕਰਮਚਾਰੀ ਸੰਗਠਨਾਂ ਦੇ ਆਗੂ ਪੁੱਜਕੇ ਸੋਹਣ ਸਿੰਘ ਰੰਧਾਵਾ ਦਾ ਕ੍ਰਾਂਤੀਕਾਰੀ ਅਭਿਨੰਦਨ ਕਰਨਗੇ।

ਹਰਿਆਣਾ ਵਿਦਿਆਲਿਆ ਅਧਿਆਪਕ ਸੰਘ ਦੇ ਸਕੱਤਰ ਮਾਸਟਰ ਬੂਟਾ ਸਿੰਘ ਤੇ ਰਿਟਾਇਰ ਕਰਮਚਾਰੀ ਸੰਘ ਦੇ ਆਗੂ ਮਾਸਟਰ ਸੁਰਿੰਦਰ ਪਾਲ ਸਿੰਘ ਦਾ ਕਹਿਣਾ ਸੀ ਕਿ ਇਹ ਸਨਮਾਨ ਸੋਹਣ ਸਿੰਘ ਰੰਧਾਵਾ ਨੂੰ ਉਨਾਂ ਦੇ ਵੱਖ-ਵੱਖ ਕ੍ਰਮਚਾਰੀ ਅੰਦੋਲਨਾਂ ਲਈ ਦਿੱਤੇ ਯੋਗਦਾਨ ਅਤੇ ਸੰਗਠਨਾਂ ਵਿਚ ਵੱਖ-ਵੱਖ ਅਹੁਦਿਆਂ ਤੇ ਕੰਮ ਕਰਨ ਹਿਤ ਦਿੱਤਾ ਜਾ ਰਿਹਾ ਹੈ।

## ਕੈਂਪ ਉਪਰੰਤ ਵਿਧਾਇਕ ਤੇ ਨਾਇਬ ਤਹਿਸੀਲਦਾਰ ਨੇ ਦਿੱਤੇ ਸਰਟੀਫਿਕੇਟ



**ਬਾਘਾ ਪੁਰਾਣਾ (ਮਨੀ ਸਿੰਗਲਾ)**

'ਆਪ' ਦੀ ਸਰਕਾਰ ਆਪ ਦੇ ਦੁਆਰ ਤਹਿਤ ਵੱਲੋਂ ਵੱਖ-ਵੱਖ ਮਹਿਕਮੇ ਦੇ ਸਰਕਾਰੀ ਅਧਿਕਾਰੀਆਂ ਵੱਲੋਂ ਸ਼ਹਿਰ ਬਾਘਾ ਪੁਰਾਣਾ ਵਿਸ਼ੇਸ ਕੈਂਪ ਲਾਇਆ ਗਿਆ ਅਤੇ ਵੱਡੀ ਗਿਣਤੀ ਵਿਚ ਲੋਕਾਂ ਨੇ ਲਾਹਾ ਲਿਆ।

ਵਿਧਾਇਕ ਅੰਮ੍ਰਿਤਪਾਲ ਸਿੰਘ ਸੁਖਾਨੰਦ ਅਤੇ ਨਾਇਬ ਤਹਿਸੀਲਦਾਰ ਭੀਮ ਸੈਨ ਵੱਲੋਂ ਲੋਕਾਂ ਨੂੰ ਸਰਟੀਫਿਕੇਟ ਦਿੱਤੇ ਗਏ।ਇਸ ਮੌਕੇ ਨਗਰ ਕੌਂਸਲ ਦੇ ਜੇਈ ਸਜਲ ਕੁਮਾਰ, ਬਿਜਲੀ ਮਹਿਕਮੇ ਦੇ ਅਧਿਕਾਰੀ, ਸੇਵਾ ਕੇਂਦਰ ਦੇ ਜਗਤਾਰ ਸਿੰਘ, ਆਂਗਣਵਾੜੀ, ਖੁਰਾਕ ਦੇ ਸਪਲਾਈ ਵਿਭਾਗ, ਪਟਵਾਰੀ, ਸਿਹਤ ਵਿਭਾਗ, ਕਿਰਤ ਵਿਭਾਗ ਅਤੇ ਹੋਰ ਵਿਭਾਗਾਂ ਦੇ ਅਧਿਕਾਰੀ ਸ਼ਾਮਲ ਸਨ।

ਵਿਧਾਇਕ ਅੰਮ੍ਰਿਤਪਾਲ ਸਿੰਘ ਸੁਖਾਨੰਦ ਨੇ ਕਿਹਾ ਕਿ ਇਨ੍ਹਾਂ ਕੈਂਪਾਂ ਦੇ ਆਯੋਜਨ ਦਾ ਮੁੱਖ ਟੀਚਾ ਲੋਕਾਂ ਨੂੰ ਉਨ੍ਹਾਂ ਦੇ ਘਰਾਂ ਨੇੜੇ ਅਤੇ ਇੱਕੋ ਛੱਤ ਥੱਲੇ ਪੰਜਾਬ ਸਰਕਾਰ ਵੱਲੋਂ ਜਾਰੀ ਲੋਕ ਭਲਾਈ ਸਕੀਮਾਂ ਦਾ ਲਾਭ ਪੁਚਾਉਣਾ ਅਤੇ ਨਾਗਰਿਕਾਂ ਦੀਆਂ ਮੁਸ਼ਕਿਲਾਂ ਨੂੰ ਜਲਦ ਨਿਪਟਾਰੇ ਨੂੰ ਯਕੀਨੀ ਬਣਾਉਣਾ ਹੈ।ਉਨ੍ਹਾਂ ਸਾਰੇ ਵਿਭਾਗਾਂ ਨੂੰ ਹਦਾਇਤ ਕੀਤੀ ਕਿ ਉਹ ਕੈਂਪ ਵਿਚ ਪ੍ਰਾਪਤ ਯੋਗ ਅਰਜ਼ੀਆਂ ਦਾ ਪਹਿਲ ਦੇ ਆਧਾਰ 'ਤੇ ਨਿਬੇੜਾ ਕਰਨ। ਉਨ੍ਹਾਂ ਸਪੱਸ਼ਟ ਕੀਤਾ ਕਿ ਇਨ੍ਹਾਂ ਕੈਂਪਾਂ ਦੌਰਾਨ ਵਿਸ਼ੇਸ਼ ਤੌਰ ਉੱਤੇ ਵੱਖ-ਵੱਖ ਤਰ੍ਹਾਂ ਦੀਆਂ ਸਰਕਾਰੀ ਸੇਵਾਵਾਂ ਸਬੰਧੀ ਪ੍ਰਾਪਤ ਪ੍ਰਤੀ ਬੇਨਤੀਆਂ ਦਾ ਨਿਪਟਾਰਾ ਕੀਤਾ ਜਾਵੇਗਾ, ਜਿਨ੍ਹਾਂ ਵਿੱਚ ਜਨਮ ਸਰਟੀਫਿਕੇਟ, ਆਮਦਨ ਸਰਟੀਫਿਕੇਟ, ਲਾਭਪਾਤਰੀਆਂ ਦੇ ਬੱਚਿਆਂ ਨੂੰ ਵਜ਼ੀਫੇ, ਰਿਹਾਇਸ਼ ਸਰਟੀਫਿਕੇਟ, ਅਨੁਸੂਚਿਤ ਅਤੇ ਪੱਛੜੀਆਂ ਸ਼੍ਰੇਣੀਆਂ ਦੇ ਸਰਟੀਫਿਕੇਟ, ਬੁਢਾਪਾ, ਦਿਵਯਾਂਗ ਅਤੇ ਆਸ਼ਰਿਤ ਪੈਨਸ਼ਨ, ਉਸਾਰੀ ਕਿਰਤੀਆਂ ਸਬੰਧੀ ਲਾਭਪਾਤਰੀ, ਜਨਮ ਸਰਟੀਫਿਕੇਟ ਵਿਚ ਨਾਂ ਦੀ ਤਬਦੀਲੀ, ਬਿਜਲੀ ਦੇ ਬਿੱਲਾਂ ਦੇ ਭੁਗਤਾਨ, ਮਾਲ ਵਿਭਾਗ ਸਬੰਧੀ ਰਿਕਾਰਡ ਦੀ ਪੜਤਾਲ, ਸ਼ਾਦੀ ਦੀ ਰਜਿਸਟ੍ਰੇਸ਼ਨ, ਮੌਤ ਦੇ ਸਰਟੀਫਿਕੇਟ ਦੀ ਇਕ ਤੋਂ ਵੱਧ ਕਾਪੀਆਂ, ਦਸਤਾਵੇਜ਼ਾਂ ਦੀਆਂ ਤਸਦੀਕ ਸ਼ੁਦਾ ਕਾਪੀਆਂ, ਪੇਂਡੂ ਖੇਤਰ ਸਰਟੀਫਿਕੇਟ, ਫਰਦ ਬਣਾਉਣੀ, ਆਮ ਜਾਤੀ ਸਰਟੀਫਿਕੇਟ, ਸ਼ਗਨ ਸਕੀਮ, ਜ਼ਮੀਨ ਦੀ ਨਿਸ਼ਾਨਦੇਹੀ, ਐਨ.ਆਰ.ਆਈ. ਦੇ ਸਰਟੀਫਿਕੇਟਾਂ ਦੇ ਕਾਊਂਟਰ ਦਸਤਖ਼ਤ, ਪੁਲਸ ਕਲੀਅਰੈਂਸ ਸਰਟੀਫਿਕੇਟ ਦੇ ਕਾਊਂਟਰ ਦਸਤਖ਼ਤ, ਮੌਤ ਸਰਟੀਫਿਕੇਟ ਵਿਚ ਤਬਦੀਲੀ ਆਦਿ ਸ਼ਾਮਲ ਹਨ। ਇਸ ਮੌਕੇ ਰਣਜੀਤ ਸਿੰਘ ਟੀਟੂ, ਧਰਮਿੰਦਰ ਸਿੰਘ ਰੱਖੜਾ ਜਗਸੀਰ ਸਿੰਘ ਸੀਰਾ, ਗਗਨ ਚੱਡਾ, ਇਕਬਾਲ ਸਿੰਘ ਬਰਾੜ, ਭਗਵੰਤ ਸਿੰਘ ਬਰਾੜ ਜੱਗਾ, ਗੀਤਿਕ ਗੋਇਲ, ਮਾ: ਮਨਜੀਤ ਸਿੰਘ ਰਾਜੇਆਨਾ, ਪ੍ਰਿੰ: ਕਪਤਾਨ ਸਿੰਘ, ਜਗਸੀਰ ਸਿੰਘ ਜੱਗਾ, ਮੁਖਤਿਆਰ ਸਿੰਘ, ਕਮਲ, ਜਗਤਾਰ ਸਿੰਘ ਟੇਲਰ ਮਾਸਟਰ, ਗੁਰਪ੍ਰੀਤ ਸਿੰਘ ਅਤੇ ਹੋਰ ਹਾਜ਼ਰ ਸਨ।

## ਹੈਰੋਇਨ ਸਮੇਤ ਕਾਬੂ ਕੀਤੇ ਨੌਜਵਾਨ ਨੂੰ ਅਦਾਲਤ ਨੇ ਸੁਣਾਈ ਦਸ ਸਾਲ ਕੈਦ

**ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**

ਕਰੀਬ ਪੰਜ ਸਾਲ ਪਹਿਲਾਂ ਮੰਡੀ ਗੋਬਿੰਦਗੜ੍ਹ ਪੁਲਿਸ ਵੱਲੋਂ ਹੈਰੋਇਨ ਸਮੇਤ ਗ੍ਰਿਫ਼ਤਾਰ ਕੀਤੇ ਗਏ ਇੱਕ ਨੌਜਵਾਨ ਨੂੰ ਇੱਥੋਂ ਦੀ ਇੱਕ ਅਦਾਲਤ ਵੱਲੋਂ ਕੈਦ ਤੇ ਜੁਰਮਾਨੇ ਦੀ ਸਜ਼ਾ ਸੁਣਾਏ ਜਾਣ ਦਾ ਸਮਾਚਾਰ ਹੈ। ਜਾਣਕਾਰੀ ਅਨੁਸਾਰ 16 ਮਾਰਚ 2019 ਨੂੰ ਦੁਪਹਿਰ ਸਮੇਂ ਸ਼ੱਕੀ ਵਿਅਕਤੀਆਂ ਦੀ ਭਾਲ 'ਚ ਗਸ਼ਤ ਕਰਦੀ ਹੋਈ ਥਾਣਾ ਮੰਡੀ ਗੋਬਿੰਦਗੜ੍ਹ ਦੀ ਇੱਕ ਪੁਲਸ ਪਾਰਟੀ ਜਦੋਂ ਮੰਡੀ ਗੋਬਿੰਦਗੜ੍ਹ ਦੇ ਅਮਲੋਹ ਰੋਡ 'ਤੇ ਜੱਸੜਾਂ ਸੂਆ ਪੁਲ ਨਜ਼ਦੀਕ ਪਹੁੰਚੀ ਤਾਂ ਸੂਏ ਦੇ ਪਿਛਲੇ ਪਾਸੇ ਮੜ੍ਹੀਆਂ ਅੱਗੇ ਇੱਕ ਸਵਿਫਟ ਕਾਰ ਖੜੀ ਦਿਖਾਈ ਦਿੱਤੀ, ਜਿਸ ਕੋਲ ਪਹੁੰਚ ਕੇ ਪੁਲਸ ਕ੍ਰਮਚਾਰੀਆਂ ਨੇ ਜਦੋਂ ਕਾਰ ਦੀ ਤਾਕੀ ਖੋਲ੍ਹੀ ਤਾਂ ਕਾਰ 'ਚ ਧੂੰਆ ਸੀ ਤੇ ਚਾਲਕ ਸੀਟ 'ਤੇ ਬੈਠੇ ਨੌਜਵਾਨ ਦੇ ਮੂੰਹ 'ਚ ਪਾਈਪ ਸੀ, ਜਿਸ ਦੇ ਇੱਕ ਹੱਥ ਵਿੱਚ ਲਾਈਟਰ ਤੇ ਦੂਜੇ ਹੱਥ ਵਿੱਚ ਸਿਲਵਰ ਪੰਨੀ 'ਤੇ ਕੋਈ ਨਸ਼ੀਲਾ ਪਦਾਰਥ ਪਾਇਆ ਹੋਇਆ ਸੀ, ਜਿਸ ਨੇ ਪੁੱਛੇ ਜਾਣ 'ਤੇ ਆਪਣੀ ਪਛਾਣ ਗੁਰਜੀਤ ਸਿੰਘ ਚੀਮਾ ਉਰਫ਼ ਰਾਜੂ ਵਾਸੀ ਦਸਮੇਸ਼ ਕਲੋਨੀ ਮੰਡੀ ਗੋਬਿੰਦਗੜ੍ਹ ਵਜੋਂ ਦੱਸੀ।ਕਾਰ ਦੀ ਤਲਾਸ਼ੀ ਦੌਰਾਨ ਉਕਤ ਨੌਜਵਾਨ ਦੇ ਕਬਜ਼ੇ 'ਚੋਂ 255 ਗ੍ਰਾਮ ਹੈਰੋਇਨ ਤੇ 7500/- ਰੁਪਏ ਦੇ ਕਰੰਸੀ ਨੋਟ ਬਰਾਮਦ ਹੋਏ। ਮੰਡੀ ਗੋਬਿੰਦਗੜ੍ਹ ਵਿਖੇ 27, 21/61/85 ਐਨ.ਡੀ.ਪੀ.ਐਸ. ਐਕਟ ਤਹਿਤ ਦਰਜ ਕਰਾਏ ਗਏ ਮੁਕੱਦਮੇ 'ਚ ਗੁਰਜੀਤ ਸਿੰਘ ਚੀਮਾ ਉਰਫ਼ ਰਾਜੂ ਨੂੰ ਗ੍ਰਿਫ਼ਤਾਰ ਕਰ ਲਿਆ ਗਿਆ।ਮਾਮਲੇ ਦੀ ਸੁਣਵਾਈ ਪੂਰੀ ਹੋਣ 'ਤੇ ਫ਼ਤਹਿਗੜ੍ਹ ਸਾਹਿਬ ਦੀ ਸਪੈਸ਼ਲ ਅਦਾਲਤ ਨੇ ਗੁਰਜੀਤ ਸਿੰਘ ਚੀਮਾ ਉਰਫ਼ ਰਾਜੂ ਨੂੰ ਮਾਮਲੇ 'ਚ ਅ/ਧ 21 ਐਨ.ਡੀ.ਪੀ.ਐਸ. ਐਕਟ ਤਹਿਤ ਦੋਸ਼ੀ ਮੰਨਦੇ ਹੋਏ ਦਸ ਸਾਲ ਕੈਦ ਬਾਮੁਸ਼ੱਕਤ ਅਤੇ ਇੱਕ ਲੱਖ ਰੁਪਏ ਜ਼ੁਰਮਾਨੇ ਦੀ ਸਜ਼ਾ ਸੁਣਾਈ ਹੈ, ਜਦੋਂ ਕਿ ਇਸੇ ਮਾਮਲੇ 'ਚ ਅ/ਧ 27 ਐਨ.ਡੀ.ਪੀ.ਐਸ. ਐਕਟ ਤਹਿਤ ਵੀ ਦੋਸ਼ੀ ਮੰਨਦੇ ਹੋਏ ਗੁਰਜੀਤ ਸਿੰਘ ਚੀਮਾ ਉਰਫ਼ ਰਾਜੂ ਨੂੰ ਅਦਾਲਤ ਨੇ ਛੇ ਮਹੀਨੇ ਕੈਦ ਬਾਮੁਸ਼ੱਕਤ ਤੇ ਤਿੰਨ ਹਜ਼ਾਰ ਰੁਪਏ ਜੁਰਮਾਨੇ ਦੀ ਸਜ਼ਾ ਸੁਣਾਈ ਹੈ।

## ਵਿਧਾਇਕ ਕਾਕਾ ਬਰਾੜ ਬੋਲੇ ਕੈਂਪ 'ਚ ਆਏ ਲੋਕਾਂ ਦੇ ਦੁਬਾਰਾ ਗੇੜੇ ਨਾ ਲੱਗਣ



ਕੈਂਪ ਦੌਰਾਨ ਮੌਕੇ 'ਤੇ ਤਿਆਰ ਸਰਟੀਫਿਕੇਟ ਉਪਭੋਗਤਾ ਨੂੰ ਦਿੰਦੇ ਹੋਏ ਵਿਧਾਇਕ ਜਗਦੀਪ ਸਿੰਘ ਕਾਕਾ ਬਰਾੜ।

**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**

ਲੋਕਾਂ ਨੂੰ ਦਫ਼ਤਰਾਂ ਦੇ ਚੱਕਰਾਂ ਤੋਂ ਬਚਾਉਣ ਲਈ ਸੂਬੇ ਦੀ ਭਗਵੰਤ ਸਿੰਘ ਮਾਨ ਦੀ ਸਰਕਾਰ ਵੱਲੋਂ ਆਪ ਦੀ ਸਰਕਾਰ ਤੁਹਾਡੇ ਦੁਆਰ ਦੀ ਸ਼ੁਰੂ ਕੀਤੀ ਗਈ ਲੜੀ ਤਹਿਤ ਚੱਕ ਬੀੜ ਸਰਕਾਰ ਰੋਡ 'ਤੇ ਵਿਸ਼ੇਸ਼ ਕੈਂਪ ਲਾਇਆ ਗਿਆ, ਜਿਸ 'ਚ ਵਾਰਡ ਨੰਬਰ 5, 8 ਅਤੇ 12 ਦੇ ਲੋਕਾਂ ਨੇ ਭਾਗ ਲਿਆ।ਕੈਂਪ ਦਾ ਜਾਇਜ਼ਾ ਲੈਣ ਲਈ ਆਮ ਆਦਮੀ ਪਾਰਟੀ ਦੇ ਸੂਬਾ ਮੀਤ ਪ੍ਰਧਾਨ ਅਤੇ ਵਿਧਾਇਕ ਜਗਦੀਪ ਸਿੰਘ ਕਾਕਾ ਬਰਾੜ ਪਹੁੰਚੇ।ਜਿਨ੍ਹਾਂ ਨਾਲ ਟਰੱਕ ਯੂਨੀਅਨ ਦੇ ਪ੍ਰਧਾਨ ਸੁਖਜਿੰਦਰ ਸਿੰਘ ਬੱਬਲੂ ਬਰਾੜ, ਬਲਾਕ ਪ੍ਰਧਾਨ ਪਰਮਜੀਤ ਸਿੰਘ ਪੰਮਾ ਨੰਬਰਦਾਰ, ਕੌਂਸਲਰ ਇੰਦਰਜੀਤ ਕੌਰ ਜੱਗਾ, ਜਗਮੀਤ ਸਿੰਘ ਜੱਗਾ, ਬਲਾਕ ਪ੍ਰਧਾਨ ਵਿੱਕੀ ਗੂੰਬਰ, ਬਲਾਕ ਪ੍ਰਧਾਨ ਸ਼ਕਤੀ ਖੁੰਗਰ, ਨਗਰ ਕੌਂਸਲ ਦੇ ਈਓ ਰਜ਼ਨੀਸ਼ ਕੁਮਾਰ ਗਿਰਧਰ ਆਦਿ ਹਾਜ਼ਰ ਸਨ।ਕੈਂਪ ਦੌਰਾਨ ਵੱਖ-ਵੱਖ ਵਿਭਾਗਾਂ ਵੱਲੋਂ ਸਟਾਲ ਲਾ ਕੇ ਸਰਕਾਰੀ ਸਹੂਲਤਾਂ ਦਿੱਤੀਆਂ ਗਈਆਂ।ਵਿਧਾਇਕ ਜਗਦੀਪ ਸਿੰਘ ਕਾਕਾ ਬਰਾੜ ਨੇ ਆਖਿਆ ਕਿ ਸੂਬਾ ਸਰਕਾਰ ਵੱਲੋਂ ਲੋਕਾਂ ਨੂੰ ਦਫ਼ਤਰਾਂ ਦੇ ਚੱਕਰਾਂ ਤੋਂ ਬਚਾਉਣ ਲਈ ਇਹ ਕੈਂਪ ਸ਼ੁਰੂ ਕੀਤੇ ਗਏ ਹਨ, ਜਿਸ ਨਾਲ ਲੋਕਾਂ ਵੱਲੋਂ ਭਰਪੂਰ ਸਮਰਥਨ ਮਿਲ ਰਿਹਾ ਹੈ।ਉਨ੍ਹਾਂ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਤੇ ਕ੍ਰਮਚਾਰੀਆਂ ਨੂੰ ਅਪੀਲ ਕੀਤੀ ਕਿ ਉਹ ਕੈਂਪ ਵਿੱਚ ਆਉਣ ਵਾਲੇ ਲੋਕਾਂ ਨਾਲ ਨਰਮੀ ਨਾਲ ਪੇਸ਼ ਆਉਣ ਤੇ ਉਨ੍ਹਾਂ ਦੇ ਕੰਮ ਫਾਰਮ ਭਰਕੇ ਪਹਿਲ ਦੇ ਅਧਾਰ 'ਤੇ ਕਰਨ।ਇਸ ਤੋਂ ਇਲਾਵਾ ਉਨ੍ਹਾਂ ਨੂੰ ਮਾਇਕ ਰਾਹੀ ਦੱਸਿਆ ਜਾਵੇ ਕਿ ਕਿਹੜੀ ਕਿਹੜੀ ਸਹੂਲਤ ਦਿੱਤੀ ਜਾ ਰਹੀ ਹੈ, ਉਸ ਬਾਰੇ ਵੀ ਦੱਸਿਆ ਜਾਵੇ।ਉਨ੍ਹਾਂ ਕਿਹਾ ਕਿ ਇਹ ਸਹੂਲਤਾਂ ਕੈਂਪ ਤੋਂ ਬਾਅਦ ਵੀ 1076 ਨੰਬਰ ਡਾਇਲ ਕਰਕੇ ਘਰ ਵਿੱਚ ਵੀ ਪ੍ਰਾਪਤ ਕੀਤੀਆਂ ਜਾ ਸਕਦੀਆਂ ਹਨ।

## ਕਵੀਆਂ ਨੇ ਭਾਸ਼ਾ ਵਿਭਾਗ ਕਪੂਰਥਲਾ ਦੇ ਮੁਸ਼ਾਇਰੇ 'ਚ ਰੰਗ ਬੰਨ੍ਹਿਆ



ਮੁਹੰਮਦ ਅੱਬਾਸ ਧਾਲੀਵਾਲ ਨੂੰ ਪ੍ਰਧਾਨਗੀ ਮੰਡਲ ਸਨਮਾਨਤ ਕਰਦੇ ਹੋਏ।

**ਮਲੇਰਕੋਟਲਾ (ਅਸਗਰ ਪਰਿਹਾਰ)**-ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਉਚੇਰੀ ਸਿੱਖਿਆ ਤੇ ਭਾਸ਼ਾ ਮੰਤਰੀ ਹਰਜੋਤ ਸਿੰਘ ਬੈਂਸ ਦੀ ਰਹਿਨੁਮਾਈ ਹੇਠ ਡਾਇਰੈਕਟਰ ਭਾਸ਼ਾ ਵਿਭਾਗ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਜ਼ਿਲ੍ਹਾ ਭਾਸ਼ਾ ਦਫ਼ਤਰ ਕਪੂਰਥਲਾ ਵੱਲੋਂ ਵਿੱਦਿਆ ਦੇ ਖੇਤਰ ਦੀ ਨਾਮਵਰ ਸੰਸਥਾ ਲਾਇਲਪੁਰ ਖ਼ਾਲਸਾ ਕਾਲਜ ਕਪੂਰਥਲਾ ਦੇ ਵਿਹੜੇ ਵਿੱਚ ਤ੍ਰੈ-ਭਾਸ਼ੀ ਕਵੀ ਦਰਬਾਰ ਕਰਾਇਆ ਗਿਆ।ਇਸ ਤ੍ਰੈ-ਭਾਸ਼ੀ ਕਵੀ ਦਰਬਾਰ ਵਿੱਚ ਪਦਮਸ਼੍ਰੀ ਡਾ. ਹਰਮਿੰਦਰ ਸਿੰਘ ਬੇਦੀ ਚਾਂਸਲਰ ਕੇਂਦਰੀ ਵਿਸ਼ਵ ਵਿਦਿਆਲਾ ਧਰਮਸ਼ਾਲਾ (ਹਿਮਾਚਲ ਪ੍ਰਦੇਸ਼) ਮੁੱਖ ਮਹਿਮਾਨ ਵਜੋਂ ਤੇ ਪ੍ਰਿੰ. ਡਾ. ਬਲਦੇਵ ਸਿੰਘ ਢਿੱਲੋਂ ਵਿਸ਼ੇਸ਼ ਮਹਿਮਾਨ ਵਜੋਂ ਸ਼ਾਮਲ ਹੋਏ।

ਸਮਾਗਮ ਦੀ ਪ੍ਰਧਾਨਗੀ ਪੰਜਾਬੀ ਦੇ ਪ੍ਰਸਿੱਧ ਸ਼ਾਇਰ ਤੇ ਅਲੋਚਕ ਪ੍ਰੋ. ਕੁਲਵੰਤ ਸਿੰਘ ਔਜਲਾ ਨੇ ਕੀਤੀ।ਜ਼ਿਲ੍ਹਾ ਭਾਸ਼ਾ ਅਫ਼ਸਰ ਜਸਪ੍ਰੀਤ ਕੌਰ ਨੇ ਜੀ ਆਇਆਂ ਆਖਦਿਆਂ ਸਾਰੇ ਕਵੀਆਂ ਦੀ ਜਾਣ ਪਛਾਣ ਕਰਾਈ।ਉਨ੍ਹਾਂ ਭਾਸ਼ਾ ਵਿਭਾਗ ਦੀਆਂ ਗਤੀਵਿਧੀਆਂ ਸਾਂਝੀਆਂ ਕਰਦਿਆਂ ਹਾਜ਼ਰ ਕਵੀਆਂ ਦਾ ਸ਼ਾਇਰਾਨਾ ਅੰਦਾਜ਼ 'ਚ ਤਆਰੁਫ਼ ਕਰਾਉਂਦਿਆਂ ਕਿਹਾ ਕਿ ਮੁੱਖ ਕੇਂਦਰ ਪਟਿਆਲਾ ਦੇ ਨਾਲ-ਨਾਲ ਹੁਣ ਹਰ ਸਾਲ ਜ਼ਿਲ੍ਹਾ ਕੇਂਦਰਾਂ ਵਿਖੇ ਵੀ ਤ੍ਰੈ-ਭਾਸ਼ੀ ਕਵੀ ਦਰਬਾਰ ਕਰਾਇਆ ਜਾਇਆ ਕਰਨਗੇ।ਇਸ ਨਾਲ ਸਾਹਿਤਕ ਮਾਹੌਲ ਦੇ ਪਸਾਰੇ ਨੂੰ ਹੋਰ ਬਲ ਮਿਲੇਗਾ।ਤ੍ਰੈ-ਭਾਸ਼ੀ ਕਵੀ ਦਰਬਾਰ ਵਿੱਚ ਡਾ. ਸਰਦੂਲ ਸਿੰਘ ਔਜਲਾ, ਕੰਵਰ ਇਕਬਾਲ ਸਿੰਘ, ਸੁਰਜੀਤ ਸਾਜਨ, ਸ਼ਹਿਬਾਜ਼ ਖ਼ਾਨ, ਮੰਗਲ ਭੰਡਾਲ, ਪ੍ਰੋ. ਮਨਜਿੰਦਰ ਸਿੰਘ ਜੌਹਲ, ਪ੍ਰਿੰ. ਪ੍ਰੋਮਿਲਾ ਅਰੋੜਾ, ਡਾ. ਨੀਲੂ ਸ਼ਰਮਾ, ਰਮੇਸ਼ ਵਿਨੋਦੀ, ਮਹੇਸ਼ ਸ਼ਰਮਾ, ਮੁਹੰਮਦ ਅਬਰਾਰ , ਡਾ. ਦੀਪਕ ਨੇ ਕਲਾਮ ਪੇਸ਼ ਕੀਤੇ, ਜਦੋਂਕਿ ਇਸ ਮੌਕੇ ਮਲੇਰਕੋਟਲਾ ਤੋਂ ਵਿਸ਼ੇਸ਼ ਤੌਰ 'ਤੇ ਪੁੱਜੇ ਮੁਹੰਮਦ ਅੱਬਾਸ ਧਾਲੀਵਾਲ, ਅਸਗ਼ਰ ਅਮੀਨ ਅਤੇ ਅਬਦੁਲ ਰਸ਼ੀਦ ਨੇ ਆਪਣੀ ਉਰਦੂ ਸ਼ਾਇਰੀ ਰਾਹੀਂ ਆਪਣੀ ਭਰਪੂਰ ਹਾਜ਼ਰੀ ਲਵਾਉਂਦੇ ਹੋਏ ਹਾਜ਼ਰੀਨ ਦੀ ਖ਼ੂਬ ਵਾਹ-ਵਾਹੀ ਲੁੱਟੀ । ਪਦਮਸ਼੍ਰੀ ਡਾ. ਹਰਮਿੰਦਰ ਸਿੰਘ ਬੇਦੀ ਚਾਂਸਲਰ ਕੇਂਦਰੀ ਵਿਸ਼ਵ ਵਿਦਿਆਲਾ ਧਰਮਸ਼ਾਲਾ (ਹਿਮਾਚਲ ਪ੍ਰਦੇਸ਼) ਨੇ ਭਾਸ਼ਾ ਵਿਭਾਗ ਵਲੋਂ ਨਵੀਂ ਪੀੜ੍ਹੀ ਨੂੰ ਪੁਸਤਕ ਸੱਭਿਆਚਾਰ ਤੇ ਸਾਹਿਤ ਨਾਲ ਜੋੜਨ ਲਈ ਭਰਪੂਰ ਸ਼ਲਾਘਾ ਕੀਤੀ।ਉਨ੍ਹਾਂ ਕਿਹਾ ਕਿ ਉਨ੍ਹਾਂ ਨੂੰ ਕਵਿਤਾ ਵਿੱਚ ਹਮੇਸ਼ਾ ਹੀ ਦਿਲਚਸਪੀ ਰਹੀ ਹੈ, ਕਿਉਂਕਿ ਕਵਿਤਾ ਦਾ ਸਿੱਧਾ ਸਬੰਧ ਰੂਹ ਨਾਲ ਹੁੰਦਾ ਹੈ।

ਪ੍ਰੋ. ਕੁਲਵੰਤ ਸਿੰਘ ਔਜਲਾ ਨੇ ਕਵੀ ਦਰਬਾਰ ਦੀ ਗੱਲ ਕਰਦਿਆਂ ਕਿ ਇਹ ਇੱਕ ਅਜਿਹੀ ਪ੍ਰੰਪਰਾ ਹੈ, ਜੋ ਸਦੀਆਂ ਤੋਂ ਸਾਡੇ ਵਿਰਸੇ ਦਾ ਹਿੱਸਾ ਬਣੀ ਹੋਈ ਹੈ।ਪ੍ਰਿੰਸੀਪਲ ਡਾ. ਬਲਦੇਵ ਸਿੰਘ ਢਿੱਲੋਂ ਨੇ ਕਿਹਾ ਕਿ ਨਵੀਂ ਪੀੜ੍ਹੀ ਨੂੰ ਚੰਗੀ ਸ਼ਾਇਰੀ ਨਾਲ ਜੋੜਨ ਲਈ ਲਿਖਾਰੀਆਂ ਦੀ ਜ਼ਿੰਮੇਵਾਰੀ ਬਹੁਤ ਵਧ ਜਾਂਦੀ ਹੈ।ਇਸ ਕਰਕੇ ਭਾਸ਼ਾ ਵਿਭਾਗ ਵਧਾਈ ਦਾ ਪਾਤਰ ਹੈ, ਜੋ ਨਵੀਂ ਪੀੜ੍ਹੀ ਨੂੰ ਵਧੀਆ ਸਾਹਿਤ ਨਾਲ ਜੋੜਨ ਤੇ ਚੰਗੀ ਸੇਧ ਦੇਣ ਲਈ ਇਸ ਤਰ੍ਹਾਂ ਦੇ ਸਮਾਗਮ ਰਚਾਉਂਦਾ ਹੈ।ਭਾਸ਼ਾ ਵਿਭਾਗ, ਕਪੂਰਥਲਾ ਵੱਲੋਂ ਮੁੱਖ ਮਹਿਮਾਨ, ਵਿਸ਼ੇਸ਼ ਮਹਿਮਾਨ, ਸ਼ਾਇਰਾਂ ਅਤੇ ਸੰਸਥਾ ਦੇ ਪ੍ਰੋਫੈਸਰਾਂ ਨੂੰ ਕਿਤਾਬਾਂ ਦੇ ਸੈੱਟ ਤੇ ਦੁਸ਼ਾਲਿਆਂ ਨਾਲ ਸਨਮਾਨਤ ਕੀਤਾ ਗਿਆ।ਮੰਚ ਦਾ ਸੰਚਾਲਨ ਡਾ. ਕੁਲਦੀਪ ਸਿੰਘ ਚੌਹਾਨ ਵੱਲੋਂ ਬਾਖੂਬੀ ਢੰਗ ਨਿਭਾਇਆ ਗਿਆ।

## ਸਮਰਾਲਾ ਵਾਲੀ ਰੈਲੀ ਸਿਰਜੇਗੀ ਇਤਿਹਾਸ : ਕਾਂਗਰਸੀ ਆਗੂ



ਕਾਕਾ ਰਣਦੀਪ ਸਿੰਘ ਨਾਭਾ ਮੀਟਿੰਗ ਨੂੰ ਸੰਬੋਧਨ ਕਰਦੇ ਹੋਏ।

**ਅਮਲੋਹ (ਲਖਵੀਰ ਸਿੰਘ, ਹਰਚਰਨ ਉੱਪਲ)**-ਕਾਂਗਰਸ ਪਾਰਟੀ ਵੱਲੋਂ 11 ਫਰਵਰੀ ਨੂੰ ਸਮਰਾਲਾ ਵਿਖੇ ਕੀਤੀ ਜਾਣ ਵਾਲੀ ਰੈਲੀ ਦੇ ਸਬੰਧ ਵਿੱਚ ਸਾਬਕਾ ਕੈਬਨਿਟ ਮੰਤਰੀ ਕਾਕਾ ਰਣਦੀਪ ਸਿੰਘ ਨਾਭਾ ਦੇ ਦਫ਼ਤਰ ਵਿਖੇ ਪਾਰਟੀ ਆਗੂਆਂ ਅਤੇ ਵਰਕਰਾਂ ਦੀ ਮੀਟਿੰਗ ਹੋਈ।ਮੀਟਿੰਗ ਵਿੱਚ ਕਾਕਾ ਰਣਦੀਪ ਸਿੰਘ ਨਾਭਾ ਸਾਬਕਾ ਕੈਬਨਿਟ ਮੰਤਰੀ ਪੰਜਾਬ, ਹਰਿੰਦਰ ਸਿੰਘ ਹੈਰੀ ਮਾਨ ਲੋਕ ਸਭਾ ਕੋਆਰਡੀਨੇਟਰ, ਸੰਜੇ ਪ੍ਰਧਾਨ ਆਬਜ਼ਰਵਰ ਲੋਕ ਸਭਾ ਹਲਕਾ ਫਤਿਹਗੜ੍ਹ ਸਾਹਿਬ, ਜ਼ਿਲ੍ਹਾ ਪ੍ਰਧਾਨ ਗੁਰਪ੍ਰੀਤ ਸਿੰਘ ਜੀ ਪੀ ਸਿਤਾਰ ਮੁਹੰਮਦ ਹਲਕਾ ਅਮਲੋਹ ਕੋਆਰਡੀਨੇਟਰ ਅਮਲੋਹ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ ਅਤੇ ਆਪਣੇ ਵਿਚਾਰ ਪੇਸ਼ ਕੀਤੇ ਗਏ ਉਥੇ ਹੀ ਰੈਲੀ ਵਿੱਚ ਸ਼ਾਮਲ ਹੋਣ ਦੀ ਅਪੀਲ ਕੀਤੀ ਗਈ। ਕਾਕਾ ਰਣਦੀਪ ਸਿੰਘ ਨਾਭਾ ਨੇ ਕਿਹਾ ਕਿ ਸਮਰਾਲਾ ਰੈਲੀ ਵਿੱਚ ਕੁੱਲ ਹਿੰਦ ਕਾਂਗਰਸ ਕਮੇਟੀ ਦੇ ਪ੍ਰਧਾਨ ਮਲਿਕਰਜੁਨ ਖੜਗੇ ਵਿਸ਼ੇਸ਼ ਤੌਰ 'ਤੇ ਪਹੁੰਚ ਰਹੇ ਹਨ, ਜਿਸ ਸਬੰਧੀ ਪਾਰਟੀ ਵਰਕਰਾਂ ਅਤੇ ਆਗੂਆਂ ਵਿੱਚ ਭਾਰੀ ਉਤਸ਼ਾਹ ਪਾਇਆ ਜਾ ਰਿਹਾ ਅਤੇ ਰੈਲੀ ਸਬੰਧੀ ਕੀਤੀਆਂ ਜਾਣ ਵਾਲੀਆਂ ਮੀਟਿੰਗਾਂ ਨੂੰ ਵੀ ਭਰਵਾਂ ਹੁੰਗਾਰਾ ਮਿਲ ਰਿਹਾ ਹੈ।ਕਾਕਾ ਰਣਦੀਪ ਸਿੰਘ ਨਾਭਾ ਸ਼ਾਮਲ ਸੀਨੀਅਰ ਲੀਡਰਸ਼ਿਪ ਨੂੰ ਭਰੋਸਾ ਦਵਾਇਆ ਕਿ ਹਲਕਾ ਅਮਲੋਹ ਤੋਂ ਵੱਡੀ ਗਿਣਤੀ ਲੋਕ ਸਮਰਾਲਾ ਰੈਲੀ ਵਿੱਚ ਸ਼ਮੂਲੀਅਤ ਕਰਨਗੇ ਤੇ ਇਹ ਰੈਲੀ ਇਤਿਹਾਸਕ ਹੋਵੇਗੀ।

## ਮਾਤਾ ਗੁਜਰੀ ਕਾਲਜ ਦੇ ਵਿਦਿਆਰਥੀ ਨੇ ਅੰਤਰ ਯੂਨੀਵਰਸਿਟੀ ਨਾਰਥ ਜ਼ੋਨ ਯੁਵਕ ਮੇਲੇ 'ਚ ਖੱਟਿਆ ਨਾਮਣਾ

**ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**



ਵਿਦਿਆਰਥੀ ਨੂੰ ਸਨਮਾਨਤ ਕਰਦੇ ਹੋਏ ਡਾਇਰੈਕਟਰ ਪ੍ਰਿੰਸੀਪਲ ਡਾ. ਕਸ਼ਮੀਰ ਸਿੰਘ ਤੇ ਹੋਰ।

ਮਾਤਾ ਗੁਜਰੀ ਕਾਲਜ ਦੇ ਵਿਦਿਆਰਥੀ ਬੀ.ਕਾਮ. ਭਾਗ-ਤੀਜਾ ਦੇ ਵਿਦਿਆਰਥੀ ਸਹਿਜਪ੍ਰੀਤ ਸਿੰਘ ਨੇ ਪੰਜਾਬੀ ਯੂਨੀਵਰਸਿਟੀ ਪਟਿਆਲਾ ਵਿਖੇ ਆਯੋਜਤ 37ਵੇਂ ਅੰਤਰ ਯੂਨੀਵਰਸਿਟੀ ਨਾਰਥ ਜ਼ੋਨ ਯੁਵਕ ਮੇਲੇ ਵਿੱਚ ਭੰਗੜੇ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਦੂਸਰਾ ਸਥਾਨ ਹਾਸਲ ਕਰਕੇ ਕਾਲਜ ਦਾ ਮਾਣ ਵਧਾਇਆ। ਕਾਲਜ ਦੇ ਡਾਇਰੈਕਟਰ ਪ੍ਰਿੰਸੀਪਲ ਡਾ. ਕਸ਼ਮੀਰ ਸਿੰਘ ਨੇ ਹੋਣਹਾਰ ਵਿਦਿਆਰਥੀ ਦੀ ਇਸ ਸ਼ਾਨਦਾਰ ਪ੍ਰਾਪਤੀ 'ਤੇ ਖੁਸ਼ੀ ਜ਼ਾਹਰ ਕਰਦਿਆਂ ਕਿਹਾ ਕਿ ਅਜਿਹੇ ਉੱਚ ਪੱਧਰੀ ਮੁਕਾਬਲਿਆਂ ਵਿੱਚ ਭਾਗ ਲੈ ਕੇ ਵਿਦਿਆਰਥੀਆਂ ਦੀ ਵਿਹਾਰਕ ਤੇ ਵਿਵਹਾਰਕ ਪ੍ਰਤਿਭਾ ਵਿੱਚ ਹੋਰ ਨਿਖਾਰ ਆਉਂਦਾ ਹੈ।

ਵਾਈਸ ਪ੍ਰਿੰਸੀਪਲ ਡਾ. ਬਿਕਰਮਜੀਤ ਸਿੰਘ ਨੇ ਜੇਤੂ ਵਿਦਿਆਰਥੀ ਨੂੰ ਵਧਾਈ ਦਿੰਦਿਆਂ ਕਿਹਾ ਕਿ ਇਨ੍ਹਾਂ ਉਸਾਰੂ ਗਤੀਵਿਧੀਆਂ ਵਿੱਚ ਹਿੱਸਾ ਲੈਣ ਨਾਲ ਵਿਦਿਆਰਥੀਆਂ ਅੰਦਰ ਕਲਾਤਮਕ ਤੇ ਰਚਨਾਤਮਕ ਪ੍ਰਤਿਭਾ ਪ੍ਰਫੁੱਲਿਤ ਹੋਣ ਦੇ ਨਾਲ ਨਾਲ ਆਪਸੀ ਸਹਿਯੋਗ ਤੇ ਮਿਲਵਰਤਣ ਦੀ ਭਾਵਨਾ ਵੀ ਪੈਦਾ ਹੁੰਦੀ ਹੈ।ਕਾਲਜ ਦੇ ਡੀਨ ਸੱਭਿਆਚਾਰਕ ਮਾਮਲੇ ਡਾ. ਹਰਮਿੰਦਰ ਸਿੰਘ ਨੇ ਖੁਸ਼ੀ ਪ੍ਰਗਟ ਕਰਦਿਆਂ ਦੱਸਿਆ ਕਿ ਯੁਵਕ ਮੇਲਿਆਂ ਵਿੱਚ ਭਾਗ ਲੈਣ ਨਾਲ ਵਿਦਿਆਰਥੀਆਂ ਨੂੰ ਆਪਣੀ ਛੁਪੀ ਪ੍ਰਤਿਭਾ ਬਾਰੇ ਪਤਾ ਚੱਲਦਾ ਹੈ ਤੇ ਉਸਾਰੂ ਮੁਕਾਬਲੇ ਦੀ ਭਾਵਨਾ ਵੀ ਪੈਦਾ ਹੁੰਦੀ ਹੈ।

ਇਸ ਮੌਕੇ ਵਾਈਸ ਪ੍ਰਿੰਸੀਪਲ ਅਕੈਡਮਿਕ ਡਾ. ਹਰਵੀਨ ਕੌਰ, ਕੰਟਰੋਲਰ ਪ੍ਰੀਖਿਆਵਾਂ ਡਾ. ਹਰਜੀਤ ਸਿੰਘ, ਮੈਨੇਜਮੈਂਟ ਸਟੱਡੀਜ਼ ਵਿਭਾਗ ਦੇ ਮੁਖੀ ਡਾ. ਕਮਲਪ੍ਰੀਤ ਕੌਰ, ਬਾਇਓਟੈਕਨੋਲੋਜੀ ਵਿਭਾਗ ਦੇ ਡਾ. ਜਗਦੀਸ਼ ਸਿੰਘ, ਕੰਪਿਊਟਰ ਸਾਇੰਸ ਵਿਭਾਗ ਦੇ ਡਾ. ਜੋਗਾ ਸਿੰਘ ਤੇ ਹੋਰ ਅਧਿਆਪਕ ਸਹਿਬਾਨ ਹਾਜ਼ਰ ਸਨ।

10-FEB-PAGE-7.qxd 2/9/2024 9:01 PM Page 1



# ਇੱਕ ਸਾਲ ਤੋਂ ਸਰਕਾਰੀ ਸਕੂਲ ਅੱਗੇ ਖੜ੍ਹਾ ਬਦਬੂ ਮਾਰਦਾ ਪਾਣੀ



**ਜਲਾਲਾਬਾਦ (ਪਰਮਜੀਤ ਢਾਬਾਂ)**
ਪੰਜਾਬ ਦੀ ਸੱਤਾ ਵਿੱਚ ਆਈ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਵੀ ਪਹਿਲੀਆਂ ਸਰਕਾਰਾਂ ਤਰ੍ਹਾਂ ਵਿਕਾਸ ਦੇ ਨਾਂਅ 'ਤੇ ਵੱਡੇ-ਵੱਡੇ ਦਾਅਵੇ ਕੀਤੇ ਹਨ, ਪ੍ਰੰਤੂ ਜਦ ਸਰਹੱਦੀ ਖੇਤਰ ਦੇ ਲੋਕਾਂ ਦੀ ਜ਼ਿੰਦਗੀ ਬਾਰੇ ਝਾਤ ਮਾਰੀ ਜਾਵੇ ਤਾਂ ਉਨ੍ਹਾਂ ਦੀ ਹਾਲਤ ਪਹਿਲਾਂ ਤੋਂ ਵੀ ਬਦ ਤੋਂ ਬਦਤਰ ਹੁੰਦੀ ਨਜ਼ਰ ਆ ਰਹੀ ਹੈ। ਇੱਥੇ ਸਰਹੱਦੀ ਪਿੰਡ ਗੁਲਾਬਾ ਭੈਣੀ ਦੇ ਸਰਕਾਰੀ ਪ੍ਰਾਇਮਰੀ ਸਕੂਲ ਦੇ ਸਾਹਮਣੇ ਪਿਛਲੇ ਇੱਕ ਸਾਲ ਤੋਂ ਪਾਣੀ ਖੜ੍ਹਾ ਹੈ ਅਤੇ ਬਦਬੂ ਮਾਰ ਰਿਹਾ ਹੈ, ਜਿਸ ਨੂੰ ਪਾਰ ਕਰਕੇ ਸਕੂਲ ਵੱਲ ਲੰਘਣਾ ਵਿਦਿਆਰਥੀਆਂ ਅਤੇ ਅਧਿਆਪਕਾਂ ਦਾ ਜਿਊਣਾ ਦੁੱਭਰ ਬਣਿਆ ਹੋਇਆ ਹੈ। ਸਕੂਲ ਦੇ ਮੁੱਖ ਅਧਿਆਪਕ ਸੁਭਾਸ਼ ਚੰਦਰ ਦਾ ਕਹਿਣਾ ਹੈ ਕਿ ਉਹ ਲਿਖਤੀ ਤੌਰ 'ਤੇ ਅਤੇ ਜ਼ੁਬਾਨੀ ਵੀ ਕਈ ਵਾਰੀ ਨੋਟ ਕਰਾ ਚੁੱਕੇ ਹਨ, ਪ੍ਰੰਤੂ ਪਾਣੀ ਨਹੀਂ ਹਟਾਇਆ ਜਾ ਰਿਹਾ। ਦੂਜੇ ਪਾਸੇ ਸਰਹੱਦੀ ਖੇਤਰ ਦੇ ਬਲਾਕ ਸੰਮਤੀ ਮੈਂਬਰ ਅਤੇ ਸਰਬ ਭਾਰਤ ਨੌਜਵਾਨ ਸਭਾ ਦੇ ਜ਼ਿਲ੍ਹਾ ਸਕੱਤਰ ਸੁਬੇਗ ਝੰਗੜਭੈਣੀ ਨੇ ਕਿਹਾ ਕਿ ਇੱਕ ਪਾਸੇ ਪੰਜਾਬ ਸਰਕਾਰ ਵੱਡੇ-ਵੱਡੇ ਦਾਅਵੇ ਕਰ ਰਹੀ ਹੈ, ਪ੍ਰੰਤੂ ਇਸ ਸਥਿਤੀ ਨੂੰ ਵੇਖ ਕੇ ਪੰਜਾਬ ਸਰਕਾਰ ਦਾ ਵਿਕਾਸ ਮੂੰਹ ਚੜ੍ਹਾ ਰਿਹਾ ਹੈ। ਇਥੋਂ ਦੇ ਅਧਿਆਪਕਾਂ ਅਤੇ ਬੱਚਿਆਂ ਦੇ ਮਾਪਿਆਂ ਨੇ ਪੰਜਾਬ ਸਰਕਾਰ ਤੋਂ ਮੰਗ ਕੀਤੀ ਹੈ ਕਿ ਉਨ੍ਹਾਂ ਦੇ ਸਕੂਲ ਅੱਗੇ ਖੜ੍ਹੇ ਪਾਣੀ ਦੇ ਨਿਕਾਸ ਦਾ ਤੁਰੰਤ ਪ੍ਰਬੰਧ ਕੀਤਾ ਜਾਵੇ ਤਾਂ ਕਿ ਭਵਿੱਖ ਵਿੱਚ ਕੋਈ ਹੋਣ ਵਾਲੇ ਜਾਨੀ-ਮਾਲੀ ਨੁਕਸਾਨ ਤੋਂ ਬਚਿਆ ਜਾ ਸਕੇ।

## ਖੇਤੀਬਾੜੀ ਮੁਲਾਜ਼ਮਾਂ ਵੱਲੋਂ ਸੰਘਰਸ਼ ਤੇਜ਼ ਕਰਨ ਦਾ ਫ਼ੈਸਲਾ

**ਬਠਿੰਡਾ (ਬਖਤੌਰ ਢਿੱਲੋਂ)**-ਖੇਤੀਬਾੜੀ ਮੁਲਾਜ਼ਮ ਜੁਆਇੰਟ ਐਕਸ਼ਨ ਕਮੇਟੀ ਪੰਜਾਬ ਦੇ ਸੱਦੇ ਤੇ ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਦੇ ਕਰੀਬ ਨੌਂ ਸੌ ਅਧਿਕਾਰੀਆਂ ਤੇ ਕ੍ਰਮਚਾਰੀਆਂ ਨੂੰ ਪਰਾਲੀ ਦੀ ਸਾਂਭ ਸੰਭਾਲ ਲਈ ਕਿਸਾਨਾਂ ਨੂੰ ਸਬਸਿਡੀ ਤੇ ਦਿੱਤੀਆਂ ਮਸ਼ੀਨਾਂ ਦੀ ਨਿਗਰਾਨੀ ਨਾ ਰੱਖਣ ਸੰਬੰਧੀ ਜਾਰੀ ਕੀਤੇ ਨੋਟਿਸ ਦੇ ਵਿਰੋਧ ਵਿੱਚ ਪੰਜਾਬ ਭਰ 'ਚ ਧਰਨੇ ਦਿੱਤੇ ਜਾ ਰਹੇ ਹਨ। ਉੱਚ ਅਧਿਕਾਰੀਆਂ ਵੱਲੋਂ ਅਣਗੌਲਿਆ ਕਰਨ 'ਤੇ ਸੰਘਰਸ਼ ਨੂੰ ਤੇਜ਼ ਕਰਨ ਦਾ ਫੈਸਲਾ ਕੀਤਾ ਗਿਆ ਹੈ, ਜਿਸ ਤਹਿਤ 12 ਫਰਵਰੀ ਨੂੰ ਮੁਹਾਲੀ ਵਿਖੇ ਪੰਜਾਬ ਪੱਧਰ ਦਾ ਧਰਨਾ ਦਿੱਤਾ ਜਾਵੇਗਾ। ਜਥੇਬੰਦੀ ਦੇ ਆਗੂਆਂ ਦਾ ਕਹਿਣਾ ਹੈ ਕਿ ਜਿੱਥੇ ਖੇਤੀਬਾੜੀ ਵਿਭਾਗ ਦੇ ਮੁਲਾਜ਼ਮਾਂ ਨੇ ਦਿਨ ਰਾਤ ਇੱਕ ਕਰਕੇ ਪਰਾਲੀ ਨੂੰ ਅੱਗ ਲਾਉਣ ਦੀਆਂ ਘਟਨਾਵਾਂ ਵਿੱਚ ਰਿਕਾਰਡਤੋੜ ਕਮੀ ਲਿਆਂਦੀ ਹੈ, ਉੱਥੇ ਨੋਟਿਸ ਕੱਢਣੇ ਪੰਜਾਬ ਦੀ ਕਿਸਾਨੀ ਨੂੰ ਬਦਨਾਮ ਕਰਨ ਦੀ ਇੱਕ ਕੋਝੀ ਸਾਜ਼ਿਸ਼ ਹੈ ਅਤੇ ਅਧਿਕਾਰੀਆਂ ਨਾਲ ਧੱਕੇਸ਼ਾਹੀ ਹੈ, ਜਦੋਂ ਕਿ ਉਨ੍ਹਾਂ ਦਾ ਕੋਈ ਕਸੂਰ ਨਹੀਂ ਹੈ। ਜਥੇਬੰਦੀ ਵੱਲੋਂ ਮੰਗ ਕੀਤੀ ਗਈ ਕਿ ਇਹ ਨੋਟਿਸ ਤੁਰੰਤ ਰੱਦ ਕੀਤੇ ਜਾਣ। ਆਗੂਆਂ ਨੇ ਦੱਸਿਆ ਕਿ ਪੰਜਾਬ ਭਰ ਵਿੱਚ ਇਨਸਾਫ਼ ਲੈਣ ਲਈ ਮੁਲਾਜ਼ਮਾਂ ਵੱਲੋਂ ਧਰਨੇ ਦਿੱਤੇ ਜਾ ਰਹੇ ਹਨ, ਪਰ ਉੱਚ ਅਧਿਕਾਰੀਆਂ ਵੱਲੋਂ ਮਸਲੇ ਦੇ ਹੱਲ ਦਾ ਕੋਈ ਯਤਨ ਨਹੀਂ ਕੀਤਾ ਜਾ ਰਿਹਾ। ਆਗੂਆਂ ਨੇ ਦੱਸਿਆ ਕਿ 11 ਫਰਵਰੀ ਤੱਕ ਵਿਭਾਗ ਦੇ ਉਥੱਚ ਅਧਿਕਾਰੀਆਂ ਤੋਂ ਗੱਲਬਾਤ ਲਈ ਸਮਾਂ ਮੰਗਿਆ ਗਿਆ ਹੈ, ਜੇਕਰ ਸਮਾਂ ਨਾ ਦਿੱਤਾ ਗਿਆ ਤਾਂ 12 ਫਰਵਰੀ ਨੂੰ ਮੁਹਾਲੀ ਵਿਖੇ ਪੰਜਾਬ ਪੱਧਰ ਦਾ ਧਰਨਾ ਲਾਇਆ ਜਾਵੇਗਾ ਅਤੇ ਇਸ ਉਪਰੰਤ ਸੰਘਰਸ਼ ਨੂੰ ਹੋਰ ਤੇਜ਼ ਕੀਤਾ ਜਾਵੇਗਾ।

# ਦਰਜਾ ਚਾਰ ਮੁਲਾਜ਼ਮਾਂ ਦੀ ਭਰਤੀ ਪ੍ਰਕਿਰਿਆ ਪਹਿਲਾਂ ਦੀ ਤਰ੍ਹਾਂ ਬਹਾਲ ਰੱਖੀ ਜਾਵੇ : ਲੁਬਾਣਾ/ਰਾਣਵਾਂ

**ਪਟਿਆਲਾ (ਪੱਤਰ ਪ੍ਰੇਰਕ)**
ਦੀ ਕਲਾਸ ਫੋਰਥ ਗੌਰਮਿੰਟ ਇੰਪਲਾਈਜ਼ ਯੂਨੀਅਨ ਪੰਜਾਬ ਦੇ ਸੂਬਾ ਪ੍ਰਧਾਨ ਦਰਸ਼ਨ ਸਿੰਘ ਲੁਬਾਣਾ ਤੇ ਸਕੱਤਰ ਜਨਰਲ ਰਣਜੀਤ ਸਿੰਘ ਰਾਣਵਾਂ ਨੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਅਤੇ ਪੰਜਾਬ ਸਰਕਾਰ ਦੇ ਮੁੱਖ ਸਕੱਤਰ ਸ੍ਰੀ ਅਨੁਰਾਗ ਵਰਮਾ ਦੇ ਨਾਂਅ ਇੱਕ ਪੱਤਰ ਲਿਖ ਕੇ ਮੰਗ ਕੀਤੀ ਹੈ ਕਿ ਪਰਸੋਨਲ ਵਿਭਾਗ ਪੰਜਾਬ ਸਰਕਾਰ ਦੇ ਅੰਤਰ ਵਿਭਾਗੀ ਪੱਤਰ 30 ਜਨਵਰੀ ਰਾਹੀਂ ਗਰੁੱਪ-ਡੀ ਅਸਾਮੀਆਂ ਦੀ ਭਰਤੀ ਹੁਣ ਅਧੀਨ ਸੇਵਾਵਾਂ ਚੋਣ ਬੋਰਡ ਦੇ ਅਧਿਕਾਰ ਖੇਤਰ ਵਿੱਚ ਸ਼ਾਮਲ ਕਰਨ ਦੀ ਸਖਤ ਸ਼ਬਦਾਂ ਵਿੱਚ ਨਿਖੇਧੀ ਕਰਦਿਆਂ ਇਹ ਫ਼ੈਸਲਾ ਤੁਰੰਤ ਵਾਪਸ ਲੈਣ ਦੀ ਮੰਗ ਕੀਤੀ ਹੈ।

ਆਗੂਆਂ ਨੇ ਪੱਤਰ ਵਿੱਚ ਲਿਖਿਆ ਹੈ ਕਿ ਪੰਜਾਬ ਸਰਕਾਰ ਦਾ ਇਹ ਫੈਸਲਾ ਪੰਜਾਬ ਸਿਵਲ ਸੇਵਾ ਨਿਯਮਾਂਵਲੀ ਦੇ ਨਿਯਮਾਂ ਦੀ ਘੋਰ ਉਲੰਘਣਾ ਹੈ।ਉਨ੍ਹਾਂ ਅੱਗੇ ਲਿਖਿਆ ਕਿ ਪੰਜਾਬ ਸਰਕਾਰ ਦੇ ਸੇਵਾ ਨਿਯਮਾਂ ਦੀ ਪਾਲਣਾ ਕਰਦੇ ਹੋਏ ਹੁਣ ਤੱਕ ਵੱਖ-ਵੱਖ ਸਮੇਂ 'ਤੇ ਹੁਕਮਰਾਨ ਸਰਕਾਰਾਂ ਵੱਲੋਂ ਦਰਜਾ ਚਾਰ ਮੁਲਾਜ਼ਮਾਂ ਦੀ ਜਿੰਨੀ ਵੀ ਭਰਤੀ ਕੀਤੀ ਗਈ ਹੈ, ਇਸ ਭਰਤੀ ਕਰਨ ਦਾ ਅਖਤਿਆਰ ਸਭ ਤੋਂ ਪਹਿਲਾਂ ਡੀ ਡੀ ਓ ਕੋਲ ਜਾਂ ਵੱਧ ਤੋਂ ਵੱਧ ਜ਼ਿਲ੍ਹਾ ਪੱਧਰ ਦੇ ਮੁਖੀਆਂ ਕੋਲ ਹੀ ਰਿਹਾ ਹੈ।ਪੰਜਾਬ ਸਰਕਾਰ ਦਾ ਇਹ ਫੈਸਲਾ ਸਰਕਾਰੀ ਸੇਵਾਵਾਂ ਦੇ ਖੇਤਰ ਵਿੱਚ ਸਭ ਤੋਂ ਘੱਟ ਤਨਖਾਹਾਂ ਤੇ ਕੰਮ ਕਰਨ ਲਈ ਚਾਹਵਾਨ ਬੇਰੁਜ਼ਗਾਰ ਨੌਜਵਾਨਾਂ ਦਾ ਵੱਡੇ ਪੱਧਰ 'ਤੇ ਆਰਥਿਕ ਸੋਸ਼ਣ ਕਰਨ ਵਾਲਾ ਹੈ।ਪੰਜਾਬ ਸਰਕਾਰ ਦੇ ਇਸ ਫ਼ੈਸਲੇ ਨਾਲ ਸਰਕਾਰੀ ਸੇਵਾਵਾਂ ਵਿੱਚ ਆਉਣ ਲਈ ਚਾਹਵਾਨ ਬੇਰੁਜ਼ਗਾਰ ਨੌਜਵਾਨਾਂ ਦੀ ਖੱਜਲ ਖੁਆਰੀ ਹੋਰ ਵਧੇਗੀ।ਇਸ ਲਈ ਇਹ ਫ਼ੈਸਲਾ ਲੋਕ ਹਿੱਤ ਵਿੱਚ ਤੁਰੰਤ ਵਾਪਸ ਲਿਆ ਜਾਵੇ।ਆਗੂਆਂ ਨੇ ਇਹ ਮੰਗ ਵੀ ਕੀਤੀ ਕਿ ਵੱਖ-ਵੱਖ ਵਿਭਾਗਾਂ ਵਿੱਚ ਦਰਜਾ ਚਾਰ ਦੀਆਂ ਖਾਲੀ ਪਈਆਂ ਹਜ਼ਾਰਾਂ ਆਸਾਮੀਆਂ ਤੇ ਪੁਨਰ ਗਠਨ ਦੇ ਨਾਂਅ 'ਤੇ ਖਤਮ ਕੀਤੀਆਂ ਅਸਾਮੀਆਂ ਨੂੰ ਮੁੜ ਬਹਾਲ ਕਰਕੇ ਸਾਰੀਆਂ ਖਾਲੀ ਪਈਆਂ ਅਸਾਮੀਆਂ ਤੇ ਤੁਰੰਤ ਰੈਗੂਲਰ ਭਰਤੀ ਕੀਤੀ ਜਾਵੇ।

ਜਥੇਬੰਦੀ ਵੱਲੋਂ ਪੰਜਾਬ ਸਰਕਾਰ ਨੂੰ ਇਹ ਚਿਤਾਵਨੀ ਵੀ ਦਿੱਤੀ ਕਿ ਇਹ ਲੋਕ ਵਿਰੋਧੀ ਫ਼ੈਸਲਾ ਤੁਰੰਤ ਵਾਪਸ ਨਾ ਲਿਆ ਗਿਆ ਤਾਂ ਜਥੇਬੰਦੀ ਸੰਘਰਸ਼ ਦੇ ਨਾਲ ਨਾਲ ਇਨਸਾਫ਼ ਦੀ ਪ੍ਰਾਪਤੀ ਲਈ ਮਾਨਯੋਗ ਅਦਾਲਤ ਦਾ ਸਹਾਰਾ ਲੈਣ 'ਤੇ ਮਜਬੂਰ ਹੋਵੇਗੀ।

## ਕਿੰਡਰ ਗਾਰਟਨ 'ਚ ਬਾਰ੍ਹਵੀਂ ਦੇ ਵਿਦਿਆਰਥੀਆਂ ਨੂੰ ਵਿਦਾਇਗੀ ਪਾਰਟੀ



**ਸਮਰਾਲਾ (ਸੁਰਜੀਤ ਸਿੰਘ)**-ਕਿੰਡਰ ਗਾਰਟਨ ਐਂਡ ਸੀਨੀਅਰ ਸੈਕੰਡਰੀ ਸਕੂਲ ਵਿੱਚ ਗਿਆਰ੍ਹਵੀਂ ਕਲਾਸ ਦੇ ਵਿਦਿਆਰਥੀਆਂ ਵੱਲੋਂ ਬਾਰ੍ਹਵੀਂ ਦੇ ਵਿਦਿਆਰਥੀਆਂ ਨੂੰ ਵਿਦਾਇਗੀ ਪਾਰਟੀ ਦਿੱਤੀ ਗਈ। ਬੱਚਿਆਂ ਨੇ ਸਕੂਲ 'ਚ ਬਿਤਾਏ ਹੋਏ ਸਾਲਾਂ ਦਾ ਪੂਰਾ ਬਿਰਤਾਂਤ ਆਪਣੇ ਸ਼ਬਦਾਂ 'ਚ ਸੁਣਾਇਆ। ਇਸ ਤੋਂ ਇਲਾਵਾ ਬੱਚਿਆਂ ਨੇ ਡਾਂਸ, ਬੋਲੀਆਂ, ਕਵਿਤਾਵਾਂ ਤੇ ਗੀਤ ਗਾ ਕੇ ਆਪਣੇ ਇਸ ਦਿਨ ਨੂੰ ਯਾਦਗਾਰ ਬਣਾਇਆ ਤੇ ਬੱਚਿਆਂ ਲਈ ਕਈ ਤਰ੍ਹਾਂ ਦੀਆਂ ਦਿਲਚਸਪ ਖੇਡਾਂ ਕਰਾਈਆਂ, ਜਿਸ ਦਾ ਬੱਚਿਆਂ ਨੇ ਖੂਬ ਆਨੰਦ ਮਾਣਿਆ। ਬਾਰ੍ਹਵੀਂ ਕਲਾਸ ਦੇ ਬੱਚਿਆਂ ਨੇ ਆਪਣੇ ਅਧਿਆਪਕਾਂ ਨੂੰ ਕੰਪਲੀਮੈਂਟ ਦਿੱਤੇ। ਸਕੂਲ ਦੇ ਡਾਇਰੈਕਟਰ ਮੈਡਮ ਸਰਬਜੀਤ ਕੌਰ ਨੇ ਬੱਚਿਆਂ ਦੇ ਸੁਨਹਿਰੇ ਭਵਿੱਖ ਦੀ ਕਾਮਨਾ ਕਰਦੇ ਹੋਏ ਸਭ ਨੂੰ ਇਸ ਦਿਨ ਦੀ ਬਹੁਤ-ਬਹੁਤ ਮੁਬਾਰਕਬਾਦ ਦਿੱਤੀ। ਅਧਿਆਪਕਾਂ ਨੇ ਵੀ ਬੱਚਿਆਂ ਪ੍ਰਤੀ ਆਪਣੇ ਪਿਆਰ ਦਾ ਇਜ਼ਹਾਰ ਕਰਦੇ ਹੋਏ ਉਨ੍ਹਾਂ ਨੂੰ ਆਪਣੀਆਂ ਸ਼ੁਭ ਇਛਾਵਾਂ ਦਿੱਤੀਆਂ। ਚੇਅਰਮੈਨ ਫਲਾਈਵਿੰਗਜ਼ ਇੰਸਟੀਟਿਊਟ ਕਮਲਜੀਤ ਸਿੰਘ ਸ਼ਾਹੀ, ਸਕੂਲ ਦੇ ਡਾਇਰੈਕਟਰ ਮੈਡਮ ਸਰਬਜੀਤ ਕੌਰ ਤੇ ਪ੍ਰਿੰਸੀਪਲ ਮੈਡਮ ਰਣਜੋਤ ਕੌਰ ਅਤੇ ਦੀ ਅਗਵਾਈ ਹੇਠ ਮਿਸ ਫੇਅਰਵੈਲ ਮਹਿਕਦੀਪ ਕੌਰ ਤੇ ਮਿਸਟਰ ਫੇਅਰਵੈਲ ਸਾਹਿਬਜੀਤ ਸਿੰਘ ਚੁਣੇ ਗਏ। ਸਕੂਲ ਦੇ ਚੇਅਰਮੈਨ ਦਲਜੀਤ ਸਿੰਘ ਸ਼ਾਹੀ ਅਤੇ ਚੇਅਰਮੈਨ ਫਲਾਈਵਿੰਗਜ਼ ਇੰਸਟੀਟਿਊਟ ਕਮਲਜੀਤ ਸਿੰਘ ਸ਼ਾਹੀ ਨੇ ਬਾਰ੍ਹਵੀਂ ਦੇ ਵਿਦਿਆਰਥੀਆਂ ਨੂੰ ਭਵਿੱਖ ਵਿੱਚ ਸਫ਼ਲ ਹੋਣ ਲਈ ਆਪਣੀਆਂ ਸ਼ੁਭ ਕਾਮਨਾਵਾਂ ਵੀ ਦਿੱਤੀਆਂ। ਇਸ ਮੌਕੇ ਸਕੂਲ ਦੀ ਪ੍ਰਬੰਧਕ ਕਮੇਟੀ ਅਤੇ ਸਮੂਹ ਸਟਾਫ਼ ਮੈਂਬਰ ਹਾਜ਼ਰ ਸਨ।

## ਅਭਿਆਨ ਫਾਊਂਡੇਸਨ ਤੇ ਅਦਿਤਿਆ ਬਿਰਲਾ ਐਜੂਕੇਸ਼ਨ ਟਰੱਸਟ ਨੇ ਮਾਨਸਿਕ ਸਿਹਤ ਸੰਬੰਧੀ ਲਾਇਆ ਕੈਂਪ




**ਸੰਗਰੂਰ (ਪ੍ਰਵੀਨ ਸਿੰਘ)**-ਅਭਿਆਨ ਫਾਊਂਡੇਸਨ, ਆਦਿਤਿਆ ਬਿਰਲਾ ਐਜੂਕੇਸ਼ਨ ਟਰੱਸਟ ਦੇ ਨਾਲ ਸਾਂਝੇਦਾਰੀ ਵਿੱਚ, ਪੰਜਾਬ ਵਿੱਚ ਇੱਕ ਵਿਆਪਕ ਮਾਨਸਿਕ ਸਿਹਤ ਪ੍ਰੋਜੈਕਟ ਐਮ-ਪਾਵਰ ਦੀ ਅਧਿਕਾਰਤ ਤੌਰ 'ਤੇ ਸ਼ੁਰੂਆਤ ਕਰ ਦਿੱਤੀ ਹੈ। ਅਭਿਆਨ ਫਾਊਂਡੇਸ਼ਨ ਦੇ ਮੁੱਖ ਸੰਚਾਲਨ ਅਧਿਕਾਰੀ ਵਿਪਿਨ ਸ਼ਰਮਾ ਨੇ ਨੌਜਵਾਨਾਂ ਵਿੱਚ ਮਾਨਸਿਕ ਸਿਹਤ ਸਮੱਸਿਆਵਾਂ ਨੂੰ ਹੱਲ ਕਰਨ ਦੇ ਸਭ ਤੋਂ ਮਹੱਤਵਪੂਰਨ ਮਹੱਤਵ ਉੱਤੇ ਜ਼ੋਰ ਦਿੰਦਿਆਂ ਕਿਹਾ, "ਗਰੇਡ 9 ਤੋਂ 12 ਦੇ ਵਿਦਿਆਰਥੀਆਂ ਲਈ ਮਾਨਸਿਕ ਸਿਹਤ ਸਭ ਤੋਂ ਵੱਧ ਚਿੰਤਾ ਦਾ ਵਿਸ਼ਾ ਹੈ, ਖਾਸ ਤੌਰ 'ਤੇ ਉਨ੍ਹਾਂ ਨੂੰ ਬਹੁਪੱਖੀ ਚੁਣੌਤੀਆਂ ਦੇ ਮੱਦੇਨਜ਼ਰ ਇਹ ਪਹਿਲਕਦਮੀ ਅਤਿ ਜ਼ਰੂਰੀ ਹੈ। ਪੰਜਾਬ ਦੇ ਨੌਜਵਾਨਾਂ ਨੂੰ ਪ੍ਰਭਾਵਤ ਕਰ ਰਹੇ ਨਸ਼ਿਆਂ ਨਾਲ ਸਬੰਧਤ ਮੁੱਦਿਆਂ ਉੱਤੇ ਰੌਸ਼ਨੀ ਪਾਉਣ ਦੇ ਨਾਲ-ਨਾਲ ਮਾਨਸਿਕ ਲਚਕੀਲੇਪਣ ਅਤੇ ਜਾਗਰੂਕਤਾ ਪੈਦਾ ਕਰਨਾ ਸਾਡਾ ਟੀਚਾ ਹੈ। ਇਹ ਸਾਡੇ ਨੌਜਵਾਨਾਂ ਨੂੰ ਇਨ੍ਹਾਂ ਚੁਣੌਤੀਆਂ ਦਾ ਸਾਹਮਣਾ ਕਰਨ ਲਈ ਸਮਰੱਥ ਬਣਾਵੇਗਾ।' ਉਨ੍ਹਾਂ ਅੱਗੇ ਦੱਸਿਆ ਕਿ 'ਅੱਜ ਸੰਗਰੂਰ ਦੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਲੜਕੇ ਅਤੇ ਲੜਕੀਆਂ ਵਿੱਚ ਮਾਨਸਿਕ ਸਿਹਤ ਜਾਗਰੂਕਤਾ ਸੈਸ਼ਨ ਆਯੋਜਤ ਕੀਤਾ ਗਿਆ, ਜਿਸ ਵਿੱਚ 9ਵੀਂ ਤੋਂ 12ਵੀਂ ਜਮਾਤ ਤੱਕ ਦੇ ਲਗਭਗ 500 ਵਿਦਿਆਰਥੀਆਂ ਨੇ ਸਰਗਰਮੀ ਨਾਲ ਭਾਗ ਲਿਆ। ਸਿਖਲਾਈ ਪ੍ਰਾਪਤ ਫੈਸੀਲੀਟੇਟਰ ਰਣਯੋਧਵੀਰ ਸਿੰਘ ਤੇ ਕੁਲਬੀਰ ਸਿੰਘ ਆਉਣ ਵਾਲੇ ਮਹੀਨਿਆਂ ਵਿੱਚ ਸੰਗਰੂਰ ਜ਼ਿਲ੍ਹੇ ਦੇ ਵੱਖ-ਵੱਖ ਬਲਾਕਾਂ ਵਿੱਚ ਵੀ ਸੈਸ਼ਨਾਂ ਦਾ ਆਯੋਜਨ ਕਰਨਗੇ। ਅਭਿਆਨ ਫਾਊਂਡੇਸ਼ਨ ਸੰਗਰੂਰ ਵਿੱਚ ਇੱਕ ਬਿਰਧ-ਆਰਾਮ ਘਰ ਦਾ ਪ੍ਰਬੰਧਨ ਵੀ ਕਰਦੀ ਹੈ ਅਤੇ ਸਮਾਜਿਕ ਬਿਹਤਰੀ ਲਈ ਵਚਨਬੱਧ ਸੰਸਥਾਵਾਂ ਲਈ ਇੱਕ ਮਿਸਾਲ ਬਣ ਕੇ ਉਭਰੀ ਹੈ।

# ਡੀ ਸੀ ਦਫ਼ਤਰ ਅੱਗੇ ਕਿਸਾਨਾਂ ਨੇ ਲਾਇਆ ਪੱਕਾ ਮੋਰਚਾ



**ਫ਼ਾਜ਼ਿਲਕਾ (ਕ੍ਰਿਸ਼ਨ ਸਿੰਘ)**
ਕਿਸਾਨਾਂ ਨੇ ਇੱਕ ਵਾਰ ਫਿਰ ਆਪਣੀਆਂ ਮੰਗਾਂ ਨੂੰ ਲੈ ਕੇ ਪੰਜਾਬ ਸਰਕਾਰ ਖ਼ਿਲਾਫ ਪੱਕਾ ਮੋਰਚਾ ਸ਼ੁਰੂ ਕਰ ਦਿੱਤਾ ਹੈ। ਇਹ ਪੱਕਾ ਮੋਰਚਾ ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਵੱਲੋਂ ਡਿਪਟੀ ਕਮਿਸ਼ਨਰ ਦਫ਼ਤਰ ਸਾਹਮਣੇ ਲਾਇਆ ਗਿਆ ਹੈ, ਜਿੱਥੇ 10 ਫਰਵਰੀ ਤੱਕ ਜ਼ਿਲ੍ਹੇ ਦੇ ਵੱਖ-ਵੱਖ ਪਿੰਡਾਂ ਦੇ ਕਿਸਾਨ ਆਪਣੀਆਂ ਟਰੈਕਟਰ-ਟਰਾਲੀਆਂ ਵਿੱਚ ਬੈਠ ਕੇ ਦਿਨ-ਰਾਤ ਕੱਟ ਰਹੇ ਹਨ। ਇਸ ਤੋਂ ਇਲਾਵਾ ਖਾਣ-ਪੀਣ ਦੀਆਂ ਸਾਰੀਆਂ ਵਸਤੂਆਂ ਵੀ ਖੁਦ ਆਪ ਹੀ ਤਿਆਰ ਕਰ ਰਹੇ ਹਨ।

ਇਸ ਸਬੰਧੀ ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਦੇ ਜ਼ਿਲ੍ਹਾ ਮੀਤ ਪ੍ਰਧਾਨ ਗੁਰਮੀਤ ਸਿੰਘ ਤੇ ਹੋਰ ਆਗੂਆਂ ਨੇ ਦੱਸਿਆ ਕਿ ਉਨ੍ਹਾਂ ਵੱਲੋਂ ਇਹ ਪ੍ਰਦਰਸ਼ਨ 6 ਫਰਵਰੀ ਤੋਂ ਸ਼ੁਰੂ ਕੀਤਾ ਗਿਆ ਹੈ। ਇਹ ਪ੍ਰਦਰਸਨ ਖਾਸ ਤੌਰ 'ਤੇ ਪੰਜਾਬ ਦੀ ਆਮ ਆਦਮੀ ਪਾਰਟੀ ਸਰਕਾਰ ਖਿਲਾਫ ਕੀਤਾ ਜਾ ਰਿਹਾ ਹੈ। ਇਸ ਤੋਂ ਇਲਾਵਾ ਕੇਂਦਰ ਸਰਕਾਰ ਵੱਲੋਂ ਲੰਮੇ ਸਮੇਂ ਤੋਂ ਲਟਕ ਰਹੀਆਂ ਕੁਝ ਮੰਗਾਂ ਨੂੰ ਵੀ ਪੂਰਾ ਕਰਨ ਦੀ ਮੰਗ ਕੀਤੀ ਜਾ ਰਹੀ ਹੈ।

ਉਨ੍ਹਾਂ ਦਾ ਕਹਿਣਾ ਹੈ ਕਿ ਲੋਕ-ਲੁਭਾਊ ਵਾਅਦਿਆਂ ਨਾਲ ਸੱਤਾ ਵਿੱਚ ਆਈ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਲੋਕਾਂ ਨਾਲ ਕੀਤੇ ਵਾਅਦੇ ਪੂਰੇ ਨਹੀਂ ਕੀਤੇ ਜਾ ਰਹੇ ਹਨ। ਅਜੇ ਤੱਕ ਨਰਮੇ ਦੀ ਫ਼ਸਲ ਦੇ ਨੁਕਸਾਨ ਦਾ ਕਿਸਾਨਾਂ ਨੂੰ ਮੁਆਵਜ਼ਾ ਨਹੀਂ ਦਿੱਤਾ ਗਿਆ ਹੈ ਅਤੇ ਨਾ ਹੀ ਸਾਲ 2021 ਵਿੱਚ ਗੜੇਮਾਰੀ ਕਾਰਨ ਨੁਕਸਾਨੀਆਂ ਫ਼ਸਲਾਂ ਦਾ ਕੋਈ ਮੁਆਵਜ਼ਾ ਦਿੱਤਾ ਗਿਆ ਹੈ।

ਉਨ੍ਹਾਂ ਕਿਹਾ ਕਿ ਸਰਕਾਰ ਕਿਸਾਨਾਂ ਨੂੰ ਪਰਾਲੀ ਨੂੰ ਅੱਗ ਲਾਉਣ ਦੀ ਬਜਾਏ ਸੁਪਰ ਸੀਡਰ ਨਾਲ ਕਣਕ ਦੀ ਸਿੱਧੀ ਬਿਜਾਈ ਕਰਨ ਲਈ ਕਹਿ ਰਹੀ ਹੈ, ਪਰ ਇਸ ਤਰ੍ਹਾਂ ਬੀਜੀ ਗਈ ਕਿਸਾਨਾਂ ਦੀ ਕਣਕ ਦੀ ਫ਼ਸਲ ਵੀ ਖਰਾਬ ਹੋ ਰਹੀ ਹੈ। ਇਹ ਪੱਕਾ ਮੋਰਚਾ 10 ਫਰਵਰੀ ਤੱਕ ਜਾਰੀ ਰਹੇਗਾ। ਇਸ ਤੋਂ ਬਾਅਦ ਸੂਬਾ ਕਮੇਟੀ ਦੇ ਹੁਕਮਾਂ 'ਤੇ ਚੰਡੀਗੜ੍ਹ ਵਿਖੇ ਧਰਨਾ ਦੇਣ ਦੀ ਤਿਆਰੀ ਕੀਤੀ ਜਾਵੇਗੀ।

# ਹਲਕਾ ਵਿਧਾਇਕ ਦੇ ਘਰ ਮੂਹਰੇ ਰੋਸ ਧਰਨਾ 12 ਨੂੰ



**ਜਗਰਾਉਂ (ਅਮਿਤ ਖੰਨਾ)**-ਇੱਕ ਮਹੀਨੇ ਤੋਂ ਉਪਰ ਸਮੇਂ ਤੋਂ ਬੁਢਲਾਡਾ ਡੀ ਐਸ ਪੀ ਦਫਤਰ ਸਾਹਮਣੇ ਚੱਲ ਰਹੇ ਅਣਮਿੱਥੇ ਸਮੇਂ ਦੇ ਦਿਨ ਰਾਤ ਦੇ ਧਰਨੇ ਦੇ ਬਾਵਜੂਦ ਸੀਤਾ ਸਿੰਘ ਨਾਂਅ ਦੇ ਕਿਸਾਨ 'ਤੇ ਹਮਲਾ ਕਰਕੇ ਗੰਭੀਰ ਫੱਟੜ ਕਰਨ ਵਾਲੇ ਦੋਸ਼ੀਆਂ 'ਤੇ ਅਜੇ ਤੱਕ ਪਰਚਾ ਦਰਜ ਨਹੀਂ ਹੋਇਆ। ਜ਼ਿਲ੍ਹਾ ਮਾਨਸਾ ਦੇ ਪਿੰਡ ਕੁਲਰੀਆਂ ਦੀ ਪੰਚਾਇਤ ਦੀ ਬੱਚਤ ਜ਼ਮੀਨ 'ਤੇ ਵਰ੍ਹਿਆਂ ਤੋਂ ਕਾਬਜ਼ ਆਬਾਦਕਾਰ ਕਿਸਾਨਾਂ ਨੂੰ ਹਲਕਾ ਵਿਧਾਇਕ ਬੁੱਧ ਰਾਮ ਦੀ ਸ਼ਹਿ 'ਤੇ ਸਰਪੰਚ ਕੁਲਰੀਆਂ ਰਾਜਬੀਰ ਸਿੰਘ ਵਲੋਂ ਗੁੰਡਿਆਂ ਦੀ ਮਦਦ ਨਾਲ ਕੀਤੇ ਉਜਾੜੇ ਖਿਲਾਫ ਪਿਛਲੇ ਛੇ ਮਹੀਨਿਆਂ ਤੋਂ ਸੰਘਰਸ਼ ਚੱਲ ਰਿਹਾ ਹੈ, ਪਰ ਵਾਅਦਾ ਕਰਨ ਦੇ ਬਾਵਜੂਦ ਪੰਜਾਬ ਸਰਕਾਰ ਦੇ ਕੰਨਾਂ 'ਤੇ ਜੂੰ ਨਹੀਂ ਸਰਕ ਰਹੀ।ਸ਼ਹੀਦ ਨਛੱਤਰ ਸਿੰਘ ਯਾਦਗਾਰ ਹਾਲ ਵਿਖੇ ਜ਼ਿਲ੍ਹਾ ਪ੍ਰਧਾਨ ਜਗਤਾਰ ਸਿੰਘ ਦੇਹੜਕਾ ਦੀ ਅਗਵਾਈ 'ਚ ਹੋਈ ਜ਼ਿਲ੍ਹਾ ਮੀਟਿੰਗ ਵਿੱਚ ਸੂਬਾ ਕਮੇਟੀ ਵਲੋਂ ਪੰਜਾਬ ਭਰ 'ਚ ਆਮ ਆਦਮੀ ਪਾਰਟੀ ਦੇ ਵਿਧਾਇਕਾਂ ਦੇ ਘਰਾਂ ਅੱਗੇ ਦਿਤੇ ਜਾ ਰਹੇ ਰੋਸ ਧਰਨਿਆਂ ਦੀ ਲੜੀ 'ਚ ਵਿਧਾਇਕਾ ਸਰਬਜੀਤ ਕੌਰ ਮਾਣੂਕੇ ਦੇ ਘਰ ਅੱਗੇ 12 ਫਰਵਰੀ ਨੂੰ ਵਿਸ਼ਾਲ ਧਰਨਾ ਦੇਣ ਦਾ ਫੈਸਲਾ ਕੀਤਾ ਗਿਆ।ਜ਼ਿਲ੍ਹਾ ਸਕੱਤਰ ਇੰਦਰਜੀਤ ਸਿੰਘ ਧਾਲੀਵਾਲ ਨੇ ਦੱਸਿਆ ਕਿ ਡੀ ਐਸ ਪੀ ਬੁਢਲਾਡਾ ਦੇ ਦਤਰ ਮੂਹਰੇ ਵੀ ਧਰਨਾ ਨਿਰੰਤਰ ਜਾਰੀ ਹੈ।ਉਨ੍ਹਾਂ ਕਿਹਾ ਕਿ ਜੇਕਰ ਆਬਾਦਕਾਰ ਕਿਸਾਨਾਂ ਨੂੰ ਜ਼ਮੀਨ ਦਾ ਹੱਕ ਨਾ ਦਿੱਤਾ, ਦੋਸ਼ੀ ਗੁੰਡਿਆਂ ਖਿਲਾਫ ਇਰਾਦਾ ਕਤਲ ਦਾ ਪਰਚਾ ਦਰਜ ਨਾ ਹੋਇਆ, ਕਿਸਾਨ ਆਗੂਆਂ 'ਤੇ ਦਰਜ ਝੂਠੇ ਕੇਸ ਰੱਦ ਨਾ ਹੋਏ ਤਾਂ ਕਿਸਾਨ ਸੰਘਰਸ਼ ਸੂਬੇ ਭਰ ਚ ਤੇਜ਼ ਕੀਤਾ ਜਾਵੇਗਾ।ਮੀਟਿੰਗ ਵਿੱਚ ਬੀਤੇ ਦਿਨੀਂ ਵਿਛੋੜਾ ਦੇ ਗਏ ਕਿਸਾਨ ਆਗੂ ਗੁਰਮੇਲ ਸਿੰਘ ਭਰੋਵਾਲ ਅਤੇ ਪੇਂਡੂ ਮਜ਼ਦੂਰ ਆਗੂ ਪਲਵਿੰਦਰ ਸਿੰਘ ਮਿੱਠਾ ਭਮਾਲ ਦੇ ਵਿਛੋੜੇ 'ਤੇ ਡੂੰਘੇ ਦੁੱਖ ਦਾ ਇਜ਼ਹਾਰ ਕਰਦਿਆਂ ਦੋ ਮਿੰਟ ਦਾ ਮੌਨ ਧਾਰ ਕੇ ਸ਼ਰਧਾਂਜਲੀ ਭੇਟ ਕੀਤੀ ਗਈ।

## ਦਿਲਾਵਰ ਦੀਪ ਸਿੰਘ ਨੇ ਆਲ ਇੰਡੀਆ ਇੰਟਰ ਯੂਨੀਵਰਸਿਟੀ ਵੇਟ ਲਿਫਟਿੰਗ ਮੁਕਾਬਲਿਆਂ 'ਚ ਹਾਸਲ ਕੀਤਾ ਦੂਜਾ ਸਥਾਨ



**ਸ੍ਰੀ ਫ਼ਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਦਿਲਾਵਰ ਦੀਪ ਸਿੰਘ ਨੇ ਆਲ ਇੰਡੀਆ ਇੰਟਰ ਯੂਨੀਵਰਸਿਟੀ ਵੇਟ ਲਿਫਟਿੰਗ 2023-24 ਮੁਕਾਬਲਿਆ ਦੇ 109+ ਵਰਗ ਵਿੱਚ ਦੂਜਾ ਸਥਾਨ ਹਾਸਲ ਕਰ ਯੂਨੀਵਰਸਿਟੀ ਅਤੇ ਇਲਾਕੇ ਮਾਣ ਵਧਾਇਆ। ਇਸਦੇ ਨਾਲ ਦਿਲਾਵਰ ਦੀਪ ਸਿੰਘ ਨੇ ਅਗਲੇ ਮਹੀਨੇ ਅਰੁਣਾਚਲ ਪ੍ਰਦੇਸ਼ ਵਿਚ ਹੋਣ ਵਾਲੀਆਂ ਖੇਲੋ ਇੰਡੀਆ ਯੂਨੀਵਰਸਿਟੀ ਗੇਮਜ਼ ਲਈ ਵੀ ਆਪਣਾ ਸਥਾਨ ਪੱਕਾ ਕਰ ਲਿਆ ਹੈ। ਚੰਡੀਗੜ੍ਹ ਯੂਨੀਵਰਸਿਟੀ ਵਿਖੇ ਹੋਏ ਇਨ੍ਹਾਂ ਮੁਕਾਬਲਿਆਂ ਵਿੱਚ 100 ਤੋਂ ਵੱਧ ਯੂਨੀਵਰਸਿਟੀਆਂ ਨੇ ਭਾਗ ਲਿਆ ਯੂਨੀਵਰਸਿਟੀ ਦੇ ਵਾਇਸ ਚਾਂਸਲਰ ਡਾ. ਪ੍ਰਿਤਪਾਲ ਸਿੰਘ ਨੇ ਦਿਲਾਵਰ ਦੀਪ ਸਿੰਘ ਅਤੇ ਸਮੂਹ ਸਰੀਰਕ ਸਿੱਖਿਆ ਵਿਭਾਗ ਦੇ ਅਧਿਆਪਕਾਂ ਨੂੰ ਇਸ ਮੌਕੇ ਵਧਾਈ ਦਿੱਤੀ ਅਤੇ ਦਿਲਾਵਰ ਦੀਪ ਸਿੰਘ ਨੂੰ ਪ੍ਰੇਰਨਾ ਸਰੋਤ ਮੰਨਦੇ ਹੋਏ ਬਾਕੀ ਵਿਦਿਆਰਥੀਆਂ ਨੂੰ ਮਿਹਨਤ ਕਰਨ ਲਈ ਕਿਹਾ। ਸਰੀਰਕ ਸਿੱਖਿਆ ਵਿਭਾਗ ਦੇ ਮੁਖੀ ਡਾਕਟਰ ਭੁਪਿੰਦਰ ਸਿੰਘ ਘੁੰਮਣ ਨੇ ਦਿਲਾਵਰ ਦੀਪ ਸਿੰਘ ਦੀ ਉਪਲਬਧੀਆਂ ਦਾ ਸਿਹਰਾ ਉਸ ਦੀ ਅਣਥੱਕ ਮਿਹਨਤ ਅਤੇ ਜਜ਼ਬੇ ਨੂੰ ਦਿਤਾ। ਇਸਦੇ ਨਾਲ ਹੀ ਡਾ. ਭੁਪਿੰਦਰ ਸਿੰਘ ਘੁੰਮਣ ਨੇ ਦੱਸਿਆ ਕਿ ਦਿਲਾਵਰ ਦੀਪ ਸਿੰਘ ਨੇ ਪਿਛਲੇ ਸਾਲ ਵੀ ਇਨ੍ਹਾਂ ਮੁਕਾਬਲਿਆ ਵਿਚ ਪਹਿਲਾ ਸਥਾਨ ਹਾਸਿਲ ਕੀਤਾ ਸੀ ਅਤੇ ਖੇਲੋ ਇੰਡੀਆ ਯੂਨੀਵਰਸਿਟੀ ਗੇਮ ਵਿੱਚ ਯੂਨੀਵਰਸਿਟੀ ਦੀ ਨੁਮਾਇੰਦਗੀ ਕਰਦਿਆਂ ਦੂਜਾ ਸਥਾਨ ਹਾਸਲ ਕੀਤਾ ਸੀ। ਇਸ ਮੌਕੇ ਵਿਸ਼ੇਸ ਮਹਿਮਾਨ ਵਜੋਂ ਪਹੁੰਚੇ ਡਾ. ਹਰਤੇਜ ਸਿੰਘ, (ਪ੍ਰਿੰਸੀਪਲ ਸਰੀਰਕ ਸਿੱਖਿਆ ਕਾਲਜ ਬਰਾਮੂਲਾ ਜੰਮੂ ਐਂਡ ਕਸ਼ਮੀਰ), ਸਹਾਇਕ ਪ੍ਰੋਫੈਸਰ ਡਾਕਟਰ ਹਰਨੀਤ ਬੀਲਿੰਗ, ਸਹਾਇਕ ਪ੍ਰੋਫੈਸਰ ਗੁਰਵਿੰਦਰ ਸਿੰਘ, ਗੱਤਕਾ ਕੋਚ ਤਲਵਿੰਦਰ ਸਿੰਘ ਅਤੇ ਬਹਾਦਰ ਸਿੰਘ ਮੌਜੂਦ ਸਨ। ਜ਼ਿਕਰਯੋਗ ਹੈ ਕਿ ਦਿਲਾਵਰ ਦੀਪ ਸਿੰਘ ਪਿਛਲੇ ਸਾਲ ਸੀਨੀਅਰ ਨੈਸ਼ਨਲ ਵਿਚ ਸੋਨ ਤਗਮਾ ਜਿੱਤ ਚੁੱਕਾ ਹੈ।

# ਪੇਂਡੂ ਮਜ਼ਦੂਰ ਯੂਨੀਅਨ ਵੱਲੋਂ ਮਾਸਾ ਦੇ ਸੱਦੇ 'ਤੇ ਰੋਸ ਪ੍ਰਦਰਸ਼ਨ ਉਪਰੰਤ ਰਾਸ਼ਟਰਪਤੀ ਨੂੰ ਭੇਜਿਆ ਮੰਗ ਪੱਤਰ



**ਜਗਰਾਉਂ (ਅਮਿਤ ਖੰਨਾ)**
ਦੇਸ਼ ਪੱਧਰੀ 18 ਮਜ਼ਦੂਰ ਜਥੇਬੰਦੀਆਂ 'ਤੇ ਆਧਾਰਤ ਮਜ਼ਦੂਰ ਅਧਿਕਾਰ ਸੰਘਰਸ਼ ਅਭਿਯਾਨ ਦੇ ਸੱਦੇ 'ਤੇ ਪੇਂਡੂ ਮਜ਼ਦੂਰ ਯੂਨੀਅਨ ਵੱਲੋਂ ਮਜ਼ਦੂਰ ਮੰਗਾਂ ਦੀ ਪ੍ਰਾਪਤੀ ਲਈ ਬੱਸ ਸਟੈਂਡ 'ਤੇ ਭਰਵੀਂ ਰੈਲੀ ਕੀਤੀ ਗਈ।ਸਿੱਧਵਾਂ ਬੇਟ ਦੇ ਵੱਖ-ਵੱਖ ਪਿੰਡਾਂ ਚੋਂ ਪਹੁੰਚੇ ਪੇਂਡੂ ਮਜ਼ਦੂਰ ਮਰਦ ਔਰਤਾਂ ਨੂੰ ਸੰਬੋਧਨ ਕਰਦਿਆਂ ਮਜ਼ਦੂਰ ਆਗੂਆਂ ਮਦਨ ਸਿੰਘ ਅਤੇ ਜਸਵਿੰਦਰ ਸਿੰਘ ਕਾਕਾ ਭਮਾਲ ਨੇ ਦੇਸ਼ ਭਰ ਚੋਂ ਰਾਸ਼ਟਰਪਤੀ ਦੇ ਨਾਂਅ ਭੇਜੇ ਜਾ ਰਹੇ ਮੰਗ ਪੱਤਰ 'ਚ ਦਰਜ ਮਜ਼ਦੂਰਾਂ ਦੀਆਂ ਭਖਵੀਆਂ ਮੰਗਾਂ, ਮਸਲਿਆਂ ਦੀ ਚਰਚਾ ਕੀਤੀ।ਉਨ੍ਹਾਂ ਦੱਸਿਆ ਕਿ ਮੰਗ ਕੀਤੀ ਜਾ ਰਹੀ ਹੈ ਕਿ ਚਾਰ ਕਿਰਤ ਕੋਡਾਂ ਨੂੰ ਵਾਪਸ ਲਿਆ ਜਾਵੇ।ਮਜ਼ਦੂਰ ਹਿਤਾਂ ਚ ਲੇਬਰ ਕਾਨੂੰਨਾਂ ਚ ਸੁਧਾਰ ਕੀਤਾ ਜਾਵੇ।ਸਰਕਾਰੀ ਅਦਾਰਿਆਂ ਦੇ ਨਿੱਜੀਕਰਨ 'ਤੇ ਰੋਕ ਲਗਾਈ ਜਾਵੇ।ਸਿਹਤ ਸਮੇਤ ਸਾਰੇ ਬੁਨਿਆਦੀ ਮਹਿਕਮਿਆਂ ਦਾ ਕੌਮੀਕਰਨ ਕੀਤਾ ਜਾਵੇ।ਮਨਰੇਗਾ ਵਰਕਰਾਂ ਦਾ ਦਿਹਾੜੀ ਰੇਟ ਇਕ ਹਜ਼ਾਰ ਰੁਪਏ ਮਾਸਿਕ ਤੇ ਸਾਲ 'ਚ ਕੰਮ ਦਿਨ 365 ਕੀਤੇ ਜਾਣ।ਉਜਰਤ ਸਮੇਂ ਸਿਰ ਦਿਤੀ ਜਾਵੇ।ਹਟਾਏ ਮਜ਼ਦੂਰਾਂ ਨੂੰ ਮੁੜ ਕੰਮ ਤੇ ਰਖਿਆ ਜਾਵੇ।ਆਸ਼ਾ ਵਰਕਰਾਂ, ਮਿਡ ਡੇਅ ਮੀਲ ਵਰਕਰਾਂ, ਆਂਗਣਵਾੜੀ ਵਰਕਰਾਂ ਨੂੰ ਸਰਕਾਰੀ ਕ੍ਰਮਚਾਰੀ ਦਾ ਦਰਜਾ ਦਿੱਤਾ ਜਾਵੇ।ਰੈਲੀ ਉਪਰੰਤ ਮਜ਼ਦੂਰਾਂ ਨੇ ਐਸ ਡੀ ਐਮ ਦਫਤਰ ਤੱਕ ਮੁਜ਼ਾਹਰਾ ਕਰਕੇ ਮੰਗ ਪੱਤਰ ਐਸ ਡੀ ਐਮ ਦੀ ਗੈਰਹਾਜ਼ਰੀ 'ਚ ਤਹਿਸੀਲਦਾਰ ਜਗਰਾਉਂ ਨੂੰ ਸੌਂਪਿਆ।ਐਸ ਡੀ ਐਮ ਦਫਤਰ ਸਾਹਮਣੇ ਹੋਈ ਰੈਲੀ ਨੂੰ ਸੰਬੋਧਨ ਕਰਦਿਆਂ ਇਨਕਲਾਬੀ ਕੇਂਦਰ ਪੰਜਾਬ ਦੇ ਆਗੂ ਕੰਵਲਜੀਤ ਖੰਨਾ ਨੇ ਦੱਸਿਆ ਕਿ ਮਜ਼ਦੂਰਾਂ ਮੁਲਾਜ਼ਮਾਂ ਤੇ ਕਿਸਾਨਾਂ ਵਲੋਂ ਮੋਦੀ ਹਕੂਮਤ ਦੇ ਕਾਰਪੋਰੇਟ ਤੇ ਭਗਵਾਂਕਰਨ ਪੱਖੀ ਨੀਤੀਆਂ ਖਿਲਾਫ 16 ਫਰਵਰੀ ਦੇ ਭਾਰਤ ਬੰਦ 'ਚ ਪੇਂਡੂ ਮਜ਼ਦੂਰ ਯੂਨੀਅਨ (ਮਸ਼ਾਲ) ਦੇ ਵਰਕਰ ਵੀ ਸ਼ਾਮਲ ਹੋਣਗੇ।

# ਦਰਜਾ ਚਾਰ ਕਰਮਚਾਰੀਆਂ ਨੇ ਮੰਗਾਂ ਸੰਬੰਧੀ ਪ੍ਰਿੰਸੀਪਲ ਸਰਕਾਰੀ ਬ੍ਰਜਿੰਦਰਾ ਕਾਲਜ ਨਾਲ ਕੀਤੀ ਮੀਟਿੰਗ



**ਕੋਟਕਪੂਰਾ (ਰਛਪਾਲ ਭੁੱਲਰ)**
ਦੀ ਕਲਾਸ ਫੋਰਥ ਗੌਰਮਿੰਟ ਇੰਪਲਾਈਜ਼ ਯੂਨੀਅਨ ਜ਼ਿਲ੍ਹਾ ਫਰੀਦਕੋਟ ਦੇ ਪ੍ਰਧਾਨ ਇਕਬਾਲ ਸਿੰਘ ਢੁੱਡੀ, ਜ਼ਿਲ੍ਹਾ ਚੇਅਰਮੈਨ ਨਛੱਤਰ ਸਿੰਘ ਭਾਣਾ, ਜਨਰਲ ਸਕੱਤਰ ਬਲਕਾਰ ਸਿੰਘ ਸਹੋਤਾ, ਸੀਨੀਅਰ ਮੀਤ ਪ੍ਰਧਾਨ ਇਕਬਾਲ ਸਿੰਘ ਰਣ ਸਿੰਘ ਵਾਲਾ ਦੀ ਅਗਵਾਈ ਹੇਠ ਸਰਕਾਰੀ ਬ੍ਰਜਿੰਦਰਾ ਕਾਲਜ ਦੇ ਪ੍ਰਿੰਸੀਪਲ ਸ਼੍ਰੀ ਰਾਜੇਸ਼ ਕੁਮਾਰ ਖਨਗਵਾਲ ਨਾਲ ਮੀਟਿੰਗ ਕੀਤੀ।ਜ਼ਿਲ੍ਹਾ ਪ੍ਰੈਸ ਸਕੱਤਰ ਗੁਰਪ੍ਰੀਤ ਸਿੰਘ ਸਿੱਧੂ ਨੇ ਕਿਹਾ ਕਿ ਮੀਟਿੰਗ ਵਿਚ ਕਈ ਮੰਗਾਂ 'ਤੇ ਵਿਚਾਰ ਵਟਾਂਦਰਾ ਕੀਤਾ ਗਿਆ।ਮੰਗ ਪੱਤਰ ਵਿੱਚ ਅਧਿਕਾਰੀ ਦੇ ਧਿਆਨ ਵਿੱਚ ਲਿਆਂਦਾ ਗਿਆ ਕਿ ਕਾਲਜ ਦੇ ਦਰਜਾ ਚਾਰ ਕ੍ਰਮਚਾਰੀ ਨਿਯਮਾਂ ਅਨੁਸਾਰ ਆਪਣੀ ਡਿਊਟੀ ਹੀ ਕਰਨਗੇ ਤੇ ਸੇਵਾਮੁਕਤ ਹੋਏ ਕ੍ਰਮਚਾਰੀਆਂ ਦਾ ਵਾਧੂ ਕੰਮ ਨਹੀਂ ਕਰਨਗੇ।ਅਧਿਕਾਰੀ ਤੋਂ ਮੰਗ ਕੀਤੀ ਗਈ ਕਿ ਕਾਲਜ ਵਿੱਚ ਖਾਲੀ ਪਈਆਂ ਦਰਜਾ ਚਾਰ ਦੀਆਂ ਅਸਾਮੀਆਂ ਤੇ ਪੰਜਾਬ ਸਰਕਾਰ ਅਤੇ ਡਾਇਰੈਕਟਰ ਉਚੇਰੀ ਸਿੱਖਿਆ ਵਿਭਾਗ ਪੰਜਾਬ ਦੀਆਂ 27 ਅਕਤੂਬਰ 2023 ਦੀਆਂ ਹਦਾਇਤਾਂ ਅਨੁਸਾਰ ਡੀ ਸੀ ਰੇਟਾਂ ਤੇ ਮੁਲਾਜ਼ਮਾਂ ਦੀ ਭਰਤੀ ਕੀਤੀ ਜਾਵੇ, ਸਫਾਈ ਕ੍ਰਮਚਾਰੀ ਤੋਂ ਸਫ਼ਾਈ ਦਾ ਹੀ ਕੰਮ ਲਿਆ ਜਾਵੇ, ਬੇਲਦਾਰ ਦਾ ਕੰਮ ਨਾ ਲਿਆ ਜਾਵੇ, ਜੋ ਕੱਚੇ ਕ੍ਰਮਚਾਰੀ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਯੋਗਤਾਂ ਪੂਰੀ ਕਰਦੇ ਹਨ, ਉਨ੍ਹਾਂ ਨੂੰ ਰੈਗੂਲਰ ਕੀਤਾ ਜਾਵੇ।ਅਧਿਕਾਰੀ ਨੇ ਕਿਹਾ ਕਿ ਇਹਨਾਂ ਵਿੱਚੋਂ ਜ਼ਿਆਦਾ ਮੰਗਾਂ ਦਾ ਸਬੰਧ ਪੰਜਾਬ ਸਰਕਾਰ ਨਾਲ ਹੈ ਤੇ ਉਹ ਜਲਦੀ ਹੀ ਇਹ ਮੰਗ ਪੱਤਰ ਪੰਜਾਬ ਸਰਕਾਰ ਨੂੰ ਯੋਗ ਕਾਰਵਾਈ ਲਈ ਭੇਜ ਦੇਣਗੇ ਅਤੇ ਉਨ੍ਹਾਂ ਦੇ ਪੱਧਰ ਤੇ ਹੱਲ ਹੋਣ ਵਾਲੀਆਂ ਮੰਗਾਂ ਦਾ ਜਲਦੀ ਹੀ ਨਿਪਟਾਰਾ ਕਰਨ ਦਾ ਭਰੋਸਾ ਦਿੱਤਾ ਗਿਆ।

# ਸ਼੍ਰੋਮਣੀ ਅਕਾਲੀ ਦਲ ਨੇ ਅਹੁਦੇਦਾਰਾਂ ਨਾਲ ਕੀਤੀ ਅਹਿਮ ਮੀਟਿੰਗ



**ਮੂਨਕ (ਰਾਜਪਾਲ ਸਿੰਗਲਾ)**-ਹਲਕਾ ਪੱਧਰ 'ਤੇ ਸ਼੍ਰੋਮਣੀ ਅਕਾਲੀ ਦਲ ਬਾਦਲ ਨੇ ਅਹੁਦੇਦਾਰਾਂ ਨਾਲ ਇੱਕ ਅਹਿਮ ਮੀਟਿੰਗ ਕੀਤੀ ।ਸ਼੍ਰੋਮਣੀ ਅਕਾਲੀ ਦਲ ਬਾਦਲ ਨੇ ਪਾਰਟੀ ਵੱਲੋਂ ਹਲਕਾ ਪੱਧਰ 'ਤੇ ਅਹੁਦੇਦਾਰਾਂ ਦੀ ਇੱਕ ਅਹਿਮ ਮੀਟਿੰਗ ਮੂਨਕ ਵਿਖੇ ਕੀਤੀ। ਮੀਟਿੰਗ ਵਿੱਚ ਮੁੱਖ ਤੌਰ 'ਤੇ ਪਹੁੰਚੇ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਾਬਕਾ ਪ੍ਰਧਾਨ ਗੋਬਿੰਦ ਸਿੰਘ ਲੌਂਗੋਵਾਲ ਨੇ ਕਿਹਾ ਕਿ ਆਉਣ ਵਾਲੀ ਲੋਕ ਸਭਾ ਚੋਣਾਂ ਨੂੰ ਲੈ ਕੇ ਸਾਨੂੰ ਮਜਬੂਤ ਰਹਿਣ ਦੀ ਖਾਸ ਜ਼ਰੂਰਤ ਹੈ, ਇਸ ਦੇ ਨਾਲ ਹੀ ਹਰ ਅਹੁਦੇਦਾਰ ਆਪਣੇ-ਆਪਣੇ ਪਿੰਡ ਜਾਂ ਸ਼ਹਿਰਾਂ ਦੇ ਅੰਦਰ ਪਾਰਟੀ ਵਰਕਰਾਂ ਨੂੰ ਮਜਬੂਤੀ ਮਜਬੂਤ ਕਰਨ ਤਾਂ ਜੁ ਪਾਰਟੀ ਨੂੰ ਭਾਰੀ ਜਿੱਤ ਪ੍ਰਾਪਤ ਹੋ ਸਕੇ। ਉਨ੍ਹਾਂ ਕਿਹਾ ਕਿ ਬਾਦਲ ਪਾਰਟੀ ਦੇ ਵੱਲੋਂ 'ਪੰਜਾਬ ਬਚਾਓ ਯਾਤਰਾ' ਕੱਢੀ ਜਾ ਰਹੀ ਹੈ, ਜੋ ਸੁਖਬੀਰ ਬਾਦਲ ਨੇ ਅਕਾਲ ਤਖਤ ਤੋਂ ਇਹ ਪੰਜਾਬ ਯਾਤਰਾ ਆਰੰਭ ਕੀਤੀ ਹੈ, ਉਹ ਹਰ ਰੋਜ਼ ਦੋ ਹਲਕਿਆਂ ਦੇ ਪਿੰਡਾਂ ਵਿੱਚ ਪਹੁੰਚਦੀ ਹੈ।ਇਹ ਪੰਜਾਬ ਬਚਾਓ ਯਾਤਰਾ ਅਗਲੇ ਮਹੀਨੇ ਆਪਣੇ ਹਲਕੇ ਲਹਿਰੇ ਵਿੱਚ ਆਉਣੀ ਹੈ, ਜਿਸ ਸਬੰਧੀ ਹਲਕੇ ਦੇ ਵਿੱਚ ਵੱਧ ਤੋਂ ਵੱਧ ਜਾਗ੍ਰਿਤ ਕਰਨ ਦੀ ਲੋੜ ਹੈ।

## 66 ਬੇਸਹਾਰਾ ਗਊਵੰਸ਼ ਨੂੰ ਭੇਜਿਆ ਸਰਕਾਰੀ ਗਊਸ਼ਾਲਾ : ਡਿਪਟੀ ਕਮਿਸ਼ਨਰ

**ਫ਼ਾਜ਼ਿਲਕਾ (ਨਿਸ਼ਾ ਸ਼ਰਮਾ)**-ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਸ਼ਹਿਰ ਵਿੱਚੋਂ ਬੇਸਹਾਰਾ ਗਊਵੰਸ਼ ਨੂੰ ਗਊਸ਼ਾਲਾ ਭੇਜਣ ਦੀ ਮੁਹਿੰਮ ਤਹਿਤ ਫਰਵਰੀ ਮਹੀਨੇ ਦੇ 2 ਬੀਤੇ ਦਿਨਾਂ ਦੌਰਾਨ ਤੱਕ 66 ਬੇਸਹਾਰਾ ਗਊਵੰਸ਼ ਨੂੰ ਸਰਕਾਰੀ ਗਊਸ਼ਾਲਾ ਸਲੇਮਸ਼ਾਹ ਵਿੱਚ ਭੇਜਿਆ ਗਿਆ ਹੈ।ਇਹ ਜਾਣਕਾਰੀ ਡਿਪਟੀ ਕਮਿਸ਼ਨਰ ਡਾ. ਸੇਨੂ ਦੁੱਗਲ ਆਈਏਐਸ ਨੇ ਦਿੱਤੀ ਹੈ। ਡਿਪਟੀ ਕਮਿਸ਼ਨਰ ਡਾ: ਸੇਨੂ ਦੁੱਗਲ ਨੇ ਕਿਹਾ ਕਿ ਸ਼ਹਿਰ ਨੂੰ ਸਾਫ ਸੁਥਰਾ ਰੱਖਣ ਲਈ ਅਤੇ ਬੇਸਹਾਰਾ ਗਊਵੰਸ਼ ਦੀ ਸਹੀ ਸੰਭਾਲ ਯਕੀਨੀ ਬਣਾਉਣ ਲਈ ਪ੍ਰਸ਼ਾਸਨ ਵੱਲੋਂ ਇਹ ਉਪਰਾਲਾ ਆਰੰਭ ਕੀਤਾ ਗਿਆ ਹੈ।ਉਨ੍ਹਾਂ ਕਿਹਾ ਕਿ ਫ਼ਾਜ਼ਿਲਕਾ ਫ਼ਿਰੋਜ਼ਪੁਰ ਰੋਡ ਨਜ਼ਦੀਕ ਪੀਰ ਬਾਬਾ ਸਮਾਧ, ਸਰਕਾਰੀ ਆਈ.ਟੀ.ਆਈ, ਮਲੋਟ ਰੋਡ ਦੇ ਨੇੜੇ ਦਾਨਾ ਮੰਡੀ ਗੇਟ ਤੇ ਸਬਜ਼ੀ ਮੰਡੀ ਤੇ ਬਸਤੀ ਹਜ਼ੂਰ ਸਿੰਘ ਅਤੇ ਡੈਡ ਰੋਡ 'ਚੋਂ ਮੰਗਲਵਾਰ ਅਤੇ ਬੁੱਧਵਾਰ ਨੂੰ 66 ਬੇਸਹਾਰਾ ਗਊਵੰਸ਼ ਨੂੰ ਸਰਕਾਰੀ ਗਊਸ਼ਾਲਾ ਭੇਜਿਆ ਗਿਆ। ਉਨ੍ਹਾਂ ਕਿਹਾ ਕਿ ਸੜਕਾਂ ਦੇ ਘੁੰਮਦੇ ਇਹ ਬੇਸਹਾਰਾ ਗਊਵੰਸ਼ ਨੂੰ ਫੜ ਕੇ ਸਰਕਾਰੀ ਗਊਸ਼ਾਲਾ ਵਿੱਚ ਭੇਜਣ ਨਾਲ ਜਿੱਥੇ ਇਨ੍ਹਾਂ ਗਊਵੰਸ਼ਾਂ ਨੂੰ ਰਹਿਣ ਬਸੇਰਾ ਮਿਲੇਗਾ, ਉੱਥੇ ਇਨ੍ਹਾਂ ਸੜਕਾਂ 'ਤੇ ਘੁੰਮਣ ਵਾਲੇ ਪਸ਼ੂਆਂ ਤੋਂ ਹੋਣ ਵਾਲੀਆਂ ਸੜਕੀ ਦੁਰਘਟਨਾਵਾਂ ਨੂੰ ਵੀ ਠੱਲ੍ਹ ਪਵੇਗੀ।ਉਨ੍ਹਾਂ ਕਿਹਾ ਕਿ ਫੜੇ ਗਏ ਬੇਸਹਾਰਾ ਗਊਵੰਸ਼ ਨੂੰ ਮੌਕੇ 'ਤੇ ਹੀ ਮੂੰਹਖੁਰ ਦੀ ਬਿਮਾਰੀ ਤੋਂ ਬਚਾਉਣ ਲਈ ਟੀਕਾਕਰਨ ਵੀ ਕੀਤਾ ਗਿਆ ਹੈ।ਉਨ੍ਹਾਂ ਜ਼ਿਲ੍ਹਾ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਪਾਲਤੂ ਗਊਵੰਸ਼ ਨੂੰ ਬੇਸਹਾਰਾ ਨਾ ਛੱਡਣ ਤੇ ਇਸ ਮੁਹਿੰਮ ਵਿਚ ਪ੍ਰਸ਼ਾਸਨ ਦਾ ਸਹਿਯੋਗ ਕਰਨ।ਇਸ ਮੌਕੇ ਨਗਰ ਕੌਂਸਲ ਦੇ ਕ੍ਰਮਚਾਰੀ ਨਿਤਿਨ ਸ਼ਰਮਾ, ਕੈਂਟਲ ਪਾਊਂਡ ਇੰਚਾਰਜ ਸੋਨੂੰ, ਵੈਟਨਰੀ ਇੰਸਪੈਕਟਰ ਰਾਜੇਸ਼ ਕੁਮਾਰ ਮੌਜੂਦ ਸਨ।

# ਹਿੰਦੀ ਉਲੰਪੀਆਡ 'ਚ ਮਾਤਾ ਸਾਹਿਬ ਕੌਰ ਸੀਨੀਅਰ ਸੈਕੰਡਰੀ ਪਬਲਿਕ ਸਕੂਲ ਦੇ ਵਿਦਿਆਰਥੀ ਚਮਕੇ

**ਗੁਰੂਹਰਸਹਾਏ (ਮਨਦੀਪ ਸਿੰਘ ਸੋਢੀ)**
ਮਾਤਾ ਸਾਹਿਬ ਕੌਰ ਸੀਨੀਅਰ ਸੈਕੰਡਰੀ ਪਬਲਿਕ ਸਕੂਲ ਦੇ ਵਿਦਿਆਰਥੀਆਂ ਨੇ ਹਿੰਦੀ ਓਲੰਪੀਆਡ ਫਾਊਂਡੇਸ਼ਨ ਮੁਕਾਬਲੇ ਵਿੱਚ ਆਪਣੇ ਸ਼ਾਨਦਾਰ ਪ੍ਰਦਰਸ਼ਨ ਨਾਲ ਸਕੂਲ ਦਾ ਨਾਂਅ ਰੌਸ਼ਨ ਕੀਤਾ ਹੈ।ਮੁਕਾਬਲੇ ਵਿੱਚ ਕੁੱਲ 39 ਵਿਦਿਆਰਥੀਆਂ ਨੇ ਭਾਗ ਲਿਆ ਅਤੇ ਉਨ੍ਹਾਂ ਦੀ ਲਗਨ ਤੇ ਸਖ਼ਤ ਮਿਹਨਤ ਦੇ ਨਤੀਜੇ ਵਜੋਂ ਸ਼ਾਨਦਾਰ ਮੈਡਲ ਜਿੱਤੇ।ਇਸ ਦੌਰਾਨ ਸੋਨ ਤਗਮੇ ਜਿੱਤਣ ਵਾਲੇ 15 ਵਿਦਿਆਰਥੀਆਂ ਸਭ ਤੋਂ ਅੱਗੇ ਰਹੇ ਹਿੰਦੀ ਭਾਸ਼ਾ ਵਿੱਚ ਆਪਣੀ ਬੇਮਿਸਾਲ ਮੁਹਾਰਤ ਦਾ ਪ੍ਰਦਰਸ਼ਨ ਕੀਤਾ।ਵਿਆਕਰਣ, ਸ਼ਬਦਾਵਲੀ ਅਤੇ ਸਾਹਿਤ ਦੀ ਉਸ ਦੀ ਡੂੰਘੀ ਸਮਝ ਸਾਫ਼ ਨਜ਼ਰ ਆ ਰਹੀ ਸੀ, ਜਿਸ ਕਾਰਨ ਉਸ ਨੇ ਮੁਕਾਬਲੇ ਵਿਚ ਚੋਟੀ ਦਾ ਸਥਾਨ ਹਾਸਲ ਕੀਤਾ।ਇਸ ਤੋਂ ਇਲਾਵਾ, 2 ਵਿਦਿਆਰਥੀਆਂ ਨੇ ਚਾਂਦੀ ਦੇ ਤਗਮੇ ਜਿੱਤੇ ਅਤੇ 1 ਵਿਦਿਆਰਥੀ ਨੇ ਕਾਂਸੀ ਦਾ ਤਗਮਾ ਜਿੱਤਿਆ, ਜੋ ਕਿ ਭਾਸ਼ਾ 'ਤੇ ਉਨ੍ਹਾਂ ਦੀ ਮਜ਼ਬੂਤ ??ਪਕੜ ਨੂੰ ਹੋਰ ਵੀ ਦਰਸਾਉਂਦਾ ਹੈ ।ਇਨ੍ਹਾਂ ਵਿਦਿਆਰਥੀ ਦੀ ਵਚਨਬੱਧਤਾ ਅਤੇ ਪ੍ਰਤਿਭਾ ਨੂੰ ਸਨਮਾਨਤ ਕਰਦੇ ਹੋਏ ਮਾਤਾ ਸਾਹਿਬ ਕੌਰ ਦਾ ਨਾਂਅ ਹੋਰ ਉੱਚਾ ਕੀਤਾ ਗਿਆ।ਸਕੂਲ ਦੀ ਮੈਨੇਜਮੈਂਟ ਕਮੇਟੀ ਦੇ ਮੈਂਬਰ ਮਹੀਪਾਲ ਸਿੰਘ, ਕਮਲਪਾਲ ਸਿੰਘ, ਗੁਰਿੰਦਰ ਸਿੰਘ ਅਤੇ ਸਕੂਲ ਦੀ ਪ੍ਰਿੰਸੀਪਲ ਸ਼੍ਰੀਮਤੀ ਨੀਲਕਸ਼ੀ ਗੁਪਤਾ ਨੇ ਖੁਸ਼ੀ ਦਾ ਇਜ਼ਹਾਰ ਕਰਦਿਆਂ ਵਿਦਿਆਰਥੀਆਂ ਨੂੰ ਉਨ੍ਹਾਂ ਦੇ ਸ਼ਾਨਦਾਰ ਪ੍ਰਦਰਸ਼ਨ ਲਈ ਵਧਾਈ ਦਿੱਤੀ।ਪ੍ਰਿੰਸੀਪਲ ਨੇ ਕਿਹਾ ਕਿ ਸਾਨੂੰ ਮੁਕਾਬਲੇ ਵਿੱਚ ਭਾਗ ਲੈਣ ਵਾਲੇ ਹਰ ਵਿਦਿਆਰਥੀ ਉੱਤੇ ਬਹੁਤ ਮਾਣ ਹੈ।ਹਿੰਦੀ ਭਾਸ਼ਾ ਸਿੱਖਣ ਪ੍ਰਤੀ ਉਨ੍ਹਾਂ ਦੇ ਸਮਰਪਣ ਤੇ ਉਨ੍ਹਾਂ ਦੇ ਜਨੂੰਨ ਨੇ ਸੱਚਮੁੱਚ ਹੀ ਫਲ ਦਿੱਤਾ ਹੈ।ਇਹ ਪ੍ਰਾਪਤੀਆਂ ਸਾਡੇ ਵਿਦਿਆਰਥੀਆਂ ਅਤੇ ਅਧਿਆਪਕਾਂ ਦੀ ਸਖ਼ਤ ਮਿਹਨਤ ਦਾ ਪ੍ਰਮਾਣ ਹਨ, ਅਤੇ ਉਨ੍ਹਾਂ ਨੇ ਆਉਣ ਵਾਲੀਆਂ ਪੀੜ੍ਹੀਆਂ ਲਈ ਇੱਕ ਉੱਚ ਰੁਕਾਵਟ ਸਥਾਪਤ ਕੀਤੀ ਹੈ।

## 'ਸੀ ਐੱਮ ਦੀ ਯੋਗਸ਼ਾਲਾ' ਦਾ ਫ਼ਿਰੋਜ਼ਪੁਰ ਵਾਸੀ ਲੈ ਰਹੇ ਭਰਪੂਰ ਲਾਭ : ਧੀਮਾਨ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਪੰਜਾਬ ਸਰਕਾਰ ਦੁਆਰਾ ਰਾਜ ਦੇ ਨਾਗਰਿਕਾਂ ਨੂੰ ਮੁਫ਼ਤ ਯੋਗ ਸਿੱਖਿਆ ਦੇਣ ਦੀ ਨਿਵੇਕਲੀ ਪਹਿਲ ਤਹਿਤ ਸੂਬੇ ਭਰ ਵਿਚ ਯੋਗ ਅਧਿਆਪਕਾਂ ਦੁਆਰਾ 'ਸੀਐੱਮ ਦੀ ਯੋਗਸ਼ਾਲਾ' ਤਹਿਤ ਉਨ੍ਹਾਂ ਦੇ ਘਰਾਂ ਕੋਲ ਹੀ ਯੋਗਸ਼ਾਲਾਵਾਂ ਸਥਾਪਤ ਕੀਤੀਆਂ ਗਈਆਂ ਹਨ।ਇਸ ਯੋਜਨਾ ਦੇ ਤਹਿਤ ਯੋਗ ਨੂੰ ਘਰ-ਘਰ ਤੱਕ ਪੁਚਾਉਣ ਲਈ ਆਮ ਲੋਕਾਂ ਨੂੰ ਯੋਗ ਟ੍ਰੇਨਰਾਂ ਦੀ ਸੁਵਿਧਾ ਦਿੱਤੀ ਜਾ ਰਹੀ ਹੈ, ਜਿਸ ਦਾ ਫ਼ਿਰੋਜ਼ਪੁਰ ਵਾਸੀ ਭਰਪੂਰ ਲਾਭ ਲੈ ਰਹੇ ਹਨ।ਇਹ ਪ੍ਰਗਟਾਵਾ ਡਿਪਟੀ ਕਮਿਸ਼ਨਰ ਰਾਜੇਸ਼ ਧੀਮਾਨ ਨੇ ਕੀਤਾ।ਉਨ੍ਹਾਂ ਕਿਹਾ ਕਿ 'ਸੀਐੱਮ ਦੀ ਯੋਗਸ਼ਾਲਾ' ਮੁਹਿੰਮ ਸਿਹਤ ਖੇਤਰ ਵਿੱਚ ਇਸ ਕ੍ਰਾਂਤੀ ਦਾ ਮਕਸਦ ਸੂਬੇ ਦੇ ਲੋਕਾਂ ਨੂੰ ਮਾਨਸਿਕ ਅਤੇ ਸਰੀਰਕ ਤੌਰ 'ਤੇ ਤੰਦਰੁਸਤ ਬਣਾਉਣਾ ਹੈ।ਉਨ੍ਹਾਂ ਦੱਸਿਆ ਕਿ ਜ਼ਿਲ੍ਹੇ ਵਿੱਚ ਸੀਐੱਮ ਦੀ ਯੋਗਸ਼ਾਲਾ ਦੀਆਂ 38 ਕਲਾਸਾਂ ਵਿੱਚ 400 ਤੋਂ ਵੱਧ ਨਾਗਰਿਕ ਇਸ ਮੁਹਿੰਮ ਦਾ ਲਾਭ ਲੈ ਰਹੇ ਹਨ।ਉਨ੍ਹਾਂ ਕਿਹਾ ਕਿ ਇਸ ਪ੍ਰੋਗਰਾਮ ਦਾ ਉਦੇਸ਼ ਨਾਗਰਿਕਾਂ ਦੀ ਸਰੀਰਕ ਅਤੇ ਮਾਨਸਿਕ ਸਿਹਤ ਨੂੰ ਬਿਹਤਰ ਬਣਾ ਕੇ ਸਿਹਤਮੰਦ ਸਮਾਜ ਦੀ ਸਿਰਜਣਾ ਕਰਨਾ ਹੈ। ਉਨ੍ਹਾਂ ਕਿਹਾ ਕਿ ਅਭਿਆਸ ਦੇ ਰੂਪ ਵਿੱਚ, ਯੋਗ ਕਿਸੇ ਦੇ ਜੀਵਨ ਦੀ ਗੁਣਵੱਤਾ ਵਿੱਚ ਸੁਧਾਰ ਕਰਨ ਦਾ ਇਕ ਪ੍ਰਭਾਵੀ ਸਾਧਨ ਹੈ।ਰੋਜ਼ਾਨਾ ਅਭਿਆਸ ਦੁਆਰਾ ਵਿਅਕਤੀ ਇਕਾਗਰਤਾ ਦਾ ਵਿਕਾਸ ਕਰ ਸਕਦਾ ਹੈ ਅਤੇ ਵਾਤਾਵਰਣ ਨਾਲ ਵੱਧ ਤੋਂ ਵੱਧ ਇਕਸੁਰਤਾ ਸਥਾਪਿਤ ਕਰ ਕੇ ਮਾਨਸਿਕ ਅਤੇ ਸਰੀਰਕ ਤੰਦਰੁਸਤੀ ਦੇ ਟੀਚੇ ਪ੍ਰਾਪਤ ਕਰ ਸਕਦਾ ਹੈ।

## ਰਜਿਸਟਰੀਆਂ ਤੋਂ ਐੱਨ ਓ ਸੀ ਦੀ ਸ਼ਰਤ ਹਟਾਏ ਜਾਣ 'ਤੇ ਪੰਜਾਬ ਦੇ ਲੋਕ ਬਾਗੋਬਾਗ : ਵਿਕਾਸ ਜੈਨ

**ਧੂਰੀ (ਰਾਜੇਸ਼ਵਰ ਪਿੰਟੂ, ਬਿੰਨੀ ਗਰਗ)**
ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਤੇ ਵਪਾਰ ਮੰਡਲ ਪੰਜਾਬ ਦੇ ਸੂਬਾ ਐਕਟਿੰਗ ਪ੍ਰਧਾਨ ਵਿਕਾਸ ਜੈਨ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਰਜਿਸਟਰੀਆਂ ਤੋਂ ਐੱਨ.ਓ.ਸੀ. ਦੀ ਸ਼ਰਤ ਹਟਾਏ ਜਾਣ ਤੋਂ ਬਾਅਦ ਪੰਜਾਬ ਦੇ ਲੋਕ ਬਾਗੋ-ਬਾਗ ਹਨ। ਕਿਉਂਕਿ ਐੱਨ. ਓ. ਸੀ. ਦੀ ਸ਼ਰਤ ਕਾਰਨ ਪੰਜਾਬ ਦੇ ਲੋਕਾਂ ਨੂੰ ਰਜਿਸਟਰੀਆਂ ਨੂੰ ਲੈ ਕੇ ਵੱਡੇ ਪੱਧਰ 'ਤੇ ਸਮੱਸਿਆ ਦਾ ਸਾਹਮਣਾ ਕਰਨਾ ਪੈ ਰਿਹਾ ਸੀ।ਲਿਹਾਜ਼ਾ ਲੋਕਾਂ ਨੂੰ ਸਰਕਾਰੀ ਦਫਤਰਾਂ ਦੇ ਧੱਕੇ ਖਾਣੇ ਪੈ ਰਹੇ ਸਨ।ਉਨ੍ਹਾਂ ਦੇ ਲੱਖਾਂ ਰੁਪਏ ਇਸੇ ਤਰ੍ਹਾਂ ਮਿੱਟੀ 'ਚ ਰੁਲੇ ਪਏ ਸਨ, ਪਰ ਮਾਨ ਸਰਕਾਰ ਨੇ ਆਪਣੇ ਇਕ ਹੀ ਫੈਸਲੇ ਨਾਲ ਪੂਰੇ ਪੰਜਾਬ ਨੂੰ ਖੁਸ਼ਹਾਲ ਕਰ ਦਿੱਤਾ।ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਵੱਲੋਂ ਹੁਣ ਤੱਕ ਜਿਹੜੇ ਵੀ ਫੈਸਲੇ ਕੀਤੇ ਗਏ ਹਨ, ਉਹ ਸਾਰੇ ਹੀ ਫੈਸਲੇ ਲੋਕਾਂ ਹਿੱਤਾਂ ਵਾਲੇ ਹਨ।ਭਾਵੇਂ ਸਿਹਤ ਅਤੇ ਸਿੱਖਿਆ ਦੇ ਖੇਤਰ 'ਚ ਕ੍ਰਾਂਤੀ ਦੀ ਗੱਲ ਹੋਵੇ ਜਾਂ ਫਿਰ ਸਰਕਾਰੀ ਦਫ਼ਤਰਾਂ ਨੂੰ ਹੋਵੇ।ਉਨ੍ਹਾਂ ਕਿਹਾ ਕਿ ਹਾਲ ਹੀ 'ਚ ਸਰਕਾਰ ਨੇ 43 ਸੇਵਾਵਾਂ ਲੋਕਾਂ ਦੇ ਘਰਾਂ ਤੱਕ ਪੁਚਾਉਣ ਦਾ ਜਿਹੜਾ ਫ਼ੈਸਲਾ ਕੀਤਾ, ਉਹ ਵੀ ਇਤਿਹਾਸਕ ਸੀ।ਅੱਜ ਰਜਿਸਟਰੀਆਂ ਤੋਂ ਐੱਨ.ਓ.ਸੀ. ਦੀ ਸ਼ਰਤ ਹਟਾਉਣਾ ਉਸ ਤੋਂ ਵੱਡਾ ਇਤਿਹਾਸਕ ਫੈਸਲਾ ਹੈ।

# ਪੰਜਾਬ ਪੈਨਸ਼ਨਰਜ਼ ਕਲਿਆਣ ਸੰਗਠਨ ਵੱਲੋਂ ਭਾਰਤ ਬੰਦ ਦੀ ਪੂਰਨ ਹਮਾਇਤ



**ਸਮਰਾਲਾ (ਸੁਰਜੀਤ ਸਿੰਘ)**-ਪੰਜਾਬ ਪੈਨਸ਼ਨਰ ਕਲਿਆਣ ਸੰਗਠਨ ਇਕਾਈ ਸਮਰਾਲਾ ਦੀ ਮਹੀਨਾਵਾਰ ਮੀਟਿੰਗ 'ਬਾਗੀ ਭਵਨ' ਵਿਖੇ ਸੰਗਠਨ ਦੇ ਪ੍ਰਧਾਨ ਰਿਟਾ: ਹੈੱਡਮਾਸਟਰ ਮੇਘ ਸਿੰਘ ਜਵੰਦਾ ਦੀ ਅਗਵਾਈ ਹੇਠ ਹੋਈ। ਮੀਟਿੰਗ ਸੰਚਾਲਨ ਕਰਦੇ ਹੋਏ ਜਨਰਲ ਸਕੱਤਰ ਰਿਟਾ: ਲੈਕਚਰਾਰ ਵਿਜੇ ਕੁਮਾਰ ਨੇ ਵੱਖ-ਵੱਖ ਵਿਭਾਗਾਂ ਤੋਂ ਆਏ ਸਾਰੇ ਪੈਨਸ਼ਨਰਾਂ ਨੂੰ ਜੀ ਆਇਆਂ ਕਹਿੰਦੇ ਬੁਲਾਰਿਆਂ ਨੂੰ ਸੱਦਾ ਦਿੱਤਾ, ਜਿਨ੍ਹਾਂ ਵਿੱਚ ਸਿਹਤ ਵਿਭਾਗ ਤੋਂ ਹਰਜੀਤ ਸਿੰਘ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਪੈਨਸ਼ਨਰਜ਼ ਅਤੇ ਮੁਲਾਜ਼ਮਾਂ ਦੀਆਂ ਮੰਗਾਂ ਵੱਲ ਕੋਈ ਧਿਆਨ ਨਹੀਂ ਦਿੱਤਾ ਜਾਂਦਾ। ਸਮੂਹ ਜਥੇਬੰਦੀਆਂ ਦੀ ਜਥੇਬੰਦਕ ਏਕਤਾ ਨਾਲ ਹੀ ਮੰਗਾਂ ਮਨਾਈਆਂ ਜਾ ਸਕਦੀਆਂ ਹਨ। ਪੀ ਐਸ ਪੀ ਸੀ ਐਲ ਪੈਨਸ਼ਨਰ ਐਸੋਸੀਏਸ਼ਨ ਦੇ ਅਹੁਦੇਦਾਰ ਇੰਜ: ਜੁਗਲ ਕਿਸ਼ੋਰ ਸਾਹਨੀ ਨੇ ਸਰਕਾਰ ਨੂੰ ਚਿਤਾਵਨੀ ਦਿੰਦਿਆਂ ਕਿਹਾ ਕਿ ਸਰਕਾਰ ਪੈਨਸ਼ਨਰਾਂ ਦਾ ਸਬਰ ਨਾ ਪਰਖੇ।ਡੀ. ਏ. ਦੀਆਂ 8% ਦੋ ਕਿਸ਼ਤਾਂ ਤੇ ਪੇ ਕਮਿਸ਼ਨ ਦਾ 01-01-2016 ਤੋਂ ਬਕਾਇਆ ਜਲਦੀ ਦਿੱਤਾ ਜਾਵੇ।ਸਿਹਤ ਵਿਭਾਗ ਦੇ ਪੈਨਸ਼ਨਰ ਫਾਰਮਾਸਿਸਟ ਹਰਜਿੰਦਰਪਾਲ ਸਿੰਘ ਨੇ ਕਿਹਾ ਕਿ ਜੇਕਰ ਸਰਕਾਰ ਨੇ ਪੈਨਸ਼ਨਰਜ਼ ਤੇ ਮੁਲਾਜ਼ਮਾਂ ਦੀਆਂ ਮੰਗਾਂ ਜਲਦੀ ਨਾ ਮੰਨੀਆਂ ਤਾਂ ਪੈਨਸ਼ਨਰਜ਼ ਤੇ ਮੁਲਾਜ਼ਮਾਂ ਜਿਨਾਂ ਦੀ ਗਿਣਤੀ 7 ਲੱਖ ਦੇ ਕਰੀਬ ਹੈ, ਆਉਂਦੀਆਂ ਲੋਕ ਸਭਾ ਚੋਣਾਂ 'ਚ ਸਰਕਾਰ ਦਾ ਵਿਰੋਧ ਕਰਨਗੇ।

ਭ੍ਰਿਸ਼ਟਾਚਾਰ ਵਿਰੋਧੀ ਫਰੰਟ ਸਮਰਾਲਾ ਦੇ ਪ੍ਰਧਾਨ ਅਮਰਜੀਤ ਸਿੰਘ ਬਾਲਿਓਂ ਨੇ ਕਿਹਾ ਕਿ ਮੁਲਾਜ਼ਮ ਤੇ ਪੈਨਸ਼ਨਰ ਤਾਂ ਕਿਸੇ ਵੀ ਲੋਕਤੰਤਰੀ ਦੇਸ਼ ਦੀ ਰੀੜ ਦੀ ਹੱਡੀ ਹੁੰਦੇ ਹਨ, ਜਿਨ੍ਹਾਂ ਦੇ ਸਹਾਰੇ ਸਰਕਾਰਾਂ ਚੱਲਦੀਆਂ ਹਨ।ਜਥੇਬੰਦੀਆਂ ਨੇ 16 ਫਰਵਰੀ ਨੂੰ ਭਾਰਤ ਬੰਦ ਦਾ ਸੱਦਾ ਦਿੱਤਾ ਹੋਇਆ ਹੈ। ਉਸ ਦਿਨ ਪੂਰੇ ਭਾਰਤ ਨੂੰ ਪੂਰਨ ਰੂਪ ਵਿੱਚ ਬੰਦ ਕਰਕੇ ਕੇਂਦਰ ਅਤੇ ਸੂਬਾ ਸਰਕਾਰਾਂ ਨੂੰ ਹਲੂਣਾ ਦੇਣਾ ਹੈ।

ਉਨ੍ਹਾਂ ਮੀਟਿੰਗ ਵਿੱਚ ਆਏ ਮੁਲਾਜ਼ਮ ਅਤੇ ਪੈਨਸ਼ਨਰਾਂ ਤੋਂ ਸਹਿਯੋਗ ਦੀ ਮੰਗ ਕੀਤੀ। ਸੰਗਠਨ ਦੇ ਪ੍ਰਧਾਨ ਮੇਘ ਸਿੰਘ ਜਵੰਦਾ ਨੇ ਜਥੇਬੰਦਕ ਏਕਤਾ ਤੇ ਜੋਰ ਦਿੰਦੇ ਹੋਏ ਕਿਹਾ ਕਿ ਕਿਸੇ ਵੀ ਸਰਕਾਰ ਤੋਂ ਆਪਣੀਆਂ ਮੰਗਾਂ ਸ਼ਾਂਤੀ ਅਤੇ ਜਥੇਬੰਦਕ ਏਕਤਾਂ ਨਾਲ ਮਨਵਾਈਆਂ ਜਾ ਸਕਦੀਆਂ ਹਨ। ਭਰਾਤਰੀ ਜਥੇਬੰਦੀਆਂ ਵੱਲੋਂ 16 ਫਰਵਰੀ ਦੇ 'ਭਾਰਤ ਬੰਦ' ਨੂੰ ਵੱਧ ਤੋਂ ਵੱਧ ਸਹਿਯੋਗ ਦੇਣ ਦਾ ਭਰੋਸਾ ਦਿੱਤਾ ਅਤੇ ਵੱਖ ਵੱਖ ਵਿਭਾਗਾਂ ਤੋਂ ਸ਼ਾਮਲ ਪੈਨਸ਼ਨਰਜ਼ ਸਾਥੀਆਂ ਦੇ ਅਹੁਦੇਦਾਰਾਂ ਤੇ ਮੈਂਬਰਾਂ ਦਾ ਧੰਨਵਾਦ ਕੀਤਾ।

# ਸਮਰਾਲਾ ਰੈਲੀ ਸੰਬੰਧੀ ਬਲਾਕ ਕਾਂਗਰਸ (ਦਿਹਾਤੀ) ਦੀ ਮੀਟਿੰਗ



**ਜਗਰਾਉਂ (ਅਮਿਤ ਖੰਨਾ)**
ਆਲ ਇੰਡੀਆ ਕਾਂਗਰਸ ਦੇ ਪ੍ਰਧਾਨ ਸ੍ਰੀ ਮਲਿਕਅਰਜਨ ਖੜਗੇ 11 ਫਰਵਰੀ ਨੂੰ ਸਮਰਾਲਾ ਵਿਖੇ ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਦੇ ਵਰਕਰਾਂ ਨੂੰ ਸੰਬੋਧਨ ਕਰਨਗੇ। ਇਸ ਸਬੰਧੀ ਬਲਾਕ ਕਾਂਗਰਸ (ਦਿਹਾਤੀ) ਦੀ ਮੀਟਿੰਗ ਨਵੀਂ ਦਾਨਾ ਮੰਡੀ ਵਿਖੇ ਕਰਨਜੀਤ ਸਿੰਘ ਸੋਨੀ ਗਾਲਿਬ ਦੀ ਦਫਫ਼ਤਰ ਵਿਖੇ ਹੋਈ। ਮੀਟਿੰਗ ਦੀ ਪ੍ਰਧਾਨਗੀ ਕਰਦੇ ਜਗਤਾਰ ਸਿੰਘ ਜੱਗਾ ਹਿੱਸੋਵਾਲ ਨੇ ਕਿਹਾ ਕਿ 11 ਫਰਵਰੀ ਨੂੰ ਹੋ ਰਹੀ ਰੈਲੀ 'ਚ ਵੱਡੀ ਗਿਣਤੀ 'ਚ ਕਾਂਗਰਸੀ ਵਰਕਰ ਅਤੇ ਅਹੁਦੇਦਾਰ ਪਹੁੰਚਣ 'ਤੇ ਆਪਣੇ ਪ੍ਰਧਾਨ ਸ੍ਰੀ ਮਲਿਕਾਰਜੁਨ ਦੇ ਵਿਚਾਰ ਸੁਣਨ। ਇਸ ਮੌਕੇ ਬਲਾਕ ਕਾਂਗਰਸ (ਦਿਹਾਤੀ) ਦੇ ਪ੍ਰਧਾਨ ਨਵਦੀਪ ਸਿੰਘ ਗਰੇਵਾਲ, ਸਰਪੰਚ ਸਰਬਜੀਤ ਸਿੰਘ ਸੇਰਪੁਰ, ਸਰਪੰਚ ਸਿਕੰਦਰ ਸਿੰਘ ਬਰਸਾਲ, ਸਰਪੰਚ ਲਾਲੀ ਅਲੀਗੜ੍ਹ, ਭੋਲਾ ਪ੍ਰਧਾਨ, ਜਸਦੇਵ ਕਾਉਂਕੇ ਕਲਾਂ, ਸਿਮਰਨ ਮੱਲਾ, ਗਿੱਟਾ ਰਸੂਲਪੁਰ, ਭਵਨਜੀਤ ਸਿੰਘ ਕਮਾਲਪੁਰਾ, ਸਰਪੰਚ ਜਸਵੀਰ ਸਿੰਘ ਨਾਨਕ ਨਗਰੀ, ਡਾ. ਬਲਜਿੰਦਰ ਸਿੰਘ ਲੱਖਾ, ਪੰਚ ਜਗਦੇਵ ਸਿੰਘ ਸ਼ੇਰਪੁਰ, ਸੁੱਖੀ ਬਰਸਾਲ, ਜੋਰਾ ਸਿੰਘ ਡੱਲਾ ਤੇ ਤਜਿੰਦਰ ਸਿੰਘ ਪੰਚ ਕੋਠੇ ਬੱਗੂ ਆਦਿ ਹਾਜ਼ਰ ਸਨ।

## ਸਿਵਲ ਸਰਜਨ ਵੱਲੋਂ ਐਮਰਜੈਂਸੀ ਸਿਹਤ ਸੇਵਾਵਾਂ ਦੀ ਅਚਨਚੇਤ ਚੈਕਿੰਗ



**ਫਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਸਿਹਤ ਤੇ ਪਰਵਾਰ ਭਲਾਈ ਮੰਤਰੀ ਡਾ. ਬਵੀਰ ਸਿੰਘ ਵੱਲੋਂ ਦਿੱਤੇ ਗਏ ਦਿਸ਼ਾ ਨਿਰਦੇਸ਼ਾਂ ਤਹਿਤ ਸਿਵਲ ਸਰਜਨ ਫਤਿਹਗੜ੍ਹ ਸਾਹਿਬ ਡਾ. ਦਵਿੰਦਰਜੀਤ ਕੌਰ ਨੇ ਜ਼ਿਲਾ ਹਸਪਤਾਲ ਵੱਲੋਂ 24 ਘੰਟੇ ਦਿੱਤੀਆਂ ਜਾ ਰਹੀਆਂ ਐਮਰਜੈਂਸੀ ਸਿਹਤ ਸਭਾਵਾਂ ਦੀ ਅਚਨਚੇਤ ਚੈਕਿੰਗ ਕੀਤੀ । ਇਸ ਚੈਕਿੰਗ ਦੌਰਾਨ ਉਨ੍ਹਾਂ ਐਮਰਜੈਂਸੀ ਵਿੱਚ ਡਿਊਟੀ ਕਰਨ ਵਾਲੇ ਸਟਾਫ ਦੀ ਹਾਜ਼ਰੀ ਚੈੱਕ ਕੀਤੀ। ਸਮੂਹ ਸਟਾਫ ਡਿਊਟੀ 'ਤੇ ਹਾਜ਼ਰ ਪਾਇਆ ਗਿਆ। ਉਨ੍ਹਾਂ ਡਿਊਟੀ 'ਤੇ ਤੈਨਾਤ ਐਮਰਜੈਂਸੀ ਮੈਡੀਕਲ ਅਫਸਰ ਨੂੰ ਕਿਹਾ ਕਿ ਐਮਰਜੈਂਸੀ ਸੇਵਾਵਾਂ ਲਈ ਦਵਾਈਆਂ ਦੀ ਕੋਈ ਘਾਟ ਨਹੀਂ ਹੋਣੀ ਚਾਹੀਦੀ ਅਤੇ ਇਹ ਸੇਵਾਵਾਂ ਹੋਰ ਚੁਸਤ ਦਰੁਸਤ ਕੀਤੀਆਂ ਜਾਣ । ਉਨ੍ਹਾਂ ਕਿਹਾ ਕਿ ਉਹ ਐਮਰਜੈਂਸੀ ਵਿੱਚ ਲੱਗੇ ਸਾਰੇ ਉਪਕਰਣ ਵਰਕਿੰਗ ਕੰਡੀਸ਼ਨ ਵਿੱਚ, ਉਚਿਤ ਮਾਤਰਾ ਵਿੱਚ ਦਵਾਈਆਂ, ਉਚਿਤ ਮਾਤਰਾ ਵਿੱਚ ਖੂਨ ਦਾ ਪ੍ਰਬੰਧ ਅਤੇ ਸਹੀ ਮੈਨ ਪਾਵਰ ਦਾ ਪ੍ਰਬੰਧ ਕਰਨਾ ਯਕੀਨੀ ਬਣਾਉਣ । ਉਨ੍ਹਾਂ ਕਿਹਾ ਕਿ ਸਰਕਾਰ ਵੱਲੋਂ ਐਮਰਜੈਂਸੀ ਦੌਰਾਨ ਪਹਿਲੇ 24 ਘੰਟੇ ਸੇਵਾਵਾਂ ਬਿਲਕੁਲ ਮੁਫਤ ਦਿੱਤੀਆਂ ਜਾਂਦੀਆਂ ਹਨ । ਫਰਿਸ਼ਤੇ ਸਕੀਮ ਨੂੰ ਇੰਨ ਬਿੰਨ ਲਾਗੂ ਕੀਤਾ ਜਾਵੇ ਤੇ ਹਰ ਫਰਿਸ਼ਤੇ ਦਾ ਰਿਕਾਰਡ ਰੱਖਿਆ ਜਾਵੇ ਅਤੇ ਹਦਾਇਤਾਂ ਅਨੁਸਾਰ ਉਸ ਨੂੰ ਬਣਦਾ ਲਾਭ ਦਿਵਾਇਆ ਜਾਵੇ ਅਤੇ ਉਸ ਨੂੰ ਸਨਮਾਨਤ ਵੀ ਕੀਤਾ ਜਾਵੇ। ਇਸ ਮੌਕੇ ਤੇ ਉਨ੍ਹਾਂ ਐਮਰਜੈਂਸੀ ਵਾਰਡ ਵਿੱਚ ਦਾਖਲ ਮਰੀਜ਼ਾਂ ਨਾਲ ਗੱਲਬਾਤ ਕੀਤੀ ਅਤੇ ਉਨ੍ਹਾਂ ਨੂੰ ਮਿਲ ਰਹੀਆਂ ਸਿਹਤ ਸੇਵਾਵਾਂ ਦਾ ਜਾਇਜ਼ਾ ਲਿਆ ਅਤੇ ਤਸੱਲੀ ਪ੍ਰਗਟ ਕੀਤੀ।

# ਸੀ ਪੀ ਆਈ ਐੱਮ ਨੇ ਕੇਰਲਾ ਸਰਕਾਰ ਨਾਲ ਕੀਤਾ ਇਕਮੁੱਠਤਾ ਦਾ ਪ੍ਰਗਟਾਵਾ



**ਸ੍ਰੀ ਆਨੰਦਪੁਰ ਸਾਹਿਬ (ਸੁਰਜੀਤ ਢੇਰ)**- ਇੱਥੇ ਹਿੰਦ ਕਮਿਊਨਿਸਟ ਪਾਰਟੀ ਮਾਰਕਸਵਾਦੀ ਦੀ ਕੇਂਦਰੀ ਕਮੇਟੀ ਦੇ ਸੱਦੇ 'ਤੇ ਵੱਡੀ ਗਿਣਤੀ ਵਿੱਚ ਵਰਕਰਾਂ ਨੇ ਕੇਰਲਾ ਸਰਕਾਰ ਨਾਲ ਇੱਕਮੁਠਤਾ ਦਾ ਪ੍ਰਗਟਾਵਾ ਕਰਨ ਲਈ ਸ਼ਹਿਰ ਵਿੱਚ ਰੋਸ ਮਾਰਚ ਕੀਤਾ ਅਤੇ ਮੋਦੀ ਸਰਕਾਰ ਖਿਲਾਫ ਜੰਮ ਕੇ ਨਾਅਰੇਬਾਜ਼ੀ ਕੀਤੀ।ਸੀਪੀਆਈਐਮ ਦੇ ਜ਼ਿਲ੍ਹਾ ਸਕੱਤਰ ਕਾਮਰੇਡ ਸੁਰਜੀਤ ਸਿੰਘ ਢੇਰ ਸਕੱਤਰੇਤ ਮੈਂਬਰ ਕਾਮਰੇਡ ਜਸਵਿੰਦਰ ਸਿੰਘ ਭੰਗਲ, ਕਾਮਰੇਡ ਬਜਿੰਦਰ ਪੰਡਤ, ਗੀਤਾ ਰਾਮ ਕਰਤਾਰਪੁਰ ਨੇ ਦੱਸਿਆ ਕਿ ਪਾਰਟੀ ਦੀ ਕੇਂਦਰੀ ਕਮੇਟੀ ਦੇ ਸੱਦੇ ਤੇ ਕੇਰਲਾ ਸਰਕਾਰ ਨਾਲ ਇੱਕਜੁੱਟਤਾ ਦਾ ਪ੍ਰਗਟਾਵਾ ਕਰਦਿਆਂ ਕਿਹਾ ਕਿ ਕੇਂਦਰ ਸਰਕਾਰ ਨੂੰ ਰਾਜਾਂ ਦੇ ਆਪਣੇ ਬਣਦੇ ਟੈਕਸਾਂ ਦੇ ਹਿੱਸੇ ਅਤੇ ਸਰੋਤਾਂ ਤੋਂ ਵਾਂਝਾ ਨਹੀਂ ਕਰਨਾ ਚਾਹੀਦਾ,ਰਾਜਾਂ ਦੀ ਉਧਾਰ ਲੈਣ ਦੀ ਸੀਮਾ ਵਿੱਚ ਕੇਂਦਰ ਸਰਕਾਰ ਵੱਲੋਂ ਮਨ ਮਰਜ਼ੀ ਲਈ ਜਾ ਰਹੀ ਕਟੌਤੀ ਬੰਦ ਕੀਤੀ ਜਾਵੇ, ਕੇਂਦਰ ਸਰਕਾਰ ਨੂੰ ਰਾਜਾਂ ਦੀ ਸੂਚੀ ਦੇ ਵਿਸ਼ਿਆਂ ਵਿੱਚ ਦਖਲ ਦੇਣ ਲਈ ਕੇਂਦਰ ਦੁਆਰਾ ਸਪਾਂਸਰ ਕੀਤੀਆਂ ਸਕੀਮਾਂ ਦੀ ਵਰਤੋਂ ਨਹੀਂ ਕਰਨੀ ਚਾਹੀਦੀ, ਵਿਰੋਧੀ ਪਾਰਟੀਆਂ ਦੀਆਂ ਰਾਜ ਸਰਕਾਰਾਂ ਦੇ ਨੇਤਾਵਾਂ ਨੂੰ ਨਿਸ਼ਾਨਾ ਬਣਾਉਣ ਅਤੇ ਤੰਗ ਪਰੇਸ਼ਾਨ ਕਰਨ ਲਈ ਈਡੀ, ਸੀਬੀਆਈ ਅਤੇ ਆਮਦਨ ਕਰ ਵਿਭਾਗਾਂ ਦੀ ਵਰਤੋਂ ਬੰਦ ਕਰਨੀ ਚਾਹੀਦੀ ਹੈ, ਰਾਜਪਾਲਾਂ ਨੂੰ ਸਰਕਾਰ ਦੇ ਮਾਮਲਿਆਂ ਵਿੱਚ ਦਖਲ ਦੇਣ ਲਈ ਆਪਣੇ ਸੰਵਿਧਾਨਿਕ ਅਹੁਦੇ ਦੀ ਦੁਰਵਰਤੋਂ ਕਰਨ ਨੂੰ ਰੋਕਿਆ ਜਾਵੇ, ਰਾਜਪਾਲਾਂ ਨੂੰ ਵਿਧਾਨ ਸਭਾ ਦੁਆਰਾ ਪਾਸ ਕੀਤੇ ਕਾਨੂੰਨਾਂ ਨੂੰ ਪਾਸ ਕਰਨ ਵਿੱਚ ਦੇਰੀ ਨਹੀਂ ਕਰਨੀ ਚਾਹੀਦੀ ਅਤੇ ਬਿਨਾਂ ਦੇਰੀ ਕੀਤੇ ਉਹਨਾਂ ਨੂੰ ਪਾਸ ਕਰਨਾ ਚਾਹੀਦਾ ਹੈ। ਉਹਨਾਂ ਨੇ ਕਿਹਾ ਕਿ ਕੇਂਦਰ ਦੀ ਮੋਦੀ ਸਰਕਾਰ ਰਾਜਾਂ ਨਾਲ ਬੇਇਨਸਾਫੀ ਕਰ ਰਹੀ ਹੈ ਕੇਰਲਾ ਸਰਕਾਰ ਨਾਲ ਧੱਕੇਸ਼ਾਹੀ ਕਿਸੇ ਵੀ ਹਾਲਤ ਵਿੱਚ ਬਰਦਾਸ਼ਤ ਨਹੀਂ ਕੀਤੀ ਜਾਵੇਗੀ। ਭਾਜਪਾ ਵਿਰੋਧੀ ਪਾਰਟੀਆਂ ਦੀਆਂ ਸਰਕਾਰਾਂ ਨਾਲ ਘੋਰ ਅਨਿਆਂ ਕਰ ਰਹੀ ਹੈ। ਆਗੂਆਂ ਨੇ ਕਿਹਾ ਕਿ ਚੰਡੀਗੜ੍ਹ ਵਿਖੇ ਮੇਅਰ ਦੀ ਚੋਣ ਵਿੱਚ ਨੇ ਜੋ ਕੁਝ ਕੀਤਾ ਇਹ ਮੁੱਖ ਮਿਸਾਲ ਹੈ।ਵੱਡੀ ਗਿਣਤੀ ਵਿੱਚ ਪਹਿਲਾਂ ਵਰਕਰ ਸਥਾਨਕ ਬੱਸ ਸਟੈਂਡ ਤੇ ਇਕੱਠੇ ਹੋਏ ਤੇ ਫਿਰ ਨਾਹਰੇ ਲਗਾਉਂਦੇ ਹੋਏ ਪੰਜਾਬ ਨੈਸ਼ਨਲ,ਕਲਗੀਧਰ ਮਾਰਕੀਟ ਰਾਹੀਂ ਰਵੀਦਾਸ ਚੌਂਕ ਜਾ ਕੇ ਇਕੱਠ ਕਰਕੇ ਜ਼ੋਰਦਾਰ ਨਾਰੇਬਾਜੀ ਕੀਤੀ। ਇਸ ਮੌਕੇ ਦੇ ਕਰਨੈਲ ਸਿੰਘ ਬਜਰੂੜ, ਪ੍ਰੇਮ ਚੰਦ ਜੱਟਪੁਰ, ਜੈਮਲ ਸਿੰਘ ਸਹੋਤਾ,ਸੋਮ ਸਿੰਘ ਕਰਤਾਰਪੁਰ,ਬਿਕੱਰ ਸਿੰਘ ਮੋਠਾਪੁਰ,ਗੁਰਦਿਆਲ ਸਿੰਘ ਮਾਵੀ, ਨਰਿੰਦਰ ਸਿੰਘ ਮਾਵੀ, ਸਰਪੰਚ ਰਜਿੰਦਰ ਸਿੰਘ ਡੋਡ, ਇੰਦਰਜੀਤ ਸਿੰਘ ਫੌਜੀ, ਹਰਜਾਪ ਸਿੰਘ ਬਡਿਆਲ ,ਪੁਰੋਮਲਾ ਦੇਵੀ, ਬਰਜਿੰਦਰ ਸਿੰਘ ਡੋਡ,ਅਜਮੇਰ ਸਿੰਘ ਦਹੀਰਪੁਰ, ਚਰਨ ਸਿੰਘ ਅਟਵਾਲ ,ਜਗੀਰ ਸਿੰਘ ਰੌਲੀ, ਤਰਲੋਚਨ ਸਿੰਘ ਬੱਡਲ, ਜਸਵਿੰਦਰ ਸਿੰਘ ਅਨੰਦਪੁਰ ਸਾਹਿਬ,ਸੁਖਵਿੰਦਰ ਸਿੰਘ ਲਾਡੀ, ਤੇਲੂ ਸਿੰਘ ਲੋਦੀਪੁਰ, ਪਿਆਰਾ ਸਿੰਘ ਬੀਕਾਪੁਰ ਸਮੇਤ ਹੋਰ ਵਰਕਰ ਵੀ ਹਾਜ਼ਰ ਸਨ।

## ਜ਼ਿਲ੍ਹਾ ਤੇ ਸੈਸ਼ਨ ਜੱਜ ਨੇ ਨਵੇਂ ਪੈਨਲ ਐਡਵੋਕੇਟਾਂ ਨਾਲ ਕੀਤੀ ਸ਼ੁਰੂਆਤੀ ਮੀਟਿੰਗ



**ਹੁਸ਼ਿਆਰਪੁਰ, (ਓ ਪੀ ਰਾਣਾ)**-ਜ਼ਿਲ੍ਹਾ ਤੇ ਸ਼ੈਸ਼ਨ ਜੱਜ-ਕਮ-ਚੇਅਰਮੈਨ ਜ਼ਿਲ੍ਹਾਂ ਕਾਨੂੰਨੀ ਸੇਵਾਵਾ ਅਥਾਰਟੀ ਦਿਲਬਾਗ ਸਿੰਘ ਜੌਹਲ ਵੱਲੋਂ ਜ਼ਿਲ੍ਹਾ ਪੱਧਰ 'ਤੇ ਨਵੇਂ ਪੈਨਲ ਐਡਵੋਕੇਟਾਂ ਹੁਸ਼ਿਆਰਪੁਰ ਨਾਲ ਸ਼ੁਰੂਆਤੀ ਮੀਟਿੰਗ ਕੀਤੀ ਗਈ। ਇਸ ਮੌਕੇ ਸਕੱਤਰ-ਕਮ-ਚੀਫ ਜੁਡੀਸ਼ੀਅਲ ਮੈਜਿਸਟ੍ਰੇਟ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਅਪਰਾਜਿਤਾ ਜੋਸ਼ੀ ਵੀ ਮੌਜੂਦ ਸਨ।ਜ਼ਿਲ੍ਹਾ ਤੇ ਸ਼ੈਸ਼ਨ ਜੱਜ-ਕਮ-ਚੇਅਰਮੈਨ ਜ਼ਿਲ੍ਹਾ ਕਾਨੂੰਨੀ ਸੇਵਾਵਾ ਅਥਾਰਟੀ ਦਿਲਬਾਗ ਸਿੰਘ ਜੌਹਲ ਨੇ ਦੱਸਿਆ ਕਿ ਜ਼ਿਲ੍ਹਾ ਪੱਧਰ 'ਤੇ ਨਵੇਂ ਪੈਨਲ ਐਡਵੋਕਟਾਂ ਦੇ ਕੰਮ ਕਰਨ ਦੀ ਮਿਆਦ ਤਿੰਨ ਸਾਲ (ਜਨਵਰੀ 2024 ਤੋਂ ਜਨਵਰੀ 2027 ਤੱਕ) ਹੋਵੇਗੀ ਅਤੇ ਆਪਣੇ ਇਸ ਸਮੇਂ ਦੌਰਾਨ ਲੋਕਾਂ ਨੂੰ ਮੁਫਤ ਕਾਨੂੰਨੀ ਸੇਵਾਵਾਂ ਪ੍ਰਦਾਨ ਕਰਨਗੇ। ਇਸ ਤੋਂ ਇਲਾਵਾ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਵੱਲੋਂ ਚਲਾਈਆਂ ਗਈਆਂ ਸਕੀਮਾਂ ਬਾਰੇ ਲੋਕਾਂ ਨੂੰ ਜਾਗਰੂਕ ਕਰਨਗੇ ਅਤੇ ਇਸਦੇ ਨਾਲ ਇਹ ਵੀ ਕਿਹਾ ਗਿਆ ਕਿ ਸਮੇਂ-ਸਮੇਂ 'ਤੇ ਲਗਾਈਆਂ ਜਾਣ ਵਾਲੀਆਂ ਕੌਮੀ ਲੋਕ ਅਦਾਲਤਾਂ ਵਿੱਚ ਪੈਂਡਿੰਗ ਅਤੇ ਪ੍ਰੀ-ਲਿਟੀਗੇਟਿਵ ਕੇਸਾਂ ਦਾ ਰਾਜੀਨਾਮੇ ਰਾਹੀਂ ਸਮਝੌਤਾ ਕਰਵਾਉਣ ਲਈ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਨੂੰ ਪੂਰਾ ਸਹਿਯੋਗ ਦਿੱਤਾ ਜਾਵੇ। ਇਸ ਦੇ ਨਾਲ ਜ਼ਿਲ੍ਹਾ ਕਚਹਿਰੀ ਹੁਸ਼ਿਆਰਪੁਰ ਵਿਖੇ ਅਤੇ ਸਬ ਡਵੀਜਨ ਪੱਧਰ 'ਤੇ 9 ਮਾਰਚ, 2024 ਨੂੰ ਲਗਾਈ ਜਾਣ ਵਾਲੀ ਕੌਮੀ ਲੋਕ ਅਦਾਲਤ ਸਬੰਧੀ ਜਾਣਕਾਰੀ ਦਿੱਤੀ ਗਈ।

## ਗੁਰੂ ਰਵਿਦਾਸ ਪ੍ਰਕਾਸ਼ ਦਿਹਾੜੇ ਨੂੰ ਸਮਰਪਤ ਗੀਤ 'ਕਾਂਸ਼ੀ ਦਾ ਗੇੜਾ' ਦਾ ਪੋਸਟਰ ਰਿਲੀਜ਼

**ਫਗਵਾੜਾ ( ਡਾ, ਰਮਨ, ਜਸਵਿੰਦਰ ਢੱਡਾ )** ਜੇ.ਆਰ.ਸੀ. ਮਿਊਜਿਕ ਕੰਪਨੀ ਵਲੋਂ ਸ੍ਰੀ ਗੁਰੂ ਰਵਿਦਾਸ ਮਹਾਰਾਜ ਦੇ ਪ੍ਰਕਾਸ਼ ਦਿਹਾੜੇ ਨੂੰ ਸਮਰਪਿਤ ਅਤੇ ਗਾਇਕ ਕਿੱਕਰ ਡਾਲੇ ਵਾਲਾ ਦੀ ਸੁਰੀਲੀ ਆਵਾਜ ਵਿਚ ਰਿਕਾਰਡ ਧਾਰਮਿਕ ਗੀਤ ਦਾ ਪੋਸਟਰ ਰਿਲੀਜ਼ ਕੀਤਾ ਗਿਆ।ਗੀਤ ਦੇ ਗਾਇਕ ਅਤੇ ਅਮਰ ਸਿੰਘ ਚਮਕੀਲਾ ਦੇ ਸ਼ਗਿਰਦ ਕਿੱਕਰ ਡਾਲੇ ਵਾਲਾ ਨੇ ਦੱਸਿਆ ਕਿ ਇਹ ਗੀਤ 'ਲਵਾ ਦੇ ਸਤਿਗੁਰੂ ਮੇਰਿਆ, ਕਾਸ਼ੀ ਦਾ ਇੱਕ ਗੇੜਾ' ਲੇਖਕ ਸੂਬਾ ਉਦੇਸੀਆਂ ਵਾਲਾ ਦੀ ਰਚਨਾ ਹੈ। ਸੁੱਖ ਚਮਕੀਲਾ ਨੇ ਬੜੀ ਮਿਹਨਤ ਨਾਲ ਸੰਗੀਤ ਤਿਆਰ ਕੀਤਾ ਹੈ। ਪ੍ਰੋਡਿਊਸਰ ਜਵਾਹਰ ਭਰੋਲੀ ਦੀ ਪੇਸ਼ਕਸ਼ ਦੀ ਪ੍ਰਭਾਵਸ਼ਾਲੀ ਵੀਡੀਓਗ੍ਰਾਫੀ ਰਾਜਨ ਸੁਹੇੜਾ ਨੇ ਕੀਤੀ ਹੈ ਜਦਕਿ ਪੋਸਟਰ ਦਾ ਡਿਜ਼ਾਈਨ ਇੰਦਾ ਲੁਧਿਆਣਾ ਵਲੋਂ ਤਿਆਰ ਕੀਤਾ ਗਿਆ ਹੈ।

## ਸਿੱਧੂ ਜੋੜੇ ਵੱਲੋਂ 29ਵੀਂ ਵਾਰ ਇਕੱਠਿਆਂ ਖੂਨਦਾਨ

**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**—ਜ਼ਿਲ੍ਹੇ ਵਿੱਚ ਖੂਨਦਾਨ ਦੇ ਖੇਤਰ ਵਿੱਚ ਆਪਣੀ ਵੱਖਰੀ ਪਹਿਚਾਣ ਬਣਾ ਚੁੱਕੇ ਪਿੰਡ ਬੁਲੋਵਾਲ ਨਿਵਾਸੀ ਸਟਾਰ ਕੱਪਲ ਬਲੱਡ ਡੋਨਰ ਬਹਾਦਰ ਸਿੰਘ ਸਿੱਧੂ ਅਤੇ ਜਤਿੰਦਰ ਕੌਰ ਸਿੱਧੂ ਨੇ ਭਾਈ ਘਨ੍ਹਈਆ ਜੀ ਬਲੱਡ ਬੈਂਕ ਹੁਸ਼ਿਆਰਪੁਰ ਵਿਖੇ ਪਹੁੰਚ ਕੇ 29ਵੀਂ ਵਾਰ ਇਕੱਠਿਆਂ ਖੂਨਦਾਨ ਕਰਕੇ ਇੱਕ ਮਿਸਾਲ ਪੇਸ਼ ਕੀਤੀ। ਨਿੱਜੀ ਤੌਰ 'ਤੇ ਸਿੱਧੂ ਨੇ 64ਵੀਂ ਵਾਰ ਅਤੇ ਜਤਿੰਦਰ ਕੌਰ ਸਿੱਧੂ ਨੇ 29ਵੀਂ ਵਾਰ ਖੂਨਦਾਨ ਕੀਤਾ। ਜ਼ਿਕਰਯੋਗ ਹੈ ਕਿ ਸਿੱਧੂ ਜੋੜੇ ਦੇ ਖੂਨਦਾਨ ਵਿਚ ਅਹਿਮ ਯੋਗਦਾਨ ਨੂੰ ਧਿਆਨ ਵਿੱਚ ਰੱਖਦੇ ਹੋਏ ਪਿੱਛਲੇ ਦਿਨੀ ਸਿਹਤ ਮੰਤਰੀ ਪੰਜਾਬ ਡਾ: ਬਲਵੀਰ ਸਿੰਘ ਵਲੋਂ ਉਨ੍ਹਾਂ ਨੂੰ ਰਾਜ ਪੱਧਰੀ ਸਨਮਾਨ ਨਾਲ ਸਨਮਾਨਿਤ ਕੀਤਾ ਗਿਆ ਸੀ। ਭਾਈ ਘਨ੍ਹਈਆ ਜੀ ਬਲੱਡ ਬੈਂਕ ਹੁਸ਼ਿਆਰਪੁਰ ਦੇ ਪ੍ਰਧਾਨ ਜਸਦੀਪ ਸਿੰਘ ਪਾਹਵਾ ਅਤੇ ਡਾ: ਦਿਲਬਾਗ ਸਿੰਘ ਨੇ ਸਿੱਧੂ ਜੋੜੇ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਨੌਜਵਾਨ ਵਰਗ ਨੂੰ ਸਿੱਧੂ ਜੋੜੇ ਤੋਂ ਪ੍ਰੇਰਨਾ ਲੈਂਦੇ ਹੋਏ ਖੂਨਦਾਨ ਮੁਹਿੰਮ ਵਿੱਚ ਵੱਧ-ਚੜ੍ਹ ਕੇ ਹਿੱਸਾ ਲੈਣਾ ਚਾਹੀਦਾ ਹੈ।

## ਐੱਸ ਐੱਸ ਐੱਫ ਦੀ ਹੋ ਰਹੀ ਹਰ ਪਾਸੇ ਸ਼ਲਾਘਾ



**ਫਿਲੌਰ ( ਨਿਰਮਲ )** ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਰੋਜ਼ਾਨਾ ਹੋ ਰਹੇ ਸੜਕ ਹਾਦਸਿਆਂ ਨੂੰ ਦੇਖਦੇ ਹੋਏ ਸੜਕ ਸੁਰੱਖਿਆ ਫੋਰਸ (ਐੱਸ ਐੱਸ ਐੱਫ) ਬਣਾਈ ਗਈ ਹੈ। ਸੜਕ ਹਾਦਸਿਆਂ ਕਾਰਨ ਵੱਡੀ ਗਿਣਤੀ 'ਚ ਲੋਕਾਂ ਦੀ ਜਾਨ ਚਲੀ ਜਾਂਦੀ ਤੇ ਕਈ ਲੋਕ ਅਪਾਹਜ ਹੋ ਜਾਂਦੇ ਸਨ। ਵਰਨਣਯੋਗ ਹੈ ਕਿ ਫਿਲੌਰ-ਗੁਰਾਇਆ ਹਾਈਵੇ 'ਤੇ ਰੋਜ਼ਾਨਾ ਲੁੱਟਾਂ ਖੋਹਾਂ ਅਤੇ ਹਾਦਸੇ ਹੋ ਜਾਂਦੇ ਸਨ ਪਰ ਜਿਸ ਦਿਨ ਇਸ ਹਾਈਵੇ 'ਤੇ ਐਸ ਐਸ ਐਫ਼ ਤਾਇਨਾਤ ਕੀਤੀ ਹੈ ਉਸ ਦਿਨ ਤੋਂ ਹਾਦਸਿਆਂ ਅਤੇ ਲੁੱਟਾਂ ਖੋਹਾਂ 'ਚ ਕਮੀ ਆਈ ਹੈ। ਇਸ ਸਬੰਧੀ ਐਸ ਐਸ ਐਫ਼ ਦੇ ਇੰਚਾਰਜ ਸਰਬਜੀਤ ਸਿੰਘ ਨੇ ਦੱਸਿਆ ਕਿ ਲੋਕਾਂ ਨੂੰ ਟਰੈਫਿਕ ਨਿਯਮਾਂ ਸੰਬੰਧੀ ਜਾਗਰੂਕ ਕੀਤਾ ਜਾਂਦਾ ਹੈ ਅਤੇ ਦਿਨ ਰਾਤ ਬਹੁਤ ਮੁਸਤੈਦੀ ਨਾਲ ਡਿਊਟੀ ਦਿੱਤੀ ਜਾ ਰਹੀ ਹੈ।

## ਭਾਰਤੀ ਹਵਾਈ ਸੈਨਾ 'ਚ ਅਗਨੀਵੀਰ ਵਾਯੂ ਦੀ ਭਰਤੀ ਲਈ ਅਰਜ਼ੀਆਂ 11 ਤੱਕ

**ਸਾਹਿਬਜ਼ਾਦਾ ਅਜੀਤ ਸਿੰਘ ਨਗਰ, ( ਗੁਰਜੀਤ ਬਿੱਲਾ)**— ਭਾਰਤੀ ਹਵਾਈ ਸੈਨਾ ਵਲੋਂ ਅਗਨੀਪੱਥ ਸਕੀਮ ਦੇ ਤਹਿਤ ਅਗਨੀਵੀਰ (ਵਾਯੂ) ਦੀ ਚਾਰ ਸਾਲਾਂ ਲਈ ਭਰਤੀ ਕੀਤੀ ਜਾ ਰਹੀ ਹੈ। ਅਗਨੀਵੀਰ ਵਾਯੂ 'ਚ ਭਰਤੀ ਹੋਣ ਦੇ ਚਾਹਵਾਨ ਉਮੀਦਵਾਰ 11 ਫਰਵਰੀ ਤੱਕ ਆਨ-ਲਾਈਨ ਮਾਧਿਅਮ ਰਾਹੀਂ ਅਪਲਾਈ ਕਰ ਸਕਦੇ ਹਨ। ਜ਼ਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ ਦੇ ਡਿਪਟੀ ਡਾਇਰੈਕਟਰ ਹਰਪ੍ਰੀਤ ਸਿੰਘ ਮਾਨਸ਼ਾਹੀਆ ਨੇ ਦੱਸਿਆ ਕਿ ਅਗਨੀਪੱਥ ਸਕੀਮ ਦੇ ਤਹਿਤ ਅਗਨੀਵੀਰ ਵਾਯੂ ਦੀ ਚਾਰ ਸਾਲਾਂ ਲਈ ਭਰਤੀ ਦੀ ਰਜਿਸਟ੍ਰੇਸ਼ਨ ਲਈ ਬਿਨੈਕਾਰ https://agnipath-vayu.cdac.in ਵੈਬਸਾਈਟ 'ਤੇ ਲਾਗ ਇੰਨ ਕਰ ਸਕਦੇ ਹਨ। ਏਅਰ ਫੋਰਸ ਅਗਨੀਵੀਰ ਵਾਯੂ ਐਪਲੀਕੇਸ਼ਨ ਫਾਰਮ ਫਾਰ ਵਾਯੂ ਇੰਨਟੇਕ 1/2025 ਤੇ ਕਲਿੱਕ ਕਰਨ ਅਤੇ ਆਪਣਾ ਅਕਾਊਂਟ (ਈਮੇਲ ਆਈਡੀ. ਅਤੇ ਪਾਸਵਰਡ ਨਾਲ) ਬਣਾ ਕੇ ਰਜਿਸਟਰ ਕਰਨ। ਇਸ ਤੋਂ ਬਾਅਦ ਫਾਰਮ ਭਰ ਕੇ ਲੋੜੀਦੇ ਦਸਤਾਵੇਜ ਜਿਵੇਂ ਕਿ ਪੜ੍ਹਾਈ ਦੇ ਸਰਟੀਫਿਕੇਟ ਅਧਾਰ ਕਾਰਡ ਆਦਿ ਦੀਆਂ ਸਕੈਨ ਕੀਤੀਆਂ ਕਾਪੀਆਂ ਨੂੰ ਅਪਲੋਡ ਕਰ ਸਕਦੇ ਹਨ ਅਤੇ ਬਾਅਦ ਵਿੱਚ ਆਨ ਲਾਈਨ ਪੇਮੈਂਟ ਮੈਥਡ ਰਾਹੀਂ ਐਪਲੀਕੇਸ਼ਨ ਫੀਸ ਜਮ੍ਹਾਂ ਕਰਵਾ ਕੇ ਐਪਲੀਕੇਸ਼ਨ ਫਾਰਮ ਨੂੰ ਮੁੜ ਤੋਂ ਰੀਵਿਊ ਕਰ ਕੇ ਸਬਮਿਟ ਕਰ ਸਕਦੇ ਹਨ। ਬਿਨੈਕਾਰ ਅਗਨੀਵੀਰ ਵਾਯੂ ਦੀ ਭਰਤੀ ਹੋਣ ਲਈ ਆਪਣਾ ਬਿਨੈ ਪੱਤਰ ਕੇਵਲ ਆਨ ਲਾਈਨ ਮਾਧਿਅਮ ਰਾਹੀਂ ਹੀ ਭੇਜਣ। ਇਸ ਭਰਤੀ ਲਈ ਕੇਵਲ ਅਣਵਿਆਹੇ ਲੜਕੇ ਜਾਂ ਲੜਕੀਆਂ ਹੀ ਅਪਲਾਈ ਕਰ ਸਕਦੇ ਹਨ ਤੇ ਬਿਨੈਕਾਰ ਨੂੰ ਭਰਤੀ ਸਮੇਂ ਅਣਵਿਆਹੇ ਦਾ ਸਰਟੀਫਿਕੇਟ ਵੀ ਦੇਣਾ ਹੋਵੇਗਾ। ਵਧੇਰੇ ਜਾਣਕਾਰੀ ਲਈ ਬਿਨੈਕਾਰ ਭਾਰਤੀ ਵਾਯੂ ਸੈਨਾ ਦੀ ਵੈਬਸਾਈਟ https://agnipath-vayu.cdac.in 'ਤੇ ਹਾਸਲ ਕਰ ਸਕਦਾ ਹੈ।

## 'ਆਪ ਦੀ ਸਰਕਾਰ, ਆਪ ਦੇ ਦੁਆਰ' ਮੁਹਿੰਮ ਤਹਿਤ ਤੀਜੇ ਦਿਨ ਵੀ ਜ਼ਿਲ੍ਹੇ 'ਚ ਲੱਗੇ 31 ਕੈਂਪ

**ਜਲੰਧਰ (ਸ਼ੈਲੀ ਐਲਬਰਟ,ਸੁਰਿੰਦਰ ਕੁਮਾਰ)**-ਪੰਜਾਬ ਸਰਕਾਰ ਵੱਲੋਂ ਵਿੱਢੀ 'ਆਪ ਦੀ ਸਰਕਾਰ, ਆਪ ਦੇ ਦੁਆਰ' ਮੁਹਿੰਮ ਤਹਿਤ ਤੀਜੇ ਦਿਨ ਵੀ ਜ਼ਿਲ੍ਹੇ ਦੀਆਂ 6 ਸਬ ਡਵੀਜ਼ਨਾਂ ਵਿੱਚ 31 ਕੈਂਪ ਲਗਾਏ ਗਏ, ਜਿਨ੍ਹਾਂ ਦਾ ਵੱਡੀ ਗਿਣਤੀ ਲੋਕਾਂ ਨੇ ਲਾਭ ਲੈਂਦਿਆਂ ਨਾਗਰਿਕ ਸੇਵਾਵਾਂ ਪ੍ਰਾਪਤ ਕੀਤੀਆਂ।ਕੈਂਪਾਂ ਦੌਰਾਨ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਵੱਲੋਂ ਬਿਨੈਕਾਰਾਂ ਨੂੰ ਇਕੋ ਛੱਤ ਹੇਠਾਂ ਸੇਵਾਵਾਂ ਦਾ ਲਾਭ ਮੁਹੱਈਆ ਕਰਵਾਉਣ ਤੋਂ ਇਲਾਵਾ ਉਨ੍ਹਾਂ ਦੀਆਂ ਮੁਸ਼ਕਲਾਂ ਦੀ ਸੁਣਵਾਈ ਵੀ ਕੀਤੀ ਜਾ ਰਹੀ ਹੈ ਤਾਂ ਜੋ ਉਨ੍ਹਾਂ ਦਾ ਜਲਦ ਨਿਪਟਾਰਾ ਕੀਤਾ ਜਾ ਸਕੇ।ਮੰਗਲਵਾਰ ਨੂੰ ਸ਼ੁਰੂ ਹੋਏ ਇਨ੍ਹਾਂ ਕੈਂਪਾਂ ਦੀ ਲੜੀ ਤਹਿਤ ਸਬ ਡਵੀਜ਼ਨ ਜਲੰਧਰ-1, 2 ਅਤੇ ਨਕੋਦਰ ਵਿਖੇ 4-4, ਸਬ ਡਵੀਜ਼ਨ ਸ਼ਾਹਕੋਟ ਵਿਖੇ 6, ਫਿਲੌਰ ਵਿਖੇ 8 ਅਤੇ ਆਦਮਪੁਰ ਵਿਖੇ 5 ਕੈਂਪ ਲਗਾਏ ਗਏ ਹਨ।ਇਨ੍ਹਾਂ ਕੈਂਪਾਂ ਦਾ ਸਿਲਸਿਲਾ ਕਰੀਬ ਇਕ ਮਹੀਨਾ ਚਲੇਗਾ ਅਤੇ ਬਿਨੈਕਾਰਾਂ ਨੂੰ 44 ਕਿਸਮ ਦੀਆਂ ਸੇਵਾਵਾਂ ਦਾ ਲਾਭ ਦੇਣ ਲਈ ਕਰੀਬ 900 ਕੈਂਪ ਲਗਾਏ ਜਾਣਗੇ। ਜ਼ਿਕਰਯੋਗ ਹੈ ਕਿ ਇਨ੍ਹਾਂ ਕੈਂਪਾਂ ਰਾਹੀਂ ਲੋਕ ਜਨਮ ਸਰਟੀਫਿਕੇਟ, ਆਮਦਨ ਸਰਟੀਫਿਕੇਟ, ਵਜ਼ੀਫੇ, ਰਿਹਾਇਸ਼ ਸਰਟੀਫਿਕੇਟ, ਜਾਤੀ ਸਰਟੀਫਿਕੇਟ, ਪੈਨਸ਼ਨ, ਬਿੱਲਾਂ ਦੇ ਭੁਗਤਾਨ, ਮਾਲ ਵਿਭਾਗ ਸਬੰਧੀ ਰਿਕਾਰਡ ਦੀ ਪੜਤਾਲ, ਵਿਆਹ ਦੀ ਰਜਿਸਟ੍ਰੇਸ਼ਨ, ਦਸਤਾਵੇਜ਼ਾਂ ਦੀਆਂ ਤਸਦੀਕਸ਼ੁਦਾ ਕਾਪੀਆਂ, ਪੇਂਡੂ ਖੇਤਰ ਸਰਟੀਫਿਕੇਟ, ਫਰਦ ਬਣਾਉਣੀ, ਸ਼ਗਨ ਸਕੀਮ, ਜ਼ਮੀਨ ਦੀ ਨਿਸ਼ਾਨਦੇਹੀ, ਐਨ.ਆਰ.ਆਈ. ਦੇ ਸਰਟੀਫਿਕੇਟਾਂ ਦੇ ਕਾਊਂਟਰ ਦਸਤਖ਼ਤ, ਪੁਲਸ ਕਲੀਅਰੈਂਸ ਸਰਟੀਫਿਕੇਟ ਦੇ ਕਾਊਂਟਰ ਦਸਤਖ਼ਤ, ਮੌਤ ਸਰਟੀਫਿਕੇਟ 'ਚ ਤਬਦੀਲੀ ਆਦਿ ਸੇਵਾਵਾਂ ਲਈਆਂ ਜਾ ਸਕਦੀਆਂ ਹਨ।

## 16 ਨੂੰ ਆਨੰਦਪੁਰ ਸਾਹਿਬ ਵਿਖੇ ਸੰਪੂਰਨ ਬੰਦ ਰੱਖਣ ਦਾ ਐਲਾਨ



**ਸ੍ਰੀ ਆਨੰਦਪੁਰ ਸਾਹਿਬ (ਅਰਵਿੰਦਰ ਬਿੰਦੀ)** ਆਨੰਦਪੁਰ ਸਾਹਿਬ ਤਹਿਸੀਲ ਦੀਆਂ ਸਮੂਹ ਸੰਯੁਕਤ ਕਿਸਾਨ ਮੋਰਚਾ ਅਤੇ ਟਰੇਡ ਯੂਨੀਅਨਜ਼ ਨਾਲ ਸਬੰਧਤ ਜਥੇਬੰਦੀਆਂ ਸਮੇਤ ਹੋਰ ਸਮਾਜਿਕ ਜਥੇਬੰਦੀਆਂ ਦੀ ਮੀਟਿੰਗ ਪੈਨਸ਼ਨਰਜ਼ ਭਵਨ ਆਨੰਦਪੁਰ ਸਾਹਿਬ ਵਿਖੇ ਮਾਸਟਰ ਗੁਰਨੈਬ ਸਿੰਘ ਜੇਤੇਵਾਲ, ਦਵਿੰਦਰ ਕੁਮਾਰ ਨੰਗਲੀ, ਪ੍ਰਿੰਸੀਪਲ ਨਿਰੰਜਨ ਸਿੰਘ, ਸੁਰਜੀਤ ਸਿੰਘ ਢੇਰ, ਬਲਬੀਰ ਸਿੰਘ ਸ਼ਾਹਪੁਰ ਅਤੇ ਬੀਰ ਸਿੰਘ ਬੜਵਾ ਦੀ ਪ੍ਰਧਾਨਗੀ ਹੇਠ ਹੋਈ ਜਿਸ ਵਿੱਚ ਵੱਡੀ ਗਿਣਤੀ ਵਿੱਚ ਜਥੇਬੰਦੀਆਂ ਦੇ ਨੁਮਾਇੰਦੇ ਅਤੇ ਪਤਵੰਤੇ ਸ਼ਹਿਰੀ ਸ਼ਾਮਲ ਹੋਏ।ਮੀਟਿੰਗ ਨੂੰ ਕੁੱਲ ਹਿੰਦ ਕਿਸਾਨ ਸਭਾ ਪੰਜਾਬ ਅਜੇ ਭਵਨ ਵੱਲੋਂ ਦਵਿੰਦਰ ਕੁਮਾਰ ਨੰਗਲੀ, ਕਿਰਤੀ ਕਿਸਾਨ ਯੂਨੀਅਨ ਵੱਲੋਂ ਬੀਰ ਸਿੰਘ ਬੜਵਾ, ਕਿਸਾਨ ਮਜ਼ਦੂਰ ਯੂਨੀਅਨ ਵੱਲੋਂ ਸੇਠੀ ਸ਼ਰਮਾ, ਕੁੱਲ ਹਿੰਦ ਕਿਸਾਨ ਸਭਾ ਵੱਲੋਂ ਸੁਰਜੀਤ ਸਿੰਘ ਢੇਰ, ਜਮਹੂਰੀ ਕਿਸਾਨ ਸਭਾ ਵੱਲੋਂ ਗੁਰਨੈਬ ਸਿੰਘ ਜੇਤੇਵਾਲ, ਪੀ ਐਸ ਈ ਬੀ ਇੰਮ ਫੈਡਰੇਸ਼ਨ ਵੱਲੋਂ ਰਾਮ ਨਾਥ, ਉਸਾਰੀ ਵਰਕਰ ਯੂਨੀਅਨ ਵੱਲੋਂ ਰਾਮ ਪਾਲ, ਟਰੱਕ ਯੂਨੀਅਨ ਵੱਲੋਂ ਬਲਬੀਰ ਸਿੰਘ ਸ਼ਾਹਪੁਰ, ਪੈਨਸ਼ਨਰਜ਼ ਵੈਲਫੇਅਰ ਐਸੋਸੀਏਸ਼ਨ ਜ਼ਿਲ੍ਹਾ ਰੋਪੜ ਵੱਲੋਂ ਦਰਸ਼ਨ ਸਿੰਘ ਬੜਵਾ, ਪੰਚਾਇਤ ਯੂਨੀਅਨ ਵੱਲੋਂ ਰਾਜਿੰਦਰ ਸਿੰਘ ਡੌਂਡ, ਭਾਖੜਾ ਬਿਆਸ ਇੰਮ ਯੂਨੀਅਨ ਵੱਲੋਂ ਹਰਵੰਤ ਸਿੰਘ, ਪੰਜਾਬ ਪੈਨਸ਼ਨਰਜ਼ ਮਹਾਂਸੰਘ ਵੱਲੋਂ ਮੋਹਣ ਲਾਲ, ਅਮਨ ਤੇ ਵਿਕਾਸ ਕਮੇਟੀ ਆਨੰਦਪੁਰ ਸਾਹਿਬ ਵੱਲੋਂ ਪ੍ਰਿੰਸੀਪਲ ਨਿਰੰਜਨ ਸਿੰਘ, ਮੁਲਾਜਮ ਜਥੇਬੰਦੀਆਂ ਵੱਲੋਂ ਕਿਰਪਾਲ ਸਿੰਘ, ਪੇਨਸ਼ਨਰਜ ਅਸੋਸੀਏਏਸ਼ਨ ਆਨੰਦਪੁਰ ਸਾਹਿਬ ਵੱਲੋਂ ਕਰਮ ਚੰਦ, ਪਾਸਕੋ ਅਤੇ ਟਰਾਂਸਕੋ ਪੇਨਸ਼ਨਰਜ ਯੂਨੀਅਨ ਵਲੋਂ ਬਖਤਾਵਰ ਸਿੰਘ, ਟੈਕਸੀ ਯੂਨੀਅਨ ਆਨੰਦਪੁਰ ਸਾਹਿਬ ਵਲੋਂ ਸੁਰਿੰਦਰ ਸਿੰਘ, ਗੁਰਨਾਮ ਸਿੰਘ ਔਲਖ, ਕਿਸ਼ਨ ਸਿੰਘ, ਗੁਲਜਾਰ ਸਿੰਘ, ਜਸਵਿੰਦਰ ਸਿੰਘ ਭੋਗਲ, ਆਤਮਾ ਸਿੰਘ ਘੱਟੀਵਾਲ ਆਦਿ ਨੇ ਸੰਬੋਧਨ ਕੀਤਾ। ਇਸ ਮੌਕੇ ਸਰਵਸੰਮਤੀ ਨਾਲ ਫੈਸਲਾ ਕੀਤਾ ਗਿਆ ਕਿ 16 ਫਰਵਰੀ ਨੂੰ ਕੇਂਦਰ ਦੀ ਮੋਦੀ ਸਰਕਾਰ ਦੀਆਂ ਨੀਤੀਆਂ ਦੇ ਵਿਰੋਧ ਵਿੱਚ ਸੰਪੂਰਨ ਬੰਦ ਰੱਖਿਆ ਜਾਵੇਗਾ ਅਤੇ ਠੀਕ 10 ਵਜੇ ਬੱਸ ਸਟੈਂਡ ਆਨੰਦਪੁਰ ਸਾਹਿਬ ਵਿਖੇ ਇਕੱਤਰ ਹੋ ਕੇ ਜਬਰਦਸਤ ਰੈਲੀ ਕੀਤੀ ਜਾਵੇਗੀ ਅਤੇ ਮੇਨ ਰੋਡ ਤੇ ਜਾਮ ਲਾਇਆ ਜਾਵੇਗਾ।ਇਹ ਫੈਸਲਾ ਕੀਤਾ ਗਿਆ ਕਿ 12 ਫਰਵਰੀ ਨੂੰ ਰੋਪੜ ਰਾਮ ਲੀਲਾ ਗਰਾਊਂਡ ਵਿੱਚ ਸੰਯੁਕਤ ਕਿਸਾਨ ਮੋਰਚਾ ਅਤੇ ਟਰੇਡ ਯੂਨੀਅਨਜ ਦੀ ਸਾਂਝੀ ਕਨਵੈਨਸ਼ਨ ਵਿੱਚ ਵੱਡੀ ਗਿਣਤੀ ਵਿੱਚ ਸਾਥੀ ਸ਼ਾਮਲ ਹੋਣਗੇ।

## ਸੇਂਟ ਸੋਲਜਰ ਦੇ ਵਿਦਿਆਰਥੀ ਦੀ ਏਸ਼ੀਅਨ ਖੇਡਾਂ ਲਈ ਚੋਣ



**ਜਲੰਧਰ ( ਇਕਬਾਲ ਸਿੰਘ ਉੱਭੀ )** ਸੇਂਟ ਸੋਲਜਰ ਕਾਲਜ ਆਫ (ਕੋ-ਐਡ) (ਬੀ.ਏ.-1) ਦਾ ਵਿਦਿਆਰਥੀ ਕਮਲ ਸੋਲੰਕੀ ਨੇ 31 ਦਸੰਬਰ 2023 ਨੂੰ ਜੈਪੁਰ ਵਿਖੇ ਹੋਏ ਵਿਸ਼ਵ ਸ਼ਕਤੀ ਮੁਕਾਬਲੇ ਵਿੱਚ ਭਾਗ ਲਿਆ ਅਤੇ ਪਹਿਲਾ ਸਥਾਨ ਪ੍ਰਾਪਤ ਕਰਕੇ ਕਾਲਜ ਦਾ ਨਾਂਅ ਰੌਸ਼ਨ ਕੀਤਾ। ਇਸ ਪ੍ਰਾਪਤੀ 'ਤੇ ਉਸ ਨੂੰ ਭਾਰਤੀ ਸ਼ਕਤੀ ਸਪੋਰਟਸ ਐਸੋਸੀਏਸ਼ਨ ਵੱਲੋਂ ਚੋਣ ਪ੍ਰਕਿਰਿਆ ਰਾਹੀਂ ਚੁਣ ਕੇ ਏਸ਼ੀਆ ਮੁਕਾਬਲੇ 'ਚ ਭਾਗ ਲੈਣ ਦਾ ਸੁਨਹਿਰੀ ਮੌਕਾ ਮਿਲਿਆ । ਕਮਲ ਸੋਲੰਕੀ ਅਪ੍ਰੈਲ 2024 ਵਿੱਚ ਭੂਟਾਨ ਦੇ ਟਿੰਪੂ ਵਿੱਚ ਹੋਣ ਵਾਲੀਆਂ ਏਸ਼ਿਆਈ ਖੇਡਾਂ ਵਿੱਚ ਵਿਸ਼ਵ ਪਾਵਰ ਸਪੋਰਟਸ ਫੈਡਰੇਸ਼ਨ ਦੀ ਤਰਫ਼ੋਂ ਭਾਰਤ ਦੀ ਅਗਵਾਈ ਕਰਨਗੇ। ਵਿਦਿਆਰਥੀ ਦੀ ਇਸ ਉੱਤਮ ਪ੍ਰਾਪਤੀ ਦੇ ਮੌਕੇ 'ਤੇ ਗਰੁੱਪ ਚੇਅਰਮੈਨ ਅਨਿਲ ਚੋਪੜਾ ਅਤੇ ਵਾਈਸ ਚੇਅਰਪਰਸਨ ਸੰਗੀਤਾ ਚੋਪੜਾ ਨੇ ਕਾਲਜ ਡਾਇਰੈਕਟਰ ਵੀਨਾ ਦਾਦਾ, ਸਮੂਹ ਕਾਲਜ (ਐੱਮ.ਡੀ.) ਮਨਹਰ ਅਰੋੜਾ ਅਤੇ ਖੇਡ ਅਧਿਆਪਕਾ ਗੁਰਜੀਤ ਕੌਰ ਅਤੇ ਅਮਰਜੀਤ ਯਾਦਵ ਨੂੰ ਵਧਾਈ ਦਿੱਤੀ॥

## ਪੰਜਾਬ ਸਟੇਟ ਟਰੇਡਰਜ਼ ਕਮਿਸ਼ਨ ਵੱਲੋਂ ਵਪਾਰਕ ਭਾਈਚਾਰੇ ਦੀਆਂ ਮੁਸ਼ਕਲਾਂ ਦਾ ਨਿਪਟਾਰਾ

**ਜਲੰਧਰ : ( ਸ਼ੈਲੀ ਐਲਬਰਟ)**:-ਪੰਜਾਬ ਰਾਜ ਟਰੇਡਰਜ਼ ਕਮਿਸ਼ਨ ਦੇ ਚੇਅਰਮੈਨ ਅਨਿਲ ਠਾਕੁਰ ਨੇ ਉਦਯੋਗਪਤੀਆਂ ਅਤੇ ਵਪਾਰੀਆਂ ਨੂੰ ਸੱਦਾ ਦਿੱਤਾ ਹੈ ਕਿ ਪੰਜਾਬ ਸਰਕਾਰ ਵਲੋਂ ਜਾਰੀ ਕੀਤੀ ਗਈ ਵਨ ਟਾਈਮ ਸੈਟਲਮੈਂਟ (ਓ.ਟੀ.ਐਸ.) ਨੀਤੀ ਦਾ ਵੱਧ ਤੋਂ ਵੱਧ ਲਾਭ ਉਠਾਇਆ ਜਾਵੇ ਕਿਉਂਕਿ ਇਸ ਨੀਤੀ ਤਹਿਤ ਅਪਲਾਈ ਕਰਨ ਦੀ ਆਖਰੀ ਮਿਤੀ 15 ਮਾਰਚ 2024 ਹੈ। । ਚੇਅਰਮੈਨ ਵਲੋਂ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਉਘੇ ਉਦਯੋਗਪਤੀਆਂ/ਵਪਾਰੀਆਂ ਨਾਲ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਅਪੀਲ ਕੀਤੀ ਗਈ ਕਿ ਉਦਯੋਗ ਪੱਖੀ ਨੀਤੀਆਂ ਬਣਾਉਣ ਵਿੱਚ ਪੰਜਾਬ ਸਰਕਾਰ ਨਾਲ ਸਹਿਯੋਗ ਕੀਤਾ ਜਾਵੇ। ।ਉਨ੍ਹਾਂ ਜ਼ਿਕਰ ਕੀਤਾ ਕਿ ਵਨ ਟਾਈਮ ਸੈਟਲਮੈਂਟ ਨੀਤੀ ਤਹਿਤ ਕੋਈ ਵੀ ਵੈਟ ਅਤੇ ਸੀ.ਐਸ.ਟੀ. ਦੀ ਇਕ ਕਰੋੜ ਦੀ ਬਕਾਇਆ ਰਕਮ ਨੂੰ 50 ਫੀਸਦੀ ਜਾਂ 100 ਫੀਸਦੀ ਮੁਆਫ਼ ਕਰਵਾਉਣ ਲਈ ਪੱਤਰ ਵਿਹਾਰ ਕਰ ਸਕਦਾ ਹੈ। ਉਨ੍ਹਾਂ ਇਹ ਵੀ ਜ਼ਿਕਰ ਕੀਤਾ ਕਿ ਪੰਜਾਬ ਸਰਕਾਰ ਵਲੋਂ ਉਦਯੋਗਿਕ ਪੱਖੀ ਨੀਤੀਆਂ ਬਣਾਉਣ ਲਈ ਕਮਿਸ਼ਨ ਰਾਹੀਂ ਵਪਾਰਕ ਅਦਾਰਿਆਂ ਦੇ ਵੱਡਮੁੱਲੇ ਵਿਚਾਰਾਂ ਅਤੇ ਫੀਡਬੈਕ ਲੈ ਕੇ ਇਨਾਂ ਦੀ ਭਾਗੀਦਾਰੀ ਨੂੰ ਯਕੀਨੀ ਬਣਾਉਣ ਲਈ ਸੰਜੀਦਾ ਉਪਰਾਲੇ ਕੀਤੇ ਜਾ ਰਹੇ ਹਨ । ਉਨ੍ਹਾਂ ਵਲੋਂ ਇਸ ਮੌਕੇ ਮੀਟਿੰਗ ਵਿੱਚ ਹਾਜਰ ਉਦਯੋਗਪਤੀਆਂ ਵਲੋਂ ਉਠਾਏ ਗਏ ਵੱਖ-ਵੱਖ ਮੁੱਦਿਆਂ ਅਤੇ ਸ਼ਿਕਾਇਤਾਂ ਨੂੰ ਸੁਣਿਆ ਗਿਆ ਅਤੇ ਭਰੋਸਾ ਦੁਆਇਆ ਕਿ ਸਬੰਧਿਤ ਵਿਭਾਗਾਂ ਨੂੰ ਇਨਾਂ ਦਾ ਅਸਰਦਾਰ ਢੰਗ ਨਾਲ ਨਿਪਟਾਰਾ ਕਰਨ ਲਈ ਹਦਾਇਤਾਂ ਜਾਰੀ ਕੀਤੀਆਂ ਜਾਣਗੀਆਂ।ਇਸ ਮੌਕੇ ਪੰਜਾਬ ਸਟੇਟ ਕੰਟੇਨਰ ਅਤੇ ਵੇਅਰ ਹਾਊਸਿੰਗ ਕਾਰਪੋਰੇਸ਼ਨ ਦੀ ਚੇਅਰਪਰਸਨ ਰਾਜਵਿੰਦਰ ਕੌਰ ਥਿਆੜਾ, ਮੈਂਬਰ ਡਾ. ਅਨਿਲ ਭਾਰਦਵਾਜ, ਇੰਦਰਵੰਸ਼ ਚੱਡਾ ਅਤੇ ਹਰਿੰਦਰਪਾਲ ਸਿੰਘ, ਵੀ ਮੌਜੂਦ ਸਨ। ਇਸ ਤੋਂ ਪਹਿਲਾਂ ਸਟੇਟ ਜੀ.ਐਸ.ਟੀ. ਵਿਭਾਗ ਦੇ ਅਧਿਕਾਰੀਆਂ ਵਲੋਂ ਜਲੰਧਰ ਪਹੁੰਚਣ 'ਤੇ ਚੇਅਰਮੈਨ ਦਾ ਸਵਾਗਤ ਕੀਤਾ ਗਿਆ। ।

## ਕੇਂਦਰ ਸਰਕਾਰ ਐੱਮ ਐੱਸ ਪੀ 'ਤੇ ਕਾਨੂੰਨ ਲਿਆਵੇ : ਮਨੀਸ਼ ਤਿਵਾੜੀ

**ਚੰਡੀਗੜ੍ਹ( ਗੁਰਜੀਤ ਬਿੱਲਾ)**— ਸ੍ਰੀ ਆਨੰਦਪੁਰ ਸਾਹਿਬ ਤੋਂ ਸੰਸਦ ਮੈਂਬਰ ਅਤੇ ਸਾਬਕਾ ਕੇਂਦਰੀ ਮੰਤਰੀ ਮਨੀਸ਼ ਤਿਵਾੜੀ ਨੇ ਕਿਸਾਨਾਂ ਦੇ ਹੱਕ ਵਿੱਚ ਲੋਕ ਸਭਾ ਵਿੱਚ ਆਵਾਜ਼ ਬੁਲੰਦ ਕਰਦਿਆਂ, ਕੇਂਦਰ ਸਰਕਾਰ ਨੂੰ ਘੱਟੋ-ਘੱਟ ਸਮਰਥਨ ਮੁੱਲ ਬਾਰੇ ਕਾਨੂੰਨ ਲਿਆਉਣ ਲਈ ਕਿਹਾ ਹੈ, ਜਿਸਦਾ ਵਾਅਦਾ ਉਸਨੇ ਕਿਸਾਨੀ ਸੰਘਰਸ਼ ਦੌਰਾਨ ਕੀਤਾ ਸੀ।ਲੋਕ ਸਭਾ ਵਿੱਚ ਬੋਲਦਿਆਂ, ਸੰਸਦ ਮੈਂਬਰ ਤਿਵਾੜੀ ਨੇ ਕਿਹਾ ਕਿ ਅਪ੍ਰੈਲ 2020 ਵਿੱਚ, ਜਦੋਂ ਕੋਵਿਡ-19 ਨੇ ਪੂਰੀ ਦੁਨੀਆ ਵਿੱਚ ਤਬਾਹੀ ਮਚਾਈ ਸੀ, ਮਨੁੱਖਤਾ ਪੂਰੀ ਤਰ੍ਹਾਂ ਡਰ ਗਈ ਸੀ। ਫਿਰ ਉਸ ਮਾਹੌਲ ਵਿੱਚ ਕੇਂਦਰ ਸਰਕਾਰ ਨੇ ਖੇਤੀ ਨਾਲ ਸਬੰਧਤ ਚਾਰ ਕਾਨੂੰਨ ਲਿਆਂਦੇ। ਇਨ੍ਹਾਂ ਕਾਨੂੰਨਾਂ ਵਿਰੁੱਧ ਆਪਣੀਆਂ ਜਾਨਾਂ ਦੀ ਪਰਵਾਹ ਨਾ ਕਰਦਿਆਂ ਪੰਜਾਬ ਦੇ ਕਿਸਾਨਾਂ ਦੀ ਅਗਵਾਈ ਹੇਠ ਦੇਸ਼ ਦੇ ਲੱਖਾਂ ਕਿਸਾਨ ਦਿੱਲੀ ਦੇ ਬਾਰਡਰਾਂ 'ਤੇ ਆ ਕੇ ਬੈਠ ਗਏ। ਇਸ ਦੌਰਾਨ ਕਰੀਬ ਡੇਢ ਸਾਲ ਤੱਕ ਸੰਘਰਸ਼ ਜਾਰੀ ਰਿਹਾ ਅਤੇ ਲਗਭਗ 700 ਕਿਸਾਨ ਸ਼ਹੀਦ ਹੋਏ। ਇਸ ਤੋਂ ਬਾਅਦ ਸਰਕਾਰ ਨੇ ਮੁਆਫੀ ਮੰਗੀ ਅਤੇ ਉਨ੍ਹਾਂ ਕਾਨੂੰਨਾਂ ਨੂੰ ਵਾਪਸ ਲਿਆ।ਸੰਸਦ ਮੈਂਬਰ ਨੇ ਜ਼ੋਰ ਦਿੰਦਿਆਂ ਕਿਹਾ ਕਿ ਉਨ੍ਹਾਂ ਕਾਨੂੰਨਾਂ ਨੂੰ ਵਾਪਸ ਲੈਣ ਸਮੇਂ ਸਰਕਾਰ ਨੇ ਕਿਸਾਨਾਂ ਨਾਲ ਵਾਅਦਾ ਕੀਤਾ ਸੀ ਕਿ ਘੱਟੋ-ਘੱਟ ਸਮਰਥਨ ਮੁੱਲ (ਐੱਮ.ਐੱਸ.ਪੀ.) 'ਤੇ ਕਾਨੂੰਨ ਲਿਆਂਦਾ ਜਾਵੇਗਾ। ਸਾਲ 2021 ਤੋਂ ਬਾਅਦ ਹੁਣ 2024 ਆ ਗਿਆ ਹੈ ਅਤੇ ਸਰਕਾਰ ਦਾ ਕਾਰਜਕਾਲ ਵੀ ਖਤਮ ਹੋਣ ਵਾਲਾ ਹੈ, ਪਰ ਅਜੇ ਤੱਕ ਨਾ ਤਾਂ ਘੱਟੋ-ਘੱਟ ਸਮਰਥਨ ਮੁੱਲ ਬਾਰੇ ਕੋਈ

## ਗਮਾਡਾ ਦੇ ਨਵੇਂ ਡਾਇਰੈਕਟਰਜ਼ ਨੇ ਸੰਭਾਲਿਆ ਕਾਰਜਕਾਰ



**ਐੱਸ.ਏ.ਐੱਸ. ਨਗਰ (ਗੁਰਜੀਤ ਬਿੱਲਾ)**-ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਗੁਰਜੀਤ ਸਿੰਘ ਗਿੱਲ, ਸੁਖਵਿੰਦਰ ਸਿੰਘ ਭੋਲਾ ਮਾਨ ਅਤੇ ਜਸਵਿੰਦਰ ਸਿੰਘ ਸਿੱਧੂ ਨੂੰ ਡਾਇਰੈਕਟਰ ਗਮਾਡਾ ਨਿਯੁਕਤ ਕੀਤਾ ਗਿਆ ਸੀ। ਇਸੇ ਤਹਿਤ ਉਹਨਾਂ ਨੇ ਕੈਬਨਿਟ ਮੰਤਰੀ ਗੁਰਮੀਤ ਸਿੰਘ ਮੀਤ ਹੇਅਰ, ਕੈਬਨਿਟ ਮੰਤਰੀ ਗੁਰਮੀਤ ਸਿੰਘ ਖੁੱਡੀਆਂ, ਪ੍ਰਿੰਸੀਪਲ ਬੁੱਧਰਾਮ ਕਾਰਜਕਾਰੀ ਪ੍ਰਧਾਨ, ਮੁੱਖ ਮੰਤਰੀ ਦੇ ਡਾਇਰੈਕਟਰ ਮੀਡੀਆ ਰਿਲੇਸ਼ਨਜ਼ ਬਲਤੇਜ ਪੰਨੂ,ਅਮਨਦੀਪ ਸਿੰਘ ਮੋਹੀ ਚੇਅਰਮੈਨ ਮਾਰਕਫੈਡ ਅਤੇ ਅਹਬਾਬ ਸਿੰਘ ਗਰੇਵਾਲ ਨੈਸ਼ਨਲ ਸਪੋਕਸਪਰਸਨ ਦੀ ਹਾਜ਼ਰੀ ਵਿੱਚ ਕੱਲ੍ਹ ਆਪਣਾ ਕਾਰਜਭਾਰ ਸੰਭਾਲਿਆ।ਉਹਨਾਂ ਕਿਹਾ ਕਿ ਪਹਿਲੀਆਂ ਸਰਕਾਰਾਂ ਸਿਰਫ ਆਪਣੇ ਰਿਸ਼ਤੇਦਾਰ ਜਾਂ ਚਹੇਤਿਆਂ ਨੂੰ ਹੀ ਵੱਡੀ ਜ਼ਿੰਮੇਵਾਰੀਆਂ ਦਿੰਦੀਆਂ ਸਨ ਪਰ ਇਹ ਪਹਿਲੀ ਵਾਰ ਹੋਇਆ ਹੈ ਕਿ ਆਮ ਆਦਮੀ ਪਾਰਟੀ ਨੇ ਆਮ ਵਰਕਰਾਂ ਨੂੰ ਇੰਨੀ ਵੱਡੀ ਜ਼ਿੰਮੇਵਾਰੀ ਦਿੱਤੀ ਹੈ, ਜਿਸ ਲਈ ਉਹ ਭਗਵੰਤ ਸਿੰਘ ਮਾਨ ਦੇ ਧੰਨਵਾਦੀ ਹਨ ਅਤੇ ਉਹ ਇਹ ਜ਼ਿੰਮੇਵਾਰੀ ਪੂਰੀ ਤਨਦੇਹੀ ਨਾਲ ਨਿਭਾਉਣਗੇ। ਇਸ ਮੌਕੇ ਵਿਧਾਇਕ ਜੀਵਨ ਸਿੰਘ ਸੰਗੋਵਾਲ, ਵਿਧਾਇਕ ਰਜਿੰਦਰਪਾਲ ਕੌਰ ਛੀਨਾ, ਗੁਰਦਿੱਤ ਸਿੰਘ ਸੇਖੋਂ ਵਿਧਾਇਕ ਫਰੀਦਕੋਟ, ਸੁਰੇਸ਼ ਗੋਇਲ ਚੇਅਰਮੈਨ ਕੋਆਪਰੇਟਿਵ ਐਂਡ ਐਗਰੀਕਲਚਰ ਡਿਵੈਲਪਮੈਂਟ ਬੈਂਕ, ਹਰਚੰਦ ਸਿੰਘ ਬਰਸਟ ਚੇਅਰਮੈਨ ਮੰਡੀ ਬੋਰਡ, ਲਾਡੀ ਢੋਸ ਵਿਧਾਇਕ, ਪ੍ਰਭਜੋਤ ਕੌਰ ਮੋਹਾਲੀ ਚੇਅਰਪਰਸਨ ਜ਼ਿਲ੍ਹਾ ਪਲਾਨਿੰਗ ਕਮੇਟੀ ਮੋਹਾਲੀ, ਸ਼ਰਨਪਾਲ ਸਿੰਘ ਮੱਕੜ ਚੇਅਰਮੈਨ ਜ਼ਿਲ੍ਹਾ ਯੋਜਨਾ ਕਮੇਟੀ ਲੁਧਿਆਣਾ, ਐਡਵੋਕੇਟ ਜਸਮਨ ਸਿੰਘ ਗਿੱਲ, ਹਰ ਭੁਪਿੰਦਰ ਸਿੰਘ ਧਰੋੜ, ਮਾਸਟਰ ਹਰੀ ਸਿੰਘ ਆਦਿ ਹਾਜ਼ਰ ਸਨ।

## 16 ਦੇ ਭਾਰਤ ਬੰਦ ਦੇ ਨਾਅਰੇ ਨੂੰ ਲੈ ਕੇ ਮੋਟਰਸਾਈਕਲ ਰੈਲੀ




**ਮਾਹਿਲਪੁਰ (ਸਫਰੀ)**- ਇੱਥੇ ਸੀਟੂ ਵਲੋ ਮਜ਼ਦੂਰਾ ਮੁਲਾਜਮਾ ਕਿਸਾਨਾ ਦੀਆ ਭਖਦੀਆ ਮੰਗਾ ਮੋਦੀ ਸਰਕਾਰ ਦੀਆ ਮਜ਼ਦੂਰਾ ਕਿਸਾਨਾ ਵਿਰੋਧੀ ਨੀਤੀਆ ਦੇ ਵਿਰੋਧ ਵਿੱਚ 16 ਫਰਵਰੀ ਨੂੰ ਭਾਰਤ ਬੰਦ ਦੇ ਨਾਅਰੇ ਨੂੰ ਲੈ ਕੇ ਗੜ੍ਹਸ਼ੰਕਰ ਤੋ ਸੈਲੇ ਤੱਕ ਮੋਟਰਸਾਈਕਲ ਰੈਲੀ ਕੀਤੀ ਗਈ। ਇਸ ਦੀ ਅਗਵਾਈ ਮਹਿੰਦਰ ਕੁਮਾਰ ਬੱਡੋਆਣ ਗੁਰਨੇਕ ਭੱਜਲ ਪਾਲੋ ਸੁੰਨੀ ਬਲਦੇਵ ਰਾਜ ਸਤਨੋਰ ਨੀਲਮ ਬੱਡੋਆਣ ਨੇ ਕੀਤੀ। ਆਗੂਆ ਨੇ ਕਿਹਾ ਕਿ 16 ਫਰਵਰੀ ਨੂੰ ਦੇਸ਼ ਦੀਆ ਪਰਮੁੱਖ ਟਰੇਡ ਯੂਨੀਅਨਾ ਮੁਲਾਜ਼ਮਾ ਦੀਆ ਫੈਡਰੇਸ਼ਨਾ ਵਲੋ ਮਜ਼ਦੂਰਾ ਕਿਸਾਨਾਂ ਵਿਰੋਧੀ ਕੇਂਦਰ ਸਰਕਾਰ ਦੀਆ ਨੀਤੀਆ ਵਿਰੁੱਧ ਦੇਸ਼ ਬੰਦ ਕੀਤਾ ਜਾ ਰਿਹਾ ਹੈ, ਸੀਟੂ ਇਸ ਬੰਦ ਵਿੱਚ ਵੱਧ ਚੜ੍ਹ ਕੇ ਹਿੱਸਾ ਲਵੇਗੀ। ਆਗੂਆ ਅੱਗੇ ਕਿਹਾ ਕਿ ਮੋਦੀ ਸਰਕਾਰ ਨੇ ਸਾਰਾ ਦੇਸ਼ ਠੇਕੇ 'ਤੇ ਦੇ ਦਿੱਤਾ ਹੈ। ਸਰਕਾਰੀ ਮਹਿਕਮੇ ਵੱਡੇ ਪੂੰਜੀਪਤੀਆ ਕੋਲ ਕੌਡੀਆ ਦੇ ਭਾਅ ਵੇਚ ਦਿੱਤੇ ਹਨ ਜਿਸ ਨਾਲ ਆਉਣ ਵਾਲੇ ਸਮੇ ਅੰਦਰ ਨੌਜਵਾਨਾ ਨੂੰ ਸਰਕਾਰੀ ਨੌਕਰੀ ਨਹੀ ਮਿਲੇਗੀ। ਇਸੇ ਤਰਾ ਮਨਰੇਗਾ ਮਜ਼ਦੂਰਾ ਦੇ ਕੰਮ ਦੇ ਦਿਨਾ ਤੇ ਬਜਟ ਘਟਾ ਕੇ ਕੱਟ ਲਾ ਦਿੱਤਾ ਹੈ। ਸਕੀਮ ਵਰਕਰਾ ਨੂੰ ਪੱਕਾ ਨਹੀ ਕੀਤਾ ਜਾ ਰਿਹਾ ਠੇਕੇਦਾਰੀ ਸਿਸਟਮ ਲਗਾਤਾਰ ਵਧਾਇਆ ਜਾ ਰਿਹਾ ਡਰਾਇਵਰਾ ਵਿਰੋਧੀ ਕਾਨੂੰਨ ਬਣਾ ਕੇ ਜੁਰਮਾਨੇ ਅਤੇ ਸਜ਼ਾਵਾ ਵਧਾ ਦਿੱਤੀਆ ਗਈਆ। ਮਹਿੰਗਾਈ ਗੈਸ ਦਾ ਸਿਲੰਡਰ 1000 ਰੁਪਏ ਤੱਕ ਅਤੇ ਦਵਾਈਆ ਖਾਣ ਵਾਲੀਆ ਚੀਜ਼ਾ ਦੇ ਰੇਟ ਅਸਮਾਨੀ ਛੂਹ ਗਏ ਹਨ। ਕਿਸਾਨਾ ਲਈ ਐਮ ਐਸ ਪੀ ਦਾ ਕਾਨੂੰਨ ਨਹੀ ਬਣਾਇਆ ਜਾ ਰਿਹਾ। ਆਗੂਆ ਨੇ ਕਿਹਾ ਇਸ ਦੇ ਵਿਰੋਧ ਵਿੱਚ 16 ਫਰਵਰੀ ਨੂੰ ਭਾਰਤ ਬੰਦ ਤੋ ਬਾਅਦ ਵੀ ਜੇਕਰ ਸਰਕਾਰ ਮਜ਼ਦੂਰਾ ਕਿਸਾਨਾ ਦੇ ਹੱਕ ਵਿੱਚ ਨੀਤੀਆ ਨਹੀ ਬਣਾਉਦੀ ਤਿੱਖਾ ਸੰਘਰਸ਼ ਕੀਤਾ ਜਾਵੇਗਾ। ਸਾਰੇ ਮਜ਼ਦੂਰਾ ਕਿਸਾਨਾ ਆਮ ਲੋਕਾ ਨੂੰ ਅਪੀਲ ਕਰਦਿਆ ਕਿਹਾ ਕਿ 2024 ਦੀਆ ਚੋਣਾ ਵਿੱਚ ਫਿਰਕੂ ਫਾਸ਼ੀਵਾਦੀ ਕਾਰਪੋਰੇਟ ਗਠਜੋੜ ਨੂੰ ਹਰਾਇਆ ਜਾਵੇ।

## 11 ਨੂੰ ਰਾਜ ਦੇ ਲੋਕਾਂ ਨੂੰ ਸਮਰਪਤ ਹੋਵੇਗਾ ਗੁਰੂ ਅਮਰਦਾਸ ਥਰਮਲ ਪਲਾਂਟ : ਈ ਟੀ ਓ

**ਚੰਡੀਗੜ੍ਹ (ਗੁਰਜੀਤ ਬਿੱਲਾ)** ਪੰਜਾਬ ਦੇ ਬਿਜਲੀ ਮੰਤਰੀ ਹਰਭਜਨ ਸਿੰਘ ਈਟੀਓ ਨੇ ਇਥੇ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਦਿੱਲੀ ਦੇ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ 11 ਫਰਵਰੀ ਨੂੰ ਗੁਰੂ ਅਮਰਦਾਸ ਥਰਮਲ ਪਾਵਰ ਲਿਮਟਿਡ (ਜੀ.ਏ.ਟੀ.ਪੀ.ਐਲ), ਗੋਇੰਦਵਾਲ ਸੂਬੇ ਦੇ ਲੋਕਾਂ ਨੂੰ ਸਮਰਪਿਤ ਕਰਨਗੇ।ਇੱਥੇ ਜਾਰੀ ਪ੍ਰੈਸ ਬਿਆਨ ਵਿੱਚ ਇਹ ਪ੍ਰਗਟਾਵਾ ਕਰਦਿਆਂ ਬਿਜਲੀ ਮੰਤਰੀ ਨੇ ਕਿਹਾ ਕਿ ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਲਿਮਟਿਡ (ਪੀ ਐਸ ਪੀ ਸੀ ਐਲ) ਨੇ 12 ਜਨਵਰੀ, ਨੂੰ ਜੀ ਏ ਟੀ ਪੀ ਐਲ ਨੂੰ ਸ਼ਾਮਲ ਕੀਤਾ ਸੀ ਅਤੇ 07 ਫਰਵਰੀ, 2024 ਨੂੰ ਅਧਿਗਹਿਣ ਪ੍ਰਕਿਰਿਆ ਪੂਰੀ ਹੋਣ ਨਾਲ ਜੀ.ਵੀ.ਕੇ ਪਾਵਰ (ਗੋਇੰਦਵਾਲ ਸਾਹਿਬ) ਲਿਮਟਿਡ ਜੀ.ਏ.ਟੀ.ਪੀ.ਐਲ ਦੀ ਪੂਰੀ ਮਲਕੀਅਤ ਵਾਲੀ ਸਹਾਇਕ ਕੰਪਨੀ ਬਣ ਗਈ ਹੈ।

## 'ਆਪ ਦੀ ਸਰਕਾਰ, ਆਪ ਦੇ ਦੁਆਰ' ਦੂਜੇ ਦਿਨ ਤੱਕ ਕੁੱਲ 1961 ਸੇਵਾਵਾਂ ਲਈ ਆਈਆਂ ਅਰਜ਼ੀਆਂ



**ਹੁਸ਼ਿਆਰਪੁਰ,(ਓ ਪੀ ਰਾਣਾ )**-ਡਿਪਟੀ ਕਮਿਸ਼ਨਰ ਕੋਮਲ ਮਿੱਤਲ ਨੇ ਹੁਸ਼ਿਆਰਪੁਰ 'ਚ 'ਆਪ ਦੀ ਸਰਕਾਰ ਆਪ ਦੇ ਦੁਆਰ' ਤਹਿਤ ਲਗਾਏ ਗਏ ਕੈਂਪਾਂ ਬਾਰੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਜ਼ਿਲ੍ਹੇ ਦੇ ਸਾਰੇ ਉਪ ਮੰਡਲਾਂ ਵਿਚ ਕੁੱਲ 29 ਕੈਂਪ ਲਗਾਏ ਗਏ। ਉਨ੍ਹਾਂ ਦੱਸਿਆ ਕਿ ਦੂਜੇ ਦਿਨ ਤੱਕ ਇਨ੍ਹਾਂ ਕੈਂਪਾਂ ਰਾਹੀਂ ਲੋਕਾਂ ਨੇ 1961 ਸੇਵਾਵਾਂ ਲਈ ਅਰਜ਼ੀਆਂ ਦਿੱਤੀਆਂ ਅਤੇ 1281 ਨੂੰ ਮੌਕੇ 'ਤੇ ਸੇਵਾਵਾਂ ਪ੍ਰਦਾਨ ਕੀਤੀਆਂ ਗਈਆਂ। ਇਸੇ ਤਰ੍ਹਾਂ ਹੁਣ ਤੱਕ 162 ਸ਼ਿਕਾਇਤਾਂ ਪ੍ਰਾਪਤ ਹੋਈਆਂ ਜਿਸ ਵਿਚੋਂ 149 ਦਾ ਹੱਲ ਕਰ ਦਿੱਤਾ ਗਿਆ। ਉਨ੍ਹਾਂ ਦੱਸਿਆ ਕਿ ਪੈਂਡਿੰਗ ਸੇਵਾਵਾਂ ਅਤੇ ਸ਼ਿਕਾਇਤਾਂ ਦਾ ਵੀ ਨਿਪਟਾਰਾ ਨਿਸ਼ਚਿਤ ਸਮੇਂ ਵਿਚ ਕਰ ਦਿੱਤਾ ਜਾਵੇਗਾ।ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਉਪ ਮੰਡਲ ਗੜ੍ਹਸ਼ੰਕਰ ਵਿਚ 5, ਟਾਂਡਾ ਵਿਚ 4, ਹੁਸ਼ਿਆਰਪੁਰ ਵਿਚ 9, ਦਸੂਹਾ ਵਿਚ 7 ਅਤੇ ਮੁਕੇਰੀਆਂ ਵਿਚ 4 ਕੈਂਪ ਲਗਾਏ ਗਏ ਸਨ। ਉਨ੍ਹਾਂ ਦੱਸਿਆ ਕਿ ਉਪ ਮੰਡਲ ਟਾਂਡਾ ਦੇ ਪਿੰਡ ਰਵਾਂ, ਰੱਲ੍ਹਣ, ਪਵਾਂ ਅਤੇ ਝਿੰਗੜ ਖੁਰਦ, ਉਪ ਮੰਡਲ ਹੁਸ਼ਿਆਰਪੁਰ ਵਿਚ ਰਸੂਲਪੁਰ, ਨੰਦਨ, ਅਰਨਿਆਲਾ ਸ਼ਾਹਪੁਰ, ਅਤਵਾਰਪੁਰ, ਵਾਰਡ ਨੰਬਰ 35 ਹੁਸ਼ਿਆਰਪੁਰ, ਵਾਰਡ ਨੰਬਰ 38 ਹੁਸ਼ਿਆਰਪੁਰ, ਵਾਰਡ ਨੰਬਰ 2 ਸ਼ਾਮਚੁਰਾਸੀ, ਨਿਊ ਜੱਟਪੁਰ ਤੇ ਬੱਸੀ ਜੌੜਾ, ਉਪ ਮੰਡਲ ਗੜ੍ਹਸ਼ੰਕਰ ਵਿਚ ਸੈਲਾਖੁਰਦ, ਸੈਲਾ ਕਲਾਂ, ਪੈਂਸਰਾਂ, ਪੱਦੀ, ਖੁਤੀ, ਜੱਸੋਵਾਲ, ਉਪ ਮੰਡਲ ਦਸੂਹਾ ਵਿਚ ਕੁਰਾਲਾ, ਜੰਡੋਰ, ਤੱਖੜ, ਵਾਰਡ ਨੰਬਰ 3 ਦਸੂਹਾ, ਚਿਪੜਾਂ, ਵਾਰਡ ਨੰਬਰ 3 ਗੜ੍ਹਦੀਵਾਲਾ, ਹਰਦੋਪੱਟੀ ਵਿਚ ਕੈਂਪ ਲਗਾਏ ਗਏ।

## ਉੱਘੇ ਸਮਾਜ ਸੇਵਕ ਭਜਨ ਸਿੰਘ ਤਾਸਪੁਰ ਵਾਲਿਆਂ ਨੇ ਗੁਰਦੁਆਰਾ ਸ੍ਰੀ ਹਜ਼ੂਰ ਸਾਹਿਬ ਵਾਸਤੇ 60 ਟੀਨ ਤੇਲ ਦੇ ਗੱਡੀ ਵਿੱਚ ਕੀਤੇ ਰਵਾਨਾ



**ਕਾਲਾ ਸੰਘਿਆਂ (ਮਨਜੀਤ ਮਾਨ)** ਉੱਘੇ ਸਮਾਜ ਸੇਵਕ ਸ੍ਰ ਭਜਨ ਸਿੰਘ ਤਾਸਪੁਰ ਵਾਲਿਆਂ ਨੇ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਸੰਤ ਬਾਬਾ ਨਰਿੰਦਰ ਸਿੰਘ ਤੇ ਸੰਤ ਬਾਬਾ ਬਲਵਿੰਦਰ ਸਿੰਘ ਸ੍ਰੀ ਹਜ਼ੂਰ ਸਾਹਿਬ ਵਾਲਿਆਂ ਦੀ ਰਹਿਨੁਮਾਈ ਹੇਠ ਪਿੰਡ ਤੇ ਇਲਾਕੇ ਦੀਆਂ ਸੰਗਤਾਂ ਦੇ ਸਹਿਯੋਗ ਨਾਲ ਇਲਾਕੇ ਵਿੱਚੋਂ ਇਕੱਠਾ ਕਰਕੇ 60 ਟੀਨ ਤੇਲ ਦੇ ਗੁਰਦੁਆਰਾ ਸ੍ਰੀ ਹਜ਼ੂਰ ਸਾਹਿਬ ਵਾਸਤੇ ਗੱਡੀ ਵਿੱਚ ਰਵਾਨਾ ਕੀਤੇ ਇਸ ਮੌਕੇ ਉੱਘੇ ਸਮਾਜ ਸੇਵਕ ਸ੍ਰ ਭਜਨ ਸਿੰਘ ਨੇ ਪ੍ਰੈੱਸ ਨੂੰ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਉਨ੍ਹਾਂ ਵੱਲੋਂ ਇਸੇ ਤਰ੍ਹਾਂ ਨਿਰੰਤਰ ਸੇਵਾ ਜਾਰੀ ਰਹਿੰਦੀ ਹੈ ਤੇ ਉਹ ਇਲਾਕੇ ਦੀਆਂ ਸੰਗਤਾਂ ਦੇ ਸਹਿਯੋਗ ਨਾਲ ਕਰਦੇ ਰਹਿਣਗੇ ਇਸ ਮੌਕੇ ਸ੍ਰ ਸੁਖਰਾਜ ਸਿੰਘ ਤਾਰਪੁਰ,ਮੰਗਲ ਸਿੰਘ ਤਾਰਪੁਰ, ਮਹਿੰਗਾ ਸਿੰਘ ਜੱਕੋਪੁਰ, ਬਲਦੇਵ ਸਿੰਘ ਮੁਰੀਦਵਾਲ,ਜੱਸਾ ਨੂਰਪੁਰੀਆ, ਸੁਖਵਿੰਦਰ ਸਿੰਘ ਬਾਗੜੀ, ਕੁਲਦੀਪ ਸਿੰਘ ਢਿੱਲੋਂ, ਬਲਕਾਰ ਸਿੰਘ ਸਿੰਘ, ਕੁਲਦੀਪ ਸਿੰਘ, ਬਲਜਿੰਦਰ ਸਿੰਘ ਖੰਡ ਮਿੱਲ ਵਾਲੇ, ਚਮਕੌਰ ਸਿੰਘ,ਮੰਗਲ ਸਿੰਘ ਢਿੱਲੋਂ, ਰਵਿੰਦਰ ਸਿੰਘ ਤਿਹਾੜ,ਪ੍ਰੀਤਪਾਲ ਸਿੰਘ ਭੌਰ, ਬਲਦੇਵ ਸਿੰਘ ਕੇਸਰ ਪੁਰ ਏ ਐਸ ਆਈ ਪੰਜਾਬ ਪੁਲਿਸ ਦਲਜੀਤ ਸਿੰਘ ਨੇ ਭਰਪੂਰ ਸਹਿਯੋਗ ਦਿੱਤਾ ਇਸ ਮੌਕੇ ਪਿੰਡ ਤੇ ਇਲਾਕੇ ਦੀਆਂ ਸੰਗਤਾਂ ਵੀ ਹਾਜ਼ ?ਰ ਸਨ।

## ਮੁੱਖ ਚੋਣ ਅਫ਼ਸਰ ਵੱਲੋਂ ਈ ਵੀ ਐੱਮ ਮਸ਼ੀਨ ਵੈਨ ਨੂੰ ਹਰੀ ਝੰਡੀ

**ਸਾਹਿਬਜ਼ਾਦਾ ਅਜੀਤ ਸਿੰਘ ਨਗਰ ( ਗੁਰਜੀਤ ਬਿੱਲਾ)**—ਭਾਰਤ ਚੋਣ ਕਮਿਸ਼ਨ ਦੀਆਂ ਹਦਾਇਤਾਂ ਅਨੁਸਾਰ ਮੁੱਖ ਚੋਣ ਅਫ਼ਸਰ, ਪੰਜਾਬ,ਚੰਡੀਗੜ੍ਹ ਵੱਲੋਂ ਈ.ਵੀ.ਐਮ.ਮਸ਼ੀਨ ਵੈਨ ਨੂੰ ਹਰੀ ਝੰਡੀ ਦਿੱਤੀ ਗਈ। ਇਹ ਵੈਨ ਜ਼ਿਲ੍ਹਾ ਐਸ.ਏ.ਐਸ.ਨਗਰ ਵਿੱਚ 7 ਦਿਨ ਚੱਲੇਗੀ। ਇਹ ਵੈਨ 8 ਫਰਵਰੀ ਤੋਂ 9 ਫਰਵਰੀ ਤੱਕ ਵਿਧਾਨ ਸਭਾ ਚੋਣ ਹਲਕਾ 53—ਐਸ.ਏ.ਐਸ.ਨਗਰ, 10 ਫਰਵਰੀ ਤੋਂ 11ਫਰਵਰੀ ਤੱਕ ਵਿਧਾਨ ਸਭਾ ਚੋਣ ਹਲਕਾ 52—ਖਰੜ ਅਤੇ 12 ਫਰਵਰੀ ਤੋਂ 14 ਫਰਵਰੀ ਤੱਕ ਵਿਧਾਨ ਸਭਾ ਚੋਣ ਹਲਕਾ 112—ਡੇਰਾ ਬੱਸੀ ਦੇ ਵੱਖ ਵੱਖ ਪਿੰਡਾਂ/ਸ਼ਹਿਰਾਂ 'ਚ ਜਾਵੇਗੀ। ਇਸ ਵੈਨ ਵਿੱਚ ਈ.ਵੀ.ਐਮ ਮਸ਼ੀਨ ਰੱਖੀ ਗਈ ਹੈ। ਇਸ ਮਸ਼ੀਨ ਰਾਹੀਂ ਆਮ ਜਨਤਾ ਨੂੰ ਵੋਟ ਪਾਉਣ ਸਬੰਧੀ ਜਾਗਰੂਕ ਕੀਤਾ ਜਾਵੇਗਾ।

## 16 ਤੋਂ ਸ਼ੁਰੂ ਹੋਣ ਵਾਲਾ ਸਰਸ ਮੇਲਾ ਮੁਲਤਵੀ

**ਮੋਹਾਲੀ, ( ਗੁਰਜੀਤ ਬਿੱਲਾ)** ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਸਾਹਿਬਜ਼ਾਦਾ ਅਜੀਤ ਸਿੰਘ ਨਗਰ ਵਿਖੇ 16 ਫ਼ਰਵਰੀ ਤੋਂ 25 ਫ਼ਰਵਰੀ ਤੱਕ ਲਾਇਆ ਜਾਣ ਵਾਲਾ ਸਰਸ ਮੇਲਾ ਮੁਲਤਵੀ ਕਰ ਦਿੱਤਾ ਗਿਆ ਹੈ।ਨੋਡਲ ਅਫ਼ਸਰ ਸ੍ਰੀਮਤੀ ਸੋਨਮ ਚੌਧਰੀ, ਵਧੀਕ ਡਿਪਟੀ ਕਮਿਸ਼ਨਰ ਸਾਹਿਬਜ਼ਾਦਾ ਅਜੀਤ ਸਿੰਘ ਨਗਰ ਅਨੁਸਾਰ ਜ਼ਿਲ੍ਹਾ ਪ੍ਰਸ਼ਾਸਨ 'ਆਪ ਦੀ ਸਰਕਾਰ ਆਪ ਦੇ ਦਵਾਰ' ਮੁਹਿੰਮ ਤਹਿਤ ਪਿੰਡ ਪੱਧਰ 'ਤੇ ਲੋਕਾਂ ਦੀਆਂ ਜਨਤਕ ਸਮੱਸਿਆਵਾਂ ਦੀ ਸੁਣਵਾਈ ਅਤੇ ਉਨ੍ਹਾਂ ਨੂੰ ਵੱਖ-ਵੱਖ ਸੁਵਿਧਾਵਾਂ ਮੁਹੱਈਆ ਕਰਵਾਉਣ 'ਚ ਸੇਵਾਵਾ ਦੇ ਰਿਹਾ ਹੋਣ ਕਾਰਨ ਅਤੇ ਆ ਰਹੀ ਲੋਕ ਸਭਾ-2024 ਦੀ ਚੋਣ ਦੀਆਂ ਤਿਆਰੀਆਂ 'ਚ ਰੁੱਝਿਆ ਹੋਣ ਕਾਰਨ, ਇਹ ਮੇਲਾ ਮੁਤਲਵੀ ਕੀਤਾ ਗਿਆ ਹੈ।

## ਡਾ. ਬਲਜੀਤ ਕੌਰ ਵੱਲੋਂ ਸਮਾਜਿਕ ਸੁਰੱਖਿਆ ਵਿਭਾਗ 'ਚ ਤਰੱਕੀਆਂ ਤੇਜ਼ੀ ਨਾਲ ਨੇਪਰੇ ਚਾੜ੍ਹਨ ਦੇ ਹੁਕਮ

**ਚੰਡੀਗੜ੍ਹ, (ਗੁਰਜੀਤ ਬਿੱਲਾ)** ਸਮਾਜਿਕ ਸੁਰੱਖਿਆ, ਇਸਤਰੀ ਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਨੇ ਅਧਿਕਾਰੀਆਂ ਨੂੰ ਵਿਭਾਗ ਵਿੱਚ ਹਰ ਪੱਧਰ ਦੀਆਂ ਤਰੱਕੀਆਂ ਦੇ ਕਾਰਜ ਨੂੰ ਤੇਜ਼ੀ ਨਾਲ ਨੇਪਰੇ ਚਾੜ੍ਹਨ ਦੇ ਹੁਕਮ ਕੀਤੇ ਹਨ।ਸਮਾਜਿਕ ਸੁਰੱਖਿਆ, ਇਸਤਰੀ ਤੇ ਬਾਲ ਵਿਕਾਸ ਬਾਰੇ ਮੰਤਰੀ ਡਾ. ਬਲਜੀਤ ਕੌਰ ਨੇ ਮੁਲਾਜ਼ਮਾਂ ਦੀਆਂ ਤਰੱਕੀਆਂ ਜਲਦ ਕਰਨ ਸਬੰਧੀ ਵਿਭਾਗ ਦੇ ਅਧਿਕਾਰੀਆਂ ਨਾਲ ਮੀਟਿੰਗ ਕੀਤੀ ਅਤੇ ਹੁਕਮ ਕੀਤੇ ਕਿ ਵਿਭਾਗ ਵਿੱਚ ਕਲਰਕ ਅਤੇ ਡਾਟਾ ਐਂਟਰੀ ਉਪਰੇਟਰ ਤੋਂ ਸੀਨੀਅਰ ਸਹਾਇਕ, ਆਂਗਣਵਾੜੀ ਵਰਕਰਾਂ ਤੋਂ ਸੁਪਰਵਾਈਜ਼ਰ ਅਤੇ ਸੁਪਰਵਾਈਜਰ ਤੋਂ ਸੀ.ਡੀ.ਪੀ.ਓ ਦੀ ਤਰੱਕੀ ਦੇ ਪੈਂਡਿੰਗ ਪਏ ਕੇਸਾਂ ਨੂੰ ਪਾਰਦਰਸ਼ਤਾ ਨਾਲ ਜਲਦ ਨਿਪਟਾਇਆ ਜਾਵੇ।

## ਲਿਟਲ ਕਿੰਗਡਮ ਸਕੂਲ ਅਹੀਆਪੁਰ ਵਿਖੇ ਸਿੱਖਿਆ ਦਾ ਮਿਆਰ ਉਚਾ ਚੁੱਕਣ ਸੰਬੰਧੀ ਸੈਮੀਨਾਰ



**ਟਾਂਡਾ ਉੜਮੁੜ ( ਜਸਵਿੰਦਰ ਸੰਧੂ ਉਂਕਾਰ ਸਿੰਘ )**-ਸਿੱਖਿਆ ਦਾ ਮਿਆਰ ਹੋਰ ਉੱਚਾ ਚੁੱਕਣ ਸਬੰਧੀ ਅਤੇ ਨੰਨੇ ਮੁੰਨੇ ਬੱਚਿਆਂ ਨੂੰ ਪੜ੍ਹਾਈ ਦੇ ਨਾਲ ਨਾਲ ਵੱਖ-ਵੱਖ ਮੁਕਾਬਲਿਆਂ ਵਿੱਚ ਹਿੱਸਾ ਲੈਣ ਲਈ ਪ੍ਰੇਰਿਤ ਕਰਨ ਸਬੰਧੀ ਲਿਟਲ ਕਿੰਗਡਮ ਇੰਟਰਨੈਸ਼ਨਲ ਸਕੂਲ ਅਹੀਆਪੁਰ ਦੇ ਡਾਇਰੈਕਟਰ ਹਿਮਾਂਸ਼ੂ ਵੈਦ ਦੇ ਦਿਸ਼ਾ ਨਿਰਦੇਸ਼ ਦੀ ਪਾਲਣਾ ਕਰਦੇ ਹੋਏ ਸਕੂਲ ਪ੍ਰਿੰਸੀਪਲ ਮੀਤਾ ਅਨੰਦ ਦੀ ਅਗਵਾਈ ਵਿੱਚ ਇੱਕ ਸੈਮੀਨਾਰ ਦਾ ਆਯੋਜਨ ਕੀਤਾ ਗਿਆ, ਜਿਸ ਵਿੱਚ ਵਿਦਿਆਰਥੀਆਂ ਅਤੇ ਸਮੂਹ ਸਕੂਲ ਸਟਾਫ ਨੇ ਬੜੇ ਉਤਸ਼ਾਹ ਨਾਲ ਹਿੱਸਾ ਲਿਆ।ਸੈਮੀਨਾਰ ਨੂੰ ਸੰਬੋਧਨ ਕਰਦੇ ਹੋਏ ਪ੍ਰਿੰਸੀਪਲ ਮੀਤਾ ਅਨੰਦ ਨੇ ਕਿਹਾ ਕਿ ਅੱਜ ਦੇ ਇਸ ਕੰਪੀਟੀਸ਼ਨ ਯੁੱਗ ਵਿੱਚ ਜਿੱਥੇ ਹਰ ਵਿਦਿਆਰਥੀ ਨੂੰ ਆਪਣੀ ਪੜ੍ਹਾਈ ਪੂਰੀ ਲਗਨ ਨਾਲ ਕਰਨੀ ਚਾਹੀਦੀ ਹੈ ਉੱਥੇ ਸਕੂਲ ਅਧਿਆਪਕਾਂ ਦਾ ਵੀ ਇਹ ਫਰਜ਼ ਬਣਦਾ ਹੈ ਕਿ ਉਹ ਪੂਰੀ ਲਗਨ ਤੇ ਮਿਹਨਤ ਨਾਲ ਵਿਦਿਆਰਥੀਆਂ ਨੂੰ ਪੜ੍ਹਾਈ ਕਰਵਾਉਣ ਤਾਂ ਜੋ ਬੱਚਿਆਂ ਦਾ ਭਵਿੱਖ ਉਜਵਲ ਬਣ ਸਕੇ। ਉਨ੍ਹਾਂ ਕਿਹਾ ਕਿ ਹਰ ਵਿਦਿਆਰਥੀ ਨੂੰ ਆਪਣੀ ਪੜ੍ਹਾਈ ਦੇ ਨਾਲ ਨਾਲ ਖੇਡਾਂ ਵਿੱਚ ਵੀ ਹਿੱਸਾ ਲੈਣਾ ਚਾਹੀਦਾ ਹੈ ਇਸ ਨਾਲ ਜਿੱਥੇ ਸਰੀਰ ਤੰਦਰੁਸਤ ਰਹਿੰਦਾ ਹੈ ਉੱਥੇ ਮਾਨਸਿਕ ਸ਼ਕਤੀ ਵਿੱਚ ਵੀ ਵਾਧਾ ਹੁੰਦਾ ਹੈ। ਉਨ੍ਹਾਂ ਕਿਹਾ ਕਿ ਜਿਹੜੇ ਵਿਦਿਆਰਥੀ ਪੂਰੀ ਲਗਨ ਨਾਲ ਆਪਣੀ ਪੜ੍ਹਾਈ ਕਰਕੇ ਚੰਗੀਆਂ ਪੋਜੀਸ਼ਨਾਂ ਹਾਸਿਲ ਕਰਦੇ ਹਨ ਉਹ ਵਿਦਿਆਰਥੀ ਹੀ ਉੱਚ ਸਿੱਖਿਆ ਵਿੱਚ ਮੱਲਾਂ ਮਾਰ ਕੇ ਆਪਣੀ ਮੰਜ਼ਿਲ ਹਾਸਿਲ ਕਰ ਲੈਂਦੇ ਹਨ। ਉਨ੍ਹਾਂ ਕਿਹਾ ਕਿ ਹਰ ਵਿਦਿਆਰਥੀ ਨੂੰ ਸਕੂਲ ਵਿੱਚ ਹੋ ਰਹੇ ਹਰ ਕੰਪੀਟੀਸ਼ਨ ਵਿੱਚ ਵੱਧ ਚੜ ਕੇ ਹਿੱਸਾ ਲੈਣਾ ਚਾਹੀਦਾ ਹੈ ਇਸ ਨਾਲ ਜਿੱਥੇ ਹਰ ਵਿਦਿਆਰਥੀ ਦਾ ਮਨੋਂਵਲ ਉੱਚਾ ਹੁੰਦਾ ਹੈ ਉੱਥੇ ਆਪਣੀ ਮੰਜ਼ਿਲ ਨੂੰ ਹਾਸਲ ਕਰਨ ਦਾ ਉਸਦੇ ਮਨ ਵਿੱਚ ਹੌਸਲਾ ਵੱਧਦਾ ਹੈ। ਉਨ੍ਹਾਂ ਕਿਹਾ ਕਿ ਹਰ ਵਿਦਿਆਰਥੀ ਨੂੰ ਨਸ਼ਿਆਂ ਜਿਹੀਆਂ ਬੁਰੀਆਂ ਅਲਾਮਤਾਂ ਤੋਂ ਦੂਰ ਰਹਿ ਕੇ ਬੁਰੀ ਸੰਗਤ ਚ ਨਹੀਂ ਬੈਠਣਾ ਚਾਹੀਦਾ ਇਸ ਨਾਲ ਜਿੱਥੇ ਮਾਨਸਿਕ ਸ਼ਕਤੀ ਖਤਮ ਹੋ ਜਾਂਦੀ ਹੈ ਉੱਥੇ ਨਸ਼ਿਆਂ ਕਾਰਨ ਵਿਦਿਆਰਥੀ ਪੜ੍ਹਾਈ ਤੋਂ ਵੀ ਵਾਂਝਾ ਰਹਿ ਜਾਂਦਾ ਹੈ ਅਤੇ ਉਸ ਵਿਦਿਆਰਥੀ ਦਾ ਭਵਿੱਖ ਧੁਮਿਲ ਹੋ ਜਾਂਦਾ ਹੈ।

ਇਸ ਮੌਕੇ ਤੇ ਪੜ੍ਹਾਈ ਅਤੇ ਹੋਰ ਵੱਖ ਵੱਖ ਮੁਕਾਬਲਿਆਂ ਵਿੱਚ ਵਧੀਆ ਪੋਜੀਸ਼ਨਾਂ ਹਾਸਿਲ ਕਰਨ ਵਾਲੇ ਵਿਦਿਆਰਥੀਆਂ ਦੀ ਹੌਸਲਾ ਵਧਾਈ ਕਰਦੇ ਹੋਏ ਉਨ੍ਹਾਂ ਨੂੰ ਸਨਮਾਨਿਤ ਕੀਤਾ। ਇਸ ਮੌਕੇ ਤੇ ਗਗਨਦੀਪ ਕੌਰ, ਰਾਧਾ ਭੱਲਾ, ਸੁਮਿਤਰੀ, ਮੀਨੂ ਕਟਿਆਲ, ਚਰਨਜੀਤ ਕੌਰ, ਸ਼ੀਤਲ ਕੌਰ, ਸਰਬਜੀਤ ਕੌਰ, ਤਲਵਿੰਦਰ ਸਿੰਘ, ਮਮਤਾ, ਨੀਨੂੰ ਵਾਲੀਆ, ਨਿਕਤਾ, ਸੰਜਨਾ ਅਤੇ ਸਮੂਹ ਸਕੂਲ ਸਟਾਫ ਹਾਜ਼ਰ ਸਨ।

## ਮਾਸਟਰ ਗੁਰਬੰਤਾ ਸਿੰਘ ਨੂੰ 44ਵੀਂ ਬਰਸੀ ਮੌਕੇ ਸ਼ਰਧਾਂਜਲੀ

**ਜਲੰਧਰ (ਇਕਬਾਲ ਸਿੰਘ ਉਭੀ)** ਪੰਜਾਬ ਦੇ ਸਾਬਕਾ ਖੇਤੀਬਾੜੀ ਮੰਤਰੀ ਮਾਸਟਰ ਗੁਰਬੰਤਾ ਸਿੰਘ ਨੂੰ ਉਨ੍ਹਾਂ ਦੇ ਜੱਦੀ ਪਿੰਡ ਧਾਲੀਵਾਲ ਵਿਖੇ 44ਵੀਂ ਬਰਸੀ ਮੌਕੇ ਯਾਦ ਕਰਦਿਆਂ ਨਿੱਘੀ ਸ਼ਰਧਾਂਜਲੀ ਭੇਟ ਕੀਤੀ ਗਈ। ਇਸ ਮੌਕੇ ਅਖੰਡ ਸਾਹਿਬ ਜੀ ਦੇ ਭੋਗ ਪਾਏ ਗਏ ਉਨ੍ਹਾਂ ਦੇ ਪੋਤੇ ਫਿਲੌਰ ਵਿਧਾਇਕ ਵਿਕਰਮਜੀਤ ਸਿੰਘ ਚੌਧਰੀ ਅਤੇ ਜ਼ਿਮਨੀ ਚੋਣ 2023 ਲਈ ਕਾਂਗਰਸ ਉਮੀਦਵਾਰ ਕਰਮਜੀਤ ਕੌਰ ਚੋਧਰੀ ਸਮੇਤ ਹਾਜ਼ਰ ਸੰਗਤ ਵਲੋ ਸ਼ਰਧਾ ਦੇ ਫੁੱਲ ਭੇਟ ਕੀਤੇ।ਮਾਸਟਰ ਗੁਰਬੰਤਾ ਸਿੰਘ ਨੂੰ ਦੱਬੇ ਕੁਚਲੇ ਲੋਕਾਂ ਦਾ ਮਸੀਹਾ ਦੱਸਦਿਆਂ ਵਿਧਾਇਕ ਚੌਧਰੀ ਨੇ ਕਿਹਾ ਕਿ ਸਵਰਗੀ ਮਾਸਟਰ ਗੁਰਬੰਤਾ ਸਿੰਘ ਇੱਕ ਮਹਾਨ ਸਮਾਜ ਸੁਧਾਰਕ, ਵਿਦਵਾਨ, ਯੋਗ ਪ੍ਰਬੰਧਕ ਅਤੇ ਪੰਜਾਬ ਦੇ ਸਭ ਤੋਂ ਵੱਡੇ ਦਲਿਤ ਆਗੂ ਵਜੋਂ ਜਾਣੇ ਜਾਂਦੇ ਸਨ।

ਉਹਨਾਂ ਨੇ ਹਰੀ ਕ੍ਰਾਂਤੀ ਲਿਆਉਣ ਵਿਚ ਮਾਸਟਰ ਗੁਰਬੰਤਾ ਸਿੰਘ ਦੇ ਯੋਗਦਾਨ ਬਾਰੇ ਚਾਨਣਾ ਪਾਇਆ। ਉਨ੍ਹਾਂ ਕਿਹਾ ਕਿ ਪ੍ਰਤਾਪ ਸਿੰਘ ਕੈਰੋਂ ਦੀ ਸਰਕਾਰ ਵਿੱਚ ਖੇਤੀਬਾੜੀ ਮੰਤਰੀ ਵਜੋਂ ਉਨ੍ਹਾਂ ਦੇ ਕਾਰਜਕਾਲ ਦੌਰਾਨ ਹੀ ਹਰੇ ਇਨਕਲਾਬ ਦੀ ਨੀਂਹ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਅਤੇ ਹੋਰ ਅਦਾਰਿਆਂ ਦੀ ਸਥਾਪਨਾ ਨਾਲ ਰੱਖੀ ਗਈ ਸੀ।

ਵਿਧਾਇਕ ਚੌਧਰੀ ਨੇ ਆਖਿਆ ਕਿ ਮਾਸਟਰ ਗੁਰਬੰਤਾ ਸਿੰਘ ਨੇ ਆਪਣੇ ਰਾਜਨੀਤਿਕ ਜੀਵਨ ਦੀ ਸ਼ੁਰੂਆਤ 1932 ਵਿਚ ਕੀਤੀ ਸੀ, ਜਦੋਂ ਸਮਾਜ ਜਾਤੀਵਾਦ ਵਿੱਚ ਬੁਰੀ ਤਰ੍ਹਾਂ ਫਸਿਆ ਹੋਇਆ ਸੀ ਅਤੇ ਉਹਨਾਂ ਨੇ ਮੰਗੂ ਰਾਮ ਤੇ ਹੋਰਨਾਂ ਨਾਲ ਮਿਲ ਕੇ ਆਦ ਧਰਮ-ਮੰਡਲ, ਜਲੰਧਰ ਦੀ ਸਰਪ੍ਰਸਤੀ ਹੇਠ ਵੰਡੀਆਂ ਪਾਉਣ ਵਾਲੀਆਂ ਤਾਕਤਾਂ ਵਿਰੁੱਧ ਇੱਕ ਇਨਕਲਾਬ ਦੀ ਸ਼ੁਰੂਆਤ ਕੀਤੀ ਤੇ ਸਮਾਜ ਵਿਚੋਂ ਅਛੂਤਤਾ ਅਤੇ ਅਸਮਾਨਤਾ ਦੇ ਖਾਤਮੇ ਲਈ ਸੰਘਰਸ਼ ਦੀ ਅਗਵਾਈ ਕੀਤੀ।

ਮਾਸਟਰ ਗੁਰਬੰਤਾ ਸਿੰਘ ਪਹਿਲੀ ਵਾਰ 1945 ਵਿਚ ਯੂਨਾਈਟਿਡ ਪੰਜਾਬ ਦੀ ਅਸੈਂਬਲੀ ਲਈ ਚੁਣੇ ਗਏ ਸਨ ਅਤੇ 1977 ਤੱਕ ਵਿਧਾਇਕ ਰਹੇ। ਉਹ ਲੋਕਾਂ ਵਿਚ ਇੰਨੇ ਹਰਮਨ ਪਿਆਰੇ ਸਨ ਕਿ 1972 ਦੀਆਂ ਵਿਧਾਨ ਸਭਾ ਚੋਣਾਂ ਵਿਚ ਉਹ ਬਿਨਾਂ ਮੁਕਾਬਲਾ ਚੁਣੇ ਗਏ। ਉਹ ਵੰਡ ਤੋਂ ਪਹਿਲਾਂ ਸਰ ਖਿਜ਼ਰ ਹਯਾਤ ਖ਼ਾਨ ਟਿਵਾਣਾ ਸਰਕਾਰ ਦੀ ਮੰਤਰੀ ਪ੍ਰੀਸ਼ਦ ਵਿਚ ਰਹੇ, ਫਿਰ ਪ੍ਰਤਾਪ ਸਿੰਘ ਕੈਰੋਂ ਅਤੇ ਗਿਆਨੀ ਜ਼ੈਲ ਸਿੰਘ ਸਰਕਾਰਾਂ ਵਿੱਚ ਕਈ ਵਿਭਾਗਾਂ ਦੇ ਮੰਤਰੀ ਰਹੇ। ਉਹਨਾਂ ਨੇ ਅਨੁਸੂਚਿਤ ਜਾਤੀਆਂ ਦੇ ਲੋਕਾਂ ਨੂੰ ਸਰਕਾਰ ਦੀਆਂ ਖਾਲੀ ਜ਼ਮੀਨਾਂ ਅਲਾਟ ਕਰਨ, ਹਰ ਪਿੰਡ ਵਿੱਚ ਐਸ.ਸੀ. ਨੰਬਰਦਾਰ ਨਿਯੁਕਤ ਕਰਨ, ਸਕੂਲਾਂ ਅਤੇ ਕਾਲਜਾਂ ਵਿੱਚ ਅਨੁਸੂਚਿਤ ਜਾਤੀਆਂ ਦੇ ਵਿਦਿਆਰਥੀਆਂ ਲਈ ਵਜ਼ੀਫ਼ੇ ਦੀ ਵਿਵਸਥਾ ਕਰਨ, ਰੁਜ਼ਗਾਰ ਤੇ ਤਰੱਕੀ ਵਿੱਚ ਰਾਖਵਾਂਕਰਨ, ਛੋਟੇ ਉਦਯੋਗ ਸਥਾਪਤ ਕਰਨ ਲਈ ਨਾਮਾਤਰ ਵਿਆਜ਼ 'ਤੇ ਕਰਜ਼ੇ ਦਿਵਾਉਣ, ਅਤੇ ਅਨੁਸੂਚਿਤ ਜਾਤੀਆਂ ਨੂੰ ਪਿੰਡਾਂ ਦੀਆਂ ਸ਼ਾਮਲਾਟਾਂ ਵਿੱਚ ਹਿੱਸਾ ਦਿਵਾਉਣ ਲਈ ਉੱਘਾ ਯੋਗਦਾਨ ਪਾਇਆ।ਇਸ ਤੋਂ ਇਲਾਵਾ ਉਹਨਾਂ ਨੇ ਦੁਆਬਾ ਖੇਤਰ ਵਿੱਚ ਕਈ ਸਕੂਲ ਅਤੇ ਕਾਲਜ ਵੀ ਖੋਲ੍ਹੇ ਜੋ ਕਿ ਸਾਰੇ ਵਿਦਿਆਰਥੀਆਂ ਦੇ ਭਵਿੱਖ ਨੂੰ ਰੁਸ਼ਨਾ ਰਹੇ ਹਨ।

## 16 ਨੂੰ ਭੋਗਪੁਰ ਪੂਰਨ ਤੌਰ 'ਤੇ ਬੰਦ ਰਹੇਗਾ



**ਭੋਗਪੁਰ:-( ਗੁਰਪ੍ਰੀਤ ਸਿੰਘ ਭੋਗਲ )** ਦੁਆਬਾ ਕਿਸਾਨ ਸੰਘਰਸ਼ ਕਮੇਟੀ ਦੇ ਸੰਕੇਤ ਹੇਠ ਸਮੂਹ ਕਿਸਾਨ ਜਥੇਬੰਦੀਆਂ ਇਕਾਈਆਂ ਆੜਤੀ ਐਸੋਸੀਏਸ਼ਨ ਦੁਕਾਨਦਾਰ ਮਾਰਕੀਟ ਕਮੇਟੀ ਮਜ਼ਦੂਰ ਅਤੇ ਡਰਾਈਵਰ ਦੀ ਸਾਂਝੀ ਮੀਟਿੰਗ ਪ੍ਰਧਾਨ ਆੜਤੀ ਐਸੋਸੀਏਸ਼ਨ ਦੀ ਅਗਵਾਈ ਵਿੱਚ ਹੋਈ ਜਿਸ ਵਿੱਚ 16 ਤਰੀਕ ਨੂੰ ਭਾਰਤ ਬੰਦ ਦੀ ਕਾਲ ਵਿੱਚ ਭੋਗਪੁਰ ਸ਼ਹਿਰ ਨੂੰ ਪੂਰਨ ਤੌਰ 'ਤੇ ਬੰਦ ਰੱਖਿਆ ਜਾਵੇਗਾ, ਜਿਸ ਵਿੱਚ ਭਾਰਤ ਸਰਕਾਰ ਵੱਲੋਂ ਹਿਟ ਐਂਡ ਰਨ ਕਾਨੂੰਨ ਅਤੇ ਸੰਗੀ ਢਾਂਚੇ ਦੇ ਵਿਰੁੱਧ ਕਿਸਾਨੀ ਅੰਦੋਲਨ ਦੁਆਰਾ ਮੰਨੀਆਂ ਮੰਗਾਂ ਦੀ ਵਾਦਾ ਖਿਲਾਫ਼ੀ ਦੇ ਵਿਰੁੱਧ ਕਿਸਾਨ ਮਜ਼ਦੂਰ ਅਤੇ ਦੁਕਾਨਦਾਰ ਤੇ ਛੋਟੇ ਉਦਯੋਗਪਤੀਆਂ ਨਾਲ ਹੋ ਰਹੀਆਂ ਧੱਕੇਸ਼ਾਹੀਆਂ ਦੇ ਖਿਲਾਫ 16 ਫਰਵਰੀ ਨੂੰ ਭੋਗਪੁਰ ਸ਼ਹਿਰ ਨੂੰ ਪੂਰਨ ਤੌਰ 'ਤੇ ਬੰਦ ਰੱਖਿਆ ਜਾਵੇਗਾ ਅਤੇ ਭੋਗਪੁਰ ਟੀ ਪੁਆਇੰਟ ਦੇ ਉੱਤੇ ਧਰਨਾ ਵੀ ਦਿੱਤਾ ਜਾਵੇਗਾ ਅਤੇ ਇਸ ਧਰਨੇ ਵਿੱਚ ਐਮਰਜੈਂਸੀ ਸੇਵਾਵਾਂ ਨੂੰ ਛੱਡਿਆ ਜਾਵੇਗਾ। ਇਸ ਮੌਕੇ ਕਿਸਾਨ ਯੂਨੀਅਨ ਦੁਕਾਨਦਾਰ ਯੂਨੀਅਨ ਆੜ੍ਹਤੀ ਐਸੋਸੀਏਸ਼ਨ ਮਜ਼ਦੂਰ ਯੂਨੀਅਨ ਅਤੇ ਟਰੇਡ ਯੂਨੀਅਨ ਹਾਜ਼ਰ ਸਨ।

10-Fab-PAGE-9.qxd 2/9/2024 9:04 PM Page 1



# ਸਰਬ ਭਾਰਤ ਨੌਜਵਾਨ ਸਭਾ ਤੇ ਆਲ ਇੰਡੀਆ ਸਟੂਡੈਂਟਸ ਫੈਡਰੇਸ਼ਨ ਵੱਲੋਂ 16 ਦੇ ਭਾਰਤ ਬੰਦ ਦੀ ਹਮਾਇਤ

ਚੰਡੀਗੜ੍ਹ (ਨਵਾਂ ਜ਼ਮਾਨਾ ਸਰਵਿਸ) ਸਰਬ ਭਾਰਤ ਨੌਜਵਾਨ ਸਭਾ ਅਤੇ ਆਲ ਇੰਡੀਆ ਸਟੂਡੈਂਟਸ ਫੈਡਰੇਸ਼ਨ ਦੇ ਸੂਬਾ ਕੌਂਸਲ ਦੀ ਇੱਕ ਵਿਸ਼ੇਸ਼ ਮੀਟਿੰਗ ਬੀਤੇ ਦਿਨੀ ਆਨ ਲਾਈਨ ਮੀਡੀਆ ਰਾਹੀਂ ਕੀਤੀ ਗਈ।ਇਸ ਮੀਟਿੰਗ ਦੀ ਪ੍ਰਧਾਨਗੀ ਸਰਬ ਭਾਰਤ ਨੌਜਵਾਨ ਸਭਾ ਦੇ ਸੂਬਾ ਪ੍ਰਧਾਨ ਪਰਮਜੀਤ ਸਿੰਘ ਢਾਬਾ ਅਤੇ ਆਲ ਇੰਡੀਆ ਸਟੂਡੈਂਟਸ ਫੈਡਰੇਸ਼ਨ ਦੇ ਸੂਬਾ ਪ੍ਰਧਾਨ ਰਮਨ ਕੁਮਾਰ ਧਰਮੂ ਵਾਲਾ ਨੇ ਕੀਤੀ ਅਤੇ ਸਰਬ ਭਾਰਤ ਨੌਜਵਾਨ ਸਭਾ ਦੇ ਕੌਮੀ ਪ੍ਰਧਾਨ ਸੁਖਜਿੰਦਰ ਮਹੇਸਰੀ ਵਿਸ਼ੇਸ਼ ਤੌਰ 'ਤੇ ਇਸ ਮੀਟਿੰਗ ਵਿੱਚ ਸ਼ਾਮਿਲ ਹੋਏ। ਮੀਟਿੰਗ ਵਿਚ ਨੌਜਵਾਨਾਂ ਅਤੇ ਵਿਦਿਆਰਥੀਆਂ ਦੇ ਵੱਖ ਵੱਖ ਮਹੱਤਵਪੂਰਨ ਮੁੱਦਿਆਂ ਤੇ ਡੂੰਘਾਈ ਨਾਲ ਵਿਚਾਰ ਚਰਚਾ ਕੀਤੀ ਗਈ ਅਤੇ ਫੈਸਲਾ ਕੀਤਾ ਗਿਆ ਕਿ ਕੇਂਦਰੀ ਟਰੇਡ ਯੂਨੀਅਨਾਂ ਅਤੇ ਸੰਯੁਕਤ ਕਿਸਾਨ ਮੋਰਚੇ ਦੇ ਸੱਦੇ ਤੇ ਕੇਂਦਰ ਸਰਕਾਰ ਦੀਆਂ ਲੋਕ ਵਿਰੋਧੀ ਅਤੇ ਫਾਸ਼ੀਵਾਦੀ ਨੀਤੀਆਂ ਖਿਲਾਫ 16 ਫਰਵਰੀ ਨੂੰ ਕੀਤੇ ਜਾ ਰਹੇ ਭਾਰਤ ਬੰਦ ਵਿੱਚ ਪੂਰਨ ਹਮਾਇਤ ਕੀਤੀ ਜਾਵੇਗੀ।ਸਰਬ ਭਾਰਤ ਨੌਜਵਾਨ ਸਭਾ ਦੇ ਸੂਬਾ ਸਕੱਤਰ ਚਰਨਜੀਤ ਸਿੰਘ ਛਾਂਗਾ ਰਾਏ ਅਤੇ ਆਲ ਇੰਡੀਆ ਸਟੂਡੈਂਟਸ ਫੈਡਰੇਸ਼ਨ ਦੇ ਸੂਬਾ ਸਕੱਤਰ ਪ੍ਰਿਤਪਾਲ ਸਿੰਘ ਪੰਜਾਬੀ ਯੂਨੀਵਰਸਿਟੀ ਪਟਿਆਲਾ ਨੇ ਕਿਹਾ ਕਿ ਕੇਂਦਰ ਸਰਕਾਰ ਦੀਆਂ ਨੀਤੀਆਂ ਨਾਲ ਜਿੱਥੇ ਵੱਖ ਵੱਖ ਵਰਗ ਪ੍ਰਭਾਵਿਤ ਹੋ ਰਹੇ ਹਨ ਕਿਸਾਨ ਪ੍ਰਭਾਵਿਤ ਹੋ ਰਹੇ ਹਨ ਉਥੇ ਨੌਜਵਾਨ ਅਤੇ ਵਿਦਿਆਰਥੀ ਸਭ ਤੋਂ ਵੱਧ ਪ੍ਰਭਾਵਿਤ ਅਤੇ ਪੀੜਤ ਹਨ। ਮੋਦੀ ਦੀ ਅਗਵਾਈ ਵਾਲੀ ਕੇਂਦਰ ਸਰਕਾਰ ਨੇ ਪਿਛਲੇ 10 ਸਾਲਾਂ ਵਿੱਚ ਇੱਕ ਵੀ ਅਜਿਹਾ ਕਾਨੂੰਨ ਜਾਂ ਨੀਤੀ ਨਹੀਂ ਬਣਾਈ ਜਿਸ ਨਾਲ ਦੇਸ਼ ਦੀ ਬੇਰੁਜ਼ਗਾਰ ਫਿਰ ਰਹੀ ਜਵਾਨੀ ਨੂੰ ਰੁਜ਼ਗਾਰ ਦਿੱਤਾ ਗਿਆ ਹੋਵੇ ਬਲਕਿ ਇਹਦੇ ਉਲਟ ਵਿਦਿਆਰਥੀਆਂ ਤੋਂ ਵਿਦਿਆ ਖੋਹਣ ਕੌਮੀ ਸਿੱਖਿਆ ਨੀਤੀ ਵਰਗੀਆਂ ਘਾਤਕ ਨੀਤੀਆਂ ਨੂੰ ਅਮਲ ਵਿੱਚ ਲਾਗੂ ਕਰਵਾਉਣ ਲਈ ਸਰਕਾਰ ਪੱਬਾਂ ਭਾਰ ਹੋਈ ਹੋਈ ਹੈ। ਉਨਾਂ ਐਲਾਨ ਕੀਤਾ ਕਿ 16 ਫਰਵਰੀ ਦੇ ਭਾਰਤ ਬੰਦ ਦੇ ਪ੍ਰਦਰਸ਼ਨਾਂ ਵਿੱਚ ਸਰਬ ਭਾਰਤ ਨੌਜਵਾਨ ਸਭਾ ਅਤੇ ਆਲ ਇੰਡੀਆ ਸਟੂਡੈਂਟ ਫੈਡਰੇਸ਼ਨ ਪੂਰੇ ਪੰਜਾਬ ਵਿੱਚ ਪੂਰਨ ਹਮਾਇਤ ਨਾਲ ਸ਼ਮੂਲੀਅਤ ਕਰੇਗੀ। ਉਕਤ ਆਗੂਆਂ ਨੇ ਇਹ ਵੀ ਜਾਣਕਾਰੀ ਦਿੱਤੀ ਕਿ ਇਸ ਭਾਰਤ ਬੰਦ ਦੇ ਪ੍ਰਦਰਸ਼ਨ ਨੂੰ ਸਫਲ ਬਣਾਉਣ ਲਈ ਪੂਰੇ ਪੰਜਾਬ ਵਿੱਚ ਜ਼ਿਲ੍ਹਾ ਪੱਧਰ 'ਤੇ ਮੀਟਿੰਗਾਂ ਕਰਕੇ ਵੀ ਤਿਆਰੀ ਕਰਵਾਈ ਜਾ ਰਹੀ ਹੈ ਤਾਂ ਕਿ ਵੱਧ ਤੋਂ ਵੱਧ ਨੌਜਵਾਨਾਂ ਅਤੇ ਵਿਦਿਆਰਥੀਆਂ ਦੀ ਇਸ ਪ੍ਰੋਗਰਾਮ ਵਿੱਚ ਸ਼ਮੂਲੀਅਤ ਕਰਵਾਈ ਜਾ ਸਕੇ। ਇਸ ਮੀਟਿੰਗ ਵਿੱਚ ਹੋਰਨਾਂ ਤੋਂ ਇਲਾਵਾ ਆਲ ਇੰਡੀਆ ਸਟੂਡੈਂਟਸ ਫੈਡਰੇਸ਼ਨ ਲੜਕੀਆਂ ਦੀ ਸੂਬਾ ਕਨਵੀਨਰ ਨੀਤੂ ਅਬੋਹਰ, ਸੁਖਵਿੰਦਰ ਮਲੋਟ, ਗੁਰਵਿੰਦਰ ਮਲੋਟ, ਕੋਮਲ ਪਟਿਆਲਾ, ਰਾਹੁਲ ਪੰਜਾਬੀ ਯੂਨੀਵਰਸਿਟੀ ਪਟਿਆਲਾ, ਰਮਨਦੀਪ ਕੌਰ ਮੁਕਤਸਰ ਸਾਹਿਬ, ਆਲ ਇੰਡੀਆ ਸਟੂਡੈਂਟਸ ਫੈਡਰੇਸ਼ਨ ਸਾਬਕਾ ਸੂਬਾ ਸਕੱਤਰ ਵਰਿੰਦਰ ਖੁਰਾਣਾ ਅਤੇ ਸਾਬਕਾ ਸੂਬਾ ਪ੍ਰਧਾਨ ਲਵਪ੍ਰੀਤ ਸਿੰਘ ਮਾੜੀ ਮੇਘਾ ਨੇ ਸ਼ਮੂਲੀਅਤ ਕਰਕੇ ਆਪਣੇ ਵਿਚਾਰ ਰੱਖੇ ਅਤੇ ਉਕਤ ਪ੍ਰੋਗਰਾਮ ਨਾਲ ਸਹਿਮਤੀ ਪ੍ਰਗਟਾਈ।

# ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਨੇ ਡਿਪਟੀ ਕਮਿਸ਼ਨਰ ਨੂੰ ਦਿੱਤਾ ਮੰਗ ਪੱਤਰ



**ਹੁਸ਼ਿਆਰਪੁਰ,(ਬਲਵੀਰ ਸਿੰਘ ਸੈਣੀ)**-ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਦੀ ਜ਼ਿਲ੍ਹਾ ਕਮੇਟੀ ਵੱਲੋਂ ਜ਼ਿਲ੍ਹਾ ਪ੍ਰਧਾਨ ਮਾਸਟਰ ਸ਼ਿੰਗਾਰਾ ਸਿੰਘ ਦੀ ਪ੍ਰਧਾਨਗੀ ਹੇਠ ਸੂਬਾ ਕਮੇਟੀ ਦੇ ਸੱਦੇ ਅਨੁਸਾਰ ਡਿਪਟੀ ਕਮਿਸ਼ਨਰ ਹੁਸ਼ਿਆਰਪੁਰ ਨੂੰ ਮੰਗ ਪੱਤਰ ਦਿੱਤਾ ਗਿਆ। ਉਪਰੰਤ ਪ੍ਰੈਸ ਨੂੰ ਜਾਣਕਾਰੀ ਦਿੰਦਿਆਂ ਮਾਸਟਰ ਸ਼ਿੰਗਾਰਾ ਸਿੰਘ ਨੇ ਦੱਸਿਆ ਕਿ ਮੰਗ ਪੱਤਰ ਅਨੁਸਾਰ ਪੰਜਾਬ ਸਰਕਾਰ ਵੱਲੋਂ ਕੀਤੇ ਵਾਅਦੇ ਮੁਤਾਬਕ ਨਵੀਂ ਖੇਤੀ ਨੀਤੀ ਬਣਾਈ ਜਾਵੇ ਤਾਂ ਜੋ ਖੇਤੀ ਮਸਲੇ ਹੱਲ ਹੋ ਸਕਣ ਅਤੇ ਖੇਤੀ ਖੇਤਰ ਨੂੰ ਸੰਸਾਰ ਵਪਾਰ ਜਥੇਬੰਦੀ, ਸੰਸਾਰ ਬੈਂਕ ਅਤੇ ਕਾਰਪੋਰੇਟਾਂ ਦੇ ਪੰਜੇ ਵਿੱਚੋਂ ਮੁਕਤ ਕਰਾਇਆ ਜਾਵੇ, ਬੇਜ਼ਮੀਨੇ ਗਰੀਬ ਕਿਸਾਨਾਂ ਤੇ ਖੇਤ ਮਜ਼ਦੂਰਾਂ ਦੀ ਜਮੀਨ ਦੀ ਤੋਟ ਪੂਰੀ ਕੀਤੀ ਜਾਵੇ, ਕਿਸਾਨਾਂ ਅਤੇ ਖੇਤ ਮਜ਼ਦੂਰਾਂ ਲਈ ਸਸਤੇ ਸਰਕਾਰੀ ਖੇਤੀ ਕਰਜ਼ਿਆਂ ਦਾ ਪ੍ਰਬੰਧ ਕੀਤਾ ਜਾਵੇ, ਕਿਸਾਨਾਂ ਮਜ਼ਦੂਰਾਂ ਪੱਖੀ ਕਰਜ਼ਾ ਕਾਨੂੰਨ ਬਣਾਇਆ ਜਾਵੇ, ਸੂਦਖੋਰੀ ਦਾ ਖਾਤਮਾ ਹੋਵੇ, ਕਿਸਾਨਾਂ ਮਜ਼ਦੂਰਾਂ ਦੇ ਕਰਜੇ ਉੱਪਰ ਲੀਕ ਮਾਰੀ ਜਾਵੇ, ਨਹਿਰੀ ਪਾਣੀ ਖੇਤਾਂ ਤੱਕ ਪਹੁੰਚਦਾ ਕੀਤਾ ਜਾਵੇ, ਪਾਣੀ ਨੂੰ ਪਲੀਤ ਕਰਨ ਅਤੇ ਸੰਸਾਰ ਬੈਂਕ ਨੂੰ ਸੌਂਪਣ ਦੀ ਨੀਤੀ ਦਾ ਖਾਤਮਾ ਕੀਤਾ ਜਾਵੇ, ਧਰਤੀ ਹੇਠਲੇ ਪਾਣੀ ਦੀ ਮੁੜ ਭਰਾਈ ਲਈ ਵਿਗਿਆਨਕ ਢਾਂਚਾ ਉਸਾਰਿਆ ਜਾਵੇ, ਝੋਨੇ ਦੀ ਖੇਤੀ ਹੇਠੋਂ ਰਕਬਾ ਘਟਾਉਣ ਨੂੰ ਯਕੀਨੀ ਬਣਾਇਆ ਜਾਵੇ, ਇਸ ਦੀਆਂ ਬਦਲਵੀਆਂ ਫਸਲਾਂ ਦੀ ਪੈਦਾਵਾਰ ਅਤੇ ਖਰੀਦ ਨੂੰ ਯਕੀਨੀ ਬਣਾਇਆ ਜਾਵੇ, ਢੁਕਵੀਂ ਬਜਟ ਰਾਸ਼ੀ ਜੁਟਾਈ ਜਾਵੇ, ਇਸ ਨੂੰ ਯਕੀਨੀ ਬਣਾਉਣ ਲਈ ਕਾਨੂੰਨੀ ਪੇਸ਼ਬੰਦੀ ਕੀਤੀ ਜਾਵੇ, ਖੇਤੀ ਕਿੱਤੇ ਤੋਂ ਵਾਪਰ ਕਿਸਾਨਾਂ ਅਤੇ ਖੇਤ ਮਜ਼ਦੂਰਾਂ ਦੇ ਪਰਿਵਾਰਕ ਜੀਆਂ ਮਰਦਾਂ ਅਤੇ ਔਰਤਾਂ ਲਈ ਲਾਹੇਵੰਦ ਰੁਜ਼ਗਾਰ ਯਕੀਨੀ ਬਣਾਇਆ ਜਾਵੇ, ਬੇਰੁਜ਼ਗਾਰਾਂ ਨੂੰ ਬੇਰੁਜ਼ਗਾਰੀ ਭੱਤਾ ਦਿੱਤਾ ਜਾਵੇ, ਕੁਦਰਤੀ ਆਫਤਾਂ, ਕੀਟ ਨਾਸ਼ਕਾਂ ਮਿਲਾਵਟੀ ਵਸਤਾਂ ਜਾਂ ਖੇਤੀ ਹਾਦਸਿਆਂ ਦੀ ਮਾਰ ਹੇਠ ਆਈ ਕਿਸਾਨੀ ਨੂੰ ਬਚਾਉਣ ਲਈ ਸਰਕਾਰੀ ਖਜ਼ਾਨੇ ਦੀ ਪੂੰਜੀ ਦੀ ਖੁੱਲੀ ਵਰਤੋਂ ਕੀਤੀ ਜਾਵੇ, ਕਿਸਾਨ ਪੱਖੀ ਖੇਤੀ ਨੀਤੀਆਂ ਲਾਗੂ ਕੀਤੀਆਂ ਜਾਣ, ਮੋਟੀ ਬਜਟ ਪੂੰਜੀ ਇਕੱਤਰ ਕੀਤੀ ਜਾਵੇ, ਜਗੀਰਦਾਰਾਂ, ਸੂਦਖੋਰਾਂ ਅਤੇ ਕਾਰਪੋਰੇਟਾਂ ਉੱਪਰ ਮੋਟੇ ਟੈਕਸ ਲਾਏ ਜਾਣ, ਸਹਿਕਾਰੀ ਵਪਾਰਕ ਬੈਂਕਾਂ, ਫਾਇਨਾਨਸ ਕੰਪਨੀਆਂ ਅਤੇ ਸੂਦਖੋਰਾਂ ਤੋਂ ਖੇਤੀ ਲਈ ਲਏ ਕਰਜ ਮੋੜਨ ਤੋਂ ਅਸਮਰੱਥ ਕਿਸਾਨਾਂ ਤੇ ਖੇਤ ਮਜ਼ਦੂਰਾਂ ਦੇ ਕਰਜ਼ਿਆਂ ਤੇ ਲੀਕ ਮਾਰੀ ਜਾਵੇ, ਡਾਕਟਰ ਸੁਆਮੀ ਨਾਥਨ ਦੇ ਫਾਰਮੂਲੇ ਅਨੁਸਾਰ ਸੀ 2+ 30% ਮੁਤਾਬਕ ਫਸਲ ਦੀ ਖਰੀਦ ਗਰੰਟੀ ਕੀਤੀ ਜਾਵੇ। ਮੰਗ ਪੱਤਰ ਦੇਣ ਸਮੇਂ ਜਨਰਲ ਸਕੱਤਰ ਰਜਿੰਦਰ ਸਿੰਘ, ਸਰਪਰਸਤ ਮਾਸਟਰ ਮਦਨ ਲਾਲ, ਸੀਨੀਅਰ ਮੀਤ ਪ੍ਰਧਾਨ ਪਰਮਜੀਤ ਸਿੰਘ, ਮਾਸਟਰ ਮਹਿੰਦਰ ਪਾਲ ਸਿੰਘ, ਜਗਦੀਸ ਸਿੰਘ ਰਾਜਾ, ਸੰਤੋਖ ਸਿੰਘ, ਜਸਵੰਤ ਸਿੰਘ ਲਾਬੜਾ, ਤਲਵਿੰਦਰ ਸਿੰਘ ਹੀਰ, ਜਲ ਸਪਲਾਈ ਵੱਲੋਂ ਸੁਖਵਿੰਦਰ ਸਿੰਘ, ਓਂਕਾਰ ਸਿੰਘ, ਕੁਲਦੀਪ ਸਿੰਘ ਆਦਿ ਹਾਜ਼ਰ ਸਨ।

# 16 ਦੀ ਕੌਮੀ ਹੜਤਾਲ 'ਚ ਪੈਨਸ਼ਨਰ ਹੋਣਗੇ ਸ਼ਾਮਲ : ਬਲਵਿੰਦਰ ਕੁਮਾਰ



ਜਲੰਧਰ ( ਰਾਜੇਸ਼ ਥਾਪਾ) ਪੰਜਾਬ ਪੈਨਸ਼ਨਰਜ਼ ਵੈੱਲਫੇਅਰ ਐਸੋਸੀਏਸ਼ਨ ਤਹਿਸੀਲ ਫਿਲੌਰ ਦੀ ਮੀਟਿੰਗ ਪ੍ਰਧਾਨ ਬਲਵਿੰਦਰ ਕੁਮਾਰ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ ਦੀ ਕਾਰਵਾਈ ਨੂੰ ਫੈਸਲੇ ਪੰਜਾਬ ਪੈਨਸ਼ਨਰਜ਼ ਵੈੱਲਫੇਅਰ ਐਸੋਸੀਏਸ਼ਨ ਤਹਿਸੀਲ ਫਿਲੌਰ ਦੇ ਜਨਰਲ ਸਕੱਤਰ ਬੂਟਾ ਰਾਮ ਅਕਲਪੁਰ ਨੇ ਚਲਾਇਆ। ਪ੍ਰੈਸ ਸਕੱਤਰ ਰਤਨ ਸਿੰਘ ਨੇ ਪ੍ਰੈਸ ਬਿਆਨ ਜਾਰੀ ਕਰਦਿਆਂ ਦੱਸਿਆ ਕਿ ਮੀਟਿੰਗ ਵਿੱਚ ਪੰਜਾਬ ਮੁਲਾਜ਼ਮ ਅਤੇ ਪੈਨਸ਼ਨਰ ਸਾਂਝਾ ਫਰੰਟ ਦੀਆਂ ਜ਼ਿਲ੍ਹਾ ਪੱਧਰੀ ਮੀਟਿੰਗਾਂ ਅਤੇ ਕਿਸਾਨ, ਮਜ਼ਦੂਰ ਯੂਨੀਅਨ ਸਮੇਤ ਬਾਕੀ ਜਨਤਕ ਜਥੇਬੰਦੀਆਂ ਨਾਲ ਤਹਿਸੀਲ ਅਤੇ ਜ਼ਿਲ੍ਹਾ ਪੱਧਰੀ ਹੋਈਆਂ ਮੀਟਿੰਗਾਂ ਦੇ ਫ਼ੈਸਲਿਆਂ ਨੂੰ ਪੂਰੀ ਤਰ੍ਹਾਂ ਨਾਲ ਲਾਗੂ ਕਰਨ ਦਾ ਫੈਸਲਾ ਕੀਤਾ ਗਿਆ।ਮੀਟਿੰਗ ਨੂੰ ਵਿਸ਼ੇਸ਼ ਤੌਰ 'ਤੇ ਸੰਬੋਧਨ ਕਰਦਿਆਂ ਪੰਜਾਬ ਪੈਨਸ਼ਨਰਜ਼ ਵੈੱਲਫੇਅਰ ਐਸੋਸੀਏਸ਼ਨ ਜ਼ਿਲ੍ਹਾ ਜਲੰਧਰ ਦੇ ਆਗੂ ਕੁਲਦੀਪ ਸਿੰਘ ਕੌੜਾ ਨੇ ਕਿਹਾ ਕਿ ਦੇਸ਼ ਅੰਦਰ 16 ਫਰਵਰੀ ਦੀ ਕੌਮੀ ਹੜਤਾਲ ਕੇਂਦਰ ਸਰਕਾਰ ਦੀਆਂ ਆਮ ਲੋਕਾਂ, ਮੁਲਾਜ਼ਮਾਂ, ਮਜ਼ਦੂਰਾਂ, ਕਿਰਤੀ ਲੋਕਾਂ ਦੀ ਲੁੱਟ ਕਰਨ ਵਾਲੀਆਂ ਨੀਤੀਆਂ, ਨਿੱਜੀਕਰਨ ਅਤੇ ਕਾਰਪੋਰੇਟ ਘਰਾਣਿਆਂ ਨੂੰ ਬੇਸ਼ਕੀਮਤੀ ਲਾਭ ਦੇਣ ਦੀਆਂ ਨੀਤੀਆਂ ਅਤੇ ਪਬਲਿਕ ਅਦਾਰਿਆਂ ਨੂੰ ਲਗਾਤਾਰ ਪ੍ਰਾਈਵੇਟ ਹੱਥਾਂ ਵਿੱਚ ਵੇਚਣ ਦੇ ਵਿਰੁੱਧ ਕੀਤੀ ਜਾ ਰਹੀ ਹੈ।ਉਹਨਾਂ ਇਸ ਕੌਮੀ ਹੜਤਾਲ ਸਮੇਂ ਚੱਕਾ ਜਾਮ ਕਰਕੇ ਹੋਣ ਵਾਲੀਆਂ ਰੈਲੀਆਂ ਵਿੱਚ ਪੈਨਸ਼ਨਰਾਂ ਨੂੰ ਵੱਧ ਤੋਂ ਵੱਧ ਗਿਣਤੀ ਵਿੱਚ ਸ਼ਮੂਲੀਅਤ ਕਰਨ ਦੀ ਅਪੀਲ ਵੀ ਕੀਤੀ।

ਦੂਜੇ ਮਤੇ ਰਾਹੀਂ 16 ਫਰਵਰੀ ਦੀ ਹੜਤਾਲ ਦੀ ਸਫਲਤਾ ਲਈ ਤਹਿਸੀਲ ਅਤੇ ਜਿਲ੍ਹਾ ਪੱਧਰ 'ਤੇ ਆਪਣੇ ਆਪਣੇ ਪੱਧਰ ਅਤੇ ਸਾਂਝੀ ਮੁਹਿੰਮ ਚਲਾਉਣ ਦਾ ਫੈਸਲਾ ਕੀਤਾ ਗਿਆ।ਮੀਟਿੰਗ ਪ੍ਰਧਾਨ ਬਲਵਿੰਦਰ ਕੁਮਾਰ, ਅਕਲ ਚੰਦ ਸਿੰਘ, ਬੂਟਾ ਰਾਮ ਅਕਲਪੁਰ, ਕੁਲਦੀਪ ਸਿੰਘ ਕੌੜਾ, ਤਾਰਾ ਸਿੰਘ ਬੀਕਾ, ਰਤਨ ਸਿੰਘ, ਗੁਰਸੇਵ ਸਿੰਘ ਬਾਸੀ, ਅਵਤਾਰ ਕੌਰ ਬਾਸੀ, ਅਜਮੇਰ ਕੌਰ ਢੇਸੀ, ਕੁਲਵਿੰਦਰ ਕੌਰ, ਮੰਗਤ ਰਾਮ ਸਮਰਾ, ਸ਼ਿਵ ਦਾਸ, ਬਲਜਿੰਦਰ ਕੁਮਾਰ ਆਦਿ ਸਾਥੀ ਹਾਜ਼ਰ ਹੋਏ।

# ਰਾਸ਼ਟਰੀ ਪੱਧਰ 'ਤੇ ਦਿੱਲੀ ਵਿਖੇ ਹੋਈ ਪੁਰਾਣੀ ਪੈਨਸ਼ਨ ਬਹਾਲੀ ਸੰਬੰਧੀ ਮੀਟਿੰਗ



ਜਲੰਧਰ ( ਰਾਜੇਸ਼ ਥਾਪਾ) ਪੁਰਾਣੀ ਪੈਨਸ਼ਨ ਦੀ ਬਹਾਲੀ ਲਈ ਵੱਖ ਵੱਖ ਰਾਜਾਂ ਦੀ ਬਣੀ ਜੱਥੇਬੰਦੀ ਪੁਰਾਣੀ ਪੈਨਸ਼ਨ ਯੋਜਨਾ ਬਹਾਲੀ ਸਯੁੰਕਤ ਮੰਚ ਦੀ ਇੱਕ ਬੇਹੱਦ ਅਹਿਮ ਮੀਟਿੰਗ ਦਿੱਲੀ ਦੇ ਜੇ ਪੀ ਚੌਬੇ ਮੈਮੋਰੀਅਲ ਲਾਇਬ੍ਰੇਰੀ ਹਾਲ ਵਿੱਚ ਰਾਸ਼ਟਰੀ ਕਨਵੀਨਰ ਸ਼ਿਵ ਗੋਪਾਲ ਮਿਸ਼ਰਾ ਦੀ ਅਗਵਾਹੀ ਹੇਠ ਹੋਈ ਜਿਸ ਵਿੱਚ ਪੰਜਾਬ ਰਾਜ ਦੀ ਨੁਮਾਇੰਦਗੀ ਪੁਰਾਣੀ ਪੈਨਸ਼ਨ ਬਹਾਲੀ ਸੰਘਰਸ਼ ਕਮੇਟੀ ਪੰਜਾਬ ਦੇ ਸੂਬਾ ਕਨਵੀਨਰ ਜਸਵੀਰ ਤਲਵਾੜਾ, ਸੂਬਾਈ ਵਿੱਤ ਸਕੱਤਰ ਵਰਿੰਦਰ ਵਿੱਕੀ ਅਤੇ ਸੂਬਾਈ ਆਈ ਟੀ ਸੈੱਲ ਇੰਚਾਰਜ਼ ਸੱਤ ਪ੍ਰਕਾਸ਼ ਵਲੋਂ ਕੀਤੀ ਗਈ।ਬੈਠਕ ਦਾ ਮੁੱਖ ਏਜੰਡਾ ਕੇਂਦਰ ਸਰਕਾਰ ਖਿਲਾਫ ਪੁਰਾਣੀ ਪੈਨਸ਼ਨ ਦੀ ਬਹਾਲੀ ਸਬੰਧੀ ਅਪਣਾਇਆ ਗਿਆ ਅਣਦੇਖੀ ਦੇ ਰਵੱਈਏ ਖਿਲਾਫ ਸਮੁੱਚੇ ਭਾਰਤ ਵਿੱਚ ਐਨ.ਪੀ.ਐਸ ਪੀੜਤ ਮੁਲਾਜ਼ਮਾਂ ਵਲੋਂ ਦੇਸ਼ ਵਿਆਪੀ ਹੜਤਾਲ ਕਰਨਾ ਰਿਹਾ। ਇਸ ਮੁੱਦੇ 'ਤੇ ਲੰਬੀ ਚਰਚਾ ਕਰਨ ਉਪਰੰਤ ਸਾਰੇ ਰਾਜਾਂ ਨੇ ਸਹਿਮਤੀ ਪ੍ਰਗਟਾਈ ਅਤੇ ਦੇਸ਼ ਵਿਆਪੀ ਹੜਤਾਲ ਦੀ ਮਿਤੀ ਜਲਦੀ ਨਿਸ਼ਚਿਤ ਕਰਨ ਦਾ ਫੈਸਲਾ ਲਿਆ। ਰਾਸ਼ਟਰੀ ਕਨਵੀਨਰ ਸ਼ਿਵ ਗੋਪਾਲ ਮਿਸ਼ਰਾ ਵਲੋਂ ਕੇਂਦਰ ਸਰਕਾਰ ਨਾਲ ਹੋਈਆਂ ਬੈਠਕਾਂ ਉਪਰੰਤ ਸਰਕਾਰ ਦੇ ਢਿੱਲ ਮੱਠ ਵਾਲੇ ਰਵੱਈਏ ਤੇ ਰੋਸ ਪ੍ਰਗਟ ਕੀਤਾ ਗਿਆ। ਪੰਜਾਬ ਰਾਜ ਵੱਲੋਂ ਆਪਣੇ ਵਿਚਾਰ ਪ੍ਰਗਟ ਕਰਦੇ ਹੋਏ ਜਸਵੀਰ ਤਲਵਾੜਾ ਨੇ ਕਿਹਾ ਕਿ ਉਹ ਬੈਠਕ ਵਿੱਚ ਲਏ ਗਏ ਫੈਸਲੇ ਨਾਲ ਸਹਿਮਤ ਹਨ ਅਤੇ ਪੰਜਾਬ ਦੇ ਐਨ.ਪੀ.ਐਸ ਪੀੜਤ ਮੁਲਾਜ਼ਮਾਂ ਵਲੋਂ ਦੇਸ਼ ਵਿਆਪੀ ਹੜਤਾਲ ਵਿੱਚ ਸਮੂਲੀਅਤ ਕੀਤੀ ਜਾਵੇਗੀ।ਅੱਗੇ ਉਨ੍ਹਾਂ ਪੰਜਾਬ ਦੇ ਸਮੁੱਚੇ ਐਨ ਪੀ ਐਸ ਕਰਮਚਾਰੀਆਂ ਨੂੰ ਅਪੀਲ ਕੀਤੀ ਕਿ ਪੰਜਾਬ ਸਰਕਾਰ ਖਿਲਾਫ਼ 25 ਫਰਵਰੀ ਨੂੰ ਹੋਣ ਜਾ ਰਹੀ ਸੂਬਾ ਪੱਧਰੀ ਮਹਾਂਰੈਲੀ ਜੋ ਮੁੱਖ ਮੰਤਰੀ ਦੀ ਰਿਹਾਇਸ਼ ਸੰਗਰੂਰ ਵਿਖੇ ਹੋਣ ਜਾ ਰਹੀ ਹੈ 'ਚ ਵੱਧ ਚੜ੍ਹ ਕੇ ਹਿੱਸਾ ਲੈਣ।

# ਲੋੜਵੰਦਾਂ ਲਈ ਵੱਖ-ਵੱਖ ਰੋਜ਼ਗਾਰ ਕਿੱਤਿਆਂ ਨੂੰ ਉਤਸ਼ਾਹਤ ਕਰਨਾ ਸਮੇਂ ਦੀ ਵੱਡੀ ਲੋੜ : ਸੰਧਵਾਂ



**ਚੰਡੀਗੜ੍ਹ, (ਗੁਰਜੀਤ ਬਿੱਲਾ)** ਪੰਜਾਬ ਵਿਧਾਨ ਸਭਾ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਕਿਹਾ ਹੈ ਕਿ ਪੰਜਾਬ ਦੇ ਪਸ਼ੂ ਪਾਲਣ, ਮੱਛੀ ਪਾਲਣ, ਘੋੜੇ ਪਾਲਣ, ਕੁੱਤੇ ਪਾਲਣ ਅਤੇ ਡੇਅਰੀ ਸੰਬੰਧੀ ਕਿੱਤੇ ਅਪਣਾਉਣ ਦੇ ਚਾਹਵਾਨ ਨੌਜਵਾਨਾਂ/ਕਿਸਾਨਾਂ ਨੂੰ ਵੱਖ-ਵੱਖ ਰੋਜ਼ਗਾਰ ਕਿੱਤਿਆਂ ਪ੍ਰਤੀ ਉਤਸ਼ਾਹਿਤ ਕਰਨਾ ਸਮੇਂ ਦੀ ਵੱਡੀ ਲੋੜ ਹੈ, ਕਿਉਂਕਿ ਉਹ ਵੱਖ-ਵੱਖ ਕਿੱਤੇ ਅਪਣਾ ਕੇ ਆਪਣਾ ਚੰਗਾ ਜੀਵਨ ਨਿਰਬਾਹ ਕਰਨ ਦੇ ਯੋਗ ਬਣ ਸਕਦੇ ਹਨ।

ਅੱਜ ਇੱਥੇ ਪੰਜਾਬ ਵਿਧਾਨ ਸਭਾ ਸਕੱਤਰੇਤ ਵਿਖੇ ਵੱਖ-ਵੱਖ ਕਿੱਤਿਆਂ ਦੇ ਮਾਹਿਰਾਂ, ਪਸ਼ੂ ਪਾਲਣ ਵਿਭਾਗ ਦੇ ਅਧਿਕਾਰੀਆਂ ਅਤੇ ਗੁਰੂ ਅੰਗਦ ਦੇਵ ਵੈਟਨਰੀ ਐਂਡ ਐਨੀਮਲ ਸਾਇੰਸਿਜ਼ ਯੂਨੀਵਰਸਿਟੀ ਦੇ ਉਪ ਕੁਲਪਤੀ ਨਾਲ ਕੀਤੀ ਮੀਟਿਗ ਦੌਰਾਨ ਸਪੀਕਰ ਸੰਧਵਾਂ ਨੇ ਕਿਹਾ ਕਿ ਸੂਬੇ ਦੇ ਵਿਧਾਇਕਾਂ ਵੱਲੋਂ ਉਨ੍ਹਾਂ ਦੇ ਧਿਆਨ ਵਿੱਚ ਲਿਆਂਦਾ ਗਿਆ ਹੈ ਕਿ ਸੂਬੇ ਦੇ ਲੋੜਵੰਦ ਨੌਜਵਾਨਾਂ ਅਤੇ ਕਿਸਾਨਾਂ ਨੂੰ ਖੇਤੀਬਾੜੀ ਦੇ ਸਹਾਇਕ ਕਿੱਤਿਆਂ ਲਈ ਉਤਸ਼ਾਹਿਤ ਕਰਨਾ ਜ਼ਰੂਰੀ ਹੈ ਅਤੇ ਇਸ ਖੇਤਰ ਵੱਲ ਵਿਸ਼ੇਸ਼ ਧਿਆਨ ਦਿੱਤਾ ਜਾਣਾ ਚਾਹੀਦਾ ਹੈ।ਸੰਧਵਾਂ ਨੇ ਪਸ਼ੂ ਪਾਲਣ ਵਿਭਾਗ ਅਤੇ ਵੈਟਨਰੀ ਐਂਡ ਐਨੀਮਲ ਸਾਇੰਸਿਜ਼ ਯੂਨੀਵਰਸਿਟੀ ਨੂੰ ਸਾਂਝੀ ਤਜਵੀਜ਼ ਬਣਾਉਣ ਲਈ ਵੀ ਕਿਹਾ ਤਾਂ ਜੋ ਵਿਭਿੰਨ ਰੋਜ਼ਗਾਰ ਕਿੱਤਿਆਂ ਨੂੰ ਉਤਸ਼ਾਹਿਤ ਕਰਨ ਲਏ

# ਦਿ ਵਰਕਿੰਗ ਰਿਪੋਰਟਰਜ਼ ਐਸੋਸੀਏਸ਼ਨ ਰਜਿ. ਪੰਜਾਬ ਇੰਡੀਆ ਜ਼ਿਲ੍ਹਾ ਹੁਸ਼ਿਆਰਪੁਰ ਦੀ ਮੀਟਿੰਗ



**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)** ਦਿ ਵਰਕਿੰਗ ਰਿਪੋਰਟਰਜ਼ ਐਸੋਸੀਏਸ਼ਨ ਰਜਿ.ਪੰਜਾਬ ਇੰਡੀਆ ਜ਼ਿਲ੍ਹਾ ਹੁਸ਼ਿਆਰਪੁਰ ਦੀ ਇੱਕ ਅਹਿਮ ਮੀਟਿੰਗ ਪੰਜਾਬ ਪ੍ਰਧਾਨ ਪ੍ਰਿੰ. ਬਲਵੀਰ ਸਿੰਘ ਸੈਣੀ ਦੀ ਅਗਵਾਈ ਹੇਠ ਮੁਲਾਜ਼ਮ ਭਵਨ ਇਸਲਾਮਾਬਾਦ ਪ੍ਰੀਤ ਨਗਰ ਹੁਸ਼ਿਆਰਪੁਰ ਹੋਈ। ਜਿਸ ਵਿੱਚ ਉੱਚੇਚੇ ਤੌਰ 'ਤੇ ਸਕੱਤਰ ਜਨਰਲ ਇੰਡੀਆ ਵਿਨੋਦ ਕੌਸ਼ਲ, ਜੁਆਇੰਟ ਸਕੱਤਰ ਇੰਡੀਆ ਤਰਸੇਮ ਦੀਵਾਨਾ ਨੇ ਸ਼ਿਰਕਤ ਕੀਤੀ। ਇਸ ਮੀਟਿੰਗ ਵਿੱਚ ਜ਼ਿਲ੍ਹਾ ਹੁਸ਼ਿਆਰਪੁਰ ਨਾਲ ਸੰਬੰਧਿਤ ਪੱਤਰਕਾਰਾਂ ਨੇ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕੀਤੀ। ਇਸ ਮੀਟਿੰਗ ਉਪਰੰਤ ਪੱਤਰਕਾਰਾਂ ਦੀਆਂ ਲੰਬੇ ਸਮੇਂ ਤੋਂ ਲਟਕਦੀਆਂ ਆ ਰਹੀਆਂ ਭਖਵੀਆਂ ਮੰਗਾਂ ਸਬੰਧੀ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਲਈ ਡਿਪਟੀ ਕਮਿਸ਼ਨਰ ਹੁਸ਼ਿਆਰਪੁਰ ਕੋਮਲ ਮਿੱਤਲ ਆਈ ਏ ਐੱਸ ਰਾਹੀਂ ਯਾਦ ਪੱਤਰ ਸੌਂਪਿਆ। ਇਸ ਮੀਟਿੰਗ ਵਿੱਚ ਜ਼ਿਲ੍ਹੇ ਦੀਆਂ ਨਵੀਆਂ ਇਕਾਈਆਂ ਦੀਆਂ ਸਥਾਪਨਾ ਕਰਕੇ ਨਵੀਆਂ ਨਿਯੁਕਤੀਆਂ ਕੀਤੀਆਂ ਗਈਆਂ, ਜਿਨ੍ਹਾਂ 'ਚ ਮਕੇਰੀਆਂ ਤੋਂ ਸੀਨੀਅਰ ਪੱਤਰਕਾਰ ਮਨਜੀਤ ਸਿੰਘ ਚੀਮਾ ਨੂੰ ਸੀਨੀਅਰ ਮੀਤ ਪ੍ਰਧਾਨ ਪੰਜਾਬ ਤੇ ਸਲਾਹਕਾਰ ਯੂਨਿਟ ਮੁਕੇਰੀਆਂ, ਨੀਤੂ ਸ਼ਰਮਾ ਨੂੰ ਗੜ੍ਹਸ਼ੰਕਰ ਯੂਨਿਟ ਪ੍ਰਧਾਨ ਅਤੇ ਦਲਵਿੰਦਰ ਸਿੰਘ ਮਨੋਚਾ ਚੇਅਰਮੈਨ, ਹਰਵਿੰਦਰ ਸਿੰਘ ਭੁੰਗਰਨੀ ਮੇਹਟਿਆਣਾ ਯੂਨਿਟ ਪ੍ਰਧਾਨ ਤੇ ਚੰਦਰਪਾਲ ਹੈਪੀ ਚੇਅਰਮੈਨ, ਜਸਵੀਰ ਸਿੰਘ ਕਾਜਲ ਪ੍ਰਧਾਨ ਯੂਨਿਟ ਅੱਡਾ ਸਰਾਂ ਨਿਯੁਕਤ ਕੀਤੇ ਗਏ। ਇਸ ਮੌਕੇ ਮੁੱਖ ਮੰਤਰੀ ਪੰਜਾਬ ਨੂੰ ਭੇਜੇ ਗਏ ਮੰਗ ਪੱਤਰ ਵਿੱਚ ਦਰਜ ਮੰਗਾਂ ਵਿੱਚ 15 ਜਨਵਰੀ ਇਥੇ 26 ਜਨਵਰੀ ਨੂੰ ਜਿਲ੍ਹਾ ਪੱਧਰ ਅਤੇ ਸੂਬਾ ਪੱਧਰ 'ਤੇ ਹੁੰਦੇ ਸਰਕਾਰੀ ਸਮਾਗਮਾਂ ਵਿੱਚ ਪੱਤਰਕਾਰਾਂ ਨੂੰ ਸਨਮਾਨਿਤ ਕਰਨ। ਇਸ ਮੌਕੇ ਗੁਰਬਿੰਦਰ ਸਿੰਘ ਪਲਾਹਾ ਵਾਈਸ ਚੇਅਰਮੈਨ ਪੰਜਾਬ, ਅਸ਼ਵਨੀ ਸ਼ਰਮਾ ਸੀਨੀਅਰ ਮੀਤ ਪ੍ਰਧਾਨ ਵਿਕਾਸ ਸੂਦ ਜਿਲ੍ਹਾ ਪ੍ਰਧਾਨ ਹੁਸ਼ਿਆਰਪੁਰ, ਓਮ ਪ੍ਰਕਾਸ਼ ਰਾਣਾ ਜਿਲ੍ਹਾ ਜਨਰਲ ਸਕੱਤਰ ਹੁਸ਼ਿਆਰਪੁਰ, ਕੁਲਵੀਰ ਸਿੰਘ ਘੁੜਿਆਲ, ਰਮਨ ਤੰਗਰਾਲੀਆ, ਮਾਸਟਰ ਮੋਹਣ ਸਿੰਘ ਡਾਂਡੀਆਂ , ਗੌਰਵ ਗੌਰੀ, ਸੁਰਿੰਦਰ ਸਿੰਘ ਮੱਟੂ, ਅਮਰਜੀਤ ਭੱਟੀ, ਕੁਲਵੰਤ ਸਿੰਘ ਪਾਲਾ, ਨਟਵਰ ਲਾਲ, ਇੰਦਰਜੀਤ ਸਿੰਘ ਮੁਕੇਰੀਆਂ, ਸੁਖਵਿੰਦਰ ਸਿੰਘ ਮੁਕੇਰੀਆਂ, ਦਲਵੀਰ ਸਿੰਘ ਚਰਖਾ ਮੁਕੇਰੀਆਂ, ਸੁਰਿੰਦਰ ਮੱਟੂ, ਗੌਰਵ ਕੁਮਾਰ,ਚੰਦਰਪਾਲ ਹੈਪੀ ਆਦਿ ਵੀ ਮੌਜੂਦ ਸਨ।

# ਵੁਡਬਰੀ ਸਕੂਲ ਵਿਖੇ ਦਸਵੀਂ ਜਮਾਤ ਨੂੰ ਦਿੱਤੀ ਵਿਦਾਇਗੀ ਪਾਰਟੀ



**ਭੋਗਪੁਰ (ਕੁਲਵੀਰ ਸਿੰਘ ਕਾਹਲੋਂ)**- ਵੁਡਬਰੀ ਇੰਟਰਨੈਸ਼ਨਲ ਪਬਲਿਕ ਸਕੂਲ ਭੋਗਪੁਰ ਵਿਖੇ ਵਿਦਾਇਗੀ ਪਾਰਟੀ ਦਾ ਪ੍ਰੋਗਰਾਮ ਕਰਵਾਇਆ ਗਿਆ।ਇਸ ਮੌਕੇ ਸਕੂਲ ਦੇ ਚੇਅਰਪਰਸਨ ਸ਼੍ਰੀਮਤੀ ਪਰਮਜੀਤ ਕੌਰ ਉੱਚੇਚੇ ਤੌਰ 'ਤੇ ਪਹੁੰਚੇ। ਬੱਚਿਆਂ ਨੇ ਸਕੂਲ 'ਚ ਬਿਤਾਏ ਹੋਏ ਸਾਲਾਂ ਦਾ ਪੂਰਾ ਬਿਰਤਾਂਤ ਆਪਣੇ ਸ਼ਬਦਾਂ 'ਚ ਸੁਣਾਇਆ। ਇਸ ਤੋਂ ਇਲਾਵਾ ਬੱਚਿਆਂ ਨੇ ਡਾਂਸ, ਬੋਲੀਆਂ, ਕਵਿਤਾਵਾਂ ਤੇ ਗੀਤ ਗਾ ਕੇ ਆਪਣੇ ਇਸ ਦਿਨ ਨੂੰ ਯਾਦਗਾਰ ਬਣਾਇਆ ਤੇ ਬੱਚਿਆਂ ਲਈ ਕਈ ਤਰ੍ਹਾਂ ਦੀਆਂ ਦਿਲਚਸਪ ਖੇਡਾਂ ਕਰਵਾਈਆਂ, ਜਿਸ ਦਾ ਬੱਚਿਆਂ ਨੇ ਖੂਬ ਆਨੰਦ ਮਾਣਿਆ।ਇਸ ਮੌਕੇ ਬੱਚਿਆਂ ਦੀ ਪ੍ਰਫਾਰਮੈਂਸ ਦੇ ਅਧਾਰ 'ਤੇ ਮਿਸਟਰ ਵੁਡਬਰੀ 2024 ਤੇ ਮਿਸ ਵੁਡਬਰੀ 2024 ਦੀ ਚੋਣ ਕੀਤੀ ਗਈ।ਅੰਤ ਵਿੱਚ ਚੇਅਰਪਰਸਨ ਸ਼੍ਰੀਮਤੀ ਪਰਮਜੀਤ ਕੌਰ ਨੇ ਬੱਚਿਆਂ ਦੇ ਸੁਨਹਿਰੇ ਭਵਿੱਖ ਦੀ ਕਾਮਨਾ ਕਰਦੇ ਹੋਏ ਸਭ ਨੂੰ ਇਸ ਦਿਨ ਦੀ ਬਹੁਤ-ਬਹੁਤ ਵਧਾਈ ਦਿੱਤੀ।

## ਭਾਜਪਾ ਨੇ ਕੇਂਦਰੀ ਬਜਟ 'ਚ ਕਰਮਚਾਰੀਆਂ ਦੀ ਪੈਨਸ਼ਨ 'ਤੇ ਧਾਰੀ ਖਾਮੋਸ਼ੀ : ਕੁਲਦੀਪ ਵਾਲੀਆ

**ਜਲੰਧਰ (ਰਾਜੇਸ਼ ਥਾਪਾ)** ਕੇਂਦਰਾ ਦੀ ਸੱਤਾ ਤੇ ਕਾਬਜ਼ ਭਾਰਤੀ ਜਨਤਾ ਪਾਰਟੀ ਨੇ ਜੋ ਆਪਣਾ ਅੰਤਰਿਮ ਬਜਟ ਪੇਸ਼ ਕੀਤਾ ਹੈ, ਉਸ ਵਿੱਚ 2004 ਤੋਂ ਬਾਅਦ ਭਰਤੀ ਹੋਏ ਮੁਲਾਜ਼ਮਾ ਉੱਪਰ ਪੁਰਾਣੀ ਪੈਨਸ਼ਨ ਬਹਾਲੀ ਦਾ ਕੋਈ ਵੀ ਪ੍ਰਾਵਧਾਨ ਨਹੀਂ ਰੱਖਿਆ ਹੈ।ਇਸ ਨਾਲ ਭਾਜਪਾ ਨੂੰ ਹੁਣ ਆਉਣ ਵਾਲੀਆਂ ਲੋਕ ਸਭਾ ਚੋਣਾਂ ਵਿੱਚ ਕਰਾਰੀ ਹਾਰ ਦਾ ਮੂੰਹ ਦੇ ਦੇਖਣਾ ਪਵੇਗਾ।ਇਨਾਂ ਸ਼ਬਦਾਂ ਦਾ ਪ੍ਰਗਟਾਵਾ ਪੁਰਾਣੀ ਪੈਨਸ਼ਨ ਬਹਾਲੀ ਸੰਘਰਸ਼ ਕਮੇਟੀ ਜ਼ਿਲ੍ਹਾ ਹੁਸ਼ਿਆਰਪੁਰ ਦੇ ਕਨਵੀਨਰ ਸੰਜੀਵ ਧੂਤ ਨੇ ਪ੍ਰੈਸ ਨੂੰ ਦਿੱਤੇ ਹੋਏ ਬਿਆਨ ਵਿੱਚ ਕੀਤਾ। ਉਹਨਾਂ ਕਿਹਾ ਕਿ ਇਸ ਨਾਲ ਪੂਰੇ ਦੇਸ਼ ਦੇ ਲੱਖਾਂ ਕਰਮਚਾਰੀਆਂ ਵਿੱਚ ਭਾਰੀ ਰੋਸ ਦੀ ਲਹਿਰ ਚੱਲ ਪਈ ਹੈ।ਜੇਕਰ ਕੇਂਦਰ ਸਰਕਾਰ ਸਾਨੂੰ ਪੈਨਸ਼ਨ ਨਹੀਂ ਦੇਵੇਗੀ ਤਾਂ ਭਾਜਪਾ ਨੂੰ ਪੂਰੇ ਦੇਸ਼ ਦੇ ਵਿੱਚ ਹਾਰ ਦਾ ਮੂੰਹ ਦੇਖਣਾ ਪਵੇਗਾ ਅਤੇ ਭਾਜਪਾ ਦੀਆਂ ਜਮਾਨਤਾਂ ਜਬਤ ਹੋ ਜਾਣਗੀਆਂ ।ਉਹਨਾਂ ਕਿਹਾ ਕਿ ਜੇਕਰ ਸਰਕਾਰ ਇਸੇ ਤਰ੍ਹਾਂ ਲੋਕਾ ਦਾ ਘਾਣ ਕਰੇਗੀ ਤਾਂ ਉਹਨਾਂ ਨੂੰ ਵੀ ਵੋਟਾਂ ਵਿੱਚ ਹਾਰ ਦਾ ਸਾਹਮਣਾ ਕਰਨਾ ਹੀ ਪਵੇਗਾ।ਉਹਨਾਂ ਅੱਗੇ ਕਿਹਾ ਕਿ ਜੇਕਰ ਪੰਜਾਬ ਸਰਕਾਰ ਜਲਦੀ ਤੋਂ ਜਲਦੀ ਪੈਨਸ਼ਨ ਬਹਾਲ ਨਹੀਂ ਕਰੇਗੀ ਤਾਂ ਇਹਨਾਂ ਦੇ ਮੰਤਰੀਆਂ ਅਤੇ ਵਿਧਾਇਕਾਂ ਦੇ ਜਨਤਕ ਘਿਰਾਓ ਕੀਤੇ ਜਾਣਗੇ ਅਤੇ ਸੰਘਰਸ਼ ਨੂੰ ਹੋਰ ਤਿੱਖਾ ਕੀਤਾ ਜਾਵੇਗਾ, ਜਿਸ ਦੀ ਸਾਰੇ ਜਿੰਮੇਵਾਰੀ ਆਮ ਆਦਮੀ ਪਾਰਟੀ ਦੀ ਪੰਜਾਬ ਸਰਕਾਰ ਦੀ ਹੋਵੇਗੀ।

# ਜਥੇ. ਕੁਲਵਿੰਦਰ ਸਿੰਘ ਢਾਹਾਂ ਗੁਰੂ ਨਾਨਕ ਮਿਸ਼ਨ ਮੈਡੀਕਲ ਐਂਡ ਐਜੂਕੇਸ਼ਨਲ ਟਰੱਸਟ ਢਾਹਾਂ ਕਲੇਰਾਂ ਦੇ ਪ੍ਰਧਾਨ ਚੁਣੇ



ਬਹਿਰਾਮ (ਅਵਤਾਰ ਕਲੇਰ) ਪਿਛਲੇ 45 ਸਾਲਾਂ ਤੋਂ ਮਾਨਵਤਾ ਸੇਵਾ ਨੂੰ ਸਮਰਪਿਤ ਸੰਸਥਾ ਗੁਰੂ ਨਾਨਕ ਮਿਸ਼ਨ ਮੈਡੀਕਲ ਐਂਡ ਐਜੂਕੇਸ਼ਨਲ ਟਰੱਸਟ ਢਾਹਾਂ ਕਲੇਰਾਂ ਦੀ ਪ੍ਰਬੰਧਕ ਕਮੇਟੀ ਦਾ ਸਰਬਸੰਮਤੀ ਨਾਲ ਸਮਾਜ ਸੇਵਕ ਜਥੇਦਾਰ ਕੁਲਵਿੰਦਰ ਸਿੰਘ ਢਾਹਾਂ ਨੂੰ ਸਾਲ 2024 ਤੋਂ ਸਾਲ 2027 ਤੱਕ ਲਈ ਪ੍ਰਧਾਨ ਚੁਣਿਆ ਗਿਆ ਹੈ।ਇਹ ਫੈਸਲਾ ਅੱਜ ਟਰਸੱਟ ਦੀ ਜਨਰਲ ਬਾਡੀ ਦੀ ਮੀਟਿੰਗ 'ਚ ਸਮੂਹ ਟਰੱਸਟੀਆਂ ਵੱਲੋਂ ਸਰਬਸੰਮਤੀ ਨਾਲ ਕੀਤਾ ਗਿਆ। ਇਸ ਤੋਂ ਪਹਿਲਾਂ ਸਵੇਰੇ ਟਰੱਸਟ ਦੇ ਮੁੱਖ ਦਫਤਰ ਵਿਖੇ ਸਮੂਹ ਟਰੱਸਟ ਮੈਂਬਰਾਂ ਦੀ ਮੌਜੂਦਾ ਪ੍ਰਧਾਨ ਹਰਦੇਵ ਸਿੰਘ ਕਾਹਮਾ ਦੀ ਪ੍ਰਧਾਨਗੀ ਹੇਠ ਜਰਨਲ ਬਾਡੀ ਦੀ ਮੀਟਿੰਗ ਹੋਈ, ਜਿਸ ਵਿਚ ਸਰਬਸੰਮਤੀ ਨਾਲ ਸਾਲ 2024 ਤੋਂ ਸਾਲ 2027 ਲਈ ਜਥੇਦਾਰ ਕੁਲਵਿੰਦਰ ਸਿੰਘ ਢਾਹਾਂ ਨੂੰ ਗੁਰੂ ਨਾਨਕ ਮਿਸ਼ਨ ਮੈਡੀਕਲ ਐਂਡ ਐਜੂਕੇਸ਼ਨਲ ਟਰੱਸਟ ਢਾਹਾਂ ਕਲੇਰਾਂ ਦਾ ਪ੍ਰਧਾਨ ਚੁਣਿਆ ਗਿਆ।ਨਵੀਂ ਟਰੱਸਟ ਪ੍ਰਬੰਧਕ ਕਮੇਟੀ ਵਿਚ ਜੋਗਿੰਦਰ ਸਿੰਘ ਸਾਧੜਾ ਯੂ ਕੇ ਨੂੰ ਸੀਨੀਅਰ ਮੀਤ ਪ੍ਰਧਾਨ, ਬਰਜਿੰਦਰ ਸਿੰਘ ਢਾਹਾਂ ਨੂੰ ਮੀਤ ਪ੍ਰਧਾਨ, ਬੀਬੀ ਬਲਵਿੰਦਰ ਕੌਰ ਕਲਸੀ ਨੂੰ ਕੈਸ਼ੀਅਰ, ਅਮਰਜੀਤ ਸਿੰਘ ਕਲੇਰਾਂ ਨੂੰ ਸਕੱਤਰ, ਜਗਜੀਤ ਸਿੰਘ ਸੋਢੀ ਨੂੰ ਮੀਤ ਸਕੱਤਰ ਬਣਾਇਆ ਗਿਆ ਹੈ।

# 'ਆਪ ਦੀ ਸਰਕਾਰ ਆਪ ਦੇ ਦੁਆਰ' ਤਹਿਤ ਲਗਾਏ ਕੈਂਪ ਲੋਕਾਂ ਲਈ ਵਰਦਾਨ : ਹਿਮਾਸ਼ੂ ਗੁਪਤਾ

**ਡੇਰਾਬਸੀ, (ਕ੍ਰਿਸ਼ਨ ਗਰਗ)** ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠਲੀ ਸਰਕਾਰ ਵਲੋਂ ਲੋਕਾਂ ਵਾਸਤੇ ਰੋਜ਼ਾਨਾ ਇਤਿਹਾਸਕ ਫੈਸਲੇ ਕੀਤੇ ਜਾ ਰਹੇ ਹਨ। ਸਰਕਾਰ ਨੇ ਆਪ ਦੀ ਸਰਕਾਰ ਆਪ ਦੇ ਦੁਆਰ ਤਹਿਤ ਕੈਂਪ ਲਗਾਉਣੇ ਸ਼ੁਰੂ ਕੀਤੇ ਹਨ ਜੋ ਕਿ ਲੋਕਾਂ ਲਈ ਵਰਦਾਨ ਸਾਬਤ ਹੋ ਰਹੇ ਹਨ।ਡੇਰਾਬਸੀ ਸਬ ਡਵੀਜ਼ਨ ਦੇ ਪਿੰਡ ਬਾਕਰਪੁਰ, ਮੀਆਂਪੁਰ ਅਤੇ ਸੀਹਪੁਰ 'ਚ ਲਾਏ ਕੈਂਪਾਂ ਦਾ ਵੱਡੀ ਗਿਣਤੀ ਲੋਕਾਂ ਨੇ ਲਾਭ ਲਿਆ।ਇਸ ਦੌਰਾਨ ਲੋਕਾਂ ਦੀਆਂ ਮੁਸ਼ਕਲਾਂ ਹੱਲ ਕੀਤੀਆਂ ਗਈਆਂ ਤੇ ਸਰਕਾਰੀ ਸਕੀਮਾਂ ਦਾ ਲਾਭ ਦਿੱਤਾ ਗਿਆ।

ਐਸ ਡੀ ਐਮ ਹਿਮਾਸ਼ੂ ਗੁਪਤਾ ਨੇ ਇਹ ਵੀ ਕਿਹਾ ਕਿ ਆਮ ਲੋਕਾਂ ਨੂੰ ਇਹਨਾਂ ਕੈਂਪਾਂ ਬਾਰੇ ਵੱਧ ਤੋਂ ਵੱਧ ਜਾਣੂ ਕਰਵਾਉਣ ਵਾਸਤੇ ਸਰਕਾਰ ਵੱਲੋਂ ਪ੍ਰਚਾਰ ਵੈਨਾਂ ਵੀ ਭੇਜੀਆਂ ਗਈਆਂ ਹਨ ਜੋ ਕਿ ਪਿੰਡਾਂ ਦੇ ਲੋਕਾਂ ਵਿੱਚ ਕੈਂਪਾਂ ਬਾਰੇ ਵੱਧ ਤੋਂ ਵੱਧ ਪ੍ਰਚਾਰ ਕਰਨਗੀਆਂ ਤਾਂ ਜੋ ਕੋਈ ਵੀ ਨਾਗਰਿਕ ਸਰਕਾਰ ਦੀਆਂ ਲੋਕ ਭਲਾਈ ਸਕੀਮਾਂ ਦਾ ਲਾਭ ਲੈਣ ਤੋਂ ਵਾਂਝਾ ਨਾ ਰਹੇ। ੀ ਇੱਕ ਯੋਜਨਾ ਬਣਾਈ ਜਾ ਸਕੇ ਅਤੇ ਇਸ ਸਬੰਧੀ ਲੋੜੀਂਦੇ ਫੰਡਾਂ ਦੇ ਪ੍ਰਬੰਧ ਕੀਤੇ ਜਾ ਸਕਣ।

# '13 ਦੇ ਧਰਨੇ 'ਚ ਵੱਡੀ ਗਿਣਤੀ ਕਿਸਾਨ ਸ਼ਾਮਲ ਹੋਣਗੇ'

**ਨਵਾਂ ਸ਼ਹਿਰ (ਕੁਲਵਿੰਦਰ ਸਿੰਘ ਦੁਰਗਾਪੁਰੀਆ)** ਭਾਰਤੀ ਕਿਸਾਨ ਮਜ਼ਦੂਰ ਯੂਨੀਅਨ ਦੇ ਜਨਰਲ ਸਕੱਤਰ ਮਨਜੀਤ ਸਿੰਘ ਅਰੋੜਾ ਨੇ ਪੰਜਾਬ ਮੀਡੀਆ ਨੂੰ ਸੰਬੋਧਨ ਕਰਦਿਆਂ ਕਿਹਾ, 13 ਫਰਵਰੀ ਨੂੰ ਭਾਰਤ ਭਰ ਦੀਆਂ 86 ਕਿਸਾਨ ਜਥੇਬੰਦੀਆਂ ਦੇ ਨੁਮਾਇੰਦਿਆਂ ਨਾਲ, ਕਿਸਾਨਾਂ ਦੇ ਹਿੱਤਾਂ ਦੀ ਪੂਰਤੀ ਲਈ ਦਿੱਲੀ ਵੱਲ ਕੂਚ ਕੀਤਾ ਜਾ ਰਿਹਾ ਹੈ। ਭਾਰਤ ਇੱਕ ਵਿਲੱਖਣ ਪਛਾਣ ਬਣਾ ਚੁੱਕਾ ਖੇਤੀ ਪ੍ਰਧਾਨ ਮੁਲਕ ਹੈ। ਇਸ ਦੀ 80 ਪ੍ਰਤੀਸ਼ਤ ਅਬਾਦੀ ਅਜੇ ਵੀ ਪਿੰਡਾਂ ਦੀ ਵਸਨੀਕ ਹੈ ਤੇ ਉਹਨਾਂ ਦਾ ਮੁੱਖ ਪੇਸ਼ਾ ਖੇਤੀਬਾੜੀ ਹੀ ਹੈ। ਸਰਕਾਰ ਬਣਾਉਣ ਦਾ ਫੈਸਲਾ ਇਹ ਦੋ ਪ੍ਰਤੀਸ਼ਤ ਕਾਰਪੋਰੇਟ ਘਰਾਣਿਆਂ ਦੇ ਲੋਕ ਹੀ ਕਰਦੇ ਹਨ। ਸਰਕਾਰ ਕੋਈ ਵੀ ਬਣੇ, ਅਸਲ ਕੰਟਰੋਲ ਇਹਨਾਂ ਦੋ ਪ੍ਰਤੀਸ਼ਤ ਕਾਰਪੋਰੇਟ ਘਰਾਣਿਆਂ ਦੇ ਹੱਥ ਵਿੱਚ ਹੈ। ਹਜ਼ਾਰਾਂ ਕਰੋੜ ਰੁਪਏ ਇਹ ਘਰਾਣੇ ਵੋਟਾਂ ਸਮੇਂ ਪਾਰਟੀ ਫੰਡਾਂ ਦੇ ਰੂਪ ਵਿੱਚ ਵੱਡੀਆਂ ਪਾਰਟੀਆਂ ਨੂੰ ਦਿੰਦੇ ਹਨ। ਸਰਕਾਰ ਦੇ ਗਠਨ ਤੋਂ ਬਾਅਦ ਛੇ ਮਹੀਨਿਆਂ ਦੇ ਅੰਦਰ ਹੀ ਇਹਨਾਂ ਦੇ ਅਦਾ ਕੀਤੇ ਫੰਡ ਸੂਦ ਸਮੇਤ ਵਾਪਸ ਆ ਜਾਂਦੇ ਹਨ। ਮੁਲਕ ਦੀ ਵੱਸੋਂ 145 ਕਰੋੜ ਨੂੰ ਪਹੁੰਚੀ ਹੋਈ ਹੈ, ਹੇਠਲੇ ਤਬਕੇ ਅੰਦਰ 125 ਕਰੋੜ ਤੋਂ ਵੱਧ ਵਿਅਕਤੀ ਰਹਿੰਦੇ ਹਨ। ਇਹਨਾਂ ਵਿਚੋਂ 20 ਪ੍ਰਤੀਸ਼ਤ ਵੋਟ ਹਰ ਹੀਲੇ ਸਰਕਾਰ ਆਪਣੀ ਜੇਬ ਵਿੱਚ ਰੱਖਦੀ ਹੈ। ਇਹੋ ਵੋਟ ਹਾਰ ਜਿੱਤ ਦਾ ਫੈਸਲਾ ਕਰਦੀ ਹੈ। ਇਸ ਘਟਨਾ ਚੱਕਰ ਨੂੰ ਸਮਝਣ ਦੀ ਕੋਸ਼ਿਸ਼ ਕਰਨੀ ਚਾਹੀਦੀ ਹੈ। ਭਾਰਤੀ ਕਿਸਾਨ ਮਜ਼ਦੂਰ ਯੂਨੀਅਨ ਦਾ ਉਦੇਸ਼ ਜਾਗਰੂਕਤਾ ਦਾ ਹੈ।ਉਨ੍ਹਾ ਕਿਹਾ ਦਿੱਲੀ ਕਿਸਾਨ ਮੋਰਚੇ ਦੌਰਾਨ ਸਾਡਾ ਉਦੇਸ਼ ਜਾਗਰੂਕ ਕਰਨ ਦਾ ਹੈ। ਇਹ ਲੜਾਈ ਕੇਵਲ ਕਿਸਾਨ ਜਾਂ ਮਜ਼ਦੂਰ ਦੀ ਨਹੀਂ ਹੈ। ਇਹ ਲੜਾਈ ਹੋਸ਼ਮੰਦੀ ਦੀ ਹੈ।

# 16 ਦੇ ਭਾਰਤ ਬੰਦ ਸੰਬੰਧੀ ਲੋਕਾਂ ਵਿੱਚ ਭਾਰੀ ਉਤਸ਼ਾਹ : ਕਿਸਾਨ ਆਗੂ



**ਸੁਲਤਾਨਪੁਰ ਲੋਧੀ (ਬਲਵਿੰਦਰ ਸਿੰਘ ਧਾਲੀਵਾਲ)**-ਸੰਯੁਕਤ ਕਿਸਾਨ ਮੋਰਚੇ ਵੱਲੋਂ 16 ਫਰਵਰੀ 2024 ਨੂੰ ਸਮੁੱਚਾ ਪੇਂਡੂ ਭਾਰਤ ਬੰਦ ਦੇ ਸੱਦੇ ਸੰਬੰਧੀ ਸੰਯੁਕਤ ਕਿਸਾਨ ਮੋਰਚਾ ਸੁਲਤਾਨਪੁਰ ਲੋਧੀ ਦੀ ਇਕਾਈ ਵੱਲੋਂ 16 ਫਰਵਰੀ ਨੂੰ ਪੇਂਡੂ ਭਾਰਤ ਬੰਦ ਕਰਨ ਸੰਬੰਧੀ ਸਮੁੱਚੇ ਇਲਾਕੇ ਵਿੱਚ ਘਰ ਘਰ ਜਾ ਕੇ ਲਾਮਬੰਦੀ ਵਾਸਤੇ ਸਮੂਹ ਲੋਕਾਂ ਨੂੰ ਪ੍ਰੇਰਿਤ ਕੀਤਾ ਜਾ ਰਿਹਾ ਹੈ।ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਸਾਨ ਆਗੂਆ ਨੇ ਦੱਸਿਆ ਕਿ ਬਲਵਿੰਦਰ ਸਿੰਘ ਬਾਜਵਾ, ਸੁਰਿੰਦਰ ਮਦਾਨ ਕਿਰਿਆਨਾ ਵਪਾਰੀ ਯੂਨੀਅਨ ਦੀ ਅਗਵਾਈ ਹੇਠ ਵੱਖ ਵੱਖ ਪਿੰਡਾਂ ਵਿੱਚ ਪਹੁੰਚ ਕੀਤੀ ਜਾ ਰਹੀ ਹੈ ਅਤੇ ਕਿਸਾਨਾਂ ਨੂੰ ਲਾਮਬੰਦ ਕੀਤਾ ਜਾ ਰਿਹਾ ਹੈ।ਇਸ ਮੌਕੇ ਐਡਵੋਕੇਟ ਰਜਿੰਦਰ ਸਿੰਘ ਰਾਣਾ, ਰਛਪਾਲ ਸਿੰਘ ਆਦਿ ਆਗੂਆਂ ਨੇ ਕਿਹਾ ਕਿ ਕੇਂਦਰ ਦੀ ਮੋਦੀ ਸਰਕਾਰ ਕਿਸਾਨ, ਮਜ਼ਦੂਰ, ਮੁਲਾਜ਼ਮ , ਛੋਟੇ ਵਪਾਰੀ ਅਤੇ ਹਰ ਵਰਗ ਨਾਲ ਵਿਤਕਰਾ ਕਰ ਰਹੀ ਹੈ ਅਤੇ ਕਾਰਪੋਰੇਟ ਘਰਾਣਿਆਂ ਨੂੰ ਆਪਣਾ ਸਮਰਥਨ ਦੇ ਕੇ ਹੋਰ ਕਾਮਯਾਬ ਕਰ ਰਹੀ ਹੈ।

ਇਸ ਮੌਕੇ ਉਨ੍ਹਾਂ ਸਮੁੱਚੀਆਂ ਭਰਾਤਰੀ ਜਥੇਬੰਦੀਆਂ ਨੂੰ ਅਪੀਲ ਕੀਤੀ ਕਿ 16 ਫਰਵਰੀ ਨੂੰ ਵੱਧ ਚੜ੍ਹ ਕੇ ਹਿੱਸਾ ਲਿਆ ਜਾਵੇ ਤਾਂ ਜੋ ਕੇਂਦਰ ਦੀ ਮੋਦੀ ਸਰਕਾਰ ਨੂੰ ਜਗਾਇਆ ਜਾ ਸਕੇ। ਇਸ ਮੌਕੇ ਹੋਰਨਾਂ ਤੋਂ ਇਲਾਵਾ ਧਰਮਿੰਦਰ ਸਿੰਘ ਭਾਰਤੀ ਕਿਸਾਨ ਯੂਨੀਅਨ ਡਕੌਂਦਾ, ਰਘਬੀਰ ਸਿੰਘ ਮਹਿਰਵਾਲਾ ਭਾਰਤੀ ਕਿਸਾਨ ਯੂਨੀਅਨ ਪੰਜਾਬ, ਤਰਲੋਕ ਸਿੰਘ ਭਬਿਆਣਾ ਜਰਨਲ ਸਕੱਤਰ ਕੁੱਲ ਹਿੰਦ ਕਿਸਾਨ ਸਭਾ, ਅਮਰਜੀਤ ਸਿੰਘ ਟਿੱਬਾ ਐਕਟਿੰਗ ਪ੍ਰਧਾਨ, ਮਾਸਟਰ ਚਰਨ ਸਿੰਘ ਪ੍ਰਧਾਨ ਕੁਲ ਹਿੰਦ ਕਿਸਾਨ ਸਭਾ, ਹਰਵੰਤ ਸਿੰਘ ਵੜੈਚ, ਮਹਿੰਦਰ ਸਿੰਘ ਮੋਖੇ ਨੰਬਰਦਾਰ ਯੂਨੀਅਨ, ਮੁਕੰਦ ਸਿੰਘ ਸੈਦੋਭਲਾਣਾ, ਰਘਬੀਰ ਸਿੰਘ ਮਹਿਰਵਾਲਾ ਕਿਰਤੀ ਕਿਸਾਨ ਯੂਨੀਅਨ ਪੰਜਾਬ, ਪਲਵਿੰਦਰ ਸਿੰਘ ਕਾਲਾ ਸੰਘਿਆਂ, ਪੰਜਾਬ ਕਿਸਾਨ ਯੂਨੀਅਨ ਬਾਗੀ ਗੁਰਦੀਪ ਸਿੰਘ ਭੰਡਾਲ ਪ੍ਰਧਾਨ, ਅਮਰਜੀਤ ਸਿੰਘ ਟਿੱਬਾ, ਦਿਆਲ ਸਿੰਘ ਦੀਪੇਵਾਲ, ਭਾਰਤੀ ਕਿਸਾਨ ਯੂਨੀਅਨ ਡਕੌਂਦਾ ਹਰਜਿੰਦਰ ਸਿੰਘ ਰਾਣਾ ਸੈਦੋਵਾਲ ਪ੍ਰਧਾਨ, ਭਾਰਤ ਨਿਰਮਾਣ ਮਿਸਤਰੀ ਮਜ਼ਦੂਰ ਯੂਨੀਅਨ ਕਾਮਰੇਡ ਬਲਦੇਵ ਸਿੰਘ , ਅਮਰੀਕ ਸਿੰਘ, ਨਿਰਮਲ ਸਿੰਘ, ਜੋਗਿੰਦਰ ਸਿੰਘ, ਮੁਖਤਾਰ ਸਿੰਘ, ਚਰਨਜੀਤ ਸਿੰਘ, ਹਰਜੀਤ ਸਿੰਘ, ਪੈਨਸ਼ਨ ਯੂਨੀਅਨ ਸੁਖਦੇਵ ਸਿੰਘ ਟਿੱਬਾ, ਮਾਸਟਰ ਸੁੱਚਾ ਸਿੰਘ, ਮਦਨ ਲਾਲ ਕੰਡਾ, ਮਨਜੀਤ ਸਿੰਘ ਬਿਧੀਪੁਰ, ਖੇਤ ਮਜ਼ਦੂਰ ਸਭਾ ਸਰਜੀਤ ਸਿੰਘ ਠੱਟਾ, ਮਹਿੰਗਾ ਸਿੰਘ , ਪੇਂਡੂ ਮਜ਼ਦੂਰ ਯੂਨੀਅਨ ਨਿਰਮਲ ਸਿੰਘ ਸ਼ੇਰਪੁਰ ਸੱਧਾ, ਰਸਪਾਲ ਸਿੰਘ ਵੜੈਚ ਈਟੀਟੀ ਯੂਨੀਅਨ, ਸੁਖਚੈਨ ਸਿੰਘ ਬੱਦਨ ਜਿਲਾ ਪ੍ਰਧਾਨ ਗੌਰਮੈਂਟ ਟੀਚਰ ਯੂਨੀਅਨ , ਨਿਸ਼ਾਨ ਸਿੰਘ ਪੱਸਣ ਕਦੀਮ, ਬੋਹੜ ਸਿੰਘ ਹਜ਼ਾਰਾ, ਤਰਸੇਮ ਲਾਲ, ਸਿੰਦਰਪਾਲ ਤਲਵੰਡੀ, ਹਰਮਿੰਦਰ ਸਿੰਘ ਟਿੱਬਾ, ਨਿਰਮਲ ਸਿੰਘ, ਕੁਲਦੀਪ ਸਿੰਘ , ਬਲਦੇਵ ਸਿੰਘ ਸੁਲਤਾਨਪੁਰ ਲੋਧੀ, ਹਰਜੀਤ ਸਿੰਘ ਮਸੀਤਾਂ, ਚਰਨਜੀਤ ਸਿੰਘ ਮਸੀਤਾਂ, ਅਮਰੀਕ ਸਿੰਘ ਮਸੀਤਾਂ, ਪਰਮਜੀਤ ਸਿੰਘ ਕਿਰਤੀ ਕਿਸਾਨ ਯੂਨੀਅਨ, ਜਗਦੀਸ਼ ਸਿੰਘ, ਬਲਬੀਰ ਸਿੰਘ ਆਦਿ ਹਾਜ਼ਰ ਸਨ।

# ਪ੍ਰਿੰਸੀਪਲ ਸਿਸਟਰ ਐਨਿਟ ਡੀ ਐੱਮ ਨੂੰ ਸ਼ਰਧਾਂਜਲੀ ਭੇਟ



ਭੋਗਪੁਰ-(ਗੁਰਪ੍ਰੀਤ ਸਿੰਘ ਭੋਗਲ) ਭੋਗਪੁਰ ਨਜ਼ਦੀਕ ਪੈਂਦੇ ਪਿੰਡ ਸੱਦਾ ਚੱਕ ਵਿਖੇ ਪੈਂਦੇ ਸੇਂਟ ਮੈਰੀਜ਼ ਕਾਨਵੈਂਟ ਸਕੂਲ ਦੇ ਪਹਿਲੇ ਪ੍ਰਿੰਸੀਪਲ ਸਿਸਟਰ ਐਨਿਟ ਡੀ ਐੱਮ ਨੂੰ 5 ਫਰਵਰੀ ਨੂੰ ਸਵਰਗ ਸਧਾਰ ਗਏ ਸਨ। ਇਸ ਮੌਕੇ ਉਹਨਾਂ ਦੀ ਯਾਦ ਵਿੱਚ ਸੇਂਟ ਮੈਰੀਜ਼ ਸਕੂਲ ਭੋਗਪੁਰ ਵਿੱਚ ਫਾਦਰ ਜਾਰਜ ਜੇ. ਪੀ. , ਸਿਸਟਰ ਐਨਿਟ ਐਮ. ਜੇ. , ਸਿਸਟਰ ਮੈਰੀਨ ਐਮ. ਜੇ. ਅਤੇ ਅਧਿਆਪਕਾਂ ਦੁਆਰਾ ਸ਼ਰਧਾਂਜਲੀ ਭੇਟ ਕੀਤੀ ਗਈ ਅਤੇ ਉਨ੍ਹਾਂ ਦੀ ਆਤਮਿਕ ਸ਼ਾਂਤੀ ਲਈ ਅਰਦਾਸ ਕੀਤੀ ਗਈ।

# ਸੰਤ ਸੇਵਾ ਸਿੰਘ ਦੀ ਸਾਲਾਨਾ ਬਰਸੀ ਸ਼ਰਧਾ ਭਾਵਨਾ ਨਾਲ ਮਨਾਈ ਜਾਵੇਗੀ



**ਕਰਤਾਰਪੁਰ (ਹਰਮੇਸ਼ ਦੱਤ)** ਸੰਤ ਸੇਵਾ ਸਿੰਘ ਦੇ ਪੁੱਤਰ ਸਤਨਾਮ ਸਿੰਘ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਨਾਗਰਾ ਪਰਵਾਰ ਵੱਲੋਂ ਸੰਤ ਸੇਵਾ ਸਿੰਘ ਦੀ ਸਾਲਾਨਾ ਬਰਸੀ ਕਰਤਾਰਪੁਰ ਦੇ ਰਾਧਾ ਸੁਆਮੀ ਸੰਤਸੰਗ ਘਰ ਦੇ ਨਜਦੀਕ ਨਾਗਰਾ ਪਰਵਾਰ ਦੇ ਡੇਰੇ 'ਤੇ ਸ਼ਰਧਾ ਭਾਵਨਾ ਨਾਲ 18 ਫਰਵਰੀ ਨੂੰ ਮਨਾਈ ਜਾਵੇਗੀ, ਜਿਸ ਵਿੱਚ 16 ਤੋਂ 18 ਫਰਵਰੀ ਨੂੰ ਅਖੰਡ ਪਾਠ ਦੇ ਭੋਗ ਸਮੇਤ ਜਪੁਜੀ ਸਾਹਿਬ ਪਾਏ ਜਾਣਗੇ ਅਤੇ 18 ਫਰਵਰੀ ਦਿਨ ਐਤਵਾਰ ਨੂੰ ਬਰਸੀ ਦੇ ਅਖੰਡ ਪਾਠ ਦੇ ਭੋਗ ਪਾਇਆ ਜਾਵੇਗਾ, ਜਿਸ ਵਿੱਚ ਰਾਗੀ ਜੱਥਾ ਅਤੇ ਪੰਥ ਪ੍ਰਸੱਧ ਇੰਟਰਨੈਸ਼ਨਲ ਕਵੀਸ਼ਰੀ ਜੱਥਾ ਜੋਗਾ ਸਿੰਘ ਭਾਗੋਵਾਲ ਨੇ ਆਇਆ ਹੋਇਆ ਸੰਗਤਾ ਨੂੰ ਗੁਰਬਾਣੀ ਸ਼ਬਦ ਗਾ ਕੇ ਗੁਰੂ ਚਰਨਾ ਨਾਲ ਜੋੜਨਗੇ।

# ਸੰਘੇ ਜਗੀਰ ਵਿਖੇ ਸੰਤ ਸਮੇਲਨ 12 ਨੂੰ

**ਨੂਰਮਹਿਲ ( ਬਾਲ ਕ੍ਰਿਸ਼ਨ ਬਾਲੀ )** ਇਥੋਂ ਦੇ ਪਿੰਡ ਸੰਘੇ ਜਗੀਰ ਵਿਖੇ ਡਾਕਟਰ ਬੀ ਆਰ ਅੰਬੇਡਕਰ ਮਿਸ਼ਨ ਸੋਸਾਇਟੀ, ਐਨ ਆਰ ਆਈ ਅਤੇ ਗ੍ਰਾਮ ਪੰਚਾਇਤ ਪਿੰਡ ਸੰਘੇ ਜਗੀਰ ਵਿਖੇ ਸ਼੍ਰੀ ਗੁਰੂ ਰਵਿਦਾਸ ਮਹਾਰਾਜ ਦੇ 647ਵੇਂ ਅਵਤਾਰ ਪੁਰਬ ਨੂੰ ਅਤੇ ਭਾਰਤੀਆ ਸਵਿਧਾਨ ਨੂੰ ਅਤੇ ਰਵਿਦਾਸੀਆ ਧਰਮ ਨੂੰ ਸਮਰਪਿਤ 19ਵਾਂ ਮਹਾਨ ਸੰਤ ਸੰਮੇਲਨ ਅਤੇ ਕੀਰਤਨ ਦਰਬਾਰ 11 ਅਤੇ 12 ਫਰਵਰੀ ਨੂੰ ਕਰਵਾਇਆ ਜਾ ਰਿਹਾ ਹੈ ਇਸ ਸੰਬੰਧੀ ਜਾਣਕਾਰੀ ਦਿੰਦੀਆਂ ਸਰਪੰਚ ਕਸ਼ਮੀਰੀ ਲਾਲ ਨੇ ਦੱਸਿਆ ਕਿ 11 ਫਰਵਰੀ ਦਿਨ ਐਤਵਾਰ ਨੂੰ ਨਗਰ ਕੀਰਤਨ ਸਵੇਰੇ ਦਸ ਵਜੇ ਸ਼ੁਰੂ ਹੋਵੇਗਾ ਜੋ ਪਿੰਡ ਦੀ ਪਰਿਕ੍ਰਮਾਂ ਕਰਦਾ ਹੋਇਆ ਗੁਰੂ ਰਵਿਦਾਸ ਗੁਰਦਵਾਰੇ ਵਿਖੇ ਸਮਾਪਤ ਹੋਵੇਗਾ ਅਤੇ 12 ਫਰਵਰੀ ਦਿਨ ਸੋਮਵਾਰ ਨੂੰ ਸਵੇਰੇ ਦਸ ਵਜੇ ਕੀਰਤਨ ਦਰਬਾਰ ਸ਼ੁਰੂ ਹੋਵੇਗਾ ਜਿਸ ਦੀ ਰਹਿਨੁਮਾਈ 108 ਸੰਤ ਨਿਰੰਜਨ ਦਾਸ ਜੀ ਡੇਰਾ ਸੱਚ ਖੰਡ ਬੱਲਾਂ ਕਰਨਗੇ ਅਤੇ ਇਸ ਕੀਰਤਨ ਦਰਬਾਰ ਵਿੱਚ ਇਲਾਕੇ ਦੇ ਸੰਤ ਮਹਾਂ ਪੁਰਖ ਸੰਗਤਾਂ ਨੂੰ ਸੰਬੋਧਨ ਕਰਨਗੇ ਅਤੇ ਇਸ ਮੌਕੇ ਮਿਸ਼ਨਰੀ ਕਲਾਕਾਰ ਪ੍ਰੇਮ ਲਤਾ ਅਤੇ ਰੱਤੂ ਰੰਧਾਵਾ ਆਪਣਾ ਧਾਰਮਿਕ ਪ੍ਰੋਗਰਾਮ ਪੇਸ਼ ਕਰਨਗੇ।

# ਸਰਕਾਰ ਪੈਨਸ਼ਨਰਾਂ ਦੀ ਲਟਕਦੀਆਂ ਮੰਗਾਂ ਤੇ ਡੀ ਏ ਦੀਆਂ ਰਹਿੰਦੀਆਂ ਕਿਸ਼ਤਾਂ ਤੁਰੰਤ ਜਾਰੀ ਕਰੇ : ਰੇਸ਼ਮ ਲਾਲ



ਕਾਲਾ ਸੰਘਿਆਂ (ਮਨਜੀਤ ਮਾਨ) ਪੈਨਸ਼ਨਰਜ ਐਸੋਸੀਏਸ਼ਨ ਪਾਵਰਕਾਮ ਅਤੇ ਟਰਾਂਸਕੋ ਸ਼ਹਿਰੀ ਮੰਡਲ ਕਪੂਰਥਲਾ ਦੀ ਇੱਕ ਅਹਿਮ ਮੀਟਿੰਗ ਮੰਡਲ ਪ੍ਰਧਾਨ ਰੇਸ਼ਮ ਲਾਲ ਦੀ ਪ੍ਰਧਾਨਗੀ ਹੇਠ ਜਿਸ ਵਿੱਚ ਪੈਨਸ਼ਨਰਜ ਐਸੋਸੀਏਸ਼ਨ ਯੂਨੀਅਨ ਦੇ ਆਗੂਆਂ ਤੇ ਵਰਕਰਾਂ ਨੇ ਹਿੱਸਾ ਲਿਆ ਤੇ ਯੂਨੀਅਨ ਦੇ ਆਗੂਆਂ ਨੇ ਭਖਦਿਆ ਮਸਲਿਆਂ 'ਤੇ ਵਿਚਾਰਾਂ ਕੀਤੀਆਂ ਇਸ ਮੌਕੇ ਜਥੇਬੰਦੀ ਦੇ ਪ੍ਰਧਾਨ ਰੇਸਮ ਲਾਲ ਨੇ ਜਥੇਬੰਦੀ ਦੇ ਆਗੂਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਜੇਕਰ ਭਵਿੱਖ 'ਚ ਪੈਨਸ਼ਨਾਂ 'ਚ ਕਟੌਤੀ ਕੀਤੀ ਜਾ ਦੇਰੀ ਕੀਤੀ ਤਾਂ ਪਾਵਰਕਾਮ ਦੇ ਪੈਨਸ਼ਨਰ ਸੰਘਰਸ਼ ਲਈ ਮਜਬੂਰ ਹੋਣਗੇ ਪ੍ਰਧਾਨ ਰੇਸ਼ਮ ਲਾਲ ਨੇ ਮੌਜੂਦਾ ਆਪ ਸਰਕਾਰ ਤੇ ਪਾਵਰਕਾਮ ਮੈਨੇਜਮੈਂਟ ਦੇ ਉੱਚ ਅਧਿਕਾਰੀਆਂ ਨੂੰ ਚਿਤਾਵਨੀ ਦਿੰਦਿਆਂ ਕਿਹਾ ਕਿ ਜੇਕਰ ਪੰਜਾਬ ਸਰਕਾਰ ਨੇ ਪੈਨਸ਼ਨਰਾਂ ਦੀਆਂ ਹੱਕੀ ਤੇ ਜਾਇਜ ਮੰਗਾਂ ਤੁਰੰਤ ਨਹੀਂ ਮੰਨੀਆਂ ਤਾਂ ਪੈਨਸ਼ਨਰਜ਼ ਐਸੋਸੀਏਸ਼ਨ ਤਿੱਖਾ ਸੰਘਰਸ਼ ਵਿੱਢਣ ਲਈ ਮਜਬੂਰ ਹੋਵਾਂਗਾ। ਉਨ੍ਹਾਂ ਹੋਰ ਕਿਹਾ ਆਪ ਸਰਕਾਰ ਅਤੇ ਮੈਨੇਜਮੈਂਟ ਪੈਨਸਨਰਾਂ ਦੀਆਂ ਲਟਕਦੀਆਂ ਮੰਗਾਂ ਜਿੰਵੇ ਡੀ ਏ ਦੀਆਂ ਰਹਿੰਦੀਆਂ ਕਿਸ਼ਤਾਂ ਤੁਰੰਤ ਰਲੀਜ ਕੀਤੀਆਂ ਜਾਣ। ਇਸ ਮੌਕੇ ਹਰਬੰਸ ਸਿੰਘ, ਪਾਲ ਸਿੰਘ, ਬਲਕਾਰ ਸਿੰਘ, ਬਖਸ਼ੀਸ਼ ਸਿੰਘ, ਸੁਖਵਿੰਦਰ ਸਿੰਘ, ਜਸਵੀਰ ਸਿੰਘ, ਤਰਸੇਮ ਸਿੰਘ, ਮੁਖਤਿਆਰ ਸਿੰਘ, ਮਲਕੀਤ ਰਾਮ, ਲਖਵਿੰਦਰ ਸਿੰਘ, ਸ੍ਰੀਮਤੀ ਹਰਪ੍ਰੀਤ ਕੌਰ, ਜਸਵੀਰ ਕੌਰ, ਕੈਲਾਸ਼ ਰਾਣੀ ਤੋਂ ਇਲਾਵਾ ਹੋਰ ਆਗੂ ਵੀ ਇਸ ਮੌਕੇ ਹਾਜ਼ਰ ਸਨ।

# ਕੈਂਸਰ ਦੇ 30 ਫੀਸਦੀ ਤੋਂ ਵੱਧ ਕੇਸਾਂ ਨੂੰ ਜੀਵਨਸ਼ੈਲੀ 'ਚ ਸੁਧਾਰ ਨਾਲ ਰੋਕਣਾ ਸੰਭਵ : ਡਾ. ਰਵਿੰਦਰ ਸਿੰਘ




**ਬਹਿਰਾਮ (ਅਵਤਾਰ ਕਲੇਰ)** ਸਿਵਲ ਸਰਜਨ ਡਾ. ਜਸਪ੍ਰੀਤ ਕੌਰ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਕਮਿਊਨਿਟੀ ਸਿਹਤ ਕੇਂਦਰ, ਮੁਕੰਦਪੁਰ ਦੇ ਸੀਨੀਅਰ ਮੈਡੀਕਲ ਅਫ਼ਸਰ ਡਾ. ਰਵਿੰਦਰ ਸਿੰਘ ਦੀ ਰਹਿਨੁਮਾਈ ਹੇਠ ਕਮਿਊਨਿਟੀ ਸਿਹਤ ਕੇਂਦਰ, ਮੁਕੰਦਪੁਰ ਅਧੀਨ ਪਿੰਡਾਂ ਵਿੱਚ ਵਿਸ਼ਵ ਕੈਂਸਰ ਦਿਵਸ ਦੇ ਸੰਦਰਭ ਵਿੱਚ ਜਾਗਰੂਕਤਾ ਸਪਤਾਹ ਤਹਿਤ ਆਮ ਲੋਕਾਂ ਨੂੰ ਕੈਂਸਰ ਤੋਂ ਬਚਾਅ ਲਈ ਜਾਗਰੂਕ ਕੀਤਾ ਜਾ ਰਿਹਾ ਹੈ। ਇਸ ਸਾਲ ਵਿਸ਼ਵ ਕੈਂਸਰ ਦਿਵਸ ਦਾ ਥੀਮ ਕਲੋਜ ਦਿ ਕੇਅਰ ਗੈਪ ਹੈ।

ਸੀਨੀਅਰ ਮੈਡੀਕਲ ਅਫ਼ਸਰ ਡਾ. ਰਵਿੰਦਰ ਸਿੰਘ ਨੇ ਦੱਸਿਆ ਕਿ ਆਮ ਲੋਕਾਂ ਨੂੰ ਕੈਂਸਰ ਦੇ ਲੱਛਣ, ਸਾਵਧਾਨੀਆਂ ਤੇ ਮੁੱਖ ਜੋਖਮ ਕਾਰਕਾਂ ਬਾਰੇ ਜਾਗਰੂਕ ਕੀਤਾ ਜਾ ਰਿਹਾ ਹੈ ਤਾਂ ਜੋ ਕੈਂਸਰ ਦੀ ਮੁੱਢਲੀ ਅਵਸਥਾ ਵਿੱਚ ਪਤਾ ਲਗਾਇਆ ਜਾ ਸਕੇ।ਡਾ. ਸਿੰਘ ਨੇ ਕਿਹਾ ਕਿ ਆਮ ਲੋਕਾਂ ਨੂੰ ਮੁੱਖ ਜੋਖਮ ਕਾਰਕਾਂ ਬਾਰੇ ਜਾਗਰੂਕ ਹੋਣ ਦੀ ਲੋੜ ਹੈ, ਕਿਉਂਕਿ ਕੈਂਸਰ ਦੇ 30 ਫੀਸਦ ਤੋਂ ਵੱਧ ਕੇਸਾਂ ਨੂੰ ਜੀਵਨਸ਼ੈਲੀ ਵਿੱਚ ਸੁਧਾਰ ਕਰਕੇ ਜਾਂ ਜੋਖਮ ਦੇ ਕਾਰਕਾਂ ਤੋਂ ਬਚ ਕੇ ਰੋਕਿਆ ਜਾ ਸਕਦਾ ਹੈ। ਉਨ੍ਹਾਂ ਦੱਸਿਆ ਕਿ ਮੌਜੂਦਾ ਸਮੇਂ 'ਚ ਕੈਂਸਰ ਲਾ-ਇਲਾਜ ਨਹੀਂ ਹੈ, ਇਸ ਪ੍ਰਤੀ ਜਾਗਰੂਕ ਹੋਣ ਦੀ ਲੋੜ ਹੈ। ਇਸ ਮੌਕੇ ਸੀ ਐਚ ਓ ਕੁਲਵਰਨਦੀਪ ਸਿੰਘ ਨੇ ਦੱਸਿਆ ਕਿ ਜੋ ਵਿਅਕਤੀ ਤੰਬਾਕੂ ਦਾ ਸੇਵਨ ਕਰਦੇ ਹਨ, ਉਨ੍ਹਾਂ ਨੂੰ ਮੂੰਹ ਦਾ ਕੈਂਸਰ ਹੋ ਸਕਦਾ ਹੈ ਅਤੇ ਜੋ ਵਿਅਕਤੀ ਸ਼ਰਾਬ ਪੀਂਦੇ ਹਨ, ਉਨ੍ਹਾਂ ਨੂੰ ਜਿਗਰ ਦਾ ਕੈਂਸਰ ਹੋਣ ਦੀ ਸੰਭਾਵਨਾ ਹੁੰਦੀ ਹੈ। ਇਸ ਮੌਕੇ ਬੀ ਈ ਈ ਹਰਪ੍ਰੀਤ ਸਿੰਘ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਕੈਂਸਰ ਰਾਹਤ ਕੋਸ਼ ਫੰਡ ਤਹਿਤ ਕੈਂਸਰ ਦੇ ਮਰੀਜ਼ਾਂ ਲਈ 1.50 ਲੱਖ ਰੁਪਏ ਦੀ ਰਾਸ਼ੀ ਰਹਿਤ ਮੁਫ਼ਤ ਇਲਾਜ ਦੀ ਸਹੂਲਤ ਦਿੱਤੀ ਜਾ ਰਹੀ ਹੈ। ਇਸ ਤੋਂ ਇਲਾਵਾ ਕੈਂਸਰ ਮਰੀਜ਼ਾਂ ਨੂੰ ਪੰਜਾਬ ਰੋਡਵੇਜ਼ ਅਤੇ ਪੀ.ਆਰ.ਟੀ.ਸੀ. ਦੀਆਂ ਬੱਸਾਂ ਵਿੱਚ ਮੁਫਤ ਸਫਰ ਕਰਨ ਦੀ ਸਹੂਲਤ ਵੀ ਉਪਲੱਬਧ ਹੈ।ਇਸ ਮੌਕੇ ਸੀ ਐਚ ਓ ਕੁਲਵਰਨਦੀਪ ਸਿੰਘ, ਸਤਵੀਰ ਕੌਰ, ਕਿਰਨਦੀਪ ਅਤੇ ਸੋਨੀਆ ਤੋਂ ਇਲਾਵਾ ਸਿਹਤ ਵਿਭਾਗ ਦੇ ਹੋਰ ਅਧਿਕਾਰੀ ਅਤੇ ਕਰਮਚਾਰੀ ਹਾਜ਼ਰ ਸਨ।

# ਡੀ ਸੀ ਦਫ਼ਤਰ ਅੱਗੇ ਪੰਜ ਰੋਜ਼ਾ ਧਰਨਾ ਜਾਰੀ, ਪ੍ਰਸ਼ਾਸਨ ਦੀ ਧੱਕੇਸ਼ਾਹੀ ਦੀ ਕੀਤੀ ਨਿਖੇਧੀ

**ਬਠਿੰਡਾ (ਪਰਵਿੰਦਰ ਜੀਤ ਸਿੰਘ)**



ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਦੇ ਸੂਬਾ ਕਮੇਟੀ ਦੇ ਸੱਦੇ ਤਹਿਤ ਿ ਡਿਪਟੀ ਕਮਿਸ਼ਨਰ ਬਠਿੰਡਾ ਦੇ ਦਫ਼ਤਰ ਅੱਗੇ ਪੰਜ ਰੋਜ਼ਾ ਦਿਨ-ਰਾਤ ਦਾ ਮੋਰਚਾ ਤੀਜੇ ਦਿਨ ਵੀ ਜਾਰੀ ਹੈ।ਸੂਬਾ ਕਮੇਟੀ ਦੇ ਫੈਸਲੇ ਮੁਤਾਬਕ ਸਟੇਜ ਦੀ ਕਾਰਵਾਈ ਅਤੇ ਸਟੇਜ ਦਾ ਪ੍ਰਬੰਧ ਔਰਤਾਂ ਵੱਲੋਂ ਹੀ ਕੀਤਾ ਗਿਆ।ਪੰਡਾਲ ਵਿੱਚ ਔਰਤਾਂ ਦਾ ਹੜ ਆਇਆ ਹੋਇਆ ਸੀ।ਕਿਸਾਨਾਂ ਨੇ ਰਾਤ ਦੇ ਪ੍ਰਬੰਧ ਲਈ ਟਰਾਲੀਆਂ, ਟੈਂਟ, ਤੰਬੂ ਤੇ ਲੰਗਰ ਦੇ ਸਮਾਨ ਦਾ ਪ੍ਰਬੰਧ ਕੀਤਾ ਹੋਇਆ ਹੈ।ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਜਾਣ-ਬੁੱਝ ਕੇ ਬਿਜਲੀ ਦੀ ਸਪਲਾਈ ਬੰਦ ਕਰ ਦਿੱਤੀ ਗਈ ਅਤੇ ਸਰਕਟ ਹਾਉਸ ਵਿੱਚ ਲੈਟਰੀਨਾਂ ਨੂੰ ਜਿੰਦੇ ਲਾ ਦਿੱਤੇ ਗਏ, ਜੋ ਕਿਸਾਨਾਂ ਨੇ ਸੰਘਰਸ਼ ਕਰਕੇ ਖੁਲ੍ਹਵਾਏ, ਜਿਸਦੀ ਆਗੂਆਂ ਵੱਲੋਂ ਸਖ਼ਤ ਸ਼ਬਦਾਂ ਵਿੱਚ ਨਿੰਦਾ ਕੀਤੀ ਗਈ।

ਧਰਨੇ ਨੂੰ ਸੰਬੋਧਨ ਕਰਦਿਆਂ ਔਰਤ ਜਥੇਬੰਦੀ ਦੇ ਆਗੂ ਹਰਿੰਦਰ ਬਿੰਦੂ, ਮਾਲਣ ਕੌਰ, ਪਰਮਜੀਤ ਕੌਰ ਪਿੱਥੋ ਤੇ ਹਰਪ੍ਰੀਤ ਕੌਰ ਜੇਠੂਕੇ ਨੇ ਸੰਬੋਧਨ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਨਾਲ ਸੰਬੰਧਿਤ ਮੰਗਾਂ ਮਨਵਾ ਕੇ ਲਾਗੂ ਕਰਾਉਣ ਸਬੰਧੀ ਮੰਗਾਂ, ਜਿਨ੍ਹਾਂ ਬਾਰੇ ਸਰਕਾਰ ਨਾਲ ਮੀਟਿੰਗ ਦੌਰਾਨ ਅਤੇ ਪੰਜਾਬ ਸਰਕਾਰ ਵੱਲੋਂ ਵਾਅਦੇ ਮੁਤਾਬਕ ਪੰਜਾਬ ਲਈ ਨਵੀਂ ਕਿਸਾਨ ਪੱਖੀ ਖੇਤੀ-ਨੀਤੀ ਦਾ ਜਨਵਰੀ 21 ਤੱਕ ਬਣਾਉਣ ਦਾ ਅਲਟੀਮੇਟਮ ਦਿੱਤਾ ਸੀ, ਪਰ ਸਰਕਾਰ ਨੇ ਅਜੇ ਤੱਕ ਇਸ ਸਬੰਧੀ ਕੋਈ ਕਾਰਵਾਈ ਸ਼ੁਰੂ ਨਹੀਂ ਕੀਤੀ, ਤਾਂ ਜੁ ਖੇਤੀ ਮਸਲੇ ਹੱਲ ਹੋ ਸਕਣ ਤੇ ਖੇਤੀ-ਖੇਤਰ ਨੂੰ ਸੰਸਾਰ ਵਪਾਰ ਜਥੇਬੰਦੀ, ਸੰਸਾਰ ਬੈਂਕ ਅਤੇ ਕਾਰਪੋਰੇਟਾਂ ਦੇ ਪੰਜੇ ਵਿਚੋਂ ਮੁਕਤ ਕਰਾਇਆ ਜਾਵੇ।

ਹੋਰ ਮੰਗਾਂ ਬਾਰੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਬੇਜ਼ਮੀਨੇ, ਗਰੀਬ ਕਿਸਾਨਾਂ ਤੇ ਖੇਤ ਮਜਦੂਰਾਂ ਦੀ ਜਮੀਨ ਦੀ ਤੋਟ ਪੂਰੀ ਕੀਤੀ ਜਾਵੇ।ਕਿਸਾਨਾਂ ਤੇ ਖੇਤ ਮਜਦੂਰਾਂ ਲਈ ਸਸਤੇ ਸਰਕਾਰੀ ਖੇਤੀ ਕਰਜ਼ਿਆਂ ਦਾ ਪ੍ਰਬੰਧ ਕੀਤਾ ਜਾਵੇ, ਕਿਸਾਨ ਪੱਖੀ ਕਰਜ਼ਾ ਕਾਨੂੰਨ ਬਣਾਇਆ ਜਾਵੇ, ਸੂਦਖੋਰੀ ਦਾ ਖਾਤਮਾ ਹੋਵੇ, ਕਿਸਾਨਾਂ, ਮਜ਼ਦੂਰਾਂ ਦੇ ਕਰਜ਼ਿਆਂ ਉਪਰ ਲੀਕ ਮਾਰੀ ਜਾਵੇ, ਨਹਿਰੀ ਪਾਣੀ ਹਰ ਖੇਤ ਤੱਕ ਪਹੁੰਚਦਾ ਕੀਤਾ ਜਾਵੇ, ਪਾਣੀ ਨੂੰ ਪਲੀਤ ਕਰਨ ਅਤੇ ਸੰਸਾਰ ਬੈਂਕ ਨੂੰ ਸੌਂਪਣ ਦੀ ਨੀਤੀ ਦਾ ਖਾਤਮਾ ਕੀਤਾ ਜਾਵੇ, ਧਰਤੀ ਹੇਠਲੇ ਪਾਣੀ ਦੀ ਮੁੜ ਭਰਾਈ ਲਈ ਵਿਗਿਆਨਕ ਢਾਂਚਾ ਉਸਾਰਿਆ ਜਾਵੇ, ਝੋਨੇ ਦੀ ਖੇਤੀ ਹੇਠੋਂ ਰਕਬਾ ਘਟਾਉਣ ਨੂੰ ਯਕੀਨੀ ਬਣਾਇਆ ਜਾਵੇ, ਇਸ ਦੀਆਂ ਬਦਲਵੀਆਂ ਫ਼ਸਲਾਂ ਦੀ ਪੈਦਾਵਾਰ ਅਤੇ ਖਰੀਦ ਨੂੰ ਯਕੀਨੀ ਕਰਨ ਲਈ ਢੁੱਕਵੀਂ ਬੱਜਟ ਰਾਸ਼ੀ ਜੁਟਾਈ ਜਾਵੇ, ਇਸ ਨੂੰ ਯਕੀਨੀ ਬਣਾਉਣ ਲਈ ਕਾਨੂੰਨੀ ਪੇਸ਼ਬੰਦੀ ਕੀਤੀ ਜਾਵੇ, ਖੇਤੀ ਕਿੱਤੇ ਤੋਂ ਵਾਫ਼ਰ ਕਿਸਾਨਾਂ ਅਤੇ ਖੇਤ ਮਜ਼ਦੂਰਾਂ ਦੇ ਪਰਿਵਾਰਕ ਜੀਆਂ, ਮਰਦਾਂ ਤੇ ਔਰਤਾਂ ਲਈ ਲਾਹੇਵੰਦ ਰੋਜ਼ਗਾਰ ਯਕੀਨੀ ਬਣਾਇਆ ਜਾਵੇ ਅਤੇ ਬਾਕੀ ਬਚਦੇ ਬੇਰੁਜ਼ਗਾਰਾਂ ਨੂੰ ਬੇਰੁਜ਼ਗਾਰੀ ਭੱਤਾ ਦਿੱਤਾ ਜਾਵੇ, ਕੁਦਰਤੀ ਆਫ਼ਤਾਂ, ਕੀਟਨਾਸ਼ਕਾਂ, ਮਿਲਾਵਟੀ ਵਸਤਾਂ ਜਾਂ ਫ਼ਸਲੀ ਰੋਗਾਂ ਤੇ ਖੇਤੀ ਹਾਦਸਿਆਂ ਦੀ ਮਾਰ ਹੇਠ ਆਈ ਕਿਸਾਨੀ ਨੂੰ ਬਚਾਉਣ ਲਈ ਸਰਕਾਰੀ ਖਜ਼ਾਨੇ ਦੀ ਰਾਖਵੀਂ ਪੂੰਜੀ ਦੀ ਖੁੱਲ੍ਹੀ ਵਰਤੋਂ ਹੋਵੇ, ਕਿਸਾਨ ਪੱਖੀ ਖੇਤੀ ਨੀਤੀਆਂ ਲਾਗੂ ਕਰਨ ਲਈ ਮੋਟੀ ਬੱਜਟ ਪੂੰਜੀ ਇਕੱਤਰ ਕੀਤੀ ਜਾਵੇ ਅਤੇ ਇਸ ਮਕਸਦ ਲਈ ਜਗੀਰਦਾਰਾਂ, ਸੂਦਖੋਰਾਂ ਤੇ ਕਾਰਪੋਰੇਟਾਂ ਉਪਰ ਸਿੱਧੇ 'ਤੇ ਮੋਟੇ ਟੈਕਸ ਲਾਉਣ ਦੀ ਨੀਤੀ ਅਖਤਿਆਰ ਕੀਤੀ ਜਾਵੇ, ਕਿਸਾਨੀ ਦੀਆਂ ਉਭਰੀਆਂ ਹੋਰ ਛੋਟੀਆਂ ਮੰਗਾਂ, ਨਸ਼ਾ ਮੁਕਤੀ ਲਈ ਮੰਗਾਂ, ਗੈਸ ਪਾਈਪਲਾਈਨ ਲਈ ਜ਼ਮੀਨ ਦਾ ਮੁਆਵਜ਼ਾ, ਭਾਰਤ ਮਾਲ੍ਹਾ ਸੜਕ ਲਈ ਅਕਵਾਇਰ ਕੀਤੀ ਜ਼ਮੀਨ ਦਾ ਮੁਆਵਜ਼ਾ, ਸੁੰਡੀ ਨਾਲ ਬਰਬਾਦ ਹੋਈ ਕਣਕ ਦੀ ਫ਼ਸਲ ਦਾ ਮੁਆਵਜ਼ਾ ਆਦਿ ਮੰਗਾਂ ਸ਼ਾਮਲ ਹਨ।ਸੂਬਾ ਸੀਨੀਅਰ ਮੀਤ ਪ੍ਰਧਾਨ ਝੰਡਾ ਸਿੰਘ ਜੇਠੂਕੇ ਨੇ ਸੰਬੋਧਨ ਕਰਦਿਆਂ ਕਿਹਾ ਕਿ ਸੂਬੇ ਦੀ ਮੀਟਿੰਗ ਵਿੱਚ ਪੰਜਾਬ ਸਰਕਾਰ ਨਾਲ ਇਹਨਾਂ ਮੰਗਾਂ ਪੂਰੀਆਂ ਕਰਾਉਣ ਲਈ ਨਬੇੜਾ ਕਰੂ ਘੋਲ ਦਾ ਫੈਸਲਾ ਹੋ ਚੁੱਕਿਆ ਹੈ ਜਿਸ ਦਾ 10 ਫਰਵਰੀ ਨੂੰ ਐਲਾਨ ਕੀਤਾ ਜਾਵੇਗਾ।ਸਟੇਜ ਦਾ ਸੰਚਾਲਨਾ ਜ਼ਿਲ੍ਹਾ ਜਨਰਲ ਸਕੱਤਰ ਕਰਮਜੀਤ ਕੌਰ ਲਹਿਰਾਖਾਨਾ ਨੇ ਕੀਤਾ।

ਲੋਕ ਪੱਖੀ ਕਲਾਕਾਰ ਹਰਬੰਸ ਘਣੀਆਂ, ਰੁਪਿੰਦਰ ਕੌਰ ਤੇ ਹੋਰ ਔਰਤਾਂ ਨੇ ਵੀ ਲੋਕ ਪੱਖੀ ਗੀਤ ਪੇਸ਼ ਕੀਤੇ। ਇਸ ਮੌਕੇ ਹਰਪਾਲ ਕੌਰ ਘੁੰਮਣ, ਗੁਰਮੇਲ ਕੌਰ ਕੋਠਾ ਗੁਰੂ, ਮਲਕੀਤ ਕੌਰ ਪਿੰਡ ਗਿੱਦੜ, ਜਸਵੀਰ ਕੌਰ ਪਿੱਥੋ, ਮਨਪ੍ਰੀਤ ਕੌਰ ਰਾਇਕੇ ਕਲਾਂ, ਹਰਪਾਲ ਕੌਰ ਚੌਕੇ ਅਤੇ ਮਨਜੀਤ ਕੌਰ ਨਥਾਣਾ ਨੇ ਵੀ ਸੰਬੋਧਨ ਕੀਤਾ।

# ਵਕੀਲ ਨਾਲ ਲੁੱਟਖੋਹ ਕਰਨ ਵਾਲਿਆਂ 'ਚੋਂ ਇੱਕ ਪੁਲਸ ਅੜਿੱਕੇ

## ਮੁਲਜ਼ਮਾਂ ਤੋਂ ਬਾਰੀਕੀ ਨਾਲ ਪੁੱਛਗਿੱਛ ਜਾਰੀ : ਸੌਰਭ ਸੱਭਰਵਾਲ

**ਧੂਰੀ (ਰਾਜੇਸ਼ਵਰ ਪਿੰਟੂ, ਬਿੰਨੀ ਗਰਗ)**



ਥਾਣਾ ਸਿਟੀ ਧੂਰੀ ਦੀ ਪੁਲਸ ਵੱਲੋਂ ਲੁੱਟ-ਖੋਹ ਕਰਨ ਵਾਲੇ ਗਿਰੋਹ ਦੇ ਇੱਕ ਮੈਂਬਰ ਤੋਂ ਇਲਾਵਾ ਲੁੱਟ ਦਾ ਮਾਲ ਖਰੀਦਣ ਵਾਲੇ ਵਿਅਕਤੀ ਸਮੇਤ ਦੋ ਵਿਅਕਤੀਆਂ ਨੂੰ ਗ੍ਰਿਫ਼ਤਾਰ ਕਰਨ ਵਿੱਚ ਸਫ਼ਲਤਾ ਪ੍ਰਾਪਤ ਗਈ। ਸ਼ਾਮ ਸਿਟੀ ਪੁਲਿਸ ਦੇ ਮੁਖੀ ਸੌਰਭ ਸੱਭਰਵਾਲ ਨੇ ਦੱਸਿਆ ਕਿ ਜ਼ਿਲ੍ਹਾ ਪੁਲਿਸ ਮੁਖੀ ਸੰਗਰੂਰ ਸਰਤਾਜ ਸਿੰਘ ਚਹਿਲ ਤੇ ਡੀ.ਐਸ.ਪੀ. ਧੂਰੀ ਤਲਵਿੰਦਰ ਸਿੰਘ ਗਿੱਲ ਵੱਲੋਂ ਸਮਾਜ ਵਿਰੋਧੀ ਅਨਸਰਾਂ ਖਿਲਾਫ਼ ਵਿੱਢੀ ਮੁੰਹਿਮ ਤਹਿਤ ਸਿਟੀ ਪੁਲਿਸ ਨੂੰ ਉਸ ਵੇਲੇ ਸਫ਼ਲਤਾ ਮਿਲੀ, ਜਦੋਂ ਉਨ੍ਹਾਂ ਲੰਘੀ 2 ਫ਼ਰਵਰੀ ਦੀ ਰਾਤ ਨੂੰ ਟਰੱਕ ਯੂਨੀਅਨ ਤੋਂ ਬਰੜ੍ਹਵਾਲ ਨੂੰ ਜਾਂਦੀ ਲਿੰਕ ਰੋਡ ਤੇ ਇੱਕ ਸਮਾਗਮ ਵਿੱਚੋਂ ਪਰਤ ਰਹੇ ਵਕੀਲ ਨਾਲ ਹਥਿਆਰ ਦੀ ਨੋਕ 'ਤੇ ਦੋ ਵਿਅਕਤੀਆਂ ਵੱਲੋਂ ਲੁੱਟ ਖੋਹ ਦੀ ਵਾਰਦਾਤ ਨੂੰ ਅੰਜਾਮ ਦਿੰਦਿਆਂ ਉਨ੍ਹਾਂ ਤੋਂ ਨਕਦੀ ਤੇ ਮੋਬਾਇਲ ਖੋਹਿਆ ਗਿਆ ਸੀ। ਪੁਲਸ ਵੱਲੋਂ ਜਿੱਥੇ ਇਸ ਸਬੰਧੀ ਵੱਖ-ਵੱਖ ਗਠਿਤ ਕੀਤੀਆਂ ਜਾਂਚ ਟੀਮਾਂ ਨੇ ਲੁੱਟ-ਖੋਹ ਦੀ ਵਾਰਦਾਤ ਵਿੱਚ ਸ਼ਾਮਲ ਬੂਟਾ ਸਿੰਘ ਉਰਫ਼ ਮੁਰਗਾ ਨੂੰ ਗ੍ਰਿਫ਼ਤਾਰ ਕੀਤਾ, ਉਥੇ ਲੁਟ ਦਾ ਮਾਲ ਖਰੀਦਣ ਵਾਲੇ ਕਬਾੜੀਆ ਨਾਮ ਵਿਅਕਤੀ ਨੂੰ ਗ੍ਰਿਫ਼ਤਾਰ ਕਰਕੇ ਉਨ੍ਹਾਂ ਪਾਸੋਂ ਵੱਖ-ਵੱਖ ਵਾਰਦਾਤਾਂ ਵਿੱਚ ਖੋਹੇ ਗਏ 6 ਮੋਬਾਇਲ ਫੋਨ ਬਰਾਮਦ ਕੀਤੇ ਗਏ।

ਉਨ੍ਹਾਂ ਦੱਸਿਆ ਕਿ ਫੜੇ ਗਏ ਮੁਲਜ਼ਮ ਬੂਟਾ ਸਿੰਘ ਦਾ ਅਪਰਾਧਿਕ ਪਿਛੋਕੜ ਹੈ ਤੇ ਲੁੱਟ ਦੀ ਵਾਰਦਾਤ ਵਿੱਚ ਸ਼ਾਮਲ ਦੂਜੇ ਮੁਲਜਮ ਨੂੰ ਫੜਨ ਲਈ ਲਗਾਤਾਰ ਛਾਪੇਮਾਰੀ ਕੀਤੀ ਜਾ ਰਹੀ ਹੈ।ਉਨ੍ਹਾਂ ਅਜਿਹੀਆਂ ਵਾਰਦਾਤਾਂ ਨੂੰ ਠੱਲ੍ਹ ਪਾਉਣ ਲਈ ਲੋਕਾਂ ਨੂੰ ਅਪੀਲ ਕੀਤੀ ਕਿ ਸ਼ੱਕੀ ਵਿਅਕਤੀਆਂ ਬਾਰੇ ਪੁਲਿਸ ਨੂੰ ਇਤਲਾਹ ਦਿੱਤੀ ਜਾਵੇ।

## ਕਾਤਰਾਂ

### ਡਾਕਟਰ ਨੀਲੂ ਚੁੱਘ ਵੱਲੋਂ ਕੁਸ਼ਟ ਆਸ਼ਰਮ ਦਾ ਦੌਰਾ

**ਫ਼ਾਜ਼ਿਲਕਾ (ਨਿਸ਼ਾ ਸ਼ਰਮਾ)**-ਸਿਵਲ ਸਰਜਨ ਡਾ. ਕਵਿਤਾ ਸਿੰਘ, ਜ਼ਿਲ੍ਹਾ ਲੈਪਰੋਸੀ ਅਫ਼ਸਰ ਡਾ ਨੀਲੂ ਚੁੱਘ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਡਾਕਟਰ ਨੀਲੂ ਚੁੱਘ ਵੱਲੋਂ ਕੁਸ਼ਠ ਆਸ਼ਰਮ ਦਾ ਦੌਰਾ ਕੀਤਾ ਗਿਆ ।ਇਸ ਦੌਰਾਨ ਕੁਸ਼ਠ ਰੋਗ ਤੋਂ ਪ੍ਰਭਾਵਤ ਵਿਅਕਤੀਆਂ ਨੂੰ ਐਮ.ਸੀ ਆਰ ਜੂਤੇ ਤੇ ਸੈਲਫ ਕੇਅਰ ਕਿੱਟ ਮੁਹੱਈਆ ਕਰਾਉਣ ਲਈ ਵਿਅਕਤੀਆਂ ਦੀ ਗਿਣਤੀ ਅਤੇ ਪੈਰਾਂ ਦੇ ਨਾਪ ਇਕੱਤਰ ਕੀਤੇ ਗਏ।ਜ਼ਿਲ੍ਹਾ ਸਿਹਤ ਪ੍ਰਸ਼ਾਸਨ ਵੱਲੋਂ ਰਿਫਰੈਸ਼ਮੈਂਟ ਵੀ ਮੁਹੱਈਆ ਕਰਾਈ ਗਈ।ਡਾਕਟਰ ਨੀਲੂ ਚੁੱਘ ਨੇ ਮੌਕੇ 'ਤੇ ਸਿਹਤ ਜਾਂਚ ਕੀਤੀ ਅਤੇ ਕਿਹਾ ਕਿ ਇਸ ਸੰਬਧੀ ਉਹਨਾਂ ਨੂੰ ਸਾਰੀ ਦਵਾਈ ਸਿਵਲ ਹਸਪਤਾਲ ਵੱਲੋਂ ਮੁਫ਼ਤ ਦਿੱਤੀ ਜਾਵੇਗੀ।ਇਸ ਦੌਰਾਨ ਮਾਸ ਮੀਡੀਆ ਵਿੰਗ ਤੋਂ ਦਿਵੇਸ਼ ਕੁਮਾਰ ਵੀ ਨਾਲ ਸੀ।

### ਭਗਵਾਨਪੁਰਾ ਦਾ ਕ੍ਰਿਕਟ ਕੱਪ 23 ਮਈ ਤੋਂ

**ਮਹਿਲ ਕਲਾਂ (ਬਲਵਿੰਦਰ ਵਜੀਦਕੇ)**-ਜ਼ਿਲ੍ਹਾ ਸੰਗਰੂਰ ਦੇ ਨਾਮੀ ਪਿੰਡ ਭਗਵਾਨਪੁਰਾ (ਨੇੜੇ ਸ਼ੇਰਪੁਰ ਥਾਣਾ) ਵਿਖੇ ਨੌਜਵਾਨ ਭੁਪਿੰਦਰ ਰਿਸ਼ੀ ਉਰਫ ਚੈਰੀ ਦੀ ਮਿੱਠੀ ਯਾਦ ਨੂੰ ਸਮਰਪਤ ਐਨ ਆਰ ਆਈ ਵੀਰਾਂ ਵੱਲੋਂ ਨਗਰ ਦੇ ਸਹਿਯੋਗ ਨਾਲ ਪਹਿਲਾ ਕ੍ਰਿਕਟ ਕੱਪ 23/24/25 ਤੇ 26 ਮਈ ਨੂੰ ਖੇਡ ਸਟੇਡੀਅਮ ਭਗਵਾਨਪੁਰਾ ਵਿਖੇ ਕਰਾਇਆ ਜਾ ਰਿਹਾ ਹੈ।ਕਲੱਬ ਆਗੂ ਚੇਤਨ ਰਿਸ਼ੀ, ਤਰਨ ਚਹਿਲ, ਜਸਦੀਪ ਰਿਸ਼ੀ ਤੇ ਮਨੋਜ ਕੁਮਾਰ ਨੇ ਦੱਸਿਆ ਕਿ ਇਸ ਕੱਪ ਦੌਰਾਨ ਕੁਲ 48 ਟੀਮਾਂ ਹੀ ਐਂਟਰ ਕੀਤੀਆਂ ਜਾਣਗੀਆਂ, ਜਿਸ ਵਿੱਚ ਕਈ ਨਾਮੀ ਪਲੇਅਰ ਵੀ ਆਪਣੀ ਖੇਡ ਦਾ ਜੌਹਰ ਦਿਖਾਉਣਗੇ।ਇਸ ਕੱਪ ਦੌਰਾਨ ਪਹਿਲਾ ਇਨਾਮ 51000/, ਦੂਜਾ ਇਨਾਮ 35000/ ਹਜ਼ਾਰ, ਤੀਜਾ ਤੇ ਚੌਥਾ ਇਨਾਮ 7100—7100 ਤੇ ਪੰਜਵੇਂ ਤੋਂ ਅੱਠਵਾਂ ਇਨਾਮ 3100/—3100 ਸੌ ਰੁਪਏ ਹੋਵੇਗਾ ।ਮੈਨ ਆਫ਼ ਦੀ ਸੀਰੀਜ਼ ਦੇ ਪਲੇਅਰ ਵੱਡੇ ਇਨਾਮ ਦਿੱਤੇ ਜਾਣਗੇ ਅਤੇ ਬੈਸਟ ਬੌਲਰ ਅਤੇ ਬੇਸਟਮੈਨ ਨੂੰ ਵੀ ਦਿਲ ਖਿੱਚਵੇਂ ਇਨਾਮ ਦਿੱਤੇ ਜਾਣਗੇ।ਉਕਤ ਆਗੂਆਂ ਨੇ ਟੀਮਾਂ ਨੂੰ ਵੱਡੀ ਗਿਣਤੀ ਵਿੱਚ ਪਹੁੰਚਣ ਦੀ ਅਪੀਲ ਕੀਤੀ।

### ਹਥਿਆਰਾਂ ਦੇ ਜਨਤਕ ਪ੍ਰਦਰਸ਼ਨ 'ਤੇ ਹੋਵੇਗੀ ਪਾਬੰਦੀ

**ਮਾਨਸਾ (ਆਤਮਾ ਸਿੰਘ ਪਮਾਰ)**-ਪ੍ਰਮੁੱਖ ਸਕੱਤਰ ਗ੍ਰਹਿ ਮਾਮਲੇ ਅਤੇ ਨਿਆਂ ਵਿਭਾਗ, ਪੰਜਾਬ ਸਰਕਾਰ ਵੱਲੋਂ ਪ੍ਰਾਪਤ ਹੋਈਆਂ ਹਦਾਇਤਾਂ ਤਹਿਤ ਵਧੀਕ ਜ਼ਿਲ੍ਹਾ ਮੈਜਿਸਟ੍ਰੇਟ ਸ਼੍ਰੀ ਨਿਰਮਲ ਓਸੇਪਚਨ ਨੇ ਫੌਜਦਾਰੀ ਜ਼ਾਬਤਾ ਸੰਘਤਾ 1973 (1974 ਦਾ ਐਕਟ ਨੰਬਰ 2) ਦੀ ਧਾਰਾ 144 ਤਹਿਤ ਪ੍ਰਾਪਤ ਅਧਿਕਾਰਾਂ ਤਹਿਤ ਹੁਕਮ ਜਾਰੀ ਕਰਦਿਆਂ ਕਿਹਾ ਹੈ ਕਿ ਪਬਲਿਕ ਤੇ ਮੌਜੂਦਾ ਸਥਿਤੀ ਨੂੰ ਮੁੱਖ ਰੱਖਦੇ ਹੋਏ ਜ਼ਿਲ੍ਹੇ ਅੰਦਰ ਹਥਿਆਰਾਂ ਦੇ ਜਨਤਕ ਪ੍ਰਦਰਸ਼ਨ 'ਤੇ ਪੂਰਨ ਪਾਬੰਦੀ ਹੋਵੇਗੀ।ਇਹ ਪਾਬੰਦੀ ਸੋਸ਼ਲ ਮੀਡੀਆ 'ਤੇ ਹਥਿਆਰਾਂ ਦੇ ਪ੍ਰਦਰਸ਼ਨ 'ਤੇ ਵੀ ਲਾਗੂ ਹੋਵੇਗੀ। ਹੁਕਮ ਵਿਚ ਕਿਹਾ ਗਿਆ ਹੈ ਕਿ ਹਥਿਆਰਾਂ ਜਾਂ ਹਿੰਸਾ ਦੀ ਵਡਿਆਈ ਕਰਨ ਵਾਲੇ ਗੀਤਾਂ 'ਤੇ ਵੀ ਪੂਰਨ ਪਾਬੰਦੀ ਹੋਵੇਗੀ।ਜਨਤਕ ਇਕੱਠਾਂ, ਧਾਰਮਿਕ ਸਥਾਨਾਂ, ਵਿਆਹ ਪਾਰਟੀਆਂ ਜਾਂ ਹੋਰ ਸਮਾਗਮਾਂ ਵਿਚ ਹਥਿਆਰ ਲਿਜਾਣ ਤੇ ਪ੍ਰਦਰਸ਼ਨ ਕਰਨ 'ਤੇ ਪੂਰਨ ਪਾਬੰਦੀ ਹੋਵੇਗੀ।ਜ਼ਿਲ੍ਹੇ ਵਿਚ ਕਿਸੇ ਵੀ ਭਾਈਚਾਰੇ ਵਿਰੁੱਧ ਨਫ਼ਰਤ ਭਰਿਆ ਭਾਸ਼ਣ ਦੇਣ 'ਤੇ ਵੀ ਪੂਰਨ ਪਾਬੰਦੀ ਹੋਵੇਗੀ।ਇਹ ਹੁਕਮ 31 ਮਾਰਚ ਤੱਕ ਲਾਗੂ ਰਹੇਗਾ।

### ਮਾਤਾ ਮਹਿੰਦਰ ਕੌਰ ਨੂੰ ਸ਼ਰਧਾਂਜਲੀਆਂ ਭੇਟ

ਮਾਨਸਾ (ਆਤਮਾ ਸਿੰਘ ਪਮਾਰ)-ਪਿੰਡ ਮਾਖਾ ਦੇ ਗੁਰਦੁਆਰਾ ਸਾਹਿਬ ਵਿੱਖੇ ਉੱਘੇ ਮੁਲਾਜ਼ਮ ਆਗੂ ਬਿੱਕਰ ਸਿੰਘ ਮਾਖਾ ਦੀ ਮਾਤਾ ਮਹਿੰਦਰ ਕੌਰ ਦੀ ਅੰਤਮ ਅਰਦਾਸ ਉਪਰੰਤ ਸ਼ਰਧਾਂਜਲੀ ਸਮਾਗਮ ਦੌਰਾਨ ਵੱਖ-ਵੱਖ ਰਾਜਸੀ, ਸਮਾਜਿਕ ਤੇ ਜਨਤਕ ਆਗੂਆਂ ਕ੍ਰਮਵਾਰ ਸੀਪੀਆਈ ਦੇ ਸੂਬਾਈ ਆਗੂ ਐਡਵੋਕੇਟ ਕੁਲਵਿੰਦਰ ਸਿੰਘ ਉਡਤ, 'ਆਪ' ਦੇ ਸੀਨੀਅਰ ਆਗੂ ਤੇ ਵਿਧਾਇਕ ਗੁਰਪ੍ਰੀਤ ਸਿੰਘ ਬਣਾਂਵਾਲੀ, ਸ਼੍ਰੋਮਣੀ ਅਕਾਲੀ ਦਲ ਬਾਦਲ ਦੇ ਸੀਨੀਅਰ ਆਗੂ ਤੇ ਸਾਬਕਾ ਵਿਧਾਇਕ ਦਿਲਰਾਜ ਸਿੰਘ ਭੂੰਦੜ, ਪੰਜਾਬ ਸੁਬਾਰਡੀਨੇਟ ਸਰਵਿਸਜ਼ ਫੈਡਰੇਸਨ ਵਿਗਿਆਨਕ ਦੇ ਸੂਬਾਈ ਆਗੂ ਗਗਨਦੀਪ ਸਿੰਘ ਭੁੱਲਰ, ਸੀਨੀਅਰ ਮੁਜਾਲਮ ਆਗੂ ਕਰਨੈਲ ਸਿੰਘ ਭੀਖੀ, ਕੁਲ ਹਿੰਦ ਕਿਸਾਨ ਸਭਾ ਦੇ ਜਿਲ੍ਹਾ ਪ੍ਰਧਾਨ ਸਾਥੀ ਰੂਪ ਸਿੰਘ ਢਿੱਲੋਂ, ਫੀਲਡ ਐਂਡ ਵਰਕਸ਼ਾਪ ਵਰਕਰ ਯੂਨੀਅਨ ਪੰਜਾਬ ਦੇ ਸੂਬਾਈ ਆਗੂ ਜਸਮੇਲ ਅਤਲਾ, ਟੈਕਨੀਕਲ ਐਂਡ ਮਕੈਨੀਕਲ ਸਰਵਿਸ ਯੂਨੀਅਨ ਦੇ ਸੂਬਾਈ ਆਗੂ ਜਗਦੇਵ ਘੁਰਕਣੀ, ਪੈਨਸ਼ਨਰ ਐਸੋਸੀਏਸ਼ਨ ਦੇ ਸੀਨੀਅਰ ਆਗੂ ਸੱਤਪਾਲ ਭੈਣੀ ਨੇ ਕਿਹਾ ਕਿ ਬੇਸ਼ੱਕ ਮਾਤਾ ਜੀ ਚੋਖੀ ਉਮਰ ਭੋਗ ਕੇ ਤੇ ਭਰਿਆ ਪੂਰਾ ਪਰਵਾਰ ਛੱਡ ਕੇ ਗਏ ਹਨ, ਪ੍ਰੰਤੂ ਮਾਂ ਦਾ ਤੁਰ ਜਾਣਾ ਅਤਿ ਦੁਖਦਾਈ ਹੈ।

# ਨਸ਼ੀਲੀਆਂ ਗੋਲੀਆਂ ਤੇ 10 ਗ੍ਰਾਮ ਹੈਰੋਇਨ ਸਮੇਤ 2 ਵਿਅਕਤੀ ਕਾਬੂ



**ਮਲੋਟ (ਗੁਰਮੀਤ ਸਿੰਘ ਮੱਕੜ)**-ਸ਼੍ਰੀ ਭਾਗੀਰਥ ਸਿੰਘ ਮੀਨਾ ਆਈ.ਪੀ.ਐਸ, ਸੀਨੀਅਰ ਕਪਤਾਨ ਪੁਲਿਸ, ਸ਼੍ਰੀ ਮੁਕਤਸਰ ਸਾਹਿਬ ਵੱਲੋਂ ਨਸ਼ਿਆਂ ਅਤੇ ਸ਼ਰਾਰਤੀ ਅਨਸਰਾਂ ਖਿਲਾਫ਼ ਮੁਹਿੰਮ ਵਿੱਢੀ ਗਈ ਹੈ, ਜਿਸ ਦੇ ਚੱਲਦਿਆਂ ਪੁਲਿਸ ਦੀਆਂ ਅਲੱਗ-ਅਲੱਗ ਟੁਕੜੀਆਂ ਵੱਲੋਂ ਜਿੱਥੇ ਸਰਚ ਅਪ੍ਰੇਸ਼ਨ ਚਲਾਏ ਜਾ ਰਹੇ ਹਨ, ਉੱਥੇ ਹੀ ਨਾਕਾਬੰਦੀ ਕਰ ਚੈਕਿੰਗ ਕੀਤੀ ਜਾ ਰਹੀ ਹੈ। ਇਸੇ ਤਹਿਤ ਹੀ ਅਵਤਾਰ ਸਿੰਘ ਡੀ.ਐਸ.ਪੀ (ਮਲੋਟ) ਦੀ ਯੋਗ ਅਗਵਾਈ ਹੇਠ ਇੰਸਪੈਕਟਰ ਲਵਮੀਤ ਕੌਰ ਮੁੱਖ ਅਫਸਰ ਥਾਣਾ ਸਦਰ ਮਲੋਟ ਨੇ ਸਮੇਤ ਸਾਥੀ ਕ੍ਰਮਚਾਰੀਆਂ ਦੇ ਗਸ਼ਤ ਵਾ ਚੈਕਿੰਗ ਸ਼ੱਕੀ ਪੁਰਸ਼ਾਂ ਦੇ ਸਬੰਧ ਵਿਚ ਪਿੰਡ ਉੜਾਂਗ ਤੋਂ ਪਿੰਡ ਬਾਮ ਜਾ ਰਹੀ ਸੀ ਤਾਂ ਪੁਲਸ ਪਾਰਟੀ ਵੱਲੋਂ ਸ਼ੱਕ ਦੇ ਬਿਨ੍ਹਾ 'ਤੇ ਇੱਕ ਪੈਦਲ ਆ ਰਹੇ ਨੌਜਵਾਨ ਨੂੰ ਰੋਕ ਕੇ ਉਨ੍ਹਾਂ ਦਾ ਨਾਂਅ ਪਤਾ ਪੁੱਛਿਆਂ ਤਾਂ ਉਸ ਨੇ ਆਪਣਾ ਨਾਂਅ ਪਵਨ ਕੁਮਾਰ, ਵਾਸੀ ਪਿੰਡ ਬਾਮ ਦੱਸਿਆ। ਸ਼ੱਕ ਦੇ ਆਧਾਰ 'ਤੇ ਉਸ ਦੀ ਤਲਾਸ਼ੀ ਲੈਣ ਤੇ ਉਸ ਪਾਸੋਂ 250 ਨਸ਼ੀਲੀਆਂ ਗੋਲੀਆਂ ਮਾਰਕਾ ਬਰਾਮਦ ਹੋਈਆਂ, ਜਿਸ 'ਤੇ ਪੁਲਸ ਵੱਲੋਂ ਮੁਕੱਦਮਾ ਨੰ. 13 ਅ/ਧ 22ਬੀ/61/85 ਐਨ.ਡੀ.ਪੀ.ਐਸ ਐਕਟ ਥਾਣਾ ਸਦਰ ਮਲੋਟ ਦਰਜ ਰਜਿਸਟਰ ਕਰ ਅਗਲੇਰੀ ਕਾਰਵਾਈ ਸ਼ੁਰੂ ਕਰ ਦਿੱਤੀ। ਇਸੇ ਤਰ੍ਹਾਂ ਹੀ ਨਸ਼ਿਆਂ ਖਿਲਾਫ਼ ਕਾਰਵਾਈ ਕਰਦੇ ਹੋਏ ਥਾਣਾ ਸਿਟੀ ਮਲੋਟ ਵੱਲੋਂ ਕੁਲਵਿੰਦਰ ਸਿੰਘ ਉਰਫ ਜਿੰਦੂ ਵਾਸੀ ਪੁੰਨਣ ਖੁਰਦ ਪਾਸੋਂ 10 ਗ੍ਰਾਮ ਹੈਰੋਇਨ ਬ੍ਰਾਮਦ ਕੀਤੀ ਗਈ, ਜਿਸ ਖਿਲਾਫ਼ ਮੁਕੱਦਮਾ ਨੰ. 16 ਅ/ਧ 22ਬੀ/61/85 ਐਨ.ਡੀ.ਪੀ.ਐਸ ਥਾਣਾ ਸਿਟੀ ਮਲੋਟ ਦਰਜ ਰਜਿਸਟਰ ਕਰ ਅਗਲੀ ਕਾਰਵਾਈ ਸ਼ੁਰੂ ਕੀਤੀ ਗਈ।

# ਭੱਠਾ ਮਾਲਕ ਤੇ ਉਸ ਦੇ ਸਾਥੀਆਂ 'ਤੇ ਮਜ਼ਦੂਰ ਨੇ ਲਾਏ ਕੁੱਟਮਾਰ ਦੇ ਦੋਸ਼

**ਫ਼ਾਜ਼ਿਲਕਾ (ਕ੍ਰਿਸ਼ਨ ਸਿੰਘ)**



ਇਕ ਭੱਠਾ ਮਜ਼ਦੂਰ ਨੇ ਭੱਠਾ ਮਾਲਕ ਤੇ ਕੁੱਝ ਵਿਅਕਤੀਆਂ 'ਤੇ ਮਾਰ ਕੁੱਟ ਕਰਨ ਦੇ ਦੋਸ਼ ਲਾਏ ਹਨ।ਪੀੜਤ ਬਾਬੂ ਲਾਲ ਨੇ ਦੱਸਿਆ ਕਿ ਉਹ ਰਾਜਸਥਾਨ ਦਾ ਰਹਿਣ ਵਾਲਾ ਹੈ ਅਤੇ ਇੱਥੇ ਪਿੰਡ ਸਲੇਮਸ਼ਾਹ ਦੇ ਨਜ਼ਦੀਕ ਇੱਕ ਭੱਠੇ ਤੇ ਕੰਮ ਕਰਦਾ ਹੈ।ਬੀਤੇ ਦਿਨ ਉਹ ਪਿੰਡ ਚਾਂਦਮਰੀ ਦੇ ਨਜਦੀਕ ਇਕ ਭੱਠੇ ਤੇ ਆਪਣੇ ਕਿਸੇ ਰਿਸ਼ਤੇਦਾਰ ਨੂੰ ਮਿਲਣ ਲਈ ਆਪਣੇ ਇਕ ਦੋਸਤ ਨਾਲ ਗਿਆ ਸੀ, ਉੱਥੇ ਮੌਜੂਦ ਕੁੱਝ ਵਿਅਕਤੀਆਂ ਨੇ ਉਸ ਨੂੰ ਘੇਰ ਲਿਆ ਅਤੇ ਉਸ ਨਾਲ ਬੁਰੀ ਤਰ੍ਹਾਂ ਨਾਲ ਮਾਰ ਕੁੱਟ ਕੀਤੀ ਗਈ।ਇਸ ਦੌਰਾਨ ਉਸ ਦੀਆਂ ਗੱਲਾਂ ਤੇ ਥੱਪੜ ਮਾਰੇ ਗਏ ਅਤੇ ਡਾਂਗਾਂ ਸੋਟੀਆਂ ਨਾਲ ਉਸਦੀ ਮਾਰਕੁਟਾਈ ਕੀਤੀ ਗਈ।ਉਸ ਨੇ ਉੱਥੇ ਦੇ ਭੱਠਾ ਮਾਲਕ ਤੇ ਵੀ ਦੋਸ਼ ਲਾਉਂਦਿਆਂ ਕਿਹਾ ਕਿ ਭੱਠਾ ਮਾਲਕ ਨੇ ਵੀ ਉਸ ਨਾਲ ਮਾਰਕੁਟਾਈ ਕਰਨ ਵਾਲਿਆਂ ਦਾ ਪੂਰਾ ਸਾਥ ਦਿੱਤਾ।ਮਾਰਕੁਟਾਈ ਕਰਨ ਤੋਂ ਬਾਅਦ ਉਸ ਨੂੰ ਭੱਠਾ ਮਾਲਕ ਦੇ ਦਫ਼ਤਰ ਵਿੱਚ ਬੰਦ ਕਰ ਦਿੱਤਾ ਗਿਆ।ਬਾਅਦ ਵਿੱਚ ਉਸਦੇ ਭਰਾ ਨੂੰ ਇਸ ਬਾਰੇ ਪਤਾ ਲੱਗਣ 'ਤੇ ਉਸ ਨੂੰ ਪੁਲਸ ਦੀ ਮਦਦ ਨਾਲ ਉਥੋਂ ਛੁਡਵਾ ਕੇ ਇਲਾਜ ਲਈ ਸਰਕਾਰੀ ਹਸਪਤਾਲ ਵਿਚ ਦਾਖਲ ਕਰਾਇਆ, ਜਿੱਥੇ ਉਸਦਾ ਇਲਾਜ ਚੱਲ ਰਿਹਾ ਹੈ।ਪੀੜਤ ਮਜ਼ਦੂਰ ਨੇ ਸਬੰਧਤ ਭੱਠਾ ਮਾਲਕ ਸਮੇਤ ਉਸ ਨਾਲ ਮਾਰਕੁੱਟ ਕਰਨ ਵਾਲੇ ਅਤੇ ਉਸਨੂੰ ਕਮਰੇ ਚ ਬੰਦ ਕਰਨ ਵਾਲੇ ਦੋਸ਼ੀਆਂ ਵਿਰੁੱਧ ਬਣਦੀ ਕਾਨੂੰਨੀ ਕਾਰਵਾਈ ਕਰਨ ਦੀ ਮੰਗ ਕੀਤੀ ਹੈ।ਇਸ ਮੌਕੇ ਪੀੜਿਤ ਵਿਅਕਤੀ ਦੇ ਭਰਾ ਅਜੂ ਕੁਮਾਰ ਨੇ ਦੱਸਿਆ ਕਿ ਉਸਦੇ ਭਰਾ ਨਾਲ ਮਾਰ ਕੁੱਟ ਕਰਨ ਵਾਲੇ ਭੱਠਾ ਮਾਲਕ ਦਾ ਉਸ ਨਾਲ ਕੁੱਝ ਮਜ਼ਦੂਰਾਂ ਦੇ ਬਕਾਇਆ ਪੈਸਿਆਂ ਦੇ ਲੈਣ-ਦੇਣ ਦਾ ਰੌਲਾ ਚਲ ਰਿਹਾ ਸੀ, ਜਿਸ ਕਾਰਨ ਹੀ ਉਸਦੇ ਭਰਾ ਨਾਲ ਮਾਰ ਕੁੱਟ ਕੀਤੀ ਗਈ ਹੈ।ਉਸਨੇ ਕਿਹਾ ਕਿ ਪੈਸਿਆਂ ਦਾ ਲੈਣ ਦੇਣ ਉਸ ਨਾਲ ਅਤੇ ਉਸਦੇ ਕੁੱਝ ਮਜ਼ਦੂਰਾਂ ਨਾਲ ਸੀ, ਪਰ ਉਸਨੂੰ ਸਮਝ ਨਹੀਂ ਆਉਂਦਾ ਕਿ ਉਸਦੇ ਭਰਾ ਨਾਲ ਮਾਰ ਕੁੱਟ ਕਿਉਂ ਕੀਤੀ ਗਈ ਹੈ।ਉਸਨੇ ਪੁਲਸ ਤੋਂ ਉਸਦੇ ਭਰਾ ਨਾਲ ਮਾਰ ਕੁੱਟ ਕਰਨ ਵਾਲਿਆਂ ਤੇ ਬਣਦੀ ਕਨੂੰਨੀ ਕਾਰਵਾਈ ਕਰਨ ਦੀ ਮੰਗ ਕੀਤੀ ਹੈ।ਓਧਰ ਸਬੰਧਿਤ ਭੱਠਾ ਮਾਲਕ ਨੇ ਮਜ਼ਦੂਰ ਵੱਲੋਂ ਲਾਏ ਗਏ ਮਾਰ ਕੁੱਟ ਕਰਨ ਤੇ ਉਸਨੂੰ ਕਮਰੇ 'ਚ ਬੰਦ ਕਰਨ ਦੇ ਦੋਸ਼ਾਂ ਨੂੰ ਸਿਰੇ ਤੋਂ ਨਕਾਰ ਦਿੱਤਾ ਹੈ।ਉਸਦਾ ਕਹਿਣਾ ਹੈ ਕਿ ਉਨ੍ਹਾਂ ਨੇ ਬਾਬੂ ਲਾਲ ਤੇ ਉਸਦੇ ਭਰਾ ਨੂੰ ਭੱਠੇ ਤੇ ਕੰਮ ਕਰਨ ਵਾਲੇ ਮਜ਼ਦੂਰ ਦੇਣ ਬਦਲੇ ਕੁੱਝ ਰੁਪਏ ਦਿੱਤੇ ਸਨ।ਇਸ ਤੋਂ ਬਾਅਦ ਨਾ ਤਾਂ ਉਨ੍ਹਾਂ ਨੂੰ ਪੈਸੇ ਵਾਪਸ ਕਰ ਰਹੇ ਸਨ ਅਤੇ ਨਾ ਹੀ ਕੋਈ ਮਜ਼ਦੂਰ ਦੇ ਰਹੇ ਸਨ ਅਤੇ ਉਨ੍ਹਾਂ ਨੂੰ ਪੈਸੇ ਜਾਂ ਮਜ਼ਦੂਰ ਦੇਣ ਤੋਂ ਟਾਲਮਟੋਲ ਕਰਦੇ ਰਹੇ।ਬੀਤੇ ਦਿਨ ਜਦੋਂ ਉਹ ਉਨ੍ਹਾਂ ਦੇ ਭੱਠੇ 'ਤੇ ਆਇਆ ਤਾਂ ਉਸ ਨੂੰ ਉਨ੍ਹਾਂ ਦੇ ਪੈਸੇ ਜਾਂ ਮਜ਼ਦੂਰ ਲੈ ਕੇ ਆਉਣ ਦੀ ਗੱਲ ਕੀਤੀ।ਇਸ ਤੋਂ ਇਲਾਵਾ ਹੋਰ ਕੋਈ ਗੱਲ ਨਹੀਂ ਹੋਈ।ਨਾ ਤਾਂ ਉਨ੍ਹਾਂ ਵੱਲੋਂ ਮਾਰ ਕੁੱਟ ਕੀਤੀ ਗਈ ਹੈ ਅਤੇ ਨਾ ਹੀ ਉਸ ਨੂੰ ਕਮਰੇ ਵਿੱਚ ਬੰਦ ਕੀਤਾ ਗਿਆ ਹੈ।

# ਸੰਗਤ ਸ੍ਰੀ ਹਜ਼ੂਰ ਸਾਹਿਬ ਨਤਮਸਤਕ ਹੋ ਵਾਪਸ ਪਰਤੀ

**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**

ਦਸਮੇਸ਼ ਪਿਤਾ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਜੋਤੀ-ਜੋਤਿ ਅਸਥਾਨ ਤੇ ਸਿੱਖ ਧਰਮ ਨਾਲ ਸਬੰਧਿਤ ਪੰਜ ਤਖ਼ਤਾਂ 'ਚੋਂ ਇੱਕ ਤਖ਼ਤ ਸ੍ਰੀ ਹਜ਼ੂਰ ਸਾਹਿਬ, ਨਾਂਦੇੜ ਦੇ ਦਰਸ਼ਨ ਕਰਨ ਉਪਰੰਤ ਮਾਛੀਵਾੜਾ ਦੀ ਸੰਗਤ ਵਾਪਸ ਪਰਤ ਆਈ ਹੈ। ਟਰਾਂਸਪੋਰਟਰ ਬਾਬਾ ਮਹਿੰਦਰਪਾਲ ਨੇ ਦੱਸਿਆ ਕਿ ਇਤਿਹਾਸਕ ਸ਼ਹਿਰ ਤੋਂ ਸੰਗਤਾਂ ਦਾ ਜੱਥਾ ਸ੍ਰੀ ਹਜ਼ੂਰ ਸਾਹਿਬ ਲਈ ਰਵਾਨਾ ਹੋਇਆ ਸੀ, ਜਿਸ ਵਿੱਚ ਸ਼ਹਿਰ ਤੋਂ ਇਲਾਵਾ ਆਸ-ਪਾਸ ਦੇ ਪਿੰਡਾਂ ਤੋਂ ਵੀ ਕਈ ਪ੍ਰੇਮੀਆਂ ਨੇ ਵੀ ਵੱਖ-ਵੱਖ ਗੁਰਦੁਆਰਾ ਸਾਹਿਬ ਦੇ ਦਰਸ਼ਨ ਕੀਤੇ ਗਏ। ਮਾਛੀਵਾੜਾ ਦੀਆਂ ਸੰਗਤਾਂ ਵੱਲੋਂ ਵਿਸ਼ੇਸ਼ ਤੌਰ 'ਤੇ ਸੰਤ ਬਾਬਾ ਕੁਲਵੰਤ ਸਿੰਘ ਜੀ ਤੋਂ ਵੀ ਆਸ਼ੀਰਵਾਦ ਲਿਆ। ਇਸ ਮੌਕੇ ਉਨ੍ਹਾਂ ਨਾਲ ਚਰਨਜੀਤ ਸਿੰਘ ਲੱਖੋਵਾਲ, ਮੋਹਰ ਸਿੰਘ ਭੱਟੀ, ਮੇਵਾ ਸਿੰਘ ਰਾਣਵਾਂ, ਮੁਨਸ਼ੀ ਅਵਤਾਰ ਸਿੰਘ ਤੇ ਜਤਿੰਦਰ ਸ਼ਰਮਾ ਆਦਿ ਮੌਜੂਦ ਸਨ।

# ਨਵੇਂ ਫਾਇਰ ਅ.ਫਸਰ ਕਰਤਾਰ ਸਿੰਘ ਨੇ ਅਹੁਦਾ ਸੰਭਾਲਿਆ



**ਜਗਰਾਉਂ (ਅਮਿਤ ਖੰਨਾ)**-ਪਿਛਲੇ ਲੰਬੇ ਸਮੇਂ ਤੋਂ ਇਲਾਕੇ ਵਿੱਚ ਫਾਇਰ ਅਫ਼ਸਰ ਦੀ ਕਮੀ ਮਹਿਸੂਸ ਕੀਤੀ ਜਾ ਰਹੀ ਸੀ, ਜਿਸ ਨੂੰ ਮੁੱਖ ਰੱਖਦਿਆਂ ਹੋਇਆਂ ਨਗਰ ਕੌਂਸਲ ਦੇ ਕਾਰਜਕਾਰੀ ਪ੍ਰਧਾਨ ਅਮਰਜੀਤ ਸਿੰਘ ਮਾਲਵਾ ਨੇ ਹਲਕਾ ਵਿਧਾਇਕ ਬੀਬੀ ਸਰਬਜੀਤ ਕੌਰ ਮਾਣੂੰਕੇ ਨਾਲ ਉਚੇਚੇ ਤੌਰ 'ਤੇ ਮੀਟਿੰਗ ਕਰਕੇ ਫਾਇਰ ਅਫ਼ਸਰ ਦੀ ਲੋੜ ਬਾਰੇ ਗੱਲਬਾਤ ਕੀਤੀ ਤਾਂ ਉਨ੍ਹਾਂ ਉੱਚ ਅਧਿਕਾਰੀਆਂ ਤੱਕ ਰਾਬਤਾ ਕਾਇਮ ਕਰਕੇ ਕਰਤਾਰ ਸਿੰਘ ਨੂੰ ਫਾਇਰ ਅਫਸਰ ਵਜੋਂ ਨਿਯੁਕਤ ਕਰਾਇਆ।ਕਰਤਾਰ ਸਿੰਘ ਨੂੰ ਅਡੀਸ਼ਨਲ ਚਾਰਜ ਸੌਂਪਿਆ ਗਿਆ ਹੈ ਤੇ ਉਹ ਪੱਕੇ ਤੌਰ 'ਤੇ ਲੁਧਿਆਣਾ ਵਿੱਚ ਫਾਇਰ ਅਫ਼ਸਰ ਦੀਆਂ ਸੇਵਾਵਾਂ ਨਿਭਾਅ ਰਹੇ ਹਨ।ਨਵੇਂ ਆਏ ਫਾਇਰ ਅਫ਼ਸਰ ਕਰਤਾਰ ਸਿੰਘ ਨਾਲ ਜਦੋਂ ਗੱਲ ਕੀਤੀ ਗਈ ਤਾਂ ਉਨ੍ਹਾਂ ਕਿਹਾ ਕਿ ਉਹ ਆਪਣੀ ਜ਼ਿੰਮੇਵਾਰੀ ਪੂਰੀ ਤਨਦੇਹੀ ਨਾਲ ਨਿਭਾਉਣਗੇ।ਕਿਸੇ ਕਿਸਮ ਦਾ ਭ੍ਰਿਸ਼ਟਾਚਾਰ ਉਨ੍ਹਾਂ ਨੂੰ ਬਰਦਾਸ਼ਤ ਨਹੀਂ ਤੇ ਜਨਤਾ ਦੇ ਕੰਮ ਪਹਿਲ ਦੇ ਆਧਾਰ 'ਤੇ ਕਰਾਏ ਜਾਣਗੇ।ਫਾਇਰ ਅਫ਼ਸਰ ਕਰਤਾਰ ਸਿੰਘ ਨੇ ਕਿਹਾ ਕਿ ਜਗਰਾਉਂ ਦੇ ਇਲਾਕੇ ਵਿੱਚ ਸ਼ੈਲਰ, ਮੈਰਿਜ ਪੈਲਸ, ਸਕੂਲ, ਆਇਲੈਟਸ ਸੈਂਟਰ, ਹਲਵਾਈ, ਹੋਟਲ, ਫੈਕਟਰੀਆਂ ਤੇ ਹਰ ਤਰ੍ਹਾਂ ਦੇ ਫਾਇਰ ਸੇਫਟੀ ਦੇ ਅਧੀਨ ਆਉਣ ਵਾਲੇ ਸਾਰੇ ਹੀ ਆਪਣੀ ਐਨਓਸੀ ਬਣਵਾ ਕੇ ਰੱਖਣ ਤਾਂ ਜੁ ਕਿਸੇ ਨੂੰ ਵੀ ਕਿਸੇ ਕਿਸਮ ਦੀ ਪ੍ਰੇਸ਼ਾਨੀ ਨਾ ਆਵੇ।

# ਹਲਕਾ ਫ਼ਤਹਿਗੜ੍ਹ ਸਾਹਿਬ ਨੂੰ ਮੋਦੀ ਸਰਕਾਰ ਵੱਲੋਂ ਕੋਈ ਪੈਕੇਜ ਨਾ ਦੇਣਾ ਮੰਦਭਾਗਾ : ਡਾ. ਅਮਰ ਸਿੰਘ

**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਸਰਬੰਸਦਾਨੀ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਲਖ਼ਤ-ਏ-ਜਿਗਰ ਛੋਟੇ ਸਾਹਿਬਜ਼ਾਦਿਆਂ ਦੀ ਸ਼ਹਾਦਤ ਨਾਲ ਸਬੰਧਿਤ ਪਵਿੱਤਰ ਧਰਤੀ ਫਤਹਿਗੜ੍ਹ ਸਾਹਿਬ ਨਾਲ ਬਣਿਆ ਲੋਕ ਸਭਾ ਹਲਕੇ ਨੂੰ ਮੋਦੀ ਸਰਕਾਰ ਵਲੋਂ ਕੋਈ ਵੀ ਪੈਕੇਜ ਨਾਲ ਦੇਣਾ ਬੜਾ ਮੰਦਭਾਗਾ ਹੈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਕਾਂਗਰਸ ਦੇ ਮੈਂਬਰ ਪਾਰਲੀਮੈਂਟ ਡਾ. ਅਮਰ ਸਿੰਘ ਨੇ ਲੋਕ ਸਭਾ ਵਿੱਚ ਬੋਲਦਿਆਂ ਕੀਤਾ।



ਉਨ੍ਹਾਂ ਕਿਹਾ ਕਿ ਜਦੋਂ ਤੋਂ ਸੰਸਦ ਮੈਂਬਰ ਚੁਣੇ ਗਏ ਹਨ, ਉਦੋਂ ਤੋਂ ਹੀ ਹਲਕਾ ਫ਼ਤਹਿਗੜ੍ਹ ਸਾਹਿਬ ਦੀ ਪਾਵਨ ਧਰਤੀ ਲਈ ਵਿਸ਼ੇਸ਼ ਪੈਕੇਜ ਦੀ ਮੰਗ ਕਰਦੇ ਆ ਰਹੇ ਹਨ, ਪਰ ਕੇਂਦਰ ਸਰਕਾਰ ਵਲੋਂ ਕੋਈ ਵੀ ਹਾਂ ਪੱਖੀ ਹੁੰਗਾਰਾ ਨਹੀਂ ਮਿਲਿਆ। ਉਨ੍ਹਾਂ ਕਿਹਾ ਕਿ ਇਸ ਪਾਵਨ ਧਰਤੀ 'ਤੇ ਲਈ ਧਾਰਮਿਕ ਟੂਰਿਸਟ ਪੈਕੇਜ ਦਿੱਤਾ ਜਾਵੇ, ਇੱਥੇ ਸ਼ਹੀਦਾਂ ਦੀ ਨਾਂਅ 'ਤੇ ਮੈਡੀਕਲ ਕਾਲਜ ਜਾਂ ਯੂਨੀਵਰਸਿਟੀ ਖੋਲ੍ਹੀ ਜਾਵੇ ਪਰ ਕੇਂਦਰ ਸਰਕਾਰ ਨੇ ਕੁਝ ਨਹੀਂ ਕੀਤਾ। ਉਨ੍ਹਾਂ ਕਿਹਾ ਕਿ ਲੋਕ ਸਭਾ ਦੇ ਸੈਸ਼ਨਾਂ ਵਿੱਚ ਉਹ ਕਈ ਵਾਰ ਇਹ ਮੁੱਦਾ ਉਠਾ ਚੁੱਕੇ ਹਨ, ਪਰ ਕੋਈ ਮੰਗ ਪੂਰੀ ਨਾ ਹੋਣ ਕਾਰਨ ਉਨ੍ਹਾਂ ਨੂੰ ਗਿਲਾ ਹੈ। ਐਮ.ਪੀ. ਅਮਰ ਸਿੰਘ ਨੇ ਲੋਕ ਸਭਾ ਹਲਕਾ ਫਤਹਿਗੜ੍ਹ ਵਿੱਚ ਪੈਂਦੀ ਪ੍ਰਸਿੱਧ ਇੰਡਸਟਰੀ ਗੋਬਿੰਦਗੜ੍ਹ, ਖੰਨਾ, ਦੋਰਾਹਾ, ਸਾਹਨੇਵਾਲ, ਮੰਡੀ ਅਹਿਮਦਗੜ੍ਹ, ਬਸੀ ਪਠਾਨਾ ਤੇ ਪਾਇਲ ਜਿੱਥੇ ਕਿ ਛੋਟੀਆਂ-ਛੋਟੀਆਂ ਉਦਯੋਗਿਕ ਇਕਾਈਆਂ ਹਨ, ਜਿਨ੍ਹਾਂ ਦੀਆਂ ਬਹੁਤ ਸਮੱਸਿਆਵਾਂ ਹਨ ਪਰ ਉਸ ਦਾ ਵੀ ਕੇਂਦਰ ਸਰਕਾਰ ਨੇ ਕੋਈ ਹੱਲ ਨਾ ਕੀਤਾ। ਉਨ੍ਹਾਂ ਹਲਵਾਰਾ ਏਅਰਪੋਰਟ ਦਾ ਵੀ ਮੁੱਦਾ ਉਠਾਇਆ ਸੀ, ਜਿਸ ਦਾ ਕੋਈ ਵੀ ਹੱਲ ਨਾ ਹੋਇਆ। ਐਮ.ਪੀ. ਨੇ ਕਿਹਾ ਕਿ ਰਾਏਕੋਟ ਹਲਕੇ ਲਈ ਇੱਕ ਰੇਲਵੇ ਲਾਈਨ ਮੰਗੀ ਸੀ, ਜੋ ਕੇਂਦਰ ਸਰਕਾਰ ਨੇ ਨਹੀਂ ਮੰਨੀ ਅਤੇ ਨਾ ਹੀ ਕੁਝ ਰੇਲਗੱਡੀਆਂ ਪ੍ਰਮੁੱਖ ਸਟੇਸ਼ਨਾਂ 'ਤੇ ਰੋਕਣ ਦੀ ਮੰਗ ਕੀਤੀ ਸੀ ਜੋ ਸਮੱਸਿਆ ਜਿਉਂ ਦੀ ਤਿਉਂ ਹੈ। ਐਮ.ਪੀ. ਅਮਰ ਸਿੰਘ ਨੇ ਦਲਿਤਾਂ ਦੇ ਹੱਕ ਵਿਚ ਅਵਾਜ਼ ਉਠਾਉਂਦਿਆਂ ਕਿਹਾ ਕਿ ਜਿਸ ਦਲਿਤ ਦੇ ਘਰ ਦੀਆਂ ਕੰਧਾਂ ਕੱਚੀਆਂ ਹਨ, ਉਸ ਨੂੰ ਪ੍ਰਧਾਨ ਮੰਤਰੀ ਅਵਾਸ ਯੋਜਨਾ ਦਾ ਲਾਭ ਮਿਲੇਗਾ ਪਰ ਪੰਜਾਬ ਵਿਚ ਗਰੀਬਾਂ ਦੀਆਂ ਕੰਧਾਂ ਪੱਕੀਆਂ ਹਨ ਅਤੇ ਛੱਤਾਂ ਕੱਚੀਆਂ ਹਨ ਜਿਸ ਕਾਰਨ ਬਾਰਿਸ਼ਾਂ 'ਚ ਉਨ੍ਹਾਂ ਨੂੰ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈਂਦਾ ਹੈ, ਇਸ ਲਈ ਜੇਕਰ ਪੰਜਾਬ ਦੇ ਦਲਿਤਾਂ ਨੂੰ ਯੋਜਨਾ ਦਾ ਲਾਭ ਦੇਣਾ ਹੈ ਤਾਂ ਇਸ ਦੇ ਨਿਯਮਾਂ ਦੇ ਬਦਲਾਅ ਕਰਨਾ ਬਹੁਤ ਜ਼ਰੂਰੀ ਹੈ। ਉਨ੍ਹਾਂ ਕਿਹਾ ਕਿ ਮੇਰੇ ਲੋਕ ਸਭਾ ਹਲਕਾ ਫਤਹਿਗੜ੍ਹ ਸਾਹਿਬ ਵਿਚ ਕੁਝ ਮਹੀਨੇ ਪਹਿਲਾਂ ਹੀ ਹੜ੍ਹਾਂ ਤੇ ਬੀਮਾਰੀ ਕਾਰਨ ਫਸਲਾਂ ਦਾ ਕਾਫ਼ੀ ਨੁਕਸਾਨ ਹੋਇਆ, ਪਰ ਕਿਸਾਨਾਂ ਨੂੰ ਕੇਂਦਰ ਸਰਕਾਰ ਦੀ ਫਸਲੀ ਬੀਮਾ ਯੋਜਨਾ ਦਾ ਕੋਈ ਲਾਭ ਨਹੀਂ ਹੋਇਆ।

# ਤਰਕਸ਼ੀਲ ਲਹਿਰ ਦੇ ਸਿਰਕੱਢ ਨਾਇਕ ਸਨ ਮਾ. ਬਲਵੰਤ ਸਿੰਘ : ਜਲਾਲੇਆਣਾ

**ਸਿਰਸਾ (ਸੁਰਿੰਦਰ ਪਾਲ ਸਿੰਘ)**



ਤਰਕਸ਼ੀਲ ਸੁਸਾਇਟੀ ਕਾਲਾਂਵਾਲੀ (ਸਿਰਸਾ) ਅਤੇ ਹਰਿਆਣਾ ਸਕੂਲ ਅਧਿਆਪਕ ਸੰਘ ਵਲੋਂ ਕਿਹਾ ਗਿਆ ਕਿ ਤਰਕਸ਼ੀਲ ਲਹਿਰ ਦੇ ਸਿਰਕੱਢ ਮਾਸਟਰ ਬਲਵੰਤ ਸਿੰਘ ਦੇ ਵਿਛੋੜੇ ਨਾਲ ਲਹਿਰ ਨੂੰ ਵੱਡਾ ਘਾਟਾ ਪਿਆ ਹੈ। ਕਾਲਾਂਵਾਲੀ ਇਕਾਈ ਮੁਖੀ ਮਾਸਟਰ ਸ਼ਮਸ਼ੇਰ ਚੋਰਮਾਰ, ਅਜਾਇਬ ਜਲਾਲਆਣਾ, ਜਗਦੀਸ਼ ਸਿੰਘਪੁਰਾ, ਦਰਸ਼ਨ ਸਿੰਘ ਅਤੇ ਕੁਲਦੀਪ ਸਿੰਘ ਨੇ ਕਿਹਾ ਕਿ ਸਾਡੇ ਹਰਮਨਪਿਆਰੇ ਆਗੂ ਮਾਸਟਰ ਬਲਵੰਤ ਸਿੰਘ ਇਕ ਸੰਜੀਦਾ ਇਨਸਾਨ, ਊਰਜਾਵਾਨ, ਗਿਆਨਵਾਨ ਅਧਿਆਪਕ, ਟ੍ਰੇਡ ਯੂਨੀਅਨਾਂ ਚ ਕੰਮ ਕਰਨ ਵਾਲੇ ਅਤੇ ਹਰਿਆਣੇ ਵਿਚ ਵਿੱਢੀ ਤਰਕਸ਼ੀਲ ਮੁਹਿੰਮ ਦਾ ਇੱਕ ਪ੍ਰਸਿੱਧ ਚਿਹਰਾ ਸਨ। ਆਗੂਆਂ ਨੇ ਕਿਹਾ ਕਿ ਭਾਵੇਂ ਹੁਣ ਉਹ ਸਰੀਰਕ ਤੌਰ 'ਤੇ ਭਾਵੇਂ ਸਾਡੇ ਵਿਚਕਾਰ ਨਹੀਂ ਰਹੇ ਪਰ ਉਨ੍ਹਾਂ ਦੀ ਜੋਸ਼ੀਲੀ ਕਾਰਜਸ਼ੈਲੀ ਹਮੇਸ਼ਾ ਸਾਡੇ ਵਿਚਕਾਰ ਮੌਜੂਦ ਰਹੇਗੀ ਅਤੇ ਸਾਨੂੰ ਉਤਸ਼ਾਹਤ ਕਰਦੀ ਰਹੇਗੀ।ਹਰਿਆਣਾ ਵਿਚ ਤਰਕਸ਼ੀਲ ਲਹਿਰ ਨੂੰ ਉਤਸ਼ਾਹਿਤ ਕਰਨ ਵਿਚ ਉਨ੍ਹਾਂ ਦੀ ਵੱਡੀ ਅਤੇ ਮਹੱਤਵਪੂਰਨ ਭੂਮਿਕਾ ਸੀ।ਧਿਆਨ ਰਹੇ ਕਿ ਮਾ: ਬਲਵੰਤ ਸਿੰਘ ਦਾ ਸ਼ਰੀਰ ਮੈਡੀਕਲ ਕਾਲਜ ਕੁਰੁਕਸ਼ੇਤਰ ਨੂੰ ਪ੍ਰਦਾਨ ਕਰ ਦਿੱਤਾ ਗਿਆ ਸੀ।ਇਸ ਤਰ੍ਹਾਂ ਉਹ ਜਿਉਂਦੇ ਜੀਅ ਵੀ ਲੋਕਾਂ ਦੇ ਕੰਮ ਆਏ ਅਤੇ ਮਰਨ ਉਪਰੰਤ ਆਪਣਾ ਮ੍ਰਿਤਕ ਸਰੀਰ ਖ਼ੋਜ ਕਾਰਜਾਂ ਲਈ ਪ੍ਰਦਾਨ ਕਰਕੇ ਲੋਕਾਈ ਦੇ ਕੰਮ ਆਏ।

# ਲੋਕ ਸਭਾ ਚੋਣਾਂ 'ਚ ਸਤਿੰਦਰ ਚੱਠਾ 'ਤੇ 'ਆਪ' ਖੇਡ ਸਕਦੀ ਹੈ ਦਾਅ

**ਧੂਰੀ (ਰਾਜੇਸ਼ਵਰ ਪਿੰਟੂ, ਬਿੰਨੀ ਗਰਗ)**



ਆਮ ਆਦਮੀ ਪਾਰਟੀ ਅਗਾਮੀ ਲੋਕ ਸਭਾ ਚੋਣਾਂ ਵਿੱਚ ਲੋਕ ਸਭਾ ਹਲਕਾ ਸੰਗਰੂਰ ਤੋਂ ਪਾਰਟੀ ਦੇ ਟਰੇਡ ਵਿੰਗ ਦੇ ਸੂਬਾਈ ਆਗੂ ਅਤੇ ਮੁੱਖ ਮੰਤਰੀ ਦੇ ਕਰੀਬੀ ਸਤਿੰਦਰ ਸਿੰਘ ਚੱਠਾ 'ਤੇ ਦਾਅ ਖੇਡ ਸਕਦੀ ਹੈ, ਕਿਉਂਕਿ ਮੌਜੂਦਾ ਹਾਲਾਤਾਂ ਵਿੱਚ ਸਤਿੰਦਰ ਸਿੰਘ ਚੱਠਾ ਵਰਗਾ ਉਮੀਦਵਾਰ ਹੀ ਫਿੱਟ ਬੈਠ ਸਕਦਾ ਹੈ।ਸਤਿੰਦਰ ਸਿੰਘ ਚੱਠਾ ਪਾਰਟੀ ਅਤੇ ਸਥਿਤੀਆਂ 'ਤੇ ਖਰ੍ਹੇ ਉਤਰਦੇ ਹੋਏ ਨਜ਼ਰ ਆ ਰਹੇ ਹਨ। ਸਤਿੰਦਰ ਸਿੰਘ ਚੱਠਾ ਪਾਰਟੀ ਦੇ ਵਫ਼ਾਦਾਰ ਵਰਕਰਾਂ ਵਿੱਚੋਂ ਇੱਕ ਹਨ, ਜਿਨ੍ਹਾਂ ਨੇ ਮੁੱਖ ਮੰਤਰੀ ਭਗਵੰਤ ਮਾਨ ਦੀ ਹੋਈ ਚੋਣ ਵਿੱਚ ਦਿਨ ਰਾਤ ਇੱਕ ਕਰਕੇ ਮਿਹਨਤ ਕੀਤੀ ਅਤੇ ਮੁੱਖ ਮੰਤਰੀ ਪੰਜਾਬ ਦੇ ਮੋਢੇ ਨਾਲ ਮੋਢਾ ਲਗਾ ਕੇ ਪਾਰਟੀ ਨੂੰ ਸਿਖਰਾਂ ਤੱਕ ਲਿਜਾਣ ਵਿੱਚ ਅਹਿਮ ਯੋਗਦਾਨ ਪਾਇਆ।ਉਨ੍ਹਾਂ ਨੇ ਸਰਕਾਰ ਬਣਨ ਤੋਂ ਬਾਅਦ ਵੀ ਹੋਈਆਂ ਜਿਮਨੀ ਚੋਣਾਂ ਵਿੱਚ ਦਿਨ-ਰਾਤ ਇੱਕ ਕਰਕੇ ਕੰਮ ਕੀਤਾ।ਸਤਿੰਦਰ ਸਿੰਘ ਚੱਠਾ ਜਿੱਥੇ ਇਲਾਕੇ ਵਿੱਚ ਖੇਡ ਪ੍ਰੇਮੀ ਵਜੋਂ ਜਾਣੇ ਜਾਂਦੇ ਹਨ, ਉਥੇ ਐਫ.ਸੀ.ਆਈ ਮੁਲਾਜਮਾਂ ਦੀ ਜਥੇਬੰਦੀ ਦੇ ਕੌਮੀ ਪ੍ਰਧਾਨ ਵਜੋਂ ਪਿਛਲੇ ਲੰਮੇ ਸਮੇਂ ਤੋਂ ਸੇਵਾ ਨਿਭਾਅ ਰਹੇ ਹਨ, ਜਿਸ ਕਾਰਨ ਉਨ੍ਹਾਂ ਦੀ ਮੁਲਾਜਮ ਤਬਕੇ ਵਿੱਚ ਚੰਗਾ ਅਸਰ ਰਸੂਖ ਹੈ।ਸਤਿੰਦਰ ਸਿੰਘ ਚੱਠਾ ਅਕਸਰ ਹੀ ਧੜੇਬੰਦੀ ਤੋਂ ਦੂਰ ਰਹਿਣ ਵਾਲੇ ਸ਼ਖ਼ਸ ਸਨ।ਲੋਕ ਸਭਾ ਹਲਕਾ ਸੰਗਰੂਰ ਅਧੀਨ ਵਿਧਾਨ ਸਭਾ ਹਲਕਾ ਦਿੜਬਾ, ਸੁਨਾਮ, ਲਹਿਰਾਗਾਗਾ, ਸੰਗਰੂਰ, ਧੂਰੀ, ਬਰਨਾਲਾ, ਭਦੌੜ, ਮਹਿਲ ਕਲਾਂ ਤੇ ਮਾਲੇਰਕੋਟਲਾ ਆਉਂਦੇ ਹਨ।ਹਾਲਾਂਕਿ ਇਸ ਬਾਰੇ ਅੰਤਿਮ ਫ਼ੈਸਲਾ ਪਾਰਟੀ ਨੇ ਲੈਣਾ ਹੈ, ਪਰ ਸਾਫ਼-ਸੁਥਰਾ ਅਕਸ਼ ਅਤੇ ਪਾਰਟੀ ਪ੍ਰਤੀ ਵਫ਼ਾਦਾਰ ਅਹਿਮ ਮਾਇਨੇ ਰੱਖਦੀ ਹੈ, ਉਧਰ ਪਾਰਟੀ ਵੱਲੋਂ ਆਮ ਘਰਾਂ ਦੇ ਵਿਅਕਤੀਆਂ ਨੂੰ ਅੱਗੇ ਲਿਆਉਣ ਦੀ ਲੜੀ ਤਹਿਤ ਵੀ ਇਹ ਪਾਰਟੀ ਦੀ ਇੱਕ ਹੋਰ ਪਹਿਲਕਦਮੀ ਹੋਵੇਗੀ।

# 'ਆਪ' ਸਰਕਾਰ ਵੱਲੋਂ ਲਾਏ ਜਾ ਰਹੇ ਕੈਂਪਾਂ ਦਾ 2050 ਨਾਗਰਿਕਾਂ ਨੇ ਲਿਆ ਲਾਭ : ਡੀ.ਸੀ.

**ਅਮਲੋਹ (ਲਖਵੀਰ ਸਿੰਘ, ਹਰਚਰਨ ਉੱਪਲ)**



ਪੰਜਾਬ ਸਰਕਾਰ ਵੱਲੋਂ ਆਪ ਦੀ ਸਰਕਾਰ ਆਪ ਦੇ ਦੁਆਰ ਤਹਿਤ ਪਿੰਡਾਂ ਤੇ ਸ਼ਹਿਰਾਂ ਦੇ ਲੋਕਾਂ ਨੂੰ ਇੱਕੋ ਛੱਤ ਹੇਠ ਵੱਖ-ਵੱਖ ਸੇਵਾਵਾਂ ਮੁਹੱਈਆ ਕਰਾਉਣ ਅਤੇ ਲੋਕਾਂ ਦੀਆਂ ਸ਼ਿਕਾਇਤਾਂ ਦਾ ਨਿਪਟਾਰਾ ਕਰਨ ਲਈ ਲਾਏ ਜਾ ਰਹੇ ਕੈਂਪਾਂ ਨੂੰ ਜ਼ਿਲ੍ਹੇ ਦੇ ਲੋਕਾਂ ਦਾ ਭਰਵਾਂ ਸਹਿਯੋਗ ਮਿਲ ਰਿਹਾ ਹੈ ਅਤੇ ਇਨ੍ਹਾਂ ਕੈਂਪਾਂ ਦਾ ਹੁਣ ਤੱਕ 2050 ਨਾਗਰਿਕਾਂ ਨੇ ਲਾਭ ਲਿਆ ਹੈ।ਡਿਪਟੀ ਕਮਿਸ਼ਨਰ ਸ਼੍ਰੀਮਤੀ ਪਰਨੀਤ ਸ਼ੇਰਗਿੱਲ ਨੇ ਆਪ ਦੀ ਸਰਕਾਰ ਆਪ ਦੇ ਦੁਆਰ ਤਹਿਤ ਪਿੰਡ ਸਲਾਣਾ ਵਿਖੇ ਲਾਏ ਕੈਂਪ ਦਾ ਜਾਇਜ਼ਾ ਲੈਣ ਉਪਰੰਤ ਦਿੱਤੀ।ਉਨ੍ਹਾਂ ਦੱਸਿਆ ਕਿ ਬੀਤੀ 07 ਫਰਵਰੀ ਨੂੰ ਵੱਖ-ਵੱਖ ਪਿੰਡਾਂ ਤੇ ਸ਼ਹਿਰਾਂ ਵਿੱਚ 17 ਕੈਂਪ ਲਗਾਏ ਗਏ ਸਨ, ਜਿਨ੍ਹਾਂ ਵਿੱਚ 293 ਵਿਅਕਤੀਆਂ ਵੱਲੋਂ ਵੱਖ-ਵੱਖ ਸੇਵਾਵਾਂ ਹਾਸਲ ਕਰਨ ਲਈ ਅਪਲਾਈ ਕੀਤਾ ਸੀ ਇਨ੍ਹਾਂ ਵਿੱਚੋਂ 226 ਨਾਗਰਿਕਾਂ ਨੂੰ ਮੌਕੇ ਤੇ ਸੇਵਾਵਾਂ ਮੁਹੱਈਆ ਕਰਾਈਆਂ ਗਈਆਂ ਅਤੇ ਬਾਕੀ ਸੇਵਾਵਾਂ ਛੇਤੀ ਹੀ ਮੁਹੱਈਆ ਕਰਾਉਣ ਲਈ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਗਏ ਹਨ।ਉਨ੍ਹਾਂ ਇਹ ਵੀ ਦੱਸਿਆ ਕਿ ਇਨ੍ਹਾਂ ਕੈਂਪਾਂ ਦੌਰਾਨ ਪ੍ਰਾਪਤ ਹੋਣ ਵਾਲੀਆਂ ਸ਼ਿਕਾਇਤਾਂ ਦੇ 100 ਫੀਸਦੀ ਨਿਪਟਾਰੇ ਨੂੰ ਯਕੀਨੀ ਬਣਾਇਆ ਗਿਆ ਹੈ ਤਾਂ ਜੁ ਕੋਈ ਵੀ ਨਾਗਰਿਕ ਸੇਵਾਵਾਂ ਹਾਸਲ ਕਰਨ ਤੋਂ ਵਾਂਝਾ ਨਾ ਰਹੇ। ਸ਼੍ਰੀਮਤੀ ਪਰਨੀਤ ਸ਼ੇਰਗਿੱਲ ਨੇ ਦੱਸਿਆ ਕਿ ਹੁਣ ਤੱਕ ਇਨ੍ਹਾਂ ਕੈਂਪਾਂ ਵਿੱਚ 726 ਵਿਅਕਤੀਆਂ ਨੂੰ ਸੇਵਾਵਾਂ ਮੁਹੱਈਆ ਕਰਾਈਆਂ ਜਾ ਚੁੱਕੀਆਂ ਹਨ।ਉਨ੍ਹਾਂ ਇਹ ਵੀ ਦੱਸਿਆ ਕਿ ਸਰਕਾਰ ਵੱਲੋਂ ਇਨ੍ਹਾਂ ਕੈਂਪਾਂ ਬਾਰੇ ਵੱਧ ਤੋਂ ਵੱਧ ਲੋਕਾਂ ਨੂੰ ਜਾਗਰੂਕ ਕਰਨ ਵਾਸਤੇ ਤਿਆਰ ਕਰਵਾਈਆਂ ਗਈਆਂ ਪ੍ਰਚਾਰ ਵੈਨਾਂ ਦਾ ਵੀ ਲੋਕਾਂ ਨੂੰ ਕਾਫੀ ਲਾਭ ਮਿਲ ਰਿਹਾ ਹੈ ਕਿਉਂਕਿ ਇਨ੍ਹਾਂ ਵੈਨਾਂ ਰਾਹੀਂ ਜਿਥੇ ਲੋਕਾਂ ਨੂੰ ਕੈਂਪ ਲੱਗਣ ਤੋਂ ਇੱਕ ਦਿਨ ਪਹਿਲਾਂ ਪੂਰੀ ਜਾਣਕਾਰੀ ਦਿੱਤੀ ਜਾਂਦੀ ਹੈ ਉਥੇ ਹੀ ਸਰਕਾਰ ਦੀਆਂ ਵੱਖ-ਵੱਖ ਲੋਕ ਭਲਾਈ ਸਕੀਮਾਂ ਬਾਰੇ ਵੀ ਦੱਸਿਆ ਜਾਂਦਾ ਹੈ ਤਾਂ ਜੋ ਸਾਰੇ ਯੋਗ ਲਾਭਪਾਤਰੀ ਇਨ੍ਹਾਂ ਸਕੀਮਾਂ ਤੋਂ ਲਾਭ ਉਠਾ ਸਕਣ।ਡਿਪਟੀ ਕਮਿਸ਼ਨਰ ਨੇ ਜ਼ਿਲ੍ਹੇ ਦੇ ਲੋਕਾਂ ਨੂੰ ਅਪੀਲ ਕੀਤੀ ਕਿ ਆਪ ਦੀ ਸਰਕਾਰ ਆਪ ਦੇ ਦੁਆਰ ਤਹਿਤ ਰੋਜ਼ਾਨਾਂ ਕੈਂਪ ਲਗਾਏ ਜਾਣਗੇ ਤਾਂ ਜੁ ਜ਼ਿਲ੍ਹੇ ਦੇ ਸਾਰੇ ਨਾਗਰਿਕ ਆਪਣੀ ਲੋੜ ਦੀਆਂ ਸੇਵਾਵਾਂ ਹਾਸਲ ਕਰ ਸਕਣ।ਇਸ ਲਈ ਸਮੂਹ ਨਾਗਰਿਕ ਆਪੋ ਆਪਣੇ ਪਿੰਡਾਂ ਤੇ ਸ਼ਹਿਰਾਂ ਵਿੱਚ ਲੱਗਣ ਵਾਲੇ ਕੈਂਪਾਂ ਦਾ ਵੱਧ ਤੋਂ ਵੱਧ ਲਾਭ ਉਠਾਉਣ ਲਈ ਕੈਂਪਾਂ ਵਿੱਚ ਪਹੁੰਚਣ ਤਾਂ ਜੁ ਉਹ ਵੱਖ-ਵੱਖ ਵਿਭਾਗਾਂ ਨਾਲ ਸਬੰਧਤ ਸੇਵਾਵਾਂ ਹਾਸਲ ਕਰ ਸਕਣ।

# ਕਾਂਗਰਸ 'ਚ ਦਲਿਤ ਭਾਈਚਾਰੇ ਦੀ ਕੋਈ ਸੁਣਵਾਈ ਨਹੀਂ : ਕਾਲੀ

**ਦੋਰਾਹਾ (ਹਰਮਿੰਦਰ ਸੇਠ)**-ਲੋਕ ਸਭਾ ਅਗਾਮੀ ਚੋਣਾਂ 2024 ਤੋਂ ਪਹਿਲਾਂ ਰਾਜਨੀਤੀ ਪਾਰਟੀਆਂ ਵੱਲੋਂ ਲੋਕਾਂ ਨੂੰ ਭਰਮਾਉਣ ਲਈ ਵੱਡੀਆਂ-ਵੱਡੀਆਂ ਰੈਲੀਆਂ ਕੀਤੀਆਂ ਜਾ ਰਹੀਆਂ ਹਨ। 2020 'ਚ ਜ਼ਹਿਰੀਲੀ ਸ਼ਰਾਬ ਪੀਣ ਕਾਰਨ 123 ਲੋਕਾਂ ਦੀ ਮੌਤ ਹੋ ਗਈ ਸੀ ਅਤੇ 18 ਦੇ ਲਗਪਗ ਲੋਕਾਂ ਦੀਆਂ ਅੱਖਾਂ ਦੀ ਰੌਸ਼ਨੀ ਚਲੀ ਗਈ ਸੀ। ਇਹ ਜ਼ਹਿਰੀਲੀ ਸ਼ਰਾਬ ਪਟਿਆਲਾ ਜ਼ਿਲ੍ਹੇ ਵਿੱਚ ਤੇ ਖੰਨਾ ਵਿਚ ਚੱਲ ਰਹੀਆਂ ਨਜਾਇਜ਼ ਸ਼ਰਾਬ ਫੈਕਟਰੀਆਂ ਤੋਂ ਸਪਲਾਈ ਕੀਤੀ ਗਈ ਸੀ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਵਿਧਾਨ ਸਭਾ ਹਲਕਾ ਅਜ਼ਾਦ ਚੋਣ ਲੜ ਚੁੱਕੇ ਗੁਰਦੀਪ ਸਿੰਘ ਕਾਲੀ ਨੇ ਸ਼ਮਸ਼ੇਰ ਸਿੰਘ ਦੂਲੋਂ ਦੇ ਬਿਆਨ ਦਾ ਸਮਰਥਨ ਕਰਦੇ ਹੋਏ ਕਹੇ।

ਉਨ੍ਹਾਂ ਅੱਗੇ ਕਿਹਾ ਕਿ ਕਾਂਗਰਸ ਦੇ ਸਾਬਕਾ ਪ੍ਰਦੇਸ਼ ਪ੍ਰਧਾਨ ਤੇ ਸਾਬਕਾ ਰਾਜ ਸਭਾ ਅਤੇ ਲੋਕ ਸਭਾ ਮੈਂਬਰ, ਸਾਬਕਾ ਮੰਤਰੀ ਦੂਲੋਂ ਲਗਾਤਾਰ ਆਪਣੀ ਹੀ ਪਾਰਟੀ ਦੇ ਅਹੁਦੇਦਾਰਾਂ ਖਿਲਾਫ਼ ਪੰਜਾਬ ਅੰਦਰ ਨਸ਼ਾ ਵਰਤਾਉਣ ਤੇ ਨਕਲੀ ਨਜਾਇਜ਼ ਸ਼ਰਾਬ ਫੈਕਟਰੀਆਂ ਚਲਾਉਣ ਦੇ ਦੋਸ਼ ਲਾ ਰਹੇ ਹਨ ਤੇ ਕਾਂਗਰਸ ਹਾਈਕਮਾਂਡ ਉਨ੍ਹਾਂ ਲੋਕਾਂ ਨੂੰ ਲਗਾਤਾਰ ਤਰੱਕੀਆਂ ਦੇ ਰਹੀ ਹੈ। ਇਸ ਤੋਂ ਸਪੱਸ਼ਟ ਹੈ ਕਿ ਕਾਂਗਰਸ ਅੰਦਰ ਜਦ ਦੂਲੋਂ ਵਰਗੇ ਵੱਡੇ ਕੱਦ ਵਾਲੇ ਲੀਡਰ ਦੀ ਕੋਈ ਸੁਣਵਾਈ ਨਹੀਂ ਤਾਂ ਆਮ ਦਲਿਤ ਲੋਕ ਕਾਂਗਰਸ ਤੋਂ ਕੀ ਭਾਲਦੇ ਹਨ, ਉਨ੍ਹਾਂ ਦੀ ਕਾਂਗਰਸ ਪਾਰਟੀ 'ਚ ਸੁਣਵਾਈ ਕੀ ਹੋਵੇਗੀ।

# ਬਹਾਵਲਪੁਰ ਭਵਨ ਬਹੁਤ ਜਲਦ ਬਣਾਇਆ ਜਾਵੇਗਾ : ਵਿਧਾਇਕ



**ਨਾਭਾ (ਵਰਿੰਦਰ ਵਰਮਾ)**

ਬਹਾਵਲਪੁਰ ਬਿਰਾਦਰੀ ਵੈਲਫੇਅਰ ਸੁਸਾਇਟੀ ਦੇ ਪ੍ਰਧਾਨ ਸ਼ਾਂਤੀ ਪ੍ਰਕਾਸ਼ ਛਾਬੜਾ ਜੀ ਦੇ ਗ੍ਰਹਿ ਵਿਖੇ ਹਰ ਸਾਲ ਦੀ ਤਰ੍ਹਾਂ ਭਗਵਾਨ ਸ਼ਿਵ ਜੀ ਦਾ ਮਹਾਪ੍ਰਸ਼ਾਦ ਚੂਰੀ ਡੋਰਾ ਦਾ ਆਯੋਜਨ ਕੀਤਾ ਗਿਆ।ਪ੍ਰਾਚੀਨ ਸਮੇਂ ਤੋਂ ਹੀ ਇਸ ਸਮਾਜ ਵੱਲੋਂ ਮਾਘ ਦੇ ਪਵਿੱਤਰ ਮਹੀਨੇ ਚੂਰੀ ਡੋਰਾ ਦੇ ਪ੍ਰੋਗਰਾਮ ਆਯੋਜਤ ਕੀਤਾ ਜਾਂਦਾ ਹੈ, ਜਿਸ ਵਿੱਚ ਹਲਕਾ ਵਿਧਾਨ ਸਭਾ ਨਾਭਾ ਤੋਂ ਆਮ ਆਦਮੀ ਪਾਰਟੀ ਦੇ ਵਿਧਾਇਕ ਗੁਰਦੇਵ ਸਿੰਘ ਦੇਵ ਮਾਨ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ।ਇਸ ਮੌਕੇ ਉਨ੍ਹਾਂ ਪ੍ਰਧਾਨ ਸ਼ਾਂਤੀ ਕਰ ਛਾਬੜਾ ਤੇ ਸਮੂਹ ਮੈਂਬਰਾਂ ਨਾਲ ਨਾਭਾ ਵਿਖੇ ਬਹਾਵਲਪੁਰ ਭਵਨ ਬਣਾਉਣ ਦੇ ਸੰਬਧ ਵਿੱਚ ਵਿਚਾਰ ਚਰਚਾ ਕੀਤੀ।

ਦੇਵ ਮਾਨ ਨੇ ਕਿਹਾ ਕਿ ਬਹਾਵਲਪੁਰ ਬਿਰਾਦਰੀ ਦਾ ਸਮਾਜ ਵਿੱਚ ਬਹੁਤ ਵੱਡਾ ਆਧਾਰ ਹੈ। ਇਹਨਾਂ ਦੇ ਸਮੂਹ ਮੈਂਬਰਾਂ ਵੱਲੋਂ ਸਮਾਜ ਵਿੱਚ ਹਮੇਸ਼ਾ ਹੀ ਸਮਾਜ ਭਲਾਈ ਦੇ ਕਾਰਜ ਜਿਵੇਂ ਖੂਨਦਾਨ ਕੈਂਪ, ਅੱਖਾਂ ਦਾ ਚੈੱਕ ਅੱਪ ਅਪ੍ਰੇਸ਼ਨ ਕੈਂਪ, ਲੋੜਵੰਦਾਂ ਨੂੰ ਰਾਸ਼ਨ ਦੀਆਂ ਕਿੱਟਾਂ ਵੰਡਣੀਆਂ ਆਦਿ ਕੀਤੇ ਜਾਂਦੇ ਹਨ।ਉਨ੍ਹਾਂ ਦੱਸਿਆ ਕਿ ਬਹਾਵਲਪੁਰ ਬਿਰਾਦਰੀ ਵੈਲਫੇਅਰ ਸੁਸਾਇਟੀ ਨਾਭਾ ਪ੍ਰਧਾਨ ਸ਼ਾਂਤੀ ਪ੍ਰਕਾਸ਼ ਛਾਬੜਾ ਦੀ ਅਗਵਾਈ ਵਿੱਚ ਸਮੂਹ ਮੈਂਬਰਾਂ ਵੱਲੋਂ ਕੁਝ ਸਮਾਂ ਪਹਿਲਾਂ ਨਾਭਾ ਵਿਖੇ ਬਹਾਵਲਪੁਰ ਭਵਨ ਬਣਾਉਣ ਸਬੰਧੀ ਮੰਗ ਪੱਤਰ ਦਿੱਤਾ ਗਿਆ ਸੀ। ਦੇਵ ਮਾਨ ਨੇ ਸਮੂਹ ਮੈਂਬਰਾਂ ਨੂੰ ਭਰੋਸਾ ਦਿੱਤਾ ਕਿ ਪ੍ਰੋਜੈਕਟ ਵੱਡਾ ਹੋਣ ਕਾਰਨ ਬਹੁਤ ਜਲਦੀ ਹੀ ਮੁੱਖ ਮੰਤਰੀ ਪੰਜਾਬ ਭਗਵੰਤ ਮਾਨ ਜੀ ਨਾਲ ਗੱਲਬਾਤ ਕਰਕੇ ਭਵਨ ਲਈ ਜਗ੍ਹਾ ਦਿੱਤੀ ਜਾਵੇਗੀ ਅਤੇ ਭਵਨ ਬਣਾਉਣ ਲਈ ਗ੍ਰਾਂਟ ਵੀ ਜਾਰੀ ਕੀਤੀ ਜਾਵੇਗੀ।ਇਸ ਮੌਕੇ ਪ੍ਰਧਾਨ ਸ਼ਾਂਤੀ ਪ੍ਰਕਾਸ਼ ਛਾਬੜਾ, ਪ੍ਰੈੱਸ ਸਕੱਤਰ ਵਰਿੰਦਰ ਵਰਮਾ ਅਤੇ ਸਮੂਹ ਮੈਂਬਰਾਂ ਵੱਲੋਂ ਹਲਕਾ ਵਿਧਾਇਕ ਦੇਵ ਮਾਨ ਨੂੰ ਸਿਰੋਪਾ ਦੇ ਕੇ ਸਨਮਾਨਤ ਕੀਤਾ ਗਿਆ।

# ਦੇਸ਼ ਭਗਤ 'ਵਰਸਿਟੀ ਲੋੜਵੰਦ ਵਿਦਿਆਰਥੀਆਂ ਦੀ ਮਦਦ ਲਈ ਵਚਨਬੱਧ : ਡਾ. ਵਰਿੰਦਰ ਸਿੰਘ

**ਫ਼ਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**



ਦੇਸ਼ ਭਗਤ ਯੂਨੀਵਰਸਟੀ ਦੇ ਸਹਿਯੋਗ ਨਾਲ ਭਾਰਤੀ ਜਨਤਾ ਪਾਰਟੀ ਦੇ ਐਸ ਸੀ ਮੋਰਚਾ ਵੱਲੋਂ ਦਲਿਤ ਯੁਵਾ ਸੰਵਾਦ ਪ੍ਰੋਗਰਾਮ ਕਰਾਇਆ ਗਿਆ।ਪ੍ਰੋਗਰਾਮ ਦੇ ਮੁੱਖ ਮਹਿਮਾਨ ਐਸ ਸੀ ਮੋਰਚਾ ਦੇ ਪ੍ਰਧਾਨ ਐਸ ਆਰ ਲੱਧੜ, ਜਦਕਿ ਪ੍ਰਧਾਨਗੀ ਦੇਸ਼ ਭਗਤ ਯੂਨੀਵਰਸਟੀ ਦੇ ਪ੍ਰੈਜ਼ੀਡੈਂਟ ਡਾ ਸੰਦੀਪ ਸਿੰਘ ਅਤੇ ਚਾਂਸਲਰ ਦੇ ਸਲਾਹਕਾਰ ਡਾ. ਵਰਿੰਦਰ ਸਿੰਘ ਨੇ ਕੀਤੀ।ਭਾਜਪਾ ਆਗੂ ਪ੍ਰਦੀਪ ਗਰਗ ਨੇ ਵਿਸ਼ੇਸ਼ ਮਹਿਮਾਨ ਵਜੋਂ ਸ਼ਿਰਕਤ ਕੀਤੀ।ਮੀਡੀਆ ਡਾਇਰੈਕਟਰ ਸੁਰਜੀਤ ਕੌਰ ਪਥੇਜਾ ਨੇ ਮਹਿਮਾਨਾਂ ਦਾ ਪੌਦੇ ਦੇ ਕੇ ਸਵਾਗਤ ਕੀਤਾ। ਵਿਦਿਆਰਥੀਆਂ ਨਾਲ ਸੰਵਾਦ ਰਚਾਉਂਦੀਆਂ ਮੁੱਖ ਮਹਿਮਾਨ ਤੇ ਭਾਜਪਾ ਦੇ ਐਸ ਸੀ ਮੋਰਚਾ ਦੇ ਪ੍ਰਧਾਨ ਐਸ ਆਰ ਲੱਧੜ ਨੇ ਕਿਹਾ ਕਿ ਅੱਜ ਅਸੀਂ ਜੋ ਕੁਝ ਵੀ ਸੰਵਿਧਾਨਿਕ ਤੌਰ 'ਤੇ ਹਾਸਲ ਕਰ ਰਹੇ ਹਾਂ ਇਹ ਸਭ ਸੰਵਿਧਾਨ ਦੇ ਨਿਰਮਾਤਾ ਭੀਮ ਰਾਓ ਅੰਬੇਡਕਰ ਦੀ ਬਦੌਲਤ ਹੀ ਸੰਭਵ ਹੋ ਸਕਿਆ।ਉਨ੍ਹਾਂ ਕਿਹਾ ਕਿ ਪਛੜੇ ਵਰਗ ਨੂੰ ਸਹੂਲਤਾਂ ਉਨ੍ਹਾਂ ਕਾਰਨ ਹੀ ਮਿਲ ਰਹੀਆਂ ਹਨ।ਐਸ.ਸੀ ਵਰਗ ਦੇ ਵਿਦਿਆਰਥੀਆਂ ਨੂੰ ਭਾਰਤ ਸਰਕਾਰ ਵਲੋਂ ਮਿਲ ਰਹੀ ਸਕਾਲਰਸ਼ਿਪ ਵੀ ਡਾ ਅੰਬੇਡਕਰ ਵੱਲੋਂ ਦਿਵਾਏ ਹੱਕਾਂ ਵਿੱਚ ਸ਼ਾਮਿਲ ਹੈ।ਸ਼੍ਰੀ ਲੱਧੜ ਨੇ ਦੱਸਿਆ ਕਿ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਦੀ ਸਰਕਾਰ ਨੇ ਸਕਾਲਰਸ਼ਿਪ ਸਕੀਮ ਨੂੰ ਸਹੀ ਢੰਗ ਨਾਲ ਲਾਗੂ ਕਰਾਇਆ ਹੈ।ਉਨ੍ਹਾਂ ਵਿਦਿਆਰਥੀਆਂ ਨੂੰ ਪੋਰਟਲ ਰਾਹੀਂ ਸਕਾਲਰਸ਼ਿਪ ਮਿਲਣ ਸੰਬੰਧੀ ਆ ਰਹੀਆਂ ਮੁਸ਼ਕਲਾਂ ਹੱਲ ਕਰਾਉਣ ਦਾ ਭਰੋਸਾ ਵੀ ਦਿਵਾਇਆ। ਉਨ੍ਹਾਂ ਵਿਦਿਆਰਥੀਆਂ ਨੂੰ ਜੀਵਨ ਵਿੱਚ ਸਫ਼ਲਤਾ ਵੱਲ ਕਦਮ ਵਧਾਉਣ ਦੇ ਗੁਰ ਵੀ ਦੱਸੇ।ਪ੍ਰੋਗਰਾਮ ਵਿੱਚ ਭਾਰਤੀ ਜਨਤਾ ਪਾਰਟੀ ਐਸ ਸੀ ਮੋਰਚਾ ਦੇ ਮੀਤ ਪ੍ਰਧਾਨ ਪਰਮਜੀਤ ਸਿੰਘ ਕੈਂਥ ਨੇ ਕਿਹਾ ਕਿ ਇਹ ਪ੍ਰੋਗਰਾਮ ਸੰਵਿਧਾਨ ਦੇ ਨਿਰਮਾਤਾ ਡਾ. ਭੀਮ ਰਾਓ ਅੰਬੇਡਕਰ ਦੀ ਪਤਨੀ ਰਮਾ ਅੰਬੇਡਕਰ ਨੂੰ ਸਮਰਪਿਤ ਹੈ। ਇਸ ਮੌਕੇ ਉਨ੍ਹਾਂ ਦੀ ਸਮਾਜ ਨੂੰ ਦੇਣ ਬਾਰੇ ਯਾਦ ਕਰਦਿਆਂ ਉਨ੍ਹਾਂ ਵਲੋਂ ਉੱਚ ਸਿੱਖਿਆ ਦਾ ਸਭ ਨੂੰ ਅਧਿਕਾਰ ਦਿਵਾਉਣਾ ਭੁਲਾਇਆ ਨਹੀਂ ਜਾ ਸਕਦਾ।ਇਸ ਦਾ ਲਾਭ ਅਨੁਸੂਚਿਤ ਜਾਤੀ ਦੇ ਵਿਦਿਆਰਥੀਆਂ ਨੂੰ ਮਿਲ ਰਿਹਾ ਹੈ।ਸ਼੍ਰੀ ਕੈਂਥ ਨੇ ਭਾਰਤ ਸਰਕਾਰ ਵਲੋਂ ਐਸ ਸੀ ਵਿਦਿਆਰਥੀਆਂ ਲਈ ਸ਼ੁਰੂ ਕੀਤੀ ਗਈ ਸਕਾਲਰਸ਼ਿਪ ਬਾਰੇ ਕਿਹਾ ਕਿ ਇਸ ਦਾ ਵੱਡੀ ਗਿਣਤੀ ਬੱਚਿਆਂ ਨੂੰ ਲਾਭ ਮਿਲ ਰਿਹਾ ਹੈ।ਉਨ੍ਹਾਂ ਕਿਹਾ ਕਿ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਦੀ ਅਗਵਾਈ ਵਾਲੀ ਸਰਕਾਰ ਨੇ ਸਕਾਲਰਸ਼ਿਪ ਸਕੀਮ ਸੁਚਾਰੂ ਢੰਗ ਨਾਲ ਲਾਗੂ ਕਰਾਈ ਤੇ ਇਸ ਦਾ ਐਸ ਸੀ ਵਰਗ ਦੇ ਵੱਡੀ ਗਿਣਤੀ ਵਿਦਿਆਰਥੀ ਲਾਭ ਉਠਾ ਰਹੇ ਹਨ।ਉਨ੍ਹਾਂ ਨੂੰ ਕੁਝ ਬੱਚਿਆਂ ਨੇ ਸਕਾਲਰਸ਼ਿਪ ਸੰਬੰਧੀ ਪੋਰਟਲ ਨਾਲ ਆ ਰਹੀਆਂ ਮੁਸ਼ਕਲਾਂ ਵੀ ਦੱਸੀਆਂ।ਕੈਂਥ ਨੇ ਬੱਚਿਆਂ ਨੂੰ ਭਰੋਸਾ ਦਿਵਾਇਆ ਕਿ ਉਹ ਉਨ੍ਹਾਂ ਦੀਆਂ ਮੁਸ਼ਕਲਾਂ ਦਾ ਜਲਦੀ ਹੱਲ ਕਰਾਉਣਗੇ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਸਕਾਲਰਸ਼ਿਪ ਦੀ ਦੁਰਵਰਤੋਂ ਨਾ ਕਰਨ ਦੀ ਸਲਾਹ ਵੀ ਦਿੱਤੀ।

# ਡੀ ਐੱਸ ਪੀ ਦਲਬੀਰ ਸਿੰਘ ਵੱਲੋਂ ਚਾਰਜ ਸੰਭਾਲਣ 'ਤੇ ਕੀਤਾ ਸਵਾਗਤ

**ਬਾਘਾ ਪੁਰਾਣਾ (ਮਨੀ ਸਿੰਗਲਾ)**



ਥਾਣਾ ਮੁਖੀ ਵੱਜੋਂ ਆਪਣੀਆਂ ਬੇਦਾਗ ਅਤੇ ਸ਼ਾਨਦਾਰ ਸੇਵਾਵਾਂ ਨਿਭਾਅ ਚੁੱਕੇ ਦਲਬੀਰ ਸਿੰਘ ਡੀ.ਐਸ.ਪੀ ਵੱਲੋਂ ਬਾਘਾ ਪੁਰਾਣਾ ਵਿਖੇ ਡੀ.ਐਸ.ਪੀ ਵੱਜੋਂ ਚਾਰਜ ਸੰਭਾਲਿਆ ਗਿਆ ਹੈ। ਦੱਸਣਯੋਗ ਹੈ ਕਿ ਡੀ.ਐਸ.ਪੀ ਜਸਯਜੋਤ ਸਿੰਘ ਦੀ ਬਦਲੀ ਹੋ ਜਾਣ ਦੇ ਬਾਅਦ ਦਲਬੀਰ ਸਿੰਘ ਡੀਐਸਪੀ ਵੱਲੋਂ ਬਾਘਾ ਵਿਖੇ ਉਪ ਕਪਤਾਨ ਵੱਜੋਂ ਚਾਰਜ ਸੰਭਾਲਿਆ ਗਿਆ, ਜਿਸ 'ਤੇ ਸ਼ਹਿਰੀਆਂ ਅਤੇ ਹੋਰ ਸਮਾਜ ਸੇਵੀ ਸੰਸਥਾਵਾਂ ਵੱਲੋਂ ਡੀ.ਐਸ.ਪੀ ਦਲਬੀਰ ਸਿੰਘ ਵੱਲੋਂ ਬਾਘਾ ਪੁਰਾਣਾ ਵਿਖੇ ਚਾਰਜ ਸੰਭਾਲਣ 'ਤੇ ਸਨਮਾਨਤ ਕੀਤਾ ਜਾ ਰਿਹਾ ਹੈ, ਕਿਉਂਕਿ ਇਸ ਤੋਂ ਪਹਿਲਾਂ ਵੀ ਡੀ.ਐਸ.ਪੀ ਦਲਬੀਰ ਸਿੰਘ ਥਾਣਾ ਮੁਖੀ ਬਾਘਾ ਪੁਰਾਣਾ ਵੱਜੋਂ ਆਪਣੀਆਂ ਸੇਵਾਵਾਂ ਨਿਭਾ ਚੁੱਕੇ ਹਨ ਤੇ ਉਸ ਸਮੇਂ ਡੀ.ਐਸ.ਪੀ ਦਲਬੀਰ ਸਿੰਘ ਵੱਲੋਂ ਸ਼ਰਾਰਤੀ ਅਨਸਰਾਂ, ਨਸ਼ਾ ਤਸਕਰਾਂ ਸਮੇਤ ਸਮੱਗਲਰਾਂ ਦੇ ਨੱਕ ਵਿਚ ਦਮ ਕਰੀ ਰੱਖਿਆ ਸੀ।ਹੁਣ ਜਦੋਂ ਡੀ.ਐਸ.ਪੀ ਦਲਬੀਰ ਸਿੰਘ ਵੱਲੋਂ ਬਾਘਾ ਪੁਰਾਣਾ ਵਿਖੇ ਉਪ ਕਪਤਾਨ ਵੱਜੋਂ ਚਾਰਜ ਸੰਭਾਲਿਆ ਗਿਆ ਤਾਂ ਬਾਘਾ ਪੁਰਾਣਾ ਸ਼ਹਿਰੀਆਂ ਅੰਦਰ ਖੁਸ਼ੀ ਦੀ ਲਹਿਰ ਪਾਈ ਜਾ ਰਹੀ ਹੈ ਅਤੇ ਅੱਜ ਚਾਰਜ ਸੰਭਾਲਣ 'ਤੇ ਡੀ.ਐਸ.ਪੀ ਦਲਬੀਰ ਸਿੰਘ ਦਾ ਆਮ ਆਦਮੀ ਪਾਰਟੀ ਦੇ ਪ੍ਰਧਾਨ ਗੁਰਪ੍ਰੀਤ ਥਰਾਜ, ਕੁਲਜੀਤ ਸਿੰਘ ਲੱਖਾ ਚੰਨੂੰਵਾਲਾ, ਰਣਦੀਪ ਸੰਧੂ ਸਮਾਲਸਰ, ਮਨਜਿੰਦਰ ਚੰਦਾਂ ਨਵਾਂ ਅਤੇ ਸਰਕਲ ਪ੍ਰਧਾਨ ਵੱਲੋਂ ਫੁੱਲਾਂ ਦਾ ਗੁਲਦਸਤਾ ਦੇ ਕੇ ਉਨ੍ਹਾਂ ਨੂੰ ਜੀ ਆਇਆਂ ਆਖਿਆ ਗਿਆ ਅਤੇ ਵਿਸ਼ਵਾਸ਼ ਦਿਵਾਇਆ ਗਿਆ ਕਿ ਉਹ ਹਲਕਾ ਬਾਘਾ ਪੁਰਾਣਾ ਅੰਦਰ ਅਮਨ ਕਾਨੂੰਨ ਦੀ ਸਾਂਤੀ ਬਣਾਈ ਰੱਖਣ ਅਤੇ ਨਸ਼ਾਂ ਤਸਕਰਾਂ ਨੂੰ ਕਾਬੂ ਕਰਾਉਣ ਵਿਚ ਉਹ ਡੀਐਸਪੀ ਦਲਬੀਰ ਸਿੰਘ ਦਾ ਹਰ ਸਹਿਯੋਗ ਦੇਣਗੇ।

10-FEB-PAGE-11.qxd 2/9/2024 9:09 PM Page 1



# ਸਰਕਾਰੀ ਸੀਨੀਅਰ ਸੈਕੰਡਰੀ ਸਕੂਲ (ਲੜਕੇ) ਵਿਖੇ ਸਾਲਾਨਾ ਇਨਾਮ ਵੰਡ ਸਮਾਰੋਹ



**ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)**- ਸਥਾਨਕ ਕਸਬੇ ਦੇ ਸਰਕਾਰੀ ਸੀਨੀਰ ਸੈਕੰਡਰੀ ਸਕੂਲ (ਲੜਕੇ) ਵਿਖੇ ਨਵੇਂ ਬਣਾਏ ਗਏ ਬਾਬਾ ਸ਼੍ਰੀ ਚੰਦ ਜੀ ਆਡੀਟੋਰੀਅਮ ਵਿਖੇ ਸਕੂਲ ਦਾ ਸਾਲਾਨਾ ਇਨਾਮ ਵੰਡ ਸਮਾਰੋਹ ਹੋਇਆ।ਇਸ ਮੌਕੇ ਮੁੱਖ ਮਹਿਮਾਨ ਵਜੋ ਉਘੇ ਸਮਾਜ ਸੇਵਕ ਗੁਰਦੁਆਰਾ ਬਾਬਾ ਸ਼੍ਰੀ ਚੰਦ ਚੈਰੀਟੇਬਲ ਟਰੱਸਟ ਡੇਰਾ ਬਾਬਾ ਨਾਨਕ ਦੇ ਚੇਅਰਮੈਨ ਐੱਨਆਰਆਈ ਬਾਬਾ ਰਜਿੰਦਰ ਸਿੰਘ ਬੇਦੀ ਨੇ ਵਿਸ਼ੇਸ਼ ਤੌਰ 'ਤੇ ਪਹੁੰਚ ਕੇ ਵੱਖ-ਵੱਖ ਖੇਤਰਾਂ ਵਿੱਚ ਮੱਲਾਂ ਮਾਰਨ ਵਾਲੇ ਸਕੂਲ ਦੇ ਵਿਦਿਆਰਥੀਆਂ ਅਤੇ ਅਧਿਆਪਕਾਂ ਨੂੰ ਸਨਮਾਨ ਚਿੰਨ੍ਹ ਅਤੇ ਮੈਡਲ ਦੇ ਕੇ ਸਨਮਾਨਿਤ ਕੀਤਾ ।ਇਸ ਮੌਕੇ ਸਕੂਲ ਦੇ ਵਿਦਿਆਰਥੀਆ ਵੱਲੋਂ ਰੰਗਾਰੰਗ ਪ੍ਰੋਗਰਾਮ ਦੌਰਾਨ ਸ਼ਬਦ ਗਾਇਨ, ਕੋਰੀਓਗ੍ਰਾਫੀ ਆਦਿ ਪੇਸ਼ ਕਰਕੇ ਹਾਜ਼ਰ ਸਰੋਤਿਆਂ ਦਾ ਮਨ ਮੋਹ ਲਿਆ ।ਇਸ ਮੌਕੇ ਸੰਬੋਧਨ ਕਰਦਿਆਂ ਬਾਬਾ ਰਜਿੰਦਰ ਸਿੰਘ ਬੇਦੀ ਨੇ ਵੱਖ-ਵੱਖ ਖੇਤਰਾਂ ਵਿੱਚ ਪਹਿਲੀਆਂ ਪੁਜ਼ੀਸ਼ਨਾਂ ਹਾਸਲ ਕਰਨ ਵਾਲੇ ਵਿਦਿਆਰਥੀਆਂ ਅਤੇ ਸਨਮਾਨਿਤ ਹੋਣ ਵਾਲੇ ਅਧਿਆਪਕਾ ਨੂੰ ਵਧਾਈ ਦਿੰਦਿਆਂ ਐਲਾਨ ਕੀਤਾ ਕਿ ਗੁਰਦੁਆਰਾ ਬਾਬਾ ਸ਼੍ਰੀ ਚੰਦ ਚੈਰੀਟੇਬਲ ਟਰੱਸਟ ਡੇਰਾ ਬਾਬਾ ਨਾਨਕ ਵੱਲੋਂ ਜਿਹੜੇ ਵਿਦਿਆਰਥੀ ਦਸਵੀਂ ਜਮਾਤ ਸਾਇੰਸ ਵਿਸ਼ੇ ਵਿੱਚੋਂ ਵੱਧ ਨੰਬਰ ਲੈ ਕੇ ਪਾਸ ਹੋਣਗੇ ਉਨ੍ਹਾਂ 10 ਵਿਦਿਆਰਥੀਆਂ ਨੂੰ ਗਿਆਰਵੀ ਅਤੇ ਬਾਰ੍ਹਵੀਂ ਜਮਾਤ ਤੱਕ ਹਰ ਮਹੀਨੇ 500 ਰੁਪਏ ਵਜ਼ੀਫ਼ਾ ਦਿੱਤਾ ਜਾਵੇਗਾ।ਉਨ੍ਹਾਂ ਇਹ ਵੀ ਐਲਾਨ ਕੀਤਾ ਸਕੂਲ ਦੀ ਕਿਸੇ ਕਿਸਮ ਦੀ ਜੇਕਰ ਕੋਈ ਲੋੜ ਹੋਵੇਗੀ ਉਸ ਨੂੰ ਟਰੱਸਟ ਵੱਲੋਂ ਪੂਰਾ ਕੀਤਾ ਜਾਵੇਗਾ ।ਇਸ ਮੌਕੇ ਸਕੂਲ ਦੇ ਪ੍ਰਿੰਸੀਪਲ ਬਿਕਰਮਜੀਤ ਸਿੰਘ ਚਾਹਲ ਨੇ ਬਾਬਾ ਰਜਿੰਦਰ ਸਿੰਘ ਬੇਦੀ ਦਾ ਧੰਨਵਾਦ ਕਰਦਿਆਂ ਸਕੂਲ ਦੇ ਸਮੂਹ ਅਧਿਆਪਕਾਂ ਵੱਲੋਂ ਵਿਸ਼ਵਾਸ ਦਿਵਾਇਆ ਗਿਆ ਕਿ ਸਕੂਲ ਵਿੱਚ ਵਿਦਿਆਰਥੀਆਂ ਨੂੰ ਮਿਹਨਤ ਨਾਲ ਪੜ੍ਹਾਇਆਂ ਜਾਵੇਗਾ ਅਤੇ ਸਕੂਲ ਨੂੰ ਪੜਾਈ ਪੱਖੋਂ ਜ਼ਿਲ੍ਹੇ ਵਿੱਚ ਪਹਿਲੇ ਨੰਬਰ 'ਤੇ ਲਿਆਂਦਾ ਜਾਵੇਗਾ।ਇਸ ਮੌਕੇ ਸਰਪੰਚ ਬਲਜਿੰਦਰ ਸਿੰਘ, ਸੁੱਚਾ ਸਿੰਘ ਸੈਕਟਰੀ, ਮੈਡਮ ਪਰਮਿੰਦਰ ਕੌਰ, ਚੇਅਰਮੈਨ ਵਿਨੋਦ ਕੁਮਾਰ ਵਿੱਗ, ਬਿਸ਼ਨ ਦਾਸ, ਬਲਜਿੰਦਰ ਸਿੰਘ, ਮੈਡਮ ਸੋਨੀਆ, ਮੈਡਮ ਮਮਤਾ, ਮੈਡਮ ਰਾਜਬੀਰ ਕੌਰ, ਹਰਜੋਤ ਸਿੰਘ, ਅਨਿਲ ਕੁਮਾਰ ਡੀਪੀ, ਮੈਡਮ ਮਨਦੀਪ ਕੌਰ, ਮੈਡਮ ਅਮਨਦੀਪ ਕੌਰ, ਮੈਡਮ ਰੋਹਨੀ, ਮੈਡਮ ਅਨੀਤਾ, ਮੈਡਮ ਮਨਿੰਦਰ ਕੌਰ, ਬੱਬੂ, ਏਐੱਸਆਈ ਗੁਰਪਿੰਦਰ ਸਿੰਘ, ਅਵਤਾਰ ਸਿੰਘ, ਪ੍ਰਵੀਨ, ਬੀਬੀ ਕਸ਼ਮੀਰੋ, ਰਾਜ, ਬੀਬੀ ਸਵਰਨੋ ਆਦਿ ਸਟਾਫ ਮੈਂਬਰ ਹਾਜ਼ਰ ਸਨ ।

# ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਨੇ ਬਾਹਮਣੀ ਵਾਲਾ ਵਿਖੇ ਲਗਾਇਆ ਅੱਖਾਂ ਦਾ ਫ੍ਰੀ ਕੈਂਪ



**ਪੱਟੀ, (ਬਲਦੇਵ ਸਿੰਘ ਸੰਧੂ/ਸ਼ਮਸ਼ੇਰ ਸਿੰਘ ਯੋਧਾ)**-ਹਰ ਔਖੀ ਘੜੀ ਵੇਲੇ ਲੋੜਵੰਦਾਂ ਲਈ ਸਭ ਤੋਂ ਮੋਹਰੀ ਹੋ ਕੇ ਨਿਸ਼ਕਾਮ ਸੇਵਾ ਨਿਭਾਉਣ ਵਾਲੇ ਕੌਮਾਂਤਰੀ ਪੱਧਰ ਦੇ ਸਮਾਜ ਸੇਵੀ ਅਤੇ ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਦੇ ਬਾਨੀ ਡਾ. ਐੱਸ. ਪੀ. ਸਿੰਘ ਓਬਰਾਏ ਵੱਲੋਂ ਮਾਨਵਤਾ ਨੂੰ ਸਮਰਪਿਤ ਕੀਤੇ ਜਾ ਰਹੇ ਕਾਰਜਾਂ ਤਹਿਤ ਟਰੱਸਟ ਵੱਲੋਂ ਸ਼ਹੀਦ ਭੂਪ ਸਿੰਘ ਦੇ ਸਾਲਾਨਾ ਜੋੜ ਮੇਲੇ ਮੌਕੇ ਪਿੰਡ ਬਾਹਮਣੀ ਵਾਲਾ ਦੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਵਿਖੇ ਅੱਖਾਂ ਦਾ ਫ੍ਰੀ ਕੈਂਪ ਲਗਾਇਆ ਗਿਆ ਜਿਸ ਦੌਰਾਨ 750 ਮਰੀਜ਼ਾਂ ਦੀਆਂ ਅੱਖਾਂ ਦੀ ਜਾਂਚ ਕੀਤੀ ਗਈ।ਇਸ ਮੌਕੇ ਜਾਣਕਾਰੀ ਦਿੰਦਿਆਂ ਟਰੱਸਟ ਦੀ ਤਰਨਤਾਰਨ ਇਕਾਈ ਦੇ ਪ੍ਰਧਾਨ ਪ੍ਰਿੰਸ ਧੁੰਨਾ ਨੇ ਦੱਸਿਆ ਕਿ ਡਾ. ਓਬਰਾਏ ਦਾ ਨਾਮ ਕਿਸੇ ਜਾਣ ਪਹਿਚਾਣ ਦਾ ਮੁਥਾਜ ਨਹੀਂ ਹੈ।ਅੱਜ ਉਨ੍ਹਾਂ ਦੀ ਅਗਵਾਈ ਹੇਠ 622ਵਾਂ ਅੱਖਾਂ ਦਾ ਕੈਂਪ ਪਿੰਡ ਬਾਹਮਣੀ ਵਾਲਾ ਵਿਖੇ ਲਗਾਇਆ ਗਿਆ ਹੈ ਜਿਸ ਦੌਰਾਨ ਮਰੀਜ਼ਾਂ ਦਾ ਚੈੱਕਅਪ ਲੁਧਿਆਣੇ ਦੇ ਮਸ਼ਹੂਰ ਹਸਪਤਾਲ ਸ਼ੰਕਰਾ ਆਈ ਕੇਅਰ ਦੇ ਡਾਕਟਰਾਂ ਵੱਲੋਂ ਕੀਤਾ ਗਿਆ ਹੈ।ਉਨ੍ਹਾਂ ਦੱਸਿਆ ਕੈਂਪ ਦੌਰਾਨ 750 ਮਰੀਜ਼ਾਂ ਨੇ ਆਪਣਾ ਚੈੱਕਅਪ ਕਰਵਾਇਆ।275 ਲੋੜਵੰਦ ਮਰੀਜ਼ਾਂ ਨੂੰ ਨਜ਼ਰ ਦੀਆਂ ਐਨਕਾਂ, ਦਵਾਈਆਂ ਤਕਸੀਮ ਕਰਨ ਤੋਂ ਇਲਾਵਾ 101 ਮਰੀਜ਼ ਆਪ੍ਰੇਸ਼ਨ ਲਈ ਚੁਣੇ ਗਏ ਹਨ ਜਿਨ੍ਹਾਂ ਨੂੰ ਮੌਕੇ 'ਤੇ ਹੀ ਬੱਸ ਰਾਹੀਂ ਹਸਪਤਾਲ ਲਈ ਰਵਾਨਾ ਕਰ ਦਿੱਤਾ ਗਿਆ ਹੈ।ਇਸ ਮੌਕੇ ਜਾਣਕਾਰੀ ਦਿੰਦਿਆਂ ਟਰੱਸਟ ਦੇ ਪ੍ਰੈੱਸ ਸਕੱਤਰ ਕੇ. ਪੀ. ਗਿੱਲ ਨੇ ਦੱਸਿਆ ਕਿ ਟਰੱਸਟ ਵੱਲੋਂ ਲਗਾਤਾਰ ਜ਼ਿਲ੍ਹਾ ਤਰਨ ਤਾਰਨ ਦੇ ਵੱਖ-ਵੱਖ ਪਿੰਡਾਂ ਵਿੱਚ ਅਜਿਹੇ ਕੈਂਪਾਂ ਦਾ ਆਯੋਜਨ ਕੀਤਾ ਜਾਂਦਾ ਹੈ ਜਿਸਦਾ ਇਲਾਕੇ ਦੇ ਲੋਕ ਭਰਪੂਰ ਲਾਹਾ ਪ੍ਰਾਪਤ ਕਰ ਰਹੇ ਹਨ।25 ਫ਼ਰਵਰੀ ਨੂੰ ਪਿੰਡ ਕਾਲੇਕੇ ਵਿਖੇ ਕੈਂਪ ਦਾ ਆਯੋਜਨ ਕੀਤਾ ਜਾਵੇਗਾ। ਟਰੱਸਟ ਦੇ ਜਰਨਲ ਸਕੱਤਰ ਗੁਰਪ੍ਰੀਤ ਸਿੰਘ ਪਨਗੋਟਾ ਪਿੰਡ ਬਾਹਮਣੀ ਵਾਲਾ ਦੀ ਸਮੂਹ ਟੀਮ ਨਗਰ ਨਿਵਾਸੀ, ਸਕੂਲ ਮੈਨੇਜਮੈਂਟ ਅਤੇ ਗੁਰਦੁਆਰਾ ਸ਼ਹੀਦ ਬਾਬਾ ਭੂਪ ਸਿੰਘ ਦੇ ਅਹੁਦੇਦਾਰਾਂ ਅਤੇ ਡਾਕਟਰਾਂ ਦੀ ਟੀਮ ਦਾ ਕੈਂਪ ਨੂੰ ਸਫ਼ਲ ਬਣਾਉਣ ਲਈ ਧੰਨਵਾਦ ਕੀਤਾ ।ਇਸ ਮੌਕੇ ਗੁਰਵਿੰਦਰ ਸਿੰਘ ਬਰਵਾਲਾ, ਵਿਸ਼ਾਲ ਸੂਦ, ਮਾਸਟਰ ਜਸਪ੍ਰੀਤ ਸਿੰਘ,ਗੁਰਦੇਵ ਸਿੰਘ, ਸ਼ਮਸ਼ੇਰ ਸਿੰਘ ਢਿੱਲੋ, ਬੱਬਾ ਪੰਨੂ, ਗੁਰਜੰਟ ਸਿੰਘ ਫੌਜੀ, ਮਨਜਿੰਦਰ ਸਿੰਘ ਫੌਜੀ, ਹਰਦੇਵ ਸਿੰਘ, ਸੁਖਬੀਰ ਸਿੰਘ ਪੱਟੀ, ਦਿਲਬਾਗ ਸਿੰਘ, ਬਾਬਾ ਕੁਲਦੀਪ ਸਿੰਘ ਮੁੱਖ ਸੇਵਾਦਾਰ, ਸੁਖਚੈਨ ਸਿੰਘ ਢਿੱਲੋਂ, ਸਿਮਰਤ ਸਿੰਘ, ਮਨਬੀਰ ਸਿੰਘ, ਬਲਦੇਵ ਸਿੰਘ ਫੌਜੀ, ਬਲਜੀਤ ਸਿੰਘ, ਵਿਸ਼ਾਲ ਸਿੰਘ, ਰਘਬੀਰ ਸਿੰਘ, ਕਰਨ ਸਿੰਘ, ਗੁਰਿੰਦਰ ਸਿੰਘ ਅਤੇ ਤਰਸੇਮ ਸਿੰਘ ਹਾਜ਼ਰ ਸਨ।

## 'ਆਪ' ਦੀ ਮਹਾਂ ਰੈਲੀ ਸਬੰਧੀ ਵਰਕਰਾਂ 'ਚ ਭਾਰੀ ਉਤਸ਼ਾਹ : ਭੁੱਲਰ



**ਪੱਟੀ, (ਬਲਦੇਵ ਸਿੰਘ ਸੰਧੂ/ਸ਼ਮਸ਼ੇਰ ਸਿੰਘ ਯੋਧਾ)**—ਆਮ ਆਦਮੀ ਪਾਰਟੀ ਦੇ ਕਨਵੀਨਰ ਅਰਵਿੰਦ ਕੇਜਰੀਵਾਲ ਅਤੇ ਮੁੱਖ ਮੰਤਰੀ ਭਗਵੰਤ ਮਾਨ 11 ਫਰਵਰੀ 2024 ਦਿਨ ਐਤਵਾਰ ਨੂੰ ਤਰਨ ਤਾਰਨ ਜ਼ਿਲੇ ਅੰਦਰ ਸੇਰੋਂ ਮਿੱਲ ਵਿਖੇ ਜੋ ਰੈਲੀ ਕਰਨ ਜਾ ਰਹੇ ਹਨ ਉਹ ਇਤਿਹਾਸਕ ਰੈਲੀ ਹੋਵੇਗੀ, ਜਿਸ ਵਿਚ ਪੰਜਾਬ ਦੇ ਨਿਵਾਸੀਆਂ ਨੂੰ ਪੰਜਾਬ ਸਰਕਾਰ ਵੱਲੋਂ ਖ੍ਰੀਦਿਆ ਸ੍ਰੀ ਗੋਇੰਦਵਾਲ ਸਾਹਿਬ ਦਾ ਪ੍ਰਾਈਵੇਟ ਥਰਮਲ ਪਲਾਂਟ ਲੋਕਾਂ ਨੂੰ ਸਮਰਪਿਤ ਕਰਨਗੇ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਲਾਲਜੀਤ ਸਿੰਘ ਭੁੱਲਰ ਕੈਬਨਿਟ ਮੰਤਰੀ ਪੰਜਾਬ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਕੀਤਾ।ਉਨ੍ਹਾਂ ਕਿਹਾ ਕਿ ਲੋਕਾਂ ਨੂੰ ਆਮ ਆਦਮੀ ਪਾਰਟੀ ਦੀਆਂ ਨੀਤੀਆ ਤੇ ਪੂਰਨ ਵਿਸ਼ਵਾਸ ਹੋ ਚੁੱਕਾ ਹੈ ਅਤੇ ਲੋਕ ਆਮ ਆਦਮੀ ਪਾਰਟੀ ਦੇ ਸੁਪਰੀਮੋ ਅਰਵਿੰਦ ਕੇਜਰੀਵਾਲ ਅਤੇ ਮੁੱਖ ਮੰਤਰੀ ਭਗਵੰਤ ਮਾਨ ਨੂੰ ਦੇਖਣ ਅਤੇ ਸੁਣਨ ਲਈ ਪੂਰੇ ਉਤਸ਼ਾਹ ਨਾਲ ਤਿਆਰੀਆਂ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਤਰਨ ਤਾਰਨ ਜ਼ਿਲੇ ਅੰਦਰ ਸ਼ਹਿਰ ਅਤੇ ਪਿੰਡਾਂ ਵਿਚ ਵਰਕਰਾਂ ਅਤੇ ਲੋਕਾਂ ਵੱਲੋਂ ਰੈਲੀ ਦੀਆਂ ਤਿਆਰੀਆਂ ਸਬੰਧੀ ਮੀਟਿੰਗਾਂ ਕੀਤੀਆਂ ਜਾ ਰਹੀਆਂ ਹਨ।ਕੈਬਨਿਟ ਮੰਤਰੀ ਭੁੱਲਰ ਨੇ ਲੋਕਾਂ ਨੂੰ ਅਪੀਲ ਕਰਦਿਆਂ ਆਖਿਆ ਕਿ ਉਹ ਵੱਧ ਤੋਂ ਵੱਧ ਇਸ ਇਤਿਹਾਸਕ ਰੈਲੀ ਵਿਚ ਪਹੁੰਚਣ।ਉਨ੍ਹਾਂ ਕਿਹਾ ਕਿ ਇਸ ਰੈਲੀ ਵਿਚ ਕੇਜਰੀਵਾਲ ਅਤੇ ਭਗਵੰਤ ਮਾਨ ਆਪਣੀ ਦਿੱਲੀ ਅਤੇ ਪੰਜਾਬ ਸਰਕਾਰ ਦੀਆਂ ਪ੍ਰਾਪਤੀਆਂ ਬਾਰੇ ਦੱਸਣਗੇ ਕਿ ਕਿਵੇਂ ਉਨ੍ਹਾਂ ਦਿੱਲੀ ਅਤੇ ਪੰਜਾਬ ਵਿੱਚ ਸਿੱਖਿਆ ਅਤੇ ਸਿਹਤ ਦੇ ਖੇਤਰ ਵਿਚ ਇਨਕਲਾਬ ਲਿਆਂਦਾ ਅਤੇ ਆਮ ਘਰਾਂ ਦੇ ਬੱਚਿਆਂ ਨੂੰ ਮੁਫ਼ਤ ਇਲਾਜ ਅਤੇ ਚੰਗੇਰੀ ਵਿੱਦਿਆ ਦਾ ਪ੍ਰਬੰਧ ਕਰਕੇ ਇਕ ਮਿਸਾਲ ਕਾਇਮ ਕੀਤੀ।

## ਮਾਤ ਭਾਸ਼ਾ ਦੀ ਤਰੱਕੀ ਤੇ ਸੂਬੇ ਦੀ ਖ਼ੁਸ਼ਹਾਲੀ ਲਈ ਸਰਕਾਰ ਰੁਜ਼ਗਾਰ ਦੇ ਵਸੀਲੇ ਪੈਦਾ ਕਰੇ : ਕੇਂਦਰੀ ਪੰਜਾਬੀ ਲੇਖਕ ਸਭਾ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)**-ਪੰਜਾਬੀ ਲੇਖਕਾਂ ਦੀ ਸਿਰਮੌਰ ਜਥੇਬੰਦੀ ਕੇਂਦਰੀ ਪੰਜਾਬੀ ਲੇਖਕ ਸਭਾ ਵਲੋਂ ਜਾਰੀ ਬਿਆਨ ਵਿਚ ਕਿਹਾ ਕਿ ਸੂਬੇ ਦੀ ਖ਼ੁਸ਼ਹਾਲੀ ਅਤੇ ਮਾਤ ਭਾਸ਼ਾ ਪੰਜਾਬੀ ਦੀ ਤਰੱਕੀ ਲਈ ਸਰਕਾਰ ਨੂੰ ਮੁਫਤਖੋਰੀ ਸਕੀਮਾਂ ਛੱਡ ਕੇ ਸੂਬੇ ਅੰਦਰ ਵੱਧ ਤੋਂ ਵੱਧ ਰੁਜ਼ਗਾਰ ਦੇ ਵਸੀਲੇ ਪੈਦਾ ਕਰਨੇ ਚਾਹੀਦੇ ਹਨ ਤਾਂ ਜੋ ਮਾਤ ਭਾਸ਼ਾ ਰੁਜ਼ਗਾਰ ਮੁਖੀ ਬਣੇ। ਕੇਂਦਰੀ ਸਭਾ ਦੇ ਪ੍ਰਧਾਨ ਦਰਸ਼ਨ ਬੁੱਟਰ, ਜਨਰਲ ਸਕੱਤਰ ਸੁਸ਼ੀਲ ਦੁਸਾਂਝ, ਸੀਨੀਅਰ ਮੀਤ ਪ੍ਰਧਾਨ ਡਾ. ਹਰਜਿੰਦਰ ਸਿੰਘ ਅਟਵਾਲ ਅਤੇ ਦਫਤਰ ਸਕੱਤਰ ਦੀਪ ਦੇਵਿੰਦਰ ਸਿੰਘ ਨੇ ਜਾਰੀ ਬਿਆਨ ਵਿਚ ਕਿਹਾ ਕਿ ਰਾਜ ਅੰਦਰ ਬੇਰੁਜ਼ਗਾਰੀ ਦਾ ਸੰਤਾਪ ਹੰਢਾਉਂਦੀ ਨੌਜਵਾਨ ਪੀੜ੍ਹੀ ਨਿਰਾਸ਼ਾ ਵੱਸ ਵਿਦੇਸ਼ਾਂ ਵਿੱਚ ਮਜ਼ਦੂਰੀ ਕਰਨ ਲਈ ਮਜਬੂਰ ਹੈ। ਉਨ੍ਹਾਂ ਕਿਹਾ ਕਿ ਘਰ-ਘਰ ਰੁਜ਼ਗਾਰ ਦੇਣ ਦਾ ਦਾਅਵਾ ਕਰਨ ਵਾਲੀ ਸਰਕਾਰ ਨੂੰ ਰਾਜ ਦੇ ਸਕੂਲ, ਕਾਲਜ, ਯੂਨੀਵਰਸਿਟੀਆਂ ਅਤੇ ਹੋਰ ਵਿਭਾਗਾਂ ਵੱਲ ਧਿਆਨ ਮਾਰਨਾ ਚਾਹੀਦਾ ਹੈ ਜਿਥੇ ਹਜ਼ਾਰਾਂ ਪੋਸਟਾਂ ਪਿਛਲੇ ਕਈ ਸਾਲਾਂ ਤੋਂ ਖਾਲੀ ਹਨ ਜੋ ਪਹਿਲ ਦੇ ਆਧਾਰ 'ਤੇ ਭਰਨੀਆਂ ਚਾਹੀਦੀਆਂ ਹਨ। ਉਨ੍ਹਾਂ ਇਹ ਵੀ ਕਿਹਾ ਕਿ ਸਰਕਾਰ ਕਿੱਤਾ-ਮੁਖੀ ਕੋਰਸਾਂ ਨੂੰ ਉਤਸ਼ਾਹਤ ਕਰੇ ਤਾਂ ਜੋ ਲੋਕ ਸੂਬੇ ਦੀ ਖ਼ੁਸ਼ਹਾਲੀ ਅਤੇ ਭਾਸ਼ਾ ਦੀ ਪ੍ਰਫੁੱਲਤਾ ਲਈ ਅਹਿਮ ਯੋਗਦਾਨ ਪਾ ਸਕਣ। ਕੇਂਦਰੀ ਸਭਾ ਦੇ ਅਹੁਦੇਦਾਰਾਂ ਸੁਰਿੰਦਰਪ੍ਰੀਤ ਘਣੀਆਂ, ਸ਼ੈਲਿੰਦਰਜੀਤ ਰਾਜਨ, ਮਨਜੀਤ ਇੰਦਰਾ, ਭੁਪਿੰਦਰ ਕੌਰ ਪ੍ਰੀਤ, ਦਲਜੀਤ ਸਿੰਘ ਸਾਹੀ, ਬਲਵਿੰਦਰ ਸੰਧੂ, ਮੂਲ ਚੰਦ ਸ਼ਰਮਾ, ਰਜਿੰਦਰ ਰਾਜਨ, ਮੱਖਣ ਕੁਹਾੜ ਅਤੇ ਡਾ. ਕਰਮਜੀਤ ਸਿੰਘ ਨੇ ਵੀ ਮਾਤ ਭਾਸ਼ਾ ਨੂੰ ਰੁਜ਼ਗਾਰ ਮੁਖੀ ਬਣਾਉਣ ਤੇ ਜ਼ੋਰ ਦਿੱਤਾ।

# ਲੋਕ ਸਭਾ ਚੋਣਾਂ ਤੋਂ ਪਹਿਲਾਂ ਹਲਕਾ ਗੁਰਦਾਸਪੁਰ 'ਚ 'ਆਪ' ਨੂੰ ਮਿਲਿਆ ਵੱਡਾ ਸਮਰਥਨ

## ਪੰਜਾਬ ਸਰਕਾਰ ਨੇ ਵਾਅਦੇ ਪੂਰੇ ਕਰਕੇ ਹਰੇਕ ਵਰਗ ਦੇ ਲੋਕਾਂ ਦਾ ਦਿਲ ਜਿੱਤਿਆ : ਰਮਨ ਬਹਿਲ



**ਗੁਰਦਾਸਪੁਰ,(ਦਿਨੇਸ਼ ਕੁਮਾਰ)**-ਲੋਕ ਸਭਾ ਚੋਣਾਂ ਤੋਂ ਪਹਿਲਾਂ ਵਿਧਾਨ ਸਭਾ ਹਲਕਾ ਗੁਰਦਾਸਪੁਰ ਅੰਦਰ ਆਮ ਆਦਮੀ ਪਾਰਟੀ ਨੂੰ ਵੱਡਾ ਸਮਰਥਨ ਮਿਲਿਆ ਹੈ ਜਿਸ ਤਹਿਤ ਪਿੰਡ ਸਿੱਧਵਾਂ ਜਮੀਤਾਂ ਅਤੇ ਜੀਵਨ ਵਾਲ ਬੱਬਰੀ ਸਮੇਤ ਵੱਖ-ਵੱਖ ਪਿੰਡਾਂ ਦੇ ਪੰਚ-ਸਰਪੰਚ ਤੇ ਹੋਰ ਮੋਹਤਬਰਾਂ ਨੇ ਆਪਣੀਆਂ ਪੁਰਾਣੀਆਂ ਸਿਆਸੀ ਪਾਰਟੀਆਂ ਛੱਡ ਕੇ ਪੰਜਾਬ ਹੈਲਥ ਸਿਸਟਮ ਕਾਰਪੋਰੇਸ਼ਨ ਦੇ ਚੇਅਰਮੈਨ ਰਮਨ ਬਹਿਲ ਅਤੇ ਬਲਾਕ ਪ੍ਰਧਾਨ ਰਣਜੀਤ ਸਿੰਘ ਦੀ ਅਗਵਾਈ ਹੇਠ ਆਮ ਆਦਮੀ ਪਾਰਟੀ ਵਿਚ ਸ਼ਾਮਿਲ ਹੋਣ ਦਾ ਐਲਾਨ ਕੀਤਾ।ਇਨ੍ਹਾਂ ਸੈਂਕੜੇ ਪਰਿਵਾਰਾਂ ਨੂੰ ਪਿੰਡ ਜੀਵਨ ਵਾਲ ਵਿਖੇ ਕਰਵਾਏ ਵਿਸ਼ਾਲ ਸਮਾਗਮ ਦੌਰਾਨ ਚੇਅਰਮੈਨ ਰਮਨ ਬਹਿਲ ਨੇ ਆਮ ਆਦਮੀ ਪਾਰਟੀ 'ਚ ਸ਼ਾਮਿਲ ਕਰਵਾਇਆ।ਬਹਿਲ ਨੇ ਦੱਸਿਆ ਕਿ ਪਿੰਡ ਸਿੱਧਵਾਂ ਜਮੀਤਾਂ ਤੋਂ ਸਰਪੰਚ ਗੁਰਦੇਵ ਸਿੰਘ, ਮੈਂਬਰ ਪੰਚਾਇਤ ਬੂਟਾ ਰਾਮ, ਮੈਂਬਰ ਪੰਚਾਇਤ ਕਸਤੂਰੀ ਲਾਲ, ਮੈਂਬਰ ਪੰਚਾਇਤ ਕਸ਼ਮੀਰ ਸਿੰਘ, ਮੈਂਬਰ ਸੈਮੂਅਲ ਮਸੀਹ, ਕਰਮ ਮਸੀਹ, ਹਰਪ੍ਰੀਤ ਸਿੰਘ, ਲਖਬੀਰ ਸਿੰਘ, ਮਨਜੀਤ ਸਿੰਘ, ਬਿਕਰਮ ਸਿੰਘ, ਮਲਕੀਅਤ ਸਿੰਘ, ਸੰਤੋਖ ਸਿੰਘ ਨੇ ਆਮ ਆਦਮੀ ਪਾਰਟੀ ਵਿਚ ਸ਼ਾਮਲ ਹੋਣ ਦਾ ਐਲਾਨ ਕੀਤਾ ਹੈ।ਇਸੇ ਤਰ੍ਹਾਂ ਤਲਵਿੰਦਰ ਸਿੰਘ ਰੰਧਾਵਾ ਅਕਾਲੀ ਦਲ ਛੱਡ ਕੇ ਆਮ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋਏ।ਇਸ ਤੋਂ ਇਲਾਵਾ ਮੈਂਬਰ ਪੰਚਾਇਤ ਮੱਖਣ ਸਿੰਘ, ਪ੍ਰਗਟ ਸਿੰਘ, ਅਮਰਜੋਤ ਸਿੰਘ, ਰਤਨ ਸਿੰਘ, ਹਰਜਿੰਦਰ ਸਿੰਘ, ਦਰਸ਼ਨ ਸਿੰਘ, ਤਲਵਿੰਦਰ ਸਿੰਘ, ਸੁਰਜੀਤ ਸਿੰਘ, ਦਰਸ਼ਨ ਲਾਲ, ਜੋਗਿੰਦਰ ਪਾਲ, ਅਸ਼ੋਕ ਕੁਮਾਰ, ਸੁਭਾਸ਼ ਕੁਮਾਰ ਨੇ ਵੀ ਆਮ ਆਦਮੀ ਪਾਰਟੀ ਦੀ ਅਗਵਾਈ ਕਬੂਲੀ ਹੈ। ਬਹਿਲ ਨੇ ਦੱਸਿਆ ਕਿ ਪਿੰਡ ਜੀਵਨ ਵਾਲ ਤੋਂ ਤਰਲੋਕ ਸਿੰਘ ਰੰਧਾਵਾ, ਹਰਜੀਤ ਸਿੰਘ ਰੰਧਾਵਾ, ਅਵਤਾਰ ਸਿੰਘ ਰੰਧਾਵਾ, ਰਛਪਾਲ ਸਿੰਘ ਰੰਧਾਵਾ, ਰਜਿੰਦਰ ਸਿੰਘ, ਜਤਿੰਦਰ ਸਿੰਘ, ਸਤਨਾਮ ਸਿੰਘ, ਜਗਰੂਪ ਸਿੰਘ, ਨਵਜੋਤ ਸਿੰਘ, ਜਗਮੋਹਨ ਸਿੰਘ, ਮੰਗਲ ਸਿੰਘ, ਜਤਿੰਦਰ ਸਿੰਘ, ਕੇਵਲ ਕ੍ਰਿਸ਼ਨ, ਸਾਵਣ ਕੁਮਾਰ, ਟੋਨੀ, ਅਰਸ਼ਦੀਪ, ਮੁਲਖ ਰਾਜ, ਜਤਿੰਦਰ ਕੁਮਾਰ, ਸਤਿੰਦਰ ਕੁਮਾਰ, ਇਕਬਾਲ ਸਿੰਘ, ਰਾਜਨਬੀਰ ਸਿੰਘ, ਰਮੇਸ਼ ਕੁਮਾਰ, ਵਿਜੈ ਕੁਮਾਰ, ਅਜੇ ਕੁਮਾਰ, ਸੋਮਨਾਥ, ਬਿਕਰਮ ਕੁਮਾਰ, ਸਵਿੰਦਰ ਸਿੰਘ, ਸਲਵਿੰਦਰ ਸਿੰਘ, ਜਰਨੈਲ ਸਿੰਘ ਪਰਿਵਾਰ ਸਮੇਤ, ਸ਼ਮਸ਼ੇਰ ਸਿੰਘ, ਕੁਲਦੀਪ ਸਿੰਘ, ਸਤਵੰਤ ਸਿੰਘ, ਸੰਤੋਖ ਸਿੰਘ, ਰਛਪਾਲ ਸਿੰਘ, ਕੁਲਵੰਤ ਸਿੰਘ, ਸਵਰਨ ਸਿੰਘ, ਮਨਪ੍ਰੀਤ ਸਿੰਘ, ਜੋਗਿੰਦਰ ਸਿੰਘ ਬੱਬੀ, ਕੁਲਵੰਤ ਸਿੰਘ, ਓਮ ਪ੍ਰਕਾਸ਼, ਲੱਕੀ ਅਤੇ ਸੋਨੂੰ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋਏ ਹਨ। ਇਸ ਮੌਕੇ ਆਮ ਆਦਮੀ ਪਾਰਟੀ ਵਿਚ ਸ਼ਾਮਿਲ ਹੋਏ ਪਰਿਵਾਰਾਂ ਨੇ ਕਿਹਾ ਕਿ ਹਲਕਾ ਗੁਰਦਾਸਪੁਰ ਅੰਦਰ ਚੇਅਰਮੈਨ ਰਮਨ ਬਹਿਲ ਵੱਲੋਂ ਕਰਵਾਏ ਜਾ ਰਹੇ ਵਿਕਾਸ ਕਾਰਜਾਂ ਤੋਂ ਖੁਸ਼ ਹੋ ਕੇ ਉਨ੍ਹਾਂ ਨੇ ਅੱਜ ਆਮ ਆਦਮੀ ਪਾਰਟੀ ਵਿਚ ਸ਼ਾਮਿਲ ਹੋਣ ਦਾ ਐਲਾਨ ਕੀਤਾ ਹੈ ਅਤੇ ਉਹ ਬਹਿਲ ਨਾਲ ਚੱਟਾਨ ਵਾਂਗ ਖੜੇ ਰਹਿਣਗੇ।

## ਪੈਨਸ਼ਨਰਜ਼ ਐਸੋਸੀਏਸ਼ਨ ਵੱਲੋਂ 16 ਫਰਵਰੀ ਦੇ ਬੰਦ ਨੂੰ ਹਮਾਇਤ



**ਸਰਾਏ ਅਮਾਨਤ ਖਾਂ (ਮੱਖਣ ਮਨੋਜ)**-ਪੈਨਸ਼ਨਰਜ਼ ਐਸੋਸੀਏਸ਼ਨ ਸਰਕਲ ਤਰਨ ਤਾਰਨ ਦੀ ਮਹੀਨਾਵਾਰ ਮੀਟਿੰਗ ਗਾਂਧੀ ਪਾਰਕ ਤਰਨ ਤਾਰਨ ਵਿਖੇ ਪ੍ਰਧਾਨ ਗੁਰਪ੍ਰੀਤ ਸਿੰਘ ਮੰਨਣ ਦੀ ਪ੍ਰਧਾਨਗੀ ਹੇਠ ਹੋਈ ਜਿਸ ਵਿੱਚ ਭਾਰੀ ਗਿਣਤੀ ਵਿੱਚ ਪੈਨਸ਼ਨਰਜ਼ ਨੇ ਹਿੱਸਾ ਲਿਆ ਤੇ ਪਾਵਰਕਾਮ ਮੈਨੇਜਮੈਂਟ ਦੀ ਜਨਵਰੀ ਮਹੀਨੇ ਦੀ ਪੈਨਸ਼ਨ 'ਤੇ ਕੱਟ ਲਗਾਉਣ ਦੀ ਪੁਰਜ਼ੋਰ ਸ਼ਬਦਾਂ ਵਿੱਚ ਨਿਖੇਧੀ ਕੀਤੀ ਤੇ ਤਾੜਨਾ ਕੀਤੀ ਕਿ ਪੈਨਸ਼ਨਾਂ ਪੂਰੀਆਂ ਲੈਣੀਆਂ ਸਾਡਾ ਕਾਨੂੰਨੀ ਹੱਕ ਹੈ ਜਿਸ 'ਤੇ ਕੋਈ ਕੱਟ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਪੰਜਾਬ ਸਰਕਾਰ ਡੀਏ ਦਾ ਬਕਾਇਆ ਨੱਪ ਕੇ ਬੈਠੀ ਹੈ। ਸੱਤਾ 'ਚ ਆਉਣ ਤੋਂ ਪਹਿਲਾਂ ਇਹ ਕਹਿੰਦੇ ਸੀ ਕਿ ਤੁਸੀਂ ਸਰਕਾਰ ਬਣਾਉ, ਕਿਸੇ ਤਰ੍ਹਾਂ ਦਾ ਕੋਈ ਧਰਨਾ ਨਹੀਂ ਲਾਉਣਾ ਪਵੇਗਾ ਪਰ ਸਰਕਾਰ ਬਣਨ ਉਪਰੰਤ ਪਹਿਲੀਆਂ ਹੀ ਸਰਕਾਰਾਂ ਵਾਂਗ ਕੰਮ ਕਰਨਾ ਸ਼ੁਰੂ ਕਰ ਦਿੱਤਾ। ਪੰਜਾਬ ਸਰਕਾਰ ਪੈਨਸ਼ਨਰਜ਼ ਦੇ ਮਸਲੇ ਤੁਰੰਤ ਹੱਲ ਕਰੇ ਨਹੀਂ ਤਾਂ ਇਸ ਦਾ ਖਮਿਆਜ਼ਾ ਲੋਕ ਸਭਾ ਚੋਣਾਂ ਵੇਲੇ ਭੁਗਤਣਾ ਪਵੇਗਾ। ਇਸ ਮੀਟਿੰਗ ਵਿੱਚ 16 ਫਰਵਰੀ ਦੇ ਬੰਦ ਦੀ ਹਮਾਇਤ ਕੀਤੀ। ਮੰਗ ਕੀਤੀ ਗਈ ਕਿ 31/12/2015 ਤੋਂ ਪਹਿਲਾਂ ਰਿਟਾਇਰ ਪੈਨਸ਼ਨਰਜ਼ ਨੂੰ 2.59 ਦਾ ਗੁਣਾਂਕ, ਕੈਸ਼ਲੈੱਸ ਮੈਡੀਕਲ ਸਕੀਮ ਨੂੰ ਮੁੜ ਚਾਲੂ,ਪੇਕਮਿਸ਼ਨ ਦੇ ਤਹਿਤ ਵਾਧੇ ਦਾ ਬਕਾਇਆ, ਡੀਏ ਦੀਆਂ ਰਹਿੰਦੀਆਂ ਕਿਸ਼ਤਾਂ ਤੇ ਡੀਏ ਦਾ ਪਿਛਲਾ ਬਕਾਇਆ ਦਿੱਤਾ ਜਾਵੇ। ਇਸ ਸਮੇਂ ਬਲਵਿੰਦਰ ਸਿੰਘ ਪਲਾਸੌਰ, ਧਨਵੰਤ ਸਿੰਘ ਰੰਧਾਵਾ, ਸੋਹਨ ਸਿੰਘ ਏੱਖੜਾ, ਗਿਆਨ ਸਿੰਘ ਜੌਹਲ, ਬੂਟਾ ਸਿੰਘ ਪੰਡੋਰੀ, ਸੁਰਜੀਤ ਸਿੰਘ ਵਰਪਾਲ, ਅਲਵਿੰਦਰ ਸਿੰਘ ਜੌਹਲ, ਹਰਭਜਨ ਸਿੰਘ ਬੁਟਾਰੀ, ਹਰਜੀਤ ਸਿੰਘ, ਪੂਰਨ ਸਿੰਘ, ਸਕੱਤਰ ਸਿੰਘ, ਲਖਵਿੰਦਰ ਸਿੰਘ, ਕੁਲਵੰਤ ਸਿੰਘ ਮੱਲੀ, ਅਮਰਜੀਤ ਸਿੰਘ ਬਹਿਲਾ, ਜਗਤਾਰ ਸਿੰਘ, ਅਜੀਤ ਸਿੰਘ, ਰਤਨ ਸਿੰਘ ਡਾਲੇਕੇ, ਹਰਭਜਨ ਸਿੰਘ ਪੱਟੀ, ਰਛਪਾਲ ਸਿੰਘ ਸਹਿਦੇਵ, ਗੁਰਮੀਤ ਸਿੰਘ, ਰਾਮ ਮੂਰਤੀ, ਹਰਭਜਨ ਸਿੰਘ, ਤੀਰਥ ਸਿੰਘ ਕੋਟ, ਬਾਬਾ ਚਰਨਜੀਤ ਸਿੰਘ ਤੇ ਗੁਰਦਿਆਲ ਸਿੰਘ ਮੂਸੇ ਹਾਜ਼ਰ ਸਨ।

## ਬੁਰਜ ਗੁ: ਅਕਾਲੀ ਬਾਬਾ ਫੂਲਾ ਸਿੰਘ ਵਿਖੇ ਕੀਰਤਨ ਤੇ ਸੁਖਮਨੀ ਸਾਹਿਬ ਦੇ ਪਾਠ ਜਾਰੀ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)**- ਗੁ: ਮੱਲ ਅਖਾੜਾ ਪਾ: ਛੇਵੀਂ ਅਤੇ ਗੁਰਦੁਆਰਾ ਬੁਰਜ ਅਕਾਲੀ ਬਾਬਾ ਫੂਲਾ ਸਿੰਘ ਜੀ ਵਿਖੇ ਸਿੰਘ ਸਾਹਿਬ ਜਥੇਦਾਰ ਬਾਬਾ ਬਲਬੀਰ ਸਿੰਘ 96 ਕਰੋੜੀ ਮੁਖੀ ਸ਼੍ਰੋਮਣੀ ਪੰਥ ਅਕਾਲੀ ਬੁੱਢਾ ਦਲ ਦੀ ਪ੍ਰੇਰਨਾ ਸਦਕਾ ਸ਼ਹੀਦ ਅਕਾਲੀ ਬਾਬਾ ਫੂਲਾ ਸਿੰਘ ਦੀ ਸ਼ਹੀਦੀ ਦੀ ਦੂਸਰੀ ਸ਼ਤਾਬਦੀ ਨੂੰ ਸਮਰਪਤ ਅੰਮ੍ਰਿਤਸਰ ਦੀਆਂ ਸਮੂਹ ਨਾਮ ਸਿਮਰਨ ਸੇਵਾ ਸੁਸਾਇਟੀਆਂ ਵਲੋਂ ਲਗਾਤਾਰ ਸੁਖਮਨੀ ਸਾਹਿਬ ਦੇ ਪਾਠ ਤੇ ਕੀਰਤਨ ਨਿਰੰਤਰ ਚੱਲ ਰਹੇ ਹਨ। ਬੀਬੀ ਹਰਜੀਤ ਕੌਰ ਮਾਤਾ ਗੰਗਾ ਜੀ ਸੁਖਮਨੀ ਸੇਵਾ ਸੁਸਾਇਟੀ, ਗਲੀ ਗੁਜਰਾਂਵਾਲੀ ਅਤੇ ਬੀਬੀ ਪਰਮਜੀਤ ਕੌਰ ਗੰਡਾ ਸਿੰਘ ਕਲੋਨੀ ਦੀ ਅਗਵਾਈ ਵਿੱਚ ਸਮੂਹਿਕ ਤੌਰ ਤੇ ਬੀਬੀਆਂ ਨੇ ਗੁਰੂ ਜਸ ਗਾਇਨ ਕੀਤਾ। ਸੁਖਮਨੀ ਸਾਹਿਬ ਦੇ ਪਾਠ ਦੀ ਸੰਪੂਰਨਤਾ ਤੇ ਸ਼ਬਦ ਕੀਰਤਨ ਉਪਰੰਤ ਗੁਰਦੁਆਰਾ ਸਾਹਿਬ ਦੇ ਗ੍ਰੰਥੀ ਭਾਈ ਗੁਰਲਾਲ ਸਿੰਘ ਤੇ ਭਾਈ ਅਮਰੀਕ ਸਿੰਘ ਵੱਲੋਂ ਬੀਬੀ ਪਰਮਜੀਤ ਕੌਰ ਤੇ ਬੀਬੀ ਹਰਜੀਤ ਕੌਰ ਨੂੰ ਸਿਰਪਾਓ ਦੀ ਬਖਸ਼ਿਸ਼ ਕੀਤੀ ਗਈ। ਬੁੱਢਾ ਦਲ ਵੱਲੋਂ ਚਾਹ, ਮੱਠੀਆਂ, ਸਮੋਸੇ ਛਕਾਉਣ ਦੀ ਸੇਵਾ ਵੀ ਕੀਤੀ ਗਈ। ਇਸ ਸਮੇਂ ਬਾਬਾ ਭਗਤ ਸਿੰਘ, ਬਾਬਾ ਗਗਨਦੀਪ ਸਿੰਘ, ਸ. ਪਰਮਜੀਤ ਸਿੰਘ ਬਾਜਵਾ ਆਦਿ ਹਾਜ਼ਰ ਸਨ।

## ਕੇਂਦਰ ਵੱਲੋਂ ਕੇਰਲ ਸਰਕਾਰ ਨਾਲ ਕੀਤੇ ਜਾ ਰਹੇ ਵਿਤਕਰੇ ਦੀ ਘੋਰ ਨਿੰਦਾ



**ਪਠਾਨਕੋਟ (ਦਵਿੰਦਰ ਸਿੰਘ)**-ਪਠਾਨਕੋਟ ਦੀ ਤਹਿਸੀਲ ਧਾਰ ਕਲਾਂ ਵਿੱਚ ਕੇਂਦਰ ਵੱਲੋਂ ਕੇਰਲਾ ਦੀ ਖੱਬੀ ਅਤੇ ਜਮਹੂਰੀ ਮੋਰਚੇ ਦੀ ਸਰਕਾਰ ਨਾਲ ਹੋ ਰਹੇ ਵਿਤਕਰੇ ਦੀ ਨਿੰਦਿਆ ਕਰਨ ਲਈ ਕਾਮਰੇਡ ਸੁਧਾ ਰਾਣੀ ਦੀ ਅਗਵਾਈ ਵਿੱਚ ਮੀਟਿੰਗ ਕੀਤੀ ਗਈ , ਜਿਸ ਵਿੱਚ ਸੀ ਪੀ ਆਈ ( ਐਮ) ਦੇ ਜ਼ਿਲ੍ਹਾ ਸਕੱਤਰ ਕੇਵਲ ਕਾਲੀਆ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ। ਇਸ ਮੌਕੇ ਉਨ੍ਹਾਂ ਨਾਲ ਪਰਸ਼ੋਤਮ ਕੁਮਾਰ, ਬਾਊ ਰਾਮ, ਭਗਤ ਰਾਮ ਜਿੰਦਰਾਈ ਹਾਜ਼ਰ ਸਨ। ਕਾਮਰੇਡ ਕੇਵਲ ਕਾਲੀਆ ਨੇ ਕਿਹਾ ਕਿ ਕੇਂਦਰ ਦੀ ਭਾਜਪਾ ਸਰਕਾਰ ਕੇਰਲਾ ਦੀ ਖੱਬੇ ਅਤੇ ਜਮਹੂਰੀ ਮੋਰਚੇ ਦੀ ਸਰਕਾਰ ਨਾਲ ਵਿਤਕਰਾ ਕਰ ਰਹੀ ਹੈ। ਉਨ੍ਹਾਂ ਨੇ ਵਿਤਕਰੇ ਦੇ ਵਿਰੋਧ ਵਿੱਚ ਹੋ ਰਹੇ ਅੰਦੋਲਨ ਨਾਲ ਇਕਮੁੱਠਤਾ ਪ੍ਰਗਟ ਕੀਤੀ। ਕੇਰਲਾ ਦਾ ਰਾਜਪਾਲ ਰਾਜ ਸਰਕਾਰਾਂ ਦੇ ਮਾਮਲਿਆਂ ਵਿੱਚ ਨਜਾਇਜ਼ ਦਖਲ ਦੇ ਰਿਹਾ ਹੈ। ਕੇਰਲਾ ਦੀ ਸਰਕਾਰ ਨੂੰ ਬਣਦੇ ਟੈਕਸਾਂ ਦਾ ਹਿੱਸਾ ਵੀ ਨਹੀਂ ਦੇ ਰਹੀ। ਕੇਂਦਰ ਵੱਲੋਂ ਰਾਜ ਸਰਕਾਰ ਦੇ ਵਿਸ਼ਿਆਂ ਵਿੱਚ ਦਖਲਅੰਦਾਜ਼ੀ ਕਰ ਰਹੀ ਹੈ। ਕੇਰਲਾ ਦੀ ਸਰਕਾਰ ਨੂੰ ਨਿਸ਼ਾਨਾ ਬਣਾਇਆ ਜਾ ਰਿਹਾ ਹੈ।

ਅਸੀਂ ਖੱਬੀ ਅਤੇ ਜਮਹੂਰੀ ਮੋਰਚੇ ਦੀ ਸਰਕਾਰ ਨਾਲ ਇਕਮੁੱਠਤਾ ਜਾਹਰ ਕਰਦੇ ਹਾਂ ਅਤੇ ਕੇਂਦਰ ਸਰਕਾਰ ਦੀ ਨਿੰਦਾ ਕਰਦੇ ਹਾਂ। ਉਨ੍ਹਾਂ ਨੇ ਟ੍ਰੇਡ ਯੂਨੀਅਨ ਅਤੇ ਸੰਯੁਕਤ ਕਿਸਾਨ ਮੋਰਚੇ ਵੱਲੋਂ 16 ਫਰਵਰੀ ਦੇ ਹੋ ਰਹੇ ਭਾਰਤ ਬੰਦ ਦਾ ਸਮਰਥਨ ਕਰਦਿਆਂ ਕਿਹਾ ਕਿ ਅਸੀਂ ਪੂਰੀ ਤਾਕਤ ਨਾਲ ਬੰਦ ਵਿੱਚ ਸ਼ਾਮਲ ਹੋਵਾਂਗੇ।

## ਯੂਨਾਈਟਿਡ ਇੰਡੀਆ ਇੰਸ਼ੋਰੈਂਸ਼ ਕੰਪਨੀ ਵੱਲੋ ਮੈਡੀਕਲ ਕੈਂਪ ਦਾ ਆਯੋਜਨ




**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਸੰਨੀ ਗਿੱਲ)**-ਯੂਨਾਈਟਿਡ ਇੰਡੀਆ ਇੰਸ਼ੋਰੈਂਸ਼ ਕੰਪਨੀ ਵੱਲੋਂ ਵਿਡਾਲ ਹੈਲਥ ਇੰਸ਼ੋਰੈਂਸ਼ (ਟੀ.ਪੀ.ਏ), ਨਈਅਰ ਹਸਪਤਾਲ ਤੇ ਏ ਜੀ ਐਸ ਆਈ ਹਸਪਤਾਲ ਦੇ ਸਹਿਯੋਗ ਦੇ ਨਾਲ ਮੈਡੀਕਲ ਹੈਲਥ ਚੈਕਐਪ ਦਾ ਆਯੋਜਨ ਕੀਤਾ ਗਿਆ। ਸਥਾਨਕ ਧਰਮ ਸਿੰਘ ਮਾਰਕੀਟ ਵਿਖੇ ਯੂਨਾਈਟਿਡ ਇੰਡੀਆ ਇੰਸ਼ੋਰੈਂਸ਼ ਕੰਪਨੀ ਦੇ ਡਵੀਜ਼ਨਲ ਦਫਤਰ ਵਿੱਚ ਵਿਡਾਲ ਹੈਲਥ ਇੰਸ਼ੋਰੈਂਸ਼ (ਟੀ.ਪੀ.ਏ), ਨਈਅਰ ਹਸਪਤਾਲ ਤੇ ਏਜੀਐਸ ਆਈ ਹਸਪਤਾਲ ਦੇ ਸਹਿਯੋਗ ਦੇ ਨਾਲ ਯੂਨਾਇਟਡ ਇੰਡੀਆ ਇੰਸ਼ੋਰੈਂਸ਼ ਕੰਪਨੀ ਦੇ ਸੀਨੀਅਰ ਡਵੀਜ਼ਨਲ ਮੈਨੇਜਰ ਸਜੀਵ ਕੁਮਾਰ, ਅਸ਼ੋਕ ਕੁਮਾਰ ਡਿਪਟੀ ਮੈਨੇਜਰ ਦੀ ਰਹਿਨੁਮਾਈ ਹੇਠ ਮੈਡੀਕਲ ਕੈਪ ਦਾ ਆਯੋਜਨ ਕੀਤਾ ਗਿਆ। ਇਸ ਕੈਂਪ ਵਿੱਚ ਸ਼ੂਗਰ, ਹਾਈਪਰਟੈਨਸ਼ਨ, ਹਾਰਟ ਤੇ ਅੱਖਾਂ ਦੀਆਂ ਬਿਮਾਰੀਆਂ ਦੇ ਫਰੀ ਟੈਸਟ ਕਰਕੇ ਫਰੀ ਦਵਾਈਆਂ ਦਿੱਤੀਆਂ ਗਈਆ। ਇਸ ਕੈਂਪ ਵਿੱਚ ਕਾਬਲ ਡਾਕਟਰਾਂ ਦੀ ਟੀਮ ਨੇ ਕਰੀਬ 150 ਤੋਂ ਜ਼ਿਆਦਾ ਲੋਕਾਂ ਨੂੰ ਟੈਸਟ ਕਰਕੇ ਫਰੀ ਦਵਾਈਆਂ ਦਿੱਤੀਆਂ ।ਸਥਾਨਕ ਧਰਮ ਸਿੰਘ ਮਾਰਕੀਟ ਵਿੱਚ ਹੀ ਮੌਜੂਦ ਕੇਨਰਾ ਬੈਂਕ, ਐਲ.ਆਈ.ਸੀ ਦੇ ਇੰਪਲਾਈਜ਼ ਨੇ ਵੀ ਇਸ ਕੈਂਪ ਦਾ ਵਿੱਚ ਫਰੀ ਚੈਕਅੱਪ ਕਰਵਾਏ। ਇਸ ਕੈਪ ਦੇ ਅਖੀਰ ਵਿੱਚ ਕੰਪਨੀ ਦੇ ਸੀਨੀਅਰ ਡਵੀਜ਼ਨਲ ਮੈਨੇਜਰ ਸਜੀਵ ਕੁਮਾਰ, ਅਸ਼ੋਕ ਕੁਮਾਰ ਡਿਪਟੀ ਮੈਨੇਜਰ ਨੇ ਵਿਡਾਲ ਹੈਲਥ ਇੰਸ਼ੋਰੈਂਸ਼(ਟੀ.ਪੀ.ਏ), ਨਈਅਰ ਹਸਪਤਾਲ ਤੇ ਏ ਜੀ ਐਸ ਆਈ ਹਸਪਤਾਲ ਦੇ ਡਾਕਟਰਾਂ ਦੀਆਂ ਟੀਮਾਂ ਦਾ ਧੰਨਵਾਦ ਕੀਤਾ। ਇਸ ਸਮੇਂ ਹੋਰਨਾਂ ਤੋਂ ਇਲਾਵਾ ਬਿਕਰਮਜੀਤ ਸਿੰਘ ਜੋਲੀ, ਮੈਡਮ ਹੀਮਾਂ ਪਾਠਕ, ਡਾ. ਕਰਨਦੀਪ ਆਦਿ ਵੀ ਹਾਜ਼ਰ ਹਨ।

## ਰਜਬਾਹੇ ਦੀ ਸਫਾਈ ਤੇ ਡੂੰਘਾਈ ਨਾ ਹੋਣ ਕਾਰਨ ਲੋਕ ਪ੍ਰੇਸ਼ਾਨ



**ਗੁਰਦਾਸਪੁਰ (ਜਨਕ ਮਹਾਜਨ)**—ਆਈ. ਟੀ. ਆਈ. ਕਾਲੋਨੀ ਗੁਰਦਾਸਪੁਰ ਸਥਿਤ ਸੜਕ ਵਿਚਕਾਰੋਂ ਲੰਘਦੇ ਰਜਬਾਹੇ ਦੀ ਸਫਾਈ ਤੇ ਡੂੰਘਾਈ ਨਾ ਹੋਣ ਕਾਰਨ ਇਥੇ ਰਹਿੰਦੇ ਨੇੜਲੇ ਘਰਾਂ ਦੇ ਲੋਕ ਕਾਫੀ ਪ੍ਰੇਸ਼ਾਨ ਹਨ, ਕਿਉਂਜੋ ਇਸ ਰਜਬਾਹੇ ਵਿਚ ਅਕਸਰ ਗੰਦਾ ਪਾਣੀ ਖੜ੍ਹਾ ਰਹਿੰਦਾ ਹੈ ਜਿਸ ਨਾਲ ਮੱਖੀ-ਮੱਛਰਾਂ ਦੀ ਭਰਮਾਰ ਰਹਿੰਦੀ ਹੈ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਕੁਝ ਲੋਕਾਂ ਨੇ ਆਪਣੇ ਨਾਂ ਗੁਪਤ ਰੱਖਣ ਦੀ ਸ਼ਰਤ 'ਤੇ ਦੱਸਿਆ ਕਿ ਇਸ ਰਜਬਾਹੇ ਨੇੜੇ ਵੱਸਦੇ ਕੁਝ ਘਰਾਂ ਵਾਲੇ ਆਪਣੇ ਘਰਾਂ ਦੇ ਗੰਦੇ ਪਾਣੀ ਦੇ ਨਿਕਾਸ ਲਈ ਇਸ ਰਜਬਾਹੇ ਵਿਚ ਪਾਈਪਾਂ ਪਾਈਆਂ ਹੋਈਆਂ ਹਨ। ਇਸ ਨਾਲ ਗੰਦਾ ਪਾਣੀ ਇਸ ਨਾਲੇ ਵਿਚ ਪੈਣ ਕਰਕੇ ਬਦਬੂ ਆਉਂਦੀ ਹੈ। ਲੋਕਾਂ ਨੇ ਸਬੰਧਿਤ ਵਿਭਾਗ ਪਾਸੋਂ ਮੰਗ ਕੀਤੀ ਹੈ ਕਿ ਇਸ ਨਾਲੇ ਦੀ ਸਫਾਈ ਤੇ ਡੂੰਘਾਈ ਪਹਿਲ ਦੇ ਆਧਾਰ 'ਤੇ ਕਰਵਾਈ ਜਾਵੇ ਤਾਂ ਜੋ ਇਲਾਕਾ ਵਾਸੀ ਰਾਹਤ ਮਹਿਸੂਸ ਕਰ ਸਕਣ।

## ਵਿਸ਼ੇਸ਼ ਕੈਂਪਾਂ 'ਚ ਲੋਕਾਂ ਨੇ ਸਰਕਾਰੀ ਸੇਵਾਵਾਂ ਦਾ ਲਿਆ ਭਰਪੂਰ ਲਾਭ

**ਬਟਾਲਾ (ਤਰਲੋਕ ਬੱਗਾ)**-ਵਿਧਾਇਕ ਸ਼ੈਰੀ ਕਲਸੀ ਨੇ ਆਪ ਦੀ ਸਰਕਾਰ, ਆਪ ਦੇ ਦੁਆਰ ਸਕੀਮ ਤਹਿਤ ਬਟਾਲੇ ਦੇ ਵਾਰਡ ਨੰ: 4, ਵਾਰਡ ਨੰ: 25, ਪਿੰਡ ਦੁਨੀਆਂ ਸੰਧੂ ਅਤੇ ਪਿੰਡ ਚੀਮਾ ਵਿਖੇ ਲੱਗੇ ਵਿਸ਼ੇਸ਼ ਕੈਂਪਾਂ ਦੌਰਾਨ ਵੱਖ-ਵੱਖ ਮਹਿਕਮੇ ਦੇ ਅਧਿਕਾਰੀਆਂ ਨਾਲ ਲੋਕਾਂ ਦੀਆਂ ਮੁਸ਼ਕਿਲਾਂ ਸੁਣੀਆਂ ਅਤੇ ਕਿਹਾ ਕਿ ਸਰਕਾਰ ਲੋਕਾਂ ਦੇ ਘਰਾਂ ਦੇ ਨੇੜੇ ਵੱਖ-ਵੱਖ ਸਰਕਾਰੀ ਸੇਵਾਵਾਂ ਦਾ ਲਾਭ ਪੁੱਜਦਾ ਕੀਤਾ ਜਾ ਰਿਹਾ ਹੈ।ਸ਼ੈਰੀ ਕਲਸੀ ਨੇ ਕਿਹਾ ਕਿ ਪੰਜਾਬ ਸਰਕਾਰ ਲੋਕਾਂ ਦੀ ਖੱਜਲ-ਖ਼ੁਆਰੀ ਘਟਾਉਣ ਲਈ ਵਚਨਬੱਧ ਹੈ।ਉਨ੍ਹਾਂ ਦੱਸਿਆ ਕਿ ਇਨ੍ਹਾਂ ਵਿਸ਼ੇਸ਼ ਕੈਂਪਾਂ ਵਿੱਚ ਮਾਲ ਵਿਭਾਗ ਨਾਲ ਸਬੰਧਤ, ਸਿਹਤ ਵਿਭਾਗ, ਕਾਰਪੋਰੇਸ਼ਨ ਨਾਲ ਸਬੰਧਤ, ਪੰਚਾਇਤ ਵਿਭਾਗ, ਮਗਨਰੇਗਾ, ਸਮਾਜਿਕ ਸੁਰੱਖਿਆ ਵਿਭਾਗ, ਸਿੱਖਿਆ ਵਿਭਾਗ ਅਤੇ ਖੇਤੀਬਾੜੀ ਆਦਿ ਨਾਲ ਸਬੰਧਤ ਸੇਵਾਵਾਂ ਦਾ ਲਾਭ ਪੁੱਜਦਾ ਕੀਤਾ ਜਾ ਰਿਹਾ ਹੈ।ਇਸ ਮੌਕੇ ਵੱਖ-ਵੱਖ ਲਾਭਪਾਤਰੀਆਂ ਨੂੰ ਮੌਕੇ 'ਤੇ ਸਰਕਾਰੀ ਸੇਵਾਵਾਂ ਦਾ ਲਾਭ ਮੁਹੱਈਆ ਕਰਵਾਇਆ ਗਿਆ।ਇਸ ਮੌਕੇ ਵਿਸ਼ੇਸ਼ ਕੈਂਪਾਂ ਵਿੱਚ ਲਾਭ ਹਾਸਿਲ ਕਰਨ ਵਾਲੇ ਲਾਭਪਾਤਰੀਆਂ ਨੇ ਪੰਜਾਬ ਸਰਕਾਰ ਦੀ ਇਸ ਉਪਰਾਲੇ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਇਸ ਨਾਲ ਲੋਕਾਂ ਨੂੰ ਵੱਡੀ ਰਾਹਤ ਮਿਲੀ ਹੈ।ਵਿਧਾਇਕ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਵਿਸ਼ੇਸ਼ ਕੈਂਪਾਂ ਵਿੱਚ ਵੱਧ ਤੋਂ ਵੱਧ ਸ਼ਿਰਕਤ ਕਰਨ ਅਤੇ ਸਰਕਾਰੀ ਸੇਵਾਵਾਂ ਦਾ ਲਾਭ ਉਠਾਉਣ ।

## ਬੇਜ਼ਮੀਨੇ ਲੋਕਾਂ ਨੂੰ ਘਰਾਂ ਦੇ ਮਾਲਕੀ ਹੱਕ ਦੇਣ ਦੀ ਨੀਤੀ ਸਪੱਸ਼ਟ ਕਰੇ ਪੰਜਾਬ ਸਰਕਾਰ : ਗਿੱਲ



**ਬਾਬਾ ਬਕਾਲਾ (ਮਨਜੀਤ ਸਿੰਘ ਭੰਗੂ)**-ਪਿਛਲੀ ਸਰਕਾਰ ਦੌਰਾਨ ਬੇਘਰੇ ਲੋਕਾਂ ਨੂੰ ਘਰਾਂ ਵਿਚਲੀ ਜ਼ਮੀਨ ਦੇ ਮਾਲਕੀ ਹੱਕ ਦੇਣ ਲਈ ਪਾਸ ਕੀਤੇ ਬਿੱਲ ਦਾ ਖਰੜਾ ਜਨਤਕ ਕਰਨ 'ਤੇ ਇਤਰਾਜ਼ ਅਤੇ ਸਲਾਹ ਮੰਗਣ ਉਸ ਤੋਂ ਬਾਅਦ ਕਨੂੰਨ ਨੂੰ ਲਾਗੂ ਕਰਨ। ਉਕਤ ਵਿਚਾਰਾਂ ਦਾ ਪ੍ਰਗਟਾਵਾ ਨੈਸ਼ਨਲ ਯੂਥ ਪਾਰਟੀ ਪੰਜਾਬ ਦੇ ਪ੍ਰਧਾਨ ਸਤਨਾਮ ਸਿੰਘ ਗਿੱਲ ਨੇ ਪੰਜਾਬ ਸਰਕਾਰ ਦੀ ਘੇਰਾਬੰਦੀ ਕਰਦਿਆਂ ਪ੍ਰੈਸ ਨਾਲ ਗੱਲਬਾਤ ਕਰਦਿਆਂ ਕੀਤਾ। ਉਨ੍ਹਾ ਨੇ ਕਿਹਾ ਕਿ ਚਰਨਜੀਤ ਸਿੰਘ ਚੰਨੀ ਦੀ ਵਜ਼ਾਰਤ 'ਚ ਜਾਰੀ ਕੀਤਾ ਗਿਆ ਨੋਟੀਫਿਕੇਸ਼ਨ ਸਪੱਸ਼ਟ ਨਹੀਂ ਹੈ। ਜਿਸ ਕਰਕੇ ਮੌਜੂਦਾ ਸਰਕਾਰ ਨੇ ਲਾਗੂ ਨਹੀਂ ਕੀਤਾ। ਗਿੱਲ ਨੇ ਕਿਹਾ ਕਿ ਜੋ ਕਨੂੰਨ ਲੋਕਾਂ ਲਈ ਸੰਤਾਪ ਬਣ ਜਾਵੇ ਉਸ 'ਚ ਸੋਧ ਨੂੰ ਯਕੀਨੀ ਬਣਾਉਣਾ ਸਰਕਾਰ ਦਾ ਕਰਤੱਵ ਹੈ,ਪਰ ਪੰਜਾਬ ਸਰਕਾਰ ਆਪਣੇ ਫਰਜ਼ 'ਚ ਕੋਤਾਹੀ ਕਰਨ ਦਾ ਸੰਗੀਨ ਅਪਰਾਧ ਕਰਦੀ ਆ ਰਹੀ ਹੈ। ਉਨ੍ਹਾ ਕਿ ਮੇਰਾ ਘਰ ਮੇਰੇ ਨਾਮ ਹੇਠ ਸ਼ੁਰੂ ਕੀਤੀ ਯੋਜਨਾ ਫੇਲ੍ਹ ਹੋ ਚੁੱਕੀ ਹੈ, ਪਰ ਸਰਕਾਰ ਨੇ ਕਨੂੰਨ 'ਚ ਤਰੁੱਟੀਆਂ ਨੂੰ ਦੂਰ ਕਰਨ ਲਈ ਅਗਲੇਰੀ ਵਿਭਾਗੀ ਕਾਰਵਾਈ ਅਮਲ 'ਚ ਲਿਆਉਣ 'ਚ ਹੱਥ ਪਿੱਛੇ ਖਿੱਚਿਆ ਹੈ। ਉਨ੍ਹਾ ਕਿਹਾ ਕਿ ਨੈਸ਼ਨਲ ਯੂਥ ਪਾਰਟੀ ਪੰਜਾਬ ਦੇ ਬੇਜ਼ਮੀਨੇ ਲੋਕਾਂ ਨੂੰ ਘਰਾਂ ਦੇ ਮਾਲਕੀ ਹੱਕ ਦਵਾਉਣ ਦੇ ਹੱਕ 'ਚ ਹੈ। ਇਸ ਲਈ ਲੋਕਾਂ ਨੂੰ ਘਰਾਂ ਦੀਆਂ ਸਨਦਾਂ ਬਣਵਾਉਣ ਦੇ ਹੱਕ 'ਚ ਹੈ। ਉਨ੍ਹਾ ਕਿਹਾ ਕਿ ਲਾਲ ਲਕੀਰ ਦੀ ਨੀਤੀ ਨੂੰ ਬੇਜ਼ਮੀਨੇ ਅਤੇ ਬੇਘਰੇ ਲੋਕਾਂ ਦੇ ਹੱਕ ਦਾ ਬਣਾਉਂਣ ਲਈ ਅਸੀਂ ਹਰ ਵਿਧਾਇਕ ਨੂੰ ਮੰਗ ਪੱਤਰ ਦੇ ਕੇ ਪ੍ਰੇਰਤ ਕਰਾਂਗੇ ਕਿ ਪੰਜਾਬ ਵਿਧਾਨ ਸਭਾ 'ਚ ਮਤਾ ਲਿਆ ਕੇ ਬਿੱਲ 'ਚ ਲੋੜੀਂਦੀ ਸੋਧ ਕੀਤੀ ਜਾਵੇ।

## 'ਆਪ ਦੀ ਸਰਕਾਰ ਆਪ ਦੇ ਦੁਆਰ' ਯੋਜਨਾ ਦਾ ਲੋਕ ਵੱਡੇ ਪੱਧਰ 'ਤੇ ਲੈ ਰਹੇ ਲਾਭ : ਸ਼ਮਸ਼ੇਰ ਸਿੰਘ



**ਦੀਨਾਨਗਰ (ਬਲਵਿੰਦਰ ਸਿੰਘ ਬਿੱਲਾ)**-ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠਲੀ ਪੰਜਾਬ ਸਰਕਾਰ ਵੱਲੋਂ ਆਪ ਦੀ ਸਰਕਾਰ ਆਪ ਦੇ ਦੁਆਰ ਯੋਜਨਾ ਤਹਿਤ ਹਰ ਪਿੰਡ ਅਤੇ ਵਾਰਡਾਂ ਅੰਦਰ ਕੈਂਪ ਲਾਉਣ ਨਾਲ ਲੋਕਾਂ ਨੂੰ ਅਪਣੇ ਘਰਾਂ ਦੇ ਨੇੜੇ ਕੰਮ ਕਰਵਾਉਣ ਵਿੱਚ ਕਾਫੀ ਸੌਖ ਮਹਿਸੂਸ ਹੋ ਰਹੀ ਹੈ ਅਤੇ ਕੈਂਪਾਂ ਅੰਦਰ ਕੰਮ ਕਰਵਾਉਣ ਲਈ ਆਉਣ ਵਾਲੇ ਲੋਕ ਮਾਨ ਸਰਕਾਰ ਦੇ ਇਸ ਉਪਰਾਲੇ ਦੀ ਖੁੱਲ੍ਹ-ਦਿਲੀ ਨਾਲ ਸਿਫਤ ਕਰ ਰਹੇ ਹਨ ।ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਆਮ ਆਦਮੀ ਪਾਰਟੀ ਦੇ ਜ਼ਿਲ੍ਹਾ ਪ੍ਰਧਾਨ ਸ਼ਹਿਰੀ ਅਤੇ ਹਲਕਾ ਇੰਚਾਰਜ ਸ਼ਮਸ਼ੇਰ ਸਿੰਘ ਨੇ ਦੀਨਾਨਗਰ ਦੇ ਵਾਰਡ ਨੰਬਰ ਤਿੰਨ ਅੰਦਰ ਮਹਾਰਾਜਾ ਰਣਜੀਤ ਸਿੰਘ ਪਾਰਕ ਵਿਖੇ ਲੱਗੇ ਸਰਕਾਰੀ ਸੁਵਿਧਾਵਾਂ ਦੇ ਕੈਂਪ ਦੇ ਨਿਰੀਖਣ ਮੌਕੇ ਗੱਲਬਾਤ ਦੌਰਾਨ ਕੀਤਾ।ਇਸ ਮੌਕੇ ਉਹਨਾਂ ਨੇ ਕੈਂਪ ਵਿੱਚ ਕੰਮ ਕਰਵਾਉਣ ਲਈ ਆਏ ਲੋਕਾਂ ਨਾਲ ਗੱਲਬਾਤ ਕੀਤੀ ਅਤੇ ਉਨ੍ਹਾਂ ਦੀਆਂ ਮੁਸ਼ਕਲਾਂ ਸੁਣ ਕੇ ਸਬੰਧਤ ਵਿਭਾਗਾਂ ਦੇ ਅਧਿਕਾਰੀਆਂ ਨੂੰ ਤੁਰੰਤ ਹੱਲ ਲਈ ਵੀ ਕਿਹਾ।ਉਨ੍ਹਾਂ ਕਿਹਾ ਕਿ ਮਾਨ ਸਰਕਾਰ ਦੇ ਇਸ ਉਪਰਾਲੇ ਨਾਲ ਲੋਕਾਂ ਦੀ ਦਫਤਰਾਂ ਚ ਹੋਣ ਵਾਲੀ ਸਮੇਂ ਦੀ ਬਰਬਾਦੀ ਬਚੀ ਹੈ ਅਤੇ ਲੋਕਾਂ ਨੂੰ ਅਪਣੇ ਘਰ ਦੇ ਨੇੜੇ ਹੀ ਸਾਰੀਆਂ ਸਹੂਲਤਾਂ ਮਿਲ ਰਹੀਆਂ ਹਨ। ਉਹਨਾਂ ਕਿਹਾ ਕਿ ਮਾਨ ਸਰਕਾਰ ਦਾ ਲੋਕਾਂ ਨਾਲ ਵਾਅਦਾ ਹੈ ਕਿ ਲੋਕਾਂ ਨੂੰ ਅਪਣੇ ਕੰਮਾਂ ਕਾਰਾਂ ਲਈ ਸਰਕਾਰੀ ਦਫਤਰਾਂ ਅੰਦਰ ਖੱਜਲ-ਖੁਆਰ ਨਹੀਂ ਹੋਣਾ ਪਵੇਗਾ। ਇਸ ਮੌਕੇ ਆਪ ਦੇ ਬਲਾਕ ਪ੍ਰਧਾਨ ਗੌਰਵ ਮੁੰਨਾ, ਵਿਜੇ ਕੁਮਾਰ, ਬਾਪੂ ਬਲਦੇਵ, ਸਿੰਘ, ਗੋਰਾ ਕੱਤੋਵਾਲ ਦੇ ਇਲਾਵਾ ਸਿਮਰਨਜੀਤ ਸਿੰਘ, ਕੁਲਵੰਤ ਸਿੰਘ ਕੰਤਾ ਅਤੇ ਟਰੱਕ ਯੂਨੀਅਨ ਦੇ ਪ੍ਰਧਾਨ ਗੁਰਨਾਮ ਸਿੰਘ ਸਿੰਗੋਵਾਲ ਵੀ ਹਾਜ਼ਰ ਸਨ।

## ਸਿਵਲ ਹਸਪਤਾਲ ਬਾਬਾ ਬਕਾਲਾ 'ਚ ਅੱਖਾਂ ਦਾ ਚੈੱਕਅਪ ਕੈਂਪ ਲਗਾਇਆ



**ਰਈਆ (ਡੀ. ਕੇ. ਰੈੱਡੀ)**—ਸੜਕ ਸੁਰੱਖਿਆ ਮਹੀਨਾ ਦੇ ਤਹਿਤ ਪੰਜਾਬ ਸਰਕਾਰ ਤੇ ਡਾਇਰੈਕਟਰ ਸਿਹਤ ਅਤੇ ਪਰਿਵਾਰ ਭਲਾਈ ਵਿਭਾਗ ਪੰਜਾਬ (ਚੰਡੀਗੜ੍ਹ) ਦੇ ਦਿਸ਼ਾ ਨਿਰਦੇਸ਼ਾਂ ਅਤੇ ਸਿਵਲ ਹਸਪਤਾਲ ਬਾਬਾ ਬਕਾਲਾ ਸਾਹਿਬ ਦੇ ਸੀਨੀਅਰ ਮੈਡੀਕਲ ਅਫ਼ਸਰ ਡਾ. ਨੀਰਜ ਭਾਟੀਆ ਦੀ ਅਗਵਾਈ ਹੇਠ ਅੱਖਾਂ ਦਾ ਚੈੱਕਅਪ ਕੈਂਪ ਲਗਾਇਆ ਗਿਆ ਜਿਸ ਵਿੱਚ ਡਾ. ਬਿਕਰਮਜੀਤ ਸਿੰਘ (ਅੱਖਾਂ ਦੇ ਮਾਹਿਰ) ਅਤੇ ਡਾ. ਸੀਰਤ (ਮੈਡੀਕਲ ਅਫ਼ਸਰ) ਵੱਲੋਂ 32 ਮਰੀਜ਼ਾਂ ਦੀਆਂ ਅੱਖਾਂ ਦਾ ਚੈੱਕਅਪ ਕਰਨ ਤੋਂ ਇਲਾਵਾ ਲੋੜੀਂਦੀਆਂ ਦਵਾਈਆਂ ਅਤੇ ਦੂਰ ਨੇੜੇ ਦੀ ਨਜ਼ਰ ਦੀਆਂ ਐਨਕਾਂ ਦੇ ਨੰਬਰਾਂ ਦੀ ਜਾਂਚ ਕੀਤੀ ਗਈ ।ਉਕਤ ਕੈਂਪ ਦੌਰਾਨ ਪੁੱਜੇ ਵੱਖ-ਵੱਖ ਸਕੂਲਾਂ ਦੀਆਂ ਬੱਸਾਂ ਦੇ ਡਰਾਈਵਰਾਂ ਵੱਲੋਂ ਵੀ ਅੱਖਾਂ ਦੀ ਜਾਂਚ ਕਰਵਾਈ ਗਈ। ਇਸ ਮੌਕੇ ਬਲਜਿੰਦਰ ਸਿੰਘ, ਸੁਖਜਿੰਦਰ ਸਿੰਘ, ਸੁਖਵਿੰਦਰ ਸਿੰਘ, ਸਤਨਾਮ ਸਿੰਘ, ਮੇਜਰ ਸਿੰਘ (ਸਟਾਫ ਮੈਂਬਰ), ਹਰਜਿੰਦਰ ਸਿੰਘ ਮਾਨ, ਗੁਰਮੀਤ ਸਿੰਘ, ਵੀਰ ਸਿੰਘ, ਬਲਵਿੰਦਰ ਸਿੰਘ, ਦਿਲਬਾਗ ਸਿੰਘ, ਸੁਰਿੰਦਰ ਸਿੰਘ, ਅਜੀਤ ਸਿੰਘ, ਤਰਸੇਮ ਸਿੰਘ, ਸਰਵਣ ਸਿੰਘ, ਬਲਵਿੰਦਰ ਸਿੰਘ ਆਦਿ ਹਾਜ਼ਰ ਸਨ ।

## ਸੇਂਟ ਕਬੀਰ ਸਕੂਲ ਦੇ ਸੰਸਥਾਪਕ ਚੇਅਰਮੈਨ ਹਰਪਾਲ ਸਿੰਘ ਦੀ ਬਰਸੀ ਨੂੰ ਸਮਰਪਿਤ ਇਨਾਮ ਵੰਡ ਸਮਾਗਮ




**ਧਾਰੀਵਾਲ, (ਮਨਦੀਪ ਸਿੰਘ ਵਿੱਕੀ)**-ਸੇਂਟ ਕਬੀਰ ਪਬਲਿਕ ਸਕੂਲ ਸੁਲਤਾਨਪੁਰ ਵਿਖੇ ਸਕੂਲ ਫਾਊਂਡਰ ਚੇਅਰਮੈਨ ਹਰਪਾਲ ਸਿੰਘ ਦੀ ਦੂਸਰੀ ਬਰਸੀ ਨੂੰ ਸਮਰਪਿਤ ਇਨਾਮ ਵੰਡ ਸਮਾਗਮ ਕਰਵਾਇਆ ਗਿਆ। ਇਸ ਮੌਕੇ ਮੁੱਖ ਮਹਿਮਾਨ ਜਵੰਦ ਸਿੰਘ, ਅਜੈਪਾਲ ਸਿੰਘ, ਪ੍ਰਿੰ. ਐੱਸ. ਬੀ. ਨਾਯਰ, ਪ੍ਰਬੰਧਕ ਕਮੇਟੀ ਮੈਂਬਰ ਨਵਦੀਪ ਕੌਰ ਤੇ ਕੁਲਦੀਪ ਕੌਰ ਵਲੋਂ ਸਕੂਲ ਵਿੱਚ ਸਥਾਪਿਤ ਚੇਅਰਮੈਨ ਹਰਪਾਲ ਸਿੰਘ ਦੇ ਬੁੱਤ 'ਤੇ ਫੁੱਲਮਾਲਾ ਭੇਟ ਕਰਕੇ ਸ਼ਰਧਾਂਜਲੀ ਭੇਟ ਕਰਨ ਉਪਰੰਤ ਇਨਾਮ ਵੰਡ ਸਮਾਗਮ ਦੀ ਸ਼ੁਰੂਆਤ ਸ਼ਮ੍ਹਾ ਰੌਸ਼ਨ ਕਰਕੇ ਕੀਤੀ। ਸਮਾਗਮ ਵਿੱਚ ਬੱਚਿਆਂ ਦੇ ਮਾਪਿਆਂ ਤੋਂ ਇਲਾਵਾ ਪਾਲੀ ਸ਼ਾਹ, ਸੂਬੇਦਾਰ ਸਰੂਪ ਸਿੰਘ, ਕੈਪਟਨ ਬਲਪ੍ਰਤਾਪ ਸਿੰਘ, ਸੁਖਵਿੰਦਰ ਸਿੰਘ, ਨੰਬਰਦਾਰ ਵੱਸਣ ਸਿੰਘ ਗੋਰਾਇਆ, ਲਖਵਿੰਦਰ ਸਿੰਘ ਆਦਿ ਪਤਵੰਤਿਆਂ ਨੇ ਵਿਸ਼ੇਸ਼ ਤੌਰ 'ਤੇ ਸ਼ਮੂਲੀਅਤ ਕੀਤੀ। ਇਸ ਮੌਕੇ ਅਧਿਆਪਕਾ ਜਸਵਿੰਦਰ ਕੌਰ ਵਲੋਂ ਸੁਆਗਤੀ ਸ਼ਬਦ ਬੋਲਦਿਆਂ ਆਏ ਮਹਿਮਾਨਾਂ ਨੂੰ ਜੀ ਆਇਆਂ ਆਖਿਆ। ਵਿਦਿਆਰਥੀਆਂ ਨੇ ਸ਼ਬਦ ਗਾਇਨ ਕੀਤਾ। ਉਪਰੰਤ ਬੁਲਾਰਿਆਂ ਨੇ ਚੇਅਰਮੈਨ ਹਰਪਾਲ ਸਿੰਘ ਨੂੰ ਸ਼ਰਧਾ ਦੇ ਫੁੱਲ ਭੇਟ ਕਰਦਿਆਂ ਉਨ੍ਹਾਂ ਨਾਲ ਬਿਤਾਏ ਪਲਾਂ ਦੀਆਂ ਯਾਦਾਂ ਨੂੰ ਤਾਜ਼ਾ ਕੀਤਾ। ਅਧਿਆਪਕ ਗੁਲਾਬ ਸਿੰਘ ਨੇ ਸਵਰਗੀ ਚੇਅਰਮੈਨ ਦੇ ਨੇਕ ਵਿਚਾਰਾਂ ਅਤੇ ਉਨ੍ਹਾਂ ਵਲੋਂ ਸਕੂਲ ਪ੍ਰਤੀ ਸੰਜੋਏ ਹੋਏ ਸੁਪਨਿਆਂ ਨੂੰ ਪੂਰਾ ਯਾਦ ਕੀਤਾ। ਮੁੱਖ ਮਹਿਮਾਨ ਜਵੰਦ ਸਿੰਘ ਨੇ ਹਰਪਾਲ ਸਿੰਘ ਨਾਲ ਬਿਤਾਏ ਕੁੱਝ ਨਿੱਜੀ ਪਲਾਂ ਦਾ ਜ਼ਿਕਰ ਕਰਦਿਆਂ ਉਨ੍ਹਾਂ ਦੀ ਉਸਾਰੂ ਸੋਚ ਬਾਰੇ ਵਿਚਾਰ ਸਾਂਝੇ ਕੀਤੇ। ਉਪਰੰਤ ਇਨਾਮਵੰਡ ਸਮਾਰੋਹ ਦੌਰਾਨ ਦਸਵੀਂ ਤੇ ਬਾਰ੍ਹਵੀਂ ਜਮਾਤ ਵਿੱਚੋਂ ਪਹਿਲਾ, ਦੂਸਰਾ ਤੇ ਤੀਸਰਾ ਸਥਾਨ ਪ੍ਰਾਪਤ ਅਤੇ ਕਿਸੇ ਵੀ ਵਿਸ਼ੇ ਵਿੱਚੋਂ 100 ਪ੍ਰਤੀਸ਼ਤ ਅੰਕ ਲੈਣ ਜਾਂ ਅਵੱਲ ਆਉਣ ਵਾਲੇ ਕੁੱਲ 29 ਵਿਦਿਆਰਥੀਆਂ ਨੂੰ ਨਕਦ ਰਾਸ਼ੀ ਦੇ ਇਨਾਮ ਭੇਟ ਕਰਕੇ ਸਨਮਾਨਿਤ ਕੀਤਾ ਗਿਆ। ਪ੍ਰਿੰ. ਐੱਸ. ਬੀ. ਨਾਯਰ ਨੇ ਕਿਹਾ ਇਹ ਬਹੁਤ ਹੀ ਖੁਸ਼ੀ ਵਾਲੀ ਗੱਲ ਹੈ ਕਿ ਸਾਲ 2022-2023 ਦੇ ਨਤੀਜਿਆਂ ਦੌਰਾਨ ਸਕੂਲ ਦੇ 9 ਵਿਦਿਆਰਥੀਆਂ ਨੇ 100 ਵਿੱਚੋਂ 100 ਅੰਕ ਪ੍ਰਾਪਤ ਕਰਕੇ ਸਕੂਲ ਦੇ ਮਾਣ ਵਿੱਚ ਵਾਧਾ ਕੀਤਾ ਹੈ। ਮੁੱਖ ਮਹਿਮਾਨ ਜਵੰਦ ਸਿੰਘ ਨੇ ਵਿਦਿਆਰਥੀਆਂ ਨੂੰ ਅਸ਼ੀਰਵਾਦ ਦਿੱਤਾ। ਇਸ ਮੌਕੇ ਮੁੱਖ ਮਹਿਮਾਨ ਵਲੋਂ 50 ਹਜ਼ਾਰ ਰੁਪਏ ਦੀ ਨਕਦ ਰਾਸ਼ੀ ਸਕੂਲ ਨੂੰ ਭੇਟ ਕੀਤੀ। ਇਸ ਮੌਕੇ ਸਕੂਲ ਦੇ ਪੁਰਾਣੇ ਵਿਦਿਆਰਥੀ ਕੈਪਟਨ ਬਲਪ੍ਰਤਾਪ ਸਿੰਘ ਨੇ ਵਿਦਿਆਰਥੀਆਂ ਨੂੰ ਭਵਿੱਖ ਵਿੱਚ ਵੀ ਹਮੇਸ਼ਾ ਸਕੂਲ ਦਾ ਨਾਂ ਰੌਸ਼ਨ ਕਰਦੇ ਰਹਿਣ ਲਈ ਪ੍ਰੇਰਿਆ। ਅੰਤ ਵਿੱਚ ਸਕੂਲ ਦੇ ਪ੍ਰਿੰ. ਐੱਸ. ਬੀ. ਨਾਯਰ ਤੇ ਸਕੂਲ ਪ੍ਰਬੰਧਕ ਮੈਂਬਰਾਂ ਵਲੋਂ ਆਏ ਮਹਿਮਾਨਾਂ, ਪਤਵੰਤਿਆਂ ਅਤੇ ਵਿਦਿਆਰਥੀਆਂ ਦੇ ਪਰਿਵਾਰਿਕ ਮੈਂਬਰਾਂ ਦਾ ਧੰਨਵਾਦ ਕੀਤਾ ਅਤੇ ਪ੍ਰਣ ਕੀਤਾ ਕਿ ਉਹ ਆਏ ਸਾਲ ਚੇਅਰਮੈਨ ਹਰਪਾਲ ਸਿੰਘ ਦੇ ਬਰਸੀ ਸਮਾਗਮ ਨੂੰ ਇਸੇ ਤਰ੍ਹਾਂ ਯਾਦਗਾਰ ਦੇ ਰੂਪ ਵਿੱਚ ਹੋਣਹਾਰ ਵਿਦਿਆਰਥੀਆਂ ਨੂੰ ਸਨਮਾਨਿਤ ਕਰਦੇ ਰਹਿਣਗੇ। ਇਸ ਮੌਕੇ ਸਕੂਲ ਦੇ ਸਮੂਹ ਸਟਾਫ ਮੈਂਬਰ ਹਾਜ਼ਰ ਸਨ।

# ਦਨੌਦਾ ਹਰਿਆਣਾ ਦੀ ਟੀਮ ਨੇ ਨੂਰਪੁਰ ਨੂੰ ਹਰਾ ਕੇ ਕ੍ਰਿਕਟ ਕੱਪ 'ਤੇ ਕੀਤਾ ਕਬਜ਼ਾ



**ਗੁਰਾਇਆ (ਰਘਬੀਰ ਸਿੰਘ)**- ਯੂ.ਕੇ, ਕੈਨੇਡਾ ਤੋਂ ਆਏ ਪ੍ਰਵਾਸੀ ਭਾਰਤੀਆਂ ਵੱਲੋਂ ਯੂਕੇ ਕੈਨੇਡਾ ਕ੍ਰਿਕਟ ਕੱਪ ਗੁਰਾਇਆ ਪੱਤਰਕਾਰ ਐਸੋਸੀਏਸ਼ਨ, ਪੰਜਾਬ ਪੁਲਸ ਅਤੇ ਆਈ ਏ ਐਮ ਟੀ ਇਮੀਗ੍ਰੇਸ਼ਨ ਦੇ ਸਹਿਯੋਗ ਨਾਲ ਅਨਾਜ ਮੰਡੀ ਗੁਰਾਇਆ ਵਿਖੇ ਇੱਕ ਰੋਜ਼ਾ ਕ੍ਰਿਕਟ ਟੂਰਨਾਮੈਂਟ ਕਰਵਾਇਆ ਗਿਆ।ਇਸ ਟੂਰਨਾਮੈਂਟ ਵਿੱਚ ਪੰਜਾਬ, ਹਰਿਆਣਾ ਅਤੇ ਰਾਜਸਥਾਨ ਦੇ ਖਿਡਾਰੀਆਂ ਨੇ ਭਾਗ ਲਿਆ ਅਤੇ ਦਰਸ਼ਕਾਂ ਨੂੰ 12 ਟੀਮਾਂ ਵਿਚਕਾਰ ਰੋਮਾਂਚਕ ਮੈਚ ਦੇਖਣ ਨੂੰ ਮਿਲੇ।ਜਿਸ ਵਿਚ ਫਾਈਨਲ ਮੈਚ ਨੂਰਪੁਰ ਬੇਟ ਅਤੇ ਦਨੌਦਾ ਹਰਿਆਣਾ (ਜਿੰਦ) ਦੀ ਟੀਮ ਵਿਚਕਾਰ ਹੋਇਆ, ਜਿਸ 'ਚ ਦਨੌਦਾ ਹਰਿਆਣਾ ਦੀ ਟੀਮ ਨੇ ਪਹਿਲਾਂ ਬੱਲੇਬਾਜ਼ੀ ਕਰਦੇ ਹੋਏ 121 ਦੌੜਾਂ ਦਾ ਟੀਚਾ ਦਿੱਤਾ, ਨੂਰਪੁਰ ਬੇਟ ਦੀ ਟੀਮ ਨੇ 111 ਦੌੜਾਂ ਬਣਾਈਆਂ ਅਤੇ ਦਨੌਦਾ ਹਰਿਆਣਾ ਦੀ ਟੀਮ ਟੂਰਨਾਮੈਂਟ ਦੀ ਜੇਤੂ ਰਹੀ। ਜੇਤੂ ਟੀਮ ਨੂੰ 51,000 ਰੁਪਏ ਅਤੇ ਕੱਪ ਅਤੇ ਉਪ ਜੇਤੂ ਟੀਮ ਨੂੰ 31,000 ਰੁਪਏ ਅਤੇ ਕੱਪ ਦੇ ਕੇ ਸਨਮਾਨਿਤ ਕੀਤਾ। ਤੀਜੇ ਅਤੇ ਚੌਥੇ ਸਥਾਨ 'ਤੇ ਰਹਿਣ ਵਾਲੀਆਂ ਟੀਮਾਂ ਨੂੰ 4100 ਰੁਪਏ ਅਤੇ ਕੱਪ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਦੌਰਾਨ ਗੌਰਵ ਲੁਧਿਆਣਾ ਸਰਵੋਤਮ ਬੱਲੇਬਾਜ਼ ਰਿਹਾ ਜਿਸ ਨੂੰ 4100 ਰੁਪਏ ਅਤੇ ਕੱਪ ਦੇ ਕੇ ਸਨਮਾਨਿਤ ਕੀਤਾ ਗਿਆ ਅਤੇ ਸ਼ੁਭਮ, ਗੋਪੀ, ਸ਼ਾਹਿਦ ਵਧੀਆ ਗੇਂਦਬਾਜ਼ ਰਹੇ।ਪਿੰਡ ਪੱਧਰ 'ਤੇ ਰਵੀ ਨੂਰਪੁਰ ਬੇਟ ਦਾ ਸਰਵੋਤਮ ਖਿਡਾਰੀ ਜਦਕਿ ਪ੍ਰਭਵ ਚੰਡੀਗੜ੍ਹ ਦੇ ਬਾਹਰਲੇ ਖਿਡਾਰੀ ਵਜੋਂ ਚੁਣਿਆ ਗਿਆ। ਜਿਨ੍ਹਾਂ ਨੂੰ 6100-6100 ਰੁਪਏ ਦੇ ਕੇ ਸਨਮਾਨਿਤ ਕੀਤਾ ਗਿਆ।ਇਸ ਮੌਕੇ ਐਸ ਪੀ ਡੀ ਸਰਬਜੀਤ ਸਿੰਘ ਰਾਏ ਨੇ ਕਿਹਾ ਕਿ ਪੰਜਾਬ ਪੁਲਸ ਅਤੇ ਸਰਕਾਰ ਵੱਲੋਂ ਪੰਜਾਬ ਨੂੰ ਨਸ਼ਾ ਮੁਕਤ ਕਰਨ ਲਈ ਹਰ ਸੰਭਵ ਯਤਨ ਕੀਤੇ ਜਾ ਰਹੇ ਹਨ ਅਤੇ ਖੇਡਾਂ ਹੀ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰੱਖ ਸਕਦੀਆਂ ਹਨ।ਇਸ ਮੌਕੇ ਪੀਤਾ ਛੋਕਰਾ, ਗੁਰਦੀਪ ਸਿੰਘ, ਮੁਨੀਸ਼ ਬਾਵਾ ਪ੍ਰਧਾਨ ਗੁਰਾਇਆ ਪੱਤਰਕਾਰ ਐਸੋਸੀਏਸ਼ਨ, ਜਸਕਰਨ ਸਿੰਘ ਨੇ ਸਾਰਿਆਂ ਦਾ ਧੰਨਵਾਦ ਕੀਤਾ।.

# 13 ਦੇ ਦਿੱਲੀ ਧਰਨੇ ਲਈ ਕਿਸਾਨਾਂ ਨੂੰ ਕੀਤਾ ਲਾਮਬੰਦ



**ਸੁਲਤਾਨਪੁਰ ਲੋਧੀ(ਬਲਵਿੰਦਰ ਸਿੰਘ ਧਾਲੀਵਾਲ, ਰਾਜਵੀਰ ਸਿੰਘ)**-ਉਤਰ ਭਾਰਤ ਦੀਆਂ 18 ਜੱਥੇਬੰਦੀਆਂ ਤੇ ਸੰਯੁਕਤ ਮੋਰਚਾ (ਗੈਰ ਰਾਜਨੀਤਕ) ਵੱਲੋਂ ਆਪਣੀ ਹੋਂਦ ਬਚਾਉਣ ਦੀ ਲੜਾਈ ਲੜਨ ਲਈ 13 ਫਰਵਰੀ ਨੂੰ ਦਿੱਲੀ ਕੂਚ ਕਰਨ ਤੇ ਪੱਕਾ ਮੋਰਚਾ ਲਾਉਣ ਦੇ ਸੱਦੇ 'ਤੇ ਪਾਵਨ ਨਗਰੀ ਸੁਲਤਾਨਪੁਰ ਲੋਧੀ ਦੇ ਪ੍ਰੈਸ ਕਲੱਬ ਵਿਖੇ ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਦੇ ਯੂਨਿਟ ਸੁਲਤਾਨਪੁਰ ਲੋਧੀ ਦੇ ਪ੍ਰਧਾਨ ਸਤਵੰਤ ਸਿੰਘ ਆਹਲੀ ਦੀ ਅਗਵਾਈ ਹੇਠ ਇਲਾਕੇ ਦੇ ਕਿਸਾਨਾਂ ਦੀ ਵਿਸ਼ੇਸ਼ ਇਕੱਤਰਤਾ ਹੋਈ ਜਿਸ ਵਿੱਚ ਮੰਗਾਂ ਨੂੰ ਲੈ ਕੇ ਵਿਚਾਰ ਵਟਾਂਦਰਾ ਕੀਤਾ ਗਿਆ ਅਤੇ 13 ਫਰਵਰੀ ਦੇ ਧਰਨੇ ਸਬੰਧੀ ਕਿਸਾਨਾਂ ਨੂੰ ਲਾਮਬੰਦ ਹੋਣ ਲਈ ਪ੍ਰੇਰਿਆ ਗਿਆ।

ਉਹਨਾਂ ਕਿਹਾ ਕਿ ਹੁਣ ਸਮੁੱਚੀਆਂ ਜਥੇਬੰਦੀਆਂ ਆਪਣੀ ਹੋਂਦ ਬਚਾਉਣ ਦੀ ਲੜਾਈ ਲੜਨ ਲਈ 13 ਫਰਵਰੀ ਨੂੰ ਦਿੱਲੀ ਵਿਖੇ ਪੱਕਾ ਮੋਰਚਾ ਲਾਉਣ ਲਈ ਆਪਣੀਆਂ ਤਿਆਰੀਆਂ ਜ਼ੋਰਾਂ ਤੇ ਕਰ ਰਹੀਆਂ ਹਨ ਜਿਸ ਦੇ ਤਹਿਤ ਪਾਵਨ ਨਗਰੀ ਸੁਲਤਾਨਪੁਰ ਲੋਧੀ ਦੇ ਕਿਸਾਨਾਂ ਅਤੇ ਮਜ਼ਦੂਰਾਂ ਨੂੰ ਇਸ ਸੰਘਰਸ਼ ਵਿੱਚ ਪਹੁੰਚਣ ਲਈ ਲਾਮਬੰਦ ਕੀਤਾ ਜਾ ਰਿਹਾ ਹੈ।ਕਿਸਾਨ ਆਗੂ ਲਖਵਿੰਦਰ ਸਿੰਘ ਤੇ ਗੁਰਦਿਆਲ ਸਿੰਘ ਖਾਲਸਾ ਨੇ ਦੱਸਿਆ ਕਿ 11 ਫਰਵਰੀ ਨੂੰ ਦਿੱਲੀ ਵਿਖੇ ਕਿਸਾਨ ਪੱਕਾ ਮੋਰਚਾ ਲਾਉਣ ਲਈ ਪੰਜਾਬ ਵਿਚੋਂ ਵੱਡੀ ਗਿਣਤੀ ਵਿੱਚ ਟ੍ਰੈਕਟਰ ਟਰਾਲੀਆਂ ਸਮੇਤ ਰਵਾਨਾ ਹੋਣਗੇ ।ਕਿਸਾਨ ਆਗੂਆਂ ਨੇ ਸਮੂਹ ਕਿਸਾਨਾਂ ਅਤੇ ਮਜ਼ਦੂਰਾਂ ਨੂੰ ਅਪੀਲ ਕੀਤੀ ਕਿ ਇਸ ਧਰਨੇ ਨੂੰ ਕਾਮਯਾਬ ਬਣਾਉਣ ਲਈ ਵੱਧ ਤੋਂ ਵੱਧ ਧਰਨੇ ਵਿੱਚ ਸ਼ਮੂਲੀਅਤ ਕਰੀਏ।ਇਸ ਮੌਕੇ ਹੋਰਨਾਂ ਤੋਂ ਇਲਾਵਾ ਜਥੇਦਾਰ ਗੁਰਦਿਆਲ ਸਿੰਘ ਖਾਲਸਾ, ਜਨਰਲ ਸਕੱਤਰ ਲਖਵਿੰਦਰ ਸਿੰਘ ਕੌੜਾ, ਗੁਰਸਾਹਿਬ ਸਿੰਘ ਮੀਤ ਪ੍ਰਧਾਨ, ਤਰਲੋਕ ਸਿੰਘ ਪ੍ਰੈਸ ਸਕੱਤਰ, ਵਰਿੰਦਰਜੀਤ ਸਿੰਘ ਖਜਾਨਚੀ, ਮੇਜਰ ਸਿੰਘ, ਭੁਪਿੰਦਰ ਸਿੰਘ ਲਾਡੀ, ਗੁਰਜੰਟ ਸਿੰਘ, ਸਰਵਣ ਸਿੰਘ ਢੋਟੀ ,ਪ੍ਰਦੀਪ ਕੁਮਾਰ ਸੋਨੂ, ਓਮ ਪ੍ਰਕਾਸ਼ ਧੀਰ, ਮਨਜੀਤ ਸਿੰਘ ਆਦਿ ਸਮੇਤ ਵੱਡੀ ਗਿਣਤੀ ਵਿੱਚ ਕਿਸਾਨ ਹਾਜ਼ਰ ਸਨ।

# ਆਪ ਦੀ ਸਰਕਾਰ, ਆਪ ਦੇ ਦੁਆਰ : ਹਰਜੋਤ ਬੈਂਸ ਕੈਬਨਿਟ ਮੰਤਰੀ ਨੇ 36 ਕੈਂਪਾਂ 'ਚ ਕੀਤੀ ਸ਼ਿਰਕਤ



**ਭਲਾਣ (ਹਰਭਜਨ ਦਿੱਲੋਂ)** 1076 ਸੇਵਾ ਸੂਬੇ ਦੇ ਲੋਕਾਂ ਲਈ ਹੋਈ ਵਰਦਾਨ ਸਿੱਧ, ਹੁਣ ਲੋਕਾਂ ਦੇ ਕੰਮਾਂ ਲਈ ਮੁਲਾਕਾਤ ਦਾ ਸਮਾਂ ਲੈ ਕੇ ਘਰ ਪੁੱਜਦੇ ਹਨ ਸਰਕਾਰੀ ਕਰਮਚਾਰੀ ਲੋਕ ਭਲਾਈ ਸਕੀਮਾਂ ਦਾ ਲਾਭ ਲੋਕਾਂ ਤੱਕ ਪਹੁੰਚਾਉਣ ਲਈ ਵੱਖ ਵੱਖ ਵਿਭਾਗਾਂ ਵੱਲੋਂ ਲਗਾਏ ਸਟਾਲ, ਹੈਲਪ ਡੈਸਟ ਸਥਾਪਿਤ ਕੈਬਨਿਟ ਮੰਤਰੀ ਮੁਸ਼ਕਿਲਾ/ ਸਮੱਸਿਆਵਾਂ ਦਾ ਮੌਕੇ ਤੇ ਕਰ ਰਹੇ ਹਨ ਹੱਲ, ਬਕਾਇਆ ਮਾਮਲਿਆਂ ਦਾ ਸਮਾਬੱਧ ਹੋਵੇਗਾ ਨਿਪਟਾਰਾ ਮਿਆਰੀ ਸਿੱਖਿਆ ਤੇ ਸਿਹਤ ਸਹੂਲਤਾਂ ਦੇਣ ਵਿੱਚ ਸਰਕਾਰ ਮੋਹਰੀ, ਪਿੰਡਾਂ ਤੋਂ ਸਰਕਾਰ ਚਲਾਉਣ ਦਾ ਵਾਅਦਾ ਹੋਇਆ ਪੂਰਾ ਹਰ ਆਮ ਆਦਮੀ ਕਲੀਨਿਕ ਤੋਂ ਰੋਜ਼ਾਨਾ ਸੈਕੜੇ ਲੋਕ ਮੁਫਤ ਟੈਸਟ, ਦਵਾਈ, ਇਲਾਜ ਦੀ ਲੈ ਰਹੇ ਹਨ ਸਹੂਲਤ ਹਜ਼ਾਰਾ ਸਕੂਲਾਂ ਸਕੂਲਾਂ ਦਾ ਕਰੋੜਾਂ ਰੁਪਏ ਦੀ ਲਾਗਤ ਨਾਲ ਚੱਲ ਰਿਹਾ ਹੈ ਨਵੀਨੀਕਰਨ ਹਰਜੋਤ ਸਿੰਘ ਬੈਂਸ ਕੈਬਨਿਟ ਮੰਤਰੀ ਸਕੂਲ ਸਿੱਖਿਆ, ਤਕਨੀਕੀ ਸਿੱਖਿਆ, ਉਦਯੋਗਿਕ ਸਿਖਲਾਈ ਤੇ ਭਾਸ਼ਾ ਵਿਭਾਗ ਪੰਜਾਬ ਵੱਲੋਂ ਸੂਬੇ ਵਿੱਚ ਸ਼ੁਰੂ ਹੋਈ ਯੋਜਨਾ ਆਪ ਦੀ ਸਰਕਾਰ, ਆਪ ਦੇ ਦੁਆਰ ਤਹਿਤ ਬੀਤੇ ਦੋ ਦਿਨਾਂ (ਮੰਗਲਵਾਰ, ਬੁੱਧਵਾਰ ਤੇ ਵੀਰਵਾਰ) ਦੌਰਾਨ ਆਪਣੇ ਵਿਧਾਨ ਸਭਾ ਹਲਕੇ ਸ੍ਰੀ ਅਨੰਦਪੁਰ ਸਾਹਿਬ ਵਿੱਚ ਲਗਭਗ 36 ਕੈਂਪਾਂ ਵਿਚ ਸ਼ਿਰਕਤ ਕਰਕੇ ਲੋਕਾਂ ਦੀਆਂ ਮੁਸ਼ਕਿਲਾ/ਸਮੱਸਿਆਵਾਂ ਮੌਕੇ 'ਤੇ ਹੱਲ ਕੀਤੀਆਂ ਗਈਆਂ। ਪੰਜਾਬ ਸਰਕਾਰ ਦੀ ਕਾਰਗੁਜ਼ਾਰੀ ਦਾ ਜਿਕਰ ਕਰਦੇ ਹੋਏ ਕੈਬਨਿਟ ਮੰਤਰੀ ਹਰਜੋਤ ਬੈਂਸ ਨੇ ਇਨ੍ਹਾਂ ਆਪ ਦੀ ਸਰਕਾਰ ਆਪ ਦੇ ਦੁਆਰ ਕੈਂਪ ਰਾਹੀ ਜਿੱਥੇ ਪਿੰਡਾਂ ਦੇ ਸਾਝੇ ਮਸਲੇ ਹੱਲ ਕੀਤੇ ਹਨ, ਉਥੇ ਵਿਕਾਸ ਦੀ ਰਫਤਾਰ ਨੂੰ ਗਤੀ ਦੇਣ ਲਈ ਅਧਿਕਾਰੀਆਂ ਨੂੰ ਵੀ ਜਰੂਰੀ ਨਿਰਦੇਸ਼ ਦਿੱਤੇ ਹਨ।

# ਲਾਇਲਪੁਰ ਖ਼ਾਲਸਾ ਕਾਲਜ ਦੇ ਵਿਦਿਆਰਥੀਆਂ ਨੇ ਉਡੀਸ਼ਾ ਵਿਖੇ ਸੱਭਿਆਚਾਰਕ ਪ੍ਰੋਗਰਾਮ 'ਚ ਲਿਆ ਭਾਗ



**ਜਲੰਧਰ ( ਸ਼ੈਲੀ ਐਲਬਰਟ)**:ਲਾਇਲਪੁਰ ਖ਼ਾਲਸਾ ਕਾਲਜ ਜਲੰਧਰ ਆਪਣੇ ਵਿਦਿਆਰਥੀਆਂ ਨੂੰ ਰਾਸ਼ਟਰੀ ਪੱਧਰ 'ਤੇ ਨੁਮਾਇੰਦਗੀ ਕਰਨ ਦੇ ਭਰਪੂਰ ਮੌਕੇ ਪ੍ਰਦਾਨ ਕਰਨ ਲਈ ਵਚਨਬੱਧ ਹੈ । ਇਨ੍ਹਾਂ ਮੌਕਿਆਂ ਤਹਿਤ ਲਾਇਲਪੁਰ ਖ਼ਾਲਸਾ ਕਾਲਜ ਦੇ 05 ਐਨ.ਐਸ.ਐਸ. ਵਲੰਟੀਅਰਾਂ ਨੂੰ ਯੁਵਕ ਸੇਵਾਵਾਂ ਵਿਭਾਗ ਦੁਆਰਾ ਆਯੋਜਿਤ ਅਤੇ ਸਪਾਂਸਰ ਕੀਤੇ ਗਏ ਅੰਤਰ-ਰਾਜੀ ਸੱਭਿਆਚਾਰਕ ਆਦਾਨ-ਪ੍ਰਦਾਨ ਪ੍ਰੋਗਰਾਮ ਲਈ ਚੁਣੇ ਗਏ। ਪ੍ਰਿੰਸੀਪਲ ਡਾ. ਜਸਪਾਲ ਸਿੰਘ ਨੇ ਪ੍ਰੋਗਰਾਮ ਵਿਚ ਭਾਗ ਲੈਣ ਗਏ ਵਲੰਟੀਅਰਾਂ ਨੂੰ ਵਧਾਈ ਦਿੱਤੀ ਅਤੇ ਕਿਹਾ ਕਿ ਭਾਰਤ ਦੀ ਸੱਭਿਅਤਾ ਅਤੇ ਸੱਭਿਆਚਾਰ ਵਿੱਲਖਣ ਹੈ, ਇਸ ਵਿੱਲਖਣਤਾ ਕਰਕੇ ਹੀ ਸਾਡਾ ਦੇਸ਼ ਦੁਨੀਆਂ ਭਰ ਵਿਚ ਜਾਣਿਆ ਜਾਂਦਾ ਹੈ । ਉਨ੍ਹਾਂ ਕਿਹਾ ਕਿ ਅਜਿਹੇ ਪ੍ਰੋਗਰਾਮ ਨਾ ਸਿਰਫ਼ ਭਾਗੀਦਾਰਾਂ ਦੇ ਗਿਆਨ ਵਿੱਚ ਵਾਧਾ ਕਰਦੇ ਹਨ ਸਗੋਂ ਨਾਗਰਿਕਾਂ ਵਿੱਚ ਏਕਤਾ ਅਤੇ ਸਦਭਾਵਨਾ ਵੀ ਲਿਆਉਂਦੇ ਹਨ । ਮੁੱਖ ਪ੍ਰੋਗਰਾਮ ਅਫ਼ਸਰ ਪ੍ਰੋ. ਸਤਪਾਲ ਸਿੰਘ ਨੇ ਦੱਸਿਆ ਕਿ ਇਹ ਵਲੰਟੀਅਰਾਂ ਨੇ ਪਿਛਲੇ ਦਿਨੀਂ ਉੜੀਸਾ ਦਾ ਦੌਰਾ ਕੀਤਾ ਅਤੇ ਉਡੀਸਾ ਦੇ ਸੱਭਿਆਚਾਰ ਅਤੇ ਵਿਰਾਸਤ ਬਾਰੇ ਜਾਣਕਾਰੀ ਹਾਸਲ ਕੀਤੀ । ਉਨ੍ਹਾਂ ਅੱਗੇ ਕਿਹਾ ਕਿ ਵਲੰਟੀਅਰਾਂ ਲਈ ਕਿਸੇ ਹੋਰ ਰਾਜ ਦੇ ਸੱਭਿਆਚਾਰ ਅਤੇ ਵਿਰਾਸਤ ਨੂੰ ਸਮਝਣ ਦਾ ਇਹ ਇਕ ਵਧੀਆ ਮੌਕਾ ਸੀ। ਵਲੰਟੀਅਰ ਜਸਕਰਨ ਗਧਰਾ, ਕਰਨਦੀਪ ਸਿੰਘ, ਪੁਨੀਤ, ਹਨੀ ਭਗਤ, ਰਿਸ਼ਿਕ, ਕੁਨਾਲ ਨੇ ਅਜਿਹਾ ਮੌਕਾ ਪ੍ਰਦਾਨ ਕਰਨ ਲਈ ਯੁਵਕ ਸੇਵਾਵਾਂ ਵਿਭਾਗ ਪੰਜਾਬ, ਪ੍ਰਧਾਨ, ਕਾਲਜ ਗਵਰਨਿੰਗ ਕੌਂਸਲ, ਪ੍ਰਿੰਸੀਪਲ ਅਤੇ ਐਨ.ਐਸ.ਐਸ. ਯੂਨਿਟ ਦਾ ਧੰਨਵਾਦ ਕੀਤਾ।

# ਮਾਤਾ ਸਾਹਿਬ ਕੌਰ ਖਾਲਸਾ ਕਾਲਜ ਤੇ ਸਕੂਲ ਵਿਖੇ ਸਾਲਾਨਾ ਅਖੰਡ ਪਾਠ ਤੇ ਇਨਾਮ ਵੰਡ ਸਮਾਗਮ ਕਰਵਾਇਆ



*ਸਮਾਗਮ ਵਿੱਚ ਹਾਜ਼ਰ ਮਹਿਮਾਨ ਅਤੇ ਹੋਣਹਾਰ ਵਿਦਿਆਰਥੀਆਂ ਨੂੰ ਸਨਮਾਨਿਤ ਕਰਦੇ ਹੋਏ ਪਤਵੰਤੇ।*

**ਸ਼ਾਹਕੋਟ (ਗਿਆਨ ਸੈਦਪੁਰੀ)** ਮਾਤਾ ਸਾਹਿਬ ਕੌਰ ਖਾਲਸਾ ਕਾਲਜ ਅਤੇ ਸੀਨੀਅਰ ਸਰਕਾਰੀ ਸਕੂਲ ਢੰਡੋਵਾਲ ਸ਼ਾਹਕੋਟ ਵਿਖੇ ਸਾਲਾਨਾ ਸ਼੍ਰੀ ਅਖੰਡ ਪਾਠ ਅਤੇ ਇਨਾਮ ਵੰਡ ਸਮਾਗਮ ਕਰਵਾਇਆ ਗਿਆ। ਸੰਸਥਾ 'ਚ ਬਣੇ ਗੁਰਦੁਆਰਾ ਸਾਹਿਬ ਵਿਖੇ ਸ਼੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ। ਭਾਈ ਪ੍ਰਭਜੀਤ ਸਿੰਘ ਘੋਲੀਆ ਮੁੱਖ ਗ੍ਰੰਥੀ ਗੁਰਦੁਆਰਾ ਸਿੰਘ ਸਭਾ ਸ਼ਾਹਕੋਟ ਵੱਲੋਂ ਅਰਦਾਸ ਕੀਤੇ ਜਾਣ ਤੋਂ ਬਾਅਦ ਖੁੱਲੇ ਪੰਡਾਲ ਵਿੱਚ ਦਿਵਾਨ ਸਜਾਏ ਗਏ। ਇਸ ਮੌਕੇ ਸੰਸਥਾ ਦੇ ਵਿਦਿਆਰਥੀਆਂ ਵੱਲੋਂ ਸ਼ਬਦ ਕੀਰਤਨ, ਕਥਾ-ਵਿਚਾਰ, ਕਵੀਸ਼ਰੀ ਤੇ ਕਵਿਤਾਵਾਂ ਰਾਹੀਂ ਸੰਗਤਾਂ ਨੂੰ ਗੁਰਬਾਣੀ ਅਤੇ ਗੁਰ-ਇਤਿਹਾਸ ਨਾਲ ਜੋੜਿਆ ਗਿਆ। ਇਸ ਸਮਾਗਮ ਵਿੱਚ ਐਡਵੋਕੇਟ ਅਵਤਾਰ ਸਿੰਘ ਕਲੇਰ ਸਾਬਕਾ ਸੂਚਨਾ ਕਮਿਸ਼ਨਰ ਪੰਜਾਬ, ਐਡਵੋਕੇਟ ਬਚਿੱਤਰ ਸਿੰਘ ਕੋਹਾੜ ਇੰਚਾਰਜ ਸ਼੍ਰੋਮਣੀ ਅਕਾਲੀ ਦਲ (ਬ) ਹਲਕਾ ਸ਼ਾਹਕੋਟ, ਸੁਰਿੰਦਰਜੀਤ ਸਿੰਘ ਚੱਠਾ ਸਾਬਕਾ ਚੇਅਰਮੈਨ ਮਾਰਕੀਟ ਕਮੇਟੀ ਸ਼ਾਹਕੋਟ ਤੇ ਸਰਪੰਚ ਪਿੰਡ ਢੰਡੋਵਾਲ, ਜਥੇਦਾਰ ਚਰਨ ਸਿੰਘ ਸਿੰਧੜ ਸਾਬਕਾ ਚੇਅਰਮੈਨ ਮਾਰਕੀਟ ਕਮੇਟੀ ਸ਼ਾਹਕੋਟ, ਤੇਜਿੰਦਰ ਸਿੰਘ ਰਾਮਪੁਰ ਸੀਨੀਅਰ ਆਪ ਆਗੂ, ਸੁਦਰਸ਼ਨ ਸੋਬਤੀ (ਕਾਲਾ ਪਹਿਲਵਾਨ) ਸੂਬਾ ਕਮੇਟੀ ਮੈਂਬਰ ਭਾਜਪਾ, ਬਲਵਿੰਦਰ ਸਿੰਘ ਚੱਠਾ ਯੂ.ਕੇ., ਜਥੇਦਾਰ ਨਿਰਮਲ ਸਿੰਘ ਸੋਖੀ ਤੇ ਲਹਿੰਬਰ ਪਹਿਲਵਾਨ ਨੇ ਉਚੇਚੇ ਤੌਰ 'ਤੇ ਸ਼ਿਰਕਤ ਕੀਤੀ। ਸੰਸਥਾ ਦੀ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਬਲਦੇਵ ਸਿੰਘ ਚੱਠਾ ਨੇ ਇਸ ਮੌਕੇ ਪਹੁੰਚੇ ਸਾਰੇ ਪਤਵੰਤਿਆਂ ਨੂੰ ਜੀ ਆਇਆਂ ਆਖਿਆ ਅਤੇ ਇਸ ਦਿਹਾੜੇ ਦੀ ਸਮੂਹ ਸਟਾਫ਼ ਤੇ ਵਿਦਿਆਰਥੀਆਂ ਨੂੰ ਵਧਾਈ ਦਿੱਤੀ। ਬੱਚਿਆਂ ਵੱਲੋਂ ਧਾਰਮਿਕ ਤੇ ਇਤਿਹਾਸਿਕ ਪੇਸ਼ਕਾਰੀਆਂ ਤੋਂ ਬਾਅਦ ਸੰਸਥਾ ਦੇ ਹੋਣਹਾਰ ਵਿਦਿਆਰਥੀਆਂ ਨੂੰ ਪ੍ਰਬੰਧਕਾਂ ਵੱਲੋਂ ਸਨਮਾਨਿਤ ਕੀਤਾ ਗਿਆ। ਇਸ ਤੋਂ ਪਹਿਲਾਂ ਕਾਲਜ ਪ੍ਰਿੰਸੀਪਲ ਪ੍ਰਵੀਨ ਕੌਰ ਅਤੇ ਸਕੂਲ ਪ੍ਰਿੰਸੀਪਲ ਸ਼੍ਰੀਮਤੀ ਰੇਖਾ ਸ਼ਰਮਾ ਨੇ ਕ੍ਰਮਵਾਰ ਕਾਲਜ ਅਤੇ ਸਕੂਲ ਦੀ ਸਲਾਨਾ ਰਿਪੋਰਟ ਪੇਸ਼ ਕੀਤੀ।ਇਸ ਮੌਕੇ ਐਡਵੋਕੇਟ ਅਵਤਾਰ ਸਿੰਘ ਕਲੇਰ, ਐਡਵੋਕੇਟ ਬਚਿੱਤਰ ਸਿੰਘ ਕੋਹਾੜ ਅਤੇ ਜੋਗਿੰਦਰ ਸਿੰਘ ਖਾਲਸਾ ਯੂ.ਕੇ. ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਪੂਰੀ ਲਗਨ ਨਾਲ ਪੜ੍ਹਾਈ ਕਰਕੇ ਕੇ ਉੱਚੀਆਂ ਮੰਜ਼ਿਲਾਂ ਹਾਸਲ ਕਰਨ ਲਈ ਪ੍ਰੇਰਿਤ ਕੀਤਾ।ਸਮਾਗਮ ਦੌਰਾਨ ਮੰਚ ਦਾ ਸੰਚਾਲਨ ਸਰਬਜੀਤ ਕੌਰ ਵੱਲੋਂ ਕੀਤਾ ਗਿਆ।ਇਸ ਮੌਕੇ ਹੋਰਨਾਂ ਤੋਂ ਇਲਾਵਾ ਭਾਈ ਪਾਲ ਸਿੰਘ ਫਰਾਂਸ, ਬਲਿਹਾਰ ਸਿੰਘ ਚੱਠਾ ਸਾਬਕਾ ਪ੍ਰਧਾਨ ਗੁਰਦੁਆਰਾ ਕਮੇਟੀ, ਮਨਿੰਦਰ ਸਿੰਘ ਬਦੇਸ਼ਾ, ਪਰਮਿੰਦਰ ਸਿੰਘ ਬਦੇਸ਼ਾ, ਜੋਗਿੰਦਰ ਸਿੰਘ ਖਾਲਸਾ, ਬਲਕਾਰ ਸਿੰਘ ਚੱਠਾ, ਗੁਰਦਿਆਲ ਸਿੰਘ ਚੱਠਾ, ਲਖਵਿੰਦਰ ਸਿੰਘ ਲੱਖਾ, ਸੁਰਿੰਦਰ ਸਿੰਘ ਕੰਗ, ਹਰੀਸ਼ ਮਿੱਤਰ ਮੀਤ ਪ੍ਰਧਾਨ, ਡਾਕਟਰ ਨਰਿੰਦਰ ਸਿੰਘ ਬਾਂਸਲ ਜਨਰਲ ਸਕੱਤਰ, ਜਸਵੰਤ ਸਿੰਘ ਚੱਠਾ ਯੂ.ਕੇ., ਜਰਨੈਲ ਸਿੰਘ ਲਾਲੀ ਆਦਿ ਹਾਜ਼ਰ ਸਨ।

# ਮੇਹਟੀਆਣਾ ਪੁਲਸ ਨੇ ਕਰਵਾਇਆ ਵਾਲੀਵਾਲ ਟੂਰਨਾਮੈਂਟ



**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)** ਸੁਰਿੰਦਰ ਲਾਂਬਾ ਆਈ ਪੀ ਐਸ ਸੀਨੀਅਰ ਪੁਲਸ ਕਪਤਾਨ ਹੁਸ਼ਿਆਰਪੁਰ ਵੱਲੋ ਦਿੱਤੇ ਦਿਸ਼ਾ ਨਿਰਦੇਸ਼ਾ ਅਤੇ ਸਰਬਜੀਤ ਸਿੰਘ ਪੀ ਪੀ ਐਸ ਐਸ. ਪੁਲਸ ਕਪਤਾਨ ਦੀ ਰਹਿਨੁਮਾਈ ਹੇਠ ਪੰਜਾਬ ਦੇ ਨੌਜਵਾਨਾਂ 'ਚ ਨਸ਼ੇ ਦੇ ਵੱਧਦੇ ਰੁਝਾਨ ਨੂੰ ਮੱਦ-ਏ-ਨਜਰ ਰੱਖਦੇ ਹੋਏ ਨਸ਼ਿਆ ਦੇ ਪ੍ਰਭਾਵ ਨੂੰ ਖਤਮ ਕਰਨ ਦੀ ਮੁਹਿਮ ਪੰਜਾਬ ਪੁਲਸ ਵੱਲੋਂ ਅਰੰਭ ਕੀਤੀ ਹੋਈ ਹੈ।ਪੁਲਸ ਵੱਲੋਂ ਮਾਊਂਟ ਕਾਰਮਲ ਸਕੂਲ ਮੇਹਟੀਆਣਾ ਵਿਖੇ ਇਲਾਕੇ ਦੇ ਨੌਜਵਾਨਾਂ ਨੂੰ ਨਸ਼ੇ ਦੇ ਬੁਰੇ ਪ੍ਰਭਾਵਾਂ ਪ੍ਰਤੀ ਜਾਗਰੂਕ ਕੀਤਾ ਗਿਆ ਅਤੇ ਵੱਧ ਤੋਂ ਵੱਧ ਖੇਡਾਂ ਵਿਚ ਹਿੱਸਾ ਲੈਣ ਲਈ ਉਤਸਾਹਿਤ ਕੀਤਾ ਗਿਆ। ਇਸ ਮੌਕੇ ਬਾਲੀਵਾਲ ਦੇ ਮੈਚ ਕਰਵਾਏ ਗਏ। ਪਹਿਲਾ ਮੈਚ ਪੰਜਾਬ ਪੁਲਸ ਦੇ ਕਰਮਚਾਰੀਆਂ ਅਤੇ ਪਿੰਡ ਭੁੰਗਰਨੀ ਦੇ ਨੌਜਵਾਨਾ ਵਿੱਚ ਕਰਵਾਇਆ ਗਿਆ।ਉਹਨਾ ਦੱਸਿਆ ਕਿ ਇਸ ਤੋਂ ਬਾਅਦ ਪਿੰਡ ਭੁੰਗਰਨੀ ਅਤੇ ਰਾਜਪੁਰ ਭਾਈਆਂ ਦੇ ਨੌਜਵਾਨਾਂ ਦੀ ਟੀਮ ਵਿੱਚ ਵੀ ਬਾਲੀਵਾਲ ਦਾ ਮੈਚ ਕਰਵਾਇਆ ।

# ਰੁੜਕਾ ਕਲਾਂ ਵਿਖੇ ਪਿੰਡ ਪੱਧਰੀ ਫੁੱਟਬਾਲ ਤੇ ਅਥਲੈਟਿਕਸ ਮੁਕਾਬਲੇ ਕਰਵਾਏ



**ਗੁਰਾਇਆ (ਬਿੰਦਰ ਸੁਮਨ)**-ਵਾਈ ਐਫ ਸੀ ਰੁੜਕਾ ਕਲਾ ਵਿਖੇ ਇਲਾਕਾ ਨਿਵਾਸੀਆਂ ਤੇ ਖੇਡ ਸੰਸਥਾਵਾਂ ਦੇ ਸਹਿਯੋਗ ਨਾਲ ਕਰਵਾਏ ਜਾ ਰਹੇ ਖੇਡ ਉਤਸਵ ਦਰਮਿਆਨ ਐਥਲੇਟਿਕਸ ਅਤੇ ਫੁੱਟਬਾਲ ਦੇ ਮੁਕਾਬਲੇ ਵਾਈ ਐਫ ਸੀ ਰੁੜਕਾ ਕਲਾਂ ਵੱਲੋਂ ਕਰਵਾਏ ਗਏ ।11ਵੀ ਐਜੂਕੇਸ਼ਨਲ ਫੁੱਟਬਾਲ ਅਤੇ ਖੇਡ ਲੀਗ ਜੋ ਪਿਛਲੇ ਤਿੰਨ ਮਹੀਨੇ ਤੋਂ ਚੱਲ ਰਹੀ ਹੈ ਆਪਣੇ ਅੰਤਮ ਦੌਰ ਵਿੱਚ ਦਾਖਲ ਹੋ ਰਹੀ ਹੈ।ਖੇਡਾਂ ਦੇ ਇਸ ਮਹਾਂ ਕੁੰਭ ਵਿੱਚ ਵੱਖ-ਵੱਖ ਉਮਰ ਵਰਗ ਦੇ 2500 ਲੜਕੇ ਅਤੇ ਲੜਕੀਆਂ ਦੇ ਤਕਰੀਬਨ 12 ਚਰਨਾਂ ਵਿੱਚ ਖੇਡ ਮੁਕਾਬਲੇ ਕਰਵਾਏ ਗਏ।ਇਸ ਲੀਗ ਨੂੰ ਅੱਗੇ ਵਧਾਉਦੇ ਹੋਏ ਮਿਤੀ 5 ਤੋਂ ਪਿੰਡ ਪੱਧਰ ਫੁੱਟਬਾਲ ਟੂਰਨਾਮੈਂਟ ਦੇ ਮੁਕਾਬਲੇ ਕਰਵਾਏ ਗਏ ਸਨ, ਜਿਸ ਵਿਚ ਮਿਤੀ 7 ਫਰਵਰੀ,2024 ਨੂੰ ਰੁੜਕਾ ਕਲਾ ਟੀਮ ਜੇਤੂ ਰਹੀ,ਇਸਦੇ ਨਾਲ ਹੀ ਬੋਪਾਰਾਏ ਦੀ ਟੀਮ ਰਨਰ ਅੱਪ ਰਹੀ।ਇਨ੍ਹਾਂ ਨੂੰ ਕ੍ਰਮਵਾਰ 41000 ਤੇ 31000 ਰੁਪਏ ਨਕਦ ਤੇ ਟਰਾਫੀਆਂ ਨਾਲ ਸਨਮਾਨਿਤ ਕੀਤਾ ਗਿਆ। ਹਰਮਨ ਭੀਖ ਨੂੰ ਉੱਤਮ ਖਿਡਾਰੀ ਐਲਾਨਿਆ ਗਿਆ ਤੇ ਐਲ ਸੀ ਡੀ ਨਾਲ ਸਨਮਾਨਿਤ ਕੀਤਾ ਗਿਆ। ਇਸ ਦੇ ਨਾਲ ਹੀ 40+ ਦੇ ਫੁੱਟਬਾਲ ਟੂਰਨਾਮੈਂਟ ਕਰਵਾਏ ਗਏ ਸਨ,ਇਹ ਮੈਚ ਰੁੜਕਾ ਕਲਾਂ ਅਤੇ ਅੱਟੀ ਵਿਚਕਾਰ ਕਰਵਾਈ ਗਈ,ਜਿਸ ਵਿੱਚ ਰੁੜਕਾ ਕਲਾਂ ਵਿੰਨਰ ਰਹੀ ਅਤੇ ਅੱਟੀ ਰਨਰ ਅੱਪ ਰਹੀ, ਇਨ੍ਹਾਂ ਟੀਮਾ ਨੂੰ ਵੀ ਇਨਾਮੀ ਰਾਸ਼ੀ ਅਤੇ ਟਰਾਫੀਆਂ ਦੇ ਨਾਲ ਸਨਮਾਨ ਕੀਤਾ ਗਿਆ।ਇਸ ਮੌਕੇ 'ਤੇ ਗਗਨਜੋਤ ਸਿੰਘ,ਹਰਪ੍ਰੀਤ ਸਿੰਘ, ਹਰਸ਼, ਅਰਸ਼ਦੀਪ ਸਿੰਘ,ਲਵਪ੍ਰੀਤ ਘਈ, ਦੀਪਕ ਦਾ ਵਿਸ਼ੇਸ਼ ਸਨਮਾਨ ਕੀਤਾ ਗਿਆ।ਇਸ ਦੇ ਨਾਲ ਹੀ ਐਥਲੇਟਿਕਸ ਦੇ ਮੁਕਾਬਲੇ ਵੀ ਕਰਵਾਏ ਗਏ ਸਨ,ਜਿਸ ਵਿੱਚ ਵੱਖ-ਵੱਖ ਉਮਰ ਵਰਗ 12.14.17 ਵਿੱਚ ਵੱਖ-ਵੱਖ ਜ਼ਿਲ੍ਹਿਆਂ (ਫਿਰੋਜ਼ਪੁਰ, ਬੰਗਾ, ਨਵਾਂ ਸ਼ਹਿਰ, ਲੁਧਿਆਣਾ, ਮਲੇਰਕੋਟਲਾ) ਅਤੇ ਸੈਂਟਰਾਂ (ਰੁੜਕਾ ਕਲਾ, ਬਿਲਗਾ, ਜਮਸ਼ੇਰ ਖਾਸ, ਫਲੌਰ, ਪਾਸਲਾ) ਤੋਂ ਲੜਕੇ ਅਤੇ ਲੜਕੀਆਂ ਨੇ ਭਾਗ ਲਿਆ।ਐਥਲੇਟਿਕਸ ਵਿੱਚ ਉਮਰ ਵਰਗ-12 ਵਿੱਚ ਜੇਤੂ ਟੀਮਾਂ ਨੂੰ ਮੈਡਲਾਂ ਦੇ ਨਾਲ ਨਕਦ ਰਾਸ਼ੀ ਨਾਲ ਸਨਮਾਨਿਤ ਕੀਤਾ ਗਿਆ ।ਇਸ ਮੌਕੇ 'ਤੇ ਕਲੱਬ ਦੇ ਪ੍ਰਧਾਨ ਗੁਰਮੰਗਲ ਦਾਸ ਨੇ ਜੇਤੂ ਟੀਮਾਂ ਨੂੰ ਵਧਾਈ ਦਿੱਤੀ,ਨਾਲ ਹੀ ਉਨ੍ਹਾਂ ਨੇ ਦੱਸਿਆ ਕਿ ਇਸ 11ਵੀਂ ਐਜੂਕੇਸ਼ਨਲ ਫੁੱਟਬਾਲ ਅਤੇ ਕਬੱਡੀ ਲੀਗ ਦਾ ਸਮਾਪਤੀ ਸਮਰੋਹ 18 ਫਰਵਰੀ ਨੂੰ ਵਾਈ ਐਫ ਸੀ ਰੁੜਕਾ ਕਲਾਂ ਦੇ ਸਟੇਡੀਅਮ ਵਿੱਚ ਕੀਤਾ ਜਾਵੇਗਾ।

# ਐਲੂਮਨੀ ਮੀਟ ਕਰਵਾਈ



**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)** ਟਾਪ 20 ਬਟਾਲਾ ਅਤੇ ਹੁਸ਼ਿਆਰਪੁਰ ਫਾਰਮੇਸ਼ਨ ਵੱਲੋਂ ਇੱਥੇ ਪੰਡਤ ਜਗਤਰਾਮ ਸਰਕਾਰੀ ਬਹੁਤਕਨੀਕੀ ਕਾਲਜ ਵਿਖੇ ਸਿਵਲ ਵਿਭਾਗ ਵਿੱਚ ਐਲੂਮਿਨੀ ਮੀਟ ਕਰਵਾਈ ਗਈ।ਜਿਸ ਵਿੱਚ ਪੰਡਤ ਜਗਤਰਾਮ ਸਰਕਾਰੀ ਬਹੁਤਕਨੀਕੀ ਕਾਲਜ ਦੇ ਪ੍ਰਿੰਸੀਪਲ ਸ੍ਰੀ ਰਾਜੇਸ਼ ਕੁਮਾਰ ਧੁੰਨਾ ਨੇ ਪ੍ਰੋਗਰਾਮ ਦੀ ਪ੍ਰਧਾਨਗੀ ਕਰਦਿਆਂ ਸਿਵਲ ਵਿਭਾਗ ਦੇ ਮੁਖੀ ਅਤੇ ਪੁਰਾਣੇ ਵਿਦਿਆਰਥੀਆਂ ਨਾਲ ਤਾਲਮੇਲ ਕਰਕੇ ਅਜਿਹੇ 'ਪ੍ਰੋਗਰਾਮ ਕਰਨ ਲਈ ਕਿਹਾ ਗਿਆ, ਇਸ ਮੌਕੇ ਫਾਰਮੇਸ਼ਨ ਦੇ ਮੈਂਬਰ ਹਰਯਾਦਵਿੰਦਰ ਸਿੰਘ, ਤਿਲਕ ਰਾਜ, ਅਨਿਲ ਕੁਮਾਰ, ਸ਼ਿਵ ਕੁਮਾਰ, ਵਿਸ਼ਾਲ ਮਾਹੀ, ਪਰਮਵੀਰ ਸਿੰਘ, ਹਰਪ੍ਰੀਤ ਸਿੰਘ, ਮਿਸ ਸੁਰਭੀ ਅਤੇ ਮਿਸ ਪੂਜਾ ਨੇ ਇਸ ਪ੍ਰੋਗਰਾਮ ਵਿੱਚ ਭਾਗ ਲਿਆ। ਪ੍ਰੋਗਰਾਮ ਵਿੱਚ ਫਾਰਮੇਸ਼ਨ ਦੇ ਪ੍ਰਧਾਨ ਵਿਜੈ ਕੁਮਾਰ ਰਿਟਾਇਰ ਸੀਨੀਅਰ ਲੈਕਚਰਾਰ ਨੇ ਸੰਬੋਧਨ ਕਰਦਿਆ ਕਿਹਾ ਕਿ ਅਸੀ ਇਸ ਫਾਰਮੇਸ਼ਨ ਦੁਆਰਾ ਸਿਵਲ ਵਿਭਾਗ ਵਿੱਚ ਪੜ੍ਹਦੇ ਵਿਦਆਰਥੀਆਂ ਦੀਆਂ ਪਲੇਸਮੈਂਟਾਂ ਕਰਵਾਉਣ ਦੇ ਨਾਲ ਨਾਲ ਉਨ੍ਹਾਂ ਦੀ ਸਹਾਇਤਾ ਕਰਵਾਉਣ ਲਈ ਅਜਿਹੇ ਪ੍ਰੋਗਰਾਮ ਉਲੀਕਾਂਗੇ। ਉਨ੍ਹਾਂ ਨੇ ਇਸ ਮੌਕੇ ਸਿਵਲ ਵਿਭਾਗ ਨੂੰ 2 ਭਾਰ ਤੋਲਣ ਵਾਲੀਆਂ ਮਸ਼ੀਨਾਂ ਵੀ ਭੇਟ ਕੀਤੀਆਂ। ਕਾਲਜ ਦੇ ਪ੍ਰਿੰਸੀਪਲ ਰਾਜੇਸ਼ ਕੁਮਾਰ ਧੁੰਨਾ ਨੇ ਕਿਹਾ ਕਿ ਤੁਸੀ ਆਪਣੀ ਪੜ੍ਹਾਈ ਪੂਰੀ ਦਿਲਚਸਪੀ ਨਾਲ ਕਰਨ ਅਤੇ ਉਨ੍ਹਾਂ ਨੇ ਵਿਦਿਆਰਥੀਆਂ ਨੂੰ ਆਪਣਾ ਸ਼ੁਭ ਆਸ਼ੀਰਵਾਦ ਦਿੱਤਾ। ਪ੍ਰੋਗਰਾਮ ਦੇ ਅੰਤ ਵਿੱਚ ਸਿਵਲ ਵਿਭਾਗ ਦੇ ਮੁਖੀ ਸਵਰਨ ਸਿੰਘ ਨੇ ਬਾਹਰੋਂ ਆਏ ਮਹਿਮਾਨਾਂ ਦਾ ਧੰਨਵਾਦ ਕੀਤਾ।

# ਮੁਫ਼ਤ ਅੱਖਾਂ ਦੇ ਚੈਕਅੱਪ ਕੈਂਪ ਦੌਰਾਨ 331 ਮਰੀਜ਼ਾਂ ਦਾ ਚੈਕਅੱਪ





**ਕਾਲਾ ਸੰਘਿਆਂ, (ਮਨਜੀਤ ਮਾਨ)** ਗੁਰਦੁਆਰਾ ਸੰਤ ਬਾਬਾ ਕਾਹਨ ਦਾਸ ਕਾਲਾ ਸੰਘਿਆਂ, ਜ਼ਿਲ੍ਹਾ ਕਪੂਰਥਲਾ ਵਿਖੇ ਸਥਾਨਕ ਦਾਨੀ ਪ੍ਰਵਾਸੀ ਆਈਤਨ ਪਰਿਵਾਰ ਵੱਲੋਂ ਲਾਇਨਜ਼ ਕਲੱਬ ਆਦਮਪੁਰ ਦੋਆਬਾ ਅਤੇ ਲਾਇਨਜ਼ ਆਈ ਹਸਪਤਾਲ ਚੈਰੀਟੇਬਲ ਸੋਸਾਇਟੀ ਆਦਮਪੁਰ ਦੇ ਸਹਿਯੋਗ ਨਾਲ ਅੱਖਾਂ ਦਾ ਮੁਫ਼ਤ ਲਗਾਇਆ ਗਿਆ, ਜਿਸ ਦੀ ਆਰੰਭਤਾ ਗੁਰਦੁਆਰਾ ਸਾਹਿਬ ਦੇ ਸਤਿਕਾਰਯੋਗ ਗ੍ਰੰਥੀ ਵੱਲੋਂ ਮਰੀਜ਼ਾਂ ਦੀ ਤੰਦਰੁਸਤੀ ਲਈ ਅਕਾਲ ਪੁਰਖ ਦੇ ਚਰਨਾਂ ਵਿਚ ਅਰਦਾਸ ਕਰਨ ਦੇ ਨਾਲ ਕੀਤੀ ਗਈ।ਇਹ ਕੈਂਪ ਸਵ. ਊਧਮ ਕੌਰ ਆਈਤਾਨ ਅਤੇ ਸਵ. ਅਮਰ ਸਿੰਘ ਆਈਤਾਨ ਦੀ ਨਿੱਘੀ ਯਾਦ ਵਿੱਚ ਉਨ੍ਹਾਂ ਦੇ ਸਪੁੱਤਰ ਇੰਗਲੈਂਡ ਦੇ ਪ੍ਰਸਿੱਧ ਬਿਸਨਿਸਮੈਨ ਤੇ ਸਮਾਜ ਸੇਵਕ ਜਗਤਾਰ ਸਿੰਘ ਆਈਤਨ, ਸੱਜਣ ਸਿੰਘ ਆਈਤਨ ਤੇ ਸੁਖਦੇਵ ਸਿੰਘ ਆਈਤਨ ਵੱਲੋਂ ਆਪਣੀ ਕਿਰਤ ਕਮਾਈ ਨੂੰ ਸਫਲਾ ਕਰਨ ਹਿੱਤ ਲਗਵਾਇਆ ਗਿਆ, ਜਿਸ ਦੌਰਾਨ ਕੈਂਪ ਦਾ 331 ਮਰੀਜ਼ਾਂ ਵੱਲੋਂ ਲਾਭ ਪ੍ਰਾਪਤ ਕੀਤਾ ਗਿਆ। ਇਸ ਕੈਂਪ ਦੌਰਾਨ ਏ. ਡੀ. ਸੀ.ਕਪੂਰਥਲਾ ਵੱਲੋਂ ਬਤੌਰ ਮੁੱਖ ਮਹਿਮਾਨ ਸ਼ਮੂਲੀਅਤ ਕਰਕੇ ਪ੍ਰਬੰਧਕਾਂ ਨੂੰ ਭਲੇ ਦਾ ਕਾਰਜ ਕਰਨ ਲਈ ਵਧਾਈ ਦਿੱਤੀ। ਲਾਇਨਜ਼ ਕਲੱਬ ਆਦਮਪੁਰ ਦੋਆਬਾ ਅਤੇ ਲਾਇਨਜ਼ ਆਈ ਹਸਪਤਾਲ ਚੈਰੀਟੇਬਲ ਸੋਸਾਇਟੀ ਆਦਮਪੁਰ ਦੇ ਅੱਖਾਂ ਦੇ ਮਾਹਿਰ ਡਾਕਟਰ ਹਰਪ੍ਰੀਤ ਸਿੰਘ ਦੀ ਅਗਵਾਈ ਵਿੱਚ ਡਾਕਟਰੀ ਟੀਮ ਵੱਲੋਂ ਮਰੀਜ਼ਾਂ ਚੈਕ ਅੱਪ ਕੀਤਾ ਗਿਆ ਤੇ 71 ਮਰੀਜ਼ਾਂ ਦੀ ਚੋਣ ਆਪ੍ਰੇਸ਼ਨ ਲਈ ਕੀਤੀ ਗਈ , ਜਿਨ੍ਹਾਂ ਨੂੰ ਪ੍ਰਬੰਧਕਾਂ ਵੱਲੋਂ ਹਸਪਤਾਲ ਲਿਜਾ ਕੇ 2 ਦਿਨਾਂ 'ਚ ਅੱਖਾਂ ਦੇ ਮੁਫ਼ਤ ਅਪ੍ਰੇਸ਼ਨ ਕਰਕੇ ਮੁਫ਼ਤ ਲੈਂਜ ਪਾਏ ਜਾਣਗੇ। ਕੈਂਪ ਦੇ ਮੁੱਖ ਪ੍ਰਬੰਧਕ ਜਗਤਾਰ ਸਿੰਘ ਆਈਤਨ ਯੂ. ਕੇ. ਨੇ ਇਸ ਮੌਕੇ ਆਖਿਆ ਕਿ ਮਨੁੱਖ ਨੂੰ ਕੁਦਰਤ ਵੱਲੋਂ ਅੱਖਾਂ ਦੀ ਲਾਜਵਾਬ ਨਿਆਮਤ ਬਖਸ਼ੀ ਗਈ ਹੈ, ਜਿਸ ਨਾਲ ਉਹ ਕਾਦਰ ਦੀ ਕੁਦਰਤ ਨੂੰ ਵੇਖ ਸਕਣ ਦੇ ਸਮਰੱਥ ਹੋਇਆ ਹੈ। ਇਸੇ ਦੌਰਾਨ ਪਰਮਜੀਤ ਸਿੰਘ ਬੱਸਣ ਵੱਲੋਂ ਦੱਸਿਆ ਗਿਆ ਹੈ ਕਿ ਆਈਤਨ ਪਰਿਵਾਰ ਵੱਲੋਂ ਵਰਲਡ ਕੈਂਸਰ ਕੇਅਰ ਦੇ ਸਹਿਯੋਗ ਨਾਲ ਮਰਦਾਂ ਤੇ ਔਰਤਾਂ ਲਈ ਕੈਂਸਰ ਚੈੱਕਅੱਪ ਕੈਂਪ 11 ਫਰਵਰੀ ਦਿਨ, ਐਤਵਾਰ ਨੂੰ ਸਵੇਰੇ 10 ਤੋਂ 1 ਵਜੇ ਤੱਕ ਲਗਾਇਆ ਜਾ ਰਿਹਾ ਹੈ।

# ਬੰਬੇਲੀ ਦਾ ਆਨੰਦਪਾਲ ਕੈਨੇਡਾ 'ਚ ਜਿਊਰੀ ਮੈਂਬਰ ਨਾਮਜ਼ਦ



**ਮਾਹਿਲਪੁਰ (ਸਫ਼ਰੀ)** ਕੈਨੇਡਾ ਦੀ ਸਰਕਾਰ ਨੇ ਜ਼ਿਲ੍ਹਾ ਹੁਸ਼ਿਆਰਪੁਰ ਦੇ ਇਤਿਹਾਸਿਕ ਪਿੰਡ ਬੰਬੇਲੀ ਦੇ ਜੰਮਪਲ ਅਤੇ ਆਜ਼ਾਦੀ ਘੁਲਾਟੀਏ ਜਰਨੈਲ ਮੂਲਾ ਸਿੰਘ ਬਾਹੋਵਾਲ ਦੇ ਦੋਹਤੇ ਅਨੰਦਪਾਲ ਸਾਰਾ ਨੂੰ ਅਲਵਰਟਾ ਸੂਬੇ ਦੀ ਉਸ ਤਿੰਨ ਮੈਂਬਰੀ ਕਮੇਟੀ ਦਾ ਮੈਂਬਰ ਨਾਮਜਦ ਕੀਤਾ ਹੈ ਜਿਹੜੀ ਜੱਜਾਂ ਦੀ ਚੋਣ ਕਰਦੀ ਹੈ। ਇਹ ਖਬਰ ਮਿਲਦੇ ਹੀ ਜੱਦੀ ਪਿੰਡ ਬੰਬੇਲੀ ਅਤੇ ਨਾਨਕਾ ਪਿੰਡ ਬਾਹੋਵਾਲ ਵਿੱਚ ਖੁਸ਼ੀ ਦੀ ਲਹਿਰ ਦੌੜ ਗਈ।ਕੌਮਾਂਤਰੀ ਪੰਜਾਬੀ ਕਹਾਣੀਕਾਰ ਅਮਨਪਾਲ ਸਾਰਾ ਅਨੰਦਪਾਲ ਸਾਰਾ ਦਾ ਬੜਾ ਭਰਾ ਹੈ ਅਤੇ ਬ੍ਰਿਟਿਸ਼ ਕੋਲੰਬੀਆ ਦੇ ਸਾਬਕਾ ਪ੍ਰੀਮੀਅਰ ਉੱਜਲ ਦੁਸਾਂਝ ਦਾ ਮਸੇਰ ਭਰਾ ਹੈ।ਹੁਸ਼ਿਆਰਪੁਰ ਦੇ ਸੈਸ਼ਨ ਚੌਂਕ 'ਚ ਸਥਿਤ ਘਰ ਵਿੱਚ ਗੱਲਬਾਤ ਕਰਦਿਆਂ ਆਨੰਦਪਾਲ ਸਾਰਾ ਦੀ ਮਾਤਾ ਗੁਰਮੀਤ ਕੌਰ ਸਾਰਾ ਨੇ ਦੱਸਿਆ ਕਿ ਅਨੰਦਪਾਲ ਨੇ ਮੁਢਲੀ ਸਿੱਖਿਆ ਸਰਕਾਰੀ ਹਾਈ ਸਕੂਲ ਬੰਬੇਲੀ ਤੋਂ ਪ੍ਰਾਪਤ ਕਰਨ ਤੋਂ ਬਾਅਦ ਦਸਵੀਂ ਸਰਕਾਰੀ ਹਾਈ ਸਕੂਲ ਘੰਟਾ ਘਰ ਹੁਸ਼ਿਆਰਪੁਰ ਤੋਂ ਪ੍ਰਾਪਤ ਕਰਕੇ ਆਪਣੀ ਗ੍ਰੈਜੂਏਸ਼ਨ ਸਰਕਾਰੀ ਕਾਲਜ ਹੁਸ਼ਿਆਰਪੁਰ ਤੋਂ ਪ੍ਰਾਪਤ ਕੀਤੀ ਸੀ ਅਤੇ ਫਿਰ ਚੰਡੀਗੜ੍ਹ 'ਚ ਵਕਾਲਤ ਵਿੱਚ ਦਾਖਲਾ ਲਿਆ ਪ੍ਰੰਤੂ 1986 ਵਿੱਚ ਉਹ ਸਾਰਾ ਪਰਿਵਾਰ ਕਨੇਡਾ ਚਲਾ ਗਿਆ ਜਿੱਥੇ ਉਸ ਦੇ ਪੁੱਤਰ ਨੇ ਵਕਾਲਤ ਪੂਰੀ ਕਰਨ ਤੋਂ ਬਾਅਦ ਪਰੈਕਟਿਸ ਸ਼ੁਰੂ ਕਰ ਦਿੱਤੀ।ਉਹਨਾਂ ਦੱਸਿਆ ਕਿ ਅਨੰਦਪਾਲ ਦੇ ਦਾਦਾ ਹਰਬਖਸ਼ ਸਿੰਘ ਵੀ ਬਰਿਸਟਰ ਸਨ।ਅਨੰਦਪਾਲ ਸਾਰਾ ਦੀ ਚੋਣ ਤੋਂ ਬਾਅਦ ਚੁਣੀ ਗਈ ਅਲਵਰਟਾ ਦੀ ਤਿੰਨ ਮੈਂਬਰੀ ਕਮੇਟੀ ਹੇਠਲੀਆਂ ਅਦਾਲਤਾਂ ਦੇ ਜੱਜਾਂ ਦੀ ਚੋਣ ਕਰੇਗੀ।ਜੱਦੀ ਪਿੰਡ ਬੰਬੇਲੀ ਅਤੇ ਨਾਨਕਾ ਪਿੰਡ ਬਾਹੋਵਾਲ ਵਿੱਚ ਖੁਸ਼ੀ ਦਾ ਮਾਹੌਲ ਹੈ। ਇਸ ਸੰਬੰਧੀ ਉਘੇ ਲੇਖਕ ਅਤੇ ਇਤਿਹਾਸਿਕ ਕਾਰ ਵਿਜੇ ਬੰਬੇਲੀ ਨੇ ਦੱਸਿਆ ਕਿ ਅਨੰਦਪਾਲ ਸਾਰਾ ਦੀ ਨਿਯੁਕਤੀ ਨਾਲ ਸੰਦੇਸ਼ ਵੀ ਹੈ ਕਿ ਸਰਕਾਰੀ ਸਕੂਲਾਂ ਵਿੱਚ ਪੜ੍ਹਨ ਵਾਲੇ ਵੀ ਵੱਡੀਆਂ ਮੰਜ਼ਲਾਂ ਸਰ ਕਰ ਸਕਦੇ ਹਨ।ਉਹਨਾਂ ਕਿਹਾ ਕਿ ਵਿਦੇਸ਼ ਵਿੱਚ ਰਹਿ ਕੇ ਵੀ ਉਹ ਪਿੰਡ ਦੀ ਮਿੱਟੀ ਨਾਲ ਜੁੜੇ ਹੋਏ ਹਨ ਅਤੇ ਅਨੰਦਪਾਲ ਸਾਰਾ ਦੀ ਮਾਤਾ ਗੁਰਮੀਤ ਕੌਰ ਅਤੇ ਪਿਤਾ ਮਰਹੂਮ ਹਰਨੌਨਿਹਾਲ ਸਿੰਘ ਉੱਗੇ ਵਿਦਿਅਕ ਦਾਨੀ ਸਨ।ਪਿੰਡ ਦੇ ਸਕੂਲ ਲਈ ਉਹ 36 ਲੱਖ ਰੁਪਏ ਖਰਚ ਕੇ ਵਧੀਆ ਨਮੂਨੇ ਦਾ ਸਕੂਲ ਬਣਾ ਚੁੱਕੇ ਹਨ ਅਤੇ ਹੁਣ ਉਹਨਾਂ ਨੇ ਸਕੂਲ ਦੇ ਸਟੇਡੀਅਮ ਨੂੰ ਬਿਹਤਰ ਬਣਾਉਣ ਲਈ 10 ਲੱਖ ਰੁਪਏ ਦਿੱਤੇ ਹਨ।

# ਪਹਿਲੀ ਵਾਰ ਲੋਕਾਂ ਤੱਕ ਸੁਵਿਧਾਵਾਂ ਪਹੁੰਚਾਉਣ ਦਾ ਕੀਤਾ ਗਿਆ ਨਿਵੇਕਲਾ ਉਪਰਾਲਾ : ਜਿੰਪਾ

**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)** ਕੈਬਨਿਟ ਮੰਤਰੀ ਪੰਜਾਬ ਬ੍ਰਮ ਸ਼ੰਕਰ ਜਿੰਪਾ ਨੇ ਕਿਹਾ ਕਿ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਦੀ ਅਗਵਾਈ ਵਿਚ ਪੂਰੇ ਸੂਬੇ ਵਿਚ 'ਆਪ ਦੀ ਸਰਕਾਰ, ਆਪ ਦੇ ਦੁਆਰ' ਤਹਿਤ ਲਗਾਏ ਗਏ ਕੈਂਪਾਂ ਦਾ ਸੂਬਾ ਵਾਸੀਆਂ ਨੂੰ ਬਹੁਤ ਲਾਭ ਪਹੁੰਚ ਰਿਹਾ ਹੈ। ਉਨ੍ਹਾਂ ਕਿਹਾ ਕਿ ਸੂਬੇ ਦਾ ਹਰ ਨਾਗਰਿਕ ਇਨ੍ਹਾਂ ਕੈਂਪਾਂ ਰਾਹੀਂ ਜਿਥੇ ਸਰਕਾਰੀ ਸੇਵਾਵਾਂ ਦਾ ਲਾਭ ਲੈ ਰਿਹਾ ਹੈ, ਉਥੇ ਉਨ੍ਹਾਂ ਦੀਆਂ ਸ਼ਿਕਾਇਤਾਂ ਦਾ ਵੀ ਨਿਪਟਾਰਾ ਹੋ ਰਿਹਾ ਹੈ। ਉਹ ਹੁਸ਼ਿਆਰਪੁਰ ਦੇ ਗੁਰਦੁਆਰਾ ਟਿੱਬਾ ਸਾਹਿਬ ਵਿਚ ਵਾਰਡ ਨੰਬਰ 23 ਅਤੇ 25, ਸਰਕਾਰੀ ਸਕੂਲ ਬੱਸੀ ਗੁਲਾਮ ਹੁਸੈਨ ਵਿਚ ਲੱਗੇ ਕੈਂਪਾਂ ਦਾ ਜਾਇਜ਼ਾ ਲੈਣ ਦੌਰਾਨ ਪੱਤਰਕਾਰਾਂ ਨਾਲ ਗੱਲਬਾਤ ਕਰ ਰਹੇ ਸਨ।ਉਨ੍ਹਾਂ ਕਿਹਾ ਕਿ ਦੇਸ਼ ਦੀ ਆਜ਼ਾਦੀ ਉਪਰੰਤ ਪਹਿਲੀ ਵਾਰ ਲੋਕਾਂ ਤੱਕ ਇਸ ਤਰ੍ਹਾਂ ਸੁਵਿਧਾਵਾਂ ਪਹੁੰਚਾਉਣ ਦਾ ਨਿਵੇਕਲਾ ਉਪਰਾਲਾ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਅੱਜ ਇਨ੍ਹਾਂ ਕੈਂਪਾਂ ਦਾ ਤੀਜਾ ਦਿਨ ਹੈ ਅਤੇ ਪੰਜਾਬ ਸਰਕਾਰ ਰੋਜ਼ਾਨਾ ਇਨ੍ਹਾਂ ਕੈਂਪਾਂ ਦੀ ਸਮੀਖਿਆ ਕਰ ਰਹੀ ਹੈ, ਤਾਂ ਜੋ ਲੋਕਾਂ ਨੂੰ ਆਉਣ ਵਾਲੀਆਂ ਮੁਸ਼ਕਿਲਾਂ ਦਾ ਤੁਰੰਤ ਹੱਲ ਕੀਤਾ ਜਾ



# ਧੰਨ ਧੰਨ ਕਾਂਸ਼ੀ ਵਾਲਿਆਂ ਦਾ ਪੋਸਟਰ ਰਿਲੀਜ਼



ਮੇਹਟੀਆਣਾ(ਜਗਤਾਰ ਸਿੰਘ ਭੁੰਗਰਨੀ) ਪਿੰਡ ਜੱਲੋਵਾਲ ਵਿਖੇ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਦੇ 647ਵੇਂ ਪ੍ਰਕਾਸ਼ ਦਿਹਾੜੇ ਨੂੰ ਸਮਰਪਿਤ ਪੰਜਾਬ ਦੇ ਨਾਮਵਰ ਗਾਇਕ ਬੂਟਾ ਜੱਲੋਵਾਲੀਆ ਦਾ ਧੰਨ ਧੰਨ ਕਾਂਸ਼ੀ ਵਾਲਿਆਂ ਨਵੇਂ ਟਰੈਕ ਪੋਸਟਰ ਦਾ ਕੁਲਵੰਤ ਸਿੰਘ ਸੈਣੀ ਉਘੇ ਸਮਾਜ ਸੇਵਕ ਰਿਲੀਜ਼ ਕੀਤਾ।ਇਸ ਮੌਕੇ ਪੰਜਾਬ ਦੇ ਨਾਮਵਰ ਕਲਾਕਾਰ ਬੂਟਾ ਜੱਲੋਵਾਲੀਆ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ 647ਵੇਂ ਪ੍ਰਕਾਸ਼ ਪੁਰਬ ਮੌਕੇ ਸੰਗਤਾਂ ਦੀ ਮੰਗ ਤੇ ਧੰਨ ਧੰਨ ਕਾਂਸ਼ੀ ਵਾਲਿਆਂ ਟਰੈਕ ਪੇਸ਼ ਕੀਤਾ ਗਿਆ। ਇਸ ਮੌਕੇ ਗਾਇਕ ਬੂਟਾ ਜੱਲੋਵਾਲੀਆ ਨੇ ਕਿਹਾ ਕਿ ਮੈਨੂੰ ਆਸ ਹੈ ਇਸ ਟਰੈਕ ਨੂੰ ਸੰਗਤਾਂ ਵੱਲੋਂ ਪੂਰਾ ਸਹਿਯੋਗ ਮਿਲੇਗਾ। ਇਸ ਮੌਕੇ ਟਰੈਕ ਰਿਲੀਜ਼ ਕਰਨ ਸਮੇਂ ਉਘੇ ਸਮਾਜ ਸੇਵਕ ਕੁਲਵੰਤ ਸਿੰਘ ਸੈਣੀ ਜੱਲੋਵਾਲ ਪ੍ਰਧਾਨ ਸੈਣੀ ਜਾਗ੍ਰਿਤੀ ਮੰਚ ਪੰਜਾਬ, ਮਲਕੀਅਤ ਸਿੰਘ ਸੈਣੀ ਸਮਾਜ ਸੇਵੀ, ਬੱਬੀ ਜੱਲੋਵਾਲੀਆ, ਗਾਇਕ ਤੇ ਗੀਤਕਾਰ ਹਰਜੀਤ ਸਿੰਘ ਜੱਲੋਵਾਲੀਆ, ਕਰਮਦੀਪ ਸਿੰਘ ਜੱਲੋਵਾਲੀਆ, ਸੁਖਦੇਵ ਸਿੰਘ, ਬਲਦੇਵ ਸਿੰਘ ਦੇਬੂ, ਸੁਰਿੰਦਰ ਸਿੰਘ ਏਅਰਫੋਰਸ ਆਦਿ ਹਾਜ਼ਰ ਸਨ।

# ਚੇਅਰਮੈਨ ਮਾਰਕੀਟ ਕਮੇਟੀ ਭੋਗਪੁਰ ਵੱਲੋਂ 2 ਲੱਖ ਰੁਪਏ ਦਾ ਚੈੱਕ ਭੇਟ



**ਭੋਗਪੁਰ:-( ਗੁਰਪ੍ਰੀਤ ਸਿੰਘ ਭੋਗਲ)** ਪਿਛਲੇ ਸਮੇਂ ਦੌਰਾਨ ਕਮਲਜੀਤ ਸਿੰਘ ਪਿੰਡ ਜਮਾਲਪੁਰ ਜਿਹਨਾ ਦੀ ਖੇਤਾਂ ਵਿੱਚ ਕੰਮ ਕਰਦੇ ਸਮੇਂ ਜਨਰੇਟਰ ਤੋਂ ਕਰੰਟ ਲੱਗਣ ਦੇ ਕਾਰਨ ਮੌਤ ਹੋ ਗਈ ਸੀ।ਮੰਡੀ ਬੋਰਡ ਦੀਆਂ ਹਦਾਇਤਾਂ ਮੁਤਾਬਕ ਉਹਨਾਂ ਦੀ ਧਰਮ ਪਤਨੀ ਸ੍ਰੀਮਤੀ ਕਮਲਜੀਤ ਕੌਰ ਨੂੰ ਚੇਅਰਮੈਨ ਮਾਰਕੀਟ ਕਮੇਟੀ ਭੋਗਪੁਰ ਵੱਲੋਂ 2 ਲੱਖ ਰੁਪਏ ਦਾ ਚੈੱਕ ਭੇਟ ਕੀਤਾ ਗਿਆ।ਇਸ ਮੌਕੇ ਸਵ: ਕਮਲਜੀਤ ਸਿੰਘ ਦੀ ਪਤਨੀ ਨੇ ਕਿਹਾ ਕਿ ਇਹ ਪੰਜਾਬ ਸਰਕਾਰ ਦਾ ਬਹੁਤ ਵੱਡਾ ਉਪਰਾਲਾ ਹੈ ਜੋ ਕਿ ਸਮੇਂ ਸਮੇਂ ਸਿਰ ਸਾਰੀਆਂ ਸਹੂਲਤਾਂ ਦੇ ਰਹੀ ਹੈ ਇਸ ਸਮੇਂ ਬਲੌਕ ਪ੍ਰਧਾਨ ਭੁਪਿੰਦਰ ਸਿੰਘ ਦੇਵ ਅਤੇ ਜਸਵਿੰਦਰ ਸਿੰਘ ਆਪ ਆਗੂ ਅਤੇ ਮਾਰਕੀਟ ਕਮੇਟੀ ਦਾ ਸਟਾਫ ਮੌਜੂਦ ਸਨ।

# ਐੱਸ ਡੀ ਐੱਮ ਨੇ 'ਆਪ ਦੀ ਸਰਕਾਰ ਆਪ ਦੇ ਦੁਆਰ' ਕੈਂਪ ਦੀ ਕੀਤੀ ਚੈਕਿੰਗ



**ਬਹਿਰਾਮ (ਅਵਤਾਰ ਕਲੇਰ)** ਪੰਜਾਬ ਸਰਕਾਰ ਵੱਲੋਂ ਆਮ ਲੋਕਾਂ ਦੀ ਭਲਾਈ ਲਈ ਚਲਾਈਆਂ ਜਾ ਰਹੀਆਂ ਸਕੀਮ ਦਾ ਲਾਭ ਲੋਕਾਂ ਤੱਕ ਪਹੁੰਚਣ ਲਈ ਆਪ ਦੀ ਸਰਕਾਰ ਆਪ ਦੇ ਦੁਆਰ ਮੁਹਿਮ ਤਹਿਤ ਸਬ ਡਵੀਜ਼ਨ ਬੰਗਾ ਵਿਖੇ ਰੋਜ਼ਾਨਾ ਕੈਂਪ ਲਗਾਏ ਜਾ ਰਹੇ ਹਨ। ਇਹ ਜਾਣਕਾਰੀ ਵਿਕਰਮ ਸਿੰਘ ਪਾਂਥੇ ਪੀ ਸੀ ਐਸ ਉਪ ਮੰਡਲ ਮੈਜਿਸਟ੍ਰੇਟ, ਬੰਗਾ ਵੱਲੋਂ ਪਿੰਡ ਝੰਡੇਰ ਖੁਰਦ ਵਿਖੇ ਲਗਾਏ ਗਏ ਲੋਕ ਸੁਵਿਧਾ ਕੈਂਪ ਦੀ ਅਚਨਚੇਤ ਚੈਕਿੰਗ ਕਰਨ ਮੌਕੇ ਕੀਤਾ।ਇਸ ਮੌਕੇ ਉਨ੍ਹਾਂ ਨੇ ਪਿੰਡਾਂ ਦੇ ਆਮ ਲੋਕਾਂ ਦੀਆਂ ਮੁਸ਼ਕਲਾਂ ਸੁਣੀਆਂ ਗਈਆਂ ਅਤੇ ਮੌਕੇ 'ਤੇ ਨਿਪਟਾਰਾ ਕੀਤਾ ਗਿਆ। ਐਸ ਡੀ ਐਮ ਬੰਗਾ ਵਿਕਰਮ ਸਿੰਘ ਪਾਂਥੇ ਨੇ ਕੈਂਪ ਵਿੱਚ ਹਾਜ਼ਰ ਸਮੂਹ ਵਿਭਾਗਾਂ ਦੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਗਈ ਕਿ ਕੈਂਪ ਦੌਰਾਨ ਆਮ ਲੋਕਾਂ ਦੀਆਂ ਮੁਸ਼ਕਲਾਂ ਦਾ ਨਿਪਟਾਰਾ ਤੁਰੰਤ ਕੀਤਾ ਜਾਵੇ।ਇਸ ਮੌਕੇ ਵੱਖ ਵੱਖ ਵਿਭਾਗਾਂ ਦੇ ਅਧਿਕਾਰੀ ਅਤੇ ਨੁਮਾਇੰਦੇ ਹਾਜਰ ਸਨ।

# 16 ਦੇ ਭਾਰਤ ਬੰਦ ਵਾਸਤੇ ਤਿਆਰੀਆਂ



**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)** ਪੰਜਾਬ ਪੈਨਸ਼ਨਰ ਯੂਨੀਅਨ (ਏਟਕ) ਗੁਰਦਾਸਪੁਰ ਦੀ ਮੀਟਿੰਗ ਗੁਰਦੀਪ ਸਿੰਘ ਪੰਨੂੰ ਦੀ ਪ੍ਰਧਾਨਗੀ ਹੇਠ ਕੀਤੀ ਗਈ, ਇਸ ਮੀਟਿੰਗ ਵਿੱਚ ਕਿਸਾਨ ਆਗੂ ਗੁਲਜਾਰ ਸਿੰਘ ਬਸੰਤ ਕੋਟ ਜਿਲਾ ਸਕੱਤਰ ਸੀ ਪੀ ਆਈ ਅਤੇ ਗੁਰਜੀਤ ਸਿੰਘ ਘੋੜੇਵਾਹ ਸੂਬਾ ਪ੍ਰਧਾਨ ਪੰਜਾਬ ਗੌਰਮਿੰਟ ਟਰਾਂਸਪੋਰਟ ਵਰਕਰਜ ਯੂਨੀਅਨ ਵੀ ਹਾਜ਼ਰ ਹੋਏ। ਗੁਰਬਖਸ ਸਿੰਘ ਢਿੱਲੋਂ ਅਤੇ ਬਾਬੂ ਵੇਦ ਪ੍ਰਕਾਸ਼ ਨੇ ਦੱਸਿਆ ਕਿ 16 ਫਰਵਰੀ ਦੇ ਭਾਰਤ ਬੰਦ ਦੇ ਸੱਦੇ 'ਤੇ ਜਥੇਬੰਦੀ ਭਰਵੀਂ ਸ਼ਾਮੂਲੀਅਤ ਕਰਕੇ ਤਾਨਾਸ਼ਾਹੀ ਸਰਕਾਰ ਦਾ ਵਿਰੋਧ ਕਰੇਗੀ। ਮੀਟਿੰਗ ਵਿੱਚ, ਜਤਿੰਦਰ ਸਿੰਘ, ਚਮਨ ਲਾਲ, ਮਲਕੀਤ ਸਿੰਘ, ਬਲਦੇਵ ਸਿੰਘ, ਸਰਪੰਚ ਅਜਾਦ ਸਿੰਘ , ਨਿਸ਼ਾਨ ਸਿੰਘ, ਜਗਦੀਸ਼ ਸਿੰਘ ਆਦਿ ਹਾਜ਼ਰ ਸਨ। ਰਾਜ ਕੁਆਰ, ਦਵਿੰਦਰ ਸਿੰਘ, ਰਮੇਸ਼ ਕੁਮਾਰ ਅਤੇ ਵੇਦ ਪ੍ਰਕਾਸ਼ ਜਿਲ੍ਹਾ ਸਕੱਤਰ ਪੰਜਾਬ ਪੈਨਸ਼ਨ ਯੂਨੀਅਨ ਆਦਿ ਵੀ ਹਾਜ਼ਰ ਸਨ।

## ਜਨਮ ਦਿਨ ਮੁਬਾਰਕ



ਸਮਰਿਧੀ (ਗੁਰਦਾਸਪੁਰ)



ਮਾਧਵ ਸੋਫਤ (ਨਾਭਾ)

# ਪੰਜਾਬ ਖੇਤ ਮਜ਼ਦੂਰ ਸਭਾ ਤੇ ਕੁੱਲ ਹਿੰਦ ਕਿਸਾਨ ਸਭਾ ਦੀ ਸਾਂਝੀ ਮੀਟਿੰਗ



**ਕਰਤਾਰਪੁਰ (ਹਰਮੇਸ਼ ਦੱਤ )** 16 ਫਰਵਰੀ ਨੂੰ ਭਾਰਤ ਬੰਦ ਨੂੰ ਕਾਮਯਾਬ ਕਰਨਾ ਲਈ ਪੰਜਾਬ ਖੇਤ ਮਜ਼ਦੂਰ ਸਭਾ ਤੇ ਕੁੱਲ ਹਿੰਦ ਕਿਸਾਨ ਸਭਾ ਦੀ ਸਾਂਝੀ ਮੀਟਿੰਗ ਦਾਨਾ ਮੰਡੀ ਕਰਤਾਰਪੁਰ ਵਿਖੇ ਸਾਥੀ ਸੋਹਣ ਸਿੰਘ ਦੀ ਪ੍ਰਧਾਨਗੀ ਹੇਠ ਹੋਈ। ਇਸ ਮੀਟਿੰਗ ਨੂੰ ਖੇਤ ਮਜ਼ਦੂਰ ਸਭਾ ਦੇ ਜਿਲ੍ਹਾ ਪ੍ਰਧਾਨ ਵੀਰ ਕੁਮਾਰ ਤੇ ਕਿਸਾਨ ਸਭਾ ਦੇ ਜਿਲ੍ਹਾ ਸਰਪ੍ਰਸਤ ਸਾਥੀ ਹਰਜਿੰਦਰ ਸਿੰਘ ਮੌਜੀ ਨੇ ਸੰਬੋਧਨ ਕੀਤਾ। ਉਪਰੋਕਤ ਆਗੂਆਂ ਨੇ ਕਿਹਾ ਕਿ ਕੇਂਦਰ ਦੀ ਸਰਕਾਰ ਕਿਸਾਨਾਂ ਨਾਲ ਵਾਅਦੇ ਕਰਕੇ ਮੁੱਕਰ ਗਈ ਹੈ। ਐਮ ਐਸ ਪੀ ਨੂੰ ਲਾਗੂ ਕਰਨ ਤੋਂ ਭੱਜ ਰਹੀ ਹੈ। ਕੰਮ ਦਿਹਾੜੀ 8 ਘੰਟੇ ਤੋਂ ਵਧਾ ਕੇ 12 ਘੰਟੇ ਕਰ ਦਿੱਤੀ ਹੈ। ਪੰਜਾਬ ਸਰਕਾਰ ਵੀ ਆਮ ਲੋਕਾਂ ਦੀ ਬਾਂਹ ਫੜਨ ਦੀ ਬਜਾਏ ਕਰੋਪੋਰੇਟ ਘਰਾਣਿਆਂ ਦੇ ਹਿੱਤ ਪੂਰ ਰਹੀ ਹੈ। ਅਜਿਹੇ ਸਮੇਂ ਕੇਂਦਰ ਸਰਕਾਰ ਨੂੰ ਸਿੱਧੇ ਰਾਹ ਲਿਆਉਣ ਲਈ ਸੰਯੁਕਤ ਕਿਸਾਨ ਮੋਰਚਾ 'ਤੇ ਦੇਸ਼ ਦੀਆਂ ਕੇਂਦਰੀ ਟਰੇਡ ਯੂਨੀਅਨਾਂ ਨੇ ਸਾਂਝੇ ਤੌਰ ਤੇ ਸਮੁੱਚੇ ਭਾਰਤ ਬੰਦ ਦਾ ਸੱਦਾ ਦਿੱਤਾ ਹੈ। ਇਸ ਸੱਦੇ ਦਾ ਪੰਜਾਬ ਖੇਤ ਮਜ਼ਦੂਰ ਸਭਾ ਤੇ ਕੁੱਲ ਹਿੰਦ ਕਿਸਾਨ ਸਭਾ ਦੋਵੇਂ ਜਥੇਬੰਦੀਆਂ ਪੁਰਜ਼ੋਰ ਸਮਰਥਨ ਕਰਦੀਆਂ ਹਨ ਤੇ ਇਸ ਐਕਸ਼ਨ ਵਿੱਚ ਵੱਧ ਚੜ੍ਹਕੇ ਹਿੱਸਾ ਲੈਣਗੀਆਂ।

# ਆਜ਼ਾਦੀ ਘੁਲਾਟੀਆਂ ਦੇ ਪਰਿਵਾਰਾਂ ਨੂੰ ਨਹੀਂ ਆਉਣ ਦਿੱਤੀ ਜਾਵੇਗੀ ਕੋਈ ਸਮੱਸਿਆ : ਭਾਰਦਵਾਜ



**ਹੁਸ਼ਿਆਰਪੁਰ,(ਬਲਵੀਰ ਸਿੰਘ ਸੈਣੀ)** ਸਹਾਇਕ ਕਮਿਸ਼ਨਰ (ਜ) ਵਿਓਮ ਭਾਰਦਵਾਜ ਨੇ ਕਿਹਾ ਕਿ ਮੁਲਕ ਦੀ ਆਜ਼ਾਦੀ ਵਿਚ ਆਪਣਾ ਯੋਗਦਾਨ ਦੇਣ ਵਾਲੇ ਆਜ਼ਾਦੀ ਘੁਲਾਟੀਆਂ ਦੇ ਪਰਿਵਾਰਾਂ ਨੂੰ ਜ਼ਿਲ੍ਹਾ ਪ੍ਰਸ਼ਾਸਨ ਵਲੋਂ ਕੋਈ ਸਮੱਸਿਆ ਨਹੀਂ ਆਉਣ ਦਿੱਤੀ ਜਾਵੇਗੀ।ਉਨ੍ਹਾਂ ਕਿਹਾ ਕਿ ਇਨ੍ਹਾਂ ਨੂੰ ਸਰਕਾਰੀ ਦਫ਼ਤਰਾਂ ਵਿਚ ਬਣਦਾ ਮਾਣ-ਸਤਿਕਾਰ ਕੀਤਾ ਜਾਵੇਗਾ ਅਤੇ ਕਿਸੇ ਵੀ ਪਰਵਾਰਕ ਮੈਂਬਰ ਨੂੰ ਮੁਸ਼ਕਿਲ ਦਾ ਸਾਹਮਣਾ ਨਹੀਂ ਕਰਨ ਦਿੱਤਾ ਜਾਵੇਗਾ। ਉਹ ਜ਼ਿਲ੍ਹਾ ਪ੍ਰਸ਼ਾਸਕੀ ਕੰਪਲੈਕਸ ਵਿਚ ਕੀਤੀ ਗਈ ਮੀਟਿੰਗ ਦੌਰਾਨ ਆਜ਼ਾਦੀ ਘੁਲਾਟੀਆਂ ਦੇ ਪਰਿਵਾਰਾਂ ਦੀਆਂ ਸਮੱਸਿਆਵਾਂ ਸੁਣ ਰਹੇ ਸਨ।ਸਹਾਇਕ ਕਮਿਸ਼ਨਰ ਨੇ ਕਿਹਾ ਕਿ ਆਜ਼ਾਦੀ ਘੁਲਾਟੀਆਂ ਦੇ ਪਰਵਾਰ ਜ਼ਿਲ੍ਹਾ ਪ੍ਰਸ਼ਾਸਨ ਲਈ ਬਰਾਬਰ ਹਨ ਅਤੇ ਕਿਸੇ ਵੀ ਪਰਿਵਾਰਕ ਮੈਂਬਰ ਨੂੰ ਕਿਸੇ ਤਰ੍ਹਾਂ ਦੀ ਕੋਈ ਸਮੱਸਿਆ ਨਹੀਂ ਆਉਣ ਦਿੱਤੀ ਜਾਵੇਗੀ। ਉਨ੍ਹਾਂ ਕਿਹਾ ਕਿ ਜੇਕਰ ਕੋਈ ਸਮੱਸਿਆ ਸਾਹਮਣੇ ਆਉਂਦੀ ਹੈ ਤਾਂ ਤੁਰੰਤ ਪ੍ਰਸ਼ਾਸਨ ਦੇ ਧਿਆਨ ਵਿਚ ਲਿਆਂਦਾ ਜਾਵੇ।ਇਸ ਦੌਰਾਨ ਆਜ਼ਾਦੀ ਘੁਲਾਟੀਆਂ ਦੇ ਪਰਵਾਰਾਂ ਨੇ ਮੁੱਖ ਮੰਤਰੀ ਪੰਜਾਬ ਦੇ ਨਾਂਅ ਦਾ ਮੰਗ ਪੱਤਰ ਵੀ ਸਹਾਇਕ ਕਮਿਸ਼ਨਰ ਨੂੰ ਸੌਂਪਿਆ। ਇਸ ਮੌਕੇ ਆਜ਼ਾਦੀ ਘੁਲਾਟੀਆਂ ਦੇ ਪਰਿਵਾਰਾਂ ਵਿਚ ਪ੍ਰਧਾਨ ਅਵਤਾਰ ਸਿੰਘ, ਪੁਰਸ਼ੋਤਮ ਸਿੰਘ, ਮੁਲਤਾਲ ਸਿੰਘ, ਦਿਲਜੀਤ ਸਿੰਘ, ਸਰਬਜੀਤ ਸਿੰਘ, ਰਮੇਸ਼ ਚੰਦ, ਗੁਰਦੀਪ ਸਿੰਘ, ਤਰਸੇਮ ਕੌਰ, ਹਰਭਜਨ ਕੌਰ, ਗਗਨਦੀਪ ਸਿੰਘ, ਹਰਦੀਪ ਸਿੰਘ, ਦਲਜੀਤ ਸਿੰਘ, ਬਿਪਨ ਕੁਮਾਰ, ਪਰਮਿੰਦਰ ਸਿੰਘ ਚੀਮਾ, ਕਵੰਤ ਕੁਲਵੰਤ ਸਿੰਘ, ਨਰਿੰਦਰ ਸਿੰਘ ਵੀ ਮੌਜੂਦ ਸਨ।

# ਭਗਤ ਸਿੰਘ ਕੌਮੀ ਰੁਜ਼ਗਾਰ ਗਰੰਟੀ ਕਾਨੂੰਨ (ਬਨੇਗਾ) ਪਾਰਲੀਮੈਂਟ 'ਚ ਪਾਸ ਕਰੋ : ਮਾੜੀਮੇਘਾ/ਗੁਰਬਿੰਦਰ ਸਿੰਘ



**ਅਜਨਾਲਾ (ਨਜ਼ਸ)**-ਆਈ. ਟੀ. ਆਈ. ਅਜਨਾਲਾ ਦੇ ਵਿਦਿਆਰਥੀਆਂ ਦੀ ਮੀਟਿੰਗ ਸਾਥੀ ਸਰਵਨ, ਜੋਬਨਦੀਪ, ਅਰਸ਼ਦੀਪ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ ਨੂੰ ਸੰਬੋਧਨ ਕਰਦਿਆਂ ਏਆਈਐੱਸਐੱਫ ਦੇ ਕੌਮੀ ਕੌਂਸਲ ਮੈਂਬਰ ਲਵਪ੍ਰੀਤ ਮਾੜੀਮੇਘਾ, ਸੂਬਾ ਕੌਂਸਲ ਮੈਂਬਰ ਗੁਰਬਿੰਦਰ ਸਿੰਘ ਪੰਜਾਬ ਯੂਨੀਵਰਸਿਟੀ, ਚੰਡੀਗੜ੍ਹ ਨੇ ਕਿਹਾ ਕਿ ਵਿਦਿਆਰਥੀ-ਜੀਵਨ ਜ਼ਿੰਦਗੀ ਦਾ ਅਹਿਮ ਹਿੱਸਾ ਹੈ। ਇਸੇ ਸਮੇਂ ਭਗਤ ਸਿੰਘ ਨੇ ਸਮਾਜ ਵਿੱਚ ਬਹੁਤ ਵੱਡੀਆਂ ਮੱਲਾਂ ਮਾਰੀਆਂ ਤੇ ਨੌਜਵਾਨਾਂ ਤੇ ਵਿਦਿਆਰਥੀਆਂ ਨੂੰ ਚੇਤੰਨ ਕਰਕੇ ਦੇਸ਼ ਨੂੰ ਅੰਗਰੇਜ਼ੀ ਹਕੂਮਤ ਤੋਂ ਆਜ਼ਾਦ ਕਰਵਾਉਣ ਲਈ ਘੋਲ ਲੜਿਆ। ਭਗਤ ਸਿੰਘ, ਰਾਜਗੁਰੂ, ਸੁਖਦੇਵ ਤੇ ਅਨੇਕਾਂ ਦੇਸ਼ ਭਗਤਾਂ ਨੇ ਬਰਾਬਰੀ ਦਾ ਰਾਜ ਸਿਰਜਣ ਲਈ ਸੰਘਰਸ਼ ਕੀਤਾ ਤੇ ਕੁਰਬਾਨੀਆਂ ਦਿੱਤੀਆਂ। ਉਨ੍ਹਾਂ ਦੇਸ਼ ਭਗਤਾਂ ਦੇ ਸੁਪਨਿਆਂ ਦਾ ਸਮਾਜ ਸਿਰਜਣ ਲਈ ਵਿਦਿਆਰਥੀਆਂ ਨੂੰ ਚੇਤੰਨ ਕਰਕੇ ਲਾਮਬੰਦ ਕੀਤਾ ਜਾਵੇ। ਆਗੂਆਂ ਨੇ ਕਿਹਾ ਕਿ 16 ਫਰਵਰੀ ਭਾਰਤ ਬੰਦ ਵਿੱਚ ਵਿਦਿਆਰਥੀ ਆਪਣੇ-ਆਪਣੇ ਇਲਾਕਿਆਂ ਵਿੱਚ ਲੋਕਾਂ ਨੂੰ ਸੰਬੋਧਨ ਕਰਨਗੇ ਤੇ ਇਸ ਪ੍ਰੋਗਰਾਮ ਵਿੱਚ ਸ਼ਾਮਲ ਹੋਣਗੇ। ਇਸ ਦੇ ਨਾਲ ਹੀ 28-29 ਫਰਵਰੀ ਨੂੰ ਰੁਜ਼ਗਾਰ, ਵਿੱਦਿਆ ਤੇ ਸਿਹਤ ਸਹੂਲਤਾਂ ਦੀਆਂ ਮੰਗਾਂ ਤੇ ਪ੍ਰਦਰਸ਼ਨ ਕੀਤੇ ਜਾਣਗੇ ਜਿਸ ਵਿੱਚ ਮੁੱਖ ਮੰਗ ਭਗਤ ਸਿੰਘ ਕੌਮੀ ਰੁਜ਼ਗਾਰ ਗਰੰਟੀ ਕਾਨੂੰਨ ( ਬਨੇਗਾ) ਪਾਰਲੀਮੈਂਟ ਵਿੱਚ ਪਾਸ ਕਰਨ ਦੀ ਹੋਵੇਗੀ। 18 ਤੋਂ 58 ਸਾਲ ਦੀ ਉਮਰ ਤੱਕ ਹਰ ਕੁੜੀ-ਮੁੰਡੇ ਨੂੰ ਉਸ ਦੀ ਯੋਗਤਾ ਮੁਤਾਬਕ ਕੰਮ ਦੀ ਗਰੰਟੀ ਹੋਵੇ ਜਿਸ ਨਾਲ ਜਵਾਨੀ ਨੂੰ ਪੱਕਾ ਰੁਜ਼ਗਾਰ ਦਿੱਤਾ ਜਾ ਸਕਦਾ ਹੈ। ਸਿੱਖਿਆ ਨੀਤੀ 2020 ਨੂੰ ਰੱਦ ਕਰਕੇ ਹਰ ਇੱਕ ਲਈ ਮੁਫਤ, ਲਾਜ਼ਮੀ ਤੇ ਵਿਗਿਆਨਿਕ ਵਿੱਦਿਆ ਦਾ ਪ੍ਰਬੰਧ ਹੋਵੇ। ਸਿਹਤ ਸਹੂਲਤਾਂ ਦੇ ਪੱਖੋਂ ਸਾਡਾ ਦੇਸ਼ ਬਹੁਤ ਪਛੜਿਆ ਨਜ਼ਰ ਆਉਂਦਾ ਹੈ। ਸਰਕਾਰੀ ਹਸਪਤਾਲਾਂ ਨੂੰ ਸਾਰੀਆਂ ਸਹੂਲਤਾਂ ਨਾਲ ਲੈਸ ਕਰਕੇ ਸਸਤਾ ਇਲਾਜ ਮੁਹੱਈਆ ਕਰਵਾਇਆ ਜਾ ਸਕਦਾ ਹੈ। ਮੀਟਿੰਗ ਨੂੰ ਹੋਰਨਾਂ ਤੋਂ ਇਲਾਵਾ ਜਗਮੋਹਨ ਸਿੰਘ, ਦੀਪਕ, ਅਜੇ ਸਿੰਘ, ਹਰਮਨ ਦੀਪ ਸਿੰਘ, ਗੁਰਵਿੰਦਰ ਸਿੰਘ ਤੇ ਅਮਨਦੀਪ ਕੌਰ ਆਦਿ ਨੇ ਵੀ ਸੰਬੋਧਨ ਕੀਤਾ।

## ਸ੍ਰੀ ਗੁਰੂ ਅਮਰਦਾਸ ਪਬਲਿਕ ਸਕੂਲ 'ਚ ਦਸਵੀਂ ਜਮਾਤ ਨੂੰ ਦਿੱਤੀ ਵਿਦਾਇਗੀ ਪਾਰਟੀ



**ਖਡੂਰ ਸਾਹਿਬ (ਸਰਬਜੋਤ ਸਿੰਘ ਸੰਧਾ)**-ਇਲਾਕੇ ਦੀ ਨਾਮਵਰ ਵਿੱਦਿਅਕ ਸੰਸਥਾ ਸ੍ਰੀ ਗੁਰੂ ਅਮਰਦਾਸ ਪਬਲਿਕ ਸਕੂਲ ਵਿਖੇ ਨੌਵੀਂ ਜਮਾਤ ਦੇ ਵਿਦਿਆਰਥੀਆਂ ਵੱਲੋਂ ਦਸਵੀਂ ਜਮਾਤ ਨੂੰ ਵਿਦਾਇਗੀ ਪਾਰਟੀ ਦਿੱਤੀ ਗਈ ਜਿਸ ਵਿੱਚ ਵਿਦਿਆਰਥੀਆਂ ਨੇ ਪ੍ਰਿੰਸੀਪਲ ਸੁਰਜੀਤ ਸਿੰਘ ਭਰੋਵਾਲ ਤੋਂ ਪਾਰਟੀ ਸ਼ੁਰੂ ਕਰਨ ਦੀ ਇਜਾਜ਼ਤ ਲਈ। ਪਾਰਟੀ ਦੀ ਸ਼ੁਰੂਆਤ ਪਰਮਾਤਮਾ ਦਾ ਓਟ ਆਸਰਾ ਲੈ ਕੇ ਕੀਤੀ ਗਈ। ਇਸ ਤੋਂ ਬਾਅਦ ਰੰਗਾ ਰੰਗ ਪ੍ਰੋਗਰਾਮ ਸ਼ੁਰੂ ਕੀਤਾ ਗਿਆ ਜਿਸ ਵਿੱਚ ਛੋਟੇ-ਛੋਟੇ ਬੱਚਿਆਂ ਨੇ ਫੈਂਸੀ ਡਰੈੱਸ, ਗੀਤ, ਕਵਿਤਾਵਾਂ, ਹਾਸਰਸ ਤੇ ਪੰਜਾਬੀਆਂ ਦੀ ਸਾਨ ਗਿੱਧਾ ਭੰਗੜਾ ਪੇਸ਼ ਕੀਤਾ ਗਿਆ। ਇਸ ਤੋਂ ਬਾਅਦ ਪ੍ਰਿੰਸੀਪਲ ਸੁਰਜੀਤ ਸਿੰਘ ਨੇ ਦਸਵੀਂ ਜਮਾਤ ਦੇ ਵਿਦਿਆਰਥੀ ਨੂੰ ਚੰਗੇ ਨੰਬਰਾਂ ਵਿੱਚ ਪਾਸ ਹੋਣ ਤੇ ਅਤੇ ਉਚੇਰੀ ਪੜ੍ਹਾਈ ਕਰਨ ਦਾ ਆਸ਼ੀਰਵਾਦ ਦਿੱਤਾ। ਉਨ੍ਹਾਂ ਨੇ ਕਿਹਾ ਕਿ ਪੜ੍ਹਾਈ ਕਰਕੇ ਉਹ ਚੰਗੇ ਅਹੁਦਿਆਂ 'ਤੇ ਲੱਗਣ ਤੇ ਆਪਣੇ ਮਾਪਿਆਂ ਤੇ ਸਕੂਲ ਦਾ ਨਾਂ ਰੌਸ਼ਨ ਕਰਨ। ਉਸ ਤੋਂ ਬਾਅਦ ਨੌਵੀਂ ਜਮਾਤ ਦੇ ਵਿਦਿਆਰਥੀਆਂ ਨੇ ਦਸਵੀਂ ਜਮਾਤ ਦੇ ਵਿਦਿਆਰਥੀਆਂ ਨੂੰ ਗਿਫਟ ਵੀ ਦਿੱਤੇ ਅਤੇ ਸਕੂਲ ਵਿੱਚ ਬਤੀਤ ਕੀਤੇ ਪਲਾਂ ਨੂੰ ਯਾਦ ਕੀਤਾ। ਇਸ ਤੋਂ ਬਾਅਦ ਚਾਹ ਪਾਰਟੀ ਦਿੱਤੀ ਗਈ।

# ਨਰਸਿੰਗ ਕਾਲਜਾਂ ਦੀਆਂ ਲਾਇਬ੍ਰੇਰੀਆਂ ਦੇ ਈ-ਸਰੋਤਾਂ ਨੂੰ ਉਤਸ਼ਾਹਿਤ ਕਰਨ ਲਈ ਲਗਾਇਆ ਟ੍ਰੇਨਿੰਗ ਸੈਸ਼ਨ



**ਫਤਿਹਗੜ੍ਹ ਚੂੜੀਆਂ (ਜਸਦੇਵ ਸਿੰਘ ਮਾਨ)**-ਸ੍ਰੀ ਗੁਰੂ ਰਾਮਦਾਸ ਨਰਸਿੰਗ ਇੰਸਟੀਚਿਊਟ ਆਫ ਪੰਧੇਰ ਵਿਖੇ ਬਾਬਾ ਫਰੀਦ ਯੂਨੀਵਰਸਿਟੀ ਆਫ ਹੈਲਥ ਸਾਇੰਸਜ਼ ਫਰੀਦਕੋਟ ਵੱਲੋਂ ਯੂਨੀਵਰਸਿਟੀ ਦੇ ਅਧੀਨ ਚਲ ਰਹੇ ਕਾਲਜਾਂ ਦੀਆਂ ਈ-ਲਾਇਬ੍ਰੇਰੀਆਂ ਨੂੰ ਉਤਸ਼ਾਹਿਤ ਕਰਨ ਬਾਰੇ ਜਾਣਕਾਰੀ ਦੇਣ ਵਾਸਤੇ ਟ੍ਰੇਨਿੰਗ ਸੈਸ਼ਨ ਸ੍ਰੀ ਗੁਰੂ ਰਾਮਦਾਸ ਨਰਸਿੰਗ ਇੰਸਟੀਚਿਊਟ ਪੰਧੇਰ ਵਿਖੇ ਲਗਾਇਆ ਗਿਆ।ਇਹ ਟ੍ਰੇਨਿੰਗ ਸੈਸ਼ਨ ਨਰਸਿੰਗ ਵਿਦਿਆਰਥੀਆਂ ਨੂੰ ਉਤਸ਼ਾਹਿਤ ਕਰਨ ਵਾਸਤੇ ਸੀ। ਸ਼ੁਰੂਆਤ ਸ਼ਬਦ ਗਾਇਨ ਅਤੇ ਜੋਤ ਜਗਾ ਕੇ ਕੀਤੀ ਗਈ।ਆਏ ਹੋਏ ਮਹਿਮਾਨਾਂ ਨੂੰ ਕਾਲਜ ਪ੍ਰਬੰਧਕਾਂ ਵੱਲੋਂ ਫੁੱਲਾਂ ਦੇ ਗੁਲਦਸਤੇ ਦੇ ਕੇ ਜੀ ਆਇਆਂ ਕਿਹਾ ਗਿਆ ਜਿਸ ਵਿਚ ਬਾਬਾ ਫਰੀਦ ਯੂਨੀਵਰਸਿਟੀ ਆਫ ਹੈਲਥ ਸਾਇੰਸਜ਼ ਫਰੀਦਕੋਟ ਦੇ ਅਧਿਕਾਰੀ ਅਤੇ ਐੱਚ. ਐੱਸ. ਲਿੱਬ ਨੈੱਟ ਦੇ ਰਿਸੋਰਸਪਰਸਨ ਨੇ ਹਾਜ਼ਰ ਅਧਿਆਪਕਾਂ, ਲਾਇਬ੍ਰੇਰੀਅਨ ਅਤੇ ਵਿਦਿਆਰਥੀਆਂ ਨੂੰ ਈ ਸਰੋਤਾਂ ਰਾਹੀਂ ਵਿੱਦਿਆ ਹਾਸਲ ਕਰਨ ਬਾਰੇ ਜਾਣਕਾਰੀ ਦਿੱਤੀ।ਇਸ ਪ੍ਰੋਜੈਕਟ ਦੇ ਕੋਆਰਡੀਨੇਟਰ ਰਾਜੀਵ ਮਿਨਹਾਸ ਨੇ ਦੱਸਿਆ ਕਿ ਕਿਵੇਂ ਅਸੀਂ ਮੋਬਾਈਲ ਫੋਨ ਦੀ ਸਹੀ ਵਰਤੋਂ ਕਰਕੇ ਐਬਸਕੋ ਐਪ ਰਾਹੀਂ ਹਰ ਤਰ੍ਹਾਂ ਦੀ ਕਿਤਾਬ ਪੜ੍ਹ ਸਕਦੇ ਹਾਂ ਅਤੇ ਹਰੇਕ ਤਰ੍ਹਾਂ ਦੀਆਂ ਖੋਜਾਂ ਬਾਰੇ ਜਾਣਕਾਰੀ ਹਾਸਿਲ ਕਰ ਸਕਦੇ ਹਾਂ। ਇਸ ਟ੍ਰੇਨਿੰਗ ਸੈਸ਼ਨ ਵਿਚ ਵੱਖ-ਵੱਖ ਕਾਲਜਾਂ ਤੋਂ 50 ਦੇ ਕਰੀਬ ਅਧਿਆਪਕਾਂ ਅਤੇ 300 ਦੇ ਕਰੀਬ ਵਿਦਿਆਰਥੀਆਂ ਨੇ ਸ਼ਮੂਲੀਅਤ ਕੀਤੀ।ਸ੍ਰੀ ਗੁਰੂ ਰਾਮਦਾਸ ਨਰਸਿੰਗ ਇੰਸਟੀਚਿਊਟ ਪੰਧੇਰ ਦੇ 100 ਵਿਦਿਆਰਥੀਆਂ ਅਤੇ 30 ਅਧਿਆਪਕਾਂ ਨੇ ਸ਼ਮੂਲੀਅਤ ਕੀਤੀ।ਇਸ ਸੈਸ਼ਨ ਵਿਚ ਇੰਸਟੀਚਿਊਟ ਆਫ ਨਰਸਿੰਗ ਯੂਨੀਵਰਸਿਟੀ ਰੀਜਨਲ ਕੈਂਪਸ ਗੋਇੰਦਵਾਲ ਸਾਹਿਬ ਤੋਂ ਪ੍ਰਿੰਸੀਪਲ ਚਰਨਜੀਤ ਕੌਰ, ਸਟਾਫ਼ ਅਤੇ 24 ਵਿਦਿਆਰਥੀ ਹਾਜ਼ਰ ਸਨ।ਰਾਇਲ ਇੰਸਟੀਚਿਊਟ ਆਫ ਨਰਸਿੰਗ ਅੰਮ੍ਰਿਤਸਰ ਦੇ ਅਧਿਆਪਕ ਅਤੇ 25 ਵਿਦਿਆਰਥੀ ਹਾਜ਼ਰ ਸਨ।ਐੱਸ. ਵੀ. ਐੱਮ. ਕਾਲਜ ਮੂਧਲ ਦੇ 30 ਵਿਦਿਆਰਥੀ ਅਤੇ ਸਟਾਫ਼ ਹਾਜ਼ਰ ਸੀ।ਐੱਨ. ਆਰ. ਆਈ. ਕਾਲਜ ਆਫ ਨਰਸਿੰਗ ਦੇ 20 ਵਿਦਿਆਰਥੀ ਅਤੇ ਅਧਿਆਪਕ ਹਾਜ਼ਰ ਸਨ ।ਐੱਸ. ਬੀ. ਐੱਸ. ਕਾਲਜ ਸੋਹੀਆਂ ਕਲਾਂ ਦੇ 25 ਵਿਦਿਆਰਥੀ ਅਤੇ ਅਧਿਆਪਕ ਹਾਜ਼ਰ ਸਨ।ਇਸ ਮੌਕੇ ਆਏ ਹੋਏ ਰਿਸੋਰਸਪਰਸਨ ਨੂੰ ਮੈਨੇਜਿੰਗ ਡਾਇਰੈਕਟਰ ਅਵਤਾਰ ਸਿੰਘ ਕੰਗ ਅਤੇ ਪ੍ਰਿੰਸੀਪਲ ਹਰਜਿੰਦਰਪਾਲ ਕੌਰ ਕੰਗ ਨੇ ਸਨਮਾਨਿਤ ਕੀਤਾ।ਇਸ ਮੌਕੇ ਯੂਨੀਵਰਸਿਟੀ ਤੋਂ ਵਿਸ਼ੇਸ਼ ਤੌਰ 'ਤੇ ਪਰਦੀਪ ਸਿੰਘ ਅਤੇ ਸੁੰਨੀ ਨੇ ਸ਼ਮੂਲੀਅਤ ਕੀਤੀ।ਇਸ ਮੌਕੇ ਰਚਨਾ ਕੁਮਾਰੀ ਨੇ ਆਏ ਹੋਏ ਮਹਿਮਾਨਾਂ ਦਾ ਧੰਨਵਾਦ ਕੀਤਾ।ਇਸ ਮੌਕੇ ਡਾ. ਮੀਨੂ ਚੌਧਰੀ, ਡਾ. ਅਨਮੋਲਦੀਪ ਕੌਰ, ਡਾ. ਰਵਿੰਦਰ ਰਾਣਾ ਆਦਿ ਹਾਜ਼ਰ ਸਨ ।

# ਸ਼ਾਂਤੀ ਦੇਵੀ ਆਰੀਆ ਮਹਿਲਾ ਕਾਲਜ ਦਾ ਯੁਵਕ ਮੇਲਾ ਬੜੀ ਸ਼ਾਨੋ-ਸ਼ੌਕਤ ਨਾਲ ਸਮਾਪਤ



**ਗੁਰਦਾਸਪੁਰ (ਜਨਕ ਮਹਾਜਨ)**-ਸ਼ਾਂਤੀ ਦੇਵੀ ਆਰੀਆ ਮਹਿਲਾ ਕਾਲਜ ਦੀਨਾਨਗਰ ਵਿਖੇ ਕਰਵਾਇਆ ਗਿਆ ਦੋ ਰੋਜ਼ਾ ਜ਼ਿਲ੍ਹਾ ਪੱਧਰੀ ਯੁਵਕ ਮੇਲਾ ਬੀਤੀ ਸ਼ਾਮ ਆਪਣੀਆਂ ਅਮਿੱਟ ਯਾਦਾਂ ਛੱਡਦਾ ਹੋਇਆ ਪੂਰੇ ਜੋਸ਼ੋ-ਖਰੋਸ਼ ਨਾਲ ਸਮਾਪਤ ਹੋ ਗਿਆ। ਮੇਲੇ ਦੀ ਪ੍ਰਧਾਨਗੀ ਵਧੀਕ ਡਿਪਟੀ ਕਮਿਸ਼ਨਰ (ਜ) ਸੁਭਾਸ਼ ਚੰਦਰ ਵਲੋਂ ਕੀਤੀ ਗਈ। ਯੁਵਕ ਸੇਵਾਵਾਂ ਦੇ ਸਹਾਇਕ ਡਾਇਰੈਕਟਰ ਰਵੀ ਦਾਰਾ ਅਤੇ ਸ਼ਾਂਤੀ ਦੇਵੀ ਆਰੀਆ ਮਹਿਲਾ ਕਾਲਜ ਦੀ ਪ੍ਰਿੰ. ਡਾ. ਸੁਸ਼ਮਾ ਗੁਪਤਾ ਅਤੇ ਡੀਨ ਕਲਚਰ ਡਾ. ਕੁਲਵਿੰਦਰ ਕੌਰ ਵਿਸ਼ੇਸ਼ ਮਹਿਮਾਨ ਵਜੋਂ ਸ਼ਾਮਿਲ ਹੋਏ। ਇਸ ਦੋ ਰੋਜ਼ਾ ਯੁਵਕ ਮੇਲੇ ਵਿੱਚ ਮੋਨੋ ਐਕਟਿੰਗ, ਕਵੀਸ਼ਰੀ, ਵਾਰ ਗਾਇਨ, ਪੁਰਾਤਨ ਪਹਿਰਾਵਾ, ਰਵਾਇਤੀ ਲੋਕ ਕਲਾਵਾਂ, ਲੋਕ ਗੀਤ, ਭੰਗੜੇ ਅਤੇ ਗਿੱਧੇ ਤੋਂ ਇਲਾਵਾ ਰੰਗੋਲੀ ਅਤੇ ਭਾਸ਼ਣ ਮੁਕਾਬਲਿਆਂ ਵਿੱਚ 500 ਤੋਂ ਵੱਧ ਨੌਜਵਾਨ ਕਲਾਕਾਰਾਂ ਨੇ ਭਾਗ ਲਿਆ। ਇਨ੍ਹਾਂ ਮੁਕਾਬਲਿਆਂ ਵਿੱਚ ਓਵਰ ਆਲ ਟਰਾਫੀ ਸ਼ਾਂਤੀ ਦੇਵੀ ਆਰੀਆ ਮਹਿਲਾ ਕਾਲਜ ਦੀਨਾਨਗਰ ਦੇ ਨਾਮ ਰਹੀ। ਜੱਜਮੈਂਟ ਵਿੱਚ ਕਵੀਸ਼ਰ ਗੁਰਨਾਮ ਸਿੰਘ, ਢਾਡੀ ਬਲਬੀਰ ਸਿੰਘ, ਸੋਹਣ ਕੁਮਾਰ, ਕਮਲ ਸੰਘਰਾਲ, ਰਾਜੇਸ਼ ਕੁਮਾਰ, ਹਨੀ ਜੱਖੂ, ਗੁਰਮੀਤ ਕੌਰ ਮਾਹਲ, ਗੁਰਮੀਤ ਸਿੰਘ, ਕਵੀ ਮਨਜਿੰਦਰ ਸਿੰਘ, ਤਰੁਨਪਾਲ ਸਿੰਘ, ਮਾਸਟਰ ਮੋਹਨ ਲਾਲ, ਪ੍ਰਿਅੰਕਾ ਮਲਹੋਤਰਾ, ਜਸਪ੍ਰੀਤ ਕੌਰ ਨੇ ਭੂਮਿਕਾ ਨਿਭਾਈ। ਮੰਚ ਸੰਚਾਲਨ ਦੀ ਭੂਮਿਕਾ ਮੈਡਮ ਦਿਲਪ੍ਰੀਤ ਕੌਰ ਅਤੇ ਮੀਨੂ ਨੇ ਬਾਖੂਬੀ ਨਿਭਾਈ। ਇਸ ਮੌਕੇ ਨੌਜਵਾਨ ਲੜਕੇ ਅਤੇ ਲੜਕੀਆਂ ਨੇ ਆਪਣੀਆਂ ਖੂਬਸੂਰਤ ਪੇਸ਼ਕਾਰੀਆਂ ਰਾਹੀਂ ਯੁਵਕ ਮੇਲੇ ਦੀਆਂ ਰੌਣਕਾਂ ਨੂੰ ਵਧਾਇਆ। ਮੇਲੇ ਦੇ ਆਖਰੀ ਦਿਨ ਪੰਜਾਬੀ ਦੇ ਮਸ਼ਹੂਰ ਲੋਕ ਗਾਇਕ ਦਲਵਿੰਦਰ ਦਿਆਲਪੁਰੀ ਨੇ ਆਪਣੇ ਸੁਪਰ ਹਿੱਟ ਗੀਤ ਗਾ ਕੇ ਯੁਵਕ ਮੇਲੇ ਵਿੱਚ ਹਾਜ਼ਰ ਸਾਰੇ ਨੌਜਵਾਨ ਲੜਕੇ-ਲੜਕੀਆਂ ਨੂੰ ਭੰਗੜਾ ਪਾਉਣ ਲਈ ਮਜਬੂਰ ਕਰ ਦਿੱਤਾ। ਸਮਾਗਮ ਦੇ ਪਹਿਲੇ ਦਿਨ ਵੀ ਨੌਜਵਾਨਾਂ ਦੇ ਵੱਖ-ਵੱਖ ਮੁਕਾਬਲੇ ਹੋਏ ਅਤੇ ਲੜਕੀਆਂ ਵੱਲੋਂ ਰਵਾਇਤੀ ਕਲਾਵਾਂ ਵਿੱਚ ਭਾਗ ਲਿਆ ਗਿਆ। ਪਹਿਲੇ ਦਿਨ ਦੇ ਸਮਾਗਮ ਦੀ ਪ੍ਰਧਾਨਗੀ ਜ਼ਿਲ੍ਹਾ ਲੋਕ ਸੰਪਰਕ ਅਫ਼ਸਰ ਗੁਰਦਾਸਪੁਰ ਇੰਦਰਜੀਤ ਸਿੰਘ ਬਾਜਵਾ ਵੱਲੋਂ ਕੀਤੀ ਗਈ। ਸਮਾਪਤੀ ਸਮਾਗਮ ਮੌਕੇ ਬੋਲਦਿਆਂ ਵਧੀਕ ਡਿਪਟੀ ਕਮਿਸ਼ਨਰ ਸੁਭਾਸ਼ ਚੰਦਰ ਨੇ ਕਿਹਾ ਕਿ ਨੌਜਵਾਨਾਂ ਦੀ ਪ੍ਰਤਿਭਾ ਨੂੰ ਨਿਖਾਰਨ ਅਤੇ ਉਨ੍ਹਾਂ ਨੂੰ ਪਲੇਟਫਾਰਮ ਦੇਣ ਲਈ ਇਹ ਯੁਵਕ ਮੇਲਾ ਬਹੁਤ ਵਧੀਆ ਉਪਰਾਲਾ ਹੈ। ਉਨ੍ਹਾਂ ਕਿਹਾ ਕਿ ਰਾਜ ਸਰਕਾਰ ਦੇ ਇਹ ਯਤਨ ਨੌਜਵਾਨੀ ਨੂੰ ਸੇਧ ਦੇਣ ਅਤੇ ਉਨ੍ਹਾਂ ਦੀ ਸਖਸ਼ੀਅਤ ਨੂੰ ਨਿਖਾਰਨ ਵਿੱਚ ਸਹਾਈ ਹੋਣਗੇ। ਇਸ ਮੌਕੇ ਸੁਭਾਸ਼ ਚੰਦਰ ਨੇ ਯੁਵਕ ਮੇਲੇ ਦੇ ਜੇਤੂ ਨੂੰ ਇਨਾਮ ਵੀ ਤਕਸੀਮ ਕੀਤੇ।

# ਕਾਂਗਰਸ ਦੀ ਸਮਰਾਲਾ ਰੈਲੀ ਨੂੰ ਲੈ ਕੇ ਵਰਕਰਾਂ ਦੀ ਅਹਿਮ ਇਕੱਤਰਤਾ



**ਸਰਾਏ ਅਮਾਨਤ ਖਾਂ (ਮੱਖਣ ਮਨੋਜ)**-ਕਾਂਗਰਸ ਪਾਰਟੀ ਦੇ ਰਾਸ਼ਟਰੀ ਪ੍ਰਧਾਨ ਮਲਕ ਅਰਜਨ ਖੜਗੇ ਦੀ ਅਗਵਾਈ ਵਿੱਚ ਸਮਰਾਲੇ ਵਿਖੇ ਕਾਂਗਰਸ ਪਾਰਟੀ ਦੀ ਹੋ ਰਹੀ ਵਿਸ਼ਾਲ ਰੈਲੀ ਦੀਆਂ ਤਿਆਰੀਆਂ ਨੂੰ ਲੈ ਕੇ ਪਿੰਡ ਗੰਡੀਵਿੰਡ ਵਿਖੇ ਚੇਅਰਮੈਨ ਰਣਜੀਤ ਸਿੰਘ ਰਾਣਾ ਗੰਡੀਵਿੰਡ ਦੀ ਅਗਵਾਈ ਵਿੱਚ ਕਾਂਗਰਸੀ ਵਰਕਰਾਂ ਦੀ ਭਾਰੀ ਮੀਟਿੰਗ ਹੋਈ ਜਿਸ ਵਿੱਚ ਕੋਆਰਡੀਨੇਟਰ ਹਰਜਿੰਦਰ ਸਿੰਘ ਚੌਹਾਨ ਉਚੇਚੇ ਤੌਰ 'ਤੇ ਪਹੁੰਚੇ।ਇਸ ਸਮੇਂ ਮੀਟਿੰਗ ਨੂੰ ਸੰਬੋਧਨ ਕਰਦਿਆਂ ਹਰਜਿੰਦਰ ਸਿੰਘ ਚੌਹਾਨ ਨੇ ਕਿਹਾ ਕਿ ਆ ਰਹੀਆਂ ਲੋਕ ਸਭਾ ਚੋਣਾਂ ਨੂੰ ਮੁੱਖ ਰੱਖ ਕੇ ਵਰਕਰ ਲਾਮਬੰਦ ਹੋਣ। ਉਨ੍ਹਾਂ ਵੱਧ ਤੋਂ ਵੱਧ ਗਿਣਤੀ 'ਚ ਰੈਲੀ ਵਿੱਚ ਹਰ ਵਰਗ ਨੂੰ ਪਹੁੰਚਣ ਦੀ ਅਪੀਲ ਕੀਤੀ।ਇਸ ਸਮੇਂ ਚੇਅਰਮੈਨ ਰਣਜੀਤ ਸਿੰਘ ਰਾਣਾ ਗੰਡੀ ਵਿੰਡ ਨੇ ਕਿਹਾ ਕਿ ਉਹ ਵਿਧਾਨ ਸਭਾ ਹਲਕਾ ਤਰਨ ਤਾਰਨ ਤੋਂ ਵੱਡੀ ਗਿਣਤੀ ਵਿੱਚ ਕਾਂਗਰਸੀ ਵਰਕਰਾਂ ਦੇ ਕਾਫਲੇ ਨਾਲ ਸਮਰਾਲਾ ਰੈਲੀ ਵਿੱਚ ਪਹੁੰਚਣਗੇ ਜਿਸ ਸਬੰਧੀ ਤਿਆਰੀਆਂ ਨੂੰ ਲੈ ਕੇ ਵੱਖ-ਵੱਖ ਪਿੰਡਾਂ ਵਿੱਚ ਮੀਟਿੰਗਾਂ ਸ਼ੁਰੂ ਸ਼ੁਰੂ ਕੀਤੀਆਂ ਜਾ ਰਹੀਆਂ ਹਨ ।ਇਸ ਸਮੇਂ ਮੀਟਿੰਗ ਵਿੱਚ ਪ੍ਰਭ ਢਿੱਲੋਂ, ਇੰਦਰਜੀਤ ਸਿੰਘ ਕਸੇਲ, ਸੂਬੇਦਾਰ ਦਲਜੀਤ ਸਿੰਘ ਕਸੇਲ, ਬਲਵੰਤ ਸਿੰਘ ਕਸੇਲ, ਸੁਖਜੀਤ ਸਿੰਘ ਕਸੇਲ, ਉਪਕਾਰ ਸਿੰਘ ਭੁੱਚਰ, ਕਿਰਪਾਲ ਸਿੰਘ ਭੁੱਚਰ, ਪ੍ਰਤਾਪ ਸਿੰਘ ਕੈਰੋਵਾਲ, ਗੁਰਵੇਲ ਸਿੰਘ ਭੁੱਚਰ, ਬਲਾਕ ਪ੍ਰਧਾਨ ਤਰਨਤਾਰਨ ਸੋਨੂੰ ਦੋਦੇ, ਇੰਦਰਜੀਤ ਸਿੰਘ ਛੀਨਾ, ਗੁਣਰਾਜ ਸਿੰਘ ਬੰਟੀ ਗੰਡੀਵਿੰਡ, ਸਰਪੰਚ ਹਰਜੀਤ ਕੌਰ ਗੰਡੀਵਿੰਡ, ਰਣਬੀਰ ਸਿੰਘ ਸਰਪੰਚ ਕਲਸ਼, ਸੁਖਵਿੰਦਰ ਸਿੰਘ ਕਲਸ਼, ਪ੍ਰਦੀਪ ਸਿੰਘ ਸਰਪੰਚ ਕੋਟ ਦੰਸਧੀ ਮੱਲ, ਉੱਤਮ ਸਿੰਘ ਸਰਪੰਚ ਖ਼ਾਰਾ, ਭੁਪਿੰਦਰਜੀਤ ਸਿੰਘ ਕੰਗ ਸਰਪੰਚ ਗੋਹਲਵੜ, ਮੇਜਰ ਸਿੰਘ ਕੋਟ ਧਰਮ ਚੰਦ ਕਲਾਂ, ਕੁਲਬੀਰ ਸਿੰਘ ਨੂਰਦੀ, ਮਲਕੀਤ ਸਿੰਘ ਵੱਟੂ, ਗੋਲਡੀ ਤਰਨਤਾਰਨ, ਸੁਰਜੀਤ ਸਿੰਘ ਗੰਡੀਵਿੰਡ ਮੈਂਬਰ ਪੰਚਾਇਤ, ਗੁਰਸਾਹਿਬ ਸਿੰਘ ਗੰਡੀਵਿੰਡ, ਜਸਬੀਰ ਸਿੰਘ ਮਾਣੋਚਾਹਲ, ਆੜਤੀ ਪ੍ਰਦੀਪ ਉਪਲ ਸਰਾਏ ਅਮਾਨਤ ਖਾਂ, ਮਨਦੀਪ ਸਿੰਘ ਉਪਲ ਸਰਾਏ ਅਮਾਨਤ ਖਾਂ, ਮਨਦੀਪ ਸਿੰਘ ਯੂਥ ਪ੍ਰਧਾਨ ਤਰਨਤਾਰਨ, ਧਿਆਨ ਸਿੰਘ ਸਰਪੰਚ ਝਾਮਕਾ, ਕਾਮਰੇਡ ਬਲਦੇਵ ਸਿੰਘ ਖੈਰਦੀ, ਜੋਬਨਜੀਤ ਸਿੰਘ ਲਹੀਆ, ਹਰਿੰਦਰ ਸਿੰਘ ਲਹੀਆ, ਗੁਰਪ੍ਰੀਤ ਸਿੰਘ ਲਹੀਆ, ਜਜਬੀਰ ਸਿੰਘ ਲਹੀਆ, ਗੁਰਮੇਜ ਸਿੰਘ ਲਹੀਆਂ ਆਦਿ ਹਾਜ਼ਰ ਸਨ ।

# ਸ਼ਿਕਾਰ ਮਾਛੀਆਂ ਤੋਂ ਗੁਰਧਾਮਾਂ ਲਈ ਸ਼ਰਧਾਲੂਆਂ ਦੀ ਬੱਸ ਰਵਾਨਾ



**ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)**-ਮੁੱਖ ਮੰਤਰੀ ਤੀਰਥ ਯਾਤਰਾ ਸਕੀਮ ਤਹਿਤ ਹਲਕਾ ਡੇਰਾ ਬਾਬਾ ਨਾਨਕ ਦੇ ਪਿੰਡ ਸ਼ਿਕਾਰ ਮਾਛੀਆਂ ਤੋਂ 43 ਯਾਤਰੀਆਂ ਦੀ ਬੱਸ ਹਲਕਾ ਇੰਚਾਰਜ ਆਮ ਆਦਮੀ ਪਾਰਟੀ ਗੁਰਦੀਪ ਸਿੰਘ ਰੰਧਾਵਾ ਵੱਲੋਂ ਸ੍ਰੀ ਦਮਦਮਾ ਸਾਹਿਬ ਅਤੇ ਹੋਰ ਗੁਰਧਾਮਾਂ ਦੇ ਦਰਸ਼ਨਾਂ ਲਈ ਰਵਾਨਾ ਕੀਤੀ ਗਈ।ਇਸ ਮੌਕੇ ਹਲਕਾ ਆਗੂ ਗੁਰਦੀਪ ਸਿੰਘ ਰੰਧਾਵਾ ਅਤੇ ਕਾਂਗਰਸੀ ਸਰਪੰਚ ਬਰਾਜਿੰਦਰਾ ਸਿੰਘ ਵੱਲੋਂ ਮੁੱਖ ਮੰਤਰੀ ਤੀਰਥ ਯਾਤਰਾ ਵਾਲੀਆਂ ਕਿੱਟਾਂ 43 ਯਾਤਰੀਆਂ ਨੂੰ ਵੰਡੀਆਂ ਗਈਆਂ।ਗੁਰਦੁਆਰਾ ਸਾਹਿਬ ਦੇ ਗ੍ਰੰਥੀ ਸਿੰਘ ਵੱਲੋਂ ਸਰਬੱਤ ਦਾ ਭਲਾ ਅਤੇ ਯਾਤਰੀਆਂ ਦੇ ਆਉਣ ਜਾਣ ਸਮੇਂ ਵਿੱਚ ਸਹਾਈ ਹੋਣ ਲਈ ਵਾਹਿਗੁਰੂ ਅੱਗੇ ਅਰਦਾਸ ਬੇਨਤੀ ਕੀਤੀ ਗਈ।ਬੱਸ ਰਵਾਨਾ ਕਰਨ ਸਮੇਂ ਬੀਡੀਪੀਓ ਦਫਤਰ ਦੇ ਅਧਿਕਾਰੀ ਮੌਜੂਦ ਸਨ ਜਦਕਿ ਨਾ ਤਾਂ ਸਿਹਤ ਵਿਭਾਗ ਦੀ ਅਧਿਕਾਰੀ ਅਤੇ ਨਾ ਹੀ ਫਾਇਰ ਬ੍ਰਿਗੇਡ ਦੇ ਅਧਿਕਾਰੀ ਮੌਜੂਦ ਸਨ ਜਿਸ ਨੂੰ ਦੇਖ ਕੇ ਗੁਰਦੀਪ ਸਿੰਘ ਰੰਧਾਵਾ ਵੱਲੋਂ ਡੀਸੀ ਗੁਰਦਾਸਪੁਰ ਨੂੰ ਫੋਨ ਲਾਇਆ ਗਿਆ ਤੇ ਹੁਕਮਾਂ ਦੀ ਨਾਫਰਮਾਨੀ ਕਰਨ ਵਾਲੇ ਅਧਿਕਾਰੀਆਂ ਖਿਲਾਫ ਕਾਰਵਾਈ ਕਰਨ ਲਈ ਕਿਹਾ ਗਿਆ।ਉਪਰੰਤ ਰੰਧਾਵਾ ਵੱਲੋਂ ਬੱਸ ਨੂੰ ਹਰੀ ਝੰਡੀ ਦੇ ਕੇ ਰਵਾਨਾ ਕੀਤਾ ਗਿਆ।ਇਸ ਮੌਕੇ ਬਲਾਕ ਪ੍ਰਧਾਨ ਬਲਵਿੰਦਰ ਸਿੰਘ, ਨਿਸ਼ਾਨ ਸਿੰਘ ਧਾਲੀਵਾਲ, ਬਲਕਾਰ ਸਿੰਘ ਪਹਿਲਵਾਨ, ਨੰਬਰਦਾਰ ਗੁਰਦੀਪ ਸਿੰਘ, ਹਰਭੇਜ ਸਿੰਘ ਨੰਬਰਦਾਰ, ਅਰਜਨ ਸਿੰਘ, ਰਤਨ ਸਿੰਘ, ਸੂਰਤਾ ਸਿੰਘ, ਨਰਿੰਦਰ ਸਿੰਘ, ਹਰਦੀਪ ਸਿੰਘ, ਹਰਪ੍ਰੀਤ ਕੌਰ, ਹਰਭਜਨ ਸਿੰਘ, ਤਰਲੋਕਚਨ ਸਿੰਘ, ਲਖਵਿੰਦਰ ਸਿੰਘ ਬਰਿਆਰ, ਸੁਖਵਿੰਦਰ ਸਿੰਘ ਜੀਵਨ ਨੰਗਲ, ਅਮਨ ਸੁਰਾਜ ਆਦਿ ਹਾਜ਼ਰ ਸਨ ।

# ਆਰ ਐੱਮ ਪੀ ਆਈ ਵੱਲੋਂ 29 ਦੀ ਰੈਲੀ 'ਚ ਸ਼ਾਮਲ ਹੋਣ ਦਾ ਅਹਿਦ



**ਬਟਾਲਾ (ਤਰਲੋਕ ਬੱਗਾ)**-ਭਾਰਤੀ ਇਨਕਲਾਬੀ ਮਾਰਕਸਵਾਦੀ ਪਾਰਟੀ (ਆਰਐੱਮਪੀਆਈ) ਕਸਬਾ ਘੁਮਾਣ ਦੇ ਪਾਰਟੀ ਕਾਰਕੁੰਨ ਦੀ ਜਨਰਲ ਬਾਡੀ ਮੀਟਿੰਗ ਤਹਿਸੀਲ ਪ੍ਰਧਾਨ ਕਾਮਰੇਡ ਸੁਰਜੀਤ ਸਿੰਘ ਘੁਮਾਣ ਦੀ ਪ੍ਰਧਾਨਗੀ ਹੇਠ ਸੰਗਮ ਪੈਲੇਸ ਘੁਮਾਣ ਵਿਖੇ ਹੋਈ।ਮੀਟਿੰਗ ਨੂੰ ਸੰਬੋਧਨ ਕਰਦਿਆਂ ਪਾਰਟੀ ਦੇ ਤਹਿਸੀਲ ਸਕੱਤਰ ਕਾਮਰੇਡ ਸੰਤੋਖ ਸਿੰਘ ਔਲਖ ਅਤੇ ਸੂਬਾ ਕਮੇਟੀ ਮੈਂਬਰ ਕਾਮਰੇਡ ਸ਼ਮਸ਼ੇਰ ਸਿੰਘ ਨਵਾਂ ਪਿੰਡ ਨੇ ਦੱਸਿਆ ਕਿ ਕੇਂਦਰ ਸਰਕਾਰ ਦੀਆਂ ਲੋਕ ਵਿਰੋਧੀ ਸਾਮਰਾਜ ਨਿਰਦੇਸ਼ਤ ਨਵ-ਉਦਾਰਵਾਦੀ ਨੀਤੀਆਂ ਕਾਰਨ ਦੇਸ਼ ਅੰਦਰ ਮਹਿੰਗਾਈ, ਬੇਰੁਜ਼ਗਾਰੀ, ਭੁੱਖਮਰੀ, ਭ੍ਰਿਸ਼ਟਾਚਾਰ ਵਿੱਚ ਲਗਾਤਾਰ ਵਾਧਾ ਹੋ ਰਿਹਾ ਹੈ ਅਤੇ ਸਿੱਖਿਆ, ਇਲਾਜ ਆਮ ਲੋਕਾਂ ਦੀ ਪਹੁੰਚ ਤੋਂ ਬਾਹਰ ਜਾ ਚੁੱਕਾ ਹੈ ਅਤੇ ਮੋਦੀ-ਸ਼ਾਹ ਸਰਕਾਰ ਫਿਰਕੂ-ਫਾਸ਼ੀਵਾਦ ਦੇ ਮਨਸੂਬੇ ਤਹਿਤ ਧਰਮ ਆਧਾਰਿਤ ਦੇਸ਼ ਬਣਾਉਣ ਲਈ ਘੱਟ ਗਿਣਤੀਆਂ ਵਿਸ਼ੇਸ਼ ਕਰਕੇ ਮੁਸਲਮਾਨਾਂ, ਈਸਾਈਆਂ, ਦਲਿਤਾਂ ਅਤੇ ਔਰਤਾਂ ਉੱਪਰ ਜ਼ੁਲਮ ਢਾਹ ਰਹੀ ਹੈ।ਆਗੂਆਂ ਨੇ ਕਿਹਾ ਕਿ ਆਰਐੱਮਪੀਆਈ 2024 ਦੀਆਂ ਲੋਕ ਸਭਾ ਦੀਆਂ ਚੋਣਾਂ ਵਿੱਚ ਮੋਦੀ ਸਰਕਾਰ ਨੂੰ ਹਰਾਉਣ ਲਈ ਇੰਡੀਆ ਗੱਠਜੋੜ ਨਾਲ ਮਿਲ ਕੇ ਪੂਰੀ ਤਨਦੇਹੀ ਨਾਲ ਹਰ ਸੰਭਵ ਕੋਸ਼ਿਸ਼ ਕਰੇਗੀ।ਪਾਰਟੀ ਦੀ ਕਾਰਪੋਰੇਟ ਭਜਾਓ-ਦੇਸ਼ ਬਚਾਓ, ਮੋਦੀ ਹਰਾਓ ਦੀ ਮੁਹਿੰਮ ਤਹਿਤ 29 ਫਰਵਰੀ ਨੂੰ ਦੇਸ਼ ਭਗਤ ਯਾਦਗਾਰ ਹਾਲ ਜਲੰਧਰ ਵਿਖੇ ਕੀਤੀ ਜਾ ਰਹੀ ਸੂਬਾਈ ਰੈਲੀ ਵਿੱਚ ਤਹਿਸੀਲ ਬਟਾਲਾ ਤੋਂ ਵੱਡੀ ਗਿਣਤੀ 'ਚ ਸ਼ਮੂਲੀਅਤ ਕੀਤੀ ਜਾਵੇਗੀ ਜਿਸ ਦੀ ਤਿਆਰੀ ਲਈ ਵੱਖ-ਵੱਖ ਪਿੰਡਾਂ ਮੀਟਿੰਗਾਂ ਕਰਕੇ ਲੋਕਾਂ ਦੀ ਲਾਮਬੰਦੀ ਕੀਤੀ ਜਾਵੇਗੀ। 16 ਫਰਵਰੀ ਦੇ ਭਾਰਤ ਬੰਦ ਦੀ ਪੂਰਨ ਤੌਰ 'ਤੇ ਹਮਾਇਤ ਕੀਤੀ ਜਾਵੇਗੀ।ਇਸ ਮੌਕੇ ਕਾਮਰੇਡ ਖੁਸ਼ਵੰਤ ਸਿੰਘ ਮਾੜੀ ਬੁੱਚੀਆਂ, ਬਿਸ਼ੰਬਰ ਸਿੰਘ ਚੀਮਾ ਖੁੱਡੀ, ਦਿਲਬਾਗ ਸਿੰਘ, ਹਰਜਿੰਦਰ ਸਿੰਘ ਘੁਮਾਣ, ਚੈਂਚਲ ਸਿੰਘ ਚੀਮਾ ਖੁੱਡੀ, ਬਲਦੇਵ ਸਿੰਘ ਮੰਡ, ਮਹਿੰਦਰ ਸਿੰਘ, ਗੁਰਦਿਆਲ ਸਿੰਘ, ਕਸ਼ਮੀਰ ਸਿੰਘ, ਅਜੀਤ ਸਿੰਘ ਘੁਮਾਣ ਅਤੇ ਗੁਰਮੀਤ ਸਿੰਘ ਆਦਿ ਹਾਜ਼ਰ ਸਨ ।

# ਦੁਨੀਆ ਸੰਧੂ 'ਚ ਵਿਸ਼ੇਸ਼ ਕੈਂਪ ਦੌਰਾਨ 106 ਲੋਕਾਂ ਦੇ ਕੰਮ ਨੇਪਰੇ ਚੜ੍ਹੇ



**ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)**-ਜਸਬੀਰ ਸਿੰਘ ਫੌਜੀ ਬਲਾਕ ਪ੍ਰਧਾਨ ਆਮ ਆਦਮੀ ਪਾਰਟੀ ਨੇ ਪਿੰਡ ਦੁਨੀਆ ਸੰਧੂ ਅਤੇ ਪਿੰਡ ਚੀਮਾ ਭਿੱਟੇਵੱਢ ਵਿਖੇ ਕਿਹਾ ਕਿ ਇਕੱਲੇ ਦੁਨੀਆ ਸੰਧੂ ਪਿੰਡ ਵਿੱਚ 106 ਲੋਕਾਂ ਦੇ ਕੰਮ ਕਰਵਾਏ ਗਏ ਹਨ ਜਿਨ੍ਹਾਂ ਦੀ ਤਾਰੀਫ ਵਿਰੋਧੀ ਪਾਰਟੀਆਂ ਦੇ ਵਰਕਰਾਂ ਨੂੰ ਕਰਨ ਲਈ ਮਜਬੂਰ ਹੋਣਾ ਪਿਆ ਕਿਉਂਕਿ ਬੀਬੀਆਂ ਅਤੇ ਬਜ਼ੁਰਗ ਜ਼ਰੂਰੀ ਕੰਮਾਂ ਲਈ ਸਰਕਾਰੀ ਦਫਤਰਾਂ ਵਿੱਚ ਨਹੀਂ ਸੀ ਜਾ ਸਕਦੇ ਅਤੇ ਉਨ੍ਹਾਂ ਦੇ ਕੰਮ ਹੁਣ ਤਕ ਰੁਕੇ ਹੋਏ ਸਨ ਜੋ ਕੈਂਪ ਦੌਰਾਨ ਕਰਵਾਏ ਗਏ। ਇਸ ਕੈਂਪ ਵਿੱਚ ਮਾਲ ਵਿਭਾਗ ਅਫਸਰ, ਕਿਰਤ ਵਿਭਾਗ, ਸੇਵਾ ਕੇਂਦਰ, ਬੀਡੀਪੀਓ ਦਫਤਰ, ਪੈਨਸ਼ਨ ਸਕੀਮ, ਹੈਲਥ ਡਿਪਾਰਟਮੈਂਟ, ਬਿਜਲੀ ਵਿਭਾਗ ਤੋਂ ਇਲਾਵਾ ਫੂਡ ਸਪਲਾਈ ਵਿਭਾਗ ਦੇ ਅਫਸਰ ਹਾਜ਼ਰ ਸਨ। ਇਸ ਸਮੇਂ ਆਮ ਆਦਮੀ ਪਾਰਟੀ ਤੋਂ ਬਲਾਕ ਪ੍ਰਧਾਨ ਜਸਬੀਰ ਸਿੰਘ ਫੌਜੀ, ਡਾ. ਹਰਦੇਵ ਸਿੰਘ, ਡਾ. ਜਗਦੀਸ਼ ਸਿੰਘ ਰਜਾਦਾ ਬਲਾਕ ਪ੍ਰਧਾਨ, ਮਿੰਟੂ ਤੱਤਲਾ, ਡਾ. ਗਿਆਨ ਸਿੰਘ, ਸੁਰਿੰਦਰ ਸਿੰਘ ਫੌਜੀ, ਕੈਪਟਨ ਕੁਲਬੀਰ ਸਿੰਘ, ਜਗਦੇਵ ਸਿੰਘ ਮਠਾਰੂ ਤੋਂ ਇਲਾਵਾ ਹੋਰ ਵੀ ਵਰਕਰ ਮੌਜੂਦ ਰਹੇ। ਇਸ ਸਮੇਂ ਨਾਇਬ ਤਹਿਸੀਲਦਾਰ ਰਤਨਜੀਤ ਖੁੱਲਰ, ਕਾਨੂੰਨਗੋ ਰਜਿੰਦਰ ਸਿੰਘ, ਆਰ. ਸੀ. ਰੀਡਰ. ਰਾਜਬੀਰ ਸਿੰਘ, ਪਟਵਾਰੀ ਕਰਮਜੀਤ ਸਿੰਘ, ਸੁਪਰਵਾਈਜ਼ਰ ਰਜਿੰਦਰਪਾਲ ਸਿੰਘ, ਅਮਨਦੀਪ ਸਿੰਘ ਅਪਰੇਟਰ, ਕਿਰਤ ਵਿਭਾਗ ਵੱਲੋਂ ਸਾਹਿਲ ਕੌਸ਼ਲ ਟੈਕਨੀਕਲ ਅਸਿਸਟੈਂਟ, ਅਮਰੀਕ ਸਿੰਘ ਟੈਕਨੀਕਲ ਅਸਿਸਟੈਂਟ, ਸੇਵਾ ਕੇਂਦਰ ਵੱਲੋਂ ਮਲਕੀਤ ਸਿੰਘ ਸੀਨੀਅਰ ਆਪਰੇਟਰ, ਤੇਜਬੀਰ ਸਿੰਘ ਆਪਰੇਟਰ ਬੀਡੀਓ ਦਫਤਰ ਵੱਲੋਂ, ਗੁਰਦਰਸ਼ਨ ਸਿੰਘ ਪੰਚਾਇਤ ਅਫਸਰ, ਗੁਰਪ੍ਰੀਤ ਸਿੰਘ ਸੰਮਤੀ ਕਲਰਕ, ਕੁਲਵਿੰਦਰ ਸਿੰਘ ਸੰਪਤੀ ਪਟਵਾਰੀ, ਸੁਖਚੈਨ ਸਿੰਘ ਪੰਚਾਇਤ ਸੈਕਟਰੀ, ਉਤਮਬੀਰ ਸਿੰਘ ਜੇਈ, ਜੁਗਰਾਜ ਸਿੰਘ ਜੀਆਰਐੱਸ, ਹਰਪ੍ਰੀਤ ਸਿੰਘ ਐੱਨਆਰਐੱਲਐੱਮ ਸੀਡੀਪੀਓ ਦਫਤਰ ਵੱਲੋਂ, ਬਲਵਿੰਦਰ ਕੌਰ ਸੁਪਰਵਾਈਜ਼ਰ, ਹਰਦੀਪ ਕੌਰ, ਰਣਜੀਤ ਕੌਰ, ਕੁਲਵਿੰਦਰ ਕੌਰ (ਆਂਗਣਵਾੜੀ ਵਰਕਰ), ਵੀਰ ਕੌਰ, ਰਵਿੰਦਰ ਕੌਰ ਏਐੱਨਐੱਮ, ਮਨਪ੍ਰੀਤ ਕੌਰ ਸੀਐੱਚਓ, ਦਲਜੀਤ ਸਿੰਘ ਐੱਮਪੀਐੱਚਡਬਲਯੂ, ਰਾਜਦੀਪ ਕੌਰ ਆਸ਼ਾ ਵਰਕਰ, ਦਵਿੰਦਰ ਸਿੰਘ ਐੱਸਡੀਓ, ਵਿਕਾਸ ਕਲਿਆਣ ਕਲਰਕ, ਹਰਜੀਤ ਸਿੰਘ ਲਾਈਨਮੈਨ, ਸਰਬਜੀਤ ਸਿੰਘ, ਯੁਵਰਾਜ ਜੈਸਵਾਲ ਕੰਪਿਊਟਰ ਅਪਰੇਟਰ ਅਤੇ ਅਮਰੀਕ ਸਿੰਘ ਡਿੱਪੂ ਹੋਲਡਰ ਹਾਜ਼ਰ ਸਨ।

# ਜੀਓ-ਬੀਪੀ ਵੱਲੋਂ 'ਯੂ-ਡਿਜ਼ਰਵ-ਮੋਰ' ਮੁਹਿੰਮ ਦੀ ਵਿਲੱਖਣ ਸ਼ੁਰੂਆਤ

**ਲੁਧਿਆਣਾ** : ਇੱਕ ਪ੍ਰਮੁੱਖ ਮੋਬਿਲਿਟੀ ਹੱਲ ਪ੍ਰਦਾਤਾ ਜੀਓ-ਬੀਪੀ (ਰਿਲਾਇੰਸ ਬੀਪੀ ਮੋਬਲਿਟੀ ਲਿਮਟਿਡ ਦਾ ਸੰਚਾਲਨ ਬ੍ਰਾਂਡ, ਰਿਲਾਇੰਸ ਇੰਡਸਟਰੀਜ਼ ਅਤੇ ਬੀਪੀ ਦਾ ਈਂਧਨ ਅਤੇ ਪ੍ਰਚੂਨ ਸੰਯੁਕਤ ਉਦਮ) ਨੇ ਆਪਣੀ ਵਿਲੱਖਣਤਾ ਦਾ ਪ੍ਰਦਰਸ਼ਨ ਕਰਦੇ ਹੋਏ ਆਪਣੀ ਯੂ-ਡਿਜ਼ਰਵ-ਮੋਰ ਮੁਹਿੰਮ ਦੀ ਸ਼ੁਰੂਆਤ ਕੀਤੀ।ਇਹ ਪਹਿਲ ਭਾਰਤ 'ਚ ਗਾਹਕਾਂ ਲਈ ਬਾਲਣ ਦੇ ਤਜਰਬੇ ਨੂੰ ਉੱਚਾ ਚੁੱਕਣ ਲਈ ਕੀਤੀ ਗਈ ਹੈ।'ਯੂ-ਡਿਜ਼ਰਵ-ਮੋਰ' ਮੁਹਿੰਮ ਜੀਓ-ਬੀਪੀ ਦੇ ਗਾਹਕ ਪ੍ਰਸਤਾਵ ਨੂੰ ਉਜਾਗਰ ਕਰਦੀ ਹੈ ਜੋ ਪ੍ਰਦਰਸ਼ਨ, ਸੇਵਾ ਅਤੇ ਅਤਿ ਆਧੁਨਿਕ ਤਕਨਾਲੋਜੀ ਦੇ ਤਿੰਨ ਥੀਮ 'ਤੇ ਕੇਂਦਰਿਤ ਹੈ।'ਯੂ-ਡਿਜ਼ਰਵ-ਮੋਰ' ਮੁਹਿੰਮ 4.3% ਤੱਕ ਵੱਧ ਮਾਈਲੇਜ ਦੇਣ ਵਾਲੇ ਡੀਜ਼ਲ ਅਤੇ ਪੈਟਰੋਲ 'ਤੇ ਕੇਂਦਰਿਤ ਹੈ।ਜੀਓ-ਬੀਪੀ ਮੋਬਲਿਟੀ ਸਟੇਸ਼ਨਾਂ ਦੇ ਦੇਸ਼-ਵਿਆਪੀ ਨੈੱਟਵਰਕ 'ਤੇ ਹੋਰ ਪ੍ਰਸਤਾਵਾਂ ਦੇ ਨਾਲ-ਨਾਲ ਅੰਤਰਰਾਸ਼ਟਰੀ ਆਨ-ਦ-ਮੂਵ ਬ੍ਰਾਂਡ ਵਾਈਲਡ ਬੀਨ ਕੈਫੇ ਦੇ ਤਹਿਤ ਸਿਗਨੇਚਰ ਕੌਫੀ ਦੇ ਨਾਲ-ਨਾਲ ਸਨੈਕਸ, ਮਿਠਾਈਆਂ ਅਤੇ ਯਾਤਰਾ ਲਈ ਲੋੜੀਂਦੀਆਂ ਦੁਕਾਨਾਂ ਨੂੰ ਵੀ ਉਜਾਗਰ ਕੀਤਾ ਗਿਆ ਹੈ।

# ਭਾਰਤ ਬੰਦ ਨੂੰ ਸਫਲ ਬਣਾਉਣ ਲਈ ਅਜਨਾਲਾ ਦੇ ਬਾਜ਼ਾਰਾਂ 'ਚ ਕੱਢਿਆ ਠਾਠਾਂ ਮਾਰਦਾ ਵਿਸ਼ਾਲ ਮਾਰਚ



**ਅਜਨਾਲਾ (ਸੁਖਤਿੰਦਰ ਸਿੰਘ ਰਾਜੂ)**-ਦੇਸ਼ ਦੇ ਸੰਵਿਧਾਨ, ਲੋਕਤੰਤਰ, ਧਰਮਨਿਰਪੱਖਤਾ ਤੇ ਫੈਡਰਲ ਢਾਂਚੇ ਨੂੰ ਕੇਂਦਰ ਸਰਕਾਰ ਲਗਾਤਾਰ ਕਮਜ਼ੋਰ ਕਰ ਰਹੀ ਹੈ। ਏਕਤਾ ਤੇ ਪ੍ਰਭੂਸੱਤਾ ਨੂੰ ਖੰਡਿਤ ਹੋਣ ਤੋਂ ਬਚਾਉਣ ਅਤੇ ਕਿਸਾਨਾਂ , ਮਜ਼ਦੂਰਾਂ, ਦੁਕਾਨਦਾਰਾਂ, ਵਪਾਰੀਆਂ, ਆੜ੍ਹਤੀਆਂ ਤੇ ਹੋਰ ਛੋਟੇ ਕਾਰੋਬਾਰੀਆਂ ਦੀਆਂ ਭਖਦੀਆਂ ਮੰਗਾਂ ਤੇ ਮਸਲੇ ਹੱਲ ਕਰਵਾਉਣ ਖਾਤਰ ਹੀ 16 ਫਰਵਰੀ ਦੇ ਭਾਰਤ ਬੰਦ ਦਾ ਸੱਦਾ ਦਿੱਤਾ ਗਿਆ ਹੈ! ਇਸ ਇਤਿਹਾਸਕ ਲੋਕ ਪੱਖੀ ਬੰਦ ਨੂੰ ਵਿਆਪਕ ਬਣਾਉਣ ਤੇ ਇਸ ਦਾ ਸੁਨੇਹਾ ਹਰ ਘਰ ਤੇ ਹਰੇਕ ਦੁਕਾਨਦਾਰ ਤੱਕ ਪਹੁੰਚਾਉਣ ਲਈ ਅਜਨਾਲਾ ਦੇ ਮੁੱਖ ਬਾਜ਼ਾਰਾਂ ਵਿੱਚ ਜਮਹੂਰੀ ਕਿਸਾਨ ਸਭਾ ਦੇ ਆਗੂ ਕੁਲਵੰਤ ਸਿੰਘ ਮੱਲੂਨੰਗਲ ਤੇ ਸਤਨਾਮ ਸਿੰਘ ਚੱਕ ਔਲ, ਕਿਰਤੀ ਕਿਸਾਨ ਯੂਨੀਅਨ ਪੰਜਾਬ ਦੇ ਆਗੂ ਹਰਪਾਲ ਸਿੰਘ ਛੀਨਾ ਤੇ ਵਿਜੇ ਸ਼ਾਹ ਧਾਰੀਵਾਲ ; ਕਿਰਤੀ ਕਿਸਾਨ ਯੂਨੀਅਨ ਦੇ ਆਗੂ ਸੁਖਦੇਵ ਸਿੰਘ ਸੈਂਸਰਾ ਤੇ ਬਲਜਿੰਦਰ ਸਿੰਘ ਪੰਜਗਰਾਈਆਂ; ਕੁਲਹਿੰਦ ਕਿਸਾਨ ਸਭਾ ਦੇ ਆਗੂ ਨਰਿੰਦਰਪਾਲ ਚਮਿਆਰੀ ਤੇ ਲਹੌਰਾ ਸਿੰਘ, ਦਿਹਾਤੀ ਮਜ਼ਦੂਰ ਸਭਾ ਦੇ ਪ੍ਰਧਾਨ ਸੁਰਜੀਤ ਸਿੰਘ ਦੁਧਰਾਏ ਤੇ ਸੰਤੋਖ ਸਿੰਘ ਮੱਲੂਨੰਗਲ; ਤਰਸੇਮ ਸਿੰਘ ਟਪਿਆਲਾ ਪ੍ਰਧਾਨ ਮਨਰੇਗਾ, ਅਜੀਤ ਕੌਰ ਪ੍ਰਧਾਨ ਔਰਤ ਮੁਕਤੀ ਮੋਰਚਾ ਤੇ ਕਸ਼ਮੀਰ ਕੌਰ ਦੁਧਰਾਏ ਅਤੇ ਸ਼ਹੀਦ ਭਗਤ ਸਿੰਘ ਨੌਜਵਾਨ ਸਭਾ ਦੇ ਪ੍ਰਧਾਨ ਜੱਗਾ ਸਿੰਘ ਡੱਲਾ ਰਾਜਪੂਤਾਂ ਤੇ ਗਾਇਕ ਗੁਰਪਾਲ ਗਿੱਲ ਸੈਦਪੁਰ ਦੀ ਅਗਵਾਈ 'ਚ ਵਿਸ਼ਾਲ ਮਾਰਚ ਕੀਤਾ ਗਿਆ ਜਿਸ ਵਿਚ ਸੈਂਕੜੇ ਮੋਟਰਸਾਈਕਲ ਤੇ ਹੋਰ ਵਾਹਨਾਂ ਤੇ ਸਵਾਰ ਪ੍ਰਦਰਸ਼ਨਕਾਰੀ ਕੇਂਦਰ ਤੇ ਪੰਜਾਬ ਸਰਕਾਰ ਵਿਰੁੱਧ ਅਸਮਾਨ ਗੁੰਜਾਊ ਨਾਅਰੇ ਮਾਰਦੇ ਦੁਕਾਨਦਾਰਾਂ ਤੇ ਲੋਕਾਂ ਦੀ ਖਿੱਚ ਦਾ ਕੇਂਦਰ ਬਣੇ ਰਹੇ। ਇਨ੍ਹਾਂ ਪ੍ਰਦਰਸ਼ਨਕਾਰੀਆਂ ਨੇ ਆਪਣੇ ਹੱਥਾਂ ਵਿੱਚ ਮੰਗਾਂ ਦੀਆਂ ਤਖਤੀਆਂ ਤੇ ਝੰਡੇ ਫੜੇ ਹੋਏ ਸਨ! ਇਹ ਠਾਠਾਂ ਮਾਰਦਾ ਮਾਰਚ ਸਥਾਨਕ ਬੱਸ ਅੱਡੇ ਤੋਂ ਸ਼ੁਰੂ ਹੋਕੇ ਸਾਰੇ ਬਜਾਰਾਂ ਵਿੱਚ 16 ਫਰਵਰੀ ਭਾਰਤ ਬੰਦ ਦਾ ਸੁਨੇਹਾ ਦੇ ਦਾ ਹੋਇਆ ਅਜਨਾਲਾ ਦੇ ਮੇਨ ਚੌਕ ਵਿੱਚ ਪਹੁੰਚਿਆ ਜਿਥੇ ਸੰਯੁਕਤ ਕਿਸਾਨ ਮੋਰਚੇ ਦੇ ਪ੍ਰਮੁੱਖ ਆਗੂ ਡਾ: ਸਤਨਾਮ ਸਿੰਘ ਅਜਨਾਲਾ , ਜਥੇਬੰਦੀਆਂ ਦੇ ਮੁੱਖ ਆਗੂ ਸੁਖਦੇਵ ਸਿੰਘ ਤੇ ਹਰਪਾਲ ਸਿੰਘ ਛੀਨਾ ਨੇ ਕਿਹਾ ਕਿ ਕੇਂਦਰ ਦੀ ਮੋਦੀ ਸਰਕਾਰ ਦੇਸ਼ ਦੇ ਕਿਰਤੀਆਂ ਦੀ ਲਹੂ ਪਸੀਨੇ ਦੀ ਕਮਾਈ ਦੇਸ਼ ਅਤੇ ਵਿਦੇਸ਼ ਦੇ ਕਾਰਪੋਰੇਟ ਘਰਾਣਿਆਂ ਦੇ ਹਵਾਲੇ ਕਰੀ ਜਾ ਰਹੀ ਹੈ। ਇਹ ਕਾਰਪੋਰੇਟ ਅਦਾਰੇ ਲੋਕਾਂ ਦੀ ਅੰਨ੍ਹੀ ਲੁੱਟ ਕਰ ਰਹੇ ਹਨ ਜਿਸ ਕਾਰਨ ਬੇਰੁਜ਼ਗਾਰੀ, ਮਹਿੰਗਾਈ ਤੇ ਭਰਿਸ਼ਟਾਚਾਰ ਜ਼ੋਰਾਂ ਤੇ ਹੈ! ਆਗੂਆਂ ਨੇ ਅੱਗੇ ਕਿਹਾ ਕਿ ਅਜਿਹੀ ਲੁੱਟ ਦੇ ਵਿਰੁੱਧ ਜਿਹੜੀ ਆਵਾਜ਼ ਤੇ ਸੰਘਰਸ਼ ਉਠ ਰਹੇ ਹਨ ਕੇਂਦਰ ਦੀ ਮੋਦੀ ਸਰਕਾਰ ਉਨ੍ਹਾਂ ਨੂੰ ਦਬਾਉਣ ਲਈ ਲੋਕਾਂ 'ਚ ਵੰਡਾਂ ਪਾ ਰਹੀ ਹੈ! ਇਥੋਂ ਤੱਕ ਕਿ ਫਿਰਕੂ ਫਾਸ਼ੀਵਾਦ ਰਾਹੀਂ ਲੋਕਾਂ ਦਾ ਗਲਾ ਘੁੱਟਣ ਤੱਕ ਜਾ ਰਹੀ ਹੈ। ਅਜਿਹੀ ਸਥਿਤੀ 'ਚ ਲੋਕਾਂ ਦਾ ਏਕਾ ਉਸਾਰਨ ਤੇ ਉਨ੍ਹਾਂ ਦੇ ਮਸਲੇ ਹੱਲ ਕਰਵਾਉਣ ਲਈ 16 ਫਰਵਰੀ ਨੂੰ ਭਾਰਤ ਬੰਦ ਕੀਤਾ ਜਾ ਰਿਹਾ ਹੈ ਜਿਸ ਨੂੰ ਸਫਲ ਬਣਾਉਣ ਲਈ ਦੇਸ਼ ਦੇ ਹਰ ਵਾਸੀ ਨੂੰ ਅੱਗੇ ਆਉਣਾ ਚਾਹੀਦਾ ਹੈ।


# Chaman Lal Setia Exports Ltd.

**Records Highest-ever Quarterly Profits**

Q3 FY 2024 Revenue up 30% Sequentially and 10% YoY

EBITDA at Rs. 52 Crore




## 31 ਦਸੰਬਰ, 2023 ਨੂੰ ਖਤਮ ਹੋਈ ਤਿਮਾਹੀ ਅਤੇ ਨੌਂ ਮਹੀਨਿਆਂ ਲਈ ਸਟੈਂਡਲੋਨ ਅਣ-ਪੜਤਾਲੇ ਵਿੱਤੀ ਨਤੀਜਿਆਂ ਦਾ ਸਾਰ

(ਰੁਪਏ ਲੱਖਾਂ 'ਚ ਸਿਵਾਏ ਈ ਪੀ ਐੱਸ ਡਾਟਾ)

| ਲੜੀ ਨੰ. | ਵੇਰਵੇ | ਤਿਮਾਹੀ ਖਤਮ | ਤਿਮਾਹੀ ਖਤਮ | ਤਿਮਾਹੀ ਖਤਮ | ਨੌਂ ਮਹੀਨੇ | ਸਾਲ ਖਤਮ |
|---|---|---|---|---|---|---|
| | | 31.12.2023 | 30.09.2023 | 31.12.2022 | 31.12.2023 | 31.03.2023 |
| | | (ਅਣ-ਪੜਤਾਲੇ) | (ਅਣ-ਪੜਤਾਲੇ) | (ਅਣ-ਪੜਤਾਲੇ) | (ਅਣ-ਪੜਤਾਲੇ) | (ਪੜਤਾਲੇ) |
| 1. | ਕਾਰੋਬਾਰਾਂ ਤੋਂ ਕੁੱਲ ਆਮਦਨ (ਸ਼ੁੱਧ) | 40007.05 | 30867.68 | 35388.78 | 97210.00 | 138734.63 |
| 2. | ਮਿਆਦ ਲਈ ਸ਼ੁੱਧ ਲਾਭ (ਟੈਕਸ ਤੋਂ ਪਹਿਲਾਂ, ਖਾਸ ਅਤੇ/ਜਾਂ ਅਸਧਾਰਨ ਵਸਤੂਆਂ) | 5163.72 | 3511.74 | 5013.32 | 12356.62 | 15720.04 |
| 3. | ਟੈਕਸ ਤੋਂ ਪਹਿਲਾਂ ਮਿਆਦ ਲਈ ਸ਼ੁੱਧ ਲਾਭ (ਖਾਸ ਅਤੇ/ਜਾਂ ਅਸਧਾਰਨ ਵਸਤੂਆਂ ਤੋਂ ਬਾਅਦ) | 5163.72 | 3511.74 | 5013.32 | 12356.62 | 15720.04 |
| 4. | ਟੈਕਸ ਤੋਂ ਬਾਅਦ ਮਿਆਦ ਲਈ ਸ਼ੁੱਧ ਲਾਭ/ਖਾਸ ਅਤੇ/ਜਾਂ ਅਸਧਾਰਨ ਵਸਤੂਆਂ ਤੋਂ ਬਾਅਦ। | 3868.88 | 2622.90 | 3746.14 | 9238.68 | 11766.79 |
| 5. | ਮਿਆਦ ਲਈ ਕੁੱਲ ਵਿਆਪਕ ਆਮਦਨ | 3868.88 | 2622.90 | 3746.14 | 9238.68 | 11766.79 |
| 6. | ਇਕੁਇਟੀ ਸ਼ੇਅਰ ਕੈਪੀਟਲ | 1034.67 | 1034.67 | 1034.67 | 1034.67 | 1034.67 |
| 7. | ਰਿਜ਼ਰਵਜ (ਰੀਵੈਲੂਏਸ਼ਨ ਰਿਜਰਵ ਤੋਂ ਬਗੈਰ) | | | | | 59811.01 |
| 8. | ਕਮਾਈ ਪ੍ਰਤੀ ਸ਼ੇਅਰ (ਹਰੇਕ/2 ਰੁਪਏ ਦੀ) ਚਾਲੂ ਅਤੇ ਬੰਦ ਕਾਰੋਬਾਰਾਂ ਵਾਸਤੇ। | | | | | |
| | ਬੇਸਿਕ | 7.49 | 5.07 | 7.23 | 17.87 | 22.76 |
| | ਡਲਿਊਟਿਡ | 7.49 | 5.07 | 7.23 | 17.87 | 22.76 |
| | ਸਾਲਾਨਾ ਨਹੀਂ | | | | | |

ਉਪਰੋਕਤ ਸੇਬੀ (ਲਿਸਟਿੰਗ ਆਬਲੀਗੇਸ਼ਨਜ਼ ਐਂਡ ਡਿਸਕਲੋਜ਼ਰ ਰਿਕੁਆਇਰਮੈਂਟਸ) ਰੈਗੂਲੇਸ਼ਨਜ਼ 2015 ਦੇ ਰੈਗੂਲੇਸ਼ਨ 33 ਤਹਿਤ ਸਟਾਕ ਐਕਸਚੇਜ਼ਿਜ਼ ਕੋਲ ਦਾਇਰ 31.12.2023 ਨੂੰ ਖਤਮ ਹੋਈ ਤਿਮਾਹੀ ਅਤੇ ਨੌਂ ਮਹੀਨਿਆਂ ਲਈ ਸਟੈਂਡਲੋਨ ਅਣ-ਪੜਤਾਲੇ ਵਿੱਤੀ ਨਤੀਜਿਆਂ ਦੀ ਸਟੇਟਮੈਂਟ ਦੇ ਵਿਸਥਾਰਤ ਫਾਰਮਟ ਦਾ ਸਾਰ ਹੈ। 31.12.2023 ਨੂੰ ਖਤਮ ਹੋਈ ਤਿਮਾਹੀ ਅਤੇ ਨੌਂ ਮਹੀਨਿਆਂ ਲਈ ਸਟੈਂਡਲੋਨ ਅਣ-ਪੜਤਾਲੇ ਵਿੱਤੀ ਨਤੀਜਿਆਂ ਦੀ ਸਟੇਟਮੈਂਟ ਦਾ ਮੁਕੰਮਲ ਫਾਰਮਟ ਸਟਾਕ ਐਕਸਚੇਂਜ ਵੈੱਬਸਾਈਟ www.bseindia.com ਅਤੇ www.bseindia.com ਦੇ ਨਾਲ-ਨਾਲ ਕੰਪਨੀ ਦੀ ਵੈੱਬਸਾਈਟ www.clsel.in 'ਤੇ ਉਪਲੱਬਧ ਹੈ।

ਵਾਸਤੇ ਚਮਨ ਲਾਲ ਸੇਤੀਆ ਐਕਸਪੋਰਟਸ ਲਿਮਟਿਡ
(ਰਜੀਵ ਸੇਤੀਆ)
ਜਾਇੰਟ ਮੈਨੇਜਿੰਗ ਡਾਇਰੈਕਟਰ ਅਤੇ ਸੀ ਐੱਫ ਓ
(ਡੀ ਆਈ ਐੱਨ : 01125921)

ਸਥਾਨ : ਗੁਰੂਗ੍ਰਾਮ
ਮਿਤੀ : 08.02.2024

## ਚਮਨ ਲਾਲ ਸੇਤੀਆ ਐਕਸਪੋਰਟਸ ਲਿਮਟਿਡ

(ਸਰਕਾਰ ਵੱਲੋਂ ਮਾਨਤਾ ਪ੍ਰਾਪਤ ਸਟਾਰ ਐਕਸਪੋਰਟ ਹਾਊਸ) ਸੀ ਆਈ ਐੱਨ : ਐੱਲ 51900 ਪੀ ਬੀ 1994-ਪੀ ਐੱਲ ਸੀ 015083

Maharani Basmati Rice | Zafar | GREEN World | Mithas Reserve Basmati Rice | Roopalee | Begum

Regd. Office: Meerankot Road, P.O. Central Jail, Ajnala Road, AMRITSAR-143002 (INDIA)
Corpt. Office: 472, Udyog Vihar Phase 3, Gurugram RICE MILLS: Karnal - Kaithal Road| Gujarat - Gandhidham
Ph: +91 124 4745900 E-mail: clsetia@rediffmail.com Website: www.clsel.in, www.maharanirice.in